6-March-PAGE-1.qxd 3/5/2025 9:00 PM Page 1


ਵੀਰਵਾਰ, 6 ਮਾਰਚ, 2025

23 ਫੱਗਣ { ਨਾਨਕਸ਼ਾਹੀ 556 / ਬਿਕਰਮੀ 2081

ਜਿਲਦ/VOL. : 73

ਅੰਕ/NO. : 275

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • THURSDAY, 6 MARCH, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


# ਅਮਰੀਕਾ ਬਹਾਨੇ ਨਾ ਲਾਵੇ, ਲੜਨਾ ਤਾਂ ਲੜ ਲਵੇ : ਚੀਨ

**ਬੀਜਿੰਗ** : ਚੀਨ ਨੇ ਬਹੁਤ ਹੀ ਸਖਤ ਬਿਆਨ ਦਿੰਦਿਆਂ ਕਿਹਾ ਹੈ ਕਿ ਜੇ ਅਮਰੀਕਾ ਜੰਗ ਹੀ ਚਾਹੁੰਦਾ ਹੈ ਤਾਂ ਉਹ ਉਸ ਲਈ ਵੀ ਤਿਆਰ ਹੈ। ਚੀਨੀ ਵਿਦੇਸ਼ ਮੰਤਰਾਲੇ ਦੇ ਬੁਲਾਰੇ ਲਿਨ ਜਿਆਨ ਨੇ ਕਿਹਾ ਕਿ ਅਮਰੀਕਾ ਚੀਨੀ ਦਰਾਮਦਾਂ 'ਤੇ ਟੈਰਿਫ ਵਧਾਉਣ ਲਈ ਫੇਂਟਾਨਾਈਲ (ਗੰਭੀਰ ਦਰਦ ਰੋਕਣ ਵਾਲੀ ਦਵਾਈ) ਦੀ ਸਮੱਗਲਿੰਗ ਦਾ ਤਾਂ ਬਹਾਨਾ ਹੀ ਲਾ ਰਿਹਾ ਹੈ, ਜੇ ਉਹ ਜੰਗ ਚਾਹੁੰਦਾ ਹੈ ਤਾਂ ਉਸ ਲਈ ਵੀ ਚੀਨ ਤਿਆਰ ਹੈ ਤੇ ਅੰਤ ਤੱਕ ਲੜੇਗਾ। ਇਹ ਬਿਆਨ 'ਨਿਊ ਯਾਰਕ ਟਾਈਮਜ਼' ਵੱਲੋਂ ਅਮਕੀਕਾ ਵੱਲੋਂ ਚੀਨ ਦੀਆਂ ਬਹੁਤੀਆਂ ਚੀਜ਼ਾਂ 'ਤੇ 10 ਫੀਸਦੀ ਟੈਰਿਫ ਲਾਉਣ 'ਤੇ ਮੰਗੀ ਗਈ ਪ੍ਰਤੀਕਿਰਿਆ 'ਤੇ ਚੀਨ ਨੇ ਦਿੱਤਾ ਹੈ। ਲਿਨ ਜਿਆਨ ਨੇ ਕਿਹਾ—ਫੇਂਟਾਨਾਈਲ ਦਾ ਮੁੱਦਾ ਤਾਂ ਟੈਰਿਫ ਵਧਾਉਣ ਲਈ ਇੱਕ ਬਹਾਨਾ ਹੈ। ਅਮਰੀਕਾ ਵਿੱਚ ਫੇਂਟਾਨਾਈਲ ਸੰਕਟ ਲਈ ਕੋਈ ਹੋਰ ਨਹੀਂ ਅਮਰੀਕਾ ਹੀ ਜ਼ਿੰਮੇਵਾਰ ਹੈ। ਫੇਂਟਾਨਾਈਲ ਦੀ ਨਸ਼ੇ ਵਜੋਂ ਵਰਤੋਂ ਦੇ ਮੁੱਦੇ 'ਤੇ ਅਮਰੀਕੀ ਲੋਕਾਂ ਨਾਲ ਸਦਭਾਵਨਾ ਤੇ ਮਾਨਵੀ ਭਾਵਨਾ ਨਾਲ ਅਸੀਂ ਅਮਰੀਕਾ ਨਾਲ ਸਹਿਯੋਗ ਕਰਦਿਆਂ ਕਈ ਪ੍ਰਭਾਵੀ ਕਦਮ ਚੁੱਕੇ ਹਨ। ਸਾਡੇ ਜਤਨਾਂ ਦੀ ਸ਼ਲਾਘਾ ਕਰਨ ਦੀ ਥਾਂ ਅਮਰੀਕਾ ਸਾਡੇ ਖਿਲਾਫ ਊਜਾਂ ਲਾ ਰਿਹਾ ਹੈ ਅਤੇ ਟੈਰਿਫ ਵਧਾ ਕੇ ਦਬਾਅ ਪਾਉਣ ਤੇ ਬਲੈਕਮੇਲ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ। ਉਹ ਸਾਡੀ ਮਦਦ ਦਾ ਸਿਲਾ ਸਾਨੂੰ ਸਜ਼ਾ ਵਜੋਂ ਦੇ ਰਿਹਾ ਹੈ। ਇਸ ਨਾਲ ਅਮਰੀਕਾ ਦੀ ਸਮੱਸਿਆ ਹੱਲ ਨਹੀਂ ਹੋਣੀ ਅਤੇ ਇਸ ਨਾਲ ਨਸ਼ਿਆਂ ਖਿਲਾਫ ਸਾਂਝੀ ਲੜਾਈ ਨੂੰ ਢਾਹ ਲੱਗੇਗੀ। ਚੀਨੀ ਬੁਲਾਰੇ ਨੇ ਅੱਗੇ ਕਿਹਾ—ਧਮਕੀਆਂ ਸਾਨੂੰ ਯਰਕਾ ਨਹੀਂ ਸਕਦੀਆਂ। ਦਬਾਅ ਤੇ ਘੁਰਕੀਆਂ ਚੀਨ ਨਾਲ ਨਜਿੱਠਣ ਦਾ ਸਹੀ ਰਾਹ ਨਹੀਂ। ਚੀਨ 'ਤੇ ਦਬਾਅ ਪਾਉਣ ਵਾਲੇ ਗਲਤਫਹਿਮੀ ਵਿੱਚ ਨਾ ਰਹਿਣ। ਜੇ ਅਮਰੀਕਾ ਫੇਂਟਾਨਾਈਲ ਦਾ ਮੁੱਦਾ ਸੱਚੀਂ-ਮੁੱਚੀਂ ਹੱਲ ਕਰਨਾ ਚਾਹੁੰਦਾ ਹੈ ਤਾਂ ਚੀਨ ਨਾਲ ਬਰਾਬਰੀ ਦੇ ਆਧਾਰ 'ਤੇ ਸਲਾਹ-ਮਸ਼ਵਰਾ ਕਰੇ। ਜੇ ਅਮਰੀਕਾ ਜੰਗ ਚਾਹੁੰਦਾ ਹੈ, ਟੈਰਿਫ ਜੰਗ, ਵਪਾਰਕ ਜੰਗ ਜਾਂ ਕਿਸੇ ਹੋਰ ਤਰ੍ਹਾਂ ਦੀ ਜੰਗ, ਅਸੀਂ ਤਿਆਰ ਹਾਂ। ਚੀਨ ਨੇ ਏਨੀ ਤਿੱਖੀ ਪ੍ਰਤੀਕਿਰਿਆ ਟਰੰਪ ਵੱਲੋਂ ਮੰਗਲਵਾਰ ਚੀਨੀ ਚੀਜ਼ਾਂ 'ਤੇ ਟੈਰਿਫ 10 ਫੀਸਦੀ ਤੋਂ ਵਧਾ ਕੇ 20 ਫੀਸਦੀ ਕਰਨ ਦੇ ਬਾਅਦ ਕੀਤੀ। ਚੀਨ ਨੇ ਵੀ ਮੰਗਲਵਾਰ ਕਈ ਅਮਰੀਕੀ ਚੀਜ਼ਾਂ 'ਤੇ 15 ਫੀਸਦੀ ਟੈਰਿਫ ਠੋਕ ਦਿੱਤਾ ਸੀ।



## ਟਰੰਪ ਨੇ ਹਿੰਦ ਨੂੰ ਵੀ ਨਰੜਿਆ



**ਵਾਸ਼ਿੰਗਟਨ** : ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਭਾਰਤ ਅਤੇ ਚੀਨ ਸਮੇਤ ਹੋਰ ਦੇਸ਼ਾਂ ਵੱਲੋਂ ਲਾਏ ਗਏ ਉੱਚੇ ਟੈਕਸ ਦੀ ਆਲੋਚਨਾ ਕਰਦਿਆਂ ਇਸ ਨੂੰ ਬਹੁਤ ਹੀ ਬੇਇਨਸਾਫ਼ੀ ਕਰਾਰ ਦਿੱਤਾ ਤੇ ਅਗਲੇ ਮਹੀਨੇ ਤੋਂ ਉਨ੍ਹਾਂ ਵਿਰੁੱਧ ਪ੍ਰਸਪਰ ਟੈਕਸ ਲਾਗੂ ਕਰਨ ਦਾ ਐਲਾਨ ਕਰ ਦਿੱਤਾ। ਅਮਰੀਕੀ ਕਾਂਗਰਸ ਦੇ ਇੱਕ ਸਾਂਝੇ ਸੈਸ਼ਨ 'ਚ ਰਾਸ਼ਟਰਪਤੀ ਨੇ ਕਿਹਾ ਕਿ ਪ੍ਰਸਪਰ ਟੈਕਸ (ਜਵਾਬੀ ਟੈਕਸ) 2 ਅਪਰੈਲ ਤੋਂ ਸ਼ੁਰੂ ਹੋਣਗੇ। ਉਨ੍ਹਾ ਕਿਹਾ—ਦੂਜੇ ਦੇਸ਼ਾਂ ਨੇ ਦਹਾਕਿਆਂ ਤੋਂ ਸਾਡੇ ਵਿਰੁੱਧ ਟੈਕਸ ਦੀ ਵਰਤੋਂ ਕੀਤੀ ਹੈ ਅਤੇ ਹੁਣ ਸਾਡੀ ਵਾਰੀ ਹੈ। ਯੂਰਪੀਅਨ ਯੂਨੀਅਨ, ਚੀਨ, ਬ੍ਰਾਜ਼ੀਲ, ਭਾਰਤ, ਮੈਕਸੀਕੋ ਅਤੇ ਕੈਨੇਡਾ ਸਾਡੇ ਮੁਕਾਬਲੇ ਉੱਚ ਦਰਾਂ 'ਤੇ ਟੈਕਸ ਵਸੂਲੀ ਕਰਦੇ ਹਨ, ਕੀ ਤੁਸੀਂ ਉਨ੍ਹਾਂ ਦੇ ਬਾਰੇ ਵਿੱਚ ਸੁਣਿਆ ਹੈ? ਇਹ ਬਹੁਤ ਹੀ ਨਾਜਾਇਜ਼ ਹੈ। ਟਰੰਪ ਦਾ ਮੰਗਲਵਾਰ ਨੂੰ ਕਾਂਗਰਸ ਦੇ ਸੈਸ਼ਨ ਨੂੰ ਸੰਬੋਧਨ ਵ੍ਹਾਈਟ ਹਾਊਸ 'ਚ ਉਨ੍ਹਾ ਦੇ ਦੂਜੇ ਕਾਰਜਕਾਲ ਦਾ ਪਹਿਲਾ ਸੰਬੋਧਨ ਸੀ। ਇਸ ਦੌਰਾਨ ਉਨ੍ਹਾ ਕਿਹਾ—ਭਾਰਤ ਸਾਡੇ ਤੋਂ 100 ਫੀਸਦੀ ਤੋਂ ਵੱਧ ਆਟੋ ਟੈਕਸ ਵਸੂਲਦਾ ਹੈ। ਟਰੰਪ ਨੇ ਪ੍ਰਧਾਨ ਮੰਤਰੀ ਮੋਦੀ ਨੂੰ ਸਪੱਸ਼ਟ ਕਰ ਦਿੱਤਾ ਹੈ ਕਿ ਭਾਰਤ ਨੂੰ ਵਾਸ਼ਿੰਗਟਨ ਦੇ ਪ੍ਰਸਪਰ ਟੈਕਸ ਤੋਂ ਬਖਸ਼ਿਆ ਨਹੀਂ ਜਾਵੇਗਾ ਅਤੇ ਜ਼ੋਰ ਦਿੱਤਾ ਕਿ ਟੈਕਸ ਢਾਂਚੇ 'ਤੇ "ਕੋਈ ਵੀ ਮੇਰੇ ਨਾਲ ਬਹਿਸ ਨਹੀਂ ਕਰ ਸਕਦਾ। ਸਾਡੇ ਉਤਪਾਦਾਂ 'ਤੇ ਚੀਨ ਦਾ ਔਸਤ ਟੈਕਸ ਦੁੱਗਣਾ ਹੈ ਅਤੇ ਦੱਖਣੀ ਕੋਰੀਆ ਦਾ ਔਸਤ ਟੈਕਸ ਚਾਰ ਗੁਣਾ ਵੱਧ ਹੈ।" ਫਰਵਰੀ ਵਿੱਚ ਰਾਸ਼ਟਰਪਤੀ ਟਰੰਪ ਨੇ ਕਿਹਾ ਸੀ ਕਿ ਉਨ੍ਹਾ ਦਾ ਪ੍ਰਸ਼ਾਸਨ ਜਲਦ ਹੀ ਭਾਰਤ ਅਤੇ ਚੀਨ ਵਰਗੇ ਦੇਸ਼ਾਂ 'ਤੇ ਪ੍ਰਸਪਰ ਟੈਕਸ ਲਗਾਏਗਾ। ਟਰੰਪ ਨੇ ਅੱਗੇ ਕਿਹਾ ਕਿ 2

● ਬਾਕੀ ਸਫ਼ਾ 2 'ਤੇ

# ਮਾਨ ਸਰਕਾਰ ਕਿਸਾਨ ਆਗੂ ਫੌਰੀ ਰਿਹਾਅ ਕਰਕੇ ਸਰਬ ਪਾਰਟੀ ਮੀਟਿੰਗ ਸੱਦੇ : ਬੰਤ ਬਰਾੜ



**ਚੰਡੀਗੜ੍ਹ, ਬੰਗਾ (ਅਵਤਾਰ ਕਲੇਰ)** ਸੰਯੁਕਤ ਕਿਸਾਨ ਮੋਰਚੇ ਵੱਲੋਂ ਚੰਡੀਗੜ੍ਹ 'ਚ ਮਾਰੇ ਜਾਣ ਵਾਲੇ ਪੁਰਅਮਨ ਧਰਨੇ ਨੂੰ ਅਸਫਲ ਬਣਾਉਣ ਲਈ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਪੁਲਸ ਦਮਨ ਦੀ ਸਖਤ ਨਿੰਦਾ ਕਰਦਿਆਂ ਪੰਜਾਬ ਸੀ ਪੀ ਆਈ ਨੇ ਪੰਜਾਬ ਸਰਕਾਰ 'ਤੇ ਕੇਂਦਰ ਦੀ ਭਾਜਪਾ ਸਰਕਾਰ ਦੀ ਨਕਲ ਕਰਨ ਦਾ ਦੋਸ਼ ਲਾਇਆ ਹੈ। ਸੀ ਪੀ ਆਈ ਨੇ ਆਖਿਆ ਕਿ ਪੰਜਾਬ ਦੇ ਕਿਸਾਨਾਂ ਨੇ ਖੇਤੀ ਜਿਨਸਾਂ ਲਈ ਘੱਟੋ-ਘੱਟ ਸਮਰਥਨ ਮੁੱਲ, ਕਰਜ਼ਾ ਮੁਆਫੀ, ਕੇਂਦਰੀ ਨਵੀਂ ਖੇਤੀ ਮੰਡੀਕਰਨ ਨੀਤੀ ਨੂੰ ਵਾਪਿਸ ਕਰਵਾਉਣ ਆਦਿ ਜਾਇਜ਼ ਮੰਗਾਂ ਲਈ ਆਪਣੇ ਜਮਹੂਰੀ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੋਇਆਂ ਪੂਰੀ ਤਰ੍ਹਾਂ ਪੁਰਅਮਨ ਸੰਘਰਸ਼ ਵਿੱਢਿਆ ਹੋਇਆ ਹੈ, ਜਿਸ ਨੂੰ ਕੁਚਲਣ ਲਈ ਕੇਂਦਰ ਦੀ ਭਾਜਪਾ ਸਰਕਾਰ ਤੇ ਉਸ ਦੀਆਂ ਪਿੱਠੂ ਪ੍ਰਾਂਤਿਕ ਸਰਕਾਰਾਂ ਨੇ ਅਨੇਕਾਂ ਤਸ਼ੱਦਦ ਕੀਤੇ ਹਨ ਤੇ ਹੁਣ ਤੱਕ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਤੇ ਸਾਰੀਆਂ ਵਿਰੋਧੀ ਪਾਰਟੀਆਂ ਸਮਰਥਨ ਕਰਦੀਆਂ ਰਹੀਆਂ ਹਨ ਤੇ ਇਕੋ-ਇਕ ਭਾਜਪਾ ਇਸ ਦਾ ਵਿਰੋਧ ਕਰਦੀ ਰਹੀ ਹੈ, ਪਰ ਅਚਾਨਕ ਪੰਜਾਬ ਸਰਕਾਰ ਦਾ ਇਹ ਕਿਸਾਨ ਵਿਰੋਧੀ ਤਸ਼ੱਦਦ ਭਰਿਆ ਕਦਮ ਅਤਿ ਨਿੰਦਣਯੋਗ ਹੈ।

ਪੰਜਾਬ ਸੀ ਪੀ ਆਈ ਦੇ ਸਕੱਤਰ ਬੰਤ ਸਿੰਘ ਬਰਾੜ ਨੇ ਭਗਵੰਤ ਸਿੰਘ ਮਾਨ ਸਰਕਾਰ ਤੋਂ ਮੰਗ ਕੀਤੀ ਕਿ ਉਹ ਫੌਰਨ ਪੁਰਅਮਨ ਸੰਘਰਸ਼ ਕਰ ਰਹੇ ਕਿਸਾਨਾਂ 'ਤੇ ਤਸ਼ੱਦਦ ਬੰਦ ਕਰੇ, ਸਾਰੇ ਆਗੂਆਂ ਨੂੰ ਫੌਰਨ ਰਿਹਾਅ ਕਰੇ ਅਤੇ ਮੋਰਚੇ ਦੇ ਆਗੂਆਂ ਨਾਲ ਗੱਲਬਾਤ ਕਰਕੇ ਮਸਲਿਆਂ ਦਾ ਹੱਲ ਲੱਭਣ ਦੀ ਕੋਸ਼ਿਸ਼ ਕਰੇ ਅਤੇ ਸੰਵਿਧਾਨ ਦੁਆਰਾ ਪ੍ਰਦਾਨ ਕੀਤੇ ਗਏ ਪੁਰਅਮਨ ਅੰਦੋਲਨ ਨੂੰ ਸਰਕਾਰੀ ਦਮਨ ਨਾਲ ਕੁਚਲਣ ਦੀ ਕੋਸ਼ਿਸ਼ ਨਾ ਕਰੇ। ਸਾਥੀ ਬਰਾੜ ਨੇ ਕਿਹਾ ਕਿ ਇਤਿਹਾਸ ਗਵਾਹ ਹੈ ਕਿ ਸਰਕਾਰੀ ਦਮਨ ਨਾਲ ਲੋਕ ਸੰਘਰਸ਼ ਖਤਮ ਨਹੀਂ ਕੀਤੇ ਜਾ ਸਕਦੇ। ਉਹਨਾ ਪੰਜਾਬ ਸਰਕਾਰ ਤੋਂ ਸਾਰੀਆਂ ਪਾਰਟੀਆਂ ਦੀ ਮੀਟਿੰਗ ਬੁਲਾਉਣ ਅਤੇ ਕੇਂਦਰ ਤੋਂ ਕਿਸਾਨੀ ਮੰਗਾਂ ਮੰਨਵਾਉਣ ਲਈ ਸਾਂਝੀ ਕਾਰਵਾਈ ਕਰਨ ਦੀ ਅਪੀਲ ਕੀਤੀ ਹੈ। ਸਾਥੀ ਬਰਾੜ ਨੇ ਇਹ ਵੀ ਦੋਸ਼ ਲਾਇਆ ਹੈ ਕਿ ਦਿੱਲੀ ਵਿਚ ਆਮ ਆਦਮੀ ਪਾਰਟੀ ਹਾਰਨ ਪਿੱਛੋਂ ਬੁਖਲਾ ਗਈ ਹੈ ਤੇ ਉਸ ਨੇ ਅਸਲੀ ਮੁੱਦਿਆਂ ਦੇ ਹੱਲ ਤੋਂ ਪਿੱਛੇ ਹਟ ਕੇ ਕਿਸਾਨਾਂ 'ਤੇ ਤਸ਼ੱਦਦ ਦੇ ਨਾਲ-ਨਾਲ ਨਸ਼ਾ ਮੁਫੀਆ ਖਤਮ ਕਰਨ ਦੇ ਨਾਂਅ 'ਤੇ ਯੋਗੀ ਸਰਕਾਰ ਦੀ ਤਰਜ਼ 'ਤੇ ਘਰਾਂ 'ਤੇ ਬੁਲਡੋਜ਼ਰ ਚਾੜ੍ਹਣ ਦੀ ਨੀਤੀ ਅਖਤਿਆਰ ਕਰ ਲਈ ਹੈ, ਜਦੋਂਕਿ ਜ਼ਰੂਰਤ ਇਸ ਚੀਜ਼ ਦੀ ਹੈ ਕਿ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਰਾਜਸੀ ਨੇਤਾਵਾਂ, ਪੁਲਸ ਤੇ ਅਫਸਰਸ਼ਾਹੀ ਦਾ ਮਜ਼ਬੂਤ ਗਠਜੋੜ ਤੋੜਿਆ ਜਾਵੇ।

ਇਸੇ ਦੌਰਾਨ ਸੀ ਪੀ ਆਈ ਦੇ ਸੂਬਾ ਸਕੱਤਰ ਬੰਤ ਸਿੰਘ ਬਰਾੜ, ਸੀ ਪੀ ਆਈ (ਐੱਮ) ਦੇ ਸੂਬਾ ਸਕੱਤਰ ਸੁਖਵਿੰਦਰ ਸਿੰਘ ਸੇਖੋਂ ਤੇ ਸੀ ਪੀ ਆਈ (ਐੱਮ ਐੱਲ) ਲਿਬਰੇਸ਼ਨ ਦੇ ਸੂਬਾ ਸਕੱਤਰ ਗੁਰਮੀਤ ਸਿੰਘ ਬਖ਼ਤਪੁਰਾ ਵੱਲੋਂ ਸਾਂਝਾ ਬਿਆਨ ਜਾਰੀ ਕਰਦਿਆਂ ਸੰਘਰਸ਼ ਕਰ ਰਹੀਆਂ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੂੰ ਸੂਬਾ ਸਰਕਾਰ ਦੇ ਹੁਕਮਾਂ 'ਤੇ ਹਿਰਾਸਤ 'ਚ ਲਏ ਜਾਣ ਦੀ ਕਰੜੇ ਸ਼ਬਦਾਂ 'ਚ ਨਿਖੇਧੀ ਕੀਤੀ ਗਈ ਹੈ। ਆਗੂਆਂ ਨੇ ਕਿਹਾ ਕਿ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੂੰ ਹਿਰਾਸਤ ਵਿੱਚ ਲੈਣ ਪਿੱਛੇ ਸਰਕਾਰ ਦਾ ਇਹ ਮਕਸਦ ਹੈ ਕਿ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਚੰਡੀਗੜ੍ਹ ਵਿਖੇ ਲਗਾਏ ਜਾ ਰਹੇ ਮੋਰਚੇ ਨੂੰ ਅਸਫ਼ਲ ਕੀਤਾ ਜਾ ਸਕੇ। ਆਗੂਆਂ ਕਿਹਾ ਕਿ ਸੂਬੇ 'ਚ ਕਿਸਾਨ ਆਗੂਆਂ ਦੀ ਫੜੋ-ਫੜੀ ਤੋਂ ਸਾਫ਼ ਜ਼ਾਹਰ ਹੁੰਦਾ ਹੈ ਕਿ ਸਰਕਾਰ ਬੁਖਲਾਹਟ 'ਚ ਹੈ। ਉਨ੍ਹਾਂ ਕਿਹਾ ਕਿ ਜਮਹੂਰੀਅਤ ਦਾ ਢੰਡੋਰਾ ਪਿੱਟਣ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਕਿਸਾਨਾਂ 'ਤੇ ਸਭ ਤੋਂ ਵੱਧ ਜਬਰ ਕਰਨ ਵਾਲੀ ਸਰਕਾਰ ਸਾਬਤ ਹੋਈ ਹੈ। ਆਗੂਆਂ ਕਿਹਾ ਕਿ ਇਹ ਜਮਹੂਰੀਅਤ 'ਤੇ ਨੰਗਾ ਚਿੱਟਾ ਹਮਲਾ ਹੈ। ਕਿਸਾਨਾਂ ਦੇ ਕੇਂਦਰ ਖ਼ਿਲਾਫ਼ ਸੰਘਰਸ਼ 'ਚ ਕਿਸਾਨਾਂ ਦਾ ਸਾਥ ਦੇਣ ਦੀ ਥਾਂ ਸੂਬਾ ਸਰਕਾਰ ਇੱਕ ਤਰ੍ਹਾਂ ਨਾਲ ਕੇਂਦਰ ਦਾ ਹੀ ਪੱਖ ਪੂਰ ਰਹੀ ਹੈ, ਪਰ ਕਿਸਾਨ ਜਥੇਬੰਦੀਆਂ ਸਰਕਾਰੀ ਜਬਰ ਤੋਂ ਡਰ ਕੇ ਆਪਣਾ ਸੰਘਰਸ਼ ਰੋਕਣ ਵਾਲੀਆਂ ਨਹੀਂ ਹਨ, ਸਗੋਂ ਸਰਕਾਰੀ ਜਬਰ ਮਗਰੋਂ ਇਹ ਸੰਘਰਸ਼ ਹੋਰ ਤੇਜ਼ ਹੋਵੇਗਾ।

ਆਗੂਆਂ ਕਿਹਾ ਕਿ ਮੀਡੀਆ ਰਿਪੋਰਟਾਂ ਅਨੁਸਾਰ ਕਿਸਾਨ ਜਥੇਬੰਦੀਆਂ ਦੀ ਬੀਤੀ 3 ਮਾਰਚ ਨੂੰ ਪੰਜਾਬ ਭਵਨ, ਚੰਡੀਗੜ੍ਹ ਵਿਖੇ ਪੰਜਾਬ ਦੇ ਮੁੱਖ ਮੰਤਰੀ ਨਾਲ ਹੋਈ ਮੀਟਿੰਗ ਦੌਰਾਨ ਮੁੱਖ ਮੰਤਰੀ ਵੱਲੋਂ ਕਿਸਾਨ ਆਗੂਆਂ ਨਾਲ ਕੋਈ ਬਹੁਤੀ ਚੰਗੀ ਭਾਸ਼ਾ ਦੀ ਵਰਤੋਂ ਨਹੀਂ ਕੀਤੀ ਗਈ, ਜੋ ਕਿ ਕਿਸਾਨਾਂ ਦਾ ਅਪਮਾਨ ਹੈ। ਤਿੰਨਾਂ ਪਾਰਟੀਆਂ ਦੇ ਆਗੂਆਂ ਕਿਹਾ ਕਿ ਚੰਡੀਗੜ੍ਹ ਮੋਰਚੇ ਦਾ ਉਨ੍ਹਾਂ ਦੀਆਂ ਪਾਰਟੀਆਂ ਪੂਰਾ ਸਮਰਥਨ ਕਰਦੀਆਂ ਹਨ।ਆਗੂਆਂ ਕਿਹਾ ਕਿ ਕਿਸਾਨ ਲੰਮੇ ਸਮੇਂ ਤੋਂ ਲਟਕ ਰਹੀਆਂ ਆਪਣੀਆਂ ਮੰਗਾਂ ਮੰਨਵਾਉਣ ਲਈ ਸੰਘਰਸ਼ ਕਰਨ ਲਈ ਮਜਬੂਰ ਹਨ, ਕਿਉਂਕਿ ਨਾ ਤਾਂ ਕੇਂਦਰ ਤੇ ਨਾ ਹੀ ਸੂਬਾ ਸਰਕਾਰਾਂ ਕਿਸਾਨਾਂ ਦੀਆਂ ਜਾਇਜ਼ ਮੰਗਾਂ ਮੰਨਣ ਲਈ ਤਿਆਰ ਹਨ। ਆਗੂਆਂ ਨੇ ਹਰੇਕ ਵਰਗ ਨੂੰ ਅਪੀਲ ਕੀਤੀ ਕਿ ਕਿਸਾਨਾਂ ਦੇ ਸੰਘਰਸ਼ 'ਚ ਸ਼ਾਮਲ ਹੋ ਕੇ ਉਨ੍ਹਾਂ ਦਾ ਸਾਥ ਦਿੱਤਾ ਜਾਵੇ।

# ਵੱਡੀ ਪੱਧਰ 'ਤੇ ਤਬਾਦਲਿਆਂ ਤੋਂ ਬਾਅਦ ਤਹਿਸੀਲਦਾਰ ਕੰਮ 'ਤੇ ਮੁੜੇ

**ਪਟਿਆਲਾ** : ਸੋਮਵਾਰ ਤੋਂ ਸਮੂਹਕ ਛੁੱਟੀ ਲੈ ਕੇ ਰਾਜ-ਵਿਆਪੀ ਹੜਤਾਲ 'ਤੇ ਗਏ ਪੰਜਾਬ ਭਰ ਦੇ ਤਹਿਸੀਲਦਾਰਾਂ ਨੇ ਬੁੱਧਵਾਰ ਹੜਤਾਲ ਵਾਪਸ ਲੈ ਲਈ। ਤਹਿਸੀਲਦਾਰਾਂ ਦੇ ਬਣੇ ਇੱਕ ਵਟਸਐਪ ਗਰੁੱਪ 'ਤੇ 'ਪੰਜਾਬ ਰੈਵਿਨਿਊ ਆਫੀਸਰਜ਼ ਐਸੋਸੀਏਸ਼ਨ ਪੰਜਾਬ' ਦੇ ਸੂਬਾਈ ਪ੍ਰਧਾਨ ਨੇ ਸੁਨੇਹਾ ਜਾਰੀ ਕਰ ਕੇ ਸਾਰੇ ਸਾਥੀ ਤਹਿਸੀਲਦਾਰਾਂ ਨੂੰ ਸੂਚਿਤ ਕੀਤਾ ਹੈ ਕਿ ਕਿਸਾਨਾਂ ਦੇ ਧਰਨਿਆਂ ਕਾਰਨ ਬਣੀ ਅਮਨ-ਕਾਨੂੰਨ ਦੀ ਸਥਿਤੀ ਨਾਲ ਨਜਿੱਠਣ ਲਈ ਪੰਜਾਬ ਭਰ ਦੇ ਡਿਪਟੀ ਕਮਿਸ਼ਨਰਾਂ ਵੱਲੋਂ ਸੁਨੇਹੇ ਆ ਰਹੇ ਹਨ, ਜਿਸ ਦੇ ਚਲਦਿਆਂ ਹੀ ਉਨ੍ਹਾਂ ਆਪਣੀ ਸਮੂਹਕ ਛੁੱਟੀ ਅੱਗੇ ਨਾ ਵਧਾਉਣ ਦਾ ਫੈਸਲਾ ਲਿਆ। ਉਨ੍ਹਾ ਆਪਣੇ ਸੁਨੇਹੇ ਵਿਚ ਲਿਖਿਆ—ਦੋਸਤੋ, ਅੱਜ ਸਾਰੇ ਡੀ ਸੀ ਸਾਹਿਬਾਨ ਦੇ ਕਹਿਣ 'ਤੇ ਕਿ ਕਿਸਾਨ ਜਥੇਬੰਦੀਆਂ ਦੇ ਧਰਨਿਆਂ ਵਿੱਚ ਲਾਅ ਐਂਡ ਆਰਡਰ ਦੀ ਸਥਿਤੀ ਨੂੰ ਮੁੱਖ ਰਖਦੇ ਹੋਏ ਡਿਊਟੀ ਮੈਜਿਸਟ੍ਰੇਟਸ ਦੀ ਡਿਊਟੀ ਨਿਭਾਉਣ ਵਾਸਤੇ ਅਤੇ ਪੰਜਾਬ ਵਿੱਚ ਸ਼ਾਂਤੀ ਤੇ ਕਿਸੇ ਅਣਸੁਖਾਵੀਂ ਘਟਨਾ ਨੂੰ ਰੋਕਣ ਲਈ ਸਮੂਹਕ ਛੁੱਟੀ 'ਤੇ ਜਾਣ ਦਾ ਫੈਸਲਾ ਵਾਪਸ ਲਿਆ ਜਾਂਦਾ ਹੈ। ਐਸੋਸੀਏਸ਼ਨ ਦੇ ਸੂਬਾਈ ਪ੍ਰਧਾਨ ਲਛਮਣ ਸਿੰਘ ਰੰਧਾਵਾ ਨੇ ਕਿਹਾ ਕਿ ਜਿੱਥੇ ਲਾਅ ਐਂਡ ਆਰਡਰ ਦੀ ਸਥਿਤੀ ਦੇ ਚਲਦਿਆਂ ਸਮੂਹਕ ਛੁੱਟੀ ਨਾ ਵਧਾਉਣ ਦਾ ਫੈਸਲਾ ਲਿਆ ਹੈ, ਉੱਥੇ ਪੰਜਾਬ ਸਰਕਾਰ ਵੱਲੋਂ ਅਗਲੇ ਦਿਨਾਂ ਵਿੱਚ ਮੀਟਿੰਗ ਕਰਕੇ ਉਨ੍ਹਾਂ ਦੇ ਮਸਲੇ ਹੱਲ ਕਰਨ ਦਾ ਵਿਸ਼ਵਾਸ ਵੀ ਦਿਵਾਇਆ ਗਿਆ ਹੈ। ਇਸ ਦੇ ਚਲਦਿਆਂ ਹੀ ਪੰਜਾਬ-ਭਰ ਦੇ ਸਮੂਹ ਤਹਿਸੀਲਦਾਰਾਂ ਦੀ ਸਹਿਮਤੀ ਨਾਲ ਜਥੇਬੰਦੀ ਨੇ ਸਮੂਹਕ ਛੁੱਟੀ ਅੱਗੇ ਨਾ ਵਧਾਉਣ ਦਾ ਫੈਸਲਾ ਲਿਆ ਤੇ ਬੁੱਧਵਾਰ ਸਾਰੇ ਤਹਿਸੀਲਦਾਰਾਂ ਨੇ ਆਪਣੀਆਂ ਡਿਊਟੀਆਂ ਸੰਭਾਲ ਲਈਆਂ ਹਨ।

ਪੰਜਾਬ ਸਰਕਾਰ ਨੇ ਬੁੱਧਵਾਰ ਮਾਲ ਅਧਿਕਾਰੀਆਂ ਦੇ ਵੱਡੇ ਪੱਧਰ ਉੱਤੇ ਤਬਾਦਲੇ ਕਰ ਦਿੱਤੇ। ਇਹ ਕਾਰਵਾਈ ਸੂਬੇ-ਭਰ ਵਿੱਚ ਮਾਲ ਅਧਿਕਾਰੀਆਂ ਵੱਲੋਂ ਕੀਤੀ ਗਈ ਹੜਤਾਲ ਦੇ ਮੱਦੇਨਜ਼ਰ ਕੀਤੀ ਗਈ ਹੈ। ਮੁੱਖ ਮੰਤਰੀ ਭਗਵੰਤ ਮਾਨ ਨੇ ਮਾਲ ਅਧਿਕਾਰੀਆਂ ਖਿਲਾਫ ਦੂਜਾ ਵੱਡਾ ਐਕਸ਼ਨ ਲੈਂਦਿਆਂ 177 ਨਾਇਬ ਤਹਿਸੀਲਦਾਰਾਂ ਅਤੇ 58 ਤਹਿਸੀਲਦਾਰਾਂ ਦੇ ਤਬਾਦਲੇ ਕਰ ਦਿੱਤੇ।

ਮੁੱਖ ਤੌਰ 'ਤੇ ਜਿਹੜੇ ਤਹਿਸੀਲਦਾਰ ਚੰਗੀਆਂ ਥਾਵਾਂ 'ਤੇ ਲੱਗੇ ਸਨ, ਉਨ੍ਹਾਂ ਨੂੰ ਮਾੜੀਆਂ ਜਾਂ ਸਧਾਰਨ ਥਾਵਾਂ 'ਤੇ ਲਾਇਆ ਗਿਆ ਹੈ, ਜਦਕਿ ਮਾੜੀਆਂ ਥਾਵਾਂ ਵਾਲਿਆਂ ਨੂੰ ਵਧੀਆ ਸਟੇਸ਼ਨ ਦਿੱਤੇ ਗਏ ਹਨ। ਇਸ ਤੋਂ ਇਲਾਵਾ ਇਹ ਬਦਲੀਆਂ ਵੀ ਦੂਰ-ਦੁਰਾਡੇ ਕੀਤੀਆਂ ਗਈਆਂ ਹਨ।

## ਦੋ ਭੁਚਾਲਾਂ ਨੇ ਮਨੀਪੁਰ ਹਿਲਾਇਆ

**ਇੰਫਾਲ** : 5.7 ਤੀਬਰਤਾ ਵਾਲੇ ਇੱਕ ਝਟਕੇ ਸਮੇਤ ਲਗਾਤਾਰ ਦੋ ਭੂਚਾਲਾਂ ਨੇ ਬੁੱਧਵਾਰ ਮਨੀਪੁਰ ਨੂੰ ਹਿਲਾ ਕੇ ਰੱਖ ਦਿੱਤਾ। ਪੂਰੇ ਉੱਤਰ-ਪੂਰਬ ਵਿੱਚ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ। ਸੂਬੇ 'ਚ ਸਵੇਰੇ 11.06 ਵਜੇ 5.7 ਸ਼ਿੱਦਤ ਦਾ ਭੂਚਾਲ ਆਇਆ। ਇਸ ਦਾ ਕੇਂਦਰ ਇੰਫਾਲ ਪੂਰਬੀ ਜ਼ਿਲ੍ਹੇ ਦੇ ਯਾਈਰੀਪੋਕ ਤੋਂ 44 ਕਿਲੋਮੀਟਰ ਪੂਰਬ ਵਿੱਚ ਅਤੇ 110 ਕਿਲੋਮੀਟਰ ਦੀ ਡੂੰਘਾਈ ਵਿੱਚ ਸੀ। ਅਸਾਮ, ਮੇਘਾਲਿਆ ਤੇ ਖੇਤਰ ਦੇ ਹੋਰ ਹਿੱਸਿਆਂ 'ਚ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ। ਦੁਪਹਿਰ 12.20 ਵਜੇ ਮਨੀਪੁਰ ਵਿੱਚ 4.1 ਤੀਬਰਤਾ ਦਾ ਦੂਜਾ ਭੂਚਾਲ ਆਇਆ। ਭੂਚਾਲ ਤੋਂ ਬਾਅਦ ਮਨੀਪੁਰ ਦੀਆਂ ਕਈ ਇਮਾਰਤਾਂ 'ਚ ਤਰੇੜਾਂ ਦੇਖੀਆਂ ਗਈਆਂ ਹਨ। ਥੌਬਲ ਜ਼ਿਲ੍ਹੇ ਦੇ ਵੈਂਗਜਿੰਗ ਲੈਮਡਿੰਗ ਵਿੱਚ ਸਕੂਲ ਦੀ ਇਮਾਰਤ ਵਿੱਚ ਤਰੇੜਾਂ ਆ ਗਈਆਂ, ਜਿੱਥੇ ਨਸਲੀ ਝਗੜੇ ਤੋਂ ਪ੍ਰਭਾਵਤ ਲੋਕਾਂ ਲਈ ਇੱਕ ਰਾਹਤ ਕੈਂਪ ਚਲਾਇਆ ਜਾ ਰਿਹਾ ਸੀ।

## ਯੂ ਪੀ ਅਸੈਂਬਲੀ ਕੰਪਲੈਕਸ 'ਚ ਪਾਨ-ਮਸਾਲੇ 'ਤੇ ਰੋਕ

**ਲਖਨਊ** : ਯੂ ਪੀ ਵਿਧਾਨ ਸਭਾ 'ਚ ਪਾਨ-ਮਸਾਲਾ ਥੁੱਕਣ ਦੀ ਘਟਨਾ ਤੋਂ ਬਾਅਦ ਸਪੀਕਰ ਸਤੀਸ਼ ਮਹਾਨਾ ਨੇ ਬੁੱਧਵਾਰ ਵਿਧਾਨ ਸਭਾ ਕੰਪਲੈਕਸ 'ਚ ਪਾਨ-ਮਸਾਲਾ ਅਤੇ ਗੁਟਕਾ ਖਾਣ 'ਤੇ ਪਾਬੰਦੀ ਲਾ ਦਿੱਤੀ ਹੈ। ਮਹਿਣਾ ਨੇ ਕਿਹਾ ਕਿ ਜੇ ਕੋਈ ਪਾਨ-ਮਸਾਲਾ ਅਤੇ ਗੁਟਕੇ ਦਾ ਸੇਵਨ ਕਰਦਾ ਹੈ ਤਾਂ ਉਸ 'ਤੇ 1000 ਰੁਪਏ ਦਾ ਜੁਰਮਾਨਾ ਲਗਾਇਆ ਜਾਵੇਗਾ ਅਤੇ ਨਿਯਮ ਅਨੁਸਾਰ ਲੋੜੀਂਦੀ ਕਾਰਵਾਈ ਕੀਤੀ ਜਾਵੇਗੀ। ਮਹਾਨਾ ਨੇ ਕਿਹਾ ਕਿ ਕੁਝ ਵਿਧਾਇਕਾਂ ਨੇ ਪਾਨ ਮਸਾਲਾ ਖਾਣ ਤੋਂ ਬਾਅਦ ਵਿਧਾਨ ਸਭਾ ਹਾਲ 'ਚ ਥੁੱਕਿਆ। ਉਨ੍ਹਾ ਖੁਦ ਉਸ ਥਾਂ ਦੀ ਸਫਾਈ ਕੀਤੀ। ਉਨ੍ਹਾ ਇੱਕ ਵੀਡੀਓ ਵਿੱਚ ਵਿਧਾਇਕ ਨੂੰ ਇਹ ਕਾਰਾ ਕਰਦੇ ਵੇਖਿਆ, ਪਰ ਉਹ ਉਸ ਦਾ ਨਾਂਅ ਲੈ ਕੇ ਉਸ ਨੂੰ ਜ਼ਲੀਲ ਨਹੀਂ ਕਰਨਾ ਚਾਹੁੰਦੇ।

## ਪੱਤਰਕਾਰਾਂ ਲਈ ਸੂਚਨਾ

'ਨਵਾਂ ਜ਼ਮਾਨਾ' ਦੇ ਜਿਨ੍ਹਾਂ ਪ੍ਰਤੀਨਿਧਾਂ ਦੇ ਸ਼ਨਾਖਤੀ ਕਾਰਡ ਦੀ ਮਿਆਦ ਲੰਘ ਚੁੱਕੀ ਹੈ, ਉਨ੍ਹਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪੋ-ਆਪਣੇ ਕਾਰਡ ਜਲਦੀ ਤੋਂ ਜਲਦੀ 'ਨਵਾਂ ਜ਼ਮਾਨਾ' ਦਫਤਰ ਆ ਕੇ ਬਾਅਦ ਦੁਪਹਿਰ ਸ਼ੁੱਕਰਵਾਰ ਅਤੇ ਸੋਮਵਾਰ ਨੂੰ 2 ਵਜੇ ਤੋਂ ਸ਼ਾਮ 5 ਵਜੇ ਤੱਕ ਨਵਿਆਉਣ। ਪਿਛਲੇ ਸਾਲ ਦੀ ਅਧਿਕਾਰਤ ਪੱਤਰ ਦੀ ਕਾਪੀ ਨਾਲ ਲਿਆਉਣ। -ਮੈਨੇਜਰ



# 51 ਹਜ਼ਾਰ ਤੋਂ ਵੱਧ ਨੌਕਰੀਆਂ ਦੇ ਦਿੱਤੀਆਂ, 50 ਹਜ਼ਾਰ ਹੋਰ ਦੇਵਾਂਗੇ : ਮਾਨ

**ਚੰਡੀਗੜ੍ਹ, (ਗੁਰਜੀਤ ਬਿੱਲਾ)**

ਪੰਜਾਬ ਵਿੱਚ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦੇਣ ਦਾ ਅੰਕੜਾ 51,000 ਨੂੰ ਪਾਰ ਕਰ ਜਾਣ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ ਵੱਡਾ ਐਲਾਨ ਕੀਤਾ ਕਿ 50,000 ਹੋਰ ਸਰਕਾਰੀ ਨੌਕਰੀਆਂ ਦਿੱਤੀਆਂ ਜਾਣਗੀਆਂ, ਜਿਸ ਨਾਲ ਨੌਜਵਾਨਾਂ ਨੂੰ ਇਕ ਲੱਖ ਸਰਕਾਰੀ ਨੌਕਰੀਆਂ ਮਿਲ ਜਾਣਗੀਆਂ। ਮੁੱਖ ਮੰਤਰੀ ਨੇ ਆਪਣੀ ਸਰਕਾਰ ਦੇ 'ਮਿਸ਼ਨ ਰੁਜ਼ਗਾਰ' ਨੂੰ ਜਾਰੀ ਰੱਖਦੇ ਹੋਏ 763 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਤਿੰਨ ਸਾਲਾਂ ਵਿੱਚ ਨੌਜਵਾਨਾਂ ਨੂੰ 51,655 ਸਰਕਾਰੀ ਨੌਕਰੀਆਂ ਦਿੱਤੀਆਂ ਹਨ। ਇਨ੍ਹਾਂ ਨੌਜਵਾਨਾਂ ਲਈ ਅੱਜ ਇਤਿਹਾਸਕ ਦਿਨ ਹੈ, ਜੋ ਸਹਿਕਾਰਤਾ, ਸਿਹਤ ਤੇ ਪਰਵਾਰ ਭਲਾਈ ਅਤੇ ਉਚੇਰੀ ਸਿੱਖਿਆ ਤੇ ਭਾਸ਼ਾਵਾਂ ਵਿਭਾਗ ਵਿੱਚ ਚੁਣੇ ਗਏ ਹਨ। ਉਨ੍ਹਾ ਕਿਹਾ ਕਿ ਨੌਜਵਾਨਾਂ ਨੂੰ ਪਾਰਦਰਸ਼ੀ ਢੰਗ ਨਾਲ 51000 ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਚੁੱਕੀਆਂ ਹਨ। ਉਨ੍ਹਾ ਕਿਹਾ ਕਿ ਸੂਬਾ ਸਰਕਾਰ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦੇਣ ਦਾ ਇਕ ਲੱਖ ਦਾ ਅੰਕੜ ਪਾਰ ਕਰੇਗੀ।

ਮੁੱਖ ਮੰਤਰੀ ਨੇ ਕਿਹਾ—ਮੈਂ ਨੌਜਵਾਨਾਂ ਨੂੰ ਰੁਜ਼ਗਾਰ ਦੇ ਕੇ ਉਨ੍ਹਾਂ ਦੇ ਹੱਥਾਂ ਵਿੱਚ ਟਿਫਿਨ ਸੌਂਪਣਾ ਚਾਹੁੰਦਾ ਹਾਂ ਤਾਂ ਜੋ ਉਹ ਨਸ਼ੇ ਵਾਲੀਆਂ ਸਰਿੰਜਾਂ ਅਤੇ ਹੋਰ ਅਲਾਮਤਾਂ ਤੋਂ ਦੂਰ ਰਹਿ ਸਕਣ। ਵਿਹਲਾ ਮਨ ਸ਼ੈਤਾਨ ਦਾ ਘਰ ਹੁੰਦਾ ਹੈ, ਇਸ ਕਰਕੇ ਸੂਬਾ ਸਰਕਾਰ ਇਸ ਗੱਲ ਲਈ ਪੂਰੀ ਵਾਹ ਲਾ ਰਹੀ ਹੈ ਕਿ ਸਾਡੇ ਵੱਧ ਤੋਂ ਵੱਧ ਨੌਜਵਾਨਾਂ ਨੂੰ ਨੌਕਰੀਆਂ ਮਿਲਣ, ਤਾਂ ਜੋ ਉਹ ਸਮਾਜਿਕ ਬੁਰਾਈਆਂ ਦਾ ਸ਼ਿਕਾਰ ਨਾ ਹੋਣ। ਉਹਨਾ ਕਿਹਾ ਕਿ ਇਤਿਹਾਸ ਵਿੱਚ ਪਹਿਲੀ ਵਾਰ ਕਿਸੇ ਵੀ ਸਰਕਾਰ ਨੇ ਸੱਤਾ ਵਿੱਚ ਆਉਣ ਦੇ 36 ਮਹੀਨਿਆਂ ਵਿੱਚ ਨੌਜਵਾਨਾਂ ਨੂੰ ਰਿਕਾਰਡ 51,000 ਤੋਂ ਵੱਧ ਨੌਕਰੀਆਂ ਦਿੱਤੀਆਂ ਹਨ। ਸੂਬਾ ਸਰਕਾਰ ਦੇ ਸਿਰਤੋੜ ਯਤਨਾਂ ਸਦਕਾ ਸੂਬੇ ਵਿੱਚ ਪਹਿਲਾਂ ਹੀ ਵਤਨ ਵਾਪਸੀ ਦਾ ਰੁਝਾਨ ਦੇਖਣ ਨੂੰ ਮਿਲ ਰਿਹਾ ਹੈ ਅਤੇ ਨੌਜਵਾਨ ਆਪਣੀ ਮਾਤ ਭੂਮੀ ਦੀ ਸੇਵਾ ਕਰਨ ਲਈ ਵਿਦੇਸ਼ਾਂ ਤੋਂ ਵਾਪਸ ਆ ਰਹੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਅਮਰੀਕਾ ਤੋਂ ਨੌਜਵਾਨਾਂ ਨੂੰ ਡਿਪੋਰਟ ਕਰਨ ਦੀ ਘਟਨਾ ਸਾਡੇ ਸਾਰਿਆਂ ਲਈ ਅੱਖਾਂ ਖੋਲ੍ਹਣ ਵਾਲੀ ਹੈ ਕਿ ਸੂਬੇ ਦੇ ਨੌਜਵਾਨਾਂ ਨੂੰ ਇੱਥੇ ਰਹਿ ਕੇ ਹੀ ਸਖ਼ਤ ਮਿਹਨਤ ਕਰਕੇ ਵੱਖ-ਵੱਖ ਖੇਤਰਾਂ ਵਿੱਚ ਸਫਲਤਾ ਪ੍ਰਾਪਤ ਕਰਨੀ ਚਾਹੀਦੀ ਹੈ। ਇਸ ਮੌਕੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਡਾ. ਬਲਬੀਰ ਸਿੰਘ ਤੋਂ ਇਲਾਵਾ ਹੋਰ ਸ਼ਖਸੀਅਤਾਂ ਵੀ ਹਾਜ਼ਰ ਸਨ।

# ਕਿਸਾਨਾਂ ਦੇ ਚੰਡੀਗੜ੍ਹ ਵੱਲ ਚਾਲੇ ਦਰਮਿਆਨ ਉਗਰਾਹਾਂ ਵੀ ਗ੍ਰਿਫ਼ਤਾਰ

**ਚੰਡੀਗੜ੍ਹ** : ਸੰਯੁਕਤ ਕਿਸਾਨ ਮੋਰਚਾ ਦੇ ਸੱਦੇ 'ਤੇ ਕਿਸਾਨਾਂ ਦੇ ਚੰਡੀਗੜ੍ਹ ਕੂਚ ਨੂੰ ਰੋਕਣ ਲੱਗੀ ਪੰਜਾਬ ਪੁਲਸ ਨੇ ਬੁੱਧਵਾਰ ਬੀ ਕੇ ਯੂ (ਏਕਤਾ-ਉਗਰਾਹਾਂ) ਦੇ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਨੂੰ ਗ੍ਰਿਫਤਾਰ ਕਰ ਲਿਆ ਹੈ। ਪੁਲਸ ਨੇ ਕਿਸਾਨਾਂ ਨੂੰ ਚੰਡੀਗੜ੍ਹ ਪਹੁੰਚਣ ਤੋਂ ਰੋਕਣ ਲਈ ਵੱਖ-ਵੱਖ ਥਾਵਾਂ 'ਤੇ ਨਾਕੇਬੰਦੀ ਕੀਤੀ ਹੋਈ ਹੈ। ਚੰਡੀਗੜ੍ਹ ਦੀ ਸਰਹੱਦ 'ਤੇ ਵੀ ਸਖਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ। ਚੰਡੀਗੜ੍ਹ ਪੁਲਸ ਦੇ ਕਰੀਬ 2000 ਮੁਲਾਜ਼ਮਾਂ ਨੂੰ ਤਾਇਨਾਤ ਕੀਤਾ ਗਿਆ ਹੈ, ਜਿਨ੍ਹਾਂ ਨੇ ਚੰਡੀਗੜ੍ਹ ਵਿੱਚ ਦਾਖਲ ਹੋਣ ਵਾਲੀਆਂ 12 ਪ੍ਰਮੁੱਖ ਸੜਕਾਂ 'ਤੇ ਚੌਕਸੀ ਵਧਾ ਦਿੱਤੀ ਹੈ।

ਉਗਰਾਹਾਂ ਦੇ ਸਾਥੀ ਜਗਤਾਰ ਕਾਲਾਝਾਰ ਨੇ ਦੱਸਿਆ ਕਿ ਉਗਰਾਹਾਂ ਨੂੰ ਘਰਾਚੋਂ ਪਿੰਡ ਕੋਲੋਂ ਫੜ ਕੇ ਛਾਜਲੀ ਥਾਣੇ ਲਿਜਾਇਆ ਗਿਆ। ਬੀ ਕੇ ਯੂ ਡਕੌਂਦਾ ਦੇ ਆਗੂ ਅੰਗਰੇਜ਼ ਸਿੰਘ ਨੇ ਦੱਸਿਆ ਕਿ ਪੁਲਸ ਨੇ ਰਾਏਕੋਟ ਦੇ ਪਿੰਡ ਭੈਣੀ ਧਰੇੜਾ ਕੋਲ ਪ੍ਰਧਾਨ ਮਨਜੀਤ ਸਿੰਘ ਧਨੇਰ ਦੀ ਖਿੱਚ-ਧੂਹ ਕੀਤੀ। ਜਦੋਂ ਪੁਲਸ ਨੇ ਉਨ੍ਹਾ ਨੂੰ ਗ੍ਰਿਫਤਾਰ ਕਰਨ ਦੀ ਕੋਸ਼ਿਸ਼ ਕੀਤੀ ਤਾਂ ਕਿਸਾਨ ਉੱਥੇ ਇਕੱਠੇ ਹੋ ਗਏ ਤੇ ਧਨੇਰ ਨੂੰ ਨਾਲ ਨਹੀਂ ਲਿਜਾਣ ਦਿੱਤਾ। ਟਕਰਾਅ ਦੌਰਾਨ ਧਨੇਰ ਨਿਕਲ ਗਏ। ਫਿਰੋਜ਼ਪੁਰ ਤੋਂ ਟਰੈਕਟਰ-ਟਰਾਲੀਆਂ 'ਤੇ ਆ ਰਹੇ ਕਿਸਾਨਾਂ ਨੂੰ ਸਮਰਾਲਾ ਨੇੜੇ ਰੋਕ ਦਿੱਤਾ ਗਿਆ। ਪੁਲਸ ਨੇ ਚੰਡੀਗੜ੍ਹ ਵੱਲ ਜਾਂਦੇ ਰਾਹਾਂ 'ਤੇ ਟਿੱਪਰ ਖੜ੍ਹੇ ਕੀਤੇ ਹੋਏ ਹਨ। ਕਿਸਾਨ ਪੇਂਡੂ ਸੜਕਾਂ ਰਾਹੀਂ ਚੰਡੀਗੜ੍ਹ ਪੁੱਜਣ ਦੀ ਕੋਸ਼ਿਸ਼ ਕਰ ਰਹੇ ਹਨ। ਮੁਹਾਲੀ ਦੇ ਗੁਰਦੁਆਰਾ ਅੰਬ ਸਾਹਿਬ ਵਿੱਚ ਇਕੱਠੇ ਹੋਏ ਕਰੀਬ 50 ਕਿਸਾਨਾਂ ਨੂੰ ਹਿਰਾਸਤ 'ਚ ਲੈ ਲਿਆ ਗਿਆ।

ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਨੇ ਅੰਮ੍ਰਿਤਸਰ ਦੇ ਗੋਲਡਨ ਗੇਟ ਵਿਖੇ ਰੋਸ ਵਿਖਾਵਾ ਕੀਤਾ ਅਤੇ ਸਰਕਾਰ ਦਾ ਪੁਤਲਾ ਸਾੜਿਆ। ਜਥੇਬੰਦੀ ਦੇ ਆਗੂ ਸਰਵਣ ਸਿੰਘ ਪੰਧੇਰ ਨੇ ਦੱਸਿਆ ਕਿ ਅੰਮ੍ਰਿਤਸਰ ਵਿੱਚ ਗੋਲਡਨ ਗੇਟ ਸਮੇਤ 21 ਥਾਵਾਂ 'ਤੇ ਸਰਕਾਰ ਖਿਲਾਫ ਰੋਸ ਮੁਜ਼ਾਹਰੇ ਕੀਤੇ ਗਏ। ਇਸ ਤੋਂ ਇਲਾਵਾ ਸੂਬੇ ਦੇ 18 ਜ਼ਿਲ੍ਹਿਆਂ ਵਿੱਚ ਸਰਕਾਰ ਦੇ ਪੁਤਲੇ ਸਾੜੇ ਗਏ ਹਨ। ਉਨ੍ਹਾਂ ਦੋਸ਼ ਲਾਇਆ ਕਿ ਕੇਂਦਰ ਦੀ ਮੋਦੀ ਸਰਕਾਰ ਕਿਸਾਨਾਂ ਨੂੰ ਦਿੱਲੀ ਵਿੱਚ ਰੋਸ ਵਿਖਾਵਾ ਨਹੀਂ ਕਰਨ ਦੇਣਾ ਚਾਹੁੰਦੀ ਅਤੇ ਪੰਜਾਬ ਦੀ ਮਾਨ ਸਰਕਾਰ ਚੰਡੀਗੜ੍ਹ ਵਿੱਚ ਰੋਸ ਵਿਖਾਵਾ ਕਰਨ ਤੋਂ ਰੋਕ ਰਹੀ ਹੈ। ਉਨ੍ਹਾ ਕਿਹਾ ਕਿ ਕਿਸਾਨ ਆਪਣੀਆਂ ਮੰਗਾਂ ਦੇ ਹੱਕ ਵਿੱਚ ਜਮਹੂਰੀ ਢੰਗ-ਤਰੀਕੇ ਨਾਲ ਆਪਣੀ ਆਵਾਜ਼ ਬੁਲੰਦ ਕਰਨਾ ਚਾਹੁੰਦੇ ਹਨ, ਪਰ ਸਰਕਾਰ ਵੱਲੋਂ ਕਿਸਾਨਾਂ ਦਾ ਇਹ ਜਮਹੂਰੀ ਹੱਕ ਵੀ ਖੋਹਿਆ ਜਾ ਰਿਹਾ ਹੈ। ਇਸ ਦੇ ਸਿੱਟੇ ਵਜੋਂ ਕਿਸਾਨਾਂ ਨੇ ਪੰਜਾਬ-ਭਰ ਵਿੱਚ ਮਾਨ ਸਰਕਾਰ ਦੇ ਖਿਲਾਫ ਰੋਸ ਵਿਖਾਵੇ ਕੀਤੇ ਹਨ ਅਤੇ ਪੁਤਲੇ ਸਾੜੇ ਹਨ।

ਉਨ੍ਹਾ ਕਿਹਾ ਕਿ ਮੁੱਖ ਮੰਤਰੀ ਕਿਸਾਨਾਂ 'ਤੇ ਦੋਸ਼ ਲਾ ਰਹੇ ਹਨ ਕਿ ਉਹ ਰੇਲਾਂ ਅਤੇ ਸੜਕਾਂ ਰੋਕ ਰਹੇ ਹਨ, ਜਦਕਿ ਅਜਿਹਾ ਨਹੀਂ ਹੈ, ਸਗੋਂ ਕਿਸਾਨ ਚੰਡੀਗੜ੍ਹ ਵਿੱਚ ਆਪਣੀਆਂ ਮੰਗਾਂ ਦੇ ਹੱਕ ਵਿੱਚ ਰੋਸ ਮੁਜ਼ਾਹਰਾ ਕਰਨ ਲਈ ਥਾਂ ਮੰਗ ਰਹੇ ਹਨ। ਉਨ੍ਹਾਂ ਨੂੰ ਆਪਣੀਆਂ ਮੰਗਾਂ ਦੇ ਹੱਕ ਵਿੱਚ ਰੋਸ ਪ੍ਰਦਰਸ਼ਨ ਕਰਨ ਦਾ ਹੱਕ ਦਿੱਤਾ ਜਾਣਾ ਚਾਹੀਦਾ ਹੈ।

## ਜਬਰ-ਜ਼ਨਾਹ ਦੇ ਮੁਲਜ਼ਮ ਦੀ ਗ੍ਰਿਫ਼ਤਾਰੀ ਲਈ ਜਾਮ

**ਰੂਪਨਗਰ** : ਚਮਕੌਰ ਸਾਹਿਬ ਇਲਾਕੇ ਦੀ ਨਾਬਾਲਗ ਕੁੜੀ ਨਾਲ ਜਬਰ-ਜ਼ਨਾਹ ਕਰਨ ਦੇ ਮੁਲਜ਼ਮ ਸਰਪੰਚ ਹਰਵਿੰਦਰ ਸਿੰਘ ਦੀ ਗ੍ਰਿਫਤਾਰੀ ਦੀ ਮੰਗ ਨੂੰ ਲੈ ਕੇ ਇਲਾਕਾ ਵਾਸੀਆਂ ਨੇ ਬੁੱਧਵਾਰ ਰੂਪਨਗਰ-ਚੰਡੀਗੜ੍ਹ ਮਾਰਗ 'ਤੇ ਪਿੰਡ ਸਿੰਘ ਭਗਵੰਤਪੁਰ ਵਿਖੇ ਕੌਮੀ ਮਾਰਗ ਜਾਮ ਕਰ ਦਿੱਤਾ। ਧਰਨੇ ਵਿੱਚ ਸਾਰੀਆਂ ਵਿਰੋਧੀ ਪਾਰਟੀਆਂ ਦੇ ਆਗੂਆਂ ਅਤੇ ਵਰਕਰਾਂ ਦੇ ਨਾਲ-ਨਾਲ ਚਮਕੌਰ ਸਾਹਿਬ ਦੇ ਆਮ ਆਦਮੀ ਪਾਰਟੀ ਦੇ ਐੱਮ ਸੀ ਸੁਖਵੀਰ ਸਿੰਘ ਵੀ ਸ਼ਾਮਲ ਹੋਏ। ਪੁਲਸ ਅਧਿਕਾਰੀਆਂ ਨੇ ਮੌਕੇ 'ਤੇ ਪੁੱਜ ਕੇ ਮੁਲਜ਼ਮ ਨੂੰ ਦੋ ਦਿਨਾਂ ਵਿਚ ਗ੍ਰਿਫਤਾਰ ਕਰਨ ਦਾ ਭਰੋਸਾ ਦਿੱਤਾ। ਇਸ ਤੋਂ ਬਾਅਦ ਮੁਜ਼ਾਹਰਾਕਾਰੀਆਂ ਨੇ ਮੁਲਜ਼ਮ ਨੂੰ 4 ਦਿਨਾਂ 'ਚ ਫੜਨ ਦਾ ਅਲਟੀਮੇਟਮ ਦਿੰਦਿਆਂ ਧਰਨਾ ਚੁੱਕ ਲਿਆ।

## 23 ਕਿੱਲੋ ਹੈਰੋਇਨ ਬਰਾਮਦ

**ਅੰਮ੍ਰਿਤਸਰ** : ਸਰਕਾਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਬੁੱਧਵਾਰ ਅੰਮ੍ਰਿਤਸਰ ਜ਼ਿਲ੍ਹਾ ਦਿਹਾਤੀ ਪੁਲਸ ਨੇ ਜੰਡਿਆਲਾ ਹਲਕੇ ਦੇ ਪਿੰਡ ਦੇਵੀਦਾਸਪੁਰਾ ਵਿੱਚੋਂ 23 ਕਿੱਲੋ ਹੈਰੋਇਨ ਦੀ ਇੱਕ ਖੇਪ ਬਰਾਮਦ ਕੀਤੀ। ਡੀ ਜੀ ਪੀ ਗੌਰਵ ਯਾਦਵ ਨੇ ਦੱਸਿਆ ਕਿ ਮੁਢਲੀ ਜਾਂਚ ਦੌਰਾਨ ਇਹ ਸਾਹਮਣੇ ਆਇਆ ਹੈ ਕਿ ਨਸ਼ੀਲੇ ਪਦਾਰਥਾਂ ਦੀ ਤਸਕਰੀ ਦਾ ਸੰਬੰਧ ਅਮਰੀਕਾ ਅਧਾਰਤ ਤਸਕਰ ਜਸਮੀਤ ਸਿੰਘ ਉਰਫ ਲੱਕੀ ਨਾਲ ਜੁੜਿਆ ਹੋਇਆ ਹੈ। ਉਸ ਖਿਲਾਫ ਪਹਿਲਾਂ ਵੀ ਕਈ ਕੇਸ ਦਰਜ ਹਨ। ਡੀ ਆਈ ਜੀ ਬਾਰਡਰ ਰੇਂਜ ਸਤਿੰਦਰ ਸਿੰਘ ਨੇ ਪ੍ਰੈੱਸ ਕਾਨਫਰੰਸ ਵਿੱਚ ਦੱਸਿਆ ਕਿ ਇਸ ਮਾਮਲੇ ਵਿੱਚ ਪੁਲਸ ਨੇ ਸਾਹਿਲਪ੍ਰੀਤ ਸਿੰਘ ਉਰਫ ਕਰਨ ਵਾਸੀ ਪਿੰਡ ਦੇਵੀਦਾਸਪੁਰਾ ਨੂੰ ਨਾਮਜ਼ਦ ਕੀਤਾ ਹੈ, ਜੋ ਕਿ ਫਿਲਹਾਲ ਭੱਜਿਆ ਹੋਇਆ ਹੈ। ਉਨ੍ਹਾ ਦੱਸਿਆ ਕਿ ਸੂਹ ਦੇ ਆਧਾਰ 'ਤੇ ਐੱਸ ਐੱਸ ਪੀ ਮਨਿੰਦਰ ਸਿੰਘ ਦੀ ਅਗਵਾਈ ਹੇਠ ਪੁਲਸ ਟੀਮ ਨੇ ਉਸ ਦੇ ਘਰ ਵਿੱਚੋਂ 23 ਕਿਲੋ ਹੈਰੋਇਨ ਦੀ ਇਹ ਖੇਪ ਬਰਾਮਦ ਕੀਤੀ। ਅਮਰੀਕਾ ਵਿੱਚ ਬੈਠਾ ਲੱਕੀ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਸਪਲਾਈ ਕਰਦਾ ਸੀ, ਜਿਸ ਨੂੰ ਪ੍ਰਾਪਤ ਕਰਕੇ ਅਗਾਂਹ ਸਪਲਾਈ ਕਰਨ ਦਾ ਕੰਮ ਸਾਹਿਲਪ੍ਰੀਤ ਵੱਲੋਂ ਕੀਤਾ ਜਾ ਰਿਹਾ ਸੀ। ਉਸ ਵੱਲੋਂ ਹੀ ਰਕਮ ਇਕੱਠੀ ਕਰਕੇ ਅਗਾਂਹ ਭੇਜੀ ਜਾਂਦੀ ਸੀ।

## ਸ਼ੇਅਰ ਬਾਜ਼ਾਰ 'ਚ ਉਛਾਲ

**ਮੁੰਬਈ** : ਯੂਟਿਲਿਟੀਜ਼ ਅਤੇ ਪਾਵਰ ਸ਼ੇਅਰਾਂ ਵਿੱਚ ਖਰੀਦਦਾਰੀ ਅਤੇ ਆਲਮੀ ਬਾਜ਼ਾਰਾਂ ਵਿੱਚ ਮਜ਼ਬੂਤ ਰੁਝਾਨ ਦੇ ਚਲਦਿਆਂ ਬੁੱਧਵਾਰ ਸੈਂਸੈਕਸ 740.30 ਅੰਕ ਜਾਂ 1.01 ਫੀਸਦੀ ਵਧ ਕੇ 73,730.23 'ਤੇ ਬੰਦ ਹੋਇਆ। ਆਪਣੀ 10 ਦਿਨਾਂ ਦੀ ਗਿਰਾਵਟ ਦੇ ਰਿਕਾਰਡ ਨੂੰ ਘਟਾਉਂਦੇ ਹੋਏ ਨਿਫਟੀ 254.65 ਅੰਕ ਜਾਂ 1.15 ਫੀਸਦੀ ਦੀ ਤੇਜ਼ੀ ਨਾਲ 22,337.30 'ਤੇ ਬੰਦ ਹੋਇਆ। ਅਡਾਨੀ ਪੋਰਟਸ, ਟਾਟਾ ਸਟੀਲ, ਪਾਵਰ ਗਰਿੱਡ, ਮਹਿੰਦਰਾ ਐਂਡ ਮਹਿੰਦਰਾ, ਐੱਨ ਟੀ ਪੀ ਸੀ, ਟੈੱਕ ਮਹਿੰਦਰਾ, ਟਾਟਾ ਮੋਟਰਜ਼, ਆਈ ਟੀ ਸੀ, ਨੈਸਲੇ ਇੰਡੀਆ, ਐੱਚ ਸੀ ਐੱਲ ਟੈਕਨਾਲੋਜੀ, ਭਾਰਤੀ ਏਅਰਟੈੱਲ, ਸਟੇਟ ਬੈਂਕ ਆਫ ਇੰਡੀਆ, ਏਸ਼ੀਅਨ ਪੇਂਟਸ ਅਤੇ ਕੋਟਕ ਮਹਿੰਦਰਾ ਬੈਂਕ ਲਾਭ 'ਚ ਰਹੇ। ਬਜਾਜ ਫਾਇਨਾਂਸ, ਇੰਡਸਇੰਡ ਬੈਂਕ, ਐੱਚ ਡੀ ਐੱਫ ਸੀ ਬੈਂਕ ਅਤੇ ਜ਼ੋਮੈਟੋ ਘਾਟੇ 'ਚ ਰਹੇ।

## ਅੱਜ-ਨਾਮਾ

ਲੰਘਦਾ ਦੇਸ਼ ਇਹ ਲੱਗੇ ਤਬਦੀਲੀਆਂ 'ਚੋਂ,
ਨੁਕਤੇ-ਨੁਕਤੇ 'ਤੇ ਦਿੱਸ ਰਹੀ ਛਾਪ ਬੇਲੀ।
ਰਾਜ-ਸ਼ਕਤੀ ਸਭ ਖੜੀ ਹੋਈ ਇੱਕ ਪਾਸੇ,
ਮੀਡੀਆ ਰਟੀ ਜਾਵੇ ਦੱਸਿਆ ਜਾਪ ਬੇਲੀ।
ਆਪਣੀ ਮਰਜ਼ੀ ਨੂੰ ਨੇਕੀ ਦੀ ਗੱਲ ਆਖਣ,
ਸਾਰਾ ਕੁਝ ਦੂਜੇ ਦਾ ਆਖਿਆ ਪਾਪ ਬੇਲੀ।
ਸਰਕਾਰ ਮੁਲਕ ਦੀ ਲੱਗੇ ਨਾ ਕਦੇ ਸਾਂਝੀ,
ਧਿਰ ਆ ਜਾਪਦੀ ਬਣੀ ਪਈ ਆਪ ਬੇਲੀ।
ਗੰਗਾ-ਜਮਨੀ ਤਹਿਜ਼ੀਬ ਦੀ ਰੀਤ ਸੀਗੀ,
ਸਦੀਆਂ ਤੀਕਰ ਸਭ ਸਾਂਝ ਦੀ ਚੂਲ ਬੇਲੀ।
ਗਈ ਸਭ ਰੀਤ ਰਿਵਾਇਤ ਹੈ ਕਿਸੇ ਪਾਸੇ,
ਰਿਹਾ ਨਾ ਮੁੱਲ ਨਾ ਰਿਹਾ ਕੁਝ ਮੂਲ ਬੇਲੀ।

-ਤੀਸ ਮਾਰ ਖਾਂ

# ਪੰਦਰਾਂ ਦਿਨਾਂ 'ਚ ਦੁਬਈ ਦੇ ਚਾਰ ਗੇੜੇ



**ਬੇਂਗਲੁਰੂ** : ਰੈਵੇਨਿਊ ਇੰਟੈਲੀਜੈਂਸ ਡਾਇਰੈਕਟੋਰੇਟ (ਡੀ ਆਰ ਆਈ) ਨੇ ਬੁੱਧਵਾਰ ਦੱਸਿਆ ਕਿ ਇੱਥੇ ਕੇਮਪੇਗੌੜਾ ਕੌਮਾਂਤਰੀ ਹਵਾਈ ਅੱਡੇ 'ਤੇ ਕੰਨੜ ਅਦਾਕਾਰਾ ਰਣਿਆ ਰਾਓ ਤੋਂ ਜ਼ਬਤ ਕੀਤੀਆਂ ਸੋਨੇ ਦੀਆਂ ਛੜਾਂ ਦੀ ਕੀਮਤ 12.56 ਕਰੋੜ ਰੁਪਏ ਸੀ। ਰਣਿਆ ਰਾਓ ਕਰਨਾਟਕ ਰਾਜ ਪੁਲਸ ਹਾਊਸਿੰਗ ਕਾਰਪੋਰੇਸ਼ਨ ਦੇ ਡਾਇਰੈਕਟਰ-ਜਨਰਲ ਰਾਮਚੰਦਰ ਰਾਓ ਦੀ ਮਤਰੇਈ ਧੀ ਹੈ, ਪਰ ਰਾਮਚੰਦਰ ਰਾਓ ਨੇ ਕਿਹਾ ਹੈ ਕਿ ਚਾਰ ਮਹੀਨੇ ਪਹਿਲਾਂ ਰਣਿਆ ਵੱਲੋਂ ਵਿਆਹ ਕਰਾਉਣ ਤੋਂ ਬਾਅਦ ਉਨ੍ਹਾ ਦਾ ਉਸ ਨਾਲ ਨਾਤਾ ਨਹੀਂ ਰਿਹਾ।

ਇਸ ਮਾਮਲੇ ਵਿੱਚ ਕੁੱਲ ਜ਼ਬਤੀ 17.29 ਕਰੋੜ ਰੁਪਏ ਸੀ, ਜਿਸ ਵਿੱਚ 4.73 ਕਰੋੜ ਰੁਪਏ ਦੀਆਂ ਹੋਰ ਚੀਜ਼ਾਂ ਸਨ। ਅਧਿਕਾਰੀਆਂ ਅਨੁਸਾਰ 14.2 ਕਿੱਲੋ ਸੋਨਾ ਹਾਲ ਹੀ ਦੇ ਸਮੇਂ ਵਿੱਚ ਬੇਂਗਲੁਰੂ ਹਵਾਈ ਅੱਡੇ ਤੋਂ ਕੀਤੀ ਗਈ ਸਭ ਤੋਂ ਵੱਡੀ ਜ਼ਬਤੀ ਵਿੱਚੋਂ ਇੱਕ ਹੈ। ਵਿੱਤ ਮੰਤਰਾਲੇ ਅਨੁਸਾਰ ਖੁਫੀਆ ਜਾਣਕਾਰੀ 'ਤੇ ਕਾਰਵਾਈ ਕਰਦੇ ਹੋਏ ਡੀ ਆਰ ਆਈ ਅਧਿਕਾਰੀਆਂ ਨੇ ਰਣਿਆ ਨੂੰ ਰੋਕਿਆ, ਜੋ 3 ਮਾਰਚ ਨੂੰ ਅਮੀਰਾਤ ਏਅਰਲਾਈਨਜ਼ ਦੀ ਉਡਾਣ ਰਾਹੀਂ ਦੁਬਈ ਤੋਂ ਬੇਂਗਲੁਰੂ ਪਹੁੰਚੀ ਸੀ। ਰਣਿਆ ਨੇ 15 ਦਿਨਾਂ ਵਿੱਚ ਦੁਬਈ ਦੇ ਚਾਰ ਗੇੜੇ ਲਾਏ ਸੀ, ਜਿਸ ਤੋਂ ਅਧਿਕਾਰੀਆਂ ਨੂੰ ਸ਼ੱਕ ਪਿਆ। ਉਸ ਨੇ ਕਾਫੀ ਗਹਿਣੇ ਪਹਿਨੇ ਹੋਏ ਸੀ ਤੇ ਛੜਾਂ ਕੱਪੜਿਆਂ ਵਿੱਚ ਲੁਕੋਈਆਂ ਹੋਈਆਂ ਸਨ।

ਸੋਨੇ ਦੇ ਦੋ ਬੈਗ ਉਸ ਦੇ ਨਾਲ ਦੇ ਦੋ ਜਣੇ ਲੈ ਕੇ ਬਾਹਰ ਆ ਰਹੇ ਸਨ। ਉਹ ਸਕਿਉਰਟੀ ਕਲੀਅਰ ਕਰਵਾ ਕੇ ਨਿਕਲਣ ਹੀ ਵਾਲੇ ਸਨ ਕਿ ਡੀ ਆਰ ਆਈ ਦੀ ਟੀਮ ਨੇ ਧਰ ਲਏ। ਪੜਤਾਲਕਾਰਾਂ ਮੁਤਾਬਕ ਉਹ ਸੋਨੇ ਦੀਆਂ ਛੜਾਂ ਬੈਲਟ ਤੇ ਕੱਪੜਿਆਂ ਵਿੱਚ ਲੁਕਾ ਕੇ ਲਿਆਉਂਦੀ ਹੁੰਦੀ ਸੀ ਅਤੇ ਹਵਾਈ ਅੱਡੇ ਦੇ ਬਾਹਰ ਨਿਕਲ ਕੇ ਪਿਤਾ ਦਾ ਨਾਂਅ ਵਰਤ ਕੇ ਪੁਲਸ ਮੁਲਾਜ਼ਮ ਨੂੰ ਸੱਦਦੀ ਹੁੰਦੀ ਸੀ, ਜਿਹੜਾ ਉਸ ਨੂੰ ਘਰ ਛੱਡ ਕੇ ਆਉਂਦਾ ਸੀ। ਡੀ ਆਰ ਆਈ ਇਸ ਕੰਮ ਵਿੱਚ ਕਿਸੇ ਪੁਲਸ ਅਫਸਰ ਜਾਂ ਮੁਲਾਜ਼ਮ ਦੇ ਉਸ ਨਾਲ ਰਹੇ ਹੋਣ ਦੀ ਵੀ ਜਾਂਚ ਕਰੇਗੀ। 32 ਸਾਲਾ ਰਣਿਆ ਨੇ ਫਿਲਮੀ ਕਰੀਅਰ 2014 ਵਿੱਚ ਕੰਨੜ ਫਿਲਮ ਮਣੀਕਾ ਤੋਂ ਸ਼ੁਰੂ ਕੀਤਾ ਸੀ ਤੇ 2016 ਵਿੱਚ ਉਸ ਨੇ ਵਿਕਰਮ ਪ੍ਰਭੂ ਨਾਲ ਤਮਿਲ ਫਿਲਮ ਵਾਹਗਾ ਕੀਤੀ ਸੀ।

# ਹੇਮਕੁੰਟ ਦੇ ਰਾਹ 'ਚ ਪੁਲ ਟੁੱਟਿਆ



**ਦੇਹਰਾਦੂਨ** : ਉੱਤਰਾਖੰਡ ਸਥਿਤ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਦੇ ਯਾਤਰਾ ਮਾਰਗ ਨੂੰ ਜੋੜਨ ਵਾਲਾ ਸਪਰਿੰਗ ਵੈਲੀ ਬ੍ਰਿਜ ਬੁੱਧਵਾਰ ਗੁਰਦੁਆਰਾ ਗੋਬਿੰਦ ਘਾਟ ਨੇੜੇ ਪਹਾੜ ਤੋਂ ਵੱਡੀ ਗਿਣਤੀ ਵਿੱਚ ਪੱਥਰ ਡਿੱਗਣ ਕਾਰਨ ਟੁੱਟ ਗਿਆ, ਜਿਸ ਨਾਲ 25 ਮਈ ਤੋਂ ਸ਼ੁਰੂ ਹੋਣ ਵਾਲੀ ਸਾਲਾਨਾ ਯਾਤਰਾ ਪ੍ਰਭਾਵਤ ਹੋ ਸਕਦੀ ਹੈ।

ਇਲਾਕੇ ਵਿੱਚ ਕੁਝ ਦਿਨਾਂ ਤੋਂ ਲਗਾਤਾਰ ਬਰਫਬਾਰੀ ਹੋਈ ਹੈ ਅਤੇ ਮੀਂਹ ਪੈ ਰਿਹਾ ਹੈ। ਇਸ ਕਾਰਨ ਉੱਪਰਲੇ ਹਿੱਸੇ ਤੋਂ ਵੱਡੀ ਮਾਤਰਾ ਵਿੱਚ ਪੱਥਰ ਡਿੱਗੇ ਹਨ। ਪੁਲ ਦੇ ਟੁੱਟਣ ਕਾਰਨ ਦੂਜੇ ਪਾਸੇ ਪੈਂਦੇ ਪਿੰਡਾਂ ਪੁਲਣਾ, ਭੁੰਡਾਰ ਅਤੇ ਘਾਂਗਰੀਆ ਦਾ ਵੀ ਸੜਕੀ ਸੰਪਰਕ ਟੁੱਟ ਗਿਆ ਹੈ। ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਮਦਦ ਨਾਲ ਹੇਠਾਂ ਨਦੀ 'ਤੇ ਆਰਜ਼ੀ ਪੁਲ ਬਣਾਉਣ ਦਾ ਕੰਮ ਸ਼ੁਰੂ ਕੀਤਾ ਜਾਵੇਗਾ, ਤਾਂ ਜੋ ਦੂਜੇ ਪਾਸੇ ਪਿੰਡਾਂ ਦੇ ਲੋਕਾਂ ਦਾ ਆਵਾਜਾਈ ਸੰਪਰਕ ਬਹਾਲ ਹੋ ਸਕੇ। ਪੁਲ ਟੁੱਟਣ ਵੇਲੇ ਇੱਕ ਵਿਅਕਤੀ ਸਕੂਟਰ 'ਤੇ ਲੰਘ ਰਿਹਾ ਸੀ, ਜੋ ਫਿਲਹਾਲ ਲਾਪਤਾ ਦੱਸਿਆ ਜਾਂਦਾ ਹੈ। 2013 ਵਿੱਚ ਭਿਆਨਕ ਹੜ੍ਹ ਵੇਲੇ ਵੀ ਇੱਥੇ ਬਣਿਆ ਪੁਲ ਰੁੜ੍ਹ ਗਿਆ ਸੀ। ਉਸ ਵੇਲੇ ਬੱਦਲ ਫਟਣ ਦੀ ਘਟਨਾ ਕਾਰਨ ਵਾਪਰੀ ਭਿਆਨਕ ਕੁਦਰਤੀ ਤਬਾਹੀ ਕਾਰਨ ਗੁਰਦੁਆਰਾ ਸਾਹਿਬ ਦੀ ਇਮਾਰਤ ਵੀ ਪ੍ਰਭਾਵਤ ਹੋਈ ਸੀ। ਹੜ੍ਹ ਕਾਰਨ ਪਾਰਕਿੰਗ ਖੇਤਰ ਵੀ ਰੁੜ੍ਹ ਗਿਆ ਸੀ ਅਤੇ ਉਥੇ ਖੜ੍ਹੇ ਬਹੁਤ ਸਾਰੇ ਵਾਹਨ ਵੀ ਦਰਿਆ ਦੀ ਭੇਟ ਚੜ੍ਹ ਗਏ ਸਨ। ਮਗਰੋਂ ਸਰਕਾਰ ਵੱਲੋਂ ਲੱਗਭੱਗ ਡੇਢ ਸਾਲ ਦੇ ਸਮੇਂ ਵਿੱਚ ਇਹ ਸਪਰਿੰਗ ਵੈਲੀ ਬ੍ਰਿਜ ਬਣਾਇਆ ਗਿਆ ਸੀ ਅਤੇ ਸਥਾਈ ਸੰਪਰਕ ਬਹਾਲ ਹੋਇਆ ਸੀ, ਜਿਹੜਾ ਹੁਣ ਮੁੜ ਟੁੱਟ ਗਿਆ।

6-March-PAGE-1.qxd 3/5/2025 9:01 PM Page 2



# 434 ਗ੍ਰਾਮ ਹੈਰੋਇਨ ਸਣੇ 6 ਗ੍ਰਿਫ਼ਤਾਰ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਪੁਲਸ ਨੇ ਵੱਖ-ਵੱਖ ਥਾਵਾਂ 'ਤੇ ਗਸ਼ਤ ਅਤੇ ਛਾਪੇਮਾਰੀ ਦੌਰਾਨ 6 ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 434 ਗ੍ਰਾਮ ਹੈਰੋਇਨ ਬਰਾਮਦ ਕਰਕੇ ਉਨ੍ਹਾਂ ਖਿਲਾਫ ਵੱਖ ਵੱਖ ਥਾਣਿਆਂ ਵਿਚ ਐੱਨਡੀਪੀਐੱਸ ਐਕਟ ਤਹਿਤ ਮਾਮਲੇ ਦਰਜ ਕੀਤੇ ਹਨ। ਥਾਣਾ ਸਦਰ ਫਿਰੋਜ਼ਪੁਰ ਪੁਲਸ ਦੇ ਸਬ ਇੰਸਪੈਕਟਰ ਤਰਸੇਮ ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ ਵਿਚ ਇਲਾਕੇ ਵਿਚ ਮੌਜੂਦ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਦੋਸ਼ੀ ਮਨਪ੍ਰੀਤ ਸਿੰਘ ਉਰਫ ਮੰਨੂ ਪੁੱਤਰ ਜਗਤਾਰ ਸਿੰਘ ਵਾਸੀ ਬਸਤੀ ਨੰਬਰ 3 ਬੀੜ ਤਲਾਬ ਜ਼ਿਲ੍ਹਾ ਬਠਿੰਡਾ ਕਿਸੇ ਅਣਪਛਾਤੇ ਵਿਅਕਤੀ ਤੋਂ ਹੈਰੋਇਨ ਲੈ ਕੇ ਅੱਗੇ ਵੇਚਣ ਲਈ ਟਰੇਨ ਰਾਹੀਂ ਬਠਿੰਡਾ ਜਾ ਰਿਹਾ ਹੈ। ਪੁਲਸ ਨੇ ਦੱਸਿਆ ਕਿ ਉਕਤ ਜਗ੍ਹਾ 'ਤੇ ਛਾਪੇਮਾਰੀ ਕਰਕੇ ਦੋਸ਼ੀ ਮਨਪ੍ਰੀਤ ਸਿੰਘ ਨੂੰ ਕਾਬੂ ਕਰਕੇ ਉਸ ਕੋਲੋਂ 259 ਗ੍ਰਾਮ ਹੈਰੋਇਨ ਬਰਾਮਦ ਕੀਤੀ। ਥਾਣਾ ਘੱਲਖੁਰਦ ਪੁਲਿਸ ਦੇ ਇੰਸਪੈਕਟਰ ਮੁੱਖ ਅਫਸਰ ਜਸਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਸੇਮਨਾਲਾ ਫਿਰੋਜ਼ਸ਼ਾਹ ਪਾਸ ਕੋਲ ਮੌਜੂਦ ਸੀ ਤਾਂ ਮਿੰਟੂ ਸਿੰਘ ਉਰਫ ਮਿੰਠੀ ਪੁੱਤਰ ਪਾਲਾ ਸਿੰਘ ਵਾਸੀ ਜੋਧੀ ਨਗਰ ਨੂੰ ਗ੍ਰਿਫ਼ਤਾਰ ਕਰਕੇ ਉਸ ਦੇ ਕਬਜ਼ੇ ਵਿੱਚੋਂ 10 ਗ੍ਰਾਮ ਹੈਰੋਇਨ ਬਰਾਮਦ ਕੀਤੀ। ਇਸੇ ਹੀ ਥਾਣੇ ਦੇ ਸਹਾਇਕ ਥਾਣੇਦਾਰ ਬਲਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਪਿੰਡ ਵਾੜਾ ਭਾਈ ਕਾ ਪਾਸ ਮੌਜੂਦ ਸੀ ਤਾਂ ਧਰਮਵੀਰ ਸਿੰਘ ਉਰਫ ਰਾਜੂ ਪੁੱਤਰ ਬਿੱਕਰ ਸਿੰਘ ਵਾਸੀ ਵਾਰਡ ਨੰਬਰ 8 ਮੁੱਦਕੀ ਨੂੰ ਗ੍ਰਿਫ਼ਤਾਰ ਕਰਕੇ ਉਸ ਦੇ ਕਬਜ਼ੇ ਵਿਚੋਂ 20 ਗ੍ਰਾਮ ਹੈਰੋਇਨ ਬਰਾਮਦ ਕੀਤੀ। ਉਧਰ ਥਾਣਾ ਗੁਰੂਹਰਸਹਾਏ ਪੁਲਿਸ ਦੇ ਸਬ ਇੰਸਪੈਕਟਰ ਜੰਜਪਾਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਿਸ ਪਾਰਟੀ ਬੀਤੇ ਦਿਨ ਪਾਰਸ ਸਿਨੇਮਾ ਪਾਸ ਮੌਜੂਦ ਸੀ ਤਾਂ ਇਸ ਦੌਰਾਨ ਦੋਸ਼ੀਆਨ ਅਜੇ ਪੁੱਤਰ ਮੁਖਤਿਆਰ ਸਿੰਘ ਵਾਸੀ ਬਸਤੀ ਝਾਵਲਾ, ਗਗਨਦੀਪ ਉਰਫ ਗੱਗੂ ਪੁੱਤਰ ਸੁਖਦੇਵ ਕੁਮਾਰ ਵਾਸੀ ਬਸਤੀ ਝਾਵਲਾ ਤੇ ਬਲਵਿੰਦਰ ਸਿੰਘ ਉਰਫ ਰਿੰਦੂ ਪੁੱਤਰ ਲਾਭ ਸਿੰਘ ਵਾਸੀ ਕਾਲੂ ਅਰਾਈਂ ਹਿਠਾੜ ਨੂੰ ਇਕ ਮੋਟਰਸਾਈਕਲ ਸਮੇਤ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿਚੋਂ 135 ਗ੍ਰਾਮ ਹੈਰੋਇਨ ਬਰਾਮਦ ਕੀਤੀ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

# ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਸ਼ਲਾਘਾਯੋਗ : ਹਰਚੰਦ ਸਿੰਘ ਬਰਸਟ

**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)** ਆਮ ਆਦਮੀ ਪਾਰਟੀ ਦੇ ਸੂਬਾ ਜਨਰਲ ਸਕੱਤਰ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖ਼ਿਲਾਫ਼ ਸ਼ੁਰੂ ਕੀਤੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਬਹੁਤ ਹੀ ਸ਼ਲਾਘਾਯੋਗ ਕਦਮ ਹੈ।ਪੰਜਾਬ ਵਿੱਚ ਨਸ਼ੇ ਦੇ ਖਾਤਮੇ ਤੇ ਨੌਜਵਾਨਾਂ ਨੂੰ ਨਸ਼ੇ ਦੀ ਦਲਦਲ ਵਿੱਚੋਂ ਕੱਢਣ ਲਈ ਇਹ ਮੁਹਿੰਮ ਵਰਦਾਨ ਸਾਬਤ ਹੋਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚੋਂ ਨਸ਼ੇ ਨੂੰ ਜੜ੍ਹੋਂ ਖ਼ਤਮ ਕਰਨ ਲਈ ਵਚਨਬੱਧ ਹੈ।ਇਸਦੇ ਤਹਿਤ ਲਗਾਤਾਰ ਨਸ਼ਾ ਤਸਕਰਾਂ ਖ਼ਿਲਾਫ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਜਿੱਥੇ ਸਰਕਾਰ ਨਸ਼ੇ ਦੇ ਖਾਤਮੇ ਲਈ ਸਖ਼ਤ ਕਦਮ ਚੁੱਕ ਰਹੀ ਹੈ, ਉੱਥੇ ਹੀ ਆਮ ਲੋਕਾਂ ਦੀ ਵੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਪੰਜਾਬ ਸਰਕਾਰ ਵੱਲੋਂ ਚਲਾਈ ਗਈ ਇਸ ਮੁਹਿੰਮ ਦਾ ਹਿੱਸਾ ਬਣਨ ਅਤੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਆਪਣਾ ਯੋਗਦਾਨ ਪਾਉਣ। ਉਨ੍ਹਾਂ ਸਾਰੀ ਸਮਾਜਿਕ ਜੱਥੇਬੰਦੀਆਂ, ਧਾਰਮਿਕ ਜੱਥੇਬੰਦੀਆਂ, ਸੰਸਥਾਵਾਂ ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅੱਗੇ ਆ ਕੇ ਸੂਬਾ ਸਰਕਾਰ ਦੀ ਇਸ ਮੁਹਿੰਮ ਵਿੱਚ ਆਪਣਾ ਸਹਿਯੋਗ ਦੇਣ ਤਾਂ ਜੋ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਇਆ ਜਾ ਸਕੇ। ਬਰਸਟ ਨੇ ਕਿਹਾ ਕਿ ਸੂਬੇ ਵਿੱਚੋਂ ਨਸ਼ੇ ਦੇ ਖਾਤਮੇ ਅਤੇ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਲਈ ਪੰਜਾਬ ਮੰਡੀ ਬੋਰਡ ਵੀ ਆਪਣਾ ਪੂਰਾ ਸਹਿਯੋਗ ਦੇ ਰਿਹਾ ਹੈ।ਉਨ੍ਹਾਂ ਦੱਸਿਆ ਕਿ ਪੰਜਾਬ ਦੀਆਂ ਮੰਡੀਆਂ ਵਿੱਚ ਵੱਡੇ-ਵੱਡੇ ਕਵਰ ਸ਼ੈੱਡ ਬਣੇ ਹੋਏ ਹਨ, ਜੋ ਝੋਨੇ ਤੇ ਕਣਕ ਦੇ ਸੀਜ਼ਨ ਵੇਲੇ ਹੀ ਵਰਤੋਂ ਵਿੱਚ ਆਉਂਦੇ ਹਨ, ਜਦਕਿ ਬਾਕੀ ਸਮੇਂ ਖਾਲੀ ਰਹਿੰਦੇ ਸਨ, ਜਿਸਦੇ ਚੱਲਦਿਆਂ ਇੰਡੋਰ ਖੇਡਾਂ ਲਈ ਪੰਜਾਬ ਰਾਜ ਦੀਆਂ ਮੰਡੀਆਂ ਵਿੱਚ ਆਫ਼ ਸੀਜ਼ਨ ਦੌਰਾਨ ਖਾਲੀ ਪਏ ਕਵਰ ਸ਼ੈੱਡਾਂ ਨੂੰ ਫ੍ਰੀ ਆਫ ਕੋਸਟ ਖੇਡਾਂ ਦੀ ਟ੍ਰੇਨਿੰਗ ਦੇਣ ਵਾਸਤੇ ਮੁਹੱਈਆ ਕਰਾਇਆ ਜਾਂਦਾ ਹੈ।

# 'ਆਪ' ਭਾਜਪਾ ਦੀ ਬੀ ਟੀਮ ਬਣ ਕੇ ਕਿਸਾਨ ਜਥੇਬੰਦੀਆਂ ਖਿਲਾਫ਼ ਘੜ ਰਹੀ ਸਾਜ਼ਿਸ਼ਾਂ



**ਮਾਨਸਾ (ਆਤਮਾ ਸਿੰਘ ਪਮਾਰ)** ਪੰਜਾਬ ਭਰ ਵਿੱਚ ਕਿਸਾਨ ਆਗੂਆਂ ਦੀਆਂ ਗ੍ਰਿਫ਼ਤਾਰੀਆਂ ਪੰਜਾਬ ਵਿਚਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੀਤੀਆਂ ਜਾ ਰਹੀਆਂ ਹਨ, ਜਿਸ ਨਾਲ ਇਹ ਗੱਲ ਸਾਬਤ ਹੋ ਰਹੀ ਹੈ ਕਿ ਆਮ ਆਦਮੀ ਪਾਰਟੀ ਦਾ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਬੀ ਜੇ ਪੀ ਦੀ ਬੀ ਟੀਮ ਬਣਕੇ ਪੰਜਾਬ ਵਿੱਚ ਕਿਸਾਨ ਆਗੂਆਂ ਤੇ ਕਿਸਾਨ ਜਥੇਬੰਦੀਆਂ ਨੂੰ ਦਬਾਉਣ ਲਈ ਕੇਂਦਰ ਦੀ ਸਰਕਾਰ ਦੇ ਕਹਿਣ 'ਤੇ ਹੀ ਕਰ ਰਿਹਾ ਹੈ, ਕਿਉਂਕਿ ਦਿੱਲੀ ਵਿੱਚ ਆਮ ਆਦਮੀ ਦੀ ਸਰਕਾਰ ਜਾਣ ਉਪਰੰਤ ਦਿੱਲੀ ਦੀ ਆਮ ਆਦਮੀ ਪਾਰਟੀ ਦੀ ਲੀਡਰਸ਼ਿਪ ਪੰਜਾਬ ਵਿੱਚ ਪਿਛਲੇ ਦਰਵਾਜਿਉਂ ਸਰਕਾਰ ਅਤੇ ਪ੍ਰਸ਼ਾਸਨ ਨੂੰ ਚਲਾ ਰਹੀ ਹੈ ਤੇ ਮੁੱਖ ਮੰਤਰੀ ਪੰਜਾਬ, ਡੀਜੀਪੀ ਤੇ ਮੁੱਖ ਸਕੱਤਰ ਪੰਜਾਬ ਦਿੱਲੀ ਦੇ ਇਸ਼ਾਰਿਆਂ 'ਤੇ ਮੋਦੀ ਤੇ ਅਮਿਤ ਸ਼ਾਹ ਦਾ ਮਾਡਲ ਪੰਜਾਬ ਵਿੱਚ ਲਾਗੂ ਕਰ ਰਹੇ ਹਨ।ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਕੰਮ ਕਰਨ ਦਾ ਢੰਗ ਪਿਛਲੇ ਕੁੱਝ ਦਿਨਾਂ ਤੋਂ ਦੇਖਿਆ ਜਾ ਰਿਹਾ ਹੈ।ਉਸ ਪਿੱਛੇ ਬੀਜੇਪੀ ਸਰਕਾਰ ਤੇ ਅਰਵਿੰਦ ਕੇਜਰੀਵਾਲ ਦੀ ਕੋਈ ਸਮਝੌਤੇ ਅਧੀਨ ਰਣਨੀਤੀ ਦੀਆਂ ਕਨਸੋਆਂ ਚੱਲ ਰਹੀਆਂ ਹਨ।ਅਰਵਿੰਦ ਕੇਜਰੀਵਾਲ ਦੁਬਾਰਾ ਜੇਲ੍ਹ ਜਾਣ ਤੋਂ ਬਚਣ ਲਈ ਪੰਜਾਬ ਵਿੱਚ ਕਿਸਾਨ ਜਥੇਬੰਦੀਆਂ ਤੇ ਉਨ੍ਹਾਂ ਦੇ ਆਗੂਆਂ ਖਿਲਾਫ ਸ਼ਾਜਿਸ਼ਾਂ ਰਚਦਾ ਜਾਪ ਰਿਹਾ ਹੈ।ਇਸ ਗੱਲ ਦਾ ਪ੍ਰਗਟਾਵਾ ਐਡਵੋਕੇਟ ਬਲਕਰਨ ਸਿੰਘ ਬੱਲੀ ਤੇ ਆਗੂ ਪੰਜਾਬ ਕਿਸਾਨ ਯੂਨੀਅਨ ਨੇ ਆਪਣੀ ਜਥੇਬੰਦੀ ਦੇ ਸੂਬਾ ਪ੍ਰਧਾਨ ਰੁਲਦੂ ਸਿੰਘ ਜਿਨ੍ਹਾਂ ਨੂੰ ਚੰਡੀਗੜ੍ਹ ਦੇ ਕਿਸਾਨ ਭਵਨ 'ਚੋਂ ਗ੍ਰਿਫ਼ਤਾਰ ਕਰ ਲਿਆ, ਨਾਲ ਗੱਲਬਾਤ ਕਰਨ ਤੋਂ ਬਾਅਦ ਕੀਤਾ। ਉਹਨਾਂ ਦੱਸਿਆ ਕਿ ਪੰਜਾਬ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ ਰੁਲਦੂ ਸਿੰਘ ਨੇ ਕਿਹਾ ਕਿ ਉਹ ਪੰਜਾਬ ਦੇ ਲੋਕਾਂ ਨੂੰ ਅਪੀਲ ਕਰਦੇ ਹਨ ਕਿ ਪੰਜਾਬ ਸਰਕਾਰ ਦਾ ਮੁੱਖ ਮੰਤਰੀ ਆਪਣੇ ਦਿੱਲੀ ਦੇ ਕਨਵੀਨਰ ਦੇ ਚੁੰਗਲ ਵਿੱਚੋਂ ਨਿਕਲ ਕੇ ਕਿਸਾਨ ਆਗੂਆਂ ਦੀਆਂ ਗ੍ਰਿਫ਼ਤਾਰੀਆਂ ਨੂੰ ਤੁਰੰਤ ਰੋਕੇ, ਸਾਰੇ ਕਿਸਾਨ ਆਗੂਆਂ ਨੂੰ ਰਿਹਾਅ ਕਰੇ ਅਤੇ ਸੰਯੁਕਤ ਕਿਸਾਨ ਮੋਰਚੇ ਦੀਆਂ ਸਾਰੀਆਂ ਮੰਗਾਂ ਨੂੰ ਤੁਰੰਤ ਪ੍ਰਵਾਨ ਕਰੇ ਅਤੇ ਪੰਜਾਬ ਸਰਕਾਰ ਨੂੰ ਲੋਕਾਂ ਵੱਲੋਂ ਚੁਣੇ ਨੁਮਾਇੰਦਿਆਂ ਦੁਆਰਾ ਹੀ ਚਲਾਇਆ ਜਾਵੇ।

# ਕੇਂਦਰੀ ਜੇਲ੍ਹ 'ਚ ਨਸ਼ੀਲਾ ਪਦਾਰਥ ਬਰਾਮਦ, ਮਾਮਲਾ ਦਰਜ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਕੇਂਦਰੀ ਜੇਲ੍ਹ ਫ਼ਿਰੋਜ਼ਪੁਰ ਵਿੱਚ ਤਲਾਸ਼ੀ ਦੌਰਾਨ 15 ਗ੍ਰਾਮ ਨਸ਼ੀਲਾ ਪਦਾਰਥ ਬਰਾਮਦ ਹੋਇਆ ਹੈ। ਥਾਣਾ ਸਿਟੀ ਫ਼ਿਰੋਜ਼ਪੁਰ ਪੁਲਸ ਨੇ ਇਕ ਹਵਾਲਾਤੀ ਖਿਲਾਫ਼ ਐੱਨਡੀਪੀਐੱਸ ਐਕਟ ਤੇ 42 ਪਰੀਸੰਨਜ਼ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ।

ਸਬ ਇੰਸਪੈਕਟਰ ਸਰਵਨ ਸਿੰਘ ਨੇ ਦੱਸਿਆ ਕਿ ਪੱਤਰ ਨੰਬਰ 1489 ਰਾਹੀਂ ਗਗਨਦੀਪ ਸ਼ਰਮਾ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫ਼ਿਰੋਜ਼ਪੁਰ ਨੇ ਦੱਸਿਆ ਕਿ 2 ਮਾਰਚ ਨੂੰ ਹਵਾਲਾਤੀ ਬਲਜਿੰਦਰ ਸਿੰਘ ਪੁੱਤਰ ਜਰਨੈਲ ਸਿੰਘ ਵਾਸੀ ਉਜਾ ਵਾਲੀ ਜ਼ਿਲ੍ਹਾ ਫਾਜ਼ਿਲਕਾ ਹਾਲ ਕੇਂਦਰੀ ਜੇਲ੍ਹ ਫ਼ਿਰੋਜ਼ਪੁਰ ਦੀ ਸ਼ੱਕ ਦੀ ਬਿਨਾਅ 'ਤੇ ਤਲਾਸ਼ੀ ਕੀਤੀ ਗਈ ਤੇ ਤਲਾਸ਼ੀ ਦੌਰਾਨ ਇਸ ਕੋਲੋਂ 15 ਗ੍ਰਾਮ ਨਸ਼ੀਲਾ ਜਾਪਦਾ ਪਦਾਰਥ ਬਰਾਮਦ ਹੋਇਆ। ਪੁਲਸ ਨੇ ਦੱਸਿਆ ਕਿ ਉਕਤ ਹਵਾਲਾਤੀ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

# ਜ਼ਮੀਨ ਦੀਆਂ ਰਜਿਸਟਰੀਆਂ ਦਾ ਕੰਮ ਸ਼ੁਰੂ

**● ਲੋਕਾਂ ਵੱਲੋਂ ਸਰਕਾਰ ਦੇ ਤੁਰੰਤ ਫ਼ੈਸਲੇ ਦੀ ਸ਼ਲਾਘਾ**




**ਪਟਿਆਲਾ, (ਇਕਬਾਲ ਸਿੰਘ ਬੱਲ)** ਪਟਿਆਲਾ ਜ਼ਿਲ੍ਹੇ ਦੀਆਂ ਤਹਿਸੀਲਾਂ ਤੇ ਸਬ ਤਹਿਸੀਲਾਂ ਵਿਖੇ ਸਬ ਰਜਿਸਟਰਾਰ ਦਫ਼ਤਰਾਂ 'ਚ ਜ਼ਮੀਨ ਜਾਇਦਾਦ ਦੀਆਂ ਰਜਿਸਟਰੀਆਂ ਦਾ ਕੰਮ ਦੁਬਾਰਾ ਸ਼ੁਰੂ ਹੋ ਗਿਆ ਹੈ।ਪਟਿਆਲਾ ਦੇ ਡਿਪਟੀ ਕਮਿਸ਼ਨਰ-ਕਮ-ਰਜਿਸਟਰਾਰ ਡਾ. ਪ੍ਰੀਤੀ ਯਾਦਵ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਦੇਸ਼ਾਂ ਮੁਤਾਬਕ ਵੱਖ-ਵੱਖ ਅਧਿਕਾਰੀਆਂ ਦੀਆਂ ਡਿਊਟੀਆਂ ਦੇ ਹੁਕਮ ਜਾਰੀ ਕਰਨ ਬਾਅਦ ਇਨ੍ਹਾਂ ਅਧਿਕਾਰੀਆਂ ਨੇ ਲੋਕਾਂ ਦੀਆਂ ਰਜਿਸਟਰੀਆਂ ਦਾ ਕੰਮ ਸਬ ਰਜਿਸਟਰਾਰ ਦਫ਼ਤਰਾਂ ਵਿਖੇ ਪੁੱਜ ਕੇ ਸ਼ੁਰੂ ਕਰ ਦਿੱਤਾ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਖੱਜਲ ਖੁਆਰ ਨਹੀਂ ਹੋਣ ਦਿੱਤਾ ਜਾਵੇਗਾ। ਸਬ ਰਜਿਸਟਰਾਰ ਦਫ਼ਤਰਾਂ ਵਿਖੇ ਜ਼ਮੀਨਾਂ ਤੇ ਪਲਾਟਾਂ ਦੀਆਂ ਰਜਿਸਟਰੀਆਂ ਕਰਾਉਣ ਆਏ ਲੋਕਾਂ ਨੇ ਤਹਿਸੀਲਾਂ 'ਚ ਰਜਿਸਟਰੀਆਂ ਦਾ ਕੰਮ ਦੁਬਾਰਾ ਸ਼ੁਰੂ ਹੋਣ 'ਤੇ ਕਾਫ਼ੀ ਰਾਹਤ ਮਹਿਸੂਸ ਕੀਤੀ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਲਏ ਗਏ ਇਸ ਫ਼ੈਸਲੇ ਦੀ ਸ਼ਲਾਘਾ ਕੀਤੀ ਹੈ।ਲੋਕਾਂ ਦਾ ਕਹਿਣਾ ਸੀ ਮਾਲ ਅਧਿਕਾਰੀਆਂ ਦੀ ਹੜਤਾਲ ਕਰਕੇ ਉਨ੍ਹਾਂ ਨੂੰ ਪ੍ਰੇਸ਼ਾਨੀ ਜ਼ਰੂਰ ਹੋਈ, ਪ੍ਰੰਤੂ ਪੰਜਾਬ ਸਰਕਾਰ ਵੱਲੋਂ ਤੁਰੰਤ ਲਏ ਗਏ ਫ਼ੈਸਲੇ ਤਹਿਤ ਕੀਤੇ ਗਏ ਬਦਲਵੇਂ ਪ੍ਰਬੰਧਾਂ ਨੇ ਉਨ੍ਹਾਂ ਨੂੰ ਰਾਹਤ ਦਿੱਤੀ ਹੈ। ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ ਰਜਿਸਟਰੀਆਂ ਦਾ ਕੰਮ ਨਿਰਵਿਘਨ ਜਾਰੀ ਰੱਖਣ ਲਈ ਪੰਜਾਬ ਰਜਿਸਟ੍ਰੇਸ਼ਨ ਐਕਟ 1908 ਦੀ ਧਾਰਾ 12 ਤਹਿਤ ਵੱਖ-ਵੱਖ ਅਧਿਕਾਰੀਆਂ ਨੂੰ ਡਿਊਟੀਆਂ ਸੌਂਪ ਦਿੱਤੀਆਂ ਗਈਆਂ ਹਨ ਤੇ ਪਟਿਆਲਾ ਸਬ ਰਜਿਸਟਰਾਰ ਦਫ਼ਤਰ ਸਮੇਤ ਰਾਜਪੁਰਾ, ਸਮਾਣਾ, ਨਾਭਾ, ਪਾਤੜਾਂ ਤੇ ਦੂਧਨ ਸਾਧਾਂ ਤਹਿਸੀਲਾਂ ਸਮੇਤ ਭਾਦਸੋਂ ਅਤੇ ਘਨੌਰ ਸਬ ਤਹਿਸੀਲਾਂ ਵਿਖੇ ਰਜਿਸਟਰੀਆਂ ਦਾ ਕੰਮ ਨਿਰਵਿਘਨ ਸ਼ੁਰੂ ਹੋ ਗਿਆ ਹੈ।

# ਕਿਸਾਨ ਆਗੂਆਂ ਦੇ ਘਰਾਂ 'ਤੇ ਛਾਪੇਮਾਰੀ ਨਿੰਦਣਯੋਗ : ਡੈਮੋਕ੍ਰੇਟਿਕ ਟੀਚਰਜ਼ ਫਰੰਟ

**ਮਾਨਸਾ (ਆਤਮਾ ਸਿੰਘ ਪਮਾਰ)** ਕਿਸਾਨਾਂ ਦੀਆਂ ਹੱਕੀ ਮੰਗਾਂ ਦੀ ਪ੍ਰਾਪਤੀ ਲਈ ਲੜੇ ਜਾ ਰਹੇ ਸੰਘਰਸ਼ ਨੂੰ ਤਾਰਪੀਡੋ ਕਰਨ ਲਈ ਪੰਜਾਬ ਸਰਕਾਰ ਜਬਰ ਕਰਨ 'ਤੇ ਉਤਾਰੂ ਹੋ ਗਈ ਹੈ।ਸੂਬਾ ਪ੍ਰਧਾਨ ਦਿਗਵਿਜੇਪਾਲ ਸ਼ਰਮਾ ਤੇ ਸੂਬਾ ਜਨਰਲ ਸਕੱਤਰ ਬਲਬੀਰ ਲੌਂਗੋਵਾਲ ਦੀ ਅਗਵਾਈ ਵਿੱਚ ਡੀ ਟੀ ਐਫ਼ ਦੇ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਕਰਮਜੀਤ ਤਾਮਕੋਟ ਅਤੇ ਹਰਜਿੰਦਰ ਅਨੂਪਗੜ੍ਹ ਨੇ ਕਿਸਾਨਾਂ ਦੇ ਘਰਾਂ ਵਿੱਚ ਪੰਜਾਬ ਪੁਲਸ ਵੱਲੋਂ ਕੀਤੀ ਛਾਪੇਮਾਰੀ ਅਤੇ ਕਿਸਾਨਾਂ ਦੀਆਂ ਨਜਾਇਜ਼ ਗ੍ਰਿਫ਼ਤਾਰੀਆਂ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਵੱਲੋਂ ਕਿਸਾਨ ਆਗੂਆਂ ਨਾਲ਼ ਚੱਲ ਰਹੀ ਮੀਟਿੰਗ ਨੂੰ ਤੈਸ਼ ਵਿੱਚ ਆ ਕੇ ਵਿਚਾਲੇ ਛੱਡ ਜਾਣਾ ਤੇ ਆਗੂਆਂ ਨੂੰ ਧਮਕੀ ਭਰੇ ਲਹਿਜ਼ੇ ਵਿੱਚ ਬੋਲਣਾ ਆਪ ਸਰਕਾਰ ਦੀ ਬੁਖਲਾਹਟ ਦਾ ਪ੍ਰਗਟਾਵਾ ਹੈ। ਜਥੇਬੰਦੀ ਦੇ ਆਗੂਆਂ ਨਿਧਾਨ ਸਿੰਘ, ਸ਼ਿੰਗਾਰਾ ਸਿੰਘ, ਤਰਸੇਮ ਬੋੜਾਵਾਲ, ਹਰਫੂਲ ਸਿੰਘ ਤੇ ਰਾਜਿੰਦਰ ਸਿੰਘ ਨੇ ਕਿਹਾ ਕਿ ਕਿਸਾਨ ਹਿਤੈਸ਼ੀ ਕਹਾਉਣ ਵਾਲੀ 'ਆਪ' ਸਰਕਾਰ ਦਾ ਕਿਸਾਨ ਵਿਰੋਧੀ ਚਿਹਰਾ ਲੋਕਾਂ ਸਾਹਮਣੇ ਆ ਚੁੱਕਾ ਹੈ।ਡੀ ਟੀ ਐਫ਼ ਦੇ ਸੀਨੀਅਰ ਆਗੂਆਂ ਗੁਰਤੇਜ ਉਭਾ, ਰਾਜਵਿੰਦਰ ਸਿੰਘ ਬੈਹਣੀਵਾਲ, ਗੁਰਬਚਨ ਹੀਰੇਵਾਲਾ ਤੇ ਗੁਰਪ੍ਰੀਤ ਭੀਖੀ ਨੇ ਕਿਹਾ ਕਿ ਜਿੱਥੇ ਕੇਂਦਰ ਸਰਕਾਰ ਪਹਿਲਾਂ ਖੇਤੀ ਕਾਨੂੰਨ ਲਾਗੂ ਕਰਕੇ ਤੇ ਹੁਣ ਖੇਤੀ ਖਰੜਾ ਨੀਤੀ ਲਿਆ ਕੇ ਕਿਸਾਨਾਂ ਦੀ ਬਰਬਾਦੀ ਦਾ ਮੁੱਢ ਬੰਨ ਰਹੀ ਹੈ, ਉਥੇ ਪੰਜਾਬ ਸਰਕਾਰ ਵੀ ਜ਼ਬਰੀ ਜ਼ਮੀਨਾਂ ਖੋਹ ਕੇ, ਜਗੀਰਦਾਰਾਂ ਦਾ ਪੱਖ ਪੂਰਦਿਆਂ ਕਿਸਾਨਾਂ ਨੂੰ ਬੇਜ਼ਮੀਨੇ ਮੁਜਾਰੇ ਬਣਾਉਣ ਦੇ ਰਾਹ ਪੈ ਚੁੱਕੀ ਹੈ। ਅਧਿਆਪਕ ਆਗੂਆਂ ਨੇ ਸਾਰੇ ਮਿਹਨਤਕਸ਼ ਲੋਕਾਂ ਨੂੰ ਸਰਕਾਰੀ ਜਬਰ ਤੇ ਧੱਕੇਸ਼ਾਹੀ ਖ਼ਿਲਾਫ਼ ਲਗਾਤਾਰ ਸੰਘਰਸ਼ ਕਰਨ ਦਾ ਸੱਦਾ ਦਿੱਤਾ।

# ਭਲਵਾਨ ਦੀ ਗ੍ਰਾਮ ਸਭਾ 'ਚ ਅਹਿਮ ਮਤੇ ਪਾਸ



**ਧੂਰੀ, (ਬਿੰਨੀ ਗਰਗ, ਮੋਹਿਤ ਗਰਗ)** ਗ੍ਰਾਮ ਸਭਾ ਭਲਵਾਨ ਦੀ ਮੀਟਿੰਗ ਉਪਰੰਤ ਸਰਪੰਚ ਭਗਵਾਨ ਸਿੰਘ ਔਲ਼ਖ਼ ਨੇ ਦੱਸਿਆ ਕਿ ਮੀਟਿੰਗ ਦੌਰਾਨ ਜਿੱਥੇ ਲੋਕਾਂ ਦੀ ਸਲਾਹ ਮਸ਼ਵਰੇ ਮੁਤਾਬਕ ਸਾਲ 2025-26 ਦੀ ਆਮਦਨ ਤੇ ਖਰਚੇ ਮੁਤਾਬਕ ਬਜਟ ਤਿਆਰ ਕੀਤਾ ਗਿਆ, ਉਥੇ ਨਸ਼ਿਆਂ ਦੇ ਖਾਤਮੇ ਲਈ ਚੁੱਕੇ ਗਏ ਕਦਮਾਂ ਵਿੱਚ ਫ਼ੈਸਲਾ ਕੀਤਾ ਗਿਆ ਕਿ ਪਿੰਡ ਦਾ ਕੋਈ ਵੀ ਵਿਅਕਤੀ ਨਸ਼ਿਆਂ ਵਿੱਚ ਫੜੇ ਗਏ ਵਿਅਕਤੀ ਦੀ ਜ਼ਮਾਨਤ ਨਹੀਂ ਦੇਵੇਗਾ।ਉਨ੍ਹਾਂ ਦੱਸਿਆ ਕਿ ਪਿੰਡ ਦੇ ਸੁੰਦਰੀਕਰਨ ਲਈ ਵੱਖਰਾ ਬੱਜਟ ਰੱਖਿਆ ਗਿਆ ਹੈ।ਉਨ੍ਹਾਂ ਪਿੰਡ ਦੇ ਵਿਕਾਸ ਲਈ ਵਚਨਬੱਧਤਾ ਦੁਹਰਾਉਂਦਿਆਂ ਕਿਹਾ ਕਿ ਪਿੰਡ ਦੇ ਵਿਕਾਸ ਤੇ ਸੁੰਦਰੀਕਰਨ ਲਈ ਲੋਕਾਂ ਦੇ ਸਹਿਯੋਗ ਨਾਲ਼ ਉਸਾਰੂ ਯਤਨ ਕੀਤੇ ਜਾਣਗੇ। ਇਸ ਮੌਕੇ ਮੈਂਬਰ ਪੰਚਾਇਤਾਂ ਵਿੱਚ ਹਰਬੰਸ ਕੌਰ, ਕੁਲਦੀਪ ਸਿੰਘ, ਨਿਰਮਲ ਸਿੰਘ, ਕਰਤਾਰ ਸਿੰਘ, ਰਣਧੀਰ ਸਿੰਘ, ਬਲਜੀਤ ਸਿੰਘ, ਸੁਖਵਿੰਦਰ ਕੌਰ, ਜਸਵੀਰ ਕੌਰ ਤੇ ਅਮਨਦੀਪ ਕੌਰ ਵੀ ਹਾਜ਼ਰ ਸਨ।

# ਲੋਕ ਵਿਰੋਧੀ ਨੀਤੀਆਂ ਕਾਰਨ ਦਿਨੋ-ਦਿਨ ਲੋਕਾਂ ਦਾ ਜੀਵਨ ਦੁੱਭਰ : ਕੁਲਦੀਪ ਭੋਲਾ

**ਮੋਗਾ, (ਇਕਬਾਲ ਸਿੰਘ ਖਹਿਰਾ)** ਕੇਂਦਰੀ ਤੇ ਸੂਬਾਈ ਸਰਕਾਰਾਂ ਵੱਲੋਂ ਅਪਣਾਈਆਂ ਲੋਕ ਵਿਰੋਧੀ ਨੀਤੀਆਂ ਕਾਰਨ ਦਿਨੋ-ਦਿਨ ਲੋਕਾਂ ਦਾ ਜੀਵਨ ਦੁਭਰ ਹੋ ਰਿਹਾ ਹੈ। ਹੱਡ ਭੰਨਵੀ ਮਿਹਨਤਾਂ ਕਰਨ ਦੇ ਬਾਵਜੂਦ ਆਮ ਲੋਕਾਂ ਸਿਰ ਕਰਜ਼ਿਆਂ ਦੀ ਭੰਡ ਹੋਰ ਭਾਰੀ ਹੁੰਦੀ ਜਾ ਰਹੀ ਹੈ ਅਤੇ ਕਾਰਪੋਰੇਟ ਘਰਾਣਿਆਂ ਦੀ ਦੌਲਤ ਦੇ ਢੇਰ ਹਰ ਵੱਡੇ ਹੁੰਦੇ ਜਾ ਰਹੇ ਹਨ। ਲੁੱਟੇ ਜਾ ਰਹੇ ਲੋਕ ਸੰਘਰਸ਼ਾਂ ਦੇ ਰਾਹ ਪੈ ਰਹੇ ਹੈ।ਪੰਜਾਬ ਦੇ ਕਿਸਾਨਾਂ ਵੱਲੋਂ ਵੀ ਸੰਯੁਕਤ ਕਿਸਾਨ ਮੋਰਚਾ ਦੇ ਬੈਨਰ ਹੇਠ ਪੰਜ ਮਾਰਚ ਤੋਂ ਚੰਡੀਗੜ੍ਹ ਵਿੱਚ ਪੱਕਾ ਮੋਰਚਾ ਲਾਉਣ ਐਲਾਨ ਕੀਤਾ ਗਿਆ ਹੈ, ਪਰ ਪੰਜਾਬ ਦਾ ਮੁੱਖ ਮੰਤਰੀ ਹੈਂਕੜ ਭਰੇ ਢੰਗ ਨਾਲ 'ਮੈਂ ਦੇਖ ਲਵਾਂਗਾ ਤੁਸੀਂ ਕੀ ਕਰਦੇ ਹੋ, ਮੈਂ ਦੇਖੂੰਗਾ ਕੀ ਕਰਨੈ' ਦੀਆਂ ਧਮਕੀਆਂ ਦੇ ਰਿਹਾ ਹੈ।ਸੱਤਾ ਦੇ ਨਸ਼ੇ ਵਿੱਚ ਚੂਰ ਮੁੱਖ ਮੰਤਰੀ ਦੇ ਇਸ਼ਾਰੇ 'ਤੇ ਪੁਲਸ ਵੱਲੋਂ ਤੜਕਸਾਰ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੂੰ ਗ੍ਰਿਫਤਾਰ ਕਰਨ ਜਾਂ ਘਰਾਂ ਵਿੱਚ ਨਜ਼ਰਬੰਦ ਕਰਨ ਦਾ ਤਾਂਡਵ ਕੀਤਾ ਜਾ ਰਿਹਾ ਹੈ।ਇਹ ਸ਼ਬਦ ਕਹਿੰਦਿਆਂ ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਸਕੱਤਰ ਕੁਲਦੀਪ ਸਿੰਘ ਭੋਲਾ ਨੇ ਕਿਹਾ ਕਿ ਕੈਪਟਨ ਤੇ ਬਾਦਲਕਿਆਂ ਦੀਆਂ ਨੀਤੀਆਂ ਤੋਂ ਤੰਗ ਆਏ ਲੋਕਾਂ ਵੱਲੋਂ ਬਦਲ ਵਜੋਂ ਲਿਆਂਦੀ ਸਰਕਾਰ ਦਾ ਮੁਖੀ ਵੀ ਜਦੋਂ ਨੀਵੇਂ ਪੱਧਰ ਦੀ ਤੇ ਧਮਕਾਊ ਭਾਸ਼ਾ ਵਰਤਦੈ ਅਤੇ ਅੰਦੋਲਨ ਨੂੰ ਜਬਰ ਰਾਹੀਂ ਕੁਚਲ ਦੇਣ ਦੀ ਨੀਤੀ ਅਪਨਾਉਂਦਾ ਹੈ ਤਾਂ ਇਹ ਅੱਤ ਦੀ ਨਿੰਦਣਯੋਗ ਕਾਰਵਾਈ ਹੀ ਕਹੀ ਜਾ ਸਕਦੀ ਹੈ। ਕਾਮਰੇਡ ਭੋਲਾ ਨੇ ਕਿਹਾ ਕਿ ਪੰਜਾਬ ਸਰਕਾਰ ਹੈਂਕੜਬਾਜ਼ੀ ਦੀ ਨੀਤੀ ਛੱਡ ਕੇ ਵੋਟਾਂ ਮੌਕੇ ਕੀਤੇ ਸਾਰੇ ਵਾਅਦੇ ਅਤੇ ਸੰਯੁਕਤ ਕਿਸਾਨ ਮੋਰਚਾ ਵਲੋਂ ਪੇਸ਼ ਪੰਜਾਬ ਸਰਕਾਰ ਦੇ ਪੱਧਰ ਦੀਆਂ ਸਾਰੀਆਂ ਮੰਗਾਂ ਮੰਨਣ, ਲਾਗੂ ਕਰਨ ਦੀ ਨੀਤੀ ਅਪਣਾਵੇ।



# ਚਕਲੀ ਆਦਲ ਖੇਤੀਬਾੜੀ ਸਭਾ ਦੇ ਰਾਜਵੰਤ ਕੂੰਨਰ ਪ੍ਰਧਾਨ ਬਣੇ



**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** ਦਿ ਚਕਲੀ ਆਦਲ ਖੇਤੀਬਾੜੀ ਬਹੁਮੰਤਵੀ ਸਹਿਕਾਰੀ ਸਭਾ ਦੇ ਅਹੁਦੇਦਾਰਾਂ ਦੀ ਚੋਣ ਹੋਈ, ਜਿਸ ਵਿੱਚ ਸਰਬ ਸੰਮਤੀ ਨਾਲ ਰਾਜਵੰਤ ਸਿੰਘ ਕੂੰਨਰ ਨੂੰ ਸਭਾ ਦਾ ਪ੍ਰਧਾਨ ਚੁਣ ਲਿਆ ਗਿਆ। ਚੋਣ ਅਧਿਕਾਰੀ ਮੇਜਰ ਸਿੰਘ ਦੀ ਨਿਗਰਾਨੀ ਹੇਠ ਹੋਈ ਚੋਣ ਵਿਚ ਰਾਜਵੰਤ ਸਿੰਘ ਕੂੰਨਰ ਨੂੰ ਪ੍ਰਧਾਨ ਤੋਂ ਇਲਾਵਾ ਗੁਰਦਰਸ਼ਨ ਸਿੰਘ ਖੇੜਾ ਮੀਤ ਪ੍ਰਧਾਨ, ਮਨਜੀਤ ਸਿੰਘ ਮਿੱਠੇਵਾਲ ਜੂਨੀਅਰ ਮੀਤ ਪ੍ਰਧਾਨ, ਨਿਸ਼ਾਨ ਸਿੰਘ ਚਕਲੀ ਆਦਲ, ਹਰਨੇਕ ਸਿੰਘ ਸਹਿਬਾਜ਼ਪੁਰ, ਮਹਿੰਦਰ ਸਿੰਘ ਧਨੂੰਰ, ਰਾਮ ਸਿੰਘ ਧਨੂੰਰ, ਗੁਰਦੀਪ ਸਿੰਘ ਚਕਲੀ ਮੰਗਾ, ਪਰਮਜੀਤ ਸਿੰਘ ਚਕਲੀ ਮੰਗਾ, ਸਰਬਜੀਤ ਕੌਰ ਧਨੂੰਰ ਤੇ ਰਣਜੀਤ ਕੌਰ ਚਕਲੀ ਆਦਲ ਨੂੰ ਮੈਂਬਰ ਚੁਣ ਲਿਆ ਗਿਆ। ਇਸ ਮੌਕੇ ਨਵੇਂ ਚੁਣੇ ਗਏ ਪ੍ਰਧਾਨ ਕੂੰਨਰ ਨੇ ਕਿਹਾ ਕਿ ਚਕਲੀ ਆਦਲ ਖੇਤੀਬਾੜੀ ਸਭਾ ਨਾਲ ਸੈਂਕੜੇ ਕਿਸਾਨ ਜੁੜੇ ਹੋਏ ਹਨ, ਜਿਨ੍ਹਾਂ ਦੀਆਂ ਸਮੱਸਿਆਵਾਂ ਤੇ ਹਿੱਤਾਂ ਲਈ ਇਹ ਕਮੇਟੀ ਹਮੇਸ਼ਾ ਯਤਨਸ਼ੀਲ ਰਹੇਗੀ। ਇਸ ਮੌਕੇ ਸਭਾ ਦੇ ਸਕੱਤਰ ਕਰਨੈਲ ਸਿੰਘ, ਸੇਲਜਮੈਨ ਕੁਲਦੀਪ ਸਿੰਘ ਵੀ ਮੌਜੂਦ ਸਨ।

# ਰਜਿਸਟਰੀਆਂ ਦਾ ਕੰਮ ਨਿਰਵਿਘਨ ਰੱਖਣ ਲਈ ਡੀ.ਸੀ. ਨੇ ਅਧਿਕਾਰੀਆਂ ਦੀਆਂ ਲਾਈਆਂ ਡਿਊਟੀਆਂ

**ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** ਮਾਲ ਵਿਭਾਗ ਨਾਲ ਸਬੰਧਤ ਦਫਤਰਾਂ ਵਿੱਚ ਲੋਕਾਂ ਨੂੰ ਖੱਜਲ-ਖੁਆਰੀ ਤੋਂ ਬਚਾਉਣ ਤੇ ਰਜਿਸਟ੍ਰੇਸ਼ਨ ਦਾ ਕੰਮ ਨਿਰਵਿਘਨ ਜਾਰੀ ਰੱਖਣ ਲਈ ਜ਼ਿਲ੍ਹੇ ਦੇ ਰਜਿਸਟਰਾਰ-ਕਮ-ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਅਧਿਕਾਰੀਆਂ ਨੂੰ ਰਜਿਸਟਰੀਆਂ ਦਾ ਕੰਮ ਦੇ ਦਿੱਤਾ ਹੈ। ਦਫਤਰੀ ਹੁਕਮਾਂ ਵਿੱਚ ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਧਿਆਨ ਵਿੱਚ ਆਇਆ ਹੈ ਕਿ ਜ਼ਿਲ੍ਹੇ ਦੇ ਸਬ ਰਜਿਸਟਰਾਰ, ਦਫਤਰਾਂ ਵਿਖੇ ਰਜਿਸਟ੍ਰੇਸ਼ਨ ਦਾ ਕੰਮ ਨਹੀਂ ਹੋ ਰਿਹਾ, ਜਦ ਕਿ ਆਮ ਜਨਤਾ ਵੱਲੋਂ ਆਪਣਾ ਰਜਿਸਟ੍ਰੇਸ਼ਨ ਦਾ ਕੰਮ ਕਰਾਉਣ ਲਈ ਅਪਾਇੰਟਮੈਂਟਸ ਲਈਆਂ ਗਈਆਂ ਹਨ। ਇਸ ਲਈ ਲੋਕਾਂ ਨੂੰ ਖੱਜਲ-ਖੁਆਰੀ ਤੋਂ ਬਚਾਉਣ ਲਈ ਅਤੇ ਰਜਿਸਟ੍ਰੇਸ਼ਨ ਦਾ ਕੰਮ ਨਿਰਵਿਘਨ ਜਾਰੀ ਰੱਖਣ ਲਈ ਉਨ੍ਹਾਂ ਰਜਿਸਟਰਾਰ-ਕਮ-ਡਿਪਟੀ ਕਮਿਸ਼ਨਰ ਹੋਣ ਨਾਤੇ ਪੰਜਾਬ ਰਜਿਸਟ੍ਰੇਸ਼ਨ ਐਕਟ 1908 ਦੀ ਧਾਰਾ-12 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਅਧਿਕਾਰੀਆਂ/ ਕ੍ਰਮਚਾਰੀਆਂ ਨੂੰ ਆਪਣੇ ਕੰਮ ਤੋਂ ਇਲਾਵਾ ਰਜਿਸਟ੍ਰੇਸ਼ਨ ਦਾ ਕੰਮ ਕਰਨ ਲਈ ਅਧਿਕਾਰ ਦੇ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਸਬ ਰਜਿਸਟਰਾਰ ਦਫ਼ਤਰ ਦਾ ਕੰਮ ਸ਼੍ਰੀ ਸੁਖਵਿੰਦਰ ਸਿੰਘ ਦਫ਼ਤਰ ਕਾਨੂੰਗੋ ਬਸੀ ਪਠਾਣਾ, ਬਸੀ ਪਠਾਣਾਂ ਦਾ ਕੰਮ ਸ਼੍ਰੀਮਤੀ ਹਰਵੀਰ ਕੌਰ ਉਪ ਮੰਡਲ ਮੈਜਿਸਟ੍ਰੇਟ ਬਸੀ ਪਠਾਣਾ, ਖਮਾਣੋਂ ਵਿਖੇ ਸ਼੍ਰੀਮਤੀ ਮਨਰੀਤ ਰਾਣਾ ਐਸ.ਡੀ.ਐਮ. ਖਮਾਣੋਂ, ਮੰਡੀ ਗੋਬਿੰਦਗੜ੍ਹ ਵਿਖੇ ਫੀਲਡ ਕਾਨੂੰਗੋ ਅਮਲੋਹ ਸ਼੍ਰੀ ਗੁਰਦਰਸ਼ਨ ਸਿੰਘ ਤੇ ਅਮਲੋਹ ਸਬ ਰਜਿਸਟਰਾਰ ਦਾ ਕੰਮ ਐਸ.ਡੀ.ਐਮ. ਅਮਲੋਹ ਸ਼੍ਰੀ ਚੇਤਨ ਬੰਗੜ ਨੂੰ ਦਿੱਤਾ ਗਿਆ ਹੈ।



# ਐਲ.ਆਰ. ਡੀ.ਏ.ਵੀ. ਕਾਲਜ 'ਚ ਨਸ਼ਿਆਂ ਵਿਰੁੱਧ ਜਾਗਰੂਕਤਾ ਮੁਹਿੰਮ




**ਜਗਰਾਉਂ (ਅਮਿਤ ਖੰਨਾ)** ਐਲ ਆਰ ਡੀ.ਏ.ਵੀ. ਕਾਲਜ ਵਿਖੇ ਪ੍ਰਿੰਸੀਪਲ ਡਾ. ਅਨੁਜ ਕੁਮਾਰ ਸਰਮਾ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਅਗਵਾਈ ਹੇਠ ਕਰਨਦੀਪ ਸਿੰਘ, ਪੀ.ਸੀ.ਐਸ, ਐਸ.ਡੀ.ਐਮ ਦੀ ਮੌਜੂਦਗੀ ਵਿੱਚ ਨਸ਼ਿਆਂ ਪ੍ਰਤੀ ਜਾਗਰੂਕਤਾ ਬਾਰੇ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਐਸ.ਡੀ.ਐਮ. ਦਫਤਰ ਦੇ ਸੁਪਰਡੈਂਟ ਸ੍ਰੀ ਬਿਕਰਮਜੀਤ ਸਿੰਘ ਨੇ ਮਹਿਮਾਨਾਂ ਦਾ ਸਵਾਗਤ ਕੀਤਾ ਤੇ ਵਿਦਿਆਰਥੀਆਂ ਨੂੰ ਸੈਮੀਨਾਰ ਬਾਰੇ ਜਾਗਰੂਕ ਕੀਤਾ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਨਸ਼ਿਆਂ ਦੀ ਗੰਭੀਰ ਸਮੱਸਿਆ ਦਾ ਸਾਹਮਣਾ ਕਰ ਰਿਹਾ ਹੈ ਅਤੇ ਪੰਜਾਬ ਦੇ ਨੌਜਵਾਨਾਂ ਨੂੰ ਇਕਜੁਟ ਹੋ ਕੇ ਇਸ ਬੁਰਾਈ ਨੂੰ ਰੋਕਣ ਲਈ ਜ਼ਿਲ੍ਹਾ ਪ੍ਰਸ਼ਾਸਨ ਦੀ ਮਦਦ ਕਰਨ ਲਈ ਸਰਕਾਰ ਨਾਲ ਮਿਲ ਕੇ ਯਤਨ ਕਰਨੇ ਚਾਹੀਦੇ ਹਨ। ਡਾ. ਅਨੁਜ ਕੁਮਾਰ ਸ਼ਰਮਾ ਪ੍ਰਿੰਸੀਪਲ ਨੇ ਐਸ.ਡੀ.ਐਮ. ਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਮੈਂਬਰਾਂ ਦਾ ਸਵਾਗਤ ਕੀਤਾ ਅਤੇ ਕਿਹਾ ਕਿ ਕਾਲਜ ਨਿਯਮਿਤ ਤੌਰ 'ਤੇ ਸਰਕਾਰੀ ਅਧਿਕਾਰੀਆਂ ਦੇ ਸਹਿਯੋਗ ਨਾਲ ਨਸ਼ਿਆਂ ਵਿਰੁੱਧ ਜਾਗਰੂਕਤਾ, ਐੱਚ.ਆਈ.ਵੀ. ਏਡਜ਼ ਵਿਰੁੱਧ ਜਾਗਰੂਕਤਾ ਵਰਗੀਆਂ ਗਤੀਵਿਧੀਆਂ ਦਾ ਆਯੋਜਨ ਕਰ ਰਿਹਾ ਹੈ, ਜਿਸ ਵਿੱਚ ਕਾਲਜ ਦਾ ਰੈੱਡ ਰਿਬਨ ਕਲੱਬ ਸਮਾਜਿਕ ਜਾਗਰੂਕਤਾ ਪੈਦਾ ਕਰਨ ਵਿੱਚ ਸਰਗਰਮ ਭੂਮਿਕਾ ਨਿਭਾਅ ਰਿਹਾ ਹੈ। ਰਨਦੀਪ ਸਿੰਘ ਨੇ ਕਿਹਾ ਕਿ ਜੇਕਰ ਪੰਜਾਬ ਦੇ ਨੌਜਵਾਨ 'ਪੰਜਾਬ ਵਿੱਚ ਨਸ਼ਿਆਂ ਵਿਰੁੱਧ ਰਾਜਦੂਤ' ਵਜੋਂ ਮਹੱਤਵਪੂਰਨ ਭੂਮਿਕਾ ਨਿਭਾਉਣ ਤਾਂ ਹੀ ਅਸੀਂ 'ਨਸ਼ਾ ਮੁਕਤ ਪੰਜਾਬ' ਦਾ ਸੁਪਨਾ ਦੇਖ ਸਕਦੇ ਹਾਂ। ਸਿਵਲ ਹਸਪਤਾਲ ਦੇ ਡਰੱਗ ਡੀ ਐਡਿਕਸ਼ਨ ਸੈਂਟਰ ਦੇ ਕੌਂਸਲਰ ਡਾ. ਮੀਨੂੰ ਨੇ ਨਸ਼ਿਆਂ ਵਿਰੁੱਧ ਕਾਰਨਾਂ ਤੇ ਉਪਾਵਾਂ ਬਾਰੇ ਗੱਲ ਕੀਤੀ। ਕਾਲਜ ਦੇ ਰੈੱਡ ਰਿਬਨ ਕਲੱਬ ਇੰਚਾਰਜ ਡਾ. ਕੁਨਾਲ ਮਹਿਤਾ ਨੇ ਧੰਨਵਾਦ ਦਾ ਮਤਾ ਪੇਸ ਕੀਤਾ ਅਤੇ ਸਟੇਜ ਦਾ ਸੰਚਾਲਨ ਕੀਤਾ।

# ਐਸਸੀ/ਐਸਟੀ/ਓਬੀਸੀ ਮਹਾਂਸੰਘਰਸ਼ ਕਮੇਟੀ ਦੀ ਮੀਟਿੰਗ ਸੰਪੰਨ

**ਜਲਾਲਾਬਾਦ (ਜੀਤ ਕੁਮਾਰ)** ਐਸਸੀ/ਐਸਟੀ/ਓਬੀਸੀ ਮਹਾਂ-ਸੰਘਰਸ਼ ਕਮੇਟੀ ਦੀ ਮੀਟਿੰਗ ਵਾਲਮੀਕਿ ਮੰਦਰ ਵਿਖੇ ਪ੍ਰਧਾਨ ਰੋਹਿਤ ਗੁਡਾਲੀਆ ਦੀ ਪ੍ਰਧਾਨਗੀ ਹੇਠ ਸੰਪੰਨ ਹੋਈ। ਕਮੇਟੀ ਨੂੰ ਉਸ ਵੇਲੇਂ ਵੱਡਾ ਹੁੰਗਾਰਾ ਮਿਲਿਆ, ਜਦੋਂ ਇਸ ਮੀਟਿੰਗ 'ਚ ਐਸ.ਸੀ. ਭਾਈਚਾਰੇ ਵਿੱਚ ਰਲ ਬੈਠੇ ਸਾਡੇ ਰਾਏ ਸਿੱਖ ਭਾਈਚਾਰੇ ਦੇ ਆਗੂਆਂ ਨੇ ਭਰੋਸਾ ਦਿੱਤਾ ਕਿ ਹਰ ਵੇਲੇ ਸੰਘਰਸ਼ ਕਮੇਟੀ ਦੇ ਨਾਲ ਕੰਧੇ ਨਾਲ ਕੰਧੇ ਮਿਲਾ ਕੇ ਚੱਲਾਂਗੇ ਤੇ ਇਸ ਵਾਰ ਭਾਰਤੀ ਸੰਵਿਧਾਨ ਦੇ ਨਿਰਮਾਤਾ ਤੇ ਭਾਰਤ ਰਤਨ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੀ ਜੰਯਤੀ ਨੂੰ ਬੜੀ ਧੂਮਧਾਮ ਦੇ ਨਾਲ ਰਲ ਕੇ ਮਨਾਵਾਂਗੇ। ਮੀਟਿੰਗ ਵਿੱਚ ਬੀ.ਪੀ.ਈ.ਓ. ਜਸਪਾਲ ਸਿੰਘ, ਅਧਿਆਪਕ ਆਗੂ ਅਸ਼ੋਕ ਸਰਾਰੀ, ਜਗਨੰਦਨ ਸਿੰਘ, ਹਰਦੀਪ ਸਿੰਘ ਤੇ ਬਲਦੇਵ ਸਿੰਘ ਸ਼ਾਮਿਲ ਹੋਏ, ਜਿਨ੍ਹਾਂ ਦਾ ਭਰਵਾ ਸਵਾਗਤ ਕੀਤਾ। ਇਸ ਤੋਂ ਇਲਾਵਾ ਪ੍ਰਧਾਨ ਰੋਹਿਤ ਗੁਡਾਲੀਆ, ਜਨਰਲ ਸਕੱਤਰ ਜੋਗਿੰਦਰ ਪਾਲ, ਸੀਨੀਅਰ ਵਾਈਸ ਪ੍ਰਧਾਨ ਡਾ. ਕੋਰ ਸਿੰਘ, ਵਾਈਸ ਪ੍ਰਧਾਨ ਮਾਸਟਰ ਬਲਵੀਰ ਪਵਾਰ, ਕੈਸ਼ੀਅਰ ਗੁਰਮੇਜ ਲਾਲ, ਐਸਡੀਓ ਗਿਆਨ, ਪ੍ਰੈਸ ਸਕੱਤਰ ਸਤਨਾਮ ਸਿੰਘ ਫਲੀਆਂ ਵਾਲ ਸਮੇਤ ਹੋਰ ਸਾਥੀ ਹਾਜ਼ਰ ਸੀ। ਇਸ ਮੌਕੇ ਕਮੇਟੀ ਪ੍ਰਧਾਨ ਰੋਹਿਤ ਗੁਡਾਲੀਆ ਨੇ ਕਿਹਾ ਕਿ ਐਸਸੀ/ਐਸਟੀ/ਓਬੀਸੀ ਭਾਈਚਾਰਾ ਇੱਕ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਇਸ ਦਾ ਵਿਸਥਾਰ ਕੀਤਾ ਜਾਵੇਗਾ ਅਤੇ ਜੋ ਵੀ ਸਾਡੇ ਸਮਾਜ ਦੇ ਵਿੱਚ ਕਰੂਤੀਆਂ ਹਨ, ਉਨ੍ਹਾਂ ਨੂੰ ਦੂਰ ਕਰਨ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ। ਬੀ.ਪੀ.ਈ.ਓ. ਜਸਪਾਲ ਸਿੰਘ ਨੇ ਕਿਹਾ ਕਿ ਕਿ ਅਸੀਂ ਸਾਰੇ ਮਿਲੇ ਕੇ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ ਪੂਰਨਿਆਂ 'ਤੇ ਚੱਲ ਕੇ ਬੱਚਿਆਂ ਤੇ ਵਿਸ਼ੇਸ਼ ਤੌਰ ਤੇ ਸਾਡੀਆਂ ਬੇਟੀਆਂ ਨੂੰ ਪੜ੍ਹਾਈ ਦੇ ਵਿੱਚ ਉਤਸ਼ਾਹਤ ਕੀਤਾ ਜਾਵੇਗਾ ਅਤੇ ਉਨ੍ਹਾਂ ਨੂੰ ਪੜ੍ਹਾਈ ਵਿੱਚ ਅੱਗੇ ਵੱਧਣ ਦਾ ਰਾਹ ਦਿਖਾਇਆ ਜਾਏਗਾ ਤੇ ਅਸੀਂ ਐਸਸੀ/ਐਸਟੀ/ਓਬੀਸੀ ਮਹਾਂਸੰਘਰਸ਼ ਕਮੇਟੀ ਦੇ ਨਾਲ ਹਾਂ। ਮੀਟਿੰਗ ਵਿਚ ਸਾਂਝੇ ਤੌਰ 'ਤੇ ਬਾਬਾ ਸਾਹਿਬ ਦਾ ਜਨਮ ਦਿਹਾੜਾ ਮਨਾਉਣ ਦੀ ਰੂਪ ਰੇਖਾ ਤਿਆਰ ਕੀਤੀ ਗਈ।



# ਨਰੇਗਾ ਮਜ਼ਦੂਰ ਡੀ.ਸੀ. ਦਫ਼ਤਰ ਧਰਨਾ ਦੇਣਗੇ : ਸ਼ੇਰ ਸਿੰਘ ਦੌਲਤਪੁਰਾ



**ਮੋਗਾ, (ਇਕਬਾਲ ਸਿੰਘ ਖਹਿਰਾ)** ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਜ਼ਿਲ੍ਹਾ ਮੋਗਾ ਦੀ ਮੀਟਿੰਗ ਕਾਮਰੇਡ ਸ਼ੇਰ ਸਿੰਘ ਦੌਲਤਪੁਰਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚੋਂ ਨਰੇਗਾ ਮਜ਼ਦੂਰਾਂ ਨੇ ਹਿੱਸਾ ਲਿਆ। ਕਾਮਰੇਡ ਦੌਲਤਪੁਰਾ ਨੇ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰ ਨਰੇਗਾ ਮਜ਼ਦੂਰਾਂ ਨੂੰ ਕੰਮ ਦੇਣ ਵਿੱਚ ਬਿਲਕੁਲ ਵੀ ਗੰਭੀਰ ਨਹੀਂ ਹੈ, ਸਗੋਂ ਅਜਿਹਾ ਲੱਗਦਾ ਹੈ ਕਿ ਇਹ ਦੋਵੇਂ ਸਰਕਾਰਾਂ ਨਰੇਗਾ ਨੂੰ ਖਤਮ ਕਰਨ 'ਤੇ ਲੱਗੀਆਂ ਹੋਈਆਂ ਹਨ, ਕਿਉਂਕਿ ਕੇਂਦਰ ਸਰਕਾਰ ਹਰ ਸਾਲ ਨਰੇਗਾ ਬੱਜਟ ਘੱਟ ਕਰ ਰਹੀ ਹੈ।ਉਨ੍ਹਾਂ ਅੱਗੇ ਕਿਹਾ ਕਿ ਸਾਲ 2024- 2025 ਖਤਮ ਹੋਣ ਵਾਲਾ ਹੈ, ਪਰ ਮੁੱਠੀ ਭਰ ਲੋਕਾਂ ਨੂੰ ਹੀ ਜ਼ਿਲ੍ਹੇ ਵਿੱਚੋਂ 100 ਦਿਨ ਰੁਜ਼ਗਾਰ ਦੀ ਗਰੰਟੀ ਨਹੀਂ ਹੋਈ ਹੈ ਤੇ ਬਾਕੀ ਲੋਕ ਕੰਮ ਤੋਂ ਵਿਰਵੇ ਮਾਰੇ ਮਾਰੇ ਫਿਰ ਰਹੇ ਹਨ। ਮੀਟਿੰਗ ਵਿੱਚ ਵਿੱਚ ਫੈਸਲਾ ਕੀਤਾ ਗਿਆ ਕਿ ਸਟੇਟ ਦੇ ਸੱਦੇ ਮੁਤਾਬਕ 21 ਤਰੀਕ ਨੂੰ ਨਰੇਗਾ ਮਜ਼ਦੂਰਾਂ ਦੀਆਂ ਮੰਗਾਂ ਮਸਲਿਆਂ ਵਾਸਤੇ ਡੀਸੀ ਦਫਤਰ ਮੋਗਾ ਵਿਖੇ ਵਿਸ਼ਾਲ ਧਰਨਾ ਦਿੱਤਾ ਜਾਏਗਾ।ਉਸ ਤੋਂ ਪਹਿਲਾਂ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਵੀ ਦਿੱਤਾ ਜਾਵੇਗਾ।ਯੂਨੀਅਨ ਦੇ ਸਲਾਹਕਾਰ ਕਾਮਰੇਡ ਕੁਲਦੀਪ ਸਿੰਘ ਭੋਲਾ ਨੇ ਕਿਹਾ ਕਿ ਨਰੇਗਾ ਐਕਟ ਨੂੰ ਪਾਸ ਹੋਇਆ 20 ਸਾਲ ਹੋ ਗਏ ਹਨ, ਪਰ ਹਾਲੇ ਤੱਕ ਵੀ ਨਰੇਗਾ ਮਜ਼ਦੂਰਾਂ ਨੂੰ ਉਹਨਾਂ ਦਾ ਬਣਦਾ ਹੱਕ ਨਹੀਂ ਦਿੱਤਾ ਜਾ ਰਿਹਾ। ਨਰੇਗਾ ਮਜ਼ਦੂਰਾਂ ਦੀ ਦਿਹਾੜੀ 1000 ਕਰਾਉਣ ਲਈ, ਨਰੇਗਾ ਮੇਟਾਂ ਨੂੰ ਸੈਮੀ ਸਕਿਲਡ ਦਿਹਾੜੀ ਦਿਵਾਉਣ ਲਈ ਸਾਲ ਵਿੱਚ ਦਿਨਾਂ ਦੀ ਗਰੰਟੀ 200 ਕਰਾਉਣ ਲਈ, ਕੀਤੇ ਕੰਮ ਦੇ ਪੈਸੇ ਜਾਰੀ ਕਰਾਉਣ ਲਈ ਅਤੇ ਨਰੇਗਾ ਨੂੰ ਪਾਰਦਰਸ਼ੀ ਤਰੀਕੇ ਨਾਲ ਲਾਗੂ ਕਰਾਉਣ ਲਈ ਆਉਣ ਵਾਲੇ ਸਮੇਂ ਵਿੱਚ ਨਰੇਗਾ ਮਜ਼ਦੂਰਾਂ ਦੇ ਸੰਘਰਸ਼ ਨੂੰ ਤੇਜ਼ ਕੀਤਾ ਜਾਵੇਗਾ। ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਨਰੇਗਾ ਮਜ਼ਦੂਰਾਂ ਦੀ ਯੂਨੀਅਨ ਦੀ ਮਜਬੂਤੀ ਲਈ ਇਸ ਸਾਲ ਦੀ ਮੈਂਬਰਸ਼ਿਪ ਸ਼ੁਰੂ ਕੀਤੀ ਜਾਵੇਗੀ।ਸਾਰੇ ਬਲਾਕਾਂ ਦੀਆਂ ਬਲਾਕ ਕਮੇਟੀਆਂ ਦੀਆਂ ਚੋਣਾਂ ਕੀਤੀਆਂ ਜਾਣਗੀਆਂ।

# ਡੀ.ਸੀ. ਨੇ ਰਜਿਸਟ੍ਰੇਸ਼ਨ ਦਾ ਕੰਮ ਕਰਨ ਲਈ ਅਧਿਕਾਰੀਆਂ ਨੂੰ ਦਿੱਤੇ ਅਧਿਕਾਰ

**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)** ਆਮ ਲੋਕਾਂ ਨੂੰ ਖੱਜਲ ਖੁਆਰੀ ਤੋਂ ਬਚਾਉਣ ਲਈ ਅਤੇ ਰਜਿਸਟ੍ਰੇਸ਼ਨ ਦਾ ਕੰਮ ਨਿਰਵਿਘਨ ਜਾਰੀ ਰੱਖਣ ਲਈ ਰਜਿਸਟਰਾਰ-ਕਮ-ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਨੇ ਪੰਜਾਬ ਰਜਿਸਟਰੇਸ਼ਨ ਐਕਟ 1908 ਦਾ ਧਾਰਾ 12 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਸ੍ਰੀ ਦਵਿੰਦਰ ਕੁਮਾਰ, ਸੀਨੀਅਰ ਸਹਾਇਕ, ਦਫ਼ਤਰ ਉਪ ਮੰਡਲ ਮੈਜਿਸਟ੍ਰੇਟ ਫ਼ਰੀਦਕੋਟ ਨੂੰ ਦਫ਼ਤਰ ਸਬ ਰਜਿਸਟਰਾਰ ਫਰੀਦਕੋਟ ਦਾ, ਸ੍ਰੀ ਜਸਦੇਵ ਸਿੰਘ ਕਾਨੂੰਗੋ, ਦਫਤਰ ਤਹਿਸੀਲਦਾਰ ਫ਼ਰੀਦਕੋਟ ਨੂੰ ਦਫਤਰ ਸਬ ਰਜਿਸਟਰਾਰ ਕੋਟਕਪੂਰਾ ਦਾ, ਸ੍ਰੀ ਸ਼ਿਕੰਦਰ ਸਿੰਘ ਕਾਨੂੰਗੋ ਹਲਕਾ ਬਾਜਾਖਾਨਾ ਨੂੰ ਦਫਤਰ ਸਬ ਰਜਿਸਟਰਾਰ ਜੈਤੋ ਦਾ ਰਜਿਸਟ੍ਰੇਸ਼ਨ ਦਾ ਕੰਮ ਕਰਨ ਦਾ ਅਧਿਕਾਰ ਦਿੱਤਾ ਹੈ। ਰਜਿਸਟਰਾਰ-ਕਮ-ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਨੇ ਦੱਸਿਆ ਕਿ ਉਨ੍ਹਾਂ ਦੇ ਧਿਆਨ ਵਿੱਚ ਆਇਆ ਹੈ ਕਿ ਜ਼ਿਲ੍ਹਾ ਫ਼ਰੀਦਕੋਟ ਦੇ ਸਮੂਹ ਦਫ਼ਤਰ ਸਬ ਰਜਿਸਟਰਾਰ ਤੇ ਜੁਆਇੰਟ ਸਬ ਰਜਿਸਟਰਾਰ ਦਫ਼ਤਰ ਵਿਖੇ ਰਜਿਸਟ੍ਰੇਸ਼ਨ ਦਾ ਕੰਮ ਨਹੀਂ ਹੋ ਰਿਹਾ ਹੈ, ਜਦਕਿ ਜਨਤਾ ਵੱਲੋਂ ਆਪਣਾ ਰਜਿਸਟ੍ਰੇਸ਼ਨ ਦਾ ਕੰਮ ਕਰਾਉਣ ਲਈ ਅਪੁਆਇੰਟਮੈਂਟਸ ਲਈਆਂ ਹੋਈਆਂ ਹਨ।



# ਸੜਕ 'ਤੇ ਲੁੱਕ-ਬੱਜਰੀ ਨਾ ਪੈਣ ਕਰਕੇ ਲੋਕ ਪ੍ਰੇਸ਼ਾਨ

**ਮਲੋਟ, (ਗੁਰਮੀਤ ਸਿੰਘ ਮੱਕੜ)** ਅਬੋਹਰ ਤੋਂ ਮਲੋਟ ਸ਼ਹਿਰ ਨੂੰ ਆਉਣ ਵਾਲੀ ਸੜਕ ਜੋ ਇੱਕ ਤਰ੍ਹਾਂ ਨਾਲ ਬਾਈਪਾਸ ਸੜਕ ਦਾ ਕੰਮ ਵੀ ਕਰਦੀ ਹੈ, 'ਤੇ ਸਾਲ ਭਰ ਤੋਂ ਬੱਜਰੀ ਲੁੱਕ ਨਾ ਪੈਣ ਕਰਕੇ ਰੋਜ਼ਾਨਾ ਹੀ ਹਜ਼ਾਰਾਂ ਲੋਕਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕੁੱਝ ਮੁਹੱਲਿਆਂ ਦੇ ਵਿੱਚੋਂ ਗੁਜ਼ਰਨ ਵਾਲੀ ਇਹ ਸੜਕ ਉੱਪਰ ਲੁੱਕ ਬੱਜਰੀ ਨਾ ਪੈਣ ਕਰਕੇ ਜਿੱਥੇ ਰੋਜ਼ਾਨਾ ਬਾਹਰ ਦੀ ਬਾਹਰ ਬਾਈਪਾਸ ਜਾਣ ਵਾਲੇ ਲੋਕ ਤੰਗ ਨੇ, ਉੱਥੇ ਹਰਜਿੰਦਰ ਨਗਰ, ਰੂਪ ਨਗਰ, ਗੁਰੂ ਨਾਨਕ ਨਗਰੀ ਤੇ ਹੋਰ ਆਲੇ-ਦੁਆਲੇ ਨਗਰੀਆਂ ਦੇ ਲੋਕ ਬੇਹੱਦ ਪ੍ਰੇਸ਼ਾਨ ਹਨ, ਕਿਉਂਕਿ ਇਹ ਲਗਭਗ ਢਾਈ ਕਿਲੋਮੀਟਰ ਦਾ ਲੰਬਾ ਟੋਟਾ ਜੋ ਸੀਵਰੇਜ਼ ਵਿਭਾਗ ਵੱਲੋਂ ਇੱਕ ਸਾਲ ਭਰ ਤੋਂ ਵੱਧ ਸਮੇਂ ਤੋਂ ਪਹਿਲਾਂ ਸੀਵਰੇਜ ਪਾਉਣ ਕਰਕੇ ਸੜਕ ਪੁੱਟੀ ਗਈ ਸੀ, ਪਰ ਮੁੜ ਇਸ ਉੱਪਰ ਮੋਟਾ ਪੱਥਰ ਪਾਇਆ ਗਿਆ ਹੈ ਤੇ ਉਸ ਉਪਰੰਤ ਨਾ ਹੀ ਬੱਜਰੀ ਲੁੱਕ ਆਦਿ ਪਾਈ ਗਈ, ਜਿਸ ਕਰਕੇ ਬਹੁਤ ਸਾਰੇ ਲੋਕਾਂ ਨੂੰ ਆਮ ਨਾਲੋਂ ਜ਼ਿਆਦਾ ਰਸਤਾ ਤੈਅ ਕਰਨਾ ਪੈਂਦਾ ਹੈ। ਸੜਕ ਉੱਪਰ ਦੀ ਗੁਜ਼ਰਨ ਵਾਲੇ ਤੇ ਮੁਹੱਲਾ ਵਾਸੀਆਂ ਨੇ ਜਿੱਥੇ ਇਸ ਸੜਕ ਉੱਪਰ ਲੁੱਕ ਬੱਜਰੀ ਆਦਿ ਪਾਉਣ ਦੀ ਮੰਗ ਕੀਤੀ ਹੈ, ਉਥੇ ਇਹ ਵੀ ਕਿਹਾ ਕਿ ਉਹ ਇਸ ਗੱਲੋਂ ਬਹੁਤ ਪ੍ਰੇਸ਼ਾਨ ਹਨ ਕਿ ਉਨ੍ਹਾਂ ਨੂੰ ਇਸ ਸੜਕ ਉੱਪਰ ਲੰਘਣ ਕਰਕੇ ਪ੍ਰੇਸ਼ਾਨੀ ਹੁੰਦੀ ਹੈ, ਕਿਉਂਕਿ ਇਹ ਇਸ ਉੱਪਰ ਬੱਜਰੀ ਜਾਂ ਲੁੱਕ ਨਹੀਂ ਪਾਈ ਗਈ ਤੇ ਸੜਕ 'ਤੇ ਪਾਏ ਪੱਥਰ ਉਨ੍ਹਾਂ ਨੂੰ ਪੈਦਲ ਤੱਕ ਵੀ ਤੁਰਨ ਨਹੀਂ ਦਿੰਦਾ। ਸਰਕਾਰ 'ਤੇ ਗੁੱਸਾ ਹੋਏ ਨੌਜਵਾਨਾਂ ਨੇ ਇੱਥੋਂ ਤੱਕ ਕਿਹਾ ਕਿ ਸਰਕਾਰ ਵੋਟਾਂ ਵੇਲੇ ਬਹੁਤ ਵੱਡੇ-ਵੱਡੇ ਵਾਅਦੇ ਕਰਦੀ ਹੈ ਤੇ ਉਨ੍ਹਾਂ ਦੇ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਕਰਨ ਦੀਆਂ ਗੱਲਾਂ ਕਰਦੀ ਹੈ, ਪਰ ਉਨ੍ਹਾਂ ਦੀ ਸੜਕ ਨੂੰ ਡੇਢ ਸਾਲ ਦੇ ਲਗਭਗ ਸਮਾਂ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਤਾਂ ਉਹ ਲਗਭਗ ਪੰਜ ਛੇ ਮਹੀਨੇ ਸੀਵਰੇਜ ਪੈਣ ਕਰਕੇ ਪ੍ਰੇਸ਼ਾਨ ਰਹੇ ਤੇ ਹੁਣ ਲਗਭਗ ਡੇਢ ਸਾਲ ਦਾ ਸਮਾਂ ਹੋ ਗਿਆ ਹੈ ਕਿ ਹੁਣ ਸੜਕ ਅਧੂਰੀ ਪਈ ਹੈ, ਜਿਸ ਕਰਕੇ ਸਕੂਲੀ ਬੱਚੇ ਤੇ ਹੋਰ ਰੋਜ਼ਾਨਾ ਹੀ ਆਉਣ ਜਾਣ ਵਾਲੇ ਰਾਹਗੀਰ ਅਤੇ ਮੁਹੱਲੇ ਦੇ ਲੋਕਾਂ ਨੂੰ ਬੇਹੱਦ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

# ਸਟੀਫਨ ਇੰਟਰਨੈਸ਼ਨਲ ਸਕੂਲ ਨੇ ਫ੍ਰੈਂਚ ਸੱਭਿਆਚਾਰ ਦਾ ਜਸ਼ਨ ਮਨਾਇਆ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)** ਸਟੀਫਨ ਇੰਟਰਨੈਸ਼ਨਲ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਮੈਡਮ ਸ਼੍ਰੀਮਤੀ ਮੋਨਿਕਾ ਸ਼ਰਮਾ ਨੇ ਹਾਲ ਹੀ ਵਿੱਚ ਸਕੂਲ ਦੇ ਫ੍ਰੈਂਚ ਅਧਿਆਪਕ ਦੁਆਰਾ ਆਯੋਜਤ ਦਿਲਚਸਪ ਗਤੀਵਿਧੀਆਂ ਦੀ ਇੱਕ ਲੜੀ ਨਾਲ ਫ੍ਰੈਂਚ ਸੱਭਿਆਚਾਰ ਦੀ ਸੁੰਦਰਤਾ ਦਾ ਜਸ਼ਨ ਮਨਾਇਆ। ਉਨ੍ਹਾਂ ਦੀਆਂ ਕਲਾਸਾਂ ਨੂੰ ਇੱਕ ਮਿੰਨੀ-ਫਰਾਂਸ ਵਿੱਚ ਬਦਲ ਦਿੱਤਾ ਗਿਆ ਸੀ, ਜਿੱਥੇ ਵਿਦਿਆਰਥੀਆਂ ਨੇ ਦੇਸ਼ ਦੀ ਭਾਸ਼ਾ, ਰੀਤੀ-ਰਿਵਾਜਾਂ ਤੇ ਪ੍ਰੰਪਰਾਵਾਂ ਵਿੱਚ ਆਪਣੇ ਆਪ ਨੂੰ ਲੀਨ ਕਰ ਲਿਆ।ਗਤੀਵਿਧੀਆਂ ਦਾ ਉਦੇਸ਼ ਵਿਦਿਆਰਥੀਆਂ ਵਿੱਚ ਭਾਸ਼ਾਈ ਤੇ ਸੱਭਿਆਚਾਰਕ ਵਿਭਿੰਨਤਾ ਨੂੰ ਉਤਸ਼ਾਹਤ ਕਰਨਾ ਸੀ। ਪ੍ਰਿੰਸੀਪਲ ਸ਼੍ਰੀਮਤੀ ਮੋਨਿਕਾ ਸ਼ਰਮਾ ਨੇ ਕਿਹਾ, 'ਮੈਨੂੰ ਆਪਣੇ ਵਿਦਿਆਰਥੀਆਂ ਨੂੰ ਏਨੇ ਉਤਸ਼ਾਹ ਨਾਲ ਫ੍ਰੈਂਚ ਸੱਭਿਆਚਾਰ ਨੂੰ ਅਪਣਾਉਂਦੇ ਦੇਖ ਕੇ ਖੁਸ਼ੀ ਹੋ ਰਹੀ ਹੈ।ਇਹ ਗਤੀਵਿਧੀਆਂ ਨਾ ਸਿਰਫ਼ ਸਾਡੇ ਵਿਦਿਆਰਥੀਆਂ ਨੂੰ ਇੱਕ ਨਵੀਂ ਭਾਸ਼ਾ ਸਿੱਖਣ ਵਿੱਚ ਮਦਦ ਕਰਦੀਆਂ ਹਨ ਬਲਕਿ ਉਨ੍ਹਾਂ ਦੇ ਦ੍ਰਿਸ਼ਟੀਕੋਣਾਂ ਨੂੰ ਵਿਸ਼ਾਲ ਕਰਦੀਆਂ ਹਨ ਤੇ ਵਿਸ਼ਵਵਿਆਪੀ ਸਮਝ ਨੂੰ ਵੀ ਉਤਸ਼ਾਹਤ ਕਰਦੀਆਂ ਹਨ।' ਚੇਅਰਮੈਨ ਸ਼੍ਰੀ ਦੀਪਕ ਗੁਪਤਾ ਨੇ ਕਿਹਾ, 'ਸਟੀਫਨ ਇੰਟਰਨੈਸ਼ਨਲ ਸਕੂਲ ਵਿਖੇ, ਅਸੀਂ ਆਪਣੇ ਵਿਦਿਆਰਥੀਆਂ ਨੂੰ ਇੱਕ ਸੰਪੂਰਨ ਸਿੱਖਿਆ ਪ੍ਰਦਾਨ ਕਰਨ ਵਿੱਚ ਵਿਸ਼ਵਾਸ ਰੱਖਦੇ ਹਾਂ, ਜੋ ਅਕਾਦਮਿਕ ਤੋਂ ਪਰੇ ਹੈ।ਸਾਡਾ ਫ੍ਰੈਂਚ ਭਾਸ਼ਾ ਪ੍ਰੋਗਰਾਮ ਇਸ ਦ੍ਰਿਸ਼ਟੀਕੋਣ ਦਾ ਇੱਕ ਅਨਿੱਖੜਵਾਂ ਅੰਗ ਹੈ।'



...ਸਫ਼ਾ 1 ਦੇ ਬਾਕੀ

## ਟਰੰਪ ਨੇ ਹਿੰਦ...

ਅਪਰੈਲ ਤੋਂ ਪ੍ਰਸਪਰ ਟੈਕਸ ਸ਼ੁਰੂ ਹੋ ਜਾਣਗੇ ਅਤੇ "ਜੋ ਵੀ ਸਾਡੇ 'ਤੇ ਟੈਕਸ ਲਗਾਉਂਦੇ ਹਨ, ਅਸੀਂ ਉਨ੍ਹਾਂ 'ਤੇ ਟੈਕਸ ਲਗਾਵਾਂਗੇ।"

ਹੁਣ ਭਾਰਤ ਕੋਲ ਫੈਸਲਾ ਕਰਨ ਲਈ ਚਾਰ ਹਫਤਿਆਂ ਤੋਂ ਵੀ ਘੱਟ ਸਮਾਂ ਰਹਿ ਗਿਆ ਹੈ। ਇਹ ਅਮਰੀਕਾ ਤੋਂ ਆਉਣ ਵਾਲੀਆਂ ਚੀਜ਼ਾਂ 'ਤੇ ਟੈਕਸ ਘਟਾਏਗਾ ਤਾਂ ਅਮਰੀਕਾ ਵੀ ਉਸ ਹਿਸਾਬ ਨਾਲ ਟੈਕਸ ਲਾਏਗਾ। ਸਰਕਾਰ ਨੇ ਭਾਰਤ-ਅਮਰੀਕਾ ਵਪਾਰ ਵਿੱਚ ਪ੍ਰਸਪਰ ਟੈਰਿਫ ਦੇ ਅਸਰ ਦਾ ਅਧਿਐਨ ਕਰਨ ਲਈ ਕਮੇਟੀ ਬਣਾਈ ਹੈ। ਵਣਜ ਮੰਤਰਾਲੇ ਦੀ ਅਗਵਾਈ ਹੇਠਲੀ ਕਮੇਟੀ ਵਿੱਚ ਖੇਤੀਬਾੜੀ, ਫੂਡ ਪ੍ਰੋਸੈਸਿੰਗ, ਇੰਡਸਟਰੀ, ਹੈਵੀ ਇੰਡਸਟਰੀ, ਇਲੈਕਟ੍ਰਾਨਿਕਸ ਤੇ ਆਈ ਟੀ ਮੰਤਰਾਲੇ ਦੇ ਅਧਿਕਾਰੀ ਸ਼ਾਮਲ ਹਨ।

# ਇੱਕ ਨੌਜਵਾਨ ਹੋਰ ਚੜ੍ਹਿਆ ਨਸ਼ੇ ਦੀ ਭੇਟ



**ਸੁਨਾਮ/ ਊਧਮ ਸਿੰਘ ਵਾਲਾ (ਹਾਕਮ ਸਿੰਘ ਭੱਟੀ, ਅਸ਼ੋਕ ਬਾਂਸਲ)**- ਸੁਨਾਮ ਨੇੜਲੇ ਪਿੰਡ ਜਖੇਪਲ ਹੰਬਲਵਾਸ ਦੇ ਗਗਨਦੀਪ ਸਿੰਘ, ਉਮਰ ਤਕਰੀਬਨ 28 ਸਾਲ ਦੀ ਨਸ਼ੇ ਦੀ ਓਵਰਡੋਜ ਕਾਰਨ ਉਹ ਮੌਤ ਹੋ ਗਈ। ਪਰਵਾਰ ਨੇ ਪੱਤਰਕਾਰਾਂ ਨਾਲ ਗੱਲ ਕਰਦੇ ਹੋਏ ਦੱਸਿਆ ਤੁਸੀਂ ਕਿ ਸਾਡਾ ਲੜਕਾ ਸਵੇਰੇ 9 ਵਜੇ ਘਰ ਗਿਆ ਜਦੋਂ ਸ਼ਾਮ ਤੱਕ ਵਾਪਸ ਨਹੀਂ ਆਇਆ ਤਾਂ ਅਸੀਂ ਪਿੰਡ ਵਿੱਚ ਉਸ ਦੀ ਭਾਲ ਕੀਤੀ, ਪਰ ਸਾਨੂੰ ਕਿਤੋਂ ਵੀ ਨਹੀਂ ਲੱਭਿਆ।ਅਸੀਂ ਵਾਰ-ਵਾਰ ਸਾਡੇ ਹੀ ਪਿੰਡ ਦੇ ਸ਼ੱਕੀ ਬੰਦਿਆਂ ਦੇ ਘਰ ਜਾਂਦੇ ਰਹੇ। ਪਰਵਾਰ ਨੇ ਦੱਸਿਆ ਕਿ ਸੂਰਜ ਸਿੰਘ, ਰਾਮ ਸਿੰਘ, ਜੋ ਕਿ ਨਸ਼ੇ ਦਾ ਕਾਰੋਬਾਰ ਕਰਦੇ ਹਨ, ਇਨਾਂ ਨੇ ਸਾਡਾ ਲੜਕਾ ਰਜਾਈ ਦੇ ਕੇ ਮੰਜੇ ਉੱਪਰ ਲੁਕੋ ਰੱਖਿਆ ਸੀ,ਅਸੀਂ ਜਦੋਂ ਧੱਕੇ ਨਾਲ ਉਹ ਰਜਾਈ ਚੱਕੀ ਤਾਂ ਦੇਖਿਆ ਕਿ ਇਹ ਤਾਂ ਸਾਡਾ ਹੀ ਲੜਕਾ ਹੈ, ਦੇਖਿਆ ਕਿ ਉਸ ਦੇ ਹੱਥ ਉਪਰ ਟੀਕਾ ਲੱਗਣ ਦਾ ਨਿਸ਼ਾਨ ਸੀ। ਫਿਰ ਅਸੀਂ ਪੁਲਸ ਪ੍ਰਸ਼ਾਸਨ ਅਤੇ ਪਿੰਡ ਦੇ ਪਤਵੰਤੇ ਸੱਜਣਾਂ ਨੂੰ ਮੌਕੇ ਉੱਪਰ ਬੁਲਾ ਕੇ ਹਸਪਤਾਲ ਲੈ ਗਏ, ਜਿੱਥੇ ਕਿ ਉਸ ਨੂੰ ਮ੍ਰਿਤਕ ਘੋਸ਼ਿਤ ਕੀਤਾ ਗਿਆ। ਅਸੀਂ ਇਸ ਦੀ ਸੂਚਨਾ ਨੇੜੇ ਦੇ ਥਾਣੇ ਧਰਮਗੜ੍ਹ ਵਿੱਚ ਦਿੱਤੀ। ਥਾਣਾ ਧਰਮਗੜ੍ਹ ਦੇ ਇੰਚਾਰਜ ਨੇ ਦੱਸਿਆ ਕਿ ਪਿਤਾ ਅਵਤਾਰ ਸਿੰਘ ਦੇ ਬਿਆਨਾਂ ਦੇ ਉੱਪਰ ਸੂਰਜ ਸਿੰਘ ਅਤੇ ਰਾਮ ਸਿੰਘ ਦੇ ਖਿਲਾਫ ਮੁਕਦਮਾ ਨੰਬਰ 11 ਧਾਰਾ 105/3 (5) ਲਗਾ ਕੇ ਦਰਜ ਕੀਤਾ ਗਿਆ। ਦੋਸ਼ੀਆਂ ਦੀ ਭਾਲ ਜਾਰੀ ਤਫਤੀਸ਼ ਕਰਨ ਤੋਂ ਬਾਅਦ ਬਣਦੀ ਕਾਰਵਾਈ ਕੀਤੀ ਜਾਵੇਗੀ ਲਾਸ਼ ਦਾ ਪੋਸਟਮਾਰਟਮ ਕਰਵਾ ਕੇ ਵਾਰਸਾਂ ਹਵਾਲੇ ਕੀਤਾ ਜਾਵੇਗਾ।

# ਭਾਰਤੀ ਕਿਸਾਨ ਯੂਨੀਅਨ ਦੇ ਆਗੂਆਂ ਨੂੰ ਚੰਡੀਗੜ੍ਹ ਜਾਣ ਤੋਂ ਰੋਕਿਆ



**ਬੁਢਲਾਡਾ, (ਅਸ਼ੋਕ ਲਾਕੜਾ)**

ਭਾਰਤੀ ਕਿਸਾਨ ਯੂਨੀਅਨ ਏਕਤਾ ਬੁਢਲਾਡਾ ਬਲਾਕ ਦੇ ਜਰਨਲ ਸਕੱਤਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜਗਜੀਤ ਸਿੰਘ ਡੱਲੇਵਾਲ ਦੇ 100 ਦਿਨ ਪੂਰੇ ਹੋ ਚੁੱਕੇ ਹਨ। ਸਾਡੀ ਜਥੇਬੰਦੀ ਨੇ ਜਗਜੀਤ ਸਿੰਘ ਡੱਲੇਵਾਲ ਨੇ ਗੈਰ ਰਾਜਨੀਤਕ ਢੰਗ ਨਾਲ ਜਥੇਬੰਦੀਆਂ ਵੱਲੋਂ ਸਾਰੇ ਪੰਜਾਬ ਅਤੇ ਸਾਰੇ ਭਾਰਤ ਦੇ ਵਿੱਚ ਰੱਖਿਆ ਹੈ। ਉਨ੍ਹਾਂ ਕਿਹਾ ਕਿ ਰਾਮਪੁਰਾ ਮੰਡੇਰ ਦੇ ਕਿਸਾਨ ਆਗੂ ਜੋ ਕਿ ਡੀਸੀ ਦਫਤਰ ਨੂੰ ਜਾ ਰਹੇ ਸਨ।ਪੰਜਾਬ ਦੀ ਪੁਲਿਸ ਨੇ ਉਹਨਾਂ ਨੂੰ ਧੱਕੇ ਨਾਲ ਉੱਥੇ ਆਉਣ ਤੋਂ ਰੋਕਿਆ। ਜ਼ਿਲੇ ਦੀ ਟੀਮ ਵੱਲੋਂ ਉਨ੍ਹਾਂ ਦੀ ਡਿਊਟੀ ਇੱਥੇ ਇਨ੍ਹਾਂ ਕਿਸਾਨਾਂ ਦੇ ਕੋਲ ਲਾਈ ਗਈ ਹੈ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਪੰਜਾਬ ਸਰਕਾਰ ਦੇ ਹੇਠ ਪੁਲਸ ਪ੍ਰਸ਼ਾਸਨ ਨੇ ਬਹੁਤ ਕਿਸਾਨਾਂ ਨਾਲ ਬੇਵਜ੍ਹਾ ਧੱਕਾ ਕੀਤਾ ਹੈ ਤੇ ਅਸੀਂ ਆਪਣੀ ਆਪਣੀਆਂ ਮੰਗਾਂ ਨੂੰ ਲਾਗੂ ਕਰਵਾਉਣ ਵਾਸਤੇ ਕੇਂਦਰ ਅਤੇ ਪੰਜਾਬ ਸਰਕਾਰ ਦੇ ਉੱਤੇ ਦਬਾਅ ਪਾ ਰਹੇ ਹਾਂ ਅਤੇ ਉਨ੍ਹਾਂ ਕਿਹਾ ਕਿ ਸਾਡੀਆਂ ਮੰਗਾਂ ਨੂੰ ਜਲਦੀ ਹੀ ਲਾਗੂ ਕੀਤਾ ਜਾਵੇ, ਐੱਮ ਐੱਸ ਪੀ ਸਾਨੂੰ 23 ਫਸਲਾਂ ਦੇ ਉੱਤੇ ਉਹ ਦਿੱਤੀ ਜਾਵੇ। ਇਹਨਾਂ ਮੰਗਾਂ ਨੂੰ ਪੂਰਾ ਕਰਨ ਲਈ ਅਸੀਂ ਡੀ ਸੀ ਹੈੱਡਕੁਆਰਟਰ ਉੱਤੇ 100 ਕਿਸਾਨ ਨੇ ਭੁੱਖ ਹੜਤਾਲ ਰੱਖੀ।ਇਸ ਮੌਕੇ ਕਿਸਾਨੀ ਆਗੂਆਂ ਨੇ ਆਪਣੀ ਮੰਗਾਂ ਪੂਰੀਆਂ ਕਰਵਾਉਣ ਲਈ ਕਿਹਾ ਕਿ ਸਵਾਮੀਨਾਥਨ ਜਿਹੜੇ ਖੇਤੀਬਾੜੀ ਮੰਤਰੀ ਰਹੇ ਸਨ। ਉਨ੍ਹਾ ਵੱਲੋਂ ਬਣਾਈ ਫਸਲਾਂ ਦੇ ਭਾਆਂ ਤੇ ਐੱਮ ਐੱਸ ਪੀ ਲੈਣ ਲਈ ਤੇ ਕਿਸਾਨਾਂ ਮਜ਼ਦੂਰਾਂ ਦੇ ਉੱਤੇ ਕਰਜ਼ੇ ਦੀ ਕਾਪੀ ਲਈ ਅਸੀਂ ਚੰਡੀਗੜ੍ਹ ਤੱਕ ਕੂਚ ਕਰ ਰਹੇ ਹਨ।

# ਪੰਜਾਬ ਸਰਕਾਰ ਤੁਰੀ ਕੇਂਦਰ ਸਰਕਾਰ ਦੀਆਂ ਪੈੜਾਂ 'ਤੇ

**ਦੋਰਾਹਾ, (ਹਰਮਿੰਦਰ ਸੇਠ)**

ਆਲ ਇੰਡੀਆ ਕਿਸਾਨ ਸਭਾ ਜ਼ਿਲਾ ਲੁਧਿਆਣਾ ਵੱਲੋਂ ਬੁੱਧਵਾਰ ਦੋਰਾਹਾ ਵਿਚ ਚੰਡੀਗੜ੍ਹ ਧਰਨੇ ਤੇ ਜਾਣ ਤੋਂ ਰੋਕੇ ਜਾਣ ਉਪਰੰਤ ਉਨ੍ਹਾਂ ਦੋਰਾਹਾ ਵਿਖੇ ਰੋਸ ਪ੍ਰਦਰਸ਼ਨ ਕੀਤਾ। ਡਾ. ਵੀ ਐੱਸ ਔਲਖ, ਪ੍ਰਧਾਨ ਜਸਵੀਰ ਝੱਜ, ਜਨਰਲ ਸਕੱਤਰ ਚਮਕੌਰ ਸਿੰਘ ਬਰਮੀ ਨੇ ਕਿਹਾ ਕਿ ਇਹ ਬਹੁਤ ਹੀ ਮੰਦਭਾਗਾ ਹੈ ਕਿ ਸੂਬੇ ਦੇ ਮੁੱਖ ਮੰਤਰੀ ਨੇ ਕਿਸਾਨਾਂ ਨਾਲ ਜਿਸ ਢੰਗ ਦਾ ਵਰਤਾਅ, ਖੁਦ ਬੁਲਾਈ ਮੀਟਿੰਗ ਵਿਚ ਕੀਤਾ, ਇਹ ਸੂਬੇ ਮੁੱਖ ਮੰਤਰੀ ਨੂੰ ਸ਼ੋਭਾ ਨਹੀਂ ਦਿੰਦਾ। ਹੋਰ ਵੀ ਮੰਦ ਭਾਗਾ ਹੈ ਕਿ ਕਿਸਾਨਾਂ ਨੂੰ ਆਪਣੀ ਗੱਲ ਕਹਿਣ ਲਈ ਉਨ੍ਹਾਂ ਦੀ ਰਾਜਧਾਨੀ ਵਿਚ ਰੋਕਿਆ ਜਾ ਰਿਹਾ ਹੈ। ਜਿਵੇਂ ਕੇਂਦਰ ਸਰਕਾਰ ਦੇਸ਼ ਦੀ ਰਾਜਧਾਨੀ ਵਿਚ ਜਾਣ ਤੋਂ ਰੋਕ ਰਹੀ ਹੈ। ਬਹੁਤ ਅਫਸੋਸ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਗੱਲ ਸੁਣਨ ਦੀ ਥਾਂ ਕੇਂਦਰ ਸਰਕਾਰ ਦੇ ਰਾਹ ਤੁਰ ਪਈ ਹੈ। ਇਸ ਤਰ੍ਹਾਂ ਦਾ ਮਹੌਲ ਪੰਜਾਬ ਲਈ ਨੁਕਸਾਨਦੇਹ ਸਿੱਧ ਹੋਵੇਗਾ। ਮੁੱਖ ਮੰਤਰੀ ਨੂੰ ਚਾਹੀਦਾ ਹੈ ਕਿ ਸੁਖਾਵਾਂ ਮਹੌਲ ਸਿਰਜ ਕੇ ਕਿਸਾਨ ਆਗੂਆਂ ਨੂੰ ਗੱਲਬਾਤ ਲਈ ਬੁਲਾਇਆ ਜਾਵੇ ਅਤੇ ਠਰ੍ਹੰਮੇ ਨਾਲ ਮਸਲੇ ਹੱਲ ਕੀਤੇ ਜਾਣ।ਇਸ ਸਮੇਂ ਉਨ੍ਹਾ ਨਾਲ ਨਰਿੰਦਰ ਸਿੰਘ ਮਾਨ ਲੁਧਿਆਣਾ, ਦਰਸ਼ਨ ਸਿੰਘ ਬਰਮਾਲੀਪੁਰ , ਸਤਨਾਮ ਸਿੰਘ ਖੁਰਲ, ਕੇਵਲ ਸਿੰਘ ਬਣਵੈਤ, ਡਾ. ਬੀ ਐੱਸ ਔਲਖ, ਬਲਦੇਵ ਸਿੰਘ ਦੁੱਗਰੀ, ਮੇਵਾ ਸਿੰਘ ਦੁੱਗਰੀ ਅਤੇ ਅਵਤਾਰ ਸਿੰਘ ਦੋਰਾਹਾ ਆਦਿ ਸਨ।



ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Singh @ Chand Fatehpuri**

ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

6-March-PAGE-3.qxd 3/5/2025 10:48 PM Page 1



## 8 ਦੀ ਅਨੰਦਪੁਰ ਸਾਹਿਬ ਅਧਿਆਪਕ ਰੈਲੀ ਲਈ ਕੀਤੀ ਤਿਆਰੀ ਮੀਟਿੰਗ

**ਧਾਰੀਵਾਲ (ਗੁਰਦਾਸਪੁਰ) (ਮਨਦੀਪ ਸਿੰਘ ਵਿੱਕੀ)**
ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਦੀ ਮੀਟਿੰਗ ਸਥਾਨਕ ਗੁਰੂ ਨਾਨਕ ਪਾਰਕ ਗੁਰਦਾਸਪੁਰ ਵਿਖੇ ਜ਼ਿਲ੍ਹਾ ਪ੍ਰਧਾਨ ਕੁਲਦੀਪ ਪੁਰੋਵਾਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਵੱਖ ਵੱਖ ਬਲਾਕ ਆਗੂਆਂ ਵੱਲੋਂ ਹਿੱਸਾ ਲਿਆ ਗਿਆ। ਮੀਟਿੰਗ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਜਨਰਲ ਸਕੱਤਰ ਦਿਲਦਾਰ ਭੰਡਾਲ ਨੇ ਦੱਸਿਆ ਕਿ 8 ਮਾਰਚ ਨੂੰ ਸਾਂਝੇ ਅਧਿਆਪਕ ਮੋਰਚੇ ਦੇ ਸੱਦੇ 'ਤੇ ਅਨੰਦਪੁਰ ਸਾਹਿਬ ਵਿਖੇ ਸਿੱਖਿਆ ਮੰਤਰੀ ਦੀਆਂ ਅਧਿਆਪਕ ਵਿਰੋਧੀ ਨੀਤੀਆਂ ਵਿਰੁੱਧ ਕੀਤੀ ਜਾ ਰਹੀ ਸੂਬਾ ਪੱਧਰੀ ਰੈਲੀ ਵਿੱਚ ਗੁਰਦਾਸਪੁਰ ਤੋਂ ਵੱਡੀ ਗਿਣਤੀ ਵਿੱਚ ਜਾਣ ਸਬੰਧੀ ਤਿਆਰੀ ਮੀਟਿੰਗ ਕੀਤੀ ਗਈ। ਉਹਨਾਂ ਦੱਸਿਆ ਕਿ ਸਿੱਖਿਆ ਵਿਭਾਗ ਵੱਲੋਂ ਤਰੱਕੀਆਂ ਵਿੱਚ ਖਾਲੀ ਸਟੇਸ਼ਨ ਨਾ ਦਿਖਾਉਣ ਕਰਕੇ, ਮਿਡਲ ਸਕੂਲਾਂ ਨੂੰ ਬੰਦ ਕਰਨ ਵਿਰੁੱਧ, ਨਵੀਂ ਸਿੱਖਿਆ ਨੀਤੀ ਨੂੰ ਰੱਦ ਕਰਵਾਉਣ ਲਈ, 4/9/14 ਏ ਸੀ ਪੀ ਸਕੀਮ ਸ਼ੁਰੂ ਕਰਵਾਉਣ, ਪੇ ਕਮਿਸ਼ਨ ਦਾ ਬਕਾਇਆ 2025 ਵਿੱਚ ਦੇਣ, ਭੱਤੇ ਬਹਾਲ ਕਰਨ, ਡੀ ਏ ਦੀ ਕਿਸ਼ਤ ਜਾਰੀ ਕਰਵਾਉਣ, ਕੱਚੇ ਅਤੇ ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿੱਚ ਮਰਜ ਕਰਨ, ਪੁਰਾਣੀ ਪੈਨਸ਼ਨ ਬਹਾਲ ਕਰਨ, ਪੇਪਰਾਂ ਦੇ ਦਿਨਾਂ ਵਿੱਚ ਸੈਮੀਨਾਰ ਲਗਾਉਣ ਵਿਰੁੱਧ, ਗੈਰ ਵਿਗਿਆਨਕ ਪ੍ਰੋਜੈਕਟ ਬੰਦ ਕਰਨ, ਹਜ਼ਾਰਾਂ ਖਾਲੀ ਅਸਾਮੀਆਂ ਜਲਦ ਭਰਨ , ਸਿੱਖਿਆ ਸ਼ਾਸਤਰੀਆਂ ਨੂੰ ਉਚ ਅਧਿਕਾਰੀਆਂ ਵਜੋਂ ਨਿਯੁਕਤ ਕਰਨ ਆਦਿ ਮੰਗਾਂ ਸਬੰਧੀ ਬਲਾਕ ਪੱਧਰ 'ਤੇ ਮੀਟਿੰਗਾਂ ਕਰਕੇ 8 ਮਾਰਚ ਨੂੰ ਅਨੰਦਪੁਰ ਸਾਹਿਬ ਵਿਖੇ ਵੱਡੀ ਗਿਣਤੀ ਵਿੱਚ ਅਧਿਆਪਕ ਜਾਣਗੇ। ਆਗੂਆਂ ਕਿਹਾ ਕਿ ਸਿੱਖਿਆ ਮੰਤਰੀ ਨੂੰ ਅਧਿਆਪਕ ਆਗੂਆਂ ਨਾਲ ਮੀਟਿੰਗ ਵਿੱਚ ਦਿੱਤੇ ਭਰੋਸੇ ਨੂੰ ਅਮਲੀ ਜਾਮਾ ਪਹਿਨਾਉਣ ਵੱਲ ਧਿਆਨ ਦੇਣਾ ਚਾਹੀਦਾ ਹੈ। ਜੇਕਰ ਅਧਿਆਪਕਾਂ ਅਤੇ ਵਿਦਿਆਰਥੀਆਂ ਦੇ ਹਿੱਤਾਂ ਅਨੁਸਾਰ ਮੰਗਾਂ ਦਾ ਹੱਲ ਨਾ ਕੀਤਾ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ। ਮੀਟਿੰਗ ਵਿੱਚ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਪ੍ਰਧਾਨ ਅਨਿਲ ਕੁਮਾਰ ਲਾਹੌਰੀਆ, ਸੁਖਵਿੰਦਰ ਰੰਧਾਵਾ, ਨਰਿੰਦਰ ਸ਼ਰਮਾ, ਗੁਰਪ੍ਰੀਤ ਰੰਗੀਲਪੁਰ, ਮੰਗਾਲਦੀਪ, ਜੋਤ ਪਰਕਾਸ਼ ਸਿੰਘ, ਅਮਰਬੀਰ ਸਿੰਘ ਬੰਟੀ, ਮਨਜੀਤ ਸਿੰਘ, ਸੁਭਾਸ਼ ਚੰਦਰ, ਰਮੇਸ਼ ਖੁੰਡਾ, ਅਮਨਦੀਪ ਧਾਰੀਵਾਲ, ਹਰਪ੍ਰੀਤ ਸਿੰਘ, ਕਪਿਲ ਸ਼ਰਮਾ, ਸੁਖਵਿੰਦਰ ਬਟਾਲਾ, ਕਮਲ ਕੁਮਾਰ, ਲਵਪ੍ਰੀਤ ਰੋੜਾਂਵਾਲੀ, ਬਲਕਾਰ ਸਿੰਘ, ਬਲਵਿੰਦਰ ਕੁਮਾਰ, ਪਵਨ ਕੁਮਾਰ ਆਦਿ ਹਾਜ਼ਰ ਸਨ।



## ਕਿਸਾਨਾਂ ਦੀ ਕੀਤੀ ਗਈ ਗ੍ਰਿਫ਼ਤਾਰੀ ਦੀ ਮਾੜੀਮੇਘਾ ਵੱਲੋਂ ਪੁਰਜ਼ੋਰ ਨਿਖੇਧੀ

**ਤਰਨ ਤਾਰਨ**-ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ ਨੇ ਸਰਕਾਰ ਵੱਲੋਂ ਕਿਸਾਨਾਂ ਦੀ ਕੀਤੀ ਗਈ ਗ੍ਰਿਫ਼ਤਾਰੀ ਦੀ ਪੁਰਜ਼ੋਰ ਨਿਖੇਧੀ ਕੀਤੀ। ਜਦੋਂ ਕਿ ਹਿੰਦੁਸਤਾਨ ਵਿੱਚ ਰਹਿੰਦੇ ਹਰੇਕ ਵਿਅਕਤੀ ਨੂੰ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਵਿਰੁੱਧ ਅਤੇ ਆਪਣੇ ਹੱਕਾਂ ਲਈ ਸ਼ਾਂਤਮਈ ਪ੍ਰਦਰਸ਼ਨ ਕਰਨ ਦਾ ਹੱਕ ਹੈ। ਕੇਂਦਰ ਦੀ ਬੀ ਜੇ ਪੀ ਦੀ ਅਗਵਾਈ ਵਾਲੀ ਸਰਕਾਰ ਤੇ ਪਹਿਲਾਂ ਹੀ ਜਮਹੂਰੀਅਤ ਦਾ ਘਾਣ ਕਰ ਰਹੀ ਹੈ, ਹੁਣ ਪੰਜਾਬ ਸਰਕਾਰ ਵੀ ਉਸੇ ਰਾਹ ਤੁਰ ਪਈ ਹੈ। ਮਾੜੀਮੇਘਾ ਨੇ ਕਿਹਾ ਕਿ ਕਿਸਾਨਾਂ ਦੀ ਮੰਗ ਜਾਇਜ਼ ਹੈ ਕਿ ਫ਼ਸਲਾਂ ਦੀ ਖਰੀਦ ਲਈ ਸਰਕਾਰੀ ਰੇਟ ਮੁਕਰਰ ਹੋਣਾ ਚਾਹੀਦਾ ਹੈ। ਐਮ ਐਸ ਪੀ ਦਾ ਮਤਲਬ ਇਹ ਹੈ ਕਿ ਸਰਕਾਰ ਫਸਲ ਦਾ ਘੱਟੋ ਘੱਟ ਸਮਰਥਨ ਮੁੱਲ ਤੈਅ ਕਰੇ ਤਾਂ ਜੋ ਵਪਾਰੀ ਉਸ ਰੇਟ ਤੋਂ ਘੱਟ ਕਿਸਾਨਾਂ ਦੀ ਫਸਲ ਖਰੀਦ ਨਾ ਸਕਣ । ਇਸੇ ਤਰ੍ਹਾਂ ਸਾਰਾ ਸਾਲ ਫਸਲ ਦਾ ਰੇਟ ਨਾ ਵਧੇ ਤੇ ਜੋ ਗ੍ਰਾਹਕ ਆਟਾ, ਦਾਲ, ਤੇਲ, ਖੰਡ ਆਦਿ ਵਸਤਾਂ ਖਰੀਦਦੇ ਹਨ, ਉਨ੍ਹਾਂ ਨੂੰ ਵੀ ਕੋਈ ਮੁਸ਼ਕਲ ਨਾ ਆਵੇ। ਇਸ ਲਈ ਸਰਕਾਰ ਸਭ ਫ਼ਸਲਾਂ ਤੇ ਐਮ ਐਸ ਪੀ ਲਾਗੂ ਕਰੇ ਤੇ ਬਾਕੀ ਵੀ ਕਿਸਾਨਾਂ ਦੀਆਂ ਜਾਇਜ਼ ਮੰਗਾਂ ਮੰਨੀਆਂ ਜਾਣ। ਸਰਕਾਰ ਕਿਸਾਨਾਂ ਨੂੰ ਫੌਰੀ ਤੌਰ 'ਤੇ ਰਿਹਾਅ ਕਰੇ।

## ਜੱਸਾ ਸਿੰਘ ਰਾਮਗੜ੍ਹੀਆ ਚੌਕ 'ਚ ਗੰਦਗੀ ਦੇ ਢੇਰ ਲਗਾਉਣਾ ਮੰਦਭਾਗਾ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**
ਕਾਦੀਆਂ ਸ਼ਹਿਰ ਜੋ ਕਿ ਅੰਤਰਰਾਸ਼ਟਰੀ ਮੁਸਲਿਮ ਜਮਾਤ ਦੇ ਨਾਂਅ ਨਾਲ ਆਪਣੀ ਅਹਿਮ ਪਹਿਚਾਣ ਰੱਖਦਾ ਹੈ ਅਤੇ ਇੱਥੇ ਹਰ ਸਾਲ ਦੇਸ਼ਾਂ ਵਿਦੇਸ਼ਾਂ ਤੋਂ ਵੱਡੀ ਤਾਦਾਦ ਵਿੱਚ ਸ਼ਰਧਾਲੂ ਪਹੁੰਚਦੇ ਹਨ । ਪਰ ਬੱਸ ਸਟੈਂਡ ਕਾਦੀਆਂ ਨਜ਼ਦੀਕ ਜੱਸਾ ਸਿੰਘ ਰਾਮਗੜ੍ਹੀਆ ਚੌਕ ਜੱਸਾ ਸਿੰਘ ਦੀ ਮੂਰਤੀ ਦੇ ਨਜ਼ਦੀਕ ਗੰਦਗੀ ਦੇ ਢੇਰ ਲਗਾਉਣਾ ਅਤੇ ਪੂਰੇ ਸ਼ਹਿਰ ਦੇ ਵਿੱਚ ਸੀਵਰੇਜ ਪੱਖੋਂ ਸਾਫ ਸਫਾਈ ਪੱਖੋਂ ਪੂਰਾ ਸ਼ਹਿਰ ਪਛੜਿਆ ਹੋਇਆ ਹੈ ਅਤੇ ਇਲਾਕੇ ਦੇ ਲੋਕ ਕਾਫੀ ਪਰੇਸ਼ਾਨ ਵੀ ਦਿਖਾਈ ਦਿੰਦੇ ਹਨ। ਵਿਰੋਧੀ ਧਿਰ ਦੇ ਨੇਤਾ ਤੇ ਹਲਕਾ ਵਿਧਾਇਕ ਕਾਦੀਆਂ ਪ੍ਰਤਾਪ ਸਿੰਘ ਬਾਜਵਾ, ਸਾਬਕਾ ਕੈਬਨਿਟ ਮੰਤਰੀ ਤ੍ਰਿਪਤ ਰਜਿੰਦਰ ਸਿੰਘ ਬਾਜਵਾ ਤੇ ਮੌਜੂਦਾ ਹਲਕਾ ਵਿਧਾਇਕ ਫਤਿਹਗੜ੍ਹ ਚੂੜੀਆਂ ਸਾਬਕਾ ਵਿਧਾਇਕ ਬੀਬੀ ਚਰਨਜੀਤ ਕੌਰ ਬਾਜਵਾ ਸਾਬਕਾ ਹਲਕਾ ਵਿਧਾਇਕ ਅਤੇ ਸੀਨੀਅਰ ਭਾਜਪਾ ਨੇਤਾ ਫਤਿਹ ਜੰਗ ਸਿੰਘ ਬਾਜਵਾ ਦਾ ਸ਼ਹਿਰ ਰਿਹਾਇਸ਼ੀ ਹੋਣ ਕਾਰਨ ਫਿਰ ਵੀ ਪਛੜਿਆ ਹੋਇਆ ਹੈ। ਆਮ ਆਦਮੀ ਪਾਰਟੀ ਦੇ ਨੇਤਾ ਅਤੇ ਹਲਕਾ ਇੰਚਾਰਜ ਕਾਦੀਆਂ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਗੁਰਦਾਸਪੁਰ ਵਰਗੇ ਸਿਆਸੀ ਲੀਡਰ ਸ਼ਹਿਰ ਵਿੱਚ ਮੌਜੂਦ ਹੋਣ ਤੇ ਇਸ ਦੇ ਬਾਵਜੂਦ ਕਾਦੀਆਂ ਸ਼ਹਿਰ ਬੁਰੀ ਤਰ੍ਹਾਂ ਪਛੜਿਆ ਹੋਵੇ ਉੱਥੇ ਸਾਫ ਸਫਾਈ ਦਾ ਕੋਈ ਪ੍ਰਬੰਧ ਨਾ ਹੋਵੇ, ਇਹ ਬਹੁਤ ਹੀ ਮੰਦਭਾਗੀ ਗੱਲ ਹੈ। ਸ਼ਹਿਰ ਵਿੱਚ ਏਨੇ ਲੀਡਰ ਹੋਣ ਦੇ ਬਾਵਜੂਦ ਜੇਕਰ ਸ਼ਹਿਰ ਦਾ ਇਹ ਹਾਲ ਹੈ ਤੇ ਬਾਕੀ ਸ਼ਹਿਰਾਂ ਦਾ ਅਸੀਂ ਕੀ ਅੰਦਾਜ਼ਾ ਲਗਾ ਸਕਦੇ ਹਾਂ। ਪੰਜਾਬ 'ਚ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਬਣਿਆਂ ਬੇਸ਼ੱਕ ਤਿੰਨ ਸਾਲ ਦਾ ਸਮਾਂ ਬੀਤ ਚੁੱਕਿਆ ਹੈ ਪਰ ਸ਼ਹਿਰ ਵਿੱਚ ਬਰਸਾਤੀ ਦਿਨਾਂ ਦੇ 'ਚ ਹਾਲਾਤ ਏਨੇ ਮਾੜੇ ਹੁੰਦੇ ਹਨ ਕਿ ਲੋਕਾਂ ਦਾ ਇੱਥੋਂ ਲੰਘਣਾ ਵੀ ਮੁਸ਼ਕਲ ਹੋ ਜਾਂਦਾ ਹੈ। ਸ਼ਹਿਰ ਦੇ ਕੁਝ ਮਹੱਲੇ ਅਜਿਹੇ ਹਨ ਜੋ ਕਿ ਬਰਸਾਤੀ ਪਾਣੀ ਦੇ ਨਾਲ ਘਰਾਂ ਦੇ ਅੰਦਰ ਤੱਕ ਪਾਣੀ ਚਲਿਆ ਜਾਂਦਾ ਹੈ ਅਤੇ ਲੋਕਾਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ। ਜੇਕਰ ਸ਼ਹਿਰ ਦੀਆਂ ਸੜਕਾਂ ਵੱਲ ਝਾਤ ਮਾਰੀ ਜਾਵੇ ਤਾਂ ਸ਼ਹਿਰ ਦੀਆਂ ਸੜਕਾਂ ਬੁਰੀ ਤਰ੍ਹਾਂ ਟੁੱਟੀਆਂ ਹੋਈਆਂ ਹਨ। ਬੀਤੇ ਦਿਨੀਂ ਸ੍ਰੀ ਚੋਲਾ ਸਾਹਿਬ ਦੇ ਮੇਲੇ ਦੌਰਾਨ ਹਜ਼ਾਰਾਂ ਦੀ ਤਾਦਾਦ ਵਿੱਚ ਸੰਗਤਾਂ ਇਹਨਾਂ ਟੁੱਟੀਆਂ ਸੜਕਾਂ ਤੋਂ ਗੁਜ਼ਰਦੀਆਂ ਹੋਈਆਂ ਲੀਡਰਾਂ ਨੂੰ ਕੋਸਦੀਆਂ ਨਜ਼ਰ ਆਈਆਂ।ਸਥਾਨਕ ਲੋਕਾਂ ਨੇ ਇਤਰਾਜ਼ ਜਤਾਉਂਦੇ ਹੋਏ ਕਿਹਾ ਹੈ ਕਿ ਜੋ ਕਾਦੀਆਂ ਸ਼ਹਿਰ ਵਿੱਚ ਚੌਕ, ਜਿਸ ਵਿੱਚ ਜੱਸਾ ਸਿੰਘ ਰਾਮਗੜ੍ਹੀਆ ਦੀ ਇੱਕ ਮੂਰਤੀ ਲੱਗੀ ਹੋਈ ਹੈ, ਉਸ ਦੇ ਨਜ਼ਦੀਕ ਅਜਿਹੀ ਗੰਦਗੀ ਅਤੇ ਸ਼ਹਿਰ ਦੇ ਵੱਖ-ਵੱਖ ਥਾਵਾਂ 'ਤੇ ਕੂੜੇ ਦੇ ਢੇਰਾਂ ਅਤੇ ਟੁੱਟੀਆਂ ਸੜਕਾਂ ਦੇ ਕਾਰਨ ਜਿੱਥੇ ਲੋਕਾਂ ਨੂੰ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਇਸ ਵੱਲ ਧਿਆਨ ਦੇਣ ਦੀ ਲੋੜ ਹੈ।



## ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਵਿਖੇ 7 ਰੋਜ਼ਾ ਹੋਲਾ ਮਹੱਲਾ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**
ਛੇਵੇਂ ਪਾਤਿਸ਼ਾਹਿ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੀ ਚਰਨ ਛੋਹ ਪ੍ਰਾਪਤ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਵਿਖੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਦੀ ਅਗਵਾਈ ਹੇਠ 56ਵਾਂ 7 ਰੋਜ਼ਾ ਹੋਲਾ ਮਹੱਲਾ ਇਲਾਕੇ ਦੀਆਂ ਸੰਗਤਾਂ ਵਲੋਂ ਬੜੀ ਸ਼ਰਧਾ ਭਾਵਨਾ ਅਤੇ ਉਤਸ਼ਾਹ ਮਨਾਇਆ ਗਿਆ। ਮੱਸਿਆ ਵਾਲੇ ਦਿਨ ਤੋਂ ਸ਼ੁਰੂ ਹੋਏ ਹੋਲਾ ਮਹੱਲਾ ਸਮਾਗਮਾਂ ਵਿੱਚ ਰੋਜ਼ਾਨਾ ਸਜਾਏ ਧਾਰਮਿਕ ਦੀਵਾਨਾਂ ਵਿਚ ਉੱਚਕੋਟੀ ਦੇ ਢਾਡੀ ਅਤੇ ਕਵੀਸ਼ਰੀ ਜਥਿਆਂ ਵਲੋਂ ਸੰਗਤਾਂ ਨੂੰ ਵਾਰਾਂ ਰਾਹੀਂ ਨਿਹਾਲ ਕੀਤਾ ਗਿਆ। ਸਮਾਗਮ ਦੇ ਆਖਰੀ ਦਿਨ ਦੀਵਾਨ ਦੀ ਸਮਾਪਤੀ ਉਪਰੰਤ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਖੇਡ ਸਟੇਡੀਅਮ ਵਿੱਚ ਅੰਤਰਰਾਸ਼ਟਰੀ ਪੱਧਰ ਦੀਆਂ ਕਬੱਡੀ ਟੀਮਾਂ ਵਿਚਕਾਰ ਫਸਵੇਂ ਮੁਕਾਬਲੇ ਹੋਏ। ਕਬੱਡੀ ਖਿਡਾਰੀਆਂ ਨਾਲ ਸੰਤ ਬਾਬਾ ਸੱਜਣ ਸਿੰਘ ਅਤੇ ਹੋਰ ਮਹਾਪੁਰਸ਼ਾਂ ਵੱਲੋਂ ਜਾਣ ਪਛਾਣ ਕਰਨ ਉਪਰੰਤ ਕਬੱਡੀ ਦੀ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਬਾਬਾ ਗੁਰਦੀਪ ਸਿੰਘ ਖੁਜਾਲਾ, ਬਾਬਾ ਗੁਰਭੇਜ ਸਿੰਘ ਖੁਜਾਲਾ ਵਾਲੇ, ਸਾਬਕਾ ਚੇਅਰਮੈਨ ਸਖਵਿੰਦਰ ਸਿੰਘ ਗੋਲਡੀ, ਪ੍ਰਿੰਸੀਪਲ ਪ੍ਰਮਬੀਰ ਸਿੰਘ ਮੱਤੇਵਾਲ, ਪ੍ਰਿੰਸੀਪਲ ਮਾਈ ਭਾਗੋ ਕਾਲਜ ਅੰਮ੍ਰਿਤਸਰ, ਸਰਪੰਚ ਅਤੇ ਸੀਨੀਅਰ ਅਕਾਲੀ ਆਗੂ ਰਣਧੀਰ ਸਿੰਘ ਬਾਠ ਭੋਏ, ਐਡਵੋਕੇਟ ਬਿਕਰਮਜੀਤ ਸਿੰਘ ਬਾਠ, ਬਚਿੱਤਰ ਸਿੰਘ ਮੱਤੇਵਾਲ, ਮਲਕੀਤ ਸਿੰਘ ਬਾਠ ਬੀਡੀਓ, ਰਣਜੀਤ ਸਿੰਘ ਰਾਣਾ ਬਾਬੋਵਾਲ, ਜਥੇਦਾਰ ਜਗੀਰ ਸਿੰਘ ਤਾਹਿਰਪੁਰ, ਅਵਤਾਰ ਸਿੰਘ ਸੈਕਟਰੀ, ਸੁਖਵਿੰਦਰ ਸਿੰਘ ਬਾਠ ਭੀਲੋਵਾਲ, ਬਲਕਾਰ ਸਿੰਘ ਮੱਤੇਵਾਲ ਪੀਬੀਐਸ ਮਹਿਤਾ ਚੌਂਕ ਵਾਲੇ, ਸਰਪੰਚ ਪਰੇਮ ਸਿੰਘ ਬਾਠ ਤਰਫਾਨ, ਬਾਬਾ ਸੁਖਵੰਤ ਸਿੰਘ ਚਾਨਣਕੇ, ਬਾਬਾ ਰਾਜਾ ਸਿੰਘ, ਬਾਬਾ ਸੁੱਖਾ ਸਿੰਘ, ਜਗਰੂਪ ਸਿੰਘ ਬੋਪਾ ਰਾਏ ਅਤੇ ਹੋਰ ਬਹੁਤ ਸਾਰੇ ਆਗੂ ਹਾਜ਼ਰ ਸਨ। ਸੱਤ ਰੋਜ਼ਾ ਹੋਲਾ ਮਹੱਲਾ ਅਨੰਦਪੁਰ ਸਾਹਿਬ ਦੇ ਹੋਲਾ ਮਹੱਲਾ ਸ਼ੁਰੂ ਹੋਣ ਤੋਂ ਪਹਿਲਾਂ ਮਨਾਇਆ ਜਾਂਦਾ ਹੈ।



## ਕਿਸਾਨ ਜਥੇਬੰਦੀ ਵੱਲੋਂ 9 ਨੂੰ ਸ਼ੰਭੂ ਮੋਰਚੇ 'ਤੇ ਜਾਣ ਦੀਆਂ ਤਿਆਰੀਆਂ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ਿਲ੍ਹਾ ਤਰਨ ਤਾਰਨ ਦੇ ਜ਼ੋਨ ਬਾਬਾ ਬੀਰ ਸਿੰਘ ਦੀ ਮੀਟਿੰਗ ਕਿਸਾਨ ਆਗੂ ਸੁਖਦੇਵ ਸਿੰਘ ਸ਼ਹਾਬਪੁਰ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਬਾਬਾ ਉਮਰ ਆਣਾ ਸਾਹਿਬ ਦੇ ਅਸਥਾਨ ਉੱਤੇ ਪਿੰਡ ਸੰਘੇ ਵਿੱਚ ਹੋਈ ਮੀਟਿੰਗ ਦਾ ਮੁੱਖ ਏਜੰਡਾ 9 ਮਾਰਚ ਨੂੰ ਸ਼ੰਭੂ ਮੋਰਚੇ ਵਿੱਚ ਜਾਣ ਦੀਆਂ ਤਿਆਰੀਆਂ ਦੀ ਸਮੀਖਿਆ ਕੀਤੀ ਗਈ। ਹਰ ਪਿੰਡ ਵਿੱਚ ਟਰੈਕਟਰ ਟਰਾਲੀ, ਆਟਾ, ਕਣਕ, ਬਾਲਣ ਤੇ ਖਾਣ ਪੀਣ ਦੀਆਂ ਰਸਦਾਂ ਨਾਲ ਲੈ ਕੇ ਜਾਣ ਦੀ ਤਿਆਰੀ ਕਰਵਾਈ ਗਈ। ਹੋਲਾ ਮਹੱਲਾ ਸਾਹਿਬ ਦੇ ਮੱਦੇਨਜ਼ਰ ਤਰਨ ਤਾਰਨ ਜ਼ਿਲ੍ਹਾ 9 ਮਾਰਚ ਤੋਂ 21 ਮਾਰਚ ਤੱਕ ਮੋਰਚੇ 'ਤੇ ਹਾਜ਼ਰੀ ਲਗਾਏਗਾ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਖਜ਼ਾਨਚੀ ਫਤਿਹ ਸਿੰਘ ਪਿੱਦੀ, ਜ਼ੋਨ ਪ੍ਰਧਾਨ ਸੁਖਵਿੰਦਰ ਸਿੰਘ ਦੁਗਲਵਾਲਾ, ਜਨਰਲ ਸਕੱਤਰ ਬਲਜਿੰਦਰ ਸਿੰਘ ਸੇਰੋਂ, ਜ਼ੋਨ ਆਗੂ ਨਿਸ਼ਾਨ ਸਿੰਘ ਨੇ ਕਿਹਾ ਕਿ ਦਿੱਲੀ ਮੋਰਚਾ ਜੋ ਪਿਛਲੇ ਇੱਕ ਸਾਲ ਤੋਂ ਸ਼ੰਭੂ ਤੇ ਖਨੌਰੀ ਰਤਨਪੁਰਾ ਬਾਰਡਰਾਂ 'ਤੇ ਚੱਲ ਰਿਹਾ ਹੈ, ਦਿੱਲੀ ਮੋਰਚਾ ਵਨ ਦੀਆਂ ਮੰਨੀਆਂ ਹੋਈਆਂ ਮੰਗਾਂ ਨੂੰ ਲਾਗੂ ਕਰਵਾਉਣ ਲਈ ਐਮ ਐਸ ਪੀ ਗਰੰਟੀ ਕਾਨੂੰਨ ਬਣਾਉਣ ਤੇ 23 ਫਸਲਾਂ ਦੀ ਖਰੀਦ ਐਮ ਐਸ ਪੀ ਤੈਅ ਕਰਨ, ਪ੍ਰਦੂਸ਼ਣ ਐਕਟ ਤਹਿਤ ਪਰਾਲੀ ਤੇ ਹੋਰ ਖੇਤੀਬਾੜੀ ਦੀ ਰਹਿੰਦ ਖੂੰਹਦ ਤੇ ਕਿਸਾਨੀ 'ਤੇ ਪਰਚੇ ਦਰਜ ਕਰਨੇ ਬੰਦ ਕੀਤੇ ਜਾਣ, ਐਫ ਸੀ ਆਈ ਸਮੇਤ ਸਾਰੀਆਂ ਖਰੀਦ ਏਜੰਸੀਆਂ ਦੇ ਅਧਿਕਾਰ ਖੇਤਰ ਸੀਮਤ ਨਾ ਕੀਤੇ ਜਾਣ, ਪੰਜਾਬ ਵਿੱਚ ਬੇਲੋੜੇ ਸਾਈਲੋਜ ਬਣਾਉਣੇ ਬੰਦ ਕੀਤੇ ਜਾਣ ਤੇ ਨਵੇਂ ਮੰਡੀ ਸਿਸਟਮ ਨੂੰ ਪ੍ਰਮੋਟ ਨਾ ਕੀਤਾ ਜਾਵੇ ਤੇ ਪੁਰਾਣੇ ਮੰਡੀ ਸਿਸਟਮ ਤਹਿਤ ਪੰਜਾਬ ਦਾ ਆਰ ਡੀ ਐਫ ਫੰਡ ਜੋ 9 ਹਜ਼ਾਰ ਕਰੋੜ ਬਣਦਾ ਹੈ ਪਿਛਲੇ ਪੰਜ ਸਾਲ ਤੋਂ ਕੇਂਦਰ ਸਰਕਾਰ ਸੀਜ ਕਰਕੇ ਬੈਠਾ ਹੈ ਉਸ ਨੂੰ ਰਿਲੀਜ਼ ਕੀਤਾ ਜਾਵੇ ਤਾਂ ਕਿ ਪਿੰਡਾਂ ਦੀਆਂ ਲਿੰਕ ਸੜਕਾਂ ਦੀ ਮੁਰੰਮਤ ਕੀਤੀ ਜਾਵੇ। ਬਿਜਲੀ ਐਕਟ 2023 ਰੱਦ ਕੀਤਾ ਜਾਵੇ। ਕਿਸਾਨ ਆਗੂਆਂ ਨੇ ਕੱਲ੍ਹ ਚੰਡੀਗੜ੍ਹ ਦੇ ਪੰਜਾਬ ਭਵਨ ਵਿੱਚ ਐਸ ਕੇ ਐਮ ਤੇ ਮੁੱਖ ਮੰਤਰੀ ਪੰਜਾਬ ਨਾਲ ਮੀਟਿੰਗ ਦੌਰਾਨ ਮੁੱਖ ਮੰਤਰੀ ਵੱਲੋਂ ਕਿਸਾਨ ਆਗੂਆਂ ਨਾਲ ਕੀਤੀ ਬਦ ਸਲੂਕੀ ਦੀ ਨਿਖੇਧੀ ਕੀਤੀ ਗਈ ਤੇ ਕਿਸਾਨਾਂ ਦੇ ਘਰਾਂ 'ਤੇ ਪੁਲਸ ਦੀ ਛਾਪੇਮਾਰੀ ਨੂੰ ਸ਼ਰਮਨਾਕ ਕਾਰਾ ਦੱਸਿਆ। ਇਸ ਮੌਕੇ ਆਗੂ ਅਵਤਾਰ ਸਿੰਘ ਖਜ਼ਾਨਚੀ ਸ਼ਹਾਬਪੁਰ, ਗੁਰਮਿੰਦਰ ਸਿੰਘ ਸ਼ਹਾਬਪੁਰ, ਤਜਿੰਦਰ ਸਿੰਘ ਮੁਰਾਦਪੁਰ, ਗੁਰਦਿਆਲ ਸਿੰਘ ਨੌਰੰਗਾਬਾਦ, ਸੰਤੋਖ ਸਿੰਘ ਕਲੇਰ ਫਤਿਹ ਸਿੰਘ, ਤਰਸੇਮ ਸਿੰਘ ਗਿੱਲ ਸੇਰੋਂ, ਗੁਲਜਾਰ ਸਿੰਘ ਫੌਜੀ ਸੇਰੋਂ, ਸੰਤੋਖ ਸਿੰਘ ਕਲੇਰ, ਸੁਖਦੇਵ ਸਿੰਘ ਦੀਨਪੁਰ, ਗੁਰਨਿਸ਼ਾਨ ਸਿੰਘ ਅਲਾਵਲਪੁਰ ਆਦਿ ਆਗੂ ਹਾਜ਼ਰ ਸਨ।

## ਸਮੂਹ ਨਿਹੰਗ ਸਿੰਘ ਜਥੇਬੰਦੀਆਂ ਨੇ ਜਥੇ. ਅਕਾਲ ਤਖ਼ਤ ਨੂੰ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਦਿੱਤਾ ਭਰੋਸਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**
ਸਮੁੱਚੀਆਂ ਨਿਹੰਗ ਸਿੰਘ ਜਥੇਬੰਦੀਆਂ, ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਮੁਖੀ ਬੁੱਢਾ ਦਲ ਦੀ ਅਗਵਾਈ ਵਿੱਚ ਸਿੰਘ ਸਾਹਿਬ ਜਥੇ. ਅਕਾਲ ਤਖ਼ਤ ਸਾਹਿਬ ਨੂੰ ਹਰ ਤਰ੍ਹਾਂ ਦਾ ਸਹਿਯੋਗ ਤੇ ਸਮਰਪਿਤਾ ਦੇਣ ਦਾ ਭਰੋਸਾ ਦਿੱਤਾ। ਅੱਜ ਸ੍ਰੀ ਅਕਾਲ ਤਖ਼ਤ ਸਹਿਬ ਦੇ ਸਕੱਤਰੇਤ ਵਿਖੇ ਸਿੰਘ ਸਾਹਿਬ ਜਥੇਦਾਰ ਗਿ. ਰਘਬੀਰ ਸਿੰਘ ਨੂੰ ਪੱਤਰ ਸੌਂਪਿਆ ਜਿਸ ਵਿੱਚ ਕਿਹਾ ਗਿਆ ਕਿ ਸਮੁੱਚਾ ਸਿੱਖ ਜਗਤ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਹੋਏ ਹਰ ਹੁਕਮ-ਆਦੇਸ਼, ਸੰਦੇਸ਼ ਅੱਗੇ ਸਿਰ ਝੁਕਾਉਂਦਾ ਨਿਮਰਤਾ ਪੂਰਵਕ ਉਸ ਦੀ ਪਾਲਣਾ ਕਰਦਾ ਹੈ। ਸਿੱਖ ਵੱਲੋਂ ਕੀਤੀ ਅਰਦਾਸ ਬਿਰਥਾ ਨਹੀਂ ਜਾਂਦੀ ਜੇਕਰ ਸਿੱਖ ਵਿੱਚ ਆਪਣੇ ਗੁਰੂ ਪ੍ਰਤੀ, ਅਕਾਲ ਪੁਰਖ ਦੇ ਭਾਣੇ ਨੂੰ ਮੰਨਣ ਦੀ ਚੇਸਟਾ ਪ੍ਰਬਲ ਹੈ। ਉਨ੍ਹਾਂ ਕਿਹਾ ਸਿੱਖਾਂ ਨੂੰ ਬੁੱਢਾ ਦਲ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਛੇਵੇਂ ਮੁਖੀ ਸਿੰਘ ਸਾਹਿਬ ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਜੀ ਵੱਲੋਂ ਜੰਗ ਸਮੇਂ ਕੀਤੀ ਅਰਦਾਸ ਦੇ ਮਹੱਤਵ ਤੋਂ ਸੇਧ ਲੈਣੀ ਚਾਹੀਦੀ ਹੈ।ਇਸ ਵਿੱਚ ਕੋਈ ਸ਼ੱਕ ਨਹੀਂ ਕਿ ਇੱਕ-ਇੱਕ ਨੁਕਤੇ ਤੋਂ 2 ਦਸੰਬਰ 2024 ਵਾਲਾ ਹੁਕਮਨਾਮਾ ਇਤਿਹਾਸਕ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਸਰਬਉਚ ਹੈ, ਬਖਸ਼ਿੰਦ ਹੈ ਅਤੇ ਉਥੋਂ ਜਾਰੀ ਹੁਕਮਨਾਮਿਆਂ ਨੂੰ ਨਾ ਮੰਨ ਕੇ ਸਿੱਖ ਜਗਤ ਅੰਦਰ ਕਿਸੇ ਵੀ ਸਿੱਖ ਅਤੇ ਪੰਥਕ ਧਿਰ ਦਾ ਕਦੀ ਕੋਈ ਗੁਜ਼ਾਰਾ ਨਹੀਂ ਹੋ ਸਕਦਾ। ਸਮੁੱਚੀਆਂ ਗੁਰੂ ਜੀ ਦੀਆਂ ਲਾਡਲੀਆਂ ਨਿਹੰਗ ਸਿੰਘ ਜਥੇਬੰਦੀਆਂ ਤੁਹਾਡੇ ਨਾਲ ਮੋਢੇ ਨਾਲ ਮੋਢਾ ਲਾ ਕੇ ਖੜ੍ਹੀਆਂ ਹਨ। ਉਨ੍ਹਾਂ ਸਲਾਹ ਦੇਂਦਿਆ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮ ਤੋਂ ਮੁਨਕਰ ਕੋਈ ਵੀ ਧਿਰ ਹੋਵੇ ਉਸ ਨੂੰ ਸਜ਼ਾ ਭੁਗਤਣੀ ਪਈ ਹੈ। ਨਿਹੰਗ ਸਿੰਘ ਜਥੇਬੰਦੀਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹਰ ਹੁਕਮ 'ਤੇ ਡਟ ਕੇ ਪਹਿਰਾ ਦੇਣ ਲਈ ਹਰ ਵੇਲੇ ਤਿਆਰ ਬਰ ਤਿਆਰ ਹਨ। ਅਕਾਲ ਤਖ਼ਤ ਮਹਾਨ ਹੈ, ਸਿੱਖ ਪੰਥ ਦੀ ਸ਼ਾਨ ਹੈ। ਉਨ੍ਹਾਂ ਕਿਹਾ ਮਰਯਾਦਾ ਲਈ ਪਹਿਲਾਂ ਨਿਹੰਗ ਸਿੰਘ ਕੁਰਬਾਨੀਆਂ ਦਿੰਦੇ ਰਹੇ ਹਨ ਤੇ ਅੱਜ ਵੀ ਹਰ ਕੁਰਬਾਨੀ ਦੇਣ ਲਈ ਤਿਆਰ ਹਨ। ਇਸ ਸਮੇਂ ਬਾਬਾ ਜੋਗਾ ਸਿੰਘ ਮੁਖੀ ਤਰਨਾ ਦਲ ਮਿਸਲ ਸ਼ਹੀਦ ਬਾਬਾ ਦੀਪ ਸਿੰਘ ਬਾਬਾ ਬਕਾਲਾ ਵੱਲੋਂ ਬਾਬਾ ਦਰਸ਼ਨ ਸਿੰਘ ਟਾਹਲਾ ਸਾਹਿਬ, ਬਾਬਾ ਬਿਧੀਚੰਦ ਸਾਹਿਬ ਤਰਨਾ ਦਲ ਸੁਰਸਿੰਘ ਵੱਲੋਂ ਬਾਬਾ ਨਾਹਰ ਸਿੰਘ ਸਾਧ, ਬਾਬਾ ਮੇਜਰ ਸਿੰਘ ਸੋਢੀ ਤਰਨਾ ਦਲ, ਬਾਬਾ ਨਾਗਰ ਸਿੰਘ ਹਰੀਆਂ ਬੇਲਾਂ, ਬਾਬਾ ਗੁਰਪਿੰਦਰ ਸਿੰਘ ਸਤਲਾਣੀ ਸਾਹਿਬ, ਬਾਬਾ ਵਸਣ ਸਿੰਘ, ਬਾਬਾ ਗੁਰਮੇਲ ਸਿੰਘ ਕਨੇਡਾ, ਬਾਬਾ ਕੁਲਵਿੰਦਰ ਸਿੰਘ, ਜਥੇਦਾਰ ਰਾਜਾ ਰਾਜ ਸਿੰਘ ਅਰਬਾ ਖਰਬਾ, ਬਾਬਾ ਖੜਕ ਸਿੰਘ, ਬਾਬਾ ਰਜਿੰਦਰਪਾਲ ਸਿੰਘ ਮਾਲੂਵਾਲ, ਬਾਬਾ ਵੱਸਣ ਸਿੰਘ ਮੜ੍ਹੀਆਵਾਲੇ, ਬਾਬਾ ਰਘਬੀਰ ਸਿੰਘ ਖਿਆਲਾ, ਬਾਬਾ ਤਰਸੇਮ ਸਿੰਘ ਨਾਨਕਸਰ, ਜਥੇਦਾਰ ਬਲਵਿੰਦਰ ਸਿੰਘ ਮਹਿਤਾ ਚੌਂਕ, ਜਥੇਦਾਰ ਪ੍ਰਗਟ ਸਿੰਘ, ਜਥੇਦਾਰ ਸੁਖਵਿੰਦਰ ਸਿੰਘ ਮੜ੍ਹੀਆਵਾਲੇ, ਜਥੇਦਾਰ ਬਲਦੇਵ ਸਿੰਘ ਵੱਲਾ, ਜਥੇਦਾਰ ਕੁਲਵਿੰਦਰ ਸਿੰਘ ਚੌਂਤਾ, ਜਥੇਦਾਰ ਹਰਜਿੰਦਰ ਸਿੰਘ ਮੁਕਤਸਰ, ਬਾਬਾ ਸ਼ੇਰ ਸਿੰਘ, ਭਾਈ ਸੁਖਜੀਤ ਸਿੰਘ ਕਨ੍ਹੱਈਆ, ਬਾਬਾ ਜੋਗਾ ਸਿੰਘ ਕਰਨਾਲਵਾਲੇ, ਬਾਬਾ ਕਰਮਜੀਤ ਸਿੰਘ ਯਮਨਾਨਗਰ ਤੋਂ ਇਲਾਵਾ ਬੇਅੰਤ ਨਿਹੰਗ ਸਿੰਘ ਫੌਜਾਂ ਹਾਜ਼ਰ ਸਨ।

## ਚੰਦਰਭਾਨ ਦੇ ਨੌਜਵਾਨ 'ਤੇ ਹੋਇਆ ਜਾਨਲੇਵਾ ਹਮਲਾ

**ਗੁਰਦਾਸਪੁਰ, (ਜਨਕ ਮਹਾਜਨ)**-ਪੁਲਸ ਸਟੇਸ਼ਨ ਪੁਰਾਣਾ ਸ਼ਾਲਾ ਅੰਦਰ ਪੈਂਦੇ ਪਿੰਡ ਚੰਦਰਭਾਨ ਦੇ ਇਕ ਨੌਜਵਾਨ 'ਤੇ ਕੁਝ ਨਾ-ਮਾਲੂਮ ਵਿਅਕਤੀਆਂ ਵਲੋਂ ਪੁਰਾਣੀ ਰੰਜਿਸ਼ ਤਹਿਤ ਤੇਜ਼ ਹਥਿਆਰਾਂ ਨਾਲ ਜਾਨਲੇਵਾ ਹਮਲਾ ਕਰਕੇ ਉਸ ਨੂੰ ਗੰਭੀਰ ਰੂਪ ਵਿਚ ਜ਼ਖਮੀ ਕਰਨ ਦਾ ਸਮਾਚਾਰ ਹੈ। ਪੀੜਤ ਨੌਜਵਾਨ ਜਸਪਾਲ ਸਿੰਘ ਜੋ ਕਿ ਸਿਵਲ ਹਸਪਤਾਲ ਵਿਖੇ ਜ਼ੇਰੇ ਇਲਾਜ਼ ਹੈ, ਨੇ ਦੱਸਿਆ ਕਿ ਉਹ ਸ਼ਾਮ ਨੂੰ 5 ਵਜੇ ਦੇ ਕਰੀਬ ਆਪਣੇ ਪਿੰਡ ਨੂੰ ਜਾ ਰਿਹਾ ਸੀ ਕਿ ਪਿੱਛੋਂ ਦੋ ਗੱਡੀਆਂ ਆਈਆਂ ਜਿਨ੍ਹਾਂ ਵਿਚ ਅੱਧੀ ਦਰਜਨ ਦੇ ਕਰੀਬ ਨਾ-ਮਾਲੂਮ ਵਿਅਕਤੀ ਸਵਾਰ ਸਨ। ਉਨ੍ਹਾਂ ਗੱਡੀ ਵਿਚੋਂ ਉਤਰ ਕੇ ਮੇਰੇ ਉਪਰ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰਕੇ ਮੈਨੂੰ ਗੰਭੀਰ ਰੂਪ ਵਿਚ ਜ਼ਖਮੀ ਕਰ ਦਿੱਤਾ। ਉਕਤ ਵਿਅਕਤੀਆਂ ਨੇ ਮੇਰੀ ਕੁੱਟਮਾਰ ਵਾਲੀ ਵੀਡੀਓ ਵੀ ਸੋਸ਼ਲ ਮੀਡੀਆ 'ਤੇ ਵਾਇਰਲ ਕੀਤੀ ਹੈ। ਇਸ ਸਬੰਧੀ ਜਦੋਂ ਥਾਣਾ ਪੁਰਾਣਾ ਸ਼ਾਲਾ ਦੇ ਐਸ. ਐਚ. ਓ. ਮੋਹਨ ਲਾਲ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਪੀੜਤ ਨੌਜਵਾਨ ਜਸਪਾਲ ਸਿੰਘ ਦੇ ਏ.ਐਸ.ਆਈ. ਮਨਜੀਤ ਸਿੰਘ ਨੇ ਬਿਆਨਾਂ ਦਰਜ ਕਰ ਲਏ ਹਨ ਅਤੇ ਕੁੱਟਮਾਰ ਕਰਨ ਵਾਲੇ ਨੌਜਵਾਨਾਂ ਖ਼ਿਲਾਫ਼ ਜਲਦ ਹੀ ਮਾਮਲਾ ਦਰਜ ਕਰ ਲਿਆ ਜਾਵੇਗਾ।

## ਕਾਮਰੇਡ ਲਖਬੀਰ ਸਿੰਘ ਨਿਜ਼ਾਮਪੁਰ ਪੁਲਸ ਵੱਲੋਂ ਗ੍ਰਿਫਤਾਰ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੇ ਸੂਬਾ ਮੀਤ ਪ੍ਰਧਾਨ ਲਖਬੀਰ ਸਿੰਘ ਨਿਜ਼ਾਮਪੁਰ ਦੀ ਅਗਵਾਈ ਹੇਠ ਸੰਯੁਕਤ ਕਿਸਾਨ ਮੋਰਚੇ ਵੱਲੋਂ ਚੰਡੀਗੜ੍ਹ ਵਿਖੇ ਲਾਏ ਜਾਣ ਵਾਲੇ ਪੱਕੇ ਮੋਰਚੇ ਹਿੱਸਾ ਲੈਣ ਇੱਕ ਜਥਾ ਅੱਜ ਨਵਾਂ ਪਿੰਡ ਤੋਂ ਰਵਾਨਾ ਹੋਇਆ। ਜਿਸ ਨੂੰ ਜੰਡਿਆਲਾ ਗੁਰੂ ਪੁਲਸ ਦੇ ਐਸ ਐਚ ਓ ਕੁਲਵਿੰਦਰ ਸਿੰਘ ਦੀ ਅਗਵਾਈ ਹੇਠ ਜੀ ਟੀ ਰੋਡ ਤੇ ਜੰਡਿਆਲਾ ਗੁਰੂ ਤੋਂ ਹਿਰਾਸਤ ਵਿੱਚ ਲੈ ਕੇ ਥਾਣਾ ਜੰਡਿਆਲਾ ਗੁਰੂ ਵਿਖੇ ਬੰਦ ਕਰ ਦਿੱਤਾ। ਇਸ ਜਥੇ ਵਿੱਚ ਗੁਰਮੇਜ ਸਿੰਘ ਮੱਖਣਵਿੰਡੀ, ਤਰਸੇਮ ਸਿੰਘ ਨੰਗਲ, ਕਰਨੈਲ ਸਿੰਘ, ਜਰਨੈਲ ਸਿੰਘ ਨਵਾਂ ਪਿੰਡ, ਧਰਮਿੰਦਰ ਸਿੰਘ ਕਿਲਾ, ਰਾਜਬੀਰ ਸਿੰਘ ਫਤਿਹਪੁਰ ਸ਼ਾਮਲ ਹਨ।

## ਪੰਜਾਬ ਸਰਕਾਰ ਨੂੰ ਕਿਸਾਨਾਂ ਦੀ ਗੱਲ ਸੁਣਨੀ ਚਾਹੀਦੀ : ਪ੍ਰਿੰ: ਤਰਸਿੱਕਾ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਪੰਜਾਬ ਸਰਕਾਰ ਨੂੰ ਕਿਸਾਨਾਂ ਦੀ ਗੱਲ ਸੁਣਨੀ ਚਾਹੀਦੀ ਤੇ ਸੂਝਬੂਝ ਨਾਲ ਸਾਰੇ ਮਸਲਿਆਂ ਦਾ ਹੱਲ ਵੀ ਕੱਢਣਾ ਚਾਹੀਦਾ ਹੈ ਤਾਂ ਜੋ ਕਰਜ਼ੇ ਦੇ ਬੋਝ ਥੱਲੇ ਦੱਬੇ ਹੋਏ ਕਿਸਾਨਾਂ ਨੂੰ ਕੁਝ ਰਾਹਤ ਮਿਲ ਸਕੇ। ਇਹ ਪ੍ਰਗਟਾਵਾ ਸਮਾਜ ਸੇਵੀ ਸੰਸਥਾ ਕ੍ਰਾਂਤੀਕਾਰੀ ਤਰਕਸ਼ੀਲ ਲੋਕ ਚੇਤਨਾ ਲਹਿਰ ਦੇ ਪ੍ਰਧਾਨ ਪ੍ਰਿੰਸੀਪਲ ਬਚਿੱਤਰ ਸਿੰਘ ਤਰਸਿੱਕਾ ਨੇ ਇੱਥੇ ਜਾਰੀ ਕੀਤੇ ਇੱਕ ਬਿਆਨ ਵਿੱਚ ਕੀਤਾ। ਪ੍ਰਿੰਸੀਪਲ ਤਰਸਿੱਕਾ ਨੇ ਕਿਹਾ ਕਿ ਕਿਸਾਨਾਂ ਦੀ ਆਪਣੇ ਹੱਕਾਂ ਲਈ ਲੜਾਈ ਕੇਂਦਰ ਸਰਕਾਰ ਨਾਲ ਹੈ, ਜੋ ਬਿਲਕੁੱਲ ਜਾਇਜ਼ ਹੈ। ਇਸ ਲੜਾਈ ਵਿੱਚ ਪੰਜਾਬ ਸਰਕਾਰ ਨੂੰ ਕੇਂਦਰ ਸਰਕਾਰ ਦੀ ਮਦਦ ਨਹੀਂ ਕਰਨੀ ਚਾਹੀਦੀ ਸਗੋਂ ਪੰਜਾਬ ਸਰਕਾਰ ਨੂੰ ਹਰ ਪੱਖੋਂ ਸਹਿਯੋਗ ਦੇਣਾ ਚਾਹੀਦਾ, ਨਾ ਕਿ ਕਿਸਾਨਾਂ ਉੱਪਰ ਅੱਤਿਆਚਾਰ ਕਰਨਾ। ਇਹ ਪੰਜਾਬ ਵਿੱਚ ਬਹੁਤ ਦੁਖਦਾਇਕ ਗੱਲ ਹੋ ਰਹੀ ਹੈ, ਜਿਸ ਦਾ ਹਰ ਵਰਗ ਦੁੱਖ ਮਨਾ ਰਿਹਾ ਹੈ।

## ਪੇਂਡੂ ਬੇਰੁਜ਼ਗਾਰ ਨੌਜਵਾਨਾਂ ਲਈ ਡੇਅਰੀ ਫਾਰਮਿੰਗ ਸਿਖਲਾਈ ਕੋਰਸ 10 ਨੂੰ ਸ਼ੁਰੂ

**ਗੁਰਦਾਸਪੁਰ, (ਜਨਕ ਮਹਾਜਨ)**
ਜ਼ਿਲ੍ਹਾ ਗੁਰਦਾਸਪੁਰ ਨਾਲ ਸਬੰਧਤ ਪੇਂਡੂ ਬੇਰੁਜ਼ਗਾਰ ਨੌਜਵਾਨ ਲੜਕੇ/ਲੜਕੀਆਂ ਜੋ ਡੇਅਰੀ ਦਾ ਕਿੱਤਾ ਸ਼ੁਰੂ ਕਰਨਾ ਚਾਹੁੰਦੇ ਹਨ, ਉਹ ਡੇਅਰੀ ਸਿਖਲਾਈ ਕੋਰਸ ਵਾਸਤੇ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ ਵਿਖੇ 7 ਮਾਰਚ ਤੱਕ ਅਰਜ਼ੀਆਂ ਦੇ ਸਕਦੇ ਹਨ। ਜਾਣਕਾਰੀ ਦਿੰਦਿਆਂ ਵਰਿਆਮ ਸਿੰਘ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ ਨੇ ਦੱਸਿਆ ਕਿ ਖੇਤੀ ਵਿੱਚ ਵਿਭਿੰਨਤਾ ਲਿਆਉਣ ਅਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਲਈ ਡੇਅਰੀ ਦੇ ਕਿੱਤੇ ਨੂੰ ਸਹਾਇਕ ਧੰਦੇ ਵਜੋਂ ਅਪਣਾਉਣ ਲਈ 2 ਹਫ਼ਤੇ ਦੀ ਡੇਅਰੀ ਸਿਖਲਾਈ 10 ਮਾਰਚ ਤੋਂ ਡੇਅਰੀ ਸਿਖਲਾਈ ਤੇ ਵਿਸਥਾਰ ਕੇਂਦਰ, ਵੇਰਕਾ (ਜ਼ਿਲ੍ਹਾ ਅੰਮ੍ਰਿਤਸਰ) ਵਿਖੇ ਕਰਵਾਈ ਜਾਣੀ ਹੈ। ਇਸ ਸਿਖਲਾਈ ਕੋਰਸ ਵਿੱਚ ਜ਼ਿਲ੍ਹਾ ਗੁਰਦਾਸਪੁਰ ਨਾਲ ਸਬੰਧਤ ਬੇਰੁਜ਼ਗਾਰ ਨੌਜਵਾਨ ਲੜਕੇ/ਲੜਕੀਆਂ ਜੋ ਘੱਟੋ-ਘੱਟ 5ਵੀਂ ਪਾਸ ਹੋਣ, ਉਮਰ 18 ਤੋਂ 55 ਸਾਲ ਦਰਮਿਆਨ ਹੋਵੇ ਅਤੇ ਪੇਂਡੂ ਖੇਤਰ ਨਾਲ ਸਬੰਧਤ ਹੋਣ, ਇਸ ਸਿਖਲਾਈ ਵਿੱਚ ਭਾਗ ਲੈ ਸਕਦੇ ਹਨ। ਉਨ੍ਹਾਂ ਦੱਸਿਆ ਕਿ ਸਿਖਲਾਈ ਉਪਰੰਤ ਵਿਭਾਗ ਵਲੋਂ ਸਬੰਧਤਾਂ ਨੂੰ ਵੱਖ-ਵੱਖ ਬੈਂਕਾਂ ਤੋਂ ਡੇਅਰੀ ਕਰਜ਼ੇ ਦੀ ਸੁਵਿਧਾ ਰਾਹੀਂ 2 ਤੋਂ 20 ਪਸ਼ੂਆਂ ਦੇ ਡੇਅਰੀ ਯੂਨਿਟ ਸਥਾਪਤ ਕਰਵਾ ਕੇ 25 ਫ਼ੀਸਦੀ ਜਨਰਲ ਅਤੇ 33 ਫ਼ੀਸਦੀ ਅ.ਜਾਤੀ ਲਈ ਸਬਸਿਡੀ ਮੁਹੱਈਆ ਕਰਵਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਚਾਹਵਾਨ ਲੜਕੇ/ਲੜਕੀਆਂ ਇਸ ਸਬੰਧੀ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ ਨਾਲ ਆਪਣੇ ਅਸਲ ਯੋਗਤਾ ਸਰਟੀਫਿਕੇਟ ਅਤੇ ਪਾਸਪੋਰਟ ਸਾਈਜ਼ ਫ਼ੋਟੋ ਅਤੇ ਆਧਾਰ ਕਾਰਡ ਲੈ ਕੇ ਫਾਰਮ ਭਰਵਾ ਸਕਦੇ ਹਨ।

## ਖਾਲਸਾ ਕਾਲਜ ਗਰਲਜ਼ ਸੀਨੀਅਰ ਸੈਕੰਡਰੀ ਸਕੂਲ 'ਚ ਵਿਦਾਇਗੀ ਸਮਾਰੋਹ ਕਰਵਾਇਆ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**
ਖਾਲਸਾ ਕਾਲਜ ਗਵਰਨਿੰਗ ਕੌਂਸਲ ਅਧੀਨ ਖਾਲਸਾ ਕਾਲਜ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਵਿਖੇ ਬਾਰ੍ਹਵੀਂ ਜਮਾਤ ਦੀਆਂ ਵਿਦਿਆਰਥਣਾਂ ਲਈ ਵਿਦਾਇਗੀ ਸਮਾਰੋਹ ਕਰਵਾਇਆ ਗਿਆ।ਇਸ ਮੌਕੇ ਵਿਦਿਆਰਥਣਾਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਤੋਂ ਇਲਾਵਾ ਮਾਡਲਿੰਗ ਦੇ ਮੁਕਾਬਲੇ 'ਚ ਵੀ ਉਤਸ਼ਾਹ ਨਾਲ ਹਿੱਸਾ ਲਿਆ ਗਿਆ।ਇਸ ਮੌਕੇ ਸਕੂਲ ਪ੍ਰਿੰਸੀਪਲ ਪੁਨੀਤ ਕੌਰ ਨਾਗਪਾਲ ਨੇ ਵਿਦਿਆਰਥਣਾਂ ਨੂੰ ਅਸ਼ੀਰਵਾਦ ਦਿੰਦਿਆਂ ਸਖਤ ਮਿਹਨਤ ਕਰਨ ਅਤੇ ਉੱਚ ਮੁਕਾਮ ਹਾਸਲ ਕਰਕੇ ਸਕੂਲ, ਅਧਿਆਪਕਾਂ ਤੇ ਮਾਪਿਆਂ ਦਾ ਨਾਂ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ।ਉਨ੍ਹਾਂ ਵਿਦਿਆਰਥਣਾਂ ਨੂੰ ਜਾਗ੍ਰਿਤ ਕਰਦਿਆਂ ਕਿਹਾ ਕਿ ਉਹ ਆਪਣੇ ਜੀਵਨ 'ਚ ਨਿਮਰਤਾ, ਹਲੀਮੀ, ਸਮੇਂ ਦੀ ਪਾਬੰਦੀ, ਅਨੁਸ਼ਾਸਨ ਜਿਹੇ ਨੈਤਿਕ ਮੁੱਲਾਂ ਨੂੰ ਅਪਨਾ ਕੇ ਸਮਾਜ 'ਚ ਚੰਗੀ ਸ਼ਖਸੀਅਤ ਦਾ ਸਬੂਤ ਦੇਣ।ਇਸ ਸਮਾਗਮ ਦੌਰਾਨ ਵਿਦਿਆਰਥਣਾਂ ਵੱਲੋਂ ਰੰਗਾਰੰਗ ਪ੍ਰੋਗਰਾਮ ਤੇ ਸੂਫੀ ਗਾਇਕੀ ਦੀ ਪੇਸ਼ਕਾਰੀ ਕੀਤੀ ਗਈ ਅਤੇ ਇਸ ਤੋਂ ਇਲਾਵਾ ਮਾਡਲਿੰਗ ਮੁਕਾਬਲਾ ਵੀ ਕਰਵਾਇਆ ਗਿਆ। ਉਕਤ ਮੁਕਾਬਲੇ 'ਚ 12ਵੀਂ ਏ ਦੀ ਵਿਦਿਆਰਥਣ ਹਰਨੂਰ ਕੌਰ 'ਮਿਸ ਬਿਊਟੀਫੁਲ ਸਮਾਈਲ', ਜਮਾਤ ਸੀ ਦੀ ਮਨਮੀਤ ਕੌਰ 'ਯੂਨੀਕ ਅਟਾਇਰ', ਸੀ ਦੀ ਸੇਜਲ 'ਮਿਸ ਲੌਂਗ ਹੇਅਰ', ਸੀ ਦੀ ਮੁਸਕਾਨ 'ਮਿਸ ਕੌਨਫੀਡੈਂਟ' ਤੇ 12ਵੀਂ ਦੀ ਸ਼ੀਤਲ ਵਰਮਾ 'ਮਿਸ ਫੇਅਰਵੈਲ' ਚੁਣੀ ਗਈ।ਇਸ ਮੌਕੇ ਪ੍ਰਿੰ: ਨਾਗਪਾਲ ਨੇ ਉਕਤ ਜੇਤੂ ਵਿਦਿਆਰਥਣਾਂ ਨੂੰ ਵਧਾਈ ਦਿੱਤੀ।

## ਸ੍ਰੀ ਚੋਲਾ ਸਾਹਿਬ ਦੇ ਮੇਲੇ ਮੌਕੇ ਫ੍ਰੀ ਮੈਡੀਕਲ ਕੈਂਪ ਲਗਾਇਆ



**ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)**
ਸ੍ਰੀ ਚੋਲਾ ਸਾਹਿਬ ਦੇ ਸਲਾਨਾ ਜੋੜ ਮੇਲੇ ਮੌਕੇ ਅੱਜ ਬਾਬਾ ਸ੍ਰੀ ਚੰਦ ਜੀ ਚੈਰੀਟੇਬਲ ਟਰੱਸਟ ਵੱਲੋਂ ਗੁਰਦੁਆਰਾ ਬਾਬਾ ਸ੍ਰੀ ਚੰਦ ਜੀ ਨੇੜੇ ਦਸ ਡੋਗਰਾ ਮਾਰਗ ਵਿਖੇ ਸੰਗਤਾਂ ਦੀ ਸਹੂਲਤ ਲਈ ਫ੍ਰੀ ਮੈਡੀਕਲ ਚੈੱਕਅਪ ਕੈਂਪ ਲਗਾਇਆ ਗਿਆ। ਇਸ ਕੈਂਪ ਦਾ ਉਦਘਾਟਨ ਐਨ ਆਰ ਆਈ ਬਾਬਾ ਰਜਿੰਦਰ ਸਿੰਘ ਬੇਦੀ ਚੇਅਰਮੈਨ ਬਾਬਾ ਸ੍ਰੀ ਚੰਦ ਜੀ ਚੈਰੀਟੇਬਲ ਟਰੱਸਟ ਵੱਲੋਂ ਕੀਤਾ ਗਿਆ। ਕੈਂਪ ਦੌਰਾਨ ਮਰੀਜ਼ਾਂ ਨੂੰ ਫ੍ਰੀ ਦਵਾਈਆਂ ਵੀ ਵੰਡੀਆਂ ਗਈਆਂ। ਇਸ ਸਬੰਧੀ ਡਾਕਟਰ ਗੁਰਵਿੰਦਰ ਸਿੰਘ ਆਲਮਪੁਰ ਜ਼ਿਲ੍ਹਾ ਹੁਸ਼ਿਆਰਪੁਰ ਨੇ ਦੱਸਿਆ ਕਿ ਸਾਡੀ ਸੰਸਥਾ ਵੱਲੋਂ ਇਹ 30ਵਾਂ ਫ੍ਰੀ ਮੈਡੀਕਲ ਚੈੱਕਅਪ ਕੈਂਪ ਲਗਾਇਆ ਜਾ ਰਿਹਾ ਹੈ। ਇਸ ਮੌਕੇਐਨ ਆਰ ਆਈ ਰਜਿੰਦਰ ਸਿੰਘ ਬੇਦੀ ਨੇ ਦੱਸਿਆ ਕਿ ਸ੍ਰੀ ਚੋਲਾ ਸਾਹਿਬ ਦੇ ਮੇਲੇ ਮੌਕੇ ਗੁਰਦੁਆਰਾ ਬਾਬਾ ਸ੍ਰੀ ਚੰਦ ਜੀ ਵਿਖੇ ਆਈਆਂ ਸੰਗਤਾਂ ਨੂੰ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਉਹਨਾਂ ਦੱਸਿਆ ਕਿ ਗੁਰਦੁਆਰਾ ਸਾਹਿਬ ਵਿਖੇ ਸੰਗਤਾਂ ਵਾਸਤੇ ਰਿਹਾਇਸ਼, ਲੰਗਰ ਅਤੇ ਮੈਡੀਕਲ ਸਹੂਲਤਾਂ ਦੇ ਪੂਰੇ ਪ੍ਰਬੰਧ ਕੀਤੇ ਗਏ ਹਨ। ਇਸ ਮੌਕੇ ਡਾ. ਪਾਲ ਸਿੰਘ ਆਲਮਪੁਰ, ਡਾ. ਰਣਜੀਤ ਸਿੰਘ ਆਲਮਪੁਰ, ਡਾ. ਜਸਪਾਲ ਸਿੰਘ ਆਲਮਪੁਰ, ਡਾ. ਸਤਪਾਲ ਚੱਕ ਬਾਮਣ, ਨਿਰਮਲ ਸਿੰਘ ਹਰੂਵਾਲ, ਸੁੱਚਾ ਸਿੰਘ ਸੈਕਟਰੀ, ਪਰਮਜੀਤ ਸਿੰਘ ਸਾਬੀ, ਲੱਡੂ ਮਾਹੀ ਤੇ ਗੋਲਡੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

## ਤਰਨ ਤਾਰਨ ਤੋਂ ਕਿਸਾਨ ਚੰਡੀਗੜ੍ਹ ਲਈ ਰਵਾਨਾ

**ਝਬਾਲ (ਮੱਖਣ ਮਨੋਜ)**
ਤਰਨ ਤਾਰਨ ਤੋਂ ਸੰਯੁਕਤ ਕਿਸਾਨ ਮੋਰਚਾ ਦੇ ਸੱਦੇ 'ਤੇ ਸੈਂਕੜੇ ਕਿਸਾਨ ਟਰੈਕਟਰ ਤੇ ਗੱਡੀਆਂ ਲੈ ਕੇ ਸਥਾਨਕ ਬਾਬਾ ਸਿਧਾਣਾ ਗੁਰਦੁਆਰਾ ਸ਼ੇਰੋਂ ਤੋਂ ਰਵਾਨਾ ਹੋਏ।ਇਸ ਸਮੇਂ ਜਥੇ ਦੀ ਅਗਵਾਈ ਕਰਦਿਆਂ ਸੰਯੁਕਤ ਕਿਸਾਨ ਮੋਰਚਾ ਦੇ ਆਗੂ ਤਰਸੇਮ ਸਿੰਘ ਲੁਹਾਰ, ਮਨਜੀਤ ਸਿੰਘ ਬੱਗੂ, ਨਛੱਤਰ ਸਿੰਘ ਪੰਨੂ, ਬਲਕਾਰ ਸਿੰਘ ਵਲਟੋਹਾ, ਇੰਦਰਜੀਤ ਸਿੰਘ ਮਰਹਾਣਾ, ਬੀਬੀ ਨਰਿੰਦਰ ਕੌਰ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਨੇ ਪਿਛਲੇ ਸਾਲ ਸੰਯੁਕਤ ਕਿਸਾਨ ਮੋਰਚਾ ਨਾਲ ਕੀਤੇ ਵਾਅਦੇ ਪੂਰੇ ਨਹੀਂ ਕੀਤੇ। ਹੁਣ ਵੀ ਸੰਯੁਕਤ ਕਿਸਾਨ ਮੋਰਚਾ ਦੇ ਆਗੂਆਂ ਨਾਲ ਮੀਟਿੰਗ ਕਰਦਿਆਂ ਕੋਈ ਮਸਲਾ ਹੱਲ ਕਰਨ ਦੀ ਬਜਾਏ ਮੀਟਿੰਗ ਵਿੱਚੇ ਛੱਡ ਕੇ ਭੱਜ ਗਿਆ ਤੇ ਚੰਡੀਗੜ੍ਹ ਧਰਨਾ ਲਾਉਣ ਤੋਂ ਰੋਕਣ ਲਈ ਕਿਸਾਨ ਆਗੂਆਂ ਦੀ ਫੜੋ ਫੜਾਈ ਸ਼ੁਰੂ ਕਰ ਦਿੱਤੀ ਹੈ। ਪਿਛਲੇ ਸਮੇਂ ਕਿਸਾਨਾਂ ਦਾ ਝੋਨਾ ਮੰਡੀਆਂ ਵਿੱਚ ਬੁਰੀ ਤਰ੍ਹਾਂ ਰੁਲਿਆ, ਕਿਸਾਨਾਂ ਦੀ ਮੰਡੀਆਂ ਵਿੱਚ ਕਿਰਾਏ ਦੇ ਨਾਂ 'ਤੇ ਨਜਾਇਜ਼ ਕਟੌਤੀ ਹੋਈ। ਹੁਣ ਅਗਾਂਹ ਕਣਕ ਦੇ ਸੀਜ਼ਨ ਦਾ ਕੀ ਬਣਨਾ ਹੈ, ਕੋਈ ਪਤਾ ਨਹੀਂ। ਮਜ਼ਦੂਰ ਜਮਾਤ ਮਹਿੰਗਾਈ ਤੇ ਬੇਰੁਜ਼ਗਾਰੀ ਦੀ ਚੱਕੀ ਵਿੱਚ ਪਿਸ ਰਹੀ ਹੈ। ਇਸ ਮੌਕੇ ਲੋਕਾਂ ਦੀ ਬਾਂਹ ਫੜਨ ਦੀ ਬਜਾਏ ਭਗਵੰਤ ਮਾਨ ਸੰਘਰਸ਼ਸ਼ੀਲ ਲੋਕਾਂ ਨੂੰ ਡਰਾਉਣ ਦੇ ਰਾਹ ਪੈ ਗਿਆ ਹੈ। ਅੱਜ ਮੱਕੀ ਦਾ ਬੀਜ ਤੇ ਖਾਦ ਵੀ ਕਿਸਾਨਾਂ ਨੂੰ ਸੌਖਿਆਂ ਨਹੀਂ ਮਿਲ ਰਹੇ। ਸਮਾਜ ਵਿੱਚ ਗੈਂਗਸਟਰਵਾਦ, ਲੁੱਟ ਖੋਹ, ਚੋਰੀਆਂ ਡਾਕੇ ਨਿੱਤ ਦਿਨ ਦਾ ਕੰਮ ਬਣ ਗਿਆ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਧਰਮ ਸਿੰਘ ਦਵਿੰਦਰ ਸੋਹਲ, ਹਰਦੀਪ ਸਿੰਘ ਰਸੂਲਪੁਰ, ਕੇਵਲ ਸਿੰਘ ਮਾੜੀ ਕੰਬੋਕੇ, ਸੁਲੱਖਣ ਸਿੰਘ ਤੁੜ, ਨਰਿੰਦਰ ਕੌਰ ਪੱਟੀ, ਸਤਨਾਮ ਸਿੰਘ ਬੈਕਾਂ, ਸਵਰਨ ਸਿੰਘ ਸੁਰਵਿੰਡ, ਨਾਜਰ ਸਿੰਘ ਸਰਹਾਲੀ ਖੁਰਦ, ਸਰਦਾਰਾ ਸਿੰਘ, ਜਗਵੰਤ ਸਿੰਘ ਸਖੀਰਾ, ਵਿਰਸਾ ਸਿੰਘ ਸਰਹਾਲੀ ਖੁਰਦ, ਖਜਾਨ ਸਿੰਘ ਸਰਪੰਚ, ਜਰਨੈਲ ਸਿੰਘ, ਪਰਮਜੀਤ ਸਿੰਘ ਚੋਹਲਾ, ਜਗਜੀਤ ਸਿੰਘ ਮੰਨਣ ਤੇ ਸੁਲੱਖਣ ਸਿੰਘ ਗੰਡੀਵਿੰਡ ਆਦਿ ਸ਼ਾਮਲ ਸਨ ।



## ਮੋਟਰਸਾਈਕਲ ਦੀ ਟੱਕਰ ਵੱਜਣ 'ਤੇ ਵਿਅਕਤੀ ਦੀ ਇਲਾਜ ਦੌਰਾਨ ਮੌਤ

**ਗੁਰਦਾਸਪੁਰ, (ਜਨਕ ਮਹਾਜਨ)**- ਥਾਣਾ ਕਲਾਨੌਰ ਪੁਲਸ ਨੇ ਸੜਕ ਹਾਦਸੇ ਵਿਚ ਜ਼ਖਮੀ ਇਕ ਵਿਅਕਤੀ ਦੀ ਮੌਤ ਹੋ ਜਾਣ 'ਤੇ ਇਕ ਵਿਅਕਤੀ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਸੁਰਜੀਤ ਸਿੰਘ ਪੁੱਤਰ ਚਰਨ ਸਿੰਘ ਵਾਸੀ ਕਲਾਨੌਰ ਨੇ ਦੱਸਿਆ ਕਿ 4 ਮਾਰਚ ਨੂੰ ਮੈਂ ਅਤੇ ਮੇਰਾ ਦੋਸਤ ਤਰਸੇਮ ਪਾਲ ਆਪਣੀ ਸਕੂਟਰੀ 'ਤੇ ਸਵਾਰ ਹੋ ਕੇ ਕਲਾਨੌਰ ਤੋਂ ਡੇਰਾ ਬਾਬਾ ਨਾਨਕ ਸਾਇਡ ਮੇਲਾ ਵੇਖਣ ਜਾ ਰਹੇ ਸੀ। ਜਦ ਉਹ ਗੰਨਾ ਖੋਜ ਕੇਂਦਰ ਕਲਾਨੌਰ ਨੇੜੇ ਪੁੱਜੇ ਤਾਂ ਪਿੱਛੇ ਤੋਂ ਇੱਕ ਮੋਟਰਸਾਈਕਲ ਤੇਜ਼ ਰਫਤਾਰ ਨਾਲ ਆਇਆ ਜਿਸ 'ਤੇ ਦੋ ਵਿਅਕਤੀ ਸਵਾਰ ਸਨ, ਜਿਸ ਨੂੰ ਏਕਮ ਮਸੀਹ ਚਲਾ ਰਿਹਾ ਸੀ। ਉਸ ਨੇ ਆਪਣਾ ਮੋਟਰਸਾਈਕਲ ਲਾਪ੍ਰਵਾਹੀ ਨਾਲ ਚਲਾ ਕੇ ਸਾਡੀ ਸਕੂਟਰੀ ਵਿੱਚ ਮਾਰ ਦਿੱਤਾ। ਮੋਟਰਸਾਈਕਲ ਵੱਜਣ ਕਰਕੇ ਅਸੀਂ ਸੜਕ 'ਤੇ ਡਿਗ ਪਏ ਅਤੇ ਸਾਡੇ ਗੰਭੀਰ ਸੱਟਾਂ ਲੱਗ ਗਈਆਂ। ਮੋਟਰਸਾਈਕਲ ਚਾਲਕ ਆਪਣਾ ਮੋਟਰਸਾਈਕਲ ਸੜਕ ਦੇ ਕਿਨਾਰੇ ਸੁੱਟ ਕੇ ਦੌੜ ਗਿਆ। ਇਸ ਹਾਦਸੇ ਤੋਂ ਬਾਅਦ ਜ਼ਖਮੀ ਹੋਏ ਤਰਸੇਮ ਲਾਲ ਦੀ ਇਲਾਜ ਦੌਰਾਨ ਮੌਤ ਹੋ ਗਈ। ਥਾਣਾ ਕਲਾਨੌਰ ਪੁਲਸ ਨੇ ਏਕਮ ਮਸੀਹ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

## ਪੀਰ ਬਾਬਾ ਲੱਖ ਦਾਤਾ ਦੀ ਦਰਗਾਹ 'ਤੇ ਦੋ ਰੋਜ਼ਾ ਮੇਲਾ ਮਨਾਇਆ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਪੀਰ ਬਾਬਾ ਲੱਖ ਦਾਤਾ ਬਾਬਾ ਪਿੰਡੀ ਵਾਲੇ ਦਾ ਸਾਲਾਨਾ 2 ਰੋਜ਼ਾ ਜੋੜ ਮੇਲਾ ਪਿੰਡ ਤਰਫ਼ਾਨ ਅੰਮ੍ਰਿਤਸਰ ਮਹਿਤਾ ਰੋਡ ਵਿਖੇ ਬੜੀ ਧੂਮਧਾਮ ਨਾਲ ਮਨਾਇਆ ਗਿਆ ਜਿਸ ਵਿਚ ਇਲਾਕੇ ਦੇ ਵੱਖ-ਵੱਖ ਪਿੰਡਾਂ ਤੋਂ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ। ਮੇਲੇ ਦੇ ਦੂਸਰੇ ਦਿਨ ਕਲੱਬ ਤਰਫਾਨ ਵੱਲੋਂ ਕਬੱਡੀ ਦੇ ਟੂਰਨਾਮੈਂਟ ਵੀ ਕਰਵਾਏ ਗਏ ਜਿਸ ਵਿੱਚ ਵੱਖ-ਵੱਖ ਖਿਡਾਰੀਆਂ ਵੱਲੋਂ ਆਪਣੀ ਚੰਗੀ ਖੇਡ ਦਾ ਪ੍ਰਦਰਸ਼ਨ ਕੀਤਾ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਭਾਜਪਾ ਆਗੂ ਜਸਮਿੱਤਰ ਸਿੰਘ ਚੁਗਾਵਾਂ ਅਤੇ ਕਾਂਗਰਸੀ ਆਗੂ ਝਿਲਮਲ ਸਿੰਘ ਸਾਧਪੁਰ ਨੇ ਕਿਹਾ ਕਿ ਅੱਜ ਸਮੇਂ ਦੀ ਲੋੜ ਹੈ ਕਿ ਸਾਨੂੰ ਪਿੰਡ ਪੱਧਰ 'ਤੇ ਕਲੱਬਾਂ ਤੇ ਕਮੇਟੀਆਂ ਦਾ ਨਿਰਮਾਣ ਕਰੀਏ ਤਾਂ ਜੋ ਸਾਡੀ ਨੌਜਵਾਨ ਪੀੜ੍ਹੀ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵੱਲ ਵੀ ਉਤਸ਼ਾਹਤ ਕਰ ਸਕੀਏ। ਇਸ ਮੌਕੇ ਬਾਬਾ ਜੋਗਿੰਦਰ ਸਿੰਘ ਸ਼ਾਹ, ਸਤਨਾਮ ਸਿੰਘ ਤਰਫਾਨ, ਤਜਿੰਦਰ ਸਿੰਘ ਆੜ੍ਹਤੀਆ, ਝਿਲਮਿਲ ਸਿੰਘ ਸਾਧਪੁਰ, ਨਿਸ਼ਾਨ ਸਿੰਘ ਨਾਮਧਾਰੀ, ਕਰਨ ਚੋਗਾਵਾਂ, ਸੁਰਜੀਤ ਸਿੰਘ ਭੀਲੋਵਾਲ, ਬਲਜੀਤ ਸਿੰਘ ਸਾਧਪੁਰ, ਅਵਤਾਰ ਸਿੰਘ ਸ਼ਾਹ, ਨੰਬਰਦਾਰ ਗੁਰਸ਼ਰਨਜੀਤ ਸਿੰਘ, ਅਮਰੀਕ ਸਿੰਘ ਚੋਗਾਵਾਂ ਆਦਿ ਆਗੂ ਵੀ ਹਾਜ਼ਰ ਸਨ ।

## ਸਰਹੱਦੀ ਪ੍ਰੈਸ ਕਲੱਬ ਵੱਲੋਂ ਡਾ. ਰਾਧਿਕਾ ਗਰਗ ਸਨਮਾਨਤ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**- ਅਜਨਾਲਾ ਸ਼ਹਿਰ ਵਿੱਚ ਨੂਰ ਹਸਪਤਾਲ ਵਿੱਚ ਡਾਕਟਰ ਰਾਧਿਕਾ ਗਰਗ ਲਿਆਸਾ ਹੋਸਪਿਟਲ ਤੋਂ ਓ ਪੀ ਡੀ ਖੋਲ੍ਹਣ 'ਤੇ ਸਰਹੱਦੀ ਪ੍ਰੈਸ ਕਲੱਬ ਅਜਨਾਲਾ ਵੱਲੋਂ ਉਹਨਾਂ ਦੀਆਂ ਸੇਵਾਵਾਂ ਅਤੇ ਬਹੁਤ ਵੱਡੇ ਸਰਹੱਦੀ ਖੇਤਰ ਨੂੰ ਮੈਡੀਕਲ ਸੇਵਾਵਾਂ ਬਦਲੇ ਪ੍ਰੈਸ ਕਲੱਬ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਕਿਹਾ ਗਿਆ। ਇਸ ਮੌਕੇ ਡਾਕਟਰ ਰਾਧਿਕਾ ਗਰਗ ਨੇ ਦੱਸਿਆ ਕਿ ਲਿਆਸਾ ਹੋਸਪਿਟਲ ਵੱਲੋਂ ਨੂਰ ਹਸਪਤਾਲ ਵਿੱਚ ਹਰ ਤਰ੍ਹਾਂ ਦੇ ਸਪੈਸ਼ਲਿਸਟ ਡਾਕਟਰ ਮਰੀਜ਼ਾਂ ਨੂੰ ਦੇਖਣ ਲਈ ਆਇਆ ਕਰਨਗੇ। ਡਾਕਟਰ ਰਾਧਿਕਾ ਗਰਗ ਨੇ ਸਰਹੱਦੀ ਪ੍ਰੈਸ ਕਲੱਬ ਦੇ ਮੈਂਬਰਾਂ ਦਾ ਧੰਨਵਾਦ ਕੀਤਾ। ਉਹਨਾਂ ਕਿਹਾ ਕਿ ਮੈਂ ਵਰਿੰਦਰ ਕੁਮਾਰ ਸ਼ਰਮਾ ਦਾ ਬਹੁਤ ਧੰਨਵਾਦ ਕਰਦੀ ਹਾਂ। ਇਸ ਮੌਕੇ ਨੂਰ ਹਸਪਤਾਲ ਦੇ ਡਾਕਟਰ ਹਰਸ਼ ਅਤੇ ਜਗਜੀਤ ਸਿੰਘ ਸਰਹੱਦੀ ਪ੍ਰੈਸ ਕਲੱਬ ਵੱਲੋਂ ਸੁਖਚੈਨ ਸਿੰਘ ਫੁੱਲੇ ਚੱਕ, ਦਵਿੰਦਰ ਕੁਮਾਰ, ਸੁਰਜੀਤ ਕੁਮਾਰ ਦੇਵਗਨ, ਸੁੱਖਤਿੰਦਰ ਸਿੰਘ ਰਾਜੂ, ਗੁਰਜੰਟ ਸਿੰਘ, ਕੁਲਬੀਰ ਸਿੰਘ ਢਿੱਲੋਂ, ਮਨੀਸ਼ ਕੁਮਾਰ ਉੱਪਲ ਆਦਿ ਹਾਜ਼ਰ ਸਨ।

## ਅੰਮ੍ਰਿਤਸਰ ਸਾਹਿਤ ਉਤਸਵ ਦੇ ਦੂਜੇ ਦਿਨ ਸਾਹਿਤ ਚਿੰਤਨ 'ਤੇ ਗੰਭੀਰ ਵਿਚਾਰਾਂ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**
ਨਾਦ ਪ੍ਰਗਾਸੁ ਸ੍ਰੀ ਅੰਮ੍ਰਿਤਸਰ ਵੱਲੋਂ ਖ਼ਾਲਸਾ ਕਾਲਜ ਫਾਰ ਵਿਮਨ ਵਿਖੇ ਅਯੋਜਿਤ ਕੀਤੇ ਜਾ ਰਹੇ ਦਸਵੇਂ ਅੰਮ੍ਰਿਤਸਰ ਸਾਹਿਤ ਉਤਸਵ ਦੇ ਦੂਜੇ ਦਿਨ ਵੀ ਵਿਦਵਾਨਾਂ, ਅਧਿਆਪਕਾਂ ਅਤੇ ਵਿਦਿਆਰਥੀਆਂ ਵਿਚਕਾਰ ਪੰਜਾਬ ਦੀ ਸਾਹਿਤ ਚਿੰਤਨ ਅਤੇ ਦਰਸ਼ਨ ਪਰੰਪਰਾ ਨਾਲ ਸੰਬੰਧਤ ਗੰਭੀਰ ਵਿਚਾਰਾਂ ਸੁਣਨ ਨੂੰ ਮਿਲੀਆਂ। ਅੱਜ ਦੇ ਦੂਜੇ ਦਿਨ ਦਾ ਸਭ ਤੋਂ ਪਹਿਲਾ ਸਮਾਗਮ 'ਨਵ-ਪਦਾਰਥਵਾਦ: ਪਸਾਰ, ਅਰਥ ਅਤੇ ਸੰਭਾਵਨਾਵਾਂ' ਦੇ ਵਿਸ਼ੇ ਉੱਪਰ ਕਰਵਾਇਆ ਗਿਆ ਸੈਮੀਨਾਰ ਸੀ, ਜਿਸ ਵਿੱਚ ਭਾਰਤ ਦੇ ਵੱਖ-ਵੱਖ ਖੋਜ ਸੰਸਥਾਨਾਂ ਤੋਂ ਵਰੁਣ ਵਿਗਮਲ, ਮੁਹੰਮਦ ਅਸਦ ਖਾਨ, ਕੋਮਲਪ੍ਰੀਤ ਸਿੰਘ ਅਤੇ ਲਖਵੀਰ ਸਿੰਘ ਨੇ ਆਪਣੇ ਖੋਜ ਪੱਤਰ ਪ੍ਰਸਤੁਤ ਕੀਤੇ। ਉਪਰੰਤ ਸੈਮੀਨਾਰ ਦੀ ਪ੍ਰਧਾਨਗੀ ਕਰਦਿਆਂ ਦਿੱਲੀ ਯੂਨੀਵਰਸਿਟੀ ਦੇ ਪ੍ਰੋਫੈਸਰ ਕੇਸ਼ਵ ਕੁਮਾਰ ਨੇ ਕਿਹਾ ਕਿ ਭਾਰਤ ਵਿੱਚ ਵੀ ਪਦਾਰਥਵਾਦ ਦੀ ਗਿਆਨਾਤਮਕ ਪਰੰਪਰਾ ਹਮੇਸ਼ਾ ਤੋਂ ਰਹੀ ਹੈ ਪਰ ਇਸ ਨੂੰ ਆਦਰਸ਼ਵਾਦੀ ਪ੍ਰਭਾਵ ਤਹਿਤ ਅਕਸਰ ਅਣਡਿੱਠ ਕਰ ਦਿੱਤਾ ਜਾਂਦਾ ਰਿਹਾ ਹੈ । ਇਸ ਮੌਕੇ ਮੁੱਖ ਮਹਿਮਾਨ ਵਜੋਂ ਪੰਜਾਬ ਯੂਨੀਵਰਸਿਟੀ ਦੇ ਦਰਸ਼ਨ ਸ਼ਾਸਤਰ ਵਿਭਾਗ ਤੋਂ ਸ਼ਾਮਲ ਹੋਏ ਲਲਨ ਸਿੰਘ ਬਘੇਲ ਨੇ ਕਿਹਾ ਕਿ ਨਵ-ਪਦਾਰਥਵਾਦ ਨਵੇਂ ਰੂਪ ਵਿੱਚ ਪਦਾਰਥਵਾਦ ਦਾ ਹੀ ਵਿਸਥਾਰ ਹੈ। ਇਸ ਨੂੰ ਮਾਨਵੀ ਕਿਰਤ ਅਤੇ ਮਿਹਨਤ ਨਾਲ ਜੋੜਨ ਦੀ ਲੋੜ ਹੈ ਨਾ ਕਿ ਸਿਰਫ ਇੱਕ ਸਿਧਾਂਤਕ ਜਾਂ ਦਾਰਸ਼ਨਿਕ ਆਧਾਰ ਵਜੋਂ ਪੇਸ਼ ਕਰਨ ਦੀ।ਅੱਜ ਦੇ ਦਿਨ ਦਾ ਦੂਜਾ ਸਮਾਗਮ 'ਸਾਹਿਤਕ ਅਰਥ ਸਿਰਜਣ ਅਤੇ ਸਾਹਿਤ ਸਿਧਾਂਤਕਾਰੀ' ਵਿਸ਼ੇ ਉੱਪਰ ਕਰਵਾਈ ਗਈ ਪੈਨਲ ਵਿਚਾਰ ਚਰਚਾ ਸੀ। ਇਸ ਮੌਕੇ ਜਾਮੀਆ ਮਿਲੀਆ ਇਸਲਾਮੀਆ, ਨਵੀਂ ਦਿੱਲੀ ਤੋਂ ਪਹੁੰਚੇ ਪ੍ਰੋ. ਸਿੰਮੀ ਮਲਹੋਤਰਾ ਨੇ ਪ੍ਰਸਤੁਤੀਕਰਨ ਦੀ ਧਾਰਨਾ ਤੋਂ ਵਾਚਦਿਆਂ ਸਾਹਿਤਕ ਪਾਠ ਨੂੰ ਵਿਚਾਰਧਾਰਾ ਦੀ ਆਲੋਚਨਾ ਦੱਸਿਆ।ਇਸ ਪੈਨਲ ਵਿਚਾਰ ਚਰਚਾ ਵਿੱਚ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੋਂ ਪ੍ਰੋ. ਗੁਰਪਾਲ ਸਿੰਘ ਸੰਧੂ ਨੇ ਕਿਹਾ ਕਿ ਅਰਥ ਲੌਕਿਕਤਾ ਤੋਂ ਪਾਰਲੌਕਿਕਤਾ ਵੱਲ ਲੈ ਕੇ ਜਾਂਦਾ ਹੈ। ਭਾਸ਼ਾ ਨੂੰ ਰੂਪਕ ਵਜੋਂ ਲਿਆ ਜਾਣਾ ਚਾਹੀਦਾ ਹੈ। ਡਾ. ਦਪਿੰਦਰਜੀਤ ਕੌਰ ਰੰਧਾਵਾ ਨੇ ਕਿਹਾ ਕਿ ਅਰਥ ਹੁਣ ਸਿਰਫ ਪਾਠ ਤੱਕ ਸੀਮਤ ਨਹੀਂ, ਸਗੋਂ ਜੀਵਨ ਨਾਲ ਜੁੜੇ ਹਰ ਪਸਾਰ ਤੱਕ ਪਹੁੰਚ ਕਰ ਚੁੱਕਾ ਹੈ।ਤੀਜਾ ਸਮਾਗਮ ਸਮਕਾਲੀ ਪੰਜਾਬੀ ਗੀਤ-ਸੰਗੀਤ ਉੱਪਰ ਲਿਖੀਆਂ ਗਈਆਂ ਦੋ ਨਵ ਪ੍ਰਕਾਸ਼ਿਤ ਪੁਸਤਕਾਂ ਉੱਪਰ ਗੋਸ਼ਟੀ ਸੀ। ਇਹਨਾਂ ਵਿੱਚ ਤਸਕੀਨ ਦੁਆਰਾ ਲਿਖੀ ਗਈ 'ਪੰਜਾਬੀ ਲੋਕ: ਸੰਗੀਤ ਹਰੀ ਕ੍ਰਾਂਤੀ ਦੇ ਆਰ ਪਾਰ' ਅਤੇ ਪਰਮਜੀਤ ਸਿੰਘ ਜੱਜ ਦੁਆਰਾ ਅੰਗਰੇਜ਼ੀ ਦੀ ਪੁਸਤਕ 'ਕਲਚਰ ਐਂਡ ਪਾਪੂਲਰ ਮਿਊਜ਼ਿਕ ਇਨ ਪੰਜਾਬ' ਸ਼ਾਮਲ ਸਨ। ਇਸ ਗੋਸ਼ਟੀ ਵਿੱਚ ਸਭ ਤੋਂ ਪਹਿਲਾਂ ਡਾ. ਸਰਬਜੀਤ ਸਿੰਘ, ਡਾ. ਜੈਸਮੀਨ ਆਨੰਦ ਅਤੇ ਡਾ. ਅੰਕਿਤਾ ਸੇਠੀ ਵੱਲੋਂ ਪੇਪਰ ਪ੍ਰਸਤੁਤ ਕੀਤੇ ਗਏ । ਬਾਅਦ ਵਿੱਚ ਇਸ ਸਮਾਗਮ ਦੀ ਪ੍ਰਧਾਨਗੀ ਕਰਦਿਆਂ ਪੰਜਾਬ ਯੂਨੀਵਰਸਿਟੀ ਦੇ ਸਮਾਜ ਵਿਗਿਆਨ ਵਿਭਾਗ ਤੋਂ ਪ੍ਰੋ. ਕੁਮੋਲ ਅਬੀ ਨੇ ਕਿਹਾ ਕਿ ਪੰਜਾਬ ਨਾਲ ਸੰਬੰਧਿਤ ਸਭਿਆਚਾਰਕ ਅਧਿਐਨ ਦੇ ਵਿਦਿਆਰਥੀਆਂ ਲਈ ਇਹ ਪੁਸਤਕਾਂ ਲਾਹੇਵੰਦ ਹੋਣਗੀਆਂ।ਇਸ ਗੋਸ਼ਟੀ ਦੇ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਡਾ. ਮਨਮੋਹਨ ਦਾ ਵਿਚਾਰ ਸੀ ਕਿ ਇਹ ਦੋਨੋਂ ਪੁਸਤਕਾਂ ਨੂੰ ਪੰਜਾਬੀ ਸਾਹਿਤ ਚਿੰਤਨ ਵਿੱਚ ਗਿਆਨਾਤਮਕ ਦਖ਼ਲ ਸਮਝਿਆ ਜਾਣਾ ਚਾਹੀਦਾ ਹੈ।ਅੱਜ ਦੇ ਦੂਜੇ ਦਿਨ ਦੇ ਸਮਾਗਮਾਂ ਦੀ ਮੰਚ ਸੰਚਾਲਨ ਦੀ ਜ਼ਿੰਮੇਵਾਰੀ ਹੀਰਾ ਸਿੰਘ, ਕੁਲਵਿੰਦਰ ਸਿੰਘ ਅਤੇ ਸੰਦੀਪ ਸ਼ਰਮਾ ਵੱਲੋਂ ਨਿਭਾਈ ਗਈ। ਇਸ ਸਾਹਿਤ ਉਤਸਵ ਵਿੱਚ ਪੁਸਤਕਾਂ, ਸੰਗੀਤਕ ਸਾਜ਼ਾਂ, ਅੱਖਰਕਾਰੀ, ਚਿੱਤਰਕਾਰੀ ਅਤੇ ਲੱਕੜ ਕਾਰਾਗਰੀ ਨਾਲ ਸੰਬੰਧਿਤ ਵੱਖ-ਵੱਖ ਕਲਾਕਾਰਾਂ ਵੱਲੋਂ ਪ੍ਰਦਰਸ਼ਨੀਆਂ ਵੀ ਲਗਾਈਆਂ ਗਈਆਂ। ਇਸ ਸਾਹਿਤ ਉਤਸਵ ਵਿੱਚ ਪੰਜਾਬ ਤੋਂ ਇਲਾਵਾ ਭਾਰਤ ਦੇ ਦੂਜੇ ਸੂਬਿਆਂ ਤੋਂ ਵੀ ਵਿਦਿਆਰਥੀ ਭਾਗ ਲੈ ਰਹੇ ਹਨ। ਉਤਸਵ ਦੇ ਤੀਜੇ ਦਿਨ ਚੜ੍ਹਿਆ ਬਸੰਤ ਸਾਲਾਨਾ ਕਵੀ ਦਰਬਾਰ ਕਰਵਾਇਆ ਜਾਵੇਗਾ, ਜਿਸ ਵਿੱਚ ਪੰਜਾਬੀ ਅਤੇ ਇਸ ਦੀਆਂ ਉਪ-ਬੋਲੀਆਂ ਦੇ ਕਵੀ ਆਪਣੀਆਂ ਕਾਵਿ-ਰਚਨਾਵਾਂ ਨਾਲ ਸਰੋਤਿਆਂ ਦੇ ਰੂਬਰੂ ਹੋਣਗੇ ਅਤੇ ਪੰਜਾਬੀ ਦੇ ਪ੍ਰਸਿੱਧ ਗ਼ਜ਼ਲਗੋ ਵਿਜੇ ਵਿਵੇਕ ਨੇ ਨਾਦ ਪ੍ਰਗਾਸੁ ਸ਼ਬਦ ਸਨਮਾਨ ਦਿੱਤਾ ਜਾਵੇਗਾ।



## ਮੁੱਖ ਮੰਤਰੀ ਦੀ ਚਿਤਾਵਨੀ ਤੋਂ ਬਾਅਦ ਵੀ ਨਹੀਂ ਸ਼ੁਰੂ ਹੋਇਆ ਰਜਿਸਟਰੀਆਂ ਦਾ ਕੰਮ

**ਪੱਟੀ, (ਬਲਦੇਵ ਸਿੰਘ ਸੰਧੂ)**
ਮੁੱਖ ਮੰਤਰੀ ਦੇ ਹੁਕਮਾਂ ਤੋਂ ਬਾਅਦ ਵੀ ਕੈਬਨਿਟ ਮੰਤਰੀ ਭੁੱਲਰ ਦੇ ਸਥਾਨਕ ਸ਼ਹਿਰ ਪੱਟੀ ਦੀ ਤਹਿਸੀਲ ਦਫਤਰ ਅੰਦਰ ਰਜਿਸਟਰੀਆਂ ਤਸਦੀਕ ਨਹੀਂ ਹੋਈਆਂ। ਤਹਿਸੀਲਦਾਰ ਦੀ ਕੁਰਸੀ ਖਾਲੀ ਰਹੀ। ਬੀਤੇ ਦਿਨੀਂ ਵਿਜੀਲੈਂਸ ਬਿਊਰੋ ਵੱਲੋਂ ਫਰਜ਼ੀ ਰਜਿਸਟਰੀ ਮਾਮਲੇ 'ਚ ਸਬ ਰਜਿਸਟਰਾਰ ਕਮ ਤਹਿਸੀਲਦਾਰ ਸਮੇਤ ਕਈ ਵਿਅਕਤੀਆ ਖਿਲਾਫ ਮਾਮਲਾ ਦਰਜ ਕੀਤਾ ਗਿਆ। ਸੂਬੇ ਭਰ ਦੇ ਤਹਿਸੀਲਦਾਰਾਂ ਵੱਲੋਂ ਵਿਜੀਲੈਂਸ ਵੱਲੋਂ ਤੰਗ ਪ੍ਰੇਸ਼ਾਨ ਕਰਨ ਦੇ ਰੋਸ ਵਜੋਂ ਰਜਿਸਟਰੀਆਂ ਸਮੇਤ ਮਾਲ ਵਿਭਾਗ ਦੇ ਕੰਮਕਾਜ ਨਾ ਕਰਨ ਸਬੰਧੀ ਹੜਤਾਲ ਕੀਤੀ। ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਵਾਰ ਵਾਰ ਮਾਲ ਵਿਭਾਗ ਦੇ ਅਧਿਕਾਰੀਆਂ ਨੂੰ ਹੜਤਾਲ 'ਤੇ ਨਾ ਜਾਣ ਸਬੰਧੀ ਅਪੀਲ ਕੀਤੀ ਗਈ ਕਿ ਰਜਿਸਟਰੀਆਂ ਤਸਦੀਕ ਨਾ ਹੋਣ ਕਾਰਨ ਆਮ ਲੋਕਾਂ ਨੂੰ ਖੱਜਲ ਖੁਆਰ ਹੋਣਾ ਪੈ ਰਿਹਾ ਹੈ।ਮੁੱਖ ਮੰਤਰੀ ਵੱਲੋਂ ਰਜਿਸਟਰੀਆਂ ਤਸਦੀਕ ਕਰਨ ਸਬੰਧੀ ਸਬ ਰਜਿਸਟਰਾਰ ਕਮ ਤਹਿਸੀਲਦਾਰਾਂ ਦੀ ਜਗ੍ਹਾ ਕਾਨੂੰਗੋਜ਼ ਨੂੰ ਅਧਿਕਾਰ ਦਿੱਤੇ ਗਏ।ਪਰ ਅਫਸੋਸ ਕਿ ਪੱਟੀ ਤਹਿਸੀਲ ਅੰਦਰ ਨਹੀਂ ਹੋਈਆਂ ਤਸਦੀਕ ਰਜਿਸਟਰੀਆਂ। ਮੁੱਖ ਮੰਤਰੀ ਵੱਲੋ ਤਹਿਸੀਲਦਾਰਾਂ ਨੂੰ ਇਹ ਵੀ ਚਿਤਾਵਨੀ ਦਿੱਤੀ ਗਈ ਕਿ ਜੇਕਰ ਉਹ ਸ਼ਾਮ ਪੰਜ ਵਜੇ ਤੱਕ ਡਿਊਟੀਆ 'ਤੇ ਨਾ ਪਰਤੇ ਤਾਂ ਸਸਪੈਂਡ ਕਰ ਦਿੱਤਾ ਜਾਵੇਗਾ। ਪੱਟੀ ਤਹਿਸੀਲ ਅੰਦਰ ਲੋਕ ਰਜਿਸਟਰੀਆਂ ਤਸਦੀਕ ਕਰਵਾਉਣ ਲਈ ਖੱਜਰ ਖੁਆਰ ਹੁੰਦੇ ਵੇਖੇ ਗਏ। ਜਦੋਂ ਇਸ ਮਾਮਲੇ ਸਬੰਧੀ ਐਸ.ਡੀ.ਐਮ ਪੱਟੀ ਪਾਸੋਂ ਜਾਣਕਾਰੀ ਹਾਸਲ ਕੀਤੀ ਗਈ ਤਾਂ ਉਹਨਾ ਦੱਸਿਆ ਕਿ ਉਹ ਸਵੇਰ ਤੋਂ ਸਿਵਲ ਹਸਪਤਾਲ ਤੇ ਓਟ ਸੈਂਟਰਾਂ ਦੀ ਚੈਕਿੰਗ 'ਤੇ ਹੋਣ ਕਾਰਨ ਉਹਨਾ ਨੂੰ ਰਜਿਸਟਰੀ ਤਸਦੀਕ ਲਈ ਡਿਊਟੀ ਡਿਪਟੀ ਕਮਿਸ਼ਨਰ ਵੱਲੋਂ ਕਿਹੜੇ ਅਧਿਕਾਰੀ ਦੀ ਡਿਊਟੀ ਲਗਾਈ ਗਈ ਇਸ ਬਾਰੇ ਉਹਨਾ ਨੂੰ ਕੋਈ ਜਾਣਕਾਰੀ ਨਹੀਂ।

6-March-PAGE-4.qxd 3/5/2025 10:53 PM Page 1

ਨਵਾਂ ਜ਼ਮਾਨਾ
ਵੀਰਵਾਰ 6 ਮਾਰਚ 2025

# ਗਊ ਰੱਖਿਅਕਾਂ ਦਾ ਕਹਿਰ

ਨਰਿੰਦਰ ਮੋਦੀ ਦੀ ਅਗਵਾਈ ਵਿੱਚ ਭਾਜਪਾ ਦੇ ਕੇਂਦਰ ਦੀ ਸੱਤਾ ਉੱਤੇ ਕਾਬਜ਼ ਹੋਣ ਤੋਂ ਬਾਅਦ ਗਊ ਤਸਕਰੀ ਦੇ ਨਾਂਅ ਉੱਤੇ ਮਾਸੂਮ ਲੋਕਾਂ ਦੀਆਂ ਹੱਤਿਆਵਾਂ ਦਾ ਸ਼ੁਰੂ ਹੋਇਆ ਸਿਲਸਿਲਾ ਲਗਾਤਾਰ ਜਾਰੀ ਹੈ। ਦਾਦਰੀ ਦੇ ਮੁਹੰਮਦ ਅਖਲਾਕ ਨੂੰ ਹਿੰਦੂਤਵੀ ਭੀੜ ਵੱਲੋਂ ਕਤਲ ਕੀਤੇ ਜਾਣ ਨਾਲ ਗਊ ਹੱਤਿਆ ਦੇ ਮਾਮਲਿਆਂ ਵਿੱਚ ਮੁੱਖ ਤੌਰ ਉੱਤੇ ਮੁਸਲਮਾਨਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਸੀ, ਅੱਗੇ ਵਧ ਕੇ ਹੁਣ ਇਹ ਹਿੰਦੂ ਨੌਜਵਾਨਾਂ ਦੀਆਂ ਹੱਤਿਆਵਾਂ ਤੱਕ ਪਹੁੰਚ ਗਿਆ ਹੈ।

ਛੇ ਕੁ ਮਹੀਨੇ ਪਹਿਲਾਂ ਆਰੀਅਨ ਮਿਸ਼ਰਾ ਨਾਂਅ ਦੇ ਨੌਜਵਾਨ ਨੂੰ ਗਊ ਰੱਖਿਅਕਾਂ ਨੇ ਹਰਿਆਣਾ ਦੇ ਫਰੀਦਾਬਾਦ ਵਿੱਚ ਮੌਤ ਦੇ ਘਾਟ ਉਤਾਰ ਦਿੱਤਾ ਸੀ। ਪੰਜ ਅਖੌਤੀ ਗਊ ਰੱਖਿਅਕਾਂ ਨੇ ਮੋਟਰਸਾਈਕਲ ਉੱਤੇ ਜਾ ਰਹੇ ਆਰੀਅਨ ਮਿਸ਼ਰਾ ਦਾ ਕਈ ਕਿਲੋਮੀਟਰ ਤੱਕ ਪਿੱਛਾ ਕਰਕੇ ਉਸ ਨੂੰ ਗੋਲੀ ਮਾਰ ਦਿੱਤੀ। ਹੁਣ ਤਾਜ਼ਾ ਘਟਨਾ ਹਰਿਆਣਾ ਦੇ ਪਲਵਲ ਦੀ ਹੈ, ਜਿੱਥੇ ਇੱਕ ਹਫ਼ਤਾ ਪਹਿਲਾਂ ਪੰਜ ਗਊ ਰੱਖਿਅਕਾਂ ਨੇ ਇੱਕ ਟਰੱਕ ਡਰਾਈਵਰ ਅਤੇ ਉਸ ਦੇ ਸਹਿਯੋਗੀ (ਕਲੀਨਰ) ਨੂੰ ਗਊ ਤਸਕਰੀ ਦੇ ਸ਼ੱਕ ਵਿੱਚ ਅਗਵਾ ਕਰਕੇ ਬੁਰੀ ਤਰ੍ਹਾਂ ਕੁੱਟਿਆ, ਜਿਸ ਕਾਰਨ ਕਲੀਨਰ ਦੀ ਮੌਤ ਹੋ ਗਈ ਸੀ।

ਇੱਕ ਅੰਗਰੇਜ਼ੀ ਅਖ਼ਬਾਰ ਦੀ ਰਿਪੋਰਟ ਅਨੁਸਾਰ ਪਲਵਲ ਦੀ ਕਰਾਈਮ ਬਰਾਂਚ (ਸੀ ਆਈ ਏ) ਦੇ ਇੱਕ ਪੁਲਸ ਅਧਿਕਾਰੀ ਨੇ ਦੱਸਿਆ ਕਿ ਪੰਜੇ ਮੁਲਜ਼ਮ ਇੱਕ ਗਊ ਰੱਖਿਆ ਜਥੇਬੰਦੀ ਨਾਲ ਜੁੜੇ ਹੋਏ ਹਨ। ਕਰਾਈਮ ਬਰਾਂਚ ਦੇ ਡਿਪਟੀ ਐੱਸ ਪੀ ਮਨੋਜ ਵਰਮਾ ਨੇ ਦੱਸਿਆ ਕਿ ਡਰਾਈਵਰ ਬਾਲਕਿਸ਼ਨ ਤੇ ਉਸ ਦਾ ਸਹਿਯੋਗੀ ਸੰਦੀਪ ਬੀਤੀ 22 ਫ਼ਰਵਰੀ ਦੀ ਰਾਤ ਨੂੰ ਰਾਜਸਥਾਨ ਤੋਂ ਦੋ ਮੁਵੈਸ਼ੀ ਲੈ ਕੇ ਉੱਤਰ ਪ੍ਰਦੇਸ਼ ਦੇ ਲਖਨਊ ਨੂੰ ਜਾ ਰਹੇ ਸਨ। ਡਰਾਈਵਰ ਰਸਤਾ ਭੁੱਲ ਕੇ ਕਿਸੇ ਸ਼ਿਕਾਰ ਦੀ ਭਾਲ ਵਿੱਚ ਬੈਠੇ ਮੁਲਜ਼ਮਾਂ ਦੇ ਕੋਲ ਪਹੁੰਚ ਗਿਆ, ਜੋ ਮੋਟਰਸਾਈਕਲਾਂ ਉੱਤੇ ਸਨ। ਇਨ੍ਹਾਂ ਅਖੌਤੀ ਗਊ ਰੱਖਿਅਕਾਂ ਨੇ ਇਨ੍ਹਾਂ ਦੋਹਾਂ ਨੂੰ ਅਗਵਾ ਕਰ ਲਿਆ ਤੇ ਬੁਰੀ ਤਰ੍ਹਾਂ ਕੁੱਟਿਆ। ਦੋਸ਼ੀਆਂ ਨੇ ਦੋਹਾਂ ਨੂੰ ਲਾਠੀਆਂ, ਤਲਵਾਰਾਂ ਤੇ ਹਥੌੜਿਆਂ ਨਾਲ ਮਾਰਿਆ। ਇਸ ਤੋਂ ਬਾਅਦ ਦੋਸ਼ੀਆਂ ਨੇ ਦੋਹਾਂ ਨੂੰ ਮਰਿਆ ਸਮਝ ਕੇ ਗੁਰੂਗਰਾਮ ਦੇ ਸੋਹਨਾ ਵਿਖੇ ਨਹਿਰ ਵਿੱਚ ਸੁੱਟ ਦਿੱਤਾ। ਡਰਾਈਵਰ ਬਾਲਕਿਸ਼ਨ ਕਿਸੇ ਤਰ੍ਹਾਂ ਤੈਰ ਕੇ ਨਹਿਰ ਵਿੱਚੋਂ ਬਾਹਰ ਆ ਗਿਆ ਤੇ ਉਸ ਨੇ ਪੁਲਸ ਕੋਲ ਪਹੁੰਚ ਕੇ ਸ਼ਿਕਾਇਤ ਦਰਜ ਕਰਾ ਦਿੱਤੀ। ਬਾਲਕਿਸ਼ਨ ਦੀ ਸ਼ਿਕਾਇਤ ਉੱਤੇ ਪੁਲਸ ਨੇ ਜਾਂਚ ਸ਼ੁਰੂ ਕਰਕੇ ਦੋਸ਼ੀਆਂ ਦੀ ਗ੍ਰਿਫ਼ਤਾਰੀ ਲਈ ਇਨਾਮੀ ਰਾਸ਼ੀ ਦਾ ਐਲਾਨ ਕਰ ਦਿੱਤਾ। ਕਲੀਨਰ ਸੰਦੀਪ ਦੀ ਲਾਸ਼ 8 ਦਿਨ ਬਾਅਦ 2 ਮਾਰਚ ਨੂੰ ਸੋਹਨਾ ਤੋਂ 15 ਕਿਲੋਮੀਟਰ ਦੂਰ ਨਹਿਰ ਵਿੱਚੋਂ ਬਰਾਮਦ ਕਰ ਲਈ ਗਈ। ਮ੍ਰਿਤਕ ਸੰਦੀਪ ਰਾਜਸਥਾਨ ਦੇ ਗੰਗਾਨਗਰ ਦਾ ਰਹਿਣ ਵਾਲਾ ਸੀ।

ਪੁਲਸ ਨੇ ਇਸ ਮਾਮਲੇ ਵਿੱਚ ਸਭ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਇਨ੍ਹਾਂ ਵਿੱਚੋਂ ਤਿੰਨ ਪੰਕਜ, ਨਿਖਲ ਤੇ ਦੇਵਰਾਜ ਪਲਵਲ ਦੇ ਰਹਿਣ ਵਾਲੇ ਹਨ, ਜਦੋਂ ਕਿ ਪਵਨ ਗੁਰੂਗਰਾਮ ਤੇ ਨਰੇਸ਼ ਨੂੰਹ ਦਾ ਨਿਵਾਸੀ ਹੈ। ਇਹ ਚੰਗੀ ਗੱਲ ਹੈ ਕਿ ਪੁਲਸ ਦੀ ਚੰਗੀ ਕਾਰਗੁਜ਼ਾਰੀ ਕਾਰਨ ਪੰਜੇ ਤੁਰੰਤ ਗ੍ਰਿਫ਼ਤਾਰ ਕਰ ਲਏ ਗਏ ਹਨ, ਪਰ ਜ਼ਰੂਰੀ ਇਹ ਹੈ ਕਿ ਅਜਿਹੇ ਗਰੋਹਾਂ ਨੂੰ ਖ਼ਤਮ ਕਰਨ ਲਈ ਵਿਸ਼ੇਸ਼ ਪੁਲਸ ਬਲਾਂ ਦਾ ਗਠਨ ਕਰਨਾ ਚਾਹੀਦਾ ਹੈ, ਜਿਹੜੇ ਰਾਤ ਨੂੰ ਸੰਵੇਦਨਸ਼ੀਲ ਰਸਤਿਆਂ ਉੱਤੇ ਗਸ਼ਤ ਕਰਨ। ਹੁਣ ਤੱਕ ਦੀਆਂ ਅਜਿਹੀਆਂ ਘਟਨਾਵਾਂ ਤੋਂ ਪਤਾ ਲਗਦਾ ਹੈ ਕਿ ਇਹ ਅਖੌਤੀ ਗਊ ਰੱਖਿਅਕ ਗਰੋਹ ਰਾਤਾਂ ਨੂੰ ਹੀ ਆਪਣੀਆਂ ਕਾਰਵਾਈਆਂ ਨੂੰ ਅੰਜਾਮ ਦਿੰਦੇ ਹਨ। ਇਨ੍ਹਾਂ ਵਿੱਚੋਂ ਬਹੁਤਿਆਂ ਦਾ ਮਕਸਦ ਲੁੱਟਮਾਰ ਕਰਨਾ ਹੁੰਦਾ ਹੈ।

**-ਚੰਦ ਫਤਿਹਪੁਰੀ**

# ਅੰਧ-ਵਿਸ਼ਵਾਸ, ਵੋਟ ਬੈਂਕ ਤੇ ਅੰਨ੍ਹੀ ਲੁੱਟ ਦਾ ਮੇਲਾ-ਮਹਾਂਕੁੰਭ



ਵਿਸ਼ਵਾ ਮਿੱਤਰ

ਡਾਕਟਰ ਅਬਰਾਹਮ ਟੀ. ਕਾਵੂਰ ਦੀ ਲਿਖੀ ਹੋਈ ਪੁਸਤਕ 'ਦੇਵ ਦੈਂਤ ਤੇ ਰੂਹਾਂ' ਮੈਂ ਵੀਹ ਸਾਲ ਪਹਿਲਾਂ ਪੜ੍ਹੀ ਸੀ। ਮਹਾਂਕੁੰਭ 2025 ਦੇ ਭੀੜ-ਭੜੱਕੇ, ਮੌਤਾਂ ਅਤੇ ਮਨੁੱਖੀ ਮਲ ਤੋਂ ਪੈਦਾ ਹੋਏ ਜਰਾਸੀਮਾਂ ਵਿਚ ਨਹਾਉਂਦੇ ਲੋਕਾਂ ਦੀਆਂ ਖਬਰਾਂ ਪੜ੍ਹ ਕੇ ਮੈਨੂੰ ਯਾਦ ਆਇਆ ਕਿ ਡਾਕਟਰ ਅਬਰਾਹਮ ਟੀ. ਕਾਵੂਰ ਨੇ ਵੀ ਕੁੰਭ ਇਸ਼ਨਾਨ ਬਾਰੇ ਕੁਝ ਆਪਣੀ ਪੁਸਤਕ 'ਦੇਵ ਦੈਂਤ ਤੇ ਰੂਹਾਂ' ਵਿਚ ਲਿਖਿਆ ਸੀ। ਇਸ ਲਈ ਪੁਸਤਕ ਇੱਕ ਵਾਰ ਫੇਰ ਪੜ੍ਹਨੀ ਸ਼ੁਰੂ ਕੀਤੀ। ਪੜ੍ਹਨ 'ਤੇ ਮੈਨੂੰ ਜੋ ਕੁਝ ਇੱਕ ਪਹਿਰੇ ਵਿਚ ਮਿਲਿਆ, ਉਹ ਮੈਂ ਹੇਠਲੇ ਪਹਿਰੇ ਵਿੱਚ ਬਿਨਾਂ ਕਿਸੇ ਤਬਦੀਲੀ ਦੇ, ਦੇ ਰਿਹਾ ਹਾਂ।

ਮਾਰਚ 1953 ਵਿੱਚ ਮੈਨੂੰ ਇੱਕ ਅਮਰੀਕਨ ਜੋੜੇ ਨਾਲ ਕੋਲੰਬੋ ਦੇ ਹੋਟਲ ਵਿੱਚ ਗੱਲਬਾਤ ਕਰਨ ਦਾ ਮੌਕਾ ਮਿਲਿਆ, ਜਿਹੜਾ ਭਾਰਤ ਦੀ ਇੱਕ ਮਹੀਨੇ ਦੀ ਯਾਤਰਾ ਮਗਰੋਂ ਸ੍ਰੀਲੰਕਾ ਆਇਆ। ਜਦੋਂ ਮੈਂ ਉਹਨਾਂ ਤੋਂ ਭਾਰਤ ਬਾਰੇ ਉਹਨਾਂ ਦੇ ਪ੍ਰਭਾਵ ਪੁੱਛੇ ਤਾਂ ਔਰਤ ਨੇ ਕਿਹਾ, ਦੇਸ਼ ਚੰਗਾ ਹੈ, ਪਰ ਲੋਕ ਹੱਦੋਂ ਵੱਧ ਵਹਿਮੀ ਹਨ। ਉਸ ਨੇ ਮੈਨੂੰ ਉਸ ਸਾਲ ਕੁੰਭ ਦੇ ਮੇਲੇ ਦੌਰਾਨ ਅਲਾਹਾਬਾਦ ਵਿਚ ਪਰਾਗ (ਪ੍ਰਯਾਗਰਾਜ) ਵਿਖੇ ਭਿਆਨਕ ਦ੍ਰਿਸ਼ ਦਾ ਵਰਨਣ ਕੀਤਾ। ਸੱਠ ਲੱਖ ਲੋਕ ਗੰਗਾ, ਜਮਨਾ ਅਤੇ ਸਰਸਵਤੀ ਦਰਿਆਵਾਂ ਦੇ ਸੰਗਮ ਵਾਲੀ ਥਾਂ 'ਤੇ ਇਕੱਠੇ ਹੋ ਗਏ। ਉਹ ਇਸ ਨੂੰ ਆਕਾਸ਼ ਤੋਂ ਆਇਆ ਹੋਇਆ ਅਦਿੱਖ ਦਰਿਆ ਮੰਨਦੇ ਹਨ। ਉਹ ਕੁੰਭ ਦੇ ਮੇਲੇ ਦੇ ਸ਼ੁਭ ਮੌਕੇ 'ਤੇ ਸੰਗਮ ਵਾਲੀ ਥਾਂ ਦੇ ਪਵਿੱਤਰ ਪਾਣੀ ਵਿਚ ਆਪਣੇ ਸਰੀਰ ਨੂੰ ਡੁਬੋ ਕੇ ਆਪਣੇ ਸਾਰੇ ਪਾਪ ਧੋਣ ਆਏ ਸਨ। ਸ਼ੁਭ ਮੌਕੇ ਦੀ ਸੂਚਨਾ ਮੰਦਰ ਵਿਚ ਘੰਟੀਆਂ ਅਤੇ ਸੰਖ ਵਜਾ ਕੇ ਦਿੱਤੀ ਗਈ। ਕਰੋੜਾਂ ਹੀ ਇਸਤਰੀਆਂ ਅਤੇ ਆਦਮੀ ਸ਼ੁਭ ਮੌਕੇ ਤੋਂ ਖੁੰਝਣ ਦੀ ਚਿੰਤਾ ਕਾਰਨ ਇੱਕ ਮਿੰਟ ਵੀ ਗੁਆਏ ਬਿਨਾਂ ਦਰਿਆ ਵੱਲ ਦੌੜੇ। ਭਾਰੀ ਤਿਲਕਣ ਵਾਲੇ ਗਾਰੇ ਵਿਚ ਜਿਹੜਾ ਤਿਲਕ ਕੇ ਡਿੱਗ ਗਿਆ, ਉਸ ਨੂੰ ਕਿਸੇ ਨੇ ਚੁੱਕਿਆ ਨਹੀਂ ਸੀ। ਪਵਿੱਤਰ ਇਸ਼ਨਾਨ ਮਗਰੋਂ ਗਾਰੇ ਨਾਲ ਲਿਬੜੀਆਂ ਹਜ਼ਾਰਾਂ ਲਾਸ਼ਾਂ ਦਰਿਆ ਦੇ ਕਿਨਾਰਿਆਂ ਤੋਂ ਇਕੱਠੀਆਂ ਕੀਤੀਆਂ ਗਈਆਂ। ਇਸ ਕਿਸਮ ਦੀ ਮਨੁੱਖਤਾ ਦੀਆਂ ਬਹੁਤ ਸਾਰੀਆਂ ਮੌਤਾਂ ਦੀ ਕਿਸੇ ਨੂੰ ਚਿੰਤਾ ਨਹੀਂ। ਆਮ ਜਨਤਾ ਲਈ ਇਹੋ ਜਿਹੀ ਮੌਤ ਬੜੀ ਸ਼ੁਭ ਗਿਣੀ ਜਾਂਦੀ ਹੈ, ਕਿਉਂਕਿ ਉਹਨਾਂ ਨੂੰ ਸੁਰਗਾਂ ਵਿਚ ਜਾਣ ਦਾ ਪੱਕਾ ਯਕੀਨ ਹੁੰਦਾ ਹੈ, ਪਰ ਅਮਰੀਕਨਾਂ ਲਈ ਇਹ ਸਭ ਤੋਂ ਵੱਡਾ ਦ੍ਰਿਸ਼ ਸੀ। ਭਾਰਤ ਦੇ ਰਾਸ਼ਟਰਪਤੀ ਡਾ. ਰਾਜਿੰਦਰ ਪ੍ਰਸਾਦ ਦੀ ਬੇਹੂਦਗੀ ਵੱਲ ਇਸ਼ਾਰਾ ਕਰਦੇ ਹੋਏ ਜਿਹੜਾ ਆਪ ਲਾਈਲੱਗਾਂ ਅਨੁਸਾਰ ਪਰਾਗ ਵਿਖੇ ਆਪਣੇ ਪਾਪਾਂ ਨੂੰ ਧੋਣ ਆਇਆ ਸੀ। ਮਿਸਿਜ਼ ਰੋਬਰਟ ਨੇ ਮੈਨੂੰ ਪੁੱਛਿਆ, ਕੀ ਤੁਸੀਂ ਆਪਣੇ ਲੋਕਾਂ ਵਿਚ ਐਨੇ ਵਹਿਮਾਂ-ਭਰਮਾਂ ਬਾਰੇ ਸੋਚਿਆ ਹੈ ? ਮੈਂ ਕਿਹਾ, ਆਪਣੇ ਲੋਕਾਂ ਦੇ ਵਹਿਮਾਂ-ਭਰਮਾਂ ਬਾਰੇ ਮੈਂ ਬਹੁਤ ਸੋਚਿਆ ਹੈ। ਕੀ ਤੁਸੀਂ ਸੋਚਦੇ ਹੋ ਕਿ ਸਾਡੇ ਲੋਕ ਵੀ ਵਹਿਮੀ ਹਨ। ਹਾਂ, ਸਾਡੇ ਵੇਦ ਅਤੇ ਸਾਡੇ ਪੁਜਾਰੀ ਸਾਨੂੰ ਦੱਸਦੇ ਹਨ ਕਿ ਗੰਗਾ ਦੇ ਪਵਿੱਤਰ ਪਾਣੀ ਵਿਚ ਇਸ਼ਨਾਨ ਕਰਨ ਨਾਲ ਸਾਡੇ ਸਾਰੇ ਪਾਪ ਧੋਤੇ ਜਾਂਦੇ ਹਨ, ਲੋਕ ਅੰਨ੍ਹੇਵਾਹ ਇਸ 'ਤੇ ਯਕੀਨ ਕਰਦੇ ਹਨ ਅਤੇ ਇਸ ਤਰ੍ਹਾਂ ਹੀ ਕਰਦੇ ਹਨ। ਤੁਹਾਡੇ ਧਾਰਮਿਕ ਗ੍ਰੰਥ ਅਤੇ ਪਾਦਰੀ ਤੁਹਾਨੂੰ ਦੱਸਦੇ ਹਨ ਕਿ ਤੁਹਾਡੇ ਪਾਪ ਬਪਤਿਸਮਾ ਨਾਲ ਜਾਂ ਅੰਦਰੂਨੀ ਧੋਣ ਨਾਲ, ਜਿਸ ਨੂੰ ਤੁਸੀਂ ਹੋਲੀ ਕਮਯੂਨੀਅਮ ਕਹਿੰਦੇ ਹੋ, ਨਾਲ ਮੁਆਫ਼ ਹੋ ਜਾਂਦੇ ਹਨ ਤੇ ਤੁਸੀਂ ਇਸ 'ਤੇ ਅੰਨ੍ਹੇਵਾਹ ਯਕੀਨ ਕਰਦੇ ਹੋ। ਚੰਗੇ ਭਾਗਾਂ ਨੂੰ ਤੁਹਾਡੇ ਲਈ ਬਾਹਰੀ ਇਸ਼ਨਾਨ ਕਰਨ ਦਾ ਕੋਈ ਖਾਸ ਸ਼ੁਭ ਮੌਕਾ ਨਹੀਂ। ਇਸੇ ਕਰਕੇ ਕੋਈ ਭੀੜ ਕਾਰਨ ਮੌਤਾਂ ਨਹੀਂ ਹੁੰਦੀਆਂ। ਮਿਸਟਰ ਰੋਬਰਟ ਜਿਹੜਾ ਸਾਰਾ ਸਮਾਂ ਸਾਡੀ ਗੱਲ ਬਾਤ ਸੁਣ ਰਿਹਾ ਸੀ, ਨੇ ਕਿਹਾ ਸ੍ਰੀਮਾਨ ਜੀ, ਤੁਸੀਂ ਸਾਨੂੰ ਦੋਹਾਂ ਨੂੰ ਵਿਚਾਰਨ ਲਈ ਬਹੁਤ ਸਾਰੀ ਸਮੱਗਰੀ ਦੇ ਦਿੱਤੀ ਹੈ।

1953 ਵਿਚ ਭਾਰਤ ਦੀ ਆਬਾਦੀ ਲੱਗਭੱਗ 38 ਕਰੋੜ ਸੀ ਅਤੇ ਕੁੰਭ ਮੇਲੇ ਵਿੱਚ ਸਰਕਾਰ ਵੱਲੋਂ ਲੋਕਾਂ ਨੂੰ ਕੋਈ ਸੱਦਾ ਨਾ ਦੇਣ ਦੇ ਬਾਵਜੂਦ 60 ਲੱਖ ਲੋਕ ਗੰਗਾ ਵਿਚ ਡੁਬਕੀ ਲਗਾਉਣ ਲਈ ਆਏ ਹਜ਼ਾਰਾਂ ਲੋਕ ਮਾਰੇ ਗਏ। ਹੁਣ ਜਦੋਂ ਆਬਾਦੀ 145 ਕਰੋੜ ਤੋਂ ਵੀ ਵੱਧ ਹੋ ਗਈ ਹੈ ਅਤੇ ਸਰਕਾਰ ਵੱਲੋਂ ਵਾਰ-ਵਾਰ ਲੋਕਾਂ ਨੂੰ ਮਹਾਂਕੁੰਭ ਮੇਲੇ 'ਤੇ ਆਉਣ ਦੀ ਸੱਦਾ ਦੇਣ ਕਾਰਨ ਰੋਜ਼ਾਨਾ ਕਰੋੜਾਂ ਦੀ ਗਿਣਤੀ ਵਿੱਚ ਲੋਕਾਂ ਦੇ ਆਉਣ ਕਾਰਨ ਭਗਦੜ ਕਾਰਨ, ਬੀਮਾਰ ਹੋਣ ਕਾਰਨ ਜਾਂ ਕਿਸੇ ਹੋਰ ਕਾਰਨ ਮੌਤਾਂ ਦੀ ਗਿਣਤੀ ਹਜ਼ਾਰਾਂ ਵਿਚ ਨਹੀਂ ਤਾਂ ਸੈਂਕੜਾ ਜ਼ਰੂਰ ਪਾਰ ਸਕਦੀ ਹੈ ਭਾਵੇਂ ਕਿ ਸਰਕਾਰ ਵੱਲੋਂ ਲੋਕਾਂ ਦੀਆਂ ਮੌਤਾਂ ਦੀ ਗਿਣਤੀ ਕੇਵਲ 30 ਅਤੇ ਜ਼ਖਮੀਆਂ ਦੀ ਗਿਣਤੀ 60 ਦੱਸੀ ਗਈ ਹੈ। ਲੋਕ ਕੇਵਲ ਮਹਾਂ ਕੁੰਭ ਭਗਦੜ ਵਿੱਚ ਹੀ ਨਹੀਂ ਮਾਰੇ ਗਏ, ਕੁੰਭ ਤੱਕ ਪਹੁੰਚਣ ਲਈ ਦਿੱਲੀ ਰੇਲਵੇ ਸਟੇਸ਼ਨ 'ਤੇ ਵੀ ਭਗਦੜ ਨਾਲ ਮਾਰੇ ਗਏ। ਲੋਕਾਂ ਦੀ ਆਸਥਾ ਦਾ ਫਾਇਦਾ ਲੈ ਕੇ ਅਤੇ ਸਵਰਗ ਜਾਣ ਲਈ ਰਾਹ ਪੱਕਾ ਕਰਨ ਦਾ ਭਰਮ ਫੈਲਾ ਕੇ ਸਰਕਾਰ ਨੇ ਨਾ ਕੇਵਲ ਵੋਟ ਬੈਂਕ ਵਿਚ ਹੀ ਵਾਧਾ ਕੀਤਾ ਹੈ, ਬਲਕਿ ਉੱਤਰ ਪ੍ਰਦੇਸ਼ ਸਰਕਾਰ ਨੂੰ ਕਰੋੜਾਂ ਰੁਪਏ ਦੀ ਆਮਦਨ ਵੀ ਹੋਈ ਹੈ।

ਲੋਕ ਕੇਵਲ ਆਸਥਾ ਕਾਰਨ ਧਾਰਮਿਕ ਮੇਲਿਆਂ ਵਿਚ ਜਾਂਦੇ ਹਨ, ਪਰ ਲੁਟੇਰਿਆਂ ਲਈ ਇਹ ਲੁੱਟ ਦਾ ਸਭ ਤੋਂ ਵਧੀਆ ਮੌਕਾ ਹੁੰਦਾ ਹੈ। ਸਟੈਂਡਰਡ ਹੋਟਲ ਦਾ ਇੱਕ ਦਿਨ ਦਾ ਕਿਰਾਇਆ ਆਮ ਤੌਰ 'ਤੇ 2500 ਤੋਂ 3000 ਤੱਕ ਹੁੰਦਾ ਸੀ ਜਿਹੜਾ ਕਿ ਮੇਲੇ ਦੇ ਦਿਨਾਂ ਵਿੱਚ 6000 ਤੋਂ 7000 ਹੋ ਗਿਆ ਅਤੇ ਮਾਉਣੀ ਅਮਾਵਸਿਆ, ਬਸੰਤ ਪੰਚਮੀ ਇਸ਼ਨਾਨ ਅਤੇ ਮਾਘੀ ਪੂਰਨਿਮਾ ਇਸ਼ਨਾਨ ਦੇ ਮੌਕੇ ਇਹ 22000 ਹੋ ਗਿਆ। ਪ੍ਰਾਈਵੇਟ ਟੈਂਟ ਦਾ ਇੱਕ ਰਾਤ ਦਾ ਕਿਰਾਇਆ 15000 ਤੋਂ ਵਧ ਕੇ 45000 ਹੋ ਗਿਆ। ਬੇੜੀ ਦੀ ਸਵਾਰੀ ਦਾ ਕਿਰਾਇਆ ਵੀ ਆਮ ਦਿਨਾਂ ਨਾਲੋਂ ਤਿੰਨ ਗੁਣਾ ਵਸੂਲ ਕੀਤਾ ਗਿਆ। ਹਵਾਈ ਕੰਪਨੀਆਂ ਨੇ ਯਾਤਰਾ ਟਿਕਟਾਂ ਦੇ ਰੇਟ 300 ਤੋਂ 600 ਪ੍ਰਤੀਸ਼ਤ ਤੱਕ ਵਧਾ ਦਿੱਤੇ। ਸੰਗਮ ਵਾਲਾ ਜਰਾਸੀਮਾਂ ਵਾਲਾ ਪਾਣੀ, ਜਿਸ ਨੂੰ ਵਿਗਿਆਨਕ ਪੀਣ ਤੋਂ ਮਨ੍ਹਾ ਕਰਦੇ ਹਨ, ਉਸ ਦੀ ਇੱਕ ਲਿਟਰ ਦੀ ਬੋਤਲ ਸ਼ਰਧਾਲੂਆਂ ਨੂੰ 100 ਰੁਪਏ ਵਿਚ ਵੇਚੀ ਜਾ ਰਹੀ ਹੈ, ਜਦਕਿ ਸ਼ੁੱਧ ਪਾਣੀ ਵਾਲੀ ਲਿਟਰ ਦੀ ਬਿਸਲੇਰੀ ਦੀ ਬੋਤਲ 20 ਰੁਪਏ ਵਿਚ ਮਿਲਦੀ ਹੈ। ਸੰਗਮ ਮੇਲੇ ਤੋਂ ਉੱਤਰ ਪ੍ਰਦੇਸ਼ ਸਰਕਾਰ ਨੇ ਵੀ ਦੋ ਲੱਖ ਕਰੋੜ ਰੁਪਏ ਕਮਾ ਲਏ।

ਸੰਗਮ ਦੇ ਪਾਣੀਆਂ ਵਿਚ ਲੋਕਾਂ ਅਤੇ ਪਸ਼ੂਆਂ ਦੇ ਮਲ-ਮੂਤਰ ਤੋਂ ਪੈਦਾ ਹੋਏ ਖਤਰਨਾਕ ਜਰਾਸੀਮ ਨਿਰਧਾਰਿਤ ਸੀਮਾ ਤੋਂ ਕਾਫੀ ਜ਼ਿਆਦਾ ਹੋ ਗਏ ਹਨ, ਜਿਸ ਬਾਰੇ ਸੈਂਟਰਲ ਪਲੂਸ਼ਨ ਕੰਟਰੋਲ ਬੋਰਡ ਵੱਲੋਂ ਵਾਰ-ਵਾਰ ਚੇਤਾਵਨੀ ਆਉਣ ਦੇ ਬਾਵਜੂਦ ਸਰਕਾਰ ਨੇ ਨਾ ਤਾਂ ਪਾਣੀ ਦੀ ਸਫ਼ਾਈ ਦੇ ਪ੍ਰਬੰਧ ਕੀਤੇ ਹਨ ਅਤੇ ਨਾ ਹੀ ਹੋਰ ਲੋਕਾਂ ਨੂੰ ਆਉਣ ਤੋਂ ਰੋਕਿਆ ਹੈ। ਬੋਰਡ ਅਨੁਸਾਰ ਗੰਗਾ ਦਾ ਪਾਣੀ ਪੀਣ ਦੀ ਗੱਲ ਤਾਂ ਛੱਡੋ, ਨਹਾਉਣ ਦੇ ਯੋਗ ਵੀ ਨਹੀਂ ਸੀ ਪਰ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਅਦਿੱਤਿਆ ਨਾਥ ਨੇ ਨਾ ਕੇਵਲ ਬੋਰਡ ਦੀ ਸੂਚਨਾ ਨੂੰ ਦਬਾਅ ਕੇ ਰੱਖਿਆ, ਬਲਕਿ ਲੋਕਾਂ ਨੂੰ ਗੰਗਾ ਦਾ ਪਾਣੀ ਪੀਣ ਲਈ ਵੀ ਪ੍ਰੇਰਿਤ ਕੀਤਾ, ਜਦਕਿ ਇਸ ਪਾਣੀ ਨਾਲ ਚਮੜੀ ਰੋਗ ਅਤੇ ਅੰਤੜੀਆਂ ਵਿਚ ਇਨਫੈਕਸ਼ਨ ਹੋ ਸਕਦੀ ਹੈ ਅਤੇ ਸਰੀਰ ਵਿੱਚ ਆਕਸੀਜਨ ਦੀ ਕਮੀ ਵੀ ਹੋ ਸਕਦੀ ਹੈ।

1947 ਤੋਂ ਲੈ ਕੇ ਹੁਣ ਤੱਕ ਵਿਗਿਆਨ ਤਰੱਕੀ ਕਰਕੇ ਕਿੱਥੇ ਦੀ ਕਿੱਥੇ ਪਹੁੰਚ ਗਿਆ ਹੈ, ਸੰਸਾਰ ਭਰ ਦੇ ਵੱਧ ਤੋਂ ਵੱਧ ਲੋਕਾਂ ਦਾ ਨਜ਼ਰੀਆ ਵਿਗਿਆਨਕ ਬਣ ਰਿਹਾ ਹੈ, ਅੰਧਵਿਸ਼ਵਾਸਾਂ ਵਿੱਚੋਂ ਨਿਕਲ ਕੇ ਲੋਕ ਨਾਸਤਿਕਤਾ ਵੱਲ ਵਧ ਰਹੇ ਹਨ, ਕੁੱਝ ਦੇਸ਼ਾਂ ਵਿਚ ਸਕੂਲਾਂ ਦੀ ਸਵੇਰ ਦੀ ਪ੍ਰਾਰਥਨਾ ਬੰਦ ਕਰ ਦਿੱਤੀ ਗਈ ਹੈ, ਪਰ ਇੱਕ ਅਸੀਂ ਭਾਰਤੀ ਹਾਂ, ਜਿਹੜੇ ਕਿ ਥੋੜ੍ਹੇ ਜਿਹੇ ਹੀ ਲੋਕਾਂ ਨੂੰ ਛੱਡ ਕੇ ਬਾਕੀ ਸਾਰੇ ਅਜੇ ਅੰਧਵਿਸ਼ਵਾਸਾਂ ਦੀ ਦਲਦਲ ਵਿਚ ਫਸੇ ਬੈਠੇ ਹਾਂ। ਇਸ ਵਿਚ ਲੋਕਾਂ ਦਾ ਕਸੂਰ ਨਹੀਂ। ਕਸੂਰ ਹੈ ਤਾਂ ਉਹਨਾਂ ਅਖ਼ਬਾਰਾਂ, ਰੇਡੀਓ ਅਤੇ ਟੀ ਵੀ ਚੈਨਲਾਂ ਦਾ ਹੈ, ਸਾਡੇ ਨੇਤਾਵਾਂ ਦਾ ਹੈ, ਜਿਹੜੇ ਲਗਾਤਾਰ ਲੋਕਾਂ ਨੂੰ ਅੰਧਵਿਸ਼ਵਾਸ ਪਰੋਸ ਰਹੇ ਹਨ। ਸਾਡੀਆਂ ਸਿਆਸੀ ਪਾਰਟੀਆਂ ਵੀ ਹਨ ਜਿਹੜੀਆਂ ਕਿਸੇ ਨਾ ਕਿਸੇ ਧਰਮ 'ਤੇ ਅਧਾਰਿਤ ਹਨ, ਜਦਕਿ ਜਿੱਥੇ ਧਰਮ ਹੁੰਦਾ ਹੈ, ਉੱਥੇ ਅੰਧਵਿਸ਼ਵਾਸ ਜ਼ਰੂਰ ਹੁੰਦਾ ਹੈ। ਤੁਸੀਂ ਟੈਲੀਵਿਜ਼ਨ, ਅਖ਼ਬਾਰਾਂ ਜਾਂ ਕੰਧਾਂ 'ਤੇ ਲੱਗੇ ਇਸ਼ਤਿਹਾਰ ਤਾਂ ਆਮ ਵੇਖੇ ਹੋਣਗੇ ਕਿ ਅੱਜ ਫਲਾਣੇ ਸ਼੍ਰੀ ਸ਼੍ਰੀ 1008 ਮਹਾਤਮਾ ਦਾ ਪ੍ਰਵਚਨ, ਜਾਂ ਫਲਾਣੇ ਮਹੰਤ ਦੇ ਵਿਚਾਰ ਜਾਂ ਫਲਾਣੇ ਗੁਰੂ ਜੀ ਅੰਮ੍ਰਿਤ ਵਰਸ਼ਾ ਕਰਨ ਤੁਹਾਡੇ ਸ਼ਹਿਰ ਆ ਰਹੇ ਹਨ, ਪਰ ਅਜਿਹਾ ਇਸ਼ਤਿਹਾਰ ਕਦੇ ਨਹੀਂ ਵੇਖਿਆ ਹੋਵੇਗਾ ਕਿ ਤੁਹਾਡੇ ਸ਼ਹਿਰ ਵਿਚ ਫਲਾਣਾ ਮਹਾਨ ਵਿਗਿਆਨੀ ਤੁਹਾਡੇ ਸ਼ਹਿਰ ਵਿਚ ਵਿਗਿਆਨਕ ਨਜ਼ਰੀਏ ਤੇ ਵਿਚਾਰ ਦੇਣ ਆ ਰਿਹਾ ਹੈ। ਸਾਡੇ ਤਾਂ ਕਈ ਵਿਗਿਆਨਕ ਨਜ਼ਰੀਏ ਤੋਂ ਸੱਖਣੇ ਵਿਗਿਆਨੀ ਵੀ ਅੰਧਵਿਸ਼ਵਾਸ ਫੈਲਾਅ ਰਹੇ ਹਨ। ਇਸ ਹਾਲਤ ਵਿੱਚ ਲੋਕ ਕੁੰਭ ਇਸ਼ਨਾਨ ਕਰਕੇ ਆਪਣੇ ਆਪ ਨੂੰ ਵਡਭਾਗੀ ਮੰਨਦੇ ਹਨ, ਸੂਰਜ ਜਾਂ ਚੰਨ ਗ੍ਰਹਿਣ ਲੱਗਣ 'ਤੇ ਮੰਦਰਾਂ ਵਿਚ ਪੂਜਾ ਕਰਨ ਜਾਂਦੇ ਹਨ, ਦੇਵੀ-ਦੇਵਤਿਆਂ ਦੇ ਮੇਲਿਆਂ ਵਿਚ ਭੀੜ ਦਾ ਹਿੱਸਾ ਬਣਦੇ ਹਨ ਅਤੇ ਕੁਚਲੇ ਜਾਂਦੇ ਹਨ, ਸ਼ੋਭਾ ਯਾਤਰਾਵਾਂ ਕੱਢਦੇ ਹਨ, ਜਿਸ ਨਾਲ ਸੜਕਾਂ ਜਾਮ ਹੋ ਜਾਂਦੀਆਂ ਹਨ ਅਤੇ ਸੜਕਾਂ 'ਤੇ ਗੰਦ ਖਿੱਲਰਦਾ ਹੈ, ਜਗਰਾਤੇ ਕਰਦੇ ਹਨ, ਆਪਣੇ ਬੱਚੇ ਭੁੱਖੇ ਰੱਖ ਕੇ ਵੀ ਧਾਰਮਿਕ ਸਥਾਨਾਂ 'ਤੇ ਦਾਨ ਕਰਨ ਜਾਂਦੇ ਹਨ ਅਤੇ ਕਈ ਸੰਗਮਰਮਰ ਦੇ ਬਣੇ ਬੈਲ ਨੂੰ ਦੁੱਧ ਪਿਆਉਣ ਲਈ ਭੀੜ ਦਾ ਹਿੱਸਾ ਬਣਦੇ ਹਨ, ਦੁੱਧ ਡੋਲ੍ਹਦੇ ਹਨ ਅਤੇ ਪੇਸ਼ਾਬ ਪੀਂਦੇ ਹਨ।

ਲੱਦਾਖ ਨਿਵਾਸੀ ਸੋਨਮ ਵਾਂਗਚੁਕ ਇੱਕ ਇੰਜੀਨੀਅਰ ਸਮਾਜ ਸੁਧਾਰਕ ਅਤੇ ਪਰਿਆਵਰਣ ਚਿੰਤਕ ਹੈ। ਉਸ ਦਾ ਕਹਿਣਾ ਹੈ ਸਰਕਾਰਾਂ ਨੂੰ ਕੁੰਭ, ਮਹਾਂ ਕੁੰਭ ਵੱਲ ਧਿਆਨ ਦੇਣ ਤੋਂ ਜ਼ਿਆਦਾ ਧਿਆਨ ਨਦੀਆਂ, ਦਰਿਆਵਾਂ ਦੀ ਹੋਂਦ ਸੁਰੱਖਿਅਤ ਕਰਨ ਵੱਲ ਦੇਣਾ ਚਾਹੀਦਾ ਹੈ। ਵਾਤਾਵਰਣ ਸੰਤੁਲਿਤ ਰੱਖਣ ਵਾਲੇ ਜੰਗਲ ਘਟਦੇ ਜਾ ਰਹੇ ਹਨ, ਹਾਈਡਰੋਕਾਰਬਨ ਜ਼ਿਆਦਾ ਤੋਂ ਜ਼ਿਆਦਾ ਬਾਲੇ ਜਾ ਰਹੇ ਹਨ ਜਿਸ ਨਾਲ ਧਰਤੀ ਦਾ ਤਾਪਮਾਨ ਵਧ ਰਿਹਾ ਹੈ ਅਤੇ ਗਲੇਸ਼ੀਅਰ ਪਿਘਲ ਕੇ ਘਟ ਰਹੇ ਹਨ। ਇੱਕ ਅਜਿਹੀ ਅਵਸਥਾ ਵੀ ਆ ਸਕਦੀ ਹੈ ਜਦੋਂ ਗਲੇਸ਼ੀਅਰ ਨਦੀਆਂ ਨੂੰ ਸਾਰਾ ਸਾਲ ਪਾਣੀ ਨਾ ਦੇ ਸਕਣ ਅਤੇ ਪਹਾੜਾਂ 'ਤੇ ਬਰਫ ਦੀ ਬਜਾਏ ਕੇਵਲ ਮੀਂਹ ਪੈਣ ਨਾਲ ਹੜ੍ਹ ਆਇਆ ਕਰਨ। ਇਸ ਹਾਲਤ ਵਿੱਚ ਹੜ੍ਹਾਂ ਤੋਂ ਬਾਅਦ ਦਰਿਆਵਾਂ ਵਿਚ ਕੇਵਲ ਰੇਤ ਹੀ ਰਿਹਾ ਕਰੇਗੀ। ਜੇਕਰ ਇਸ ਵਰਤਾਰੇ ਨੂੰ ਨਾ ਰੋਕਿਆ ਗਿਆ ਤਾਂ ਅਗਲਾ ਮਹਾਂਕੁੰਭ ਮੇਲਾ ਰੇਤ ਵਿੱਚ ਲੱਗੇਗਾ।

**# ਸੰਪਰਕ : ਵਟਸਐਪ ਨੰਬਰ 94176-32228**

# ਵਾਤਾਵਰਣ ਦੇ ਗੰਧਲੇਪਣ ਨਾਲ ਮਹਾਂਮਾਰੀ ਵਾਂਗ ਫੈਲ ਰਿਹਾ ਮਾਲਵੇ 'ਚ ਕੈਂਸਰ

**ਡਾਕਟਰ ਨਰਿੰਦਰ ਭੱਪਰ ਝਬੇਲਵਾਲੀ**

ਅੱਜਕੱਲ੍ਹ ਲੋਕ ਕੈਂਸਰ ਦਾ ਨਾਂਅ ਹੀ ਨਹੀਂ ਲੈਂਦੇ ਕਹਿ ਦਿੰਦੇ ਸਾਨੂੰ ਦੂਜਾ ਹੋ ਗਿਆ। ਕੈਂਸਰ ਪੰਜਾਬ ਦੇ ਮਾਲਵੇ ਇਲਾਕੇ ਵਿੱਚ ਮਹਾਂਵਾਰੀ ਦੀ ਸ਼ਕਲ ਅਖਤਿਆਰ ਕਰ ਰਿਹਾ ਹੈ। ਰਾਜਨੀਤਿਕ ਪਾਰਟੀਆਂ ਨੇ ਮਾਲਵਾ ਖੇਤਰ ਵਿੱਚ ਕੈਂਸਰ ਹਸਪਤਾਲ ਬਣਾਉਣ ਦਾ ਵਾਅਦਾ ਕੀਤਾ ਸੀ ਅਤੇ ਸੰਗਰੂਰ ਜ਼ਿਲ੍ਹੇ ਵਿੱਚ ਕੈਂਸਰ ਹਸਪਤਾਲ ਵੀ ਬਣਾਇਆ ਹੈ। ਇਹ ਇੱਕ ਚੰਗਾ ਕਦਮ ਹੈ ਅਤੇ ਹੋਰ ਥਾਂ ਵੀ ਹਸਪਤਾਲ ਬਣਾ ਰਹੇ ਹਨ। ਪਰ ਇਸ ਸਾਰੇ ਕੁਝ ਕਰਨ ਦਾ ਕੋਈ ਫਾਇਦਾ ਨਹੀਂ, ਕਿਉਂਕਿ ਇਹ ਹਸਪਤਾਲ ਕੈਂਸਰ ਰੋਗੀਆਂ ਤੇ ਉਹਨਾਂ ਦੇ ਸੰਬੰਧੀਆਂ ਨੂੰ ਰਾਹਤ ਤੇ ਇਲਾਜ ਦੀ ਸਹੂਲਤ ਤਾਂ ਦੇਵੇਗਾ, ਪਰ ਕੈਂਸਰ ਜਿਨ੍ਹਾਂ ਕਾਰਨਾਂ ਕਰਕੇ ਮਾਲਵੇ ਵਿੱਚ ਮਾਰੂ ਬਣਿਆ ਹੋਇਆ ਹੈ, ਉਹਨਾਂ ਕਾਰਨਾਂ ਦਾ ਸਮਾਧਾਨ ਨਹੀਂ ਕਰੇਗਾ। ਸਿਆਣੇ ਕਹਿੰਦੇ ਹਨ ਚੋਰ ਨੂੰ ਨਾ ਮਾਰੋ ਚੋਰ ਦੀ ਮਾਂ ਨੂੰ ਮਾਰੋ। ਅਸਲ ਵਿੱਚ ਕੈਂਸਰ ਦਾ ਇਹ ਪ੍ਰਕੋਪ ਪੰਜਾਬ ਦੇ ਸਮੁੱਚੇ ਵਾਤਾਵਰਨ ਤੰਤਰ ਦੇ ਢੇਰੀ ਹੋਣ ਦਾ ਸੰਕੇਤ ਜਾਪਦਾ ਹੈ। ਵਾਤਾਵਰਣ ਵਿੱਚ ਹੋਈ ਉਥਲ-ਪੁਥਲ ਵਾਤਾਵਰਨ ਵਿੱਚ ਘੁਲੇ ਰਸਾਇਣਾਂ, ਰੇਹਾਂ ਅਤੇ ਲਗਾਤਾਰ ਪ੍ਰਦੂਸ਼ਤ ਹੋ ਰਹੇ ਪਾਣੀ ਨੇ ਪੰਜਾਬ ਦੀ ਲੱਗਭੱਗ ਸਮੁੱਚੀ ਭੋਜਨ ਲੜੀ ਨੂੰ ਹੀ ਜ਼ਹਿਰੀਲਾ ਬਣਾ ਦਿੱਤਾ ਹੈ। ਅੱਜ ਕੱਲ੍ਹ ਕੈਂਸਰ ਦੇ ਨਾਲ-ਨਾਲ ਉਮਰੋਂ ਪਹਿਲਾਂ ਬੁਢੇਪੇ ਦੇ ਲੱਛਣ ਉਭਰਨੇ, ਹੱਡੀਆਂ ਦੀਆਂ ਬਿਮਾਰੀਆਂ, ਸਿਰਾਂ ਦੇ ਵਾਲ ਝੜਨੇ, ਬਲੱਡ ਪ੍ਰੈਸ਼ਰ, ਦਿਲ ਦੇ ਰੋਗ, ਤੇ ਬੇਔਲਾਦ ਜੋੜਿਆਂ ਦਾ ਵਧਣਾ ਆਦਿ ਬਿਮਾਰੀਆਂ ਪੰਜਾਬੀਆਂ ਨੂੰ ਆਪਣੀ ਲਪੇਟ 'ਚੋਂ ਲੈ ਰਹੀਆਂ ਹਨ। ਇਸ ਲਈ ਮੁੱਦਾ ਇਕੱਲਾ ਕੈਂਸਰ ਦਾ ਨਹੀਂ, ਬਲਕਿ ਸਮੁੱਚੇ ਵਾਤਾਵਰਨ ਸਿਹਤ ਨਾਲ ਜੋੜਿਆ ਹੋਇਆ ਹੈ। ਮਾਲਵੇ ਇਲਾਕੇ ਦੀਆਂ ਵੱਡੀਆਂ ਨਹਿਰਾਂ ਜੋ ਕਿ ਫਿਰੋਜ਼ਪੁਰ, ਫਾਜ਼ਿਲਕਾ, ਸ੍ਰੀ ਮੁਕਤਸਰ ਸਾਹਿਬ, ਬਠਿੰਡਾ, ਮਲੋਟ, ਅਬੋਹਰ ਅਤੇ ਰਾਜਸਥਾਨ ਨੂੰ ਪਾਣੀ ਸਪਲਾਈ ਕਰਦੀਆਂ ਹਨ। ਉਹਨਾਂ ਵਿੱਚ ਬੁੱਢੇ ਨਾਲੇ ਦਾ ਪਾਣੀ ਆ ਰਿਹਾ ਹੈ, ਜਿਸ ਵਿੱਚ ਕਿ ਜ਼ਹਿਰੀਲੇ ਕੈਮੀਕਲ ਲੈਂਡ, ਨਿਕਲ, ਐਲੂਮੀਨੀਅਮ ਅਤੇ ਯੂਰੇਨੀਅਮ ਆਦਿ ਵਰਗੇ ਤੱਤ ਪਾਏ ਜਾਂਦੇ ਹਨ।

ਅੱਜ-ਕੱਲ੍ਹ ਹਾਲਤ ਇਹ ਹੈ ਕਿ ਫੌਜ ਵਿੱਚ ਭਰਤੀ ਲਈ ਪੰਜਾਬ ਦਾ ਤਹਿਸ਼ੁਦਾ ਕੋਟਾ ਪੂਰਾ ਕਰਨ ਲਈ ਸੈਨਿਕ ਪ੍ਰਸ਼ਾਸਨ ਨੂੰ ਅਜੀਬ ਹਾਲਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪੰਜਾਬ ਦੇ ਨੌਜਵਾਨ ਸੈਨਾ ਦੇ ਮਾਪਦੰਡਾਂ 'ਤੇ ਖਰੇ ਨਹੀਂ ਉਤਰਦੇ। ਪਹਿਲਾਂ ਭਾਰਤੀ ਸੈਨਾ ਵਿੱਚ ਬਹੁਤੀ ਗਿਣਤੀ ਪੰਜਾਬੀਆਂ ਦੀ ਹੁੰਦੀ ਸੀ। ਭਾਰਤੀ ਫੌਜ ਵਿੱਚ ਭਰਤੀ ਹੋਣ ਦੇ ਚਾਹਵਾਨ ਪੰਜਾਬੀ ਨੌਜਵਾਨ ਸੈਨਾ ਵੱਲੋਂ ਨਿਸਚਿਤ ਯੋਗਤਾਵਾਂ ਦੇ ਨਿਯਮਾਂ ਤੋਂ ਪੂਰੇ ਨਹੀਂ ਉੱਤਰ ਰਹੇ। ਕੁਝ ਵਰ੍ਹੇ ਪਹਿਲਾਂ ਦਿੱਲੀ ਦੀ ਪ੍ਰਸਿੱਧ ਪਰਿਆਵਰਣ ਸੰਸਥਾ ਸੈਂਟਰ ਫਾਰ ਸਾਇੰਸ ਐਂਡ ਇਨਵਾਇਰਮੈਂਟ ਦੀ ਖੋਜ ਦੇ ਅਨੁਸਾਰ ਤਲਵੰਡੀ ਸਾਬੋ, ਬਠਿੰਡਾ, ਮਾਨਸਾ ਖੇਤਰ ਦੇ ਲੋਕਾਂ ਦੇ ਖੂਨ ਵਿੱਚ 6 ਤੋਂ 13 ਪ੍ਰਕਾਰ ਦੇ ਕੀਟਨਾਸ਼ਕ ਮਿਲੇ। ਗੱਲ ਇੱਥੇ ਹੀ ਖਤਮ ਨਹੀਂ ਪੰਜਾਬ ਵਿੱਚ ਮਾਂ ਦੇ ਦੁੱਧ ਵਿੱਚ ਕੀਟਨਾਸ਼ਕ ਪਾਏ ਜਾਣ ਦੀ ਪਹਿਲਾਂ ਹੀ ਪੁਸ਼ਟੀ ਹੋ ਚੁੱਕੀ ਹੈ। ਔਰਤਾਂ ਨੂੰ ਛਾਤੀ ਦਾ ਕੈਂਸਰ ਬਹੁਤ ਵਧ ਰਿਹਾ ਹੈ। ਇਹ ਪੰਜਾਬ ਦੀ ਸਿਹਤ ਪ੍ਰਤੀ ਇੱਕ ਭਿਆਨਕ ਤਸਵੀਰ ਪੇਸ਼ ਕਰਦੀ ਹੈ। ਇਹ ਕੀਟਨਾਸ਼ਕ ਕਈ ਭਿਆਨਕ ਬਿਮਾਰੀਆਂ ਦਾ ਕਾਰਨ ਬਣ ਰਹੇ ਹਨ।

ਵਾਤਾਵਰਣ ਸਿਹਤ ਇੱਕ ਗੰਭੀਰ ਵਿਸ਼ਾ ਹੈ। ਇਸ 'ਤੇ ਧਿਆਨ ਦਿੰਦੇ ਹੋਏ ਕੁਝ ਅਸਰਦਾਰ ਕਦਮ ਉਠਾਉਣੇ ਜ਼ਰੂਰੀ ਹਨ, ਜਿਵੇਂ ਕਿ

* ਪੀ ਜੀ ਆਈ ਚੰਡੀਗੜ੍ਹ ਵੱਲੋਂ ਤਲਵੰਡੀ ਸਾਬੋ ਬਲਾਕ ਗਿਆਨਾ, ਜੱਜਲ ਆਦਿ ਪਿੰਡਾਂ ਵਿੱਚ ਕੈਂਸਰ 'ਤੇ ਕੀਤੀ ਗਈ ਖੋਜ ਦੀ ਜਿਹੜੀ ਰਿਪੋਰਟ ਸਰਕਾਰ ਨੂੰ ਭੇਜੀ ਗਈ ਹੈ, ਉਸ ਵਿੱਚ ਕੀਤੀਆਂ ਗਈਆਂ ਸਿਫਾਰਸ਼ਾਂ ਨੂੰ ਫੌਰੀ ਲਾਗੂ ਕਰਨਾ ਚਾਹੀਦਾ ਹੈ।

* ਪੰਜਾਬ ਵਿੱਚ ਵਾਤਾਵਰਣ ਸਿਹਤ ਸੰਗਠਨ 'ਤੇ ਢੁਕਵੀਂ ਖੋਜ ਕਰਕੇ ਪਹਿਲ ਦੇ ਅਧਾਰ 'ਤੇ ਕੈਂਸਰ, ਗੁਪਤ ਅੰਗਾਂ ਦੀ ਤੰਦਰੁਸਤੀ, ਇਸਤਰੀ ਰੋਗ ਅਤੇ ਬੱਚਾ ਰੋਗਾਂ 'ਤੇ ਨਜ਼ਰਸਾਨੀ ਕਰਨ ਲਈ ਵਿਸ਼ੇਸ਼ ਫੰਡ ਰੱਖਿਆ ਜਾਣਾ ਚਾਹੀਦਾ ਹੈ।

* ਪੰਜਾਬ ਵਿੱਚ ਵਾਤਾਵਰਣ ਅਤੇ ਭੋਜਨ ਲੜੀ ਨੂੰ ਜ਼ਹਿਰ ਮੁਕਤ ਬਣਾਉਣ ਲਈ ਵਿਸ਼ੇਸ਼ ਕਾਰਜ ਯੋਜਨਾ ਸ਼ੁਰੂ ਕਰਨੀ ਚਾਹੀਦੀ ਹੈ।

* ਕੀਟਨਾਸ਼ਕਾਂ ਅਤੇ ਖੇਤੀ ਰਸਾਇਣਾਂ ਤੋਂ ਪੂਰੀ ਤਰ੍ਹਾਂ ਮੁਕਤ ਖੇਤੀ ਕਰਨ ਨੂੰ ਕਿਸਾਨਾਂ ਨੂੰ ਹੱਲਾਸ਼ੇਰੀ ਦੇਣੀ ਚਾਹੀਦੀ ਹੈ ਅਤੇ ਉਨ੍ਹਾਂ ਦੀ ਆਰਥਿਕ ਮਦਦ ਵੀ ਕਰਨੀ ਚਾਹੀਦੀ ਹੈ।

* ਵੱਖ-ਵੱਖ ਖੁਰਾਕ ਪਦਾਰਥਾਂ ਵਿੱਚ ਕੀਟਨਾਸ਼ਕਾਂ ਦੀ ਮੌਜੂਦਗੀ ਦੀ ਮਾਤਰਾ ਦੀ ਨਿਗਰਾਨੀ ਲਈ ਢੁਕਵੇਂ ਕਦਮ ਚੁੱਕਣੇ ਚਾਹੀਦੇ ਹਨ।

* ਕੀਟਨਾਸ਼ਕਾਂ ਤੋਂ ਰਹਿਤ ਕੁਦਰਤੀ ਅਤੇ ਸੰਜੀਵ ਖੇਤੀ ਹਰੇਕ ਜ਼ਿਲ੍ਹੇ ਵਿੱਚ ਸਥਿਤ ਕ੍ਰਿਸ਼ੀ ਵਿਗਿਆਨ ਕੇਂਦਰਾਂ (ਕੇ. ਵੀ. ਕੇ.) ਅਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਨੂੰ ਸਮਾਂਬੱਧ ਕਾਰਜ ਸੌਂਪਿਆ ਜਾਣਾ ਚਾਹੀਦਾ ਹੈ। ਇਸ ਉਦੇਸ਼ ਲਈ ਪਹਿਲਾਂ ਹੀ ਕਾਰਜ ਕਰ ਰਹੇ ਸੰਗਠਨਾਂ ਅਤੇ ਸਮਾਜ ਸੇਵੀ ਜਥੇਬੰਦੀਆਂ ਨੂੰ ਮਹੱਤਵਪੂਰਨ ਭੂਮਿਕਾ ਸੰਭਾਲਣੀ ਚਾਹੀਦੀ ਹੈ।

ਅੱਜ ਸਾਡਾ ਸਮਾਜ ਜਿਸ ਸੰਕਟ 'ਚੋਂ ਲੰਘ ਰਿਹਾ ਹੈ, ਉਹ ਪੰਜਾਬ ਦੀਆਂ ਆਉਣ ਵਾਲੀਆਂ ਪੀੜ੍ਹੀਆਂ ਤੱਕ ਦੇ ਜੀਵਨ ਨੂੰ ਪ੍ਰਭਾਵਿਤ ਕਰੇਗਾ। ਪੰਜਾਬ ਦੇ ਨੌਜਵਾਨ ਮੁੰਡੇ-ਕੁੜੀਆਂ ਵਿੱਚ ਬੇਔਲਾਦਪਣ ਦੇ ਲੱਛਣ ਦਿਨੋ-ਦਿਨ ਵਧਦੇ ਜਾਂਦੇ ਹਨ। ਪੰਜਾਬ ਨੇ ਜਿਉਣਾ ਹੈ, ਤਾਂ ਕੁਦਰਤ ਨਾਲ ਫਿਰ ਤੋਂ ਜੁੜਨਾ ਪਵੇਗਾ, ਕੈਂਸਰ ਸਮਾਜ ਤੋਂ ਵਧੇਰੇ ਸਾਡੇ ਵਿਚਾਰਾਂ ਨੂੰ ਲੱਗਾ ਹੈ। ਕੁਦਰਤ ਦਾ ਸ਼ੋਸ਼ਣ ਕਰਕੇ ਖੁਸ਼ਹਾਲ ਅਤੇ ਸੁਖੀ ਹੋਣ ਦਾ ਵਿਚਾਰ ਕੈਂਸਰ ਹੈ। ਇਸ ਲਈ ਲੋਕਾਂ ਦਾ ਇਲਾਜ ਕਰਨ ਵਾਲੇ ਕੈਂਸਰ ਦੇ ਹਸਪਤਾਲ ਦੇ ਨਾਲ-ਨਾਲ ਸਾਡੀ ਕੁਦਰਤੀ ਵਿਰੋਧੀ ਸੋਚ ਦੇ ਕੈਂਸਰ ਦੇ ਇਲਾਜ ਦੀ ਗੱਲ ਚੁੱਕਣੀ ਚਾਹੀਦੀ ਹੈ। ਬਾਕੀ ਪਰਹੇਜ਼ ਵਿੱਚ ਹੀ ਬਚਾਅ ਹੈ।

**# ਸੰਪਰਕ : 62841-45349**

## ਪਾਠਕ-ਸੱਥ

### ਨਸ਼ਿਆਂ ਦੀ ਸਮੱਸਿਆ

ਹਾਲ ਹੀ ਵਿੱਚ ਪੰਜਾਬ ਸਰਕਾਰ ਵੱਲੋਂ ਪੰਜ ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ ਹੈ। ਪੰਜਾਬ ਸਰਕਾਰ ਵੱਲੋਂ ਇੱਕ ਵਾਰ ਫਿਰ ਨਸ਼ਿਆਂ ਵਿਰੁੱਧ ਜੰਗ ਛੇੜ ਦਿੱਤੀ ਗਈ ਹੈ। ਹਾਲਾਂਕਿ ਸੱਤਾ ਵਿੱਚ ਆਉਣ ਤੋਂ ਪਹਿਲਾਂ 2022 ਦੀਆਂ ਵਿਧਾਨ ਸਭਾ ਚੋਣਾਂ ਵੇਲੇ 'ਆਪ' ਵੱਲੋਂ ਐਲਾਨ ਕੀਤਾ ਗਿਆ ਸੀ ਕਿ ਕੁਝ ਮਹੀਨਿਆਂ ਵਿੱਚ ਹੀ ਨਸ਼ਾ ਖਤਮ ਕਰ ਦਿੱਤਾ ਜਾਵੇਗਾ। ਹਾਲਾਂਕਿ ਬਹੁਤ ਕੁਝ ਕੀਤਾ ਵੀ ਗਿਆ, ਪਰ ਨਸ਼ੇ ਦੀ ਸਮੱਸਿਆ ਦਾ ਨਿਪਟਾਰਾ ਨਹੀਂ ਹੋ ਸਕਿਆ।

ਚਿੱਟਾ ਪਤਾ ਨਹੀਂ ਇਹ ਪੰਜਾਬ ਵਿੱਚ ਕਿਥੋਂ ਆ ਗਿਆ ਹੈ, ਪੰਜਾਬ ਦੀ ਨੌਜਵਾਨੀ ਖ਼ਤਮ ਕਰ ਰਿਹਾ ਹੈ। ਪੰਜਾਬ ਦਾ ਅਰਥ ਹੈ-ਪੰਜ ਦਰਿਆਵਾਂ ਦੀ ਧਰਤੀ। ਗੁਰੂਆਂ, ਪੀਰਾਂ, ਪੈਗੰਬਰਾਂ ਦੀ ਧਰਤੀ ਨੂੰ ਪਤਾ ਨਹੀਂ ਕਿਸ ਚੰਦਰੇ ਨੇ ਕਲੰਕਿਤ ਕਰ ਦਿੱਤਾ ਹੈ। ਕੋਈ ਸਮਾਂ ਹੁੰਦਾ ਸੀ ਜਦੋਂ ਪੰਜਾਬ ਦੀ ਨੌਜਵਾਨੀ ਖੇਤਾਂ ਵਿੱਚ ਆਪ ਹੀ ਕੰਮ ਕਰਦੀ ਸੀ। ਘਰ ਦੇ ਬਣੇ ਦੁੱਧ, ਦਹੀਂ, ਪਨੀਰ, ਖੋਆ, ਲੱਸੀ ਹੀ ਸਿਹਤ ਲਈ ਗੁਣਕਾਰੀ ਹੁੰਦਾ ਸੀ। ਨੌਜਵਾਨਾਂ ਦੇ ਚਿਹਰੇ ਤੋਂ ਨੂਰ ਟਪਕਦਾ ਸੀ। ਛੇ ਫੁੱਟ ਦੇ ਚਿੱਟੇ ਚਾਦਰੇ ਬੰਨ੍ਹਣ ਵਾਲੇ ਨੌਜਵਾਨ ਖਿੱਚ ਦਾ ਕੇਂਦਰ ਬਣਦੇ ਸਨ। ਸਮਾਂ ਬਦਲਿਆ, ਗੁਆਂਢੀ ਸਰਹੱਦ ਪਾਕਿਸਤਾਨ ਤੋਂ ਆਇਆ ਇਹ ਚਿੱਟਾ ਪੰਜਾਬ ਵਿੱਚ ਹੁਣ ਪੈਰ ਪਸਾਰ ਗਿਆ ਹੈ। ਘਰਾਂ ਵਿੱਚ ਸੱਥਰ ਵਿੱਛ ਚੁੱਕੇ ਹਨ। ਹਾਲ ਹੀ ਵਿਚ ਖ਼ਬਰ ਪੜ੍ਹੀ ਕਿ ਅੰਮ੍ਰਿਤਸਰ ਦੇ ਨਾਬਾਲਗ ਬੱਚੇ ਕੋਲੋਂ 15 ਕਿਲੋ ਹੈਰੋਇਨ ਫੜੀ ਗਈ ਹੈ। ਗ੍ਰਿਫਤਾਰ ਕੀਤੇ ਨਾਬਾਲਗ ਦਾ ਪਿਤਾ ਅਤੇ ਦਾਦਾ ਪਹਿਲਾਂ ਹੀ ਨਸ਼ਿਆਂ ਦੀ ਤਸਕਰੀ ਕਰਕੇ ਜੇਲ੍ਹ ਵਿੱਚ ਬੰਦ ਹਨ। ਤਕਰੀਬਨ ਪਿਛਲੇ ਅੱਠ ਮਹੀਨਿਆਂ 'ਚ ਨਸ਼ਾ ਤਸਕਰਾਂ ਤੋਂ 10 ਕਰੋੜ ਰੁਪਏ ਦੀ ਡਰੱਗ ਮਨੀ ਬਰਾਮਦ ਹੋਈ ਹੈ, ਜੋ ਕਿ ਮਾਨ ਸਰਕਾਰ ਦੀ ਸ਼ਲਾਘਾਯੋਗ ਪਹਿਲ ਹੈ। ਸਿਹਤ ਮੰਤਰੀ ਨੇ ਵਿਧਾਨ ਸਭਾ ਵਿਚ ਨਸ਼ਿਆਂ ਦਾ ਮੁੱਦਾ ਚੁੱਕਿਆ ਸੀ। ਉਨ੍ਹਾਂ ਕਿਹਾ ਕਿ ਸੂਬੇ ਦੇ ਕਰੀਬ 10 ਲੱਖ ਤੋਂ ਵੱਧ ਨੌਜਵਾਨ ਨਸ਼ਿਆਂ ਨਾਲ ਪ੍ਰਭਾਵਤ ਹਨ ਤੇ ਲੱਖਾਂ ਹੀ ਨੌਜਵਾਨ ਸਰਕਾਰੀ ਨਸ਼ਾ ਛਡਾਊ ਕੇਂਦਰਾਂ ਤੋਂ ਇਲਾਜ ਕਰਵਾ ਰਹੇ ਹਨ। ਕੁਝ ਪ੍ਰਾਈਵੇਟ ਸੈਂਟਰਾਂ ਤੋ ਇਲਾਜ ਕਰਵਾ ਰਹੇ ਹਨ। ਇੱਕ ਵੀਡੀਓ ਵਾਇਰਲ ਹੋ ਰਹੀ ਸੀ, ਜਿਸ ਵਿੱਚ ਇੱਕ ਈ ਰਿਕਸ਼ੇ ਵਾਲਾ ਨਸ਼ੇ ਵਿੱਚ ਧੁੱਤ ਮੂਧੇ ਮੂੰਹ ਰਿਕਸ਼ੇ ਵਿੱਚ ਪਿਆ ਸੀ। ਅੰਮ੍ਰਿਤਸਰ ਦੇ ਕਟੜਾ ਬੱਗੀਆਂ ਇਲਾਕੇ ਵਿੱਚ ਦੋ ਸਕੇ ਭਰਾਵਾਂ ਦੀ ਨਸ਼ੇ ਦੀ ਓਵਰਡੋਜ਼ ਕਾਰਨ ਮੌਤ ਹੋਈ ਹੈ। ਇੱਕ ਭਰਾ ਜੇਲ ਵਿਚ ਬੰਦ ਸੀ, ਜਿਸ ਦੀ ਇਲਾਜ ਦੌਰਾਨ ਹਸਪਤਾਲ ਵਿੱਚ ਮੌਤ ਹੋ ਚੁੱਕੀ ਹੈ ਤੇ ਦੂਜੇ ਭਰਾ ਦੀ ਨਸ਼ੇ ਦੀ ਜ਼ਿਆਦਾ ਓਵਰਡੋਜ਼ ਕਾਰਨ। ਚੋਹਲਾ ਸਾਹਿਬ ਵਿਖੇ ਇਕ ਕਿਸਾਨ ਪਰਵਾਰ ਦੇ ਦੋਵਾਂ ਪੁੱਤਰਾਂ ਦੀ ਨਸ਼ੇ ਦੀ ਓਵਰਡੋਜ਼ ਕਾਰਨ ਮੌਤ ਹੋ ਗਈ। ਵੱਡੇ ਪੁੱਤਰ ਦੀਆਂ ਅੰਤਮ ਰਸਮਾਂ ਵੀ ਅਜੇ ਪੂਰੀਆਂ ਵੀ ਨਹੀਂ ਹੋਈਆਂ ਸਨ ਕਿ ਛੋਟੇ ਪੁੱਤਰ ਦੀ ਵੀ ਪਹਿਲਾਂ ਹੀ ਮੌਤ ਹੋ ਗਈ। ਪੰਜਾਬ ਪੁਲਸ ਵੱਲੋਂ ਦਿੱਤੀ ਜਾਣਕਾਰੀ ਦੇ ਆਧਾਰ 'ਤੇ ਗੁਜਰਾਤ ਤੋਂ ਕਰੋੜਾਂ ਰੁਪਏ ਦੀ ਹੈਰੋਇਨ ਬਰਾਮਦ ਕੀਤੀ ਗਈ ਹੈ। ਸਰਹੱਦ ਪਾਕਿਸਤਾਨ ਵੱਲੋਂ ਡਰੋਨ ਰਾਹੀਂ ਨਸ਼ਿਆਂ ਦੀ ਤਸਕਰੀ ਲਗਾਤਾਰ ਜਾਰੀ ਹੈ। ਲੁਧਿਆਣਾ ਵਿੱਚ ਇੱਕ ਨਾਬਾਲਗ ਦੀ ਨਸ਼ੇ ਵਾਲੀ ਸਰਿੰਜ ਲਗਾ ਕੇ ਮੌਤ ਹੋਣ ਦੀ ਖਬਰ ਪੜ੍ਹੀ। ਪੰਜਾਬ ਵਿੱਚ ਮਾਨ ਸਰਕਾਰ ਵੱਲੋ ਨਸ਼ਿਆਂ 'ਤੇ ਨਕੇਲ ਕੱਸਣ ਲਈ ਸੂਬੇ ਵਿੱਚ ਤਲਾਸ਼ੀ ਮੁਹਿੰਮ ਚਲਾਈ ਗਈ। ਕੁਝ ਕੁ ਨਸ਼ਾ ਤਸਕਰਾਂ ਨੂੰ ਫੜਿਆ ਵੀ ਗਿਆ ਤੇ ਸੁਣਨ ਵਿੱਚ ਵੀ ਆਇਆ ਕਿ ਕੁਝ ਨਸ਼ੇ ਦੇ ਸੌਦਾਗਰ ਘਰ ਨੂੰ ਤਾਲਾ ਲਗਾ ਕੇ ਫਰਾਰ ਹੋ ਗਏ। ਸੋਚਣ ਵਾਲੀ ਗੱਲ ਹੈ ਕਿ ਜੇ ਪੁਲਸ ਪ੍ਰਸ਼ਾਸਨ ਨਸ਼ਿਆਂ ਦੇ ਖਿਲਾਫ ਸਖ਼ਤ ਕਦਮ ਚੁੱਕੇਗਾ, ਤਾਂ ਆਪਣੇ ਆਪ ਹੀ ਨਸ਼ਿਆਂ ਦੀਆਂ ਜੜ੍ਹਾਂ ਪੁੱਟੀਆਂ ਜਾਣਗੀਆਂ। ਸਰਹੱਦੀ ਮੁਲਕਾਂ ਦੇ ਆਲ੍ਹਾ ਅਧਿਕਾਰੀਆਂ ਨੂੰ ਆਪਸੀ ਤਾਲਮੇਲ ਬਣਾ ਕੇ ਨਸ਼ਿਆਂ ਦੀ ਸਮਗਲਿੰਗ ਨੂੰ ਰੋਕਿਆ ਜਾ ਸਕਦਾ ਹੈ। ਦੇਸ਼ ਦਾ ਭਵਿੱਖ ਬਚਾਉਣ ਲਈ ਸਰਕਾਰਾਂ, ਆਮ ਜਨਤਾ, ਸਿਆਸਤਦਾਨਾਂ ਨੂੰ ਆਪਣੀ ਜ਼ਿੰਮੇਵਾਰੀ ਇਮਾਨਦਾਰੀ ਨਾਲ ਨਿਭਾਉਣੀ ਚਾਹੀਦੀ ਹੈ।

**-ਸੰਜੀਵ ਸਿੰਘ ਸੈਣੀ**, 78889-66168

# ਨਕਲ ਨੂੰ ਰੋਕਣ ਲਈ ਪ੍ਰੀਖਿਆਵਾਂ ਵਿਹਾਰਕ ਹੋਣੀਆਂ ਚਾਹੀਦੀਆਂ

**ਅਰੁਣ ਕੁਮਾਰ ਕੈਹਰਬਾ**

ਜੋ ਵਿਦਿਆਰਥੀ ਸਾਰਾ ਸਾਲ ਅਤੇ ਖਾਸ ਕਰਕੇ ਪ੍ਰੀਖਿਆ ਦੇ ਦਿਨਾਂ ਦੌਰਾਨ ਪੜ੍ਹਾਈ ਕਰਦੇ ਹਨ, ਉਹ ਸਾਰੀਆਂ ਖੁਸ਼ੀਆਂ ਭੁੱਲ ਜਾਂਦੇ ਹਨ ਅਤੇ ਪੜ੍ਹਾਈ ਵਿੱਚ ਡੁੱਬੇ ਰਹਿੰਦੇ ਹਨ, ਆਪਣੇ ਮਨਾਂ ਵਿੱਚ ਨਵੀਆਂ ਉਮੀਦਾਂ ਅਤੇ ਉਜਵਲ ਭਵਿੱਖ ਦੇ ਸੁਪਨਿਆਂ ਨਾਲ ਪ੍ਰੀਖਿਆ ਕੇਂਦਰ ਪਹੁੰਚਦੇ ਹਨ। ਬੋਰਡ ਪ੍ਰੀਖਿਆਵਾਂ ਬੱਚਿਆਂ ਲਈ ਕਿਸੇ ਸ਼ੁਰੂਆਤੀ ਪ੍ਰੀਖਿਆ ਤੋਂ ਘੱਟ ਨਹੀਂ ਹੁੰਦੀਆਂ। ਇਮਤਿਹਾਨਾਂ ਵਿੱਚ ਬੈਠਦੇ ਸਮੇਂ ਵੀ ਬੱਚਿਆਂ ਦੇ ਮਨਾਂ ਵਿੱਚ ਹਲਚਲ ਹੁੰਦੀ ਹੈ। ਕਿਸ ਤਰ੍ਹਾਂ ਦਾ ਪੇਪਰ ਆਵੇਗਾ? ਉਹ ਸਵਾਲਾਂ ਦੇ ਜਵਾਬ ਕਿਵੇਂ ਦੇਣਗੇ? ਸਾਰੇ ਪੇਪਰ ਚੰਗੀ ਤਰ੍ਹਾਂ ਅਤੇ ਸਮੇਂ ਸਿਰ ਪੂਰੇ ਹੋਣ, ਅਤੇ ਕੌਣ ਜਾਣਦਾ ਹੈ ਕਿ ਵਿਦਿਆਰਥੀਆਂ ਦੇ ਮਨਾਂ ਵਿੱਚ ਅਜਿਹੇ ਕਿੰਨੇ ਸਵਾਲ ਉੱਠਦੇ ਰਹਿੰਦੇ ਹਨ। ਉਨ੍ਹਾਂ ਵਿਦਿਆਰਥੀਆਂ ਦਾ ਕੀ ਬਣੇਗਾ, ਜਿਨ੍ਹਾਂ ਨੇ ਪ੍ਰੀਖਿਆ ਦਿੰਦੇ ਸਮੇਂ ਪੂਰਾ ਸਾਲ ਸਖ਼ਤ ਮਿਹਨਤ ਕੀਤੀ ਹੈ ਅਤੇ ਫਿਰ ਪਤਾ ਲੱਗੇਗਾ ਕਿ ਪੇਪਰ ਲੀਕ ਹੋ ਗਿਆ ਹੈ?

ਹਰ ਸਾਲ ਵਾਂਗ ਇਸ ਵਾਰ ਵੀ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਬੋਰਡ ਪ੍ਰੀਖਿਆਵਾਂ ਬਾਰੇ ਅਜਿਹੀਆਂ ਹੀ ਖ਼ਬਰਾਂ ਆ ਰਹੀਆਂ ਹਨ। ਹਰਿਆਣਾ ਸਿੱਖਿਆ ਬੋਰਡ ਦੀਆਂ 10ਵੀਂ ਅਤੇ 12ਵੀਂ ਦੀਆਂ ਪ੍ਰੀਖਿਆਵਾਂ ਦੇ ਸ਼ੁਰੂਆਤੀ ਪੇਪਰ ਲੀਕ ਹੋਣ ਦੀਆਂ ਰਿਪੋਰਟਾਂ ਆਈਆਂ ਹਨ। ਪ੍ਰੀਖਿਆ ਕੇਂਦਰਾਂ ਦੇ ਬਾਹਰੋਂ ਆਈਆਂ ਫੋਟੋਆਂ ਅਤੇ ਵੀਡੀਓ ਹੈਰਾਨ ਕਰਨ ਵਾਲੀਆਂ ਹਨ, ਉਨ੍ਹਾਂ ਨੂੰ ਦੇਖ ਕੇ ਲੱਗਦਾ ਹੈ ਕਿ ਇਹ ਪ੍ਰੀਖਿਆਵਾਂ ਨਹੀਂ, ਸਗੋਂ ਨਕਲ ਦੇ ਤਿਉਹਾਰ ਹਨ। ਇਸ ਤਿਉਹਾਰ ਵਿੱਚ ਵਿਦਿਆਰਥੀਆਂ ਦੇ ਮਾਪਿਆਂ, ਅਧਿਆਪਕਾਂ, ਪ੍ਰੀਖਿਆ ਪ੍ਰਣਾਲੀ ਅਤੇ ਸੁਰੱਖਿਆ ਲਈ ਤਾਇਨਾਤ ਪੁਲਸ ਮੁਲਾਜ਼ਮਾਂ 'ਤੇ ਸਵਾਲ ਉਠਾਏ ਜਾਂਦੇ ਹਨ। ਪੀੜਤ ਉਹ ਵਿਦਿਆਰਥੀ ਹਨ, ਜੋ ਆਪਣੀਆਂ ਪ੍ਰੀਖਿਆਵਾਂ ਦੀ ਤਿਆਰੀ ਲਈ ਦਿਨ-ਰਾਤ ਸਖ਼ਤ ਮਿਹਨਤ ਕਰਦੇ ਹਨ। ਵਿਦਿਆਰਥੀਆਂ ਦੇ ਚਿਹਰਿਆਂ 'ਤੇ ਨਿਰਾਸ਼ਾ ਹੈ, ਕਿਉਂਕਿ ਉਹ ਆਪਣੀ ਮਿਹਨਤ ਨੂੰ ਬਿਨਾਂ ਕਿਸੇ ਗਲਤੀ ਦੇ ਪੇਪਰ ਰੱਦ ਹੋਣ ਕਾਰਨ ਵਿਅਰਥ ਜਾਂਦੇ ਵੇਖ ਰਹੇ ਹਨ। ਉਨ੍ਹਾਂ ਦੇ ਦਿਲਾਂ ਵਿੱਚ ਉਹੀ ਭਾਵਨਾਵਾਂ ਹੋਣਗੀਆਂ, ਜੋ ਕਿਸਾਨਾਂ ਦੇ ਦਿਲਾਂ ਵਿੱਚ ਹੁੰਦੀਆਂ ਹਨ। ਜਦੋਂ ਉਹ ਬੇਮੌਸਮੀ ਬਾਰਿਸ਼ ਕਾਰਨ ਆਪਣੀਆਂ ਫਸਲਾਂ ਨੂੰ ਬਰਬਾਦ ਹੁੰਦੇ ਦੇਖਦੇ ਹਨ। ਕਿਸਾਨ ਜਾਣਦੇ ਹਨ ਕਿ ਜੇਕਰ ਪੱਕੀ ਹੋਈ ਫ਼ਸਲ ਡਿੱਗ ਪਵੇ ਤਾਂ ਇਸ ਨੂੰ ਦੁਬਾਰਾ ਨਹੀਂ ਚੁੱਕਿਆ ਜਾ ਸਕਦਾ। ਵਿਦਿਆਰਥੀਆਂ ਲਈ ਪੇਪਰ ਰੱਦ ਕਰਨਾ ਖੇਤ ਵਿੱਚ ਪੱਕੀ ਹੋਈ ਫ਼ਸਲ ਡਿੱਗਣ ਵਾਂਗ ਹੈ।

ਸਿੱਖਿਆ ਬੋਰਡਾਂ ਦਾ ਦਾਅਵਾ ਹੈ ਕਿ ਉਹ ਨਕਲ-ਮੁਕਤ ਪ੍ਰੀਖਿਆਵਾਂ ਕਰਵਾਉਣ ਲਈ ਸਾਰੇ ਪ੍ਰਬੰਧ ਕਰ ਰਹੇ ਹਨ। ਪ੍ਰੀਖਿਆਵਾਂ ਦੀ ਸ਼ੁੱਧਤਾ ਅਤੇ ਗੁਪਤਤਾ ਨੂੰ ਯਕੀਨੀ ਬਣਾਉਣ ਲਈ ਸਖ਼ਤ ਸੁਰੱਖਿਆ ਪ੍ਰਬੰਧਾਂ ਦੇ ਨਾਲ ਪ੍ਰੀਖਿਆਵਾਂ ਤੋਂ ਪਹਿਲਾਂ ਧੋਖਾਧੜੀ ਵਿਰੋਧੀ ਮੁਹਿੰਮ ਵੀ ਚਲਾਈ ਜਾਂਦੀ ਹੈ। ਜਾਗਰੂਕਤਾ ਲਈ ਸਕੂਲਾਂ ਵਿੱਚ ਮੁਕਾਬਲੇ ਕਰਵਾਏ ਜਾਂਦੇ ਹਨ। ਪ੍ਰੀਖਿਆ ਕੇਂਦਰਾਂ ਦੇ ਪ੍ਰਬੰਧਾਂ ਵੱਲ ਵੀ ਧਿਆਨ ਦਿੱਤਾ ਗਿਆ। ਇਸ ਦੇ ਬਾਵਜੂਦ ਨਕਲ-ਮੁਕਤ ਪ੍ਰੀਖਿਆ ਦੇ ਦਾਅਵੇ ਠੁੱਸ ਹੋ ਗਏ। ਚੌਕਸੀ ਵਿੱਚ ਕੁਤਾਹੀ ਸਪੱਸ਼ਟ ਹੋ ਗਈ ਹੈ, ਕਿਉਂਕਿ ਪ੍ਰਸ਼ਨ ਪੱਤਰ ਪ੍ਰੀਖਿਆ ਕੇਂਦਰਾਂ ਵਿੱਚ ਪਹੁੰਚਦੇ ਹੀ ਲੀਕ ਹੋ ਗਏ ਸਨ। ਇਸ ਨਾਲ ਕਈ ਸਵਾਲ ਵੀ ਖੜ੍ਹੇ ਹੋਏ ਹਨ। ਕੀ ਨਿਯਮਾਂ ਅਤੇ ਕਾਨੂੰਨਾਂ ਦੀ ਉਲੰਘਣਾ ਕਰਨ ਵਾਲੇ ਇੰਨੇ ਤਾਕਤਵਰ ਹਨ ਕਿ ਉਹ ਪੂਰੇ ਸਿਸਟਮ ਨੂੰ ਤਬਾਹ ਕਰ ਸਕਦੇ ਹਨ? ਇਸ ਘਟਨਾ ਨੇ ਸਿੱਖਿਆ ਬੋਰਡ ਦੀ ਸਾਖ ਨੂੰ ਢਾਅ ਲਗਾਈ ਹੈ। ਇਸ ਕਲੰਕ ਨੂੰ ਮਿਟਾਉਣ ਲਈ ਸ਼ਰਾਰਤੀ ਲੋਕਾਂ ਦੇ ਬੁਰੇ ਕੰਮਾਂ ਦੀ ਤਹਿ ਤੱਕ ਜਾਣਾ ਅਤੇ ਦੋਸ਼ੀਆਂ ਦੀ ਪਛਾਣ ਕਰਨਾ ਅਤੇ ਉਨ੍ਹਾਂ ਨੂੰ ਸਜ਼ਾ ਦੇਣਾ ਜ਼ਰੂਰੀ ਹੈ।

ਇਸ ਤੋਂ ਵੀ ਵੱਧ ਮੌਜੂਦਾ ਸਿੱਖਿਆ, ਅਧਿਆਪਨ ਅਤੇ ਮੁਲਾਂਕਣ ਪ੍ਰਣਾਲੀ ਦੀਆਂ ਖਾਮੀਆਂ ਨੂੰ ਸਮਝਣਾ ਵੀ ਜ਼ਰੂਰੀ ਹੈ, ਜਿਸ ਦੀ ਜੜ੍ਹ ਨਕਲ ਹੈ। ਲਾਰਡ ਮੈਕਾਲੇ ਦੁਆਰਾ ਅੰਗਰੇਜ਼ਾਂ ਦੇ ਹਿੱਤਾਂ ਦੀ ਪੂਰਤੀ ਲਈ ਸ਼ੁਰੂ ਕੀਤੀ ਗਈ ਸਿੱਖਿਆ ਪ੍ਰਣਾਲੀ ਅਜੇ ਵੀ ਸੱਤਾਧਾਰੀ ਲੋਕਾਂ ਦੇ ਰਾਜਨੀਤਿਕ ਏਜੰਡਿਆਂ ਨੂੰ ਅੱਗੇ ਵਧਾ ਰਹੀ ਹੈ। ਇਹ ਸੱਤਾਧਾਰੀ ਪਾਰਟੀ ਦੇ ਨਿਰਦੇਸ਼ਾਂ ਹੇਠ ਪ੍ਰਸ਼ਾਸਨਿਕ ਅਧਿਕਾਰੀਆਂ ਦੁਆਰਾ ਚਲਾਇਆ ਜਾਂਦਾ ਹੈ। ਸਰਕਾਰਾਂ ਸਿੱਖਿਆ ਸ਼ਾਸਤਰੀਆਂ ਨੂੰ ਸਿੱਖਿਆ ਵਿੱਚ ਲੀਡਰਸ਼ਿਪ ਦੀਆਂ ਭੂਮਿਕਾਵਾਂ ਦੇਣ ਤੋਂ ਲਗਾਤਾਰ ਝਿਜਕਦੀਆਂ ਰਹੀਆਂ ਹਨ। ਸਿੱਖਿਆ ਵਿੱਚ ਵਪਾਰੀਕਰਨ ਅਤੇ ਨਿੱਜੀਕਰਨ ਦੇ ਰੁਝਾਨ ਨੇ ਆਜ਼ਾਦੀ ਅੰਦੋਲਨ ਵਿੱਚ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲਿਆਂ ਅਤੇ ਲੋਕਤੰਤਰ ਵਿੱਚ ਕੇਂਦਰੀ ਭੂਮਿਕਾ ਨਿਭਾਉਣ ਵਾਲਿਆਂ ਦੇ ਸੁਪਨਿਆਂ ਨੂੰ ਤਬਾਹ ਕਰ ਦਿੱਤਾ ਹੈ। ਸਕੂਲਾਂ ਵਿੱਚ ਪੜ੍ਹਾਉਣ ਦੇ ਤਰੀਕੇ ਉਹੀ ਪੁਰਾਣੇ ਹਨ। ਸਰਕਾਰੀ ਸਕੂਲਾਂ ਵਿੱਚ ਗੈਰ-ਅਕਾਦਮਿਕ ਕੰਮਾਂ ਦੇ ਬੋਝ ਹੇਠ ਦੱਬੇ ਅਧਿਆਪਕਾਂ ਕੋਲ ਪੜ੍ਹਾਉਣ ਦੀ ਯੋਜਨਾ ਬਣਾਉਣ ਲਈ ਸਮਾਂ ਨਹੀਂ ਹੁੰਦਾ। ਖਪਤਕਾਰੀ ਸੱਭਿਆਚਾਰ ਦੇ ਪ੍ਰਭਾਵ ਦਾ ਸਾਹਮਣਾ ਕਰ ਰਹੇ ਅਧਿਆਪਕ ਕਈ ਤਰ੍ਹਾਂ ਦੀਆਂ ਕਮਜ਼ੋਰੀਆਂ ਤੋਂ ਪੀੜਤ ਹਨ। ਉਨ੍ਹਾਂ ਵੱਲੋਂ ਲਗਾਈ ਗਈ ਪਾਬੰਦੀ ਦੇ ਬਾਵਜੂਦ ਗੰਨੇ ਦੀ ਵਰਤੋਂ ਸਿੱਖਿਆ ਸਮੱਗਰੀ ਵਜੋਂ ਵੱਡੇ ਪੱਧਰ 'ਤੇ ਕੀਤੀ ਜਾ ਰਹੀ ਹੈ। ਬੱਚਿਆਂ ਦੇ ਮਨਾਂ ਦੀਆਂ ਡੂੰਘਾਈਆਂ ਵਿੱਚ ਜਾਣ ਦੀ ਗੱਲ ਤਾਂ ਛੱਡ ਦਿਓ, ਉਨ੍ਹਾਂ ਦੀਆਂ ਸਮਾਜਿਕ-ਆਰਥਿਕ ਸਥਿਤੀਆਂ ਦਾ ਅਧਿਐਨ ਕਰਨ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ।

ਅਧਿਆਪਕ ਨੂੰ ਮੁਲਾਂਕਣ ਅਤੇ ਇਸ ਦੇ ਤਰੀਕਿਆਂ ਬਾਰੇ ਖੁਦਮੁਖਤਿਆਰੀ ਨਹੀਂ ਦਿੱਤੀ ਗਈ ਹੈ। ਵਿਭਾਗ ਅਧਿਆਪਕਾਂ ਨੂੰ ਪਹਿਲੀ ਤੋਂ ਅੱਠਵੀਂ ਜਮਾਤ ਤੱਕ ਦੀਆਂ ਪ੍ਰੀਖਿਆਵਾਂ ਕਿਵੇਂ ਕਰਵਾਉਣੀਆਂ ਹਨ, ਇਸ ਬਾਰੇ ਲਗਾਤਾਰ ਨਿਰਦੇਸ਼ ਦਿੰਦਾ ਰਹਿੰਦਾ ਹੈ। ਸਿੱਖਿਆ ਦਾ ਅਧਿਕਾਰ ਐਕਟ-2009 ਵਿੱਚ ਸਿੱਖਿਆ ਸ਼ਾਸਤਰੀਆਂ ਨੇ ਨਿਰੰਤਰ ਵਿਆਪਕ ਮੁਲਾਂਕਣ ਦੀ ਧਾਰਨਾ ਪੇਸ਼ ਕੀਤੀ। ਮੁਲਾਂਕਣ ਦੇ ਔਖੇ ਲਿਖਤੀ ਢੰਗ ਦੇ ਹਨੇਰੇ ਵਿੱਚ, ਇਹ ਸੰਕਲਪ ਗੁਆਚੇ ਹੋਏ ਲੋਕਾਂ ਨੂੰ ਰਸਤਾ ਦਿਖਾਉਣ ਵਰਗਾ ਸੀ। ਪ੍ਰਚਾਰ ਦੀ ਘਾਟ ਕਾਰਨ ਇਸ ਨੂੰ ਵਰਤਣ ਤੋਂ ਪਹਿਲਾਂ ਹੀ ਰੱਦ ਕਰ ਦਿੱਤਾ ਗਿਆ। ਲਿਖਤੀ ਪ੍ਰੀਖਿਆ 'ਤੇ ਕੇਂਦਰਤ ਪੁਰਾਣੀ ਅਤੇ ਪੁਰਾਣੀ ਮੁਲਾਂਕਣ ਪ੍ਰਣਾਲੀ ਨੂੰ ਸਭ ਤੋਂ ਵਧੀਆ ਮਾਡਲ ਵਜੋਂ ਪੇਸ਼ ਕੀਤਾ ਜਾ ਰਿਹਾ ਹੈ। ਕੁੱਲ ਮਿਲਾ ਕੇ ਸਿੱਖਿਆ ਦੇ ਅਧਿਕਾਰ ਕਾਨੂੰਨ ਦੀ ਮੂਲ ਭਾਵਨਾ ਤੋਂ ਇਨਕਾਰ ਕੀਤਾ ਜਾ ਰਿਹਾ ਹੈ। ਜਦੋਂ ਪੇਪਰ ਲੀਕ ਹੁੰਦਾ ਹੈ ਤਾਂ ਧੋਖਾਧੜੀ ਦਾ ਮਾਮਲਾ ਸਾਹਮਣੇ ਆਉਂਦਾ ਹੈ, ਨਹੀਂ ਤਾਂ ਪ੍ਰੀਖਿਆ ਕੇਂਦਰਾਂ ਵਿੱਚ ਕਈ ਤਰੀਕਿਆਂ ਨਾਲ ਧੋਖਾਧੜੀ ਹੁੰਦੀ ਹੈ। ਨਕਲ ਮਾਫੀਆ ਪੂਰੇ ਪ੍ਰੀਖਿਆ ਕੇਂਦਰ ਨੂੰ ਹਾਈਜੈਕ ਕਰ ਲੈਂਦਾ ਹੈ। ਸਲਿੱਪਾਂ ਦਾ ਵਪਾਰ ਅੰਦਰ ਅਤੇ ਬਾਹਰ ਹੁੰਦਾ ਹੈ। ਹੱਲ ਕੀਤੇ ਪ੍ਰਸ਼ਨ ਪੱਤਰ ਬਾਹਰੋਂ ਆਉਂਦੇ ਹਨ। ਪੂਰਾ ਸਿਸਟਮ ਪ੍ਰੀਖਿਆਵਾਂ ਨੂੰ ਨਕਲ ਦੇ ਇੱਕ ਸਮੂਹਿਕ ਤਿਉਹਾਰ ਵਜੋਂ ਮਨਾਉਂਦਾ ਹੈ। ਅੱਜਕੱਲ੍ਹ ਨਕਲ ਉੱਚ-ਤਕਨੀਕੀ ਤਰੀਕਿਆਂ ਨਾਲ ਵੀ ਕੀਤੀ ਜਾਂਦੀ ਹੈ। ਨਕਲ ਨੂੰ ਇੱਕ ਖੇਡ ਵਜੋਂ ਵਰਤਣਾ ਵਿਦਿਆਰਥੀਆਂ ਦੀ ਸਿੱਖਣ ਦੀ ਪ੍ਰੇਰਣਾ ਨੂੰ ਕਮਜ਼ੋਰ ਕਰਦਾ ਹੈ ਅਤੇ ਪੱਛੜੇ ਭਾਈਚਾਰਿਆਂ ਦੇ ਮਿਹਨਤੀ ਵਿਦਿਆਰਥੀਆਂ ਦਾ ਮਜ਼ਾਕ ਉਡਾਉਂਦਾ ਹੈ। ਇਸ ਤਰ੍ਹਾਂ ਨਕਲ ਸਾਡੀ ਸਿੱਖਿਆ ਅਤੇ ਸਿੱਖਿਆ ਦੇ ਤਰੀਕਿਆਂ ਦਾ ਇੱਕ ਅਟੱਲ ਨਤੀਜਾ ਹੈ। ਨਕਲ ਨੂੰ ਰੋਕਣ ਲਈ ਸਿੱਖਿਆ ਅਤੇ ਪ੍ਰੀਖਿਆ ਵਿੱਚ ਬੁਨਿਆਦੀ ਤਬਦੀਲੀਆਂ ਦੀ ਲੋੜ ਹੈ। ਮੌਜੂਦਾ ਸਿੱਖਿਆ ਬੱਚਿਆਂ ਨੂੰ ਸਵਾਲਾਂ ਤੋਂ ਡਰਾਉਂਦੀ ਹੈ। ਇਹ ਬੱਚਿਆਂ ਵਿੱਚ ਸਵਾਲ ਪੈਦਾ ਨਹੀਂ ਕਰਦਾ ਅਤੇ ਨਾ ਹੀ ਉਹਨਾਂ ਵਿੱਚ ਸਵਾਲਾਂ ਦੇ ਹੱਲ ਲੱਭਣ ਲਈ ਉਤਸੁਕਤਾ ਪੈਦਾ ਕਰਦਾ ਹੈ। ਇਹ ਸਮੱਸਿਆ ਦਾ ਹੱਲ ਲੱਭਣ ਦੀ ਸਮਝ ਨੂੰ ਜਨਮ ਨਹੀਂ ਦਿੰਦਾ। ਇਹ ਖੇਡਦੇ ਸਮੇਂ ਸਵਾਲਾਂ ਦੇ ਜਵਾਬ ਲੱਭਣਾ ਨਹੀਂ ਸਿਖਾਉਂਦਾ। ਸਵਾਲ ਸਿੱਖਿਆ-ਸਿਖਲਾਈ ਪ੍ਰਕਿਰਿਆ ਵਿੱਚ ਆਨੰਦ ਦਾ ਸਰੋਤ ਨਹੀਂ ਬਣਦੇ। ਬੱਚਿਆਂ ਦੇ ਸਾਹਮਣੇ ਸਵਾਲਾਂ ਅਤੇ ਤਿਆਰ ਜਵਾਬਾਂ ਦਾ ਢੇਰ ਚਾਬੀਆਂ ਦੇ ਰੂਪ ਵਿੱਚ ਬਾਜ਼ਾਰ ਵਿੱਚ ਮਹਿੰਗੇ ਭਾਅ 'ਤੇ ਵਿਕਦਾ ਹੈ, ਜਿਸ ਕਾਰਨ ਵਿਦਿਆਰਥੀ ਸਿੱਖਣ ਦੀ ਬਜਾਏ ਘਬਰਾ ਜਾਂਦੇ ਹਨ। ਫਿਰ ਇਹਨਾਂ ਸਵਾਲਾਂ ਅਤੇ ਜਵਾਬਾਂ ਨੂੰ ਯਾਦ ਕਰਾਇਆ ਜਾਂਦਾ ਹੈ। ਇਹ ਪ੍ਰੀਖਿਆ ਉਨ੍ਹਾਂ ਵਿਦਿਆਰਥੀਆਂ ਲਈ ਹੈ, ਜਿਨ੍ਹਾਂ ਨੇ ਨਕਲ ਕੀਤੀ ਹੈ। ਜਿਹੜੇ ਵਿਦਿਆਰਥੀ ਆਪਣੀ ਸਿੱਖਿਆ ਯਾਦ ਨਹੀਂ ਰੱਖ ਸਕਦੇ, ਉਨ੍ਹਾਂ ਨੂੰ ਝਿੜਕਿਆ ਜਾਂਦਾ ਹੈ। ਪ੍ਰਸ਼ਨ ਪੱਤਰ ਦੇ ਸਵਾਲ ਹੱਲ ਕਰਕੇ ਵੱਧ ਤੋਂ ਵੱਧ ਅੰਕ ਪ੍ਰਾਪਤ ਕਰਨ ਦੀ ਕਾਹਲੀ ਹੈ। ਫਿਰ ਕਾਪੀ ਕਰਨ ਦਾ ਕਾਰੋਬਾਰ। ਸਵਾਲ ਇਹ ਹੈ ਕਿ ਮੁਲਾਂਕਣ ਪ੍ਰਣਾਲੀ ਵਿੱਚ ਸਿਰਫ਼ ਲਿਖਤੀ ਪ੍ਰੀਖਿਆ ਨੂੰ ਹੀ ਕਿਉਂ ਸਰਵਉੱਚ ਮੰਨਿਆ ਜਾ ਰਿਹਾ ਹੈ, ਜਦੋਂ ਕਿ ਲਿਖਣ ਨੂੰ ਛੱਡ ਕੇ ਹਰ ਵਿਸ਼ੇ ਦੀ ਵਿਹਾਰਕ ਉਪਯੋਗਤਾ ਹੈ। ਹਰ ਵਿਸ਼ੇ ਲਈ ਪ੍ਰੈਕਟੀਕਲ ਪ੍ਰੀਖਿਆਵਾਂ ਹੋਣੀਆਂ ਚਾਹੀਦੀਆਂ ਹਨ। ਹਰੇਕ ਵਿਸ਼ੇ ਦਾ ਮੁਲਾਂਕਣ ਉਸ ਦੀ ਵਿਹਾਰਕ ਉਪਯੋਗਤਾ ਦੇ ਆਧਾਰ 'ਤੇ ਕੀਤਾ ਜਾਣਾ ਚਾਹੀਦਾ ਹੈ। ਅਜਿਹੀਆਂ ਪ੍ਰੀਖਿਆਵਾਂ ਦੀ ਵਿਹਾਰਕ ਉਪਯੋਗਤਾ ਕੀ ਹੈ, ਜਿਨ੍ਹਾਂ ਲਈ ਧਾਰਾ 144 ਲਗਾਈ ਗਈ ਹੈ? ਪ੍ਰੀਖਿਆ ਕੇਂਦਰਾਂ 'ਤੇ ਪੁਲਸ ਤਾਇਨਾਤ ਕੀਤੀ ਜਾਵੇ। ਧੋਖਾਧੜੀ ਨੂੰ ਰੋਕਣ ਲਈ ਵਿਸ਼ੇਸ਼ ਫਲਾਇੰਗ ਸਕੁਐਡ ਨਿਯੁਕਤ ਕੀਤੇ ਜਾਣੇ ਚਾਹੀਦੇ ਹਨ। ਪ੍ਰੀਖਿਆਵਾਂ ਲਈ ਵੱਡੇ ਪ੍ਰਬੰਧ ਕੀਤੇ ਜਾਂਦੇ ਹਨ ਅਤੇ ਫਿਰ ਵੀ ਨਕਲ ਹੁੰਦੀ ਰਹਿੰਦੀ ਹੈ। ਕੀ ਇਹ ਪ੍ਰੀਖਿਆ ਪ੍ਰਣਾਲੀ ਨਕਲ ਨੂੰ ਜਾਇਜ਼ ਠਹਿਰਾਉਣ ਲਈ ਹੈ?

**# ਸੰਪਰਕ : 094662-20145**

# ਕਾਰ ਦੀ ਭੰਨਤੋੜ ਕਰਨ ਤੇ ਸੱਟਾਂ ਮਾਰਨ ਦੇ ਦੋਸ਼ ਹੇਠ 15 ਵਿਅਕਤੀਆਂ 'ਤੇ ਮਾਮਲਾ ਦਰਜ

**ਮਲੋਟ, (ਗੁਰਮੀਤ ਸਿੰਘ ਮੱਕੜ)** ਥਾਣਾ ਸਿਟੀ ਪੁਲਸ ਨੇ ਕਾਰ ਦੀ ਭੰਨਤੋੜ ਕਰਨ ਤੇ ਸੱਟਾਂ ਮਾਰਨ ਦੇ ਦੋਸ਼ ਹੇਠ ਲਗਭਗ 15 ਵਿਅਕਤੀਆਂ 'ਤੇ ਮਾਮਲਾ ਦਰਜ ਕੀਤਾ ਹੈ। ਮੁਖਪਾਲ ਸਿੰਘ, ਵਾਸੀ ਜਗਮਾਲਵਾਲੀ (ਹਰਿਆਣਾ) ਨੇ ਦੱਸਿਆ ਕਿ ਉਹ ਆਪਣੀ ਕਾਰ ਵਿੱਚ ਆਪਣੀ ਪਤਨੀ ਸਮੇਤ ਆਪਣੀ ਬੇਟੀ ਨੂੰ ਦਵਾਈ ਦਿਵਾਉਣ ਲਈ ਸ਼ਹਿਰ ਦੇ ਹਸਪਤਾਲ ਮਲੋਟ ਗਿਆ ਸੀ ਤੇ ਦਵਾਈ ਦਿਵਾਉਣ ਉਪਰੰਤ ਉਹ ਆਪਣੇ ਘਰ ਜਗਮਾਲਵਾਲੀ ਜਾ ਰਹੇ ਸੀ ਤਾਂ ਜਦੋਂ ਉਹ ਅਬੁਲਖੁਰਾਣਾ ਫਲਾਈਓਵਰ 'ਤੇ ਪੁੱਜੇ ਤਾਂ ਉੱਥੇ 15 ਵਿਅਕਤੀ ਆਪਣੇ ਹੱਥ ਵਿਚ ਮੁਸਲਾ, ਬੇਸਬਾਲ, ਡੰਡੇ ਲੈ ਕੇ ਖੜੇ ਸਨ ਤੇ ਜਦੋਂ ਉਹ ਆਪਣੀ ਕਾਰ ਉਨ੍ਹਾਂ ਕੋਲੋਂ ਲੰਘਾਉਣ ਲੱਗਾ ਤਾਂ ਉਨ੍ਹਾਂ ਕਾਰ ਨੂੰ ਘੇਰਾ ਪਾ ਕੇ ਰੋਕ ਲਿਆ ਤੇ ਉਨ੍ਹਾਂ ਵੱਲੋਂ ਗੱਡੀ ਦੇ ਸ਼ੀਸ਼ਿਆਂ ਦੀ ਭੰਨਤੋੜ ਸ਼ੁਰੂ ਕਰ ਦਿੱਤੀ ਤੇ ਉਕਤ ਵਿਅਕਤੀਆਂ ਵੱਲੋਂ ਉਸ ਦੀ ਬੇਸਬਾਲ ਤੇ ਡੰਡਿਆਂ ਨਾਲ ਉਸਦੀ ਕੁੱਟਮਾਰ ਕੀਤੀ ਗਈ, ਜਿਸ ਕਾਰਨ ਉਸਦੇ ਕਾਫ਼ੀ ਸੱਟਾਂ ਵੱਜੀਆਂ। ਉਸ ਨੇ ਦੱਸਿਆ ਕਿ ਉਕਤ ਵਿਅਕਤੀਆਂ ਨੇ ਡਰਾ ਧਮਕਾ ਕੇ ਉਸਦੀ ਪਤਨੀ ਦੇ ਹੱਥ ਵਿਚ ਪਾਈ ਚਾਂਦੀ ਦੀ ਚੂੜੀ ਖੋਹ ਲਈ ਤੇ ਉਸਦੀ ਸ਼ਰਟ ਦੀ ਜੇਬ ਵਿਚੋਂ 20 ਹਜ਼ਾਰ ਨਕਦੀ ਖੋਹ ਕੇ ਆਪਣੇ ਹਥਿਆਰਾਂ ਸਮੇਤ ਉੱਥੋਂ ਫਰਾਰ ਹੋ ਗਏ। ਪੜਤਾਲ ਕਰਨ 'ਤੇ ਪਤਾ ਲੱਗਿਆ ਕਿ ਘਟਨਾ ਨੂੰ ਅੰਜਾਮ ਦੇਣ ਵਾਲੇ ਵਿਅਕਤੀ ਸ਼ਮਸ਼ੇਰ ਸਿੰਘ, ਟਿੰਕਾ ਸਿੰਘ, ਗੁਰਪ੍ਰੀਤ ਸਿੰਘ, ਦੇਵ ਸਿੰਘ, ਸ਼ੇਰੂ, ਚੂਹੀ, ਵਾਸੀ ਅਬੁੱਲਖੁਰਾਣਾ ਅਤੇ ਹੋਰ 8 ਅਣਪਛਾਤੇ ਵਿਅਕਤੀ ਹਨ। ਪੁਲਸ ਨੇ ਉਕਤ ਵਿਅਕਤੀਆਂ 'ਤੇ ਮੁਕੱਦਮਾ ਨੰ. 31 ਧਾਰਾ 126(2), 324 (4), 115 (2), 310 (2), 190, 191 (3), 351 (3) ਬੀ.ਐਨ.ਐਸ ਐਕਟ ਤਹਿਤ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਮਾਸਟਰ ਅਸ਼ੋਕ ਕੌਸ਼ਲ ਨੂੰ ਪੁਲਸ ਹਿਰਾਸਤ 'ਚ ਰੱਖਣ ਦੀ ਨਿਖੇਧੀ



**ਕੋਟਕਪੂਰਾ, (ਰਛਪਾਲ ਭੁੱਲਰ)** ਕਿਸਾਨਾਂ-ਮਜ਼ਦੂਰਾਂ ਦੀਆਂ ਪਿਛਲੇ ਸਾਲ ਮੰਨੀਆਂ ਮੰਗਾਂ ਨੂੰ ਭਗਵੰਤ ਮਾਨ ਸਰਕਾਰ ਵੱਲੋਂ ਲਾਗੂ ਨਹੀਂ ਕੀਤਾ ਜਾ ਰਿਹਾ। ਪੰਜਾਬ ਸਰਕਾਰ ਵੱਲੋਂ ਚੰਡੀਗੜ੍ਹ ਵਾਲੇ ਐਕਸ਼ਨ ਨੂੰ ਅਸਫਲ ਬਣਾਉਣ ਲਈ ਵੱਖ-ਵੱਖ ਥਾਵਾਂ ਤੇ ਕਿਸਾਨ ਆਗੂਆਂ ਤੇ ਜਨਤਕ ਜਥੇਬੰਦੀਆਂ ਦੇ ਹੋਰ ਆਗੂਆਂ ਨੂੰ ਪੁਲਿਸ ਹਿਰਾਸਤ ਵਿੱਚ ਲੈਣ ਅਤੇ ਫਰੀਦਕੋਟ ਵਿਖੇ ਪੈਨਸ਼ਨਰ ਆਗੂ ਮਾਸਟਰ ਅਸ਼ੋਕ ਕੌਸ਼ਲ ਨੂੰ ਨਜਾਇਜ਼ ਤੌਰ 'ਤੇ ਪੁਲਸ ਹਿਰਾਸਤ ਵਿੱਚ ਰੱਖਣ ਦੀ ਪੰਜਾਬ ਪੈਨਸ਼ਨਰਜ਼ ਯੂਨੀਅਨ ਜ਼ਿਲ੍ਹਾ ਫਰੀਦਕੋਟ, ਮੁਲਾਜ਼ਮ ਤੇ ਹੋਰ ਜਨਤਕ ਜਥੇਬੰਦੀਆਂ ਦੇ ਸੂਬਾਈ ਆਗੂ ਪ੍ਰੇਮ ਚਾਵਲਾ, ਕੁਲਵੰਤ ਸਿੰਘ ਚਾਨੀ, ਹਰਪਾਲ ਸਿੰਘ ਮਚਾਕੀ, ਇਕਬਾਲ ਸਿੰਘ ਢੁੱਡੀ, ਬਲਕਾਰ ਸਿੰਘ ਸਹੋਤਾ, ਗੁਰਚਰਨ ਸਿੰਘ ਮਾਨ, ਸੋਮ ਨਾਥ ਅਰੋੜਾ, ਇੰਦਰਜੀਤ ਸਿੰਘ ਗਿੱਲ, ਪ੍ਰਦੀਪ ਸਿੰਘ ਬਰਾੜ, ਕੁਲਦੀਪ ਸ਼ਰਮਾ, ਸ਼ਿਵ ਨਾਥ ਦਰਦੀ, ਜੋਤੀ ਪ੍ਰਕਾਸ਼, ਬੋਹੜ ਸਿੰਘ ਔਲਖ, ਸੁਖਦਰਸ਼ਨ ਰਾਮ ਸ਼ਰਮਾ, ਬੂਟਾ ਸਿੰਘ ਔਲਖ, ਵੀਰ ਸਿੰਘ, ਰਮੇਸ਼ ਕੌਸ਼ਲ ਤੇ ਨੀਲਾ ਸਿੰਘ ਨੇ ਸਖਤ ਸ਼ਬਦਾਂ ਵਿੱਚ ਨਿੰਦਾ ਕਰਦੇ ਹੋਏ ਕਿਹਾ ਕਿ ਅਜਿਹੀਆਂ ਕੋਝੀਆਂ ਹਰਕਤਾਂ ਭਗਵੰਤ ਮਾਨ ਸਰਕਾਰ ਨੂੰ ਮਹਿੰਗੀਆਂ ਪੈਣਗੀਆਂ।

# ਆਪ ਸਰਕਾਰ ਵੱਲੋਂ ਸੰਘਰਸ਼ ਦਾ ਹੱਕ ਕੁਚਲੇ ਜਾਣ ਦੀ ਜ਼ੋਰਦਾਰ ਨਿਖੇਧੀ

**ਬਠਿੰਡਾ (ਪਰਵਿੰਦਰ ਜੀਤ ਸਿੰਘ)** ਪੰਜਾਬ ਦੇ ਮੁੱਖ ਮੰਤਰੀ ਵੱਲੋਂ ਕਿਸਾਨੀ ਮੰਗਾਂ ਨੂੰ ਹਿਕਾਰਤ ਨਾਲ ਦਰਕਿਨਾਰ ਕਰਨ,ਕਿਸਾਨਾਂ ਦੇ ਧਰਨਾ ਲਾਉਣ ਦੇ ਹੱਕ ਨੂੰ ਰੱਦ ਕਰਨ ਅਤੇ ਗੈਰ ਜਮਹੂਰੀ ਤਰੀਕੇ ਨਾਲ ਕਿਸਾਨ ਆਗੂਆਂ ਦੇ ਘਰਾਂ 'ਤੇ ਛਾਪੇ ਮਾਰ ਕੇ ਉਹਨਾਂ ਨੂੰ ਹਿਰਾਸਤ ਵਿੱਚ ਲੈਣ ਦੀ ਲੋਕ ਮੋਰਚਾ ਪੰਜਾਬ ਨੇ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਇਹ ਕਦਮ ਕਿਸਾਨ ਹਿਤੈਸ਼ੀ ਹੋਣ ਦਾ ਦਾਅਵਾ ਕਰਨ ਵਾਲੀ ਆਪ ਹਕੂਮਤ ਦੇ ਅਸਲ ਕਿਰਦਾਰ ਦੀ ਨੁਮਾਇਸ਼ ਹੋ ਨਿਬੜੇ ਹਨ। ਲੋਕ ਮੋਰਚਾ ਪੰਜਾਬ ਦੇ ਸੂਬਾ ਸਕੱਤਰ ਜਗਮੇਲ ਸਿੰਘ ਤੇ ਸੂਬਾ ਕਮੇਟੀ ਮੈਂਬਰ ਸੀਰੀ ਵੱਲੋਂ ਪ੍ਰੈਸ ਨੂੰ ਭੇਜੇ ਲਿਖਤੀ ਬਿਆਨ ਵਿੱਚ ਕਿਹਾ ਗਿਆ ਹੈ ਕਿ ਕੇਂਦਰੀ ਹਕੂਮਤ ਉੱਤੇ ਕਿਸਾਨ ਵਿਰੋਧੀ ਵਤੀਰਾ ਅਪਣਾਉਣ, ਕਿਸਾਨ ਸੰਘਰਸ਼ਾਂ ਨੂੰ ਬਦਨਾਮ ਕਰਨ ਅਤੇ ਸੰਘਰਸ਼ਸ਼ੀਲ ਲੋਕਾਂ ਤੇ ਜਬਰ ਢਾਹੁਣ ਦੇ ਦੋਸ਼ ਲਾਉਣ ਵਾਲੀ ਪੰਜਾਬ ਦੀ ਆਪ ਹਕੂਮਤ ਆਪ ਇਨ ਬਿਨ ਉਸੇ ਰਾਹ ਉੱਤੇ ਚੱਲ ਰਹੀ ਹੈ। ਮੋਦੀ ਹਕੂਮਤ ਨਾਲ ਸੰਘਰਸ਼ ਦੌਰਾਨ ਕਿਸਾਨੀ ਮੰਗਾਂ ਪ੍ਰਤੀ ਦਿਖਾਇਆ ਜਾ ਰਿਹਾ ਇਸ ਦਾ ਹੇਜ ਬਿਲਕੁਲ ਝੂਠਾ ਅਤੇ ਵੋਟ ਗਿਣਤੀਆਂ ਮਿਣਤੀਆਂ ਤੋਂ ਪ੍ਰੇਰਿਤ ਸਾਬਿਤ ਹੋਇਆ ਹੈ। ਆਗੂਆਂ ਨੇ ਅੱਗੇ ਕਿਹਾ ਕਿ ਕਿਸਾਨੀ ਮੰਗਾਂ ਬਿਲਕੁਲ ਵਾਜਬ ਹਨ ਅਤੇ ਇਹਨਾਂ ਦੀ ਪੂਰਤੀ ਨਾ ਸਿਰਫ ਕਿਸਾਨੀ ਲਈ ਸਗੋਂ ਸਮੁੱਚੇ ਸੂਬੇ ਦੇ ਅਰਥਚਾਰੇ ਅਤੇ ਸਮੁੱਚੇ ਲੋਕਾਂ ਦੇ ਹਿੱਤਾਂ ਲਈ ਜ਼ਰੂਰੀ ਹੈ। ਆਗੂਆਂ ਨੇ ਅੱਗੇ ਕਿਹਾ ਕਿ ਆਪ ਹਕੂਮਤ ਵੀ ਛਾਪਿਆਂ ਗ੍ਰਿਫਤਾਰੀਆਂ ਦੇ ਉਸੇ ਤਾਨਾਸ਼ਾਹੀ ਤਰੀਕੇ ਨਾਲ ਲੋਕ ਅਵਾਜ਼ ਨੂੰ ਕੁਚਲ ਦੇਣ ਦਾ ਭਰਮ ਪਾਲ ਰਹੀ ਹੈ,ਜੋ ਤਰੀਕੇ ਇਸ ਤੋਂ ਪਹਿਲੀਆਂ ਹਕੂਮਤਾਂ ਵਰਤ ਕੇ ਦੇਖ ਚੁੱਕੀਆਂ ਹਨ। ਪੰਜਾਬ ਸਰਕਾਰ ਦਾ ਰਵੱਈਆ ਕਿਸਾਨਾਂ ਦੀਆਂ ਮੰਗਾਂ ਨੂੰ ਹੱਲ ਕਰਨ,ਧਰਨੇ,ਹੜਤਾਲਾਂ,ਰੋਸ ਪ੍ਰਦਰਸ਼ਨਾਂ ਨੂੰ ਕੁਚਲਣ ਅਤੇ ਸੰਘਰਸ਼ਸ਼ੀਲ ਲੋਕਾਂ ਨੂੰ ਹੋਰਨਾਂ ਤਬਕਿਆਂ ਨਾਲ ਟਕਰਾਅ ਵਿੱਚ ਦਿਖਾਉਣ ਦਾ ਰਿਹਾ ਹੈ। ਜਥੇਬੰਦੀ ਦੇ ਆਗੂਆਂ ਨੇ ਪੰਜਾਬ ਸਰਕਾਰ ਤੋਂ ਅਜਿਹੀਆਂ ਜਾਬਰ ਅਤੇ ਪਾਟਕਪਾਊ ਕੋਸ਼ਿਸ਼ਾਂ ਬੰਦ ਕਰਨ ਅਤੇ ਕਿਸਾਨੀ ਮੰਗਾਂ ਤੁਰੰਤ ਮੰਨਣ ਦੀ ਮੰਗ ਕੀਤੀ ਹੈ ਉਹਨਾਂ ਨੇ ਲੋਕ ਸੰਘਰਸ਼ਾਂ ਪ੍ਰਤੀ ਅਜਿਹੇ ਹਕੂਮਤੀ ਵਤੀਰੇ ਖਿਲਾਫ਼ ਸਮੂਹ ਲੋਕਾਂ ਨੂੰ ਇੱਕਜੁੱਟ ਹੋਣ ਅਤੇ ਆਵਾਜ਼ ਉਠਾਉਣ ਦਾ ਸੱਦਾ ਦਿੱਤਾ ਹੈ।

# ਰਣਜੀਤ ਸਿੰਘ ਨੋਨਾ ਦੀ ਅਕਾਲੀ ਦਲ (ਅ) 'ਚੋਂ ਛਾਂਟੀ

**ਦੋਰਾਹਾ (ਹਰਮਿੰਦਰ ਸੇਠ)**- ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਬਲਵਿੰਦਰ ਸਿੰਘ ਸਿਹੌੜਾ ਨੇ ਅੱਜ ਇੱਥੇ ਗੱਲਬਾਤ ਕਰਦਿਆਂ ਪਾਰਟੀ ਵਿਰੋਧੀ ਗਤੀਵਿਧੀਆਂ ਦੇ ਮੱਦੇ ਨਜ਼ਰ ਬਲਾਕ ਇੰਚਾਰਜ ਰਣਜੀਤ ਸਿੰਘ ਨੋਨਾ ਨੂੰ ਪਾਰਟੀ ਵਿੱਚੋਂ ਖਾਰਜ ਕਰ ਦਿੱਤਾ।ਇਸ ਮੌਕੇ ਗੱਲਬਾਤ ਕਰਦਿਆਂ ਜਥੇਦਾਰ ਸਿਹੌੜਾ ਨੇ ਕਿਹਾ ਕਿ ਨੋਨਾ ਵੱਲੋਂ ਲੰਮੇ ਸਮੇਂ ਤੋਂ ਪਾਰਟੀ ਦੀ ਆਗਿਆ ਤੋਂ ਬਿਨਾਂ ਬਹੁਤ ਸਾਰੇ ਅਜਿਹੇ ਕੰਮ ਕੀਤੇ ਗਏ ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਗਿਆ।ਉਹਨਾਂ ਕਿਹਾ ਕਿ ਦੂਸਰੀਆਂ ਪਾਰਟੀਆਂ ਨਾਲ ਅੰਦਰ ਖਾਤੇ ਤਾਲਮੇਲ ਅਤੇ ਬਾਹਰੀ ਹਮਾਇਤ ਨੇ ਪਾਰਟੀ ਦਾ ਨੁਕਸਾਨ ਕੀਤਾ ਹੈ। ਇਸ ਕਾਰਨ ਨੋਨਾ ਨੂੰ ਪਾਰਟੀ ਵਿੱਚੋਂ ਕੱਢਿਆ ਗਿਆ ਹੈ।ਉਹਨਾਂ ਕਿਹਾ ਕਿ ਅੱਜ ਤੋਂ ਬਾਅਦ ਰਣਜੀਤ ਸਿੰਘ ਨੋਨਾ ਪਾਰਟੀ ਦਾ ਕੋਈ ਅਹੁਦੇਦਾਰ ਨਹੀਂ ਅਤੇ ਪਾਰਟੀ ਨਾਲ ਇਸ ਦਾ ਕੋਈ ਸੰਬੰਧ ਨਹੀਂ ਹੈ।ਜੇਕਰ ਕੋਈ ਪਾਰਟੀ ਦਾ ਵਰਕਰ ਇਸ ਨਾਲ ਸਬੰਧ ਰੱਖੇਗਾ ਉਹ ਖੁਦ ਜ਼ਿੰਮੇਵਾਰ ਹੋਵੇਗਾ। ਉਨ੍ਹਾਂ ਕਿਹਾ ਕਿ ਅਨੁਸ਼ਾਸਨਹੀਣਤਾ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਕੋਈ ਵੀ ਪਾਰਟੀ ਦਾ ਵਰਕਰ ਜਾਂ ਅਹੁਦੇਦਾਰ ਆਪ ਹੁਦਰਾਪਣ ਕਰੇਗਾ ਤਾਂ ਉਸ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਜ਼ਿਲ੍ਹਾ ਯੂਥ ਦੇ ਪ੍ਰਧਾਨ ਜਗਦੇਵ ਸਿੰਘ ਪਾਂਗਲੀ ਵੀ ਕਿਹਾ ਕਿ ਅੱਜ ਤੋ ਬਾਅਦ ਨੋਨਾ ਪਾਰਟੀ ਦਾ ਨਾਮ ਨਾ ਵਰਤੇ ਕਿਉਂਕ ਉਸ ਦਾ ਅਕਾਲੀ ਦਲ ( ਅ) ਨਾਲ ਕੋਈ ਲੈਣਾ ਦੇਣਾ ਨਹੀ ਕਿਉਂਕਿ ਉਹ ਪੰਥ ਵਿਰੋਧੀ ਪਾਰਟੀਆਂ ਦੇ ਹੱਥਾਂ ਚ ਖੇਡ ਰਿਹਾ ਹੈ।



# ਖੱਤਰੀ ਮਹਾਂ ਸਭਾ ਨੇ ਐੱਸ ਡੀ ਐੱਮ ਪਾਇਲ ਨੂੰ ਦਿੱਤਾ ਮੰਗ ਪੱਤਰ

**ਦੋਰਾਹਾ, (ਹਰਮਿੰਦਰ ਸੇਠ )** ਖੱਤਰੀ ਮਹਾਂ ਸਭਾ ਪੰਜਾਬ ਦੀ ਪ੍ਰਦੇਸ਼ ਹਾਈ ਕਮਾਨ ਖੱਤਰੀ ਸ੍ਰੀ ਅਸ਼ੋਕ ਥਾਪਰ (ਰਾਸ਼ਟਰੀ ਪ੍ਰਧਾਨ ਸ਼ਹੀਦ ਸੁਖਦੇਵ ਥਾਪਰ ਮਮੋਰੀਅਲ ਟਰਸਟ ਲੁਧਿਆਣਾ) ਅਤੇ ਪ੍ਰਦੇਸ਼ ਪ੍ਰਧਾਨ ਖੱਤਰੀ ਸ਼੍ਰੀ ਵਿਜੇ ਧੀਰ (ਐਡਵੋਕੇਟ) ਸਾਹਿਬ ਦੇ ਦਿਸ਼ਾ ਨਿਰਦੇਸ਼ਾਂ ਹੇਠ ਖੱਤਰੀ ਮਹਾਂ ਸਭਾ ਪੰਜਾਬ ਯੂਨਿਟ ਦੋਰਾਹਾ ਵੱਲੋਂ ਸ.ਪ੍ਰਦੀਪ ਸਿੰਘ ਬੈਂਸ ਐਸ ਡੀਐਮ ਪਾਇਲ ਨੂੰ ਇੱਕ ਮੰਗ ਪੱਤਰ ਦਿੱਤਾ ਗਿਆ, ਜਿਸ ਵਿੱਚ ਖੱਤਰੀਆਂ ਦੀ ਧਰੋਹਰ ਸ਼ਹੀਦੇ ਆਜ਼ਮ ਸ੍ਰੀ ਸੁਖਦੇਵ ਥਾਪਰ ਲੁਧਿਆਣਾ ਦੇ ਸ਼ਹੀਦੀ ਸਮਾਰਕ ਨੂੰ ਮਹੱਲਾ ਨੌਘਰਾਂ ਲੁਧਿਆਣਾ ਵਿਖੇ ਚੌੜਾ ਬਾਜ਼ਾਰ ਤੋਂ ਸਿੱਧਾ ਰਸਤਾ ( ਕੋਰੀਡੋਰ) ਦੇਣ ਵਾਸਤੇ ਮੰਗ ਕੀਤੀ ਗਈ। ਇਹ ਮੰਗ ਲੰਬੇ ਸਮੇਂ ਤੋਂ ਲਟਕਦੀ ਆ ਰਹੀ ਹੈ ਤਾਂ ਜੋ ਨੌਜਵਾਨ ਪੀੜ੍ਹੀ ਵੀ ਉਸ ਸਥਾਨ ਬਾਰੇ ਜਾਣ ਸਕੇ।ਇਸ ਸਬੰਧ ਵਿੱਚ ਵਿਜੇ ਮਕੌਲ ਚੇਅਰਮੈਨ, ਅਸ਼ੋਕ ਵਿਨਾਇਕ ਸੀਨੀਅਰ ਵਾਈਸ ਚੇਅਰਮੈਨ ਵਿਨੋਦ ਸੇਠੀ ਵਾਈਸ ਚੇਅਰਮੈਨ,ਤਰਵਿੰਦਰ ਕੁਮਾਰ ਬੌਬੀ ਪ੍ਰਧਾਨ, ਲੇਖ ਰਾਜ ਆਨੰਦ ਸਕੱਤਰ, ਨਵੀਨ ਕਪਿਲਾ ਕੈਸ਼ੀਅਰ, ਐਡਵੋਕੇਟ ਅਭੈ ਬੈਕਟਰ ਕਾਨੂੰਨੀ ਸਕੱਤਰ ਪਾਇਲ ਅਤੇ ਤਰੁਣ ਆਨੰਦ ਅਮਰੀਸ਼ ਆਨੰਦ (ਦੋਨੋਂ ਮੀਡੀਆ ਸਲਾਹਕਾਰ ) ਹਾਜ਼ਰ ਹੋਏ।



# ਝਾੜ ਸਾਹਿਬ ਕਾਲਜ ਦੇ ਕਾਮਰਸ ਵਿਭਾਗ ਵੱਲੋਂ ਇੰਡਸਟਰੀ ਵਿਜ਼ਿਟ

**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਸਰਪ੍ਰਸਤੀ ਹੇਠ ਚੱਲ ਰਹੀ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ, ਝਾੜ ਸਾਹਿਬ ਦੇ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੀ ਰਹਿਨੁਮਾਈ, ਆਈ ਕਿਊ ਏ ਸੀ ਸੈੱਲ ਦੇ ਸਹਿਯੋਗ ਨਾਲ ਕਾਲਜ ਦੇ ਕਾਮਰਸ ਵਿਭਾਗ ਦੇ ਪ੍ਰੋਫੈਸਰ ਮਿਸ ਆਰਤੀ ਰਾਣੀ, ਮਿਸ ਅਮਨਦੀਪ ਕੌਰ ਤੇ ਮਿਸ ਸਿਮਰਨਪ੍ਰੀਤ ਕੌਰ ਦੀ ਅਗਵਾਈ ਹੇਠ ਬੀ.ਕਾਮ ਭਾਗ ਦੂਜਾ ਤੇ ਤੀਜਾ ਦੀਆਂ ਵਿਦਿਆਰਥਣਾਂ ਨੂੰ ਵੇਰਕਾ ਮਿਲਕ ਪਲਾਂਟ, ਲੁਧਿਆਣਾ ਵਿਖੇ ਦੌਰਾ ਕਰਾਇਆ ਗਿਆ। ਵਿਦਿਆਰਥਣਾਂ ਨੂੰ ਡੇਅਰੀ ਉਤਪਾਦਨ ਦੀ ਸਹੂਲਤ ਤੇ ਸੰਚਾਲਨ ਬਾਰੇ ਦੱਸਿਆ ਗਿਆ।ਇਸਦੇ ਨਾਲ ਹੀ ਆਰਥਿਕਤਾ ਨੂੰ ਤਾਕਤਵਰ ਬਣਾਉਣ ਵਿਚ ਉਦਯੋਗਾਂ ਦੀ ਭੂਮਿਕਾ ਦੀ ਡੂੰਘੀ ਜਾਣਕਾਰੀ ਦਿੱਤੀ ਗਈ। ਵਿਜ਼ਿਟ ਦੌਰਾਨ ਵਿਦਿਆਰਥਣਾਂ ਨੂੰ ਮਿਲਕ ਪ੍ਰਕਿਰਿਆ, ਕੁਆਲਿਟੀ ਕੰਟਰੋਲ ਪੈਕਿੰਗ ਤੇ ਵੱਖ-ਵੱਖ ਵਿਭਾਗਾਂ ਦੇ ਪਲਾਂਟਾ ਜਿਵੇਂ ਦਹੀਂ, ਮੱਖਣ ਆਦਿ ਦੀ ਪ੍ਰਕਿਰਿਆ ਰਾਹੀਂ ਮਾਰਗਦਰਸ਼ਨ ਕੀਤਾ ਗਿਆ। ਵੇਰਕਾ ਮਿਲਕ ਪਲਾਂਟ ਵਿਖੇ ਗੁਣਵੱਤਾ ਵਾਲੇ ਡੇਅਰੀ ਉਤਪਾਦਾਂ ਦੇ ਨਿਰਮਾਣ ਕਰਨ 'ਚ ਸ਼ਾਮਲ ਤਕਨਾਲੌਜੀ ਅਤੇ ਪ੍ਰਕਿਰਿਆਵਾਂ ਦੇ ਨਾਲ-ਨਾਲ ਸਫ਼ਾਈ ਤੇ ਸੁਰੱਖਿਆ ਮਿਆਰ ਦੀ ਮਹੱਤਤਾ ਬਾਰੇ ਦੱਸਿਆ ਗਿਆ। ਵਿਦਿਆਰਥਣਾਂ ਨੂੰ ਵੇਰਕਾ ਦੇ ਕਰਮਚਾਰੀਆਂ ਨਾਲ ਗੱਲਬਾਤ ਕਰਨ ਦਾ ਮੌਕਾ ਵੀ ਮਿਲਿਆ ਤੇ ਵੱਖ-ਵੱਖ ਦੁੱਧ ਦੇ ਪਲਾਂਟਾ ਸਬੰਧੀ ਵਿਦਿਆਰਥਣਾਂ ਨੇ ਕ੍ਰਮਚਾਰੀਆਂ ਤੋਂ ਜਾਣਕਾਰੀ ਪ੍ਰਾਪਤ ਕੀਤੀ। ਇਸਦੇ ਨਾਲ ਹੀ ਡੇਅਰੀ ਉਦਯੋਗ ਕਿੱਤੇ ਦੇ ਮੌਕਿਆਂ ਬਾਰੇ ਵਿਸਥਾਰਪੂਰਵਕ ਦੱਸਿਆ ਗਿਆ। ਪ੍ਰੈਕਟੀਕਲ ਤੌਰ 'ਤੇ ਵੀ ਵਿਦਿਆਰਥਣਾਂ ਨੂੰ ਜੋੜੇ ਰੱਖਣ ਲਈ ਵੱਖ-ਵੱਖ ਵੇਰਕਾ ਪਲਾਂਟਾਂ ਦੀ ਪ੍ਰਕਿਰਿਆ ਸਬੰਧੀ ਮਹੱਤਵਪੂਰਨ ਜਾਣਕਾਰੀ ਪ੍ਰਦਾਨ ਕੀਤੀ ਗਈ। ਇਸ ਮੌਕੇ ਕਾਲਜ ਪ੍ਰਿੰ. ਡਾ. ਰਜਿੰਦਰ ਕੌਰ ਨੇ ਕਿਹਾ ਕਿ ਵੇਰਕਾ ਮਿਲਕ ਪਲਾਂਟ ਦਾ ਦੌਰਾ ਕਾਮਰਸ ਵਿਭਾਗ ਦਾ ਇੱਕ ਮਹੱਤਵਪੂਰਨ ਉਪਰਾਲਾ ਹੈ, ਕਿਉਂਕਿ ਇਸ ਦੇ ਨਾਲ ਵਿਦਿਆਰਥਣਾਂ ਨੂੰ ਕਿੱਤਾ ਮੁੱਖੀ ਕਾਰਜਾਂ ਸਬੰਧੀ ਵਿਸ਼ੇਸ਼ ਤੇ ਪ੍ਰੈਕਟੀਕਲ ਗਿਆਨ ਹਾਸਲ ਹੋਵੇਗਾ ਅਤੇ ਵੱਖ-ਵੱਖ ਉਦਯੋਗਾਂ ਦੀ ਦੇਖਭਾਲ, ਭਵਿੱਖ ਮੁਖੀ ਕਿੱਤੇ ਨੂੰ ਅੱਗੇ ਵਧਾਉਣ ਵਿੱਚ ਵੀ ਬਹੁਤ ਮਦਦ ਮਿਲੇਗੀ ਤਾਂ ਜੁ ਵਿਦਿਆਰਥਣਾਂ ਆਪਣੀ ਜ਼ਿੰਦਗੀ 'ਚ ਇਨ੍ਹਾਂ ਨੂੰ ਅਪਣਾ ਕੇ ਉੱਜਵਲ ਭਵਿੱਖ ਦਾ ਨਿਰਮਾਣ ਕਰ ਸਕਣ।



# ਕਿਸਾਨ ਜਥੇਬੰਦੀਆਂ ਨੇ ਵੱਖ-ਵੱਖ ਥਾਵਾਂ 'ਤੇ ਸਰਕਾਰ ਵਿਰੁੱਧ ਕੀਤੇ ਪ੍ਰਦਰਸ਼ਨ ਤੇ ਪੁਤਲੇ ਫੂਕੇ

**ਸਮਰਾਲਾ, (ਸੁਰਜੀਤ ਸਿੰਘ)** - ਸੰਯੁਕਤ ਕਿਸਾਨ ਮੋਰਚੇ ਦੇ ਵੱਖ-ਵੱਖ ਗਰੁੱਪਾਂ ਦੀ 3 ਮਾਰਚ ਨੂੰ ਮੁੱਖ ਮੰਤਰੀ ਭਗਵੰਤ ਮਾਨ ਨਾਲ ਗੱਲਬਾਤ ਅਸਫਲ ਰਹਿਣ ਤੋਂ ਬਾਅਦ ਕਿਸਾਨ ਸੰਗਠਨਾਂ ਦਾ ਗੁੱਸਾ ਹੋਰ ਵੀ ਪ੍ਰਚੰਡ ਹੋ ਗਿਆ ਹੈ। ਉਨ੍ਹਾਂ ਨੇ ਵੱਖ-ਵੱਖ ਥਾਵਾਂ 'ਤੇ ਸਰਕਾਰ ਵਿਰੁੱਧ ਪ੍ਰਦਰਸ਼ਨ ਕੀਤੇ ਅਤੇ ਪੁਤਲੇ ਫੂਕੇ।ਪਿਛਲੇ ਤਹਿ ਕੀਤੇ ਪਰੋਗ੍ਰਾਮ ਮੁਤਾਬਕ ਆਪਣੀਆਂ ਮੰਗਾਂ ਦੇ ਹਿੱਤ ਵਿੱਚ ਕਿਸਾਨ ਚੰਡੀਗੜ੍ਹ 'ਚ ਧਰਨਾ ਦੇਣ ਲਈ ਡੱਟੇ ਹੋਏ ਹਨ।ਪੁਲਿਸ ਨੇ ਬੀਤੀ ਅੱਧੀ ਰਾਤ ਕਿਸਾਨ ਆਗੂਆਂ ਦੇ ਘਰਾਂ 'ਤੇ ਛਾਪੇ ਮਾਰ ਕੇ ਉਨ੍ਹਾਂ ਨੂੰ ਹਿਰਾਸਤ 'ਚ ਲੈ ਲਿਆ ਅਤੇ ਉਨ੍ਹਾਂ ਨੂੰ ਨਾਮਾਲੂਮ ਥਾਵਾਂ 'ਤੇ ਰੱਖਿਆ ਗਿਆ ਹੈ, ਤਾਂ ਜੋ ਉਨ੍ਹਾਂ ਦਾ ਧਰਨਾ ਅਸਫਲ ਹੋ ਜਾਵੇ।ਫਿਰੋਜ਼ਪੁਰ, ਫਰੀਦਕੋਟ, ਮੋਗਾ ਅਤੇ ਲੁਧਿਆਣਾ ਤੋਂ ਟ੍ਰੈਕਟਰ-ਟ੍ਰਾਲੀਆਂ 'ਤੇ ਚੰਡੀਗੜ੍ਹ ਧਰਨੇ ਲਈ ਆਉਣ ਵਾਲੇ ਕੁਝ ਕਿਸਾਨਾਂ ਨੂੰ ਅੱਜ ਇੱਥੇ ਹੈਡੋਂ ਪੁਲਿਸ ਚੌਕੀ 'ਤੇ ਰੋਕ ਲਿਆ ਗਿਆ, ਤਾਂ ਕਿਸਾਨਾਂ ਨੇ ਥਾਂ 'ਤੇ ਹੀ ਸੜਕ 'ਤੇ ਦਰੀਆਂ ਵਿਛਾ ਕੇ ਡੇਰੇ ਲਾ ਲਏ।ਆਪਣੇ ਨਾਲ ਖਾਣ-ਪੀਣ ਦਾ ਸਮਾਨ ਲੈ ਕੇ ਆਏ ਕਿਸਾਨਾਂ ਨੇ ਥਾਂ 'ਤੇ ਹੀ ਲੰਗਰ ਤਿਆਰ ਕਰਨਾ ਸ਼ੁਰੂ ਕਰ ਦਿੱਤਾ।ਪੁਲਿਸ ਅਧਿਕਾਰੀ ਨੀਲਾਂਬਰੀ ਜਗਦਲੇ ਨੇ ਕਿਸਾਨ ਆਗੂਆਂ ਨੂੰ ਸਮਝਾਉਣ ਦੀ ਕੋਸ਼ਿਸ਼ ਕੀਤੀ ਕਿ ਉਨ੍ਹਾਂ ਨੂੰ ਅੱਗੇ ਜਾਣ ਦੀ ਇਜਾਜ਼ਤ ਨਹੀਂ ਮਿਲੇਗੀ। ਇਸ ਲਈ ਉਹ ਵਾਪਸ ਮੁੜ ਜਾਣ, ਪਰ ਕਿਸਾਨਾਂ ਨੇ ਕਿਹਾ ਕਿ ਉਹ ਸ਼ਾਂਤੀਪੂਰਨ ਢੰਗ ਨਾਲ ਆਪਣਾ ਸੰਘਰਸ਼ ਜਾਰੀ ਰੱਖਣਗੇ ਅਤੇ ਵਾਪਸ ਜਾਣ ਦਾ ਤਾਂ ਸਵਾਲ ਹੀ ਨਹੀਂ ਉੱਠਦਾ। ਉਧਰ, ਸਰਕਾਰ ਦਾ ਮੰਨਣਾ ਹੈ ਕਿ ਵੱਖ-ਵੱਖ ਕਿਸਾਨ ਸੰਗਠਨਾਂ ਵਿੱਚ ਇੱਕ-ਦੂਜੇ ਤੋਂ ਅੱਗੇ ਵਧਣ ਅਤੇ ਐਕਸ਼ਨ ਕਰਨ ਦੀ ਪ੍ਰਤੀਯੋਗਤਾ ਬਣ ਚੁੱਕੀ ਹੈ, ਜਿਸ ਕਾਰਨ ਉਨ੍ਹਾਂ ਦੇ ਬੇਵਜ੍ਹਾ ਅੰਦੋਲਨਾਂ ਨਾਲ ਰਾਜ ਦੇ ਲੋਕਾਂ ਨੂੰ ਵੱਡੀ ਮੁਸ਼ਕਿਲ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਰਾਜ ਦੇ ਲੋਕ ਰੋਜ਼ਾਨਾ ਸੜਕ, ਰੇਲ ਅਤੇ ਹੋਰ ਰਸਤਿਆਂ 'ਚ ਧਰਨਿਆਂ ਕਾਰਨ ਆਉਣ ਵਾਲੀਆਂ ਰੁਕਾਵਟਾਂ ਤੋਂ ਤੰਗ ਆ ਚੁੱਕੇ ਹਨ। ਇਸ ਨਾਲ ਰਾਜ ਦੀ ਤਰੱਕੀ ਵਿੱਚ ਵੱਡੀਆਂ ਰੁਕਾਵਟਾਂ ਖੜੀਆਂ ਹੋ ਰਹੀਆਂ ਹਨ।ਇਸ ਦੌਰਾਨ ਖ਼ਬਰ ਹੈ ਕਿ ਸਮਰਾਲਾ ਇਲਾਕੇ ਦੇ ਕੁਝ ਹੋਰ ਕਿਸਾਨ ਆਗੂਆਂ ਨੂੰ ਵੀ ਪੁਲਿਸ ਵੱਲੋਂ ਹਿਰਾਸਤ 'ਚ ਲਿਆ ਗਿਆ ਹੈ, ਪਰ ਪੁਲਿਸ ਸੂਤਰ ਇਸ ਗੱਲ ਤੋਂ ਇਨਕਾਰ ਕਰ ਰਹੇ ਹਨ।



# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਬੁਢਲਾਡਾ ਦੀ ਮਹੀਨਾਵਾਰ ਮੀਟਿੰਗ



**ਬੁਢਲਾਡਾ (ਅਸ਼ੋਕ ਲਾਕੜਾ)** ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਬੁਢਲਾਡਾ ਦੀ ਮਹੀਨਾਵਾਰ ਮੀਟਿੰਗ ਕੱਲਰਾਂ ਵਾਲੀ ਮਾਤਾ ਮੰਦਰ ਵਿਖੇ ਡਾਕਟਰ ਗੁਰਜੀਤ ਸਿੰਘ ਬਰ੍ਹੇ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਪਿਛਲੇ ਦਿਨੀ ਡਾਕਟਰ ਮੋਹਨ ਲਾਲ ਗੁਰਨੇ ਕਲਾਂ ਦੀ ਧਰਮ ਪਤਨੀ ਸਵਰਗਵਾਸ ਹੋ ਗਏ ਸਨ। ਉਨ੍ਹਾਂ ਨੂੰ ਦੋ ਮਿੰਟ ਦਾ ਮੌਨ ਧਾਰਕੇ ਸ਼ਰਧਾਂਜਲੀ ਭੇਟ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਡਾਕਟਰ ਬਰ੍ਹੇ ਨੇ ਕਿਹਾ ਕਿ ਸਰਕਾਰ ਨਸ਼ੇ ਦੀ ਆੜ ਹੇਠ ਪਿੰਡਾਂ ਵਿੱਚ ਪ੍ਰੈਕਟਿਸ ਕਰਦੇ ਸਾਥੀਆਂ ਨੂੰ ਬਿਨਾਂ ਵਜ੍ਹਾ ਪ੍ਰੇਸ਼ਾਨ ਨਾ ਕਰੇ।ਉਨ੍ਹਾਂ ਐਸੋਸੀਏਸ਼ਨ ਵੱਲੋਂ ਭਰੋਸਾ ਦਿੱਤਾ ਕਿ ਇਸ ਨਸ਼ਾ ਵਿਰੋਧੀ ਮੁਹਿੰਮ ਵਿੱਚ ਪੰਜਾਬ ਪੁਲਿਸ ਦਾ ਸਾਥ ਦਿੱਤਾ ਜਾਵੇਗਾ।ਇਹ ਮੁਹਿੰਮ ਪੰਜਾਬ ਸਰਕਾਰ ਦਾ ਇਕ ਸ਼ਲਾਘਾਯੋਗ ਕਦਮ ਹੈ। ਇਸ ਮੌਕੇ ਚੇਅਰਮੈਨ ਰਮਜ਼ਾਨ ਖਾਨ, ਜਗਤਾਰ ਸਿੰਘ, ਮੇਜਰ ਸਿੰਘ, ਸ਼ਿਸ਼ਣ ਗੋਇਲ, ਹਰਭਜਨ ਸਿੰਘ, ਸੀਨੀਅਰ ਮੀਤ ਪ੍ਰਧਾਨ ਲੱਖਾ ਸਿੰਘ ਹਸਨਪੁਰ ਆਦਿ ਨੇ ਆਪਣੇ-ਆਪਣੇ ਵਿਚਾਰ ਪੇਸ਼ ਕੀਤੇ।ਅਖੀਰ ਵਿੱਚ ਮੀਟਿੰਗ ਵਿੱਚ ਆਏ ਸਾਥੀਆਂ ਦਾ ਡਾਕਟਰ ਨਾਇਬ ਸਿੰਘ ਖ਼ਜ਼ਾਨਚੀ ਵੱਲੋਂ ਤਹਿ ਦਿਲੋਂ ਧੰਨਵਾਦ ਕੀਤਾ ਗਿਆ।

ਮੈ ਜਰਨੈਲ ਸਿੰਘ ਪੁੱਤਰ ਵਜ਼ੀਰ ਸਿੰਘ ਵਾਸੀ ਪੱਤੜ ਖੁਰਦ ਡਾਕ:-ਪੱਤੜ ਕਲਾਂ ਤਹਿ, ਤੇ ਜਿਲਾ ਜਲੰਧਰ ਇਹ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜਸਪਾਲ ਸਿੰਘ ਅਤੇ ਉਸਦੀ ਪਤਨੀ ਮਨਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਉਹਨਾਂ ਨੂੰ ਆਪਣੀ ਚਲ ਅਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰਿਕ ਮੈਂਬਰਾਂ ਦਾ ਉਹਨਾਂ ਨਾਲ ਕੋਈ ਸੰਬੰਧ ਨਹੀਂ ਹੈ। ਉਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਸੁਦਰਸ਼ਨ ਕੁਮਾਰ ਪੁੱਤਰ ਸ੍ਰੀ ਗੁਰਬਕਸ਼ ਰਾਏ ਵਾਸੀ 151/5, ਗਲੀ ਤਾਰਾ ਚੰਦ ਕਟਿਆਲ, ਕੱਟੜਾ ਮਿੱਤ ਸਿੰਘ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਪੁਨਿਤ ਖੇੜਾ ਅਤੇ ਉਸ ਦੀ ਪਤਨੀ ਸੋਨੀਆ ਖੇੜਾ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

# ਜ਼ਿਲ੍ਹਾ ਟੂਰਨਾਮੈਂਟਾਂ ਲਈ ਅੰਡਰ-16 ਪੁਰਸ਼ ਟੀਮ ਲਈ ਟਰਾਇਲ ਅੱਜ

ਮੋਹਾਲੀ : (ਗੁਰਜੀਤ ਬਿੱਲਾ)— ਜ਼ਿਲ੍ਹਾ ਕ੍ਰਿਕਟ ਐਸੋਸੀਏਸਨ ਮੋਹਾਲੀ ਵੱਲੋਂ ਜ਼ਿਲ੍ਹਾ ਟੂਰਨਾਮੈਂਟਾਂ ਲਈ ਅੰਡਰ-16 ਪੁਰਸ਼ ਟੀਮ ਲਈ ਟਰਾਇਲ 6 ਮਾਰਚ ਨੂੰ ਡੀਸੀਏਐਮ ਗਰਾਊਂਡ (ਪੀਸੀਏ ਸਟੇਡੀਅਮ ਦੇ ਪਿੱਛੇ, ਫੇਜ 9) ਵਿਖੇ ਸਵੇਰੇ 11:00 ਵਜੇ ਸ਼ੁਰੂ ਕਰੇਗਾ। ਜ਼ਿਲ੍ਹਾ ਕ੍ਰਿਕਟ ਐਸੋਸੀਏਸ਼ਨ ਮੋਹਾਲੀ ਦੇ ਅਧਿਕਾਰੀ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਸਾਰੇ ਖਿਡਾਰੀਆਂ ਨੂੰ ਟਰਾਇਲਾਂ ਦੇ ਸਮੇਂ ਆਪਣੇ ਜਨਮ ਮਿਤੀ ਸਰਟੀਫਿਕੇਟ ਅਤੇ ਆਧਾਰ ਕਾਰਡ ਦੀ ਫੋਟੋ ਕਾਪੀ ਲਿਆਉਣ ਦੀ ਲੋੜ ਹੈ। ਉਹਨਾਂ ਕਿਹਾ ਕਿ ਹੋਰ ਵੇਰਵਿਆਂ ਲਈ ਉਮੀਦਵਾਰ ਐਸੋਸੀਏਸ਼ਨ ਦੇ ਨੰਬਰ 9915874935 'ਤੇ ਉਨ੍ਹਾਂ ਨਾਲ ਸੰਪਰਕ ਕਰ ਸਕਦੇ ਹਨ।

# ਗੁਰੂ ਨਾਨਕ ਦੇਵ 'ਵਰਸਿਟੀ 'ਚ 'ਥਿਊਰੀ ਤੋਂ ਪੋਸਟ ਥਿਊਰੀ' ਵਿਸ਼ੇ 'ਤੇ ਵਿਸ਼ੇਸ਼ ਭਾਸ਼ਣ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਕੌਰ)-ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਅੰਗਰੇਜ਼ੀ ਵਿਭਾਗ ਵੱਲੋਂ ਜਾਮੀਆ ਮਿਲੀਆ ਇਸਲਾਮੀਆ (ਏ ਸੈਂਟਰਲ ਯੂਨੀਵਰਸਿਟੀ) ਨਵੀਂ ਦਿੱਲੀ ਤੋਂ ਪ੍ਰੋ. (ਡਾ.) ਸਿਮੀ ਮਲਹੋਤਰਾ ਦਾ ਵਿਸ਼ੇਸ਼ ਭਾਸ਼ਣ ਕਰਵਾਇਆ ਗਿਆ।ਪ੍ਰੋ. (ਡਾ.) ਸਿਮੀ ਨੇ 'ਥਿਊਰੀ ਤੋਂ ਪੋਸਟ ਥਿਊਰੀ' ਵਿਸ਼ੇ 'ਤੇ ਭਾਸ਼ਣ ਦਿੰਦਿਆਂ ਕਿਹਾ ਕਿ ਮਨੁੱਖਤਾ ਦੀ ਸਿਹਤ ਨੂੰ ਕਲਾਸਰੂਮ ਤੋਂ ਬਾਹਰ ਸਾਹਿਤ ਮੇਲਿਆਂ, ਪ੍ਰਕਾਸ਼ਨ ਘਰਾਂ ਅਤੇ ਮੋਬਾਈਲ ਲਾਇਬ੍ਰੇਰੀਆਂ ਵਿੱਚ ਨਿਵੇਸ਼ ਰਾਹੀਂ ਦੇਖਿਆ ਜਾ ਸਕਦਾ ਹੈ। ਉਨ੍ਹਾਂ ਅਜੋਕੇ ਸੰਸਾਰ ਵਿੱਚ ਯੂਨੀਵਰਸਿਟੀ ਦੇ ਅੰਦਰ ਮਨੁੱਖਤਾ ਦੀ ਭੂਮਿਕਾ ਬਾਰੇ ਚਰਚਾ ਕਰਦਿਆਂ ਕਿਹਾ ਕਿ ਸਾਹਿਤ ਅਤੇ ਸੱਭਿਆਚਾਰ ਸਮਾਜਿਕ ਵਿਰੋਧ ਦੇ ਵਾਹਨ ਹਨ ਜੋ ਕਲਾਸਰੂਮ ਤੋਂ ਬਾਹਰ ਦੀ ਦੁਨੀਆ ਵਿੱਚ ਸਿਧਾਂਤ ਦੀ ਆਲੋਚਨਾਤਮਕ ਪ੍ਰਭਾਵਸ਼ੀਲਤਾ ਅਤੇ ਉਪਯੋਗਤਾ ਨੂੰ ਸ਼ਾਮਲ ਕਰਦੇ ਹਨ। ਉਨ੍ਹਾਂ ਸਾਹਿਤਕ ਸਿਧਾਂਤ ਤੇ ਫੈਟਿਸ਼ਿਜ਼ਮ 'ਤੇ ਆਪਣੇ ਵਿਚਾਰ ਵਿਅਕਤ ਕਰਦਿਆਂ ਰਾਜਨੀਤੀ, ਸਮਾਜ ਅਤੇ ਵਿਚਾਰਧਾਰਾ ਦੇ ਬਿਰਤਾਂਤਾਂ 'ਤੇ ਗੱਲਬਾਤ ਕੀਤੀ।ਸਵਾਲ-ਜਵਾਬ ਸੈਸ਼ਨ ਮੌਕੇ ਪੋਸਟ ਥਿਊਰੀ ਨੂੰ ਇੱਕ ਪ੍ਰਤੀਕਿਰਿਆਸ਼ੀਲ ਸ਼ਕਤੀ ਦੱਸਦਿਆਂ ਭਵਿੱਖ ਵਿੱਚ ਸੁਧਾਰ ਦੀਆਂ ਸੰਭਾਵਨਾਵਾਂ ਵਿਚ ਇਸ ਦੀ ਭੂਮਿਕਾ ਬਾਰੇ ਚਰਚਾ ਕੀਤੀ ਗਈ।

# ਐਚ ਡੀ ਐਫ ਸੀ ਬੈਂਕ ਨੇ ਭਾਰਤੀ ਵਾਯੂ ਸੈਨਾ ਤੇ ਸੀ ਐਸ ਸੀ ਅਕਾਦਮੀ ਨਾਲ ਕੀਤੇ ਸਮਝੌਤਾ ਪੱਤਰ 'ਤੇ ਹਸਤਾਖਰ

ਅੰਮ੍ਰਿਤਸਰ : ਭਾਰਤ ਦੇ ਪ੍ਰਮੁੱਖ ਨਿੱਜੀ ਖੇਤਰ ਦੇ ਬੈਂਕ, ਐਚ ਡੀ ਐਫ ਸੀ ਬੈਂਕ ਨੇ ਅੱਜ ਭਾਰਤੀ ਹਵਾਈ ਸੈਨਾ ਨਾਲ ਇੱਕ ਸਮਝੌਤਾ ਪੱਤਰ ( ਐਮ ਓ ਯੂ ) 'ਤੇ ਹਸਤਾਖਰ ਕੀਤੇ, ਜੋ ਕਿ ਸਹਾਇਕ ਮੁਖੀ ਹਵਾਈ ਸਟਾਫ-ਅਕਾਊਂਟਸ ਅਤੇ ਹਵਾਈ ਸੈਨਾ ਵੈਟਰਨਜ਼ ਅਤੇ ਸੀ ਐਸ ਸੀ ਅਕੈਡਮੀ ਦੇ ਦਫ਼ਤਰ ਰਾਹੀਂ ਕੰਮ ਕਰਦਾ ਹੈ। ਇਹ ਦਿਨ ਪ੍ਰੋਜੈਕਟ ਐਚ ਏ ਕੇ ਕੇ (ਹਵਾਈ ਅਨੁਭਵ ਭਲਾਈ ਕੇਂਦਰ) ਸੇਵਾ ਕਰਨ ਦੀ ਸੇਵਾ ਸ਼ੁਰੂ ਕੀਤੀ ਗਈ। ਪ੍ਰੋਜੈਕਟ ਐਚ ਏ ਕੇ ਕੇ ਦੀ ਰੱਖਿਆ ਪੈਨਸ਼ਨ ਭੋਗੀਆਂ, ਦਿੱਗਜਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਕੋਸ਼ਹਿਤਾ ਅਤੇ ਸੇਵਾਵਾਂ ਪ੍ਰਦਾਨ ਕਰਨ ਲਈ ਡਿਜ਼ਾਇਨ ਕੀਤਾ ਗਿਆ ਹੈ। ਸ਼ੁਰੂ ਵਿੱਚ ਨਵੀਂ ਦਿੱਲੀ, ਬੰਗਲੁਰੂ, ਗੁੜਗਾਓਂ, ਪੁਣੇ, ਸਿਕੰਦਰਾਬਾਦ, ਗੁਹਾਟੀ, ਜੋਧਪੁਰ ਅਤੇ ਚੰਡੀਗੜ੍ਹ ਸਮੇਤ ਹਵਾਈ ਸੈਨਾ ਦੀਆਂ ਇਕਾਈਆਂ ਵਿੱਚ 25 ਕੇਂਦਰਾਂ ਦਾ ਪ੍ਰਸਤਾਵ ਰੱਖਿਆ ਗਿਆ ਹੈ। ਇਸ ਮੌਕੇ ਸ੍ਰੀਮਤੀ ਸਮਿਤਾ ਭਗਤ ਨੇ ਕਿਹਾ, ਇਹ ਸਮਝੌਤਾ ਆਈ ਏ ਐਫ ਵੈਟਰਨਜ਼ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਪ੍ਰਤੀ ਸਾਡੀ ਵਚਨਬੱਧਤਾ ਨੂੰ ਦਰਸਾਉਂਦਾ ਹੈ।



# ਚੰਡੀਗੜ੍ਹ ਜਾ ਰਹੇ ਕਿਸਾਨਾਂ ਨੂੰ ਮਲੋਟ ਵਿਖੇ ਪੁਲਸ ਪ੍ਰਸ਼ਾਸ਼ਨ ਨੇ ਰੋਕਿਆ

**ਮਲੋਟ, (ਗੁਰਮੀਤ ਸਿੰਘ ਮੱਕੜ):-** ਅੱਜ ਕਿਸਾਨਾਂ ਵੱਲੋਂ ਚੰਡੀਗੜ੍ਹ ਵੱਲ ਕੂਚ ਕਰਨ ਦੇ ਦਿੱਤੇ ਪ੍ਰੋਗਰਾਮ ਅਨੁਸਾਰ ਕਿਸਾਨਾਂ ਨੂੰ ਚੰਡੀਗੜ੍ਹ ਜਾਣ ਤੋਂ ਰੋਕਣ ਲਈ ਪੰਜਾਬ ਭਰ ਵਿਚ ਪੁਲਿਸ ਵੱਲੋਂ ਵੱਖ-ਵੱਖ ਰਸਤਿਆਂ ਵਿਚ ਨਾਕੇਬੰਦੀ ਕਰਕੇ ਉਨ੍ਹਾਂ ਨੂੰ ਰਸਤਿਆਂ ਵਿਚ ਹੀ ਰੋਕਿਆ ਜਾ ਰਿਹਾ ਹੈ। ਇਸ ਦੇ ਚੱਲਦੇ ਮਲੋਟ ਦੇ ਬਠਿੰਡਾ ਚੌਕ ਵਿੱਚ ਵੀ ਕੁੱਝ ਕਿਸਾਨਾਂ ਨੂੰ ਰੋਕਿਆ ਗਿਆ। ਇਸ ਮੌਕੇ 'ਤੇ ਕਿਸਾਨ ਆਗੂ ਲੱਖਾ ਸ਼ਰਮਾ ਨੇ ਦੱਸਿਆ ਕਿ ਅੱਜ ਉਹ ਕਿਸਾਨ ਸੰਯੁਕਤ ਮੋਰਚੇ ਦੇ ਸੱਦੇ 'ਤੇ ਚੰਡੀਗੜ੍ਹ ਜਾ ਰਹੇ ਸੀ ਕਿ ਮਲੋਟ ਪੁਲਿਸ ਨੇ ਉਨ੍ਹਾਂ ਨੂੰ ਰੋਕ ਲਿਆ। ਉਨ੍ਹਾਂ ਪੰਜਾਬ ਦੇ ਮੁੱਖ ਮੰਤਰੀ ਬਾਰੇ ਕਿਹਾ ਕਿ ਪੰਜਾਬ ਦਾ ਹਿਤੈਸ਼ੀ ਕਹਾਉਣ ਵਾਲਾ ਮੁੱਖ ਮੰਤਰੀ ਅੱਜ ਕੇਂਦਰ ਦੀ ਬੋਲੀ ਬੋਲਣ ਲੱਗਿਆ ਹੈ ਅਤੇ ਕਿਸਾਨਾਂ ਪ੍ਰਤੀ ਜ਼ਾਲਮ ਬਣਨ ਲੱਗਿਆ ਹੈ ਅਤੇ ਕਿਸਾਨਾਂ ਦੀ ਹੁਣ ਇਹ ਵੀ ਗੱਲ ਸੁਣਨ ਤੋਂ ਭੱਜਣ ਲੱਗਿਆ ਹੈ।

# ਡੱਲੇਵਾਲ ਦੇ ਹੱਕ 'ਚ 600 ਤੋਂ ਵੱਧ ਕਿਸਾਨਾਂ ਤੇ ਬੀਬੀਆ ਨੇ ਕੀਤੀ ਭੁੱਖ ਹੜਤਾਲ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)-** ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਿਕ ਭਾਰਤ ਅਤੇ ਕਿਸਾਨ ਮਜ਼ਦੂਰ ਮੋਰਚਾ ਵੱਲੋਂ ਸਰਦਾਰ ਜਗਜੀਤ ਸਿੰਘ ਡੱਲੇਵਾਲ ਦੇ ਮਰਨ ਵਰਤ ਉੱਪਰ 100 ਦਿਨ ਪੂਰੇ ਹੋਣ 'ਤੇ ਪੂਰੇ ਭਾਰਤ ਵਿੱਚ ਜ਼ਿਲ੍ਹਾ ਹੈਡਕੁਆਰਟਰਾਂ ਅੱਗੇ ਇੱਕ ਦਿਨ ਲਈ 100 ਜਾਂ ਉਸ ਤੋਂ ਵੱਧ ਕਿਸਾਨਾਂ ਵੱਲੋਂ ਭੁੱਖ ਹੜਤਾਲ 'ਤੇ ਬੈਠਣ ਦਾ ਐਲਾਨ ਕੀਤਾ ਗਿਆ ਸੀ। ਸ. ਜਗਜੀਤ ਸਿੰਘ ਡੱਲੇਵਾਲ ਦੇ ਹੱਕ ਵਿੱਚ ਹਾਅ ਦਾ ਨਾਅਰਾ ਮਾਰਦੇ ਹੋਏ ਡੀ ਸੀ ਦਫਤਰ ਫਰੀਦਕੋਟ ਅੱਗੇ 600 ਤੋਂ ਵੱਧ ਕਿਸਾਨਾਂ ਅਤੇ ਬੀਬੀਆਂ ਵੱਲੋਂ ਕੀਤੀ ਗਈ ਲਈ ਭੁੱਖ ਹੜਤਾਲ ਕੀਤੀ ਗਈ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਜ਼ਿਲ੍ਹਾ ਪ੍ਰਧਾਨ ਫਰੀਦਕੋਟ ਬੋਹੜ ਸਿੰਘ ਰੁਪੱਈਆਂ ਵਾਲਾ ਨੇ ਕਿਹਾ ਕਿ ਕਾਰਪੋਰੇਟ ਪੱਖੀ ਸਰਕਾਰਾਂ ਕਿਸਾਨਾਂ ਅਤੇ ਮਜ਼ਦੂਰਾਂ ਨੂੰ ਮਾਰਨ ਲਈ ਹਰ ਰੋਜ਼ਾਨਾ ਨਿੱਤ ਨਵੀਆਂ ਸਾਜਿਸ਼ਾਂ ਘੜ ਰਹੀਆਂ ਹਨ ਜ਼ਿਲ੍ਹਾ ਹੈਡਕੁਆਰਟਰ ਦੇ ਅੱਗੇ 100 ਕਿਸਾਨਾਂ ਦੇ ਜਥਿਆਂ ਵੱਲੋਂ ਇੱਕ ਦਿਨ ਲਈ ਭੁੱਖ ਹੜਤਾਲ 'ਤੇ ਬੈਠਣ ਦੇ ਕੀਤੇ ਗਏ ਐਲਾਨ ਮੁਤਾਬਕ ਅੱਜ 600 ਤੋਂ ਵੱਧ ਕਿਸਾਨਾਂ ਤੇ ਕਿਸਾਨ ਬੀਬੀਆਂ ਵੱਲੋਂ ਫਰੀਦਕੋਟ ਵਿਖੇ ਭੁੱਖ ਹੜਤਾਲ ਉੱਪਰ ਬੈਠ ਕੇ ਸਰਦਾਰ ਜਗਜੀਤ ਸਿੰਘ ਡੱਲੇਵਾਲ ਦੇ ਹੱਕ ਦੇ ਵਿੱਚ ਹਾਅ ਦਾ ਨਾਅਰਾ ਮਾਰਿਆ ਗਿਆ ਹੈ। ਬੋਹੜ ਸਿੰਘ ਰੁਪੱਈਆ ਵਾਲਾ ਨੇ ਅੱਗੇ ਕਿਹਾ ਕਿ ਖਨੌਰੀ ਸ਼ੰਭੂ ਅਤੇ ਰਤਨਪੁਰਾ ਦੇ ਬਾਰਡਰਾਂ ਉੱਪਰ ਕਿਸਾਨਾਂ ਅਤੇ ਮਜ਼ਦੂਰਾਂ ਦੀਆਂ ਹੱਕੀ ਮੰਗਾਂ ਲਈ ਅੰਦੋਲਨ ਚੱਲਦੇ ਨੂੰ ਇੱਕ ਸਾਲ ਤੋਂ ਵੱਧ ਸਮਾਂ ਹੋ ਚੁੱਕਿਆ ਹੈ ਅਤੇ 8 ਮਾਰਚ ਨੂੰ ਕੌਮਾਂਤਰੀ ਮਹਿਲਾ ਦਿਵਸ ਮੌਕੇ ਮਾਵਾਂ ਅਤੇ ਭੈਣਾਂ ਵੱਲੋਂ ਕਿਸਾਨ ਪੰਚਾਇਤ ਕੀਤੀ ਜਾ ਰਹੀ ਹੈ। ਜ਼ਿਲ੍ਹਾ ਜਨਰਲ ਸਕੱਤਰ ਇੰਦਰਜੀਤ ਸਿੰਘ ਘਣੀਆ ਨੇ ਪੰਜਾਬ ਸਰਕਾਰ ਵੱਲੋਂ ਕਿਸਾਨ ਆਗੂਆਂ ਨਾਲ ਮੀਟਿੰਗ ਵਿੱਚ ਕੀਤੇ ਗਏ ਦੁਰਵਿਵਹਾਰ ਦੀ ਕੜੇ ਸ਼ਬਦਾਂ ਵਿੱਚ ਨਿੰਦਿਆ ਤੇ ਨਿਖੇਧੀ ਕਰਦੇ ਹੋਏ ਕਿਹਾ ਕਿ ਧਰਨਿਆਂ ਵਿੱਚੋਂ ਨਿਕਲੀ ਹੋਈ ਪਾਰਟੀ ਦੇ ਮੁੱਖ ਮੰਤਰੀ ਨੂੰ ਹੁਣ ਲੋਕਾਂ ਦੇ ਆਪਣੇ ਹੱਕਾਂ ਲਈ ਆਵਾਜ਼ ਬੁਲੰਦ ਕਰਨ ਤੋਂ ਡਰ ਲਗ ਰਿਹਾ ਹੈ। ਇੰਦਰਜੀਤ ਸਿੰਘ ਘਣੀਆ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਲੋਕਤੰਤਰ ਵਿੱਚ ਲੋਕ ਵੱਡੇ ਹੁੰਦੇ ਹਨ, ਸਰਕਾਰਾਂ ਨਹੀਂ। ਇਸ ਲਈ ਗ੍ਰਿਫਤਾਰ ਕੀਤੇ ਆਗੂਆਂ,ਮਜ਼ਦੂਰਾਂ ਅਤੇ ਔਰਤਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ।ਇਸ ਮੌਕੇ ਉਹਨਾਂ ਨਾਲ ਗੁਰਦਿੱਤਾ ਸਿੰਘ ਜ਼ਿਲ੍ਹਾ ਵਿੱਤ ਸਕੱਤਰ, ਰਜਿੰਦਰ ਸਿੰਘ ਬਲਾਕ ਪ੍ਰਧਾਨ ਸਾਦਿਕ, ਸੁਖਚਰਨ ਸਿੰਘ ਬਲਾਕ ਪ੍ਰਧਾਨ ਗੋਲੇਵਾਲਾ, ਚਰਨਜੀਤ ਸਿੰਘ ਬਲਾਕ ਪ੍ਰਧਾਨ ਫਰੀਦਕੋਟ, ਬਲਜਿੰਦਰ ਸਿੰਘ ਬਾੜਾ ਭਾਈਕਾ ਬਲਾਕ ਪ੍ਰਧਾਨ ਬਾਜਾਖਾਨਾ, ਸਿਕੰਦਰਪਾਲ ਸਿੰਘ ਬਲਾਕ ਪ੍ਰਧਾਨ ਜੈਤੋ, ਨੈਬ ਸਿੰਘ ਸ਼ੇਰ ਸਿੰਘ ਵਾਲਾ ਕਨਵੀਨਰ ਬਲਾਕ ਸਾਦਿਕ, ਬਲਕਾਰ ਸਿੰਘ ਕੋਟਕਪੂਰਾ ਤੇ ਕਮੇਟੀ ਮੈਂਬਰ ਵਿਧਾਨ ਸਿੰਘ ਢਿੱਲੋਂ, ਕਮੇਟੀ ਮੈਂਬਰ ਨਿਰਮਲ ਸਿੰਘ ਢਿੱਲਵਾਂ, ਕਮੇਟੀ ਮੈਂਬਰ ਗੁਰਪ੍ਰੀਤਮ ਸਿੰਘ ਢਿੱਲਵਾਂ ਅਤੇ ਯੂਥ ਆਗੂ ਜਤਿੰਦਰਜੀਤ ਸਿੰਘ, ਹੁਸ਼ਿਆਰ ਸਿੰਘ ਸੇਨਾ ਮਿਸ਼ਰੀ ਵਾਲਾ, ਨਿਰਮਲ ਸਿੰਘ ਢਿੱਲਵਾਂ, ਗੁਰਮੇਲ ਸਿੰਘ ਸੰਧਵਾਂ, ਜਗਦੇਵ ਸਿੰਘ ਜੈਤੋ, ਬੇਅੰਤ ਸਿੰਘ ਸੂਰਘੁਰੀ, ਕਸ਼ਮੀਰ ਸਿੰਘ ਰੋੜੀਕਪੂਰਾ, ਮੇਜਰ ਸਿੰਘ ਬਾਜਾਖਾਨਾ, ਅੰਗਰੇਜ਼ ਸਿੰਘ ਵਾਦਰ, ਰਣਜੀਤ ਸਿੰਘ ਡੋਡ, ਗੁਰਪ੍ਰੀਤ ਸਿੰਘ ਸਿੱਧੂ, ਸ਼ਮਸ਼ੇਰ ਸਿੰਘ ਮੱਲਾ, ਮੋਦਨ ਸਿੰਘ ਘਣੀਆਂ, ਸੁਖਪ੍ਰੀਤ ਸਿੰਘ ਝੱਖੜਵਾਲਾ ਆਦਿ ਕਿਸਾਨ ਆਗੂ ਹਾਜ਼ਰ ਸਨ।

# ਦਿਨ-ਦਿਹਾੜੇ ਜਿਊਲਰ ਦੇ ਸ਼ੋਅਰੂਮ 'ਤੇ ਫਾਇਰਿੰਗ




**ਜਗਰਾਉਂ (ਅਮਿਤ ਖੰਨਾ, ਸੰਜੀਵ ਅਰੋੜਾ)** ਇੱਕ ਹਫਤੇ ਚ ਦੋ ਵਾਰ ਗੋਲੀਆਂ ਚੱਲਣ ਨਾਲ ਸ਼ਹਿਰ ਪੂਰਾ ਸਹਿਮਿਆ ਹੋਇਆ ਹੈ। ਇੱਕ ਹਫਤਾ ਪਹਿਲਾਂ ਜਗਰਾਉਂ ਲੁਧਿਆਣਾ ਮੁੱਖ ਮਾਰਗ ਤੇ ਇੱਕ ਢਾਬੇ ਦੇ ਬਾਹਰ ਦੋ ਕਾਰ ਸਵਾਰਾਂ ਨੇ ਦੋ ਦੋ ਪਿਸਤੌਲਾਂ ਨਾਲ ਹਵਾਈ ਫਾਇਰ ਕੀਤੇ ਸਨ, ਜਿਨ੍ਹਾਂ ਦਾ ਹਾਲੇ ਤੱਕ ਪੁਲਿਸ ਨੂੰ ਕੋਈ ਸੁਰਾਗ ਨਹੀਂ ਮਿਲਿਆ। ਦੂਜੇ ਪਾਸੇ ਜਗਰਾਉਂ ਦੇ ਸਭ ਤੋਂ ਵਿਅਸਤ ਝਾਂਸੀ ਰਾਣੀ ਚੌਕ ਵਿੱਚ ਦੋ ਮੋਟਰਸਾਈਕਲ ਸਵਾਰ ਵਿਅਕਤੀਆਂ ਨੇ ਲੱਖੇ ਵਾਲ ਲੱਡੂ ਸੁਨਿਆਰ ਦੀ ਦੁਕਾਨ ਦੇ ਬਾਹਰ ਖੜ ਕੇ ਦੋ ਤੋਂ ਤਿੰਨ ਫਾਇਰ ਕਰ ਦਿੱਤੇ, ਜਿਸ ਨਾਲ ਦੁਕਾਨ ਦੇ ਅੱਗੇ ਲੱਗਾ ਸ਼ੀਸ਼ਾ ਅਤੇ ਦੁਕਾਨ ਦੇ ਬਾਹਰ ਖੜੀ ਇੱਕ ਕਾਰ ਦਾ ਸ਼ੀਸ਼ਾ ਟੁੱਟ ਗਿਆ, ਜਿਸ ਟਾਈਮ ਹਮਲਾਵਰਾਂ ਵੱਲੋਂ ਦੁਕਾਨ ਤੇ ਗੋਲੀਆਂ ਚਲਾਈਆਂ ਗਈਆਂ ਤਾਂ ਉਸ ਵਕਤ ਦੁਕਾਨ ਦੇ ਅੰਦਰ ਗਾਹਕਾਂ ਦੀ ਕਾਫੀ ਭੀੜ ਸੀ। ਪ੍ਰਤੱਖਦਰਸ਼ੀਆਂ ਮੁਤਾਬਕ ਇਹ ਦੋਨੋਂ ਮੋਟਰਸਾਈਕਲ ਸਵਾਰ ਜਿਨਾਂ ਦੇ ਮੂੰਹ ਬੰਨੇ ਹੋਏ ਸਨ ਕਮਲ ਚੌਂਕ ਵੱਲੋਂ ਆਏ ਅਤੇ ਦੁਕਾਨ ਮੂਹਰੇ ਮੋਟਰਸਾਈਕਲ ਰੋਕ ਕੇ ਮੋਟਰਸਾਈਕਲ ਦੇ ਪਿੱਛੇ ਬੈਠੇ ਵਿਅਕਤੀ ਨੇ ਦੁਕਾਨ ਤੇ ਫਾਇਰ ਕਰ ਦਿੱਤੇ ਅਤੇ ਮੋਟਰਸਾਈਕਲ ਨੂੰ ਭਜਾ ਕੇ ਬਸ ਸਟੈਂਡ ਵੱਲ ਲੈ ਗਏ।ਦੁਕਾਨ ਦੇ ਮਾਲਕ ਪਵਨ ਕੁਮਾਰ ਨੇ ਦੱਸਿਆ ਕਿ ਉਹ ਆਪਣੇ ਕੰਮ ਵਿੱਚ ਵਿਅਸਤ ਸਨ ਤਾਂ ਅਚਾਨਕ ਉਨ੍ਹਾਂ ਦੀ ਦੁਕਾਨ ਦੇ ਅੱਗੇ ਲੱਗੇ ਸ਼ੀਸ਼ੇ ਵਿੱਚ ਗੋਲੀ ਵੱਜੀ, ਜਿਸ ਨਾਲ ਸ਼ੀਸ਼ਾ ਟੁੱਟ ਗਿਆ ਤੇ ਦੁਕਾਨ ਵਿੱਚ ਮੌਜੂਦ ਸਟਾਫ ਤੇ ਗਾਹਕ ਦਹਿਸ਼ਤ ਵਿੱਚ ਆ ਗਏ ਤੇ ਭੱਜ ਕੇ ਦੁਕਾਨ ਦੇ ਪਿਛਲੇ ਪਾਸੇ ਬਣੇ ਕਮਰੇ ਵਿੱਚ ਲੁੱਕ ਗਏ।ਮੌਕੇ 'ਤੇ ਪਹੁੰਚੀ ਪੁਲਸ ਨੂੰ ਜਾਂਚ ਦੌਰਾਨ ਉਥੋਂ ਦੋ ਗੋਲੀਆਂ ਦੇ ਖਾਲੀ ਖੋਲ ਮਿਲੇ ਹਨ ਤੇ ਉਹ ਕੈਮਰਿਆਂ ਨੂੰ ਖੰਗਾਲ ਰਹੇ ਹਨ।

# ਕਾਕਾ ਬਰਾੜ ਨੇ ਆਪਣੀ ਤਿੰਨ ਸਾਲ ਦੀ ਤਨਖਾਹ ਕੀਤੀ ਸ਼ਹਿਰ ਦੇ ਸੇਵਾ ਕਾਰਜਾਂ ਲਈ ਦਾਨ

**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ) :** ਸ੍ਰੀ ਮੁਕਤਸਰ ਸਾਹਿਬ ਤੋਂ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਆਪਣੀ ਤਿੰਨ ਸਾਲ ਦੀ ਤਨਖਾਹ ਇੱਕ ਸਮਾਜ ਸੇਵੀ ਸੰਸਥਾ ਰਾਹੀਂ ਸ਼ਹਿਰ ਦੇ ਸੇਵਾ ਕਾਰਜਾਂ ਦੇ ਲੇਖੇ ਲਾਈ ਹੈ।ਉਹਨਾਂ ਆਪਣੀ ਤਨਖਾਹ 'ਚੋਂ ਨਵੇਂ ਦੋ ਟਰੈਕਟਰ ਦੋ ਟਰਾਲੀਆਂ ਨਿਸ਼ਚੈ ਫਾਊਂਡੇਸ਼ਨ ਨੂੰ ਲੈ ਕੇ ਦਿੱਤੀਆਂ ਅਤੇ ਇਸ ਸੰਸਥਾ ਵੱਲੋਂ ਵੱਡੇ ਪੱਧਰ 'ਤੇ ਸ਼ਹਿਰ ਵਿੱਚੋਂ ਸਫਾਈ ਅਭਿਆਨ ਸ਼ੁਰੂ ਕੀਤਾ ਗਿਆ। ਇਸ ਤੋਂ ਇਲਾਵਾ ਉਹਨਾਂ ਨੇ ਸੰਸਥਾ ਨੂੰ 50 ਹਜ਼ਾਰ ਰੁਪਏ ਪ੍ਰਤੀ ਮਹੀਨਾ ਸੇਵਾ ਵਜੋਂ ਵੀ ਦੇਣ ਦਾ ਵਾਅਦਾ ਕੀਤਾ।ਉਨ੍ਹਾਂ ਕਿਹਾ ਕਿ ਇਸ ਸੰਸਥਾ ਵੱਲੋਂ ਵੱਡੇ ਪੱਧਰ 'ਤੇ ਸ਼ਹਿਰ ਵਿਚੋਂ ਸਫਾਈ ਅਭਿਆਨ ਸ਼ੁਰੂ ਕੀਤਾ ਗਿਆ। ਵਿਧਾਇਕ ਕਾਕਾ ਬਰਾੜ ਨੇ ਆਖਿਆ ਕਿ ਪੂਰੇ 10 ਦਿਨ ਲਗਾਤਾਰ 30 ਸਫਾਈ ਸੇਵਕ, ਟਰੈਕਟਰਾਂ ਦੇ ਤੇਲ ਖਰਚਾ ਤੇ ਹੋਰ ਖਰਚਾ ਆਪਣੀ ਤਨਖਾਹ ਵਿਚੋਂ ਕੀਤਾ ਜਾਵੇਗਾ। ਇਸ ਤੋਂ ਬਾਅਦ ਸੰਸਥਾਂ ਆਪਣੇ ਪੱਧਰ 'ਤੇ ਇਹ ਕਾਰਜ ਜਾਰੀ ਰੱਖੇਗੀ।ਉਨ੍ਹਾਂ ਨੇ ਕਿਹਾ ਕਿ ਉਹ ਜਦ ਵਿਧਾਇਕ ਬਣੇ ਸਨ ਤਾਂ ਉਹਨਾਂ ਤਦ ਹੀ ਇਹ ਸੋਚਿਆ ਸੀ ਕਿ ਉਹ ਆਪਣੀ ਤਨਖਾਹ ਸੇਵਾ ਕਾਰਜਾਂ 'ਤੇ ਲਾਉਣਗੇ ਅਤੇ ਬੀਤੇ ਦਿਨੀਂ ਵਿਚਾਰ ਉਪਰੰਤ ਉਨ੍ਹਾਂ ਇਹ ਸੇਵਾ ਕਾਰਜ ਕੀਤਾ ਹੈ।ਇਸ ਸਫਾਈ ਅਭਿਆਨ ਉਪਰੰਤ ਇਹ ਟਰੈਕਟਰ ਟਰਾਲੀਆਂ ਇਸ ਸੰਸਥਾ ਦੇ ਦਫਤਰ ਵਿਚ ਹੋਣਗੇ ਅਤੇ ਕੋਈ ਵੀ ਸ਼ਹਿਰ ਵਾਸੀ ਇਹ ਟਰੈਕਟਰ ਟਰਾਲੀਆਂ ਸਾਂਝੇ ਕੰਮ ਲਈ ਲਿਜਾ ਸਕਦਾ ਹੈ।ਉਹਨਾਂ ਕਿਹਾ ਕਿ ਸ਼ਹਿਰ ਸਫਾਈ ਪੱਖੋਂ ਵਧੀਆ ਹੋਵੇ ਉਹ ਇਸ ਲਈ ਲਗਾਤਾਰ ਯਤਨਸ਼ੀਲ ਹਨ। ਉਨ੍ਹਾਂ ਸ਼ਹਿਰ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਸ਼ਹਿਰ ਨੂੰ ਸਾਫ ਸੁਥਰਾ ਰੱਖਣ ਲਈ ਪੂਰਾ ਸਹਿਯੋਗ ਦਿੱਤਾ ਜਾਵੇ ਅਤੇ ਆਪਣੇ ਘਰਾਂ ਦਾ ਕੂੜਾ ਕਰਕਟ ਗਲੀਆਂ ਜਾਂ ਸੜਕਾਂ 'ਤੇ ਸੁੱਟਣ ਦੀ ਬਜਾਏ ਆਪਣੇ ਘਰਾਂ ਦੇ ਡਸਟਬੀਨਾਂ ਵਿੱਚ ਰੱਖਣ ਅਤੇ ਕੂੜਾ ਕਰਕਟ ਇਕੱਠਾ ਕਰਨ ਆਏ ਕੁਲੈਕਸ਼ਨ ਕਰਮਚਾਰੀ ਦੇ ਹਵਾਲੇ ਕਰਨ।ਇਸ ਮੌਕੇ ਨਿਸ਼ਚੈ ਫਾਊਂਡੇਸ਼ਨ ਦੇ ਪ੍ਰਧਾਨ ਉਪਕਾਰ ਸਿੰਘ, ਸੈਕਟਰੀ ਗੁਰਮੀਤ ਸਿੰਘ, ਟਰੱਕ ਯੂਨੀਅਨ ਦੇ ਪ੍ਰਧਾਨ ਸੁਖਜਿੰਦਰ ਸਿੰਘ ਬੱਬਲੂ ਬਰਾੜ, ਇੰਦਰਜੀਤ ਸਿੰਘ ਬਰਾੜ ਜਵਾਹਰੇਵਾਲਾ, ਕੌਂਸਲਰ ਹਰਦੀਪ ਸਿੰਘ ਕਾਲਾ, ਕੌਂਸਲਰ ਮਹਾਸ਼ਾ ਅਮਨਦੀਪ ਸਿੰਘ, ਮਾਸਟਰ ਮਨਜੀਤ ਸਿੰਘ, ਬਲਾਕ ਪ੍ਰਧਾਨ ਪਰਮਜੀਤ ਸਿੰਘ ਪੰਮਾ ਨੰਬਰਦਾਰ, ਪੈਸਟੀਸਾਈਡ ਯੂਨੀਅਨ ਦੇ ਪ੍ਰਧਾਨ ਅਜਵਿੰਦਰ ਸਿੰਘ ਰਾਜੂ ਪੂਨੀਆਂ, ਕੱਚਾ ਆੜਤੀਆ ਐਸੋਸੀਏਸ਼ਨ ਦੇ ਪ੍ਰਧਾਨ ਇਕਬਾਲ ਸਿੰਘ ਵੜਿੰਗ, ਸੀਨੀਅਰ ਆਗੂ ਜਤਿੰਦਰ ਮਹੰਤ, ਅਮਨਜੀਤ ਸਿੰਘ ਮੈਂਬਰ ਦਿਹਾਤੀ, ਜੈ ਚੰਦ ਭੰਡਾਰੀ, ਜਗਦੀਪ ਢਿੱਲੋਂ, ਜਗਜੀਤ ਸਿੰਘ, ਕੁਲਵਿੰਦਰ ਸਿੰਘ ਕੰਡਾ, ਬੀ ਸੀ ਵਿੰਗ ਦੇ ਜਿਲ੍ਹਾ ਪ੍ਰਧਾਨ ਅੰਗਰੇਜ਼ ਸਿੰਘ, ਕੁਲਵੰਤ ਸਿੰਘ ਕਾਲਾ, ਕੱਚਾ ਆੜਤੀਆ ਐਸੋਸੀਏਸ਼ਨ ਦੇ ਵਾਈਸ ਪ੍ਰਧਾਨ ਸੁਮਿਤ ਗਰਗ ਅਤੇ ਫਾਊਂਡੇਸ਼ਨ ਦੇ ਅਹੁਦੇਦਾਰ ਹਾਜ਼ਰ ਸਨ।




# ਪੱਗ ਲਾਹੁਣ ਦੇ ਦੋਸ਼ 'ਚ 9 ਖਿਲਾਫ਼ ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਪਿੰਡ ਘੱਲ ਖੁਰਦ ਵਿਖੇ ਇਕ ਵਿਅਕਤੀ ਦੀ ਕੁੱਟਮਾਰ ਕਰਕੇ ਪੱਗ ਲਾਹੁਣ ਤੇ ਉਸ ਦੀ ਦਾੜ੍ਹੀ ਪੁੱਟਣ ਦੇ ਦੋਸ਼ ਵਿਚ ਥਾਣਾ ਘੱਲਖੁਰਦ ਪੁਲਸ ਨੇ 5 ਬਾਏ ਨੇਮ ਵਿਅਕਤੀਆਂ ਅਤੇ 3-4 ਅਣਪਛਾਤੇ ਵਿਅਕਤੀਆਂ ਖਿਲਾਫ 298, 190, 191 (3), 351 (2) ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਗੁਰਪ੍ਰੀਤ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ ਪਿੰਡ ਉਗੋ ਕੇ ਨੇ ਦੱਸਿਆ ਕਿ ਦੋਸ਼ੀਅਨ ਸੁਖਚੈਨ ਸਿੰਘ, ਬੇਅੰਤ ਸਿੰਘ, ਬਲਦੇਵ ਸਿੰਘ ਪੁੱਤਰ ਬਖਸ਼ੀਸ਼ ਸਿੰਘ, ਰਣਜੀਤ ਸਿੰਘ ਪੁੱਤਰ ਰਾਜਪਾਲ ਸਿੰਘ, ਸੁਰਜੀਤ ਸਿੰਘ ਪੁੱਤਰ ਮੇਜਰ ਸਿੰਘ ਵਾਸੀਅਨ ਪਿੰਡ ਉਗੋ ਕੇ ਅਤੇ 3-4 ਅਣਪਛਾਤੇ ਵਿਅਕਤੀਆਂ ਨੇ ਹਮਮਸ਼ਵਰਾ ਹੋ ਕੇ ਉਸ ਦੇ ਗਲ ਪੈ ਕੇ ਕੁੱਟਮਾਰ ਕੀਤੀ ਤੇ ਉਸ ਦੀ ਪੱਗ ਲਾਹ ਦਿੱਤੀ ਤੇ ਉਸ ਦੀ ਦਾਹੜੀ ਪੁੱਟੀ। ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਸਰਬਜੀਤ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਅਨ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

# ਰਿਵਾਲਵਰ ਤੇ 5 ਰੌਂਦ ਸਮੇਤ ਗ੍ਰਿਫ਼ਤਾਰ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਪੁਲਸ ਨੇ ਗਸ਼ਤ ਤੇ ਛਾਪੇਮਾਰੀ ਦੌਰਾਨ ਇੱਕ ਵਿਅਕਤੀ ਨੂੰ 1 ਰਿਵਾਲਵਰ 32 ਬੋਰ ਜਿਸ ਦਾ ਲਾਕ ਟੁੱਟਾ ਹੋਇਆ, ਜਿਸ ਵਿਚ 4 ਰੋਂਦ ਮਿਸ ਤੇ 1 ਰੌਂਦ ਜ਼ਿੰਦਾ ਸਮੇਤ ਗ੍ਰਿਫ਼ਤਾਰ ਕਰਕੇ ਉਸ ਖਿਲਾਫ਼ 303 (2), 317 (2) ਬੀਐੱਨਐੱਸ ਤੇ ਆਰਮਜ਼ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਸਬ ਇੰਸਪੈਕਟਰ ਬਲਦੇਵ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸੰਬੰਧ ਵਿਚ ਦਾਣਾ ਮੰਡੀ ਗੇਟ ਨੰਬਰ 1 ਪਾਸ ਪੁੱਜੀ ਤਾਂ ਇਕ ਲੜਕਾ ਮੋਟਰਸਾਈਕਲ ਬਿਨ੍ਹਾ ਨੰਬਰੀ 'ਤੇ ਆਉਂਦਾ ਵਿਖਾਈ ਦਿੱਤਾ, ਜੋ ਪੁਲਸ ਪਾਰਟੀ ਨੂੰ ਵੇਖ ਕੇ ਘਬਰਾ ਗਿਆ ਤੇ ਇਕਦਮ ਮੋਟਰਸਾਈਕਲ ਪਿੱਛੇ ਮੋੜ ਕੇ ਭੱਜਣ ਲੱਗਾ, ਜਿਸ ਨੂੰ ਪੁਲਸ ਪਾਰਟੀ ਵੱਲੋਂ ਸ਼ੱਕ ਦੀ ਬਿਨਾਅ 'ਤੇ ਕਾਬੂ ਕਰਕੇ ਤਲਾਸ਼ੀ ਲਈ ਤਾਂ ਇਸ ਕੋਲੋਂ 1 ਰਿਵਾਲਵਰ 32 ਬੋਰ ਜਿਸ ਦਾ ਲਾਕ ਟੁੱਟਾ ਹੋਇਆ, ਜਿਸ ਵਿੱਚ 4 ਰੋਂਦ ਮਿਸ ਤੇ 1 ਰੌਂਦ ਜ਼ਿੰਦਾ ਬਰਾਮਦ ਹੋਇਆ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

# 31 ਕਿਸਾਨ ਆਗੂ ਥਾਣੇ ਡੱਕੇ



**ਰਾਜਪੁਰਾ (ਰਮੇਸ਼ ਕਟਾਰੀਆ)** ਚੰਡੀਗੜ੍ਹ ਕਿਸਾਨ ਸੰਯੁਕਤ ਮੋਰਚਾ ਪੰਜਾਬ ਦੇ ਸੱਦੇ 'ਤੇ ਪਹੁੰਚ ਰਹੇ ਕੁਲਹਿੰਦ ਕਿਸਾਨ ਸਭਾ ਅਤੇ ਸ਼ਹੀਦ ਭਗਤ ਸਿੰਘ ਲੋਕ ਹਿੱਤ ਕਮੇਟੀ ਦੇ ਆਗੂਆਂ ਸ੍ਰੀ ਬ੍ਰਿਜ ਲਾਲ ਅਤੇ ਹਰਿੰਦਰ ਸਿੰਘ ਲਾਖਾ ਸਮੇਤ ਕੋਈ 31ਆਗੂ ਚੰਡੀਗੜ੍ਹ ਬਾਰਡਰ ਤੋਂ ਗ੍ਰਿਫਤਾਰ ਕਰ ਕੇ ਸਦਰ ਥਾਣਾ ਰਾਜਪੁਰਾ ਵਿਖੇ ਭੇਜੇ ਗਏ। ਇਸ ਘਿਨੌਣੀ ਕਾਰਵਾਈ ਦੀ ਆਗੂਆਂ ਨੇ ਜ਼ੋਰਦਾਰ ਨਿਖੇਧੀ ਕੀਤੀ ਅਤੇ ਮੰਗ ਕੀਤੀ ਕਿ ਸਰਕਾਰ ਤੁਰੰਤ ਕਿਸਾਨਾਂ ਨਾਲ ਗੱਲਬਾਤ ਕਰਕੇ ਮਸਲਾ ਹਲ ਕਰੇ ਨਹੀ ਤਾਂ ਕਿਸਾਨ ਹੋਰ ਤਿੱਖੈ ਸੰਘਰਸ਼ ਲਈ ਮਜ਼ਬੂਰ ਹੋਣਗੇ ਇਹ ਜਾਣਕਾਰੀ। ਚਰਨ ਸਿੰਘ ਸਕੱਤਰ ਰਾਜਪੁਰਾ ਨੇ ਦਿੱਤੀ।

# ਡੀ ਸੀ ਵੱਲੋਂ ਸਬ-ਰਜਿਸਟਰਾਰ ਦਫ਼ਤਰ ਦਾ ਅਚਨਚੇਤ ਦੌਰਾ

**ਪਟਿਆਲਾ, (ਰਾਜਿੰਦਰ ਸਿੰਘ ਥਿੰਦ)** ਪਟਿਆਲਾ ਦੇ ਡਿਪਟੀ ਕਮਿਸ਼ਨਰ -ਕਮ-ਰਜਿਸਟਰਾਰ ਡਾ. ਪ੍ਰੀਤੀ ਯਾਦਵ ਨੇ ਅੱਜ ਸਬ ਰਜਿਸਟਰਾਰ ਦਫ਼ਤਰ ਪਟਿਆਲਾ ਦਾ ਸਵੇਰ ਸਮੇਂ ਅਚਾਨਕ ਦੌਰਾ ਕੀਤਾ ਅਤੇ ਆਪਣੀਆਂ ਜ਼ਮੀਨ-ਜਾਇਦਾਦ ਦੀਆਂ ਰਜਿਸਟਰੀਆਂ ਕਰਵਾਉਣ ਲਈ ਆਏ ਲੋਕਾਂ ਨਾਲ ਗੱਲਬਾਤ ਕੀਤੀ।ਇਸ ਮੌਕੇ ਡਾ. ਪ੍ਰੀਤੀ ਯਾਦਵ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਦੇਸ਼ਾਂ ਮੁਤਾਬਕ ਜ਼ਿਲ੍ਹੇ ਵਿੱਚ ਜ਼ਮੀਨ ਜਾਇਦਾਦਾਂ ਦੀਆਂ ਰਜਿਸਟਰੀਆਂ ਕਰਨ ਲਈ ਅਧਿਕਾਰੀਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ ਤੇ ਪਟਿਆਲਾ ਸਬ ਰਜਿਸਟਰਾਰ ਦਫ਼ਤਰ ਵਿਖੇ ਰਜਿਸਟਰੀਆਂ ਦਾ ਕੰਮ ਨਿਰਵਿਘਨ ਚੱਲ ਰਿਹਾ ਹੈ।ਉਨ੍ਹਾਂ ਕਿਹਾ ਕਿ ਸਬ ਰਜਿਸਟਰਾਰ ਦਫ਼ਤਰ ਵਿੱਚ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਖੱਜਲ ਖੁਆਰ ਨਹੀਂ ਹੋਣ ਦਿੱਤਾ ਜਾਵੇਗਾ।ਪਟਿਆਲਾ ਸਬ ਰਜਿਸਟਰਾਰ ਦਫ਼ਤਰ ਵਿਖੇ ਆਪਣੀਆਂ ਜਮੀਨਾਂ ਤੇ ਪਲਾਟਾਂ ਆਦਿ ਦੀਆਂ ਰਜਿਸਟਰੀਆਂ ਕਰਵਾਉਣ ਆਏ ਲੋਕਾਂ ਨੇ ਰਜਿਸਟਰੀਆਂ ਦਾ ਕੰਮ ਸ਼ੁਰੂ ਹੋਣ 'ਤੇ ਕਾਫ਼ੀ ਰਾਹਤ ਮਹਿਸੂਸ ਕੀਤੀ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਸਰਕਾਰ ਵੱਲੋਂ ਲਏ ਤੁਰੰਤ ਫ਼ੈਸਲੇ ਦੀ ਸ਼ਲਾਘਾ ਕੀਤੀ।

# ਰਾਜੇਵਾਲ ਦੀ ਗ੍ਰਿਫ਼ਤਾਰੀ ਪੰਜਾਬ ਸਰਕਾਰ ਦੀ ਬੁਖਲਾਹਟ ਦਾ ਨਤੀਜਾ



**ਮੋਗਾ, (ਇਕਬਾਲ ਸਿੰਘ ਖਹਿਰਾ)** ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋ ਸੀਏਸ਼ਨ ਦੀ ਸੂਬਾ ਕਮੇਟੀ ਦੇ ਆਗੂਆਂ ਨੇ ਪੰਜਾਬ ਸਰਕਾਰ ਵੱਲੋਂ ਕਿਸਾਨ ਆਗੂਆਂ ਦੀ ਗ੍ਰਿਫ਼ਤਾਰੀ ਲਈ ਉਹਨਾਂ ਦੇ ਘਰਾਂ ਤੇ ਛਾਪੇਮਾਰੀ ਅਤੇ ਕਿਸਾਨ ਆਗੂ ਰਾਜੇਵਾਲ ਦੀ ਕੀਤੀ ਗਈ। ਗ੍ਰਿਫ਼ਤਾਰੀ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਇਸ ਨੂੰ ਪੰਜਾਬ ਸਰਕਾਰ ਦੀ ਬੁਖਲਾਹਟ ਦਾ ਨਤੀਜਾ ਦੱਸਿਆ।ਸੂਬਾ ਪ੍ਰਧਾਨ ਭਜਨ ਸਿੰਘ ਗਿੱਲ ਅਤੇ ਸੂਬਾ ਜਨਰਲ ਸਕੱਤਰ ਸੁਰਿੰਦਰ ਰਾਮ ਕੁੱਸਾ ਨੇ ਦੱਸਿਆ ਕਿ ਕਿਸਾਨਾਂ ਦੇ ਮੰਗਾਂ ਮਸਲੇ ਹੱਲ ਕਰਨ ਦੀ ਬਜਾਏ ਕੇਂਦਰ ਅਤੇ ਪੰਜਾਬ ਸਰਕਾਰ ਕਾਰਪੋਰੇਟ ਪੱਖੀ ਨੀਤੀਆਂ ਲਾਗੂ ਕਰਨ ਲਈ ਲਗਾਤਾਰ ਕਿਸਾਨਾਂ ਦੀਆਂ ਮੰਗਾਂ ਨੂੰ ਅੱਖੋਂ ਪਰੋਖੇ ਕਰ ਰਹੀ ਹੈ, ਜਿਸ ਦੇ ਸਿੱਟੇ ਵਜੋਂ ਕਿਸਾਨ ਆਗੂਆਂ ਨਾਲ ਗੱਲਬਾਤ ਕਰਨ ਵੇਲੇ ਮੁੱਖ ਮੰਤਰੀ ਭਗਵੰਤ ਮਾਨ ਦਾ ਮੀਟਿੰਗ ਵਿਚ ਕਾਰ ਹੀ ਛੱਡ ਕੇ ਭੱਜ ਜਾਣਾ ਅਤੇ ਕਿਸਾਨ ਆਗੂਆਂ ਨੂੰ ਧਮਕੀ ਦੇਣੀ ਇਸ ਦਾ ਪ੍ਰਤੱਖ ਸਬੂਤ ਹੈ।

# ਪੁਰਾਣੇ ਝਗੜੇ ਦੇ ਚੱਲਦਿਆਂ ਵਿਅਕਤੀ ਦੀ ਕੁੱਟਮਾਰ, 7 ਨਾਮਜ਼ਦ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਪੁਰਾਣੇ ਝਗੜੇ ਦੇ ਚੱਲਦਿਆਂ ਇੱਕ ਵਿਅਕਤੀ ਦੀ ਕੁੱਟਮਾਰ ਕਰਨ ਦੇ ਦੋਸ਼ ਵਿਚ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ 3 ਬਾਏ ਨੇਮ ਵਿਅਕਤੀਆਂ ਅਤੇ 3-4 ਅਣਪਛਾਤੇ ਵਿਅਕਤੀਆਂ ਖਿਲਾਫ਼ 118 (1), 191 (3), 190 ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਅਕਾਸ਼ ਪੁੱਤਰ ਬਾਲਕ ਰਾਮ ਵਾਸੀ ਮੱਛੀ ਮੰਡੀ ਸਿਟੀ ਫ਼ਿਰੋਜ਼ਪੁਰ ਨੇ ਦੱਸਿਆ ਕਿ ਉਸ ਦਾ ਕੁੱਝ ਵਿਅਕਤੀਆਂ ਨਾਲ ਪੁਰਾਣਾ ਝਗੜਾ ਚੱਲ ਰਿਹਾ ਹੈ। ਅਕਾਸ਼ ਨੇ ਦੱਸਿਆ ਕਿ ਇਸੇ ਝਗੜੇ ਦੇ ਚੱਲਦਿਆਂ ਦੋਸ਼ੀਅਨ ਵਿੱਕੀ, ਦੀਪੂ ਪੁੱਤਰਾਨ ਦੀਸ਼ਾ ਵਾਸੀਅਨ ਮੱਛੀ ਮੰਡੀ ਸਿਟੀ ਫ਼ਿਰੋਜ਼ਪੁਰ, ਸੋਨੂੰ ਵਾਸੀ ਗਰੀਨ ਸਿਟੀ ਨੇੜੇ ਮੱਛੀ ਮੰਡੀ ਸਿਟੀ ਫ਼ਿਰੋਜ਼ਪੁਰ ਤੇ 3-4 ਅਣਪਛਾਤੇ ਵਿਅਕਤੀਆਂ ਨੇ ਹਮਮਸ਼ਵਰਾ ਹੋ ਕੇ ਉਸ ਦੀ ਕੁੱਟਮਾਰ ਕੀਤੀ ਤੇ ਸੱਟਾਂ ਮਾਰੀਆਂ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਰਮਨ ਕੁਮਾਰ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਅਨ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।


AXIS BANK

Retail Asset Centre: AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana -141001
Corporate Office: 'Axis House', Block-B, Bombay Dyeing Mills Compound, Pandurang Budhkar Marg, Worli, Mumbai-400025.
Registered Office: 'Trishul', 3rd Floor, Oppsite Samartheswar Temple, Law Garden, Ellisbridge, Ahmedabad-380006.

**ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ**

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜੇਸ਼ਨ ਐਂਡ ਰਿਕੰਸਟਰੱਕਸ਼ਨ ਆਫ ਫਾਇਨਾਂਸੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੀਆਂ ਤਾਕਤਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।
ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਦਰਸਾਏ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੀਆਂ ਸ਼ਕਤੀਆਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ।
ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਨਿਕਲਦੀ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ( ਸਕਿਓਰਡ ਕ੍ਰੈਡੀਟਰ ਦਾ ਨਾਮ) ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

**ਕਰਜ਼ਦਾਰ ਦਾ ਸੁਰੱਖਿਅਤ ਐੱਸਟਸ ਦੇ ਪੁਨਰਗ੍ਰਹਿਣ ਲਈ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਪ੍ਰਤੀ ਧਿਆਨ ਦਿਵਾਇਆ ਜਾਂਦਾ ਹੈ।**

| ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਮ | ਗਿਰਵੀ ਰੱਖੀ ਜਾਇਦਾਦ ਦਾ ਵੇਰਵਾ | ਐਨ ਪੀ ਏ ਦੀ ਮਿਤੀ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ 'ਚ ਰਾਸ਼ੀ (ਰੁਪਏ) |
|---|---|---|---|---|---|
| 1. ਸ੍ਰੀ ਰੋਹਿਤ ਕੁਮਾਰ ਪੁੱਤਰ ਸ਼ਾਮ ਲਾਲ (ਕਰਜ਼ਦਾਰ/ਗਿਰਵੀਕਾਰ) ਅਤੇ 2. ਸ੍ਰੀਮਤੀ ਕਾਂਤਾ ਦੇਵੀ ਪਤਨੀ ਸ਼ਾਮ ਲਾਲ (ਸਹਿ-ਕਰਜ਼ਦਾਰ) | ਵਿਕਰੀ ਬੈਨਾਮਾ ਦਸਤਾਵੇਜ਼ ਨੰ. 2019-20/89/1/5650 ਮਿਤੀ 1 ਅਕਤੂਬਰ 2019 ਅਧੀਨ ਰੋਹਿਤ ਕੁਮਾਰ ਪੁੱਤਰ ਸ਼ਾਮ ਲਾਲ ਦੇ ਨਾਮ 'ਤੇ ਰਜਿਸਟਰਡ ਸੁਲਤਾਨਵਿੰਡ, ਸਬ ਅਰਬਨ ਤਰਫ਼ ਮਾਹਲ-1, ਅਬਾਦੀ ਕੰਵਰ ਐਵੀਨਿਊ, ਫੇਜ਼ 2, ਦਬੁਰਜੀ, ਜੀ.ਟੀ. ਰੋਡ, ਤਹਿਸੀਲ | 08th-Sep-2024 | 27th-Nov.-2024 | 03.03.2025 | ਰੁਪਏ 2315481/- (ਰੁ. ਤੇਈ ਲੱਖ ਪੰਦਰਾਂ ਹਜ਼ਾਰ ਚਾਰ ਸੌ ਇਕਿਆਸੀ ਸਿਰਫ਼) |
| ਅੰਮ੍ਰਿਤਸਰ-1, ਜ਼ਿਲ੍ਹਾ ਅੰਮ੍ਰਿਤਸਰ ਵਿਖੇ ਸਥਿਤ ਖਸਰਾ ਨੰ. 1980 ਮਿਨ ਵਿੱਚ ਸ਼ਾਮਿਲ ਰਿਹਾਇਸ਼ੀ ਜਾਇਦਾਦ/ਮਕਾਨ ਪਲਾਟ ਨੰ. 170 (ਨੁਕਰ), ਬਲਾਕ-ਏ, ਰਕਬਾ 138.88 ਵਰਗ ਗਜ਼ ਦੇ ਸਾਰੇ ਹਿੱਸੇ। ਹੱਦਾਂ (ਦਸਤਾਵੇਜ਼ਾਂ ਅਨੁਸਾਰ) : ਪੂਰਬ : ਸੜਕ 30 ਫੁੱਟ ਚੌੜੀ, ਪੱਛਮ: ਪਲਾਟ ਨੰ. 169, ਉੱਤਰ : ਸੜਕ 30 ਫੁੱਟ ਚੌੜੀ, ਦੱਖਣ : ਹੋਰ ਮਾਲਕ । | | | | | |
| 1. ਸ੍ਰੀ ਰਮੇਸ਼ ਕੁਮਾਰ ਪੁੱਤਰ ਜੈ ਸਿੰਘ (ਕਰਜ਼ਦਾਰ/ਗਿਰਵੀ ਕਾਰ) ਅਤੇ 2. ਸ੍ਰੀਮਤੀ ਸੁਮਿਤਰਾ ਦੇਵੀ ਪਤਨੀ ਰਮੇਸ਼ ਕੁਮਾਰ (ਸਹਿ-ਕਰਜ਼ਦਾਰ) | ਵਿਕਰੀ ਬੈਨਾਮਾ ਵਸੀਕਾ ਨੰ. 4974 ਮਿਤੀ 03.07.2003 ਤਹਿਤ ਅਤੇ ਰੈਕਟੀਫਿਕੇਸ਼ਨ ਸੇਲ ਡੀਡ ਵਸੀਕਾ ਨੰ. 2022-23/106/1/41 ਮਿਤੀ 01 ਅਪ੍ਰੈਲ 2022 ਅਨੁਸਾਰ ਸ੍ਰੀ ਰਮੇਸ਼ ਕੁਮਾਰ ਪੁੱਤਰ ਜੈ ਸਿੰਘ ਦੇ ਨਾਮ ਤੇ ਰਜਿਸਟਰਡ ਪਿੰਡ ਕੁਲੀਏਵਾਲ, ਹੱਦਬਸਤ ਨੰ. 178 ਅਬਾਦੀ ਸੁਖਦੇਵ ਨਗਰ, ਤਹਿਸੀਲ ਅਤੇ ਜ਼ਿਲ੍ਹਾ | 08th-Nov-2024 | 25th-Nov.-2024 | 04.03.2025 | ਰੁਪਏ 1621786/- (ਰੁ. ਸੌਲਾਂ ਲੱਖ ਇੱਕੀ ਹਜ਼ਾਰ ਸੱਤ ਸੌ ਛਿਆਸੀ ਸਿਰਫ਼) |
| ਲੁਧਿਆਣਾ ਵਿਖੇ ਸਥਿਤ ਜਮ੍ਹਾਂਬੰਦੀ ਵਾਸਤੇ ਸਾਲ 2001-2002 ਅਨੁਸਾਰ ਖਸਰਾ ਨੰ. 66//15, ਖਾਤਾ ਨੰ. 124/125 ਵਿੱਚ ਸ਼ਾਮਿਲ ਰਿਹਾਇਸ਼ੀ ਜਾਇਦਾਦ/ਮਕਾਨ ਰਕਬਾ 80 ਵਰਗ ਗਜ਼ ਦੇ ਸਾਰੇ ਹਿੱਸੇ । ਹੱਦਾਂ (ਵਿਕਰੀ ਬੈਨਾਮਾ ਅਨੁਸਾਰ) : ਪੂਰਬ : ਜੋਗਿੰਦਰ ਸਿੰਘ ਸਾਈਡ 45 ਫੁੱਟ, ਪੱਛਮ : ਬਜਰੰਗ ਲਾਲ ਸਾਈਡ 45 ਫੁੱਟ, ਉੱਤਰ : ਗੁਆਂਢੀ ਸਾਈਡ 16 ਫੁੱਟ, ਦੱਖਣ : ਗਲੀ ਸਾਈਡ 16 ਫੁੱਟ। | | | | | |

ਮਿਤੀ 06.03.2025
ਸਥਾਨ : ਲੁਧਿਆਣਾ

ਸਹੀ/- ਅਧਿਕਾਰਤ ਅਫਸਰ,
ਐਕਸਿਸ ਬੈਂਕ ਲਿਮਟਿਡ



**ਉੱਤਰ ਰੇਲਵੇ**

**ਖੁਲੀ ਟੈਂਡਰ ਸੂਚਨਾ**

ਵ.ਮੰਡਲ ਵਿਯੁਤ ਇੰਜੀਨੀਅਰ/ਟੀ.ਆਰ.ਡੀ., ਉ.ਰੇ. ਫ਼ਿਰੋਜ਼ਪੁਰ ਦੇ ਲਈ ਅਤੇ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਈ-ਟੈਂਡਰਾ ਆਖਰੀ ਮਿਤੀ 27.03.2025 ਨੂੰ 15.00 ਵਜੇ ਤਕ ਮੰਗ ਕੀਤੀ ਜਾਂਦੀ ਹੈ । ਟੈਂਡਰਕਾਰ ਅਪਣੀ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ 27.03.2025 ਨੂੰ 15.00 ਵਜੇ ਤਕ ਪੇਸ਼ ਕਰ ਸਕਦੇ ਹਨ । ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹੈ ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅਨੁਮਾਨਿਤ ਲਾਗਤ (₹) | ਟੈਂਡਰ ਦੀ ਕੀਮਤ (₹) | ਟੈਂਡਰ ਪੂਰਾ ਕਰਨ ਦੀ ਮਿਤੀ ਤੇ ਸਮਾਂ | ਬਿਆਨਾ ਰਾਸ਼ੀ (₹) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੇਬਸਾਈਟ |
|---|---|---|---|---|---|---|---|---|
| 616-ਟੀ.ਆਰ.ਡੀ-ਫ਼ਿਰੋਜ਼ਪੁਰ-2024-25 | (i)-PGW ਵਿਚ ਪੂਰੀ ਲੰਬਾਈ ਦੀ ਲਾਇਨ ਦਾ ਪ੍ਰਾਵਧਾਨ ਅਤੇ (ii)-PHR ਵਿਚ ਸਿੰਗਲ ਹੁਕ ਵਿਚ ਰੇਕ ਲਗਾਣ ਦੀ ਸੁਵਿਧਾ ਦੇ ਲਈ ਲਾਇਨ ਨੰਬਰ 4 ਦਾ ਵਿਸਤਾਰ ਦੇ ਸਬੰਧ ਵਿਚ ਟੀਆਰਡੀ ਕੰਮ । | ₹ 2,10,56,945.29 | ਸਿਫ਼ਰ | 27.03.2025 15:00 ਵਜੇ ਤਕ | 2,55,300/- | 12 ਮਹੀਨੇ | 27.03.2025 15:00 ਵਜੇ ਦੇ ਬਾਦ | www.ireps.gov.in |
| | ਕੰਮ ਦੀ ਸਮਾਨ ਪ੍ਰਕ੍ਰਿਤੀ: "50 ਹਰਟਜ, ਸਿੰਗਲ ਫੇਜ 25 ਕੇਵੀ ਏਸੀ ਓਐਚਈ ਦਾ ਡਿਜਾਇਨ, ਆਪੂਰਤੀ, ਨਿਰਮਾਣ ਪਰੀਖਸ਼ਣ ਅਤੇ ਕਮੀਸ਼ਨਿੰਗ" ਸੰਦਰਭ: Pr.CEE/NR ਦੇ ਪੱਤਰ ਨੰਬਰ 181-ਇਲੇਕਟ/ਟੀਡੀਆਰ/189/ਭਾਗ ", ਮਿਤੀ 29.07.20221 ਦਾ ਓਐਚਈ ਕੰਮ ਦਾ ਲੜੀ ਨੰਬਰ 1.1) | | | | | | | |
| 617-ਟੀ.ਆਰ.ਡੀ-ਫ਼ਿਰੋਜ਼ਪੁਰ-2024-25 | ਫ਼ਿਰੋਜ਼ਪੁਰ ਮੰਡਲ ਦੇ ਗੰਗਸਰ ਜੈਤੋ (GJUT) ਸਟੇਸ਼ਨ ਉਤੇ ਪੂਰੀ ਲੰਬਾਈ ਦੇ ਭਾਰ ਨੂੰ ਸਮਾਯੋਜਿਤ ਕਰਨ ਦੇ ਲਈ ਮਾਲ ਲਾਇਨ ਦੇ ਵਿਸਤਾਰ ਦੇ ਸਬੰਧ ਵਿਚ ਟੀਆਰਡੀ ਕੰਮ । | ₹ 32,29,740.88 | ਸਿਫ਼ਰ | 27.03.2025 15:00 ਵਜੇ ਤਕ | 64,600/- | 12 ਮਹੀਨੇ | 27.03.2025 15:00 ਵਜੇ ਦੇ ਬਾਦ | www.ireps.gov.in |

#ਟੈਂਡਰਕਰਤਾ ਕ੍ਰਿਪਾ ਧਿਆਨ ਦੇਣ ਕਿ ਬੋਲੀ ਸੁਰੱਖਿਆ ਦੇ ਬਗੈਰ ਪ੍ਰਾਪਤ ਪ੍ਰਸਤਾਵ ਜਾਂ ਤਾਂ ਈ-ਪੇਮੇਂਟ ਗੇਟਵੇ ਦੇ ਦੁਵਾਰਾ ਤੋਂ ਨਕਦ ਵਿਚ ਜਾਂ ਭਾਰਤ ਦੇ ਕਿਸੀ ਅਨੁਸੂਚਿਤ ਵਾਣਿਜਿਕ ਬੈਂਕ ਤੋਂ ਬੈਂਕ ਗਰੰਟੀ ਬਾਂਡ ਦੇ ਰੂਪ ਵਿਚ ਜਾਂ ਟੈਂਡਰ ਦਸਤਾਵੇਜਾਂ ਵਿਚ ਉਲੇਖਿਤ (ਅਨੁਲਗਨਕ-21 ਦੇ ਅਨੁਸਾਰ) ਇਕ ਸਮੇਂ ਦੇ ਲਈ ਵੈਧ ਹੈ । ਬੋਲੀ ਦੀ ਵੈਧਤਾ ਸਮੇਂ ਦੇ ਬਾਦ 90 ਦਿਨਾਂ ਦੇ ਲਈ ਅਪੂਰਣ ਅਤੇ ਅਮਾਨਯ ਪ੍ਰਸਤਾਵ ਦੇ ਰੂਪ ਵਿਚ ਮੰਨਿਆ ਜਾਵੇਗਾ ਅਤੇ ਜਿਸਦੇ ਲਈ ਠੇਕੇਦਾਰ ਦਾ ਰੇਲਵੇ ਉਤੇ ਕੋਈ ਦਾਵਾ ਨਹੀਂ ਹੋਵੇਗਾ । ਨੰ: 616-617 ਟੀ.ਆਰ.ਡੀ.ਫ਼ਿਰੋਜ਼ਪੁਰ-2024-25 ਮਿਤੀ : 05.03.2025 711/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



**Capital Small Finance Bank Ltd.**
MIDAS Corporate Park, 3rd Floor, 37, G.T. Road, Jalandhar-144001, Punjab, India

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ**

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 19.2.2025 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।
1. (ਸੀ ਸੀ ਵਿੱਚ ਕਰਜ਼ਦਾਰ) : ਮੈਸ. ਸ੍ਰੀ ਕ੍ਰਿਸ਼ਨਾ ਟਰੇਡਿੰਗ ਕੰਪਨੀ, ਪਿੰਡ ਤੇ ਡਾਕਖਾਨਾ ਕਿਸ਼ਨਪੁਰਾ ਕਲਾਂ, ਮੋਗਾ ਵਿਖੇ ਸਥਿਤ, ਰਾਹੀਂ ਇਸ ਦੇ ਮਾਲਕ ਸ੍ਰੀ ਰਾਕੇਸ਼ ਕੁਮਾਰ ਸ਼ਰਮਾ।
2. 1. (ਮੈਸ. ਸ੍ਰੀ ਕ੍ਰਿਸ਼ਨਾ ਟਰੇਡਿੰਗ ਕੰਪਨੀ ਵਿੱਚ ਮਾਲਕ) : ਸ੍ਰੀ ਰਾਕੇਸ਼ ਸ਼ਰਮਾ ਪੁੱਤਰ ਸ੍ਰੀ ਪਾਰਸ ਰਾਮ ਸ਼ਰਮਾ ਵਾਸੀ ਪਿੰਡ ਕਿਸ਼ਨਪੁਰਾ ਕਲਾਂ, ਰਾਮੂਵਾਲ ਪੱਤੀ, ਮੋਗਾ, ਪੰਜਾਬ-142058
3. (ਸੀ ਸੀ ਵਿੱਚ ਗਰੰਟਰ) : ਸ੍ਰੀ ਸ਼ਮਸ਼ੇਰ ਸਿੰਘ ਪੁੱਤਰ ਜਗਤਾਰ ਸਿੰਘ ਵਾਸੀ ਕੈਲਾ, ਮੋਗਾ, ਪੰਜਾਬ-142042

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (1.2.2025 ਤੋਂ ਬਿਨ੍ਹਾ ਵਿਆਜ) |
|---|---|---|
| CC/069300000006 | Rs. 10,00,000/- | Rs. 10,49,648.85 |

ਪ੍ਰਾਇਮਰੀ ਸਕਿਉਰਿਟੀ : ਬੁੱਕਸ ਐਂਡ ਡੈਬਟਸ ਦਾ ਗਿਰਵੀਨਾਮਾ
ਕੋਲਾਟਰਲ ਸਕਿਉਰਿਟੀ : ਅਚੱਲ ਜਾਇਦਾਦ ਦਾ ਉਚਿਤ ਰਹਿਣਨਾਮਾ : ਟਰਾਂਸਫਰ ਡੀਡ ਦਸਤਾਵੇਜ਼ ਨੰ. 112 ਮਿਤੀ 28.04.2017 ਰਾਹੀਂ ਸ੍ਰੀ ਰਾਕੇਸ਼ ਸ਼ਰਮਾ ਪੁੱਤਰ ਸ੍ਰੀ ਪਾਰਸ ਰਾਮ ਦੀ ਮਾਲਕੀ ਹੇਠ ਕਿਸ਼ਨਪੁਰਾ ਕਲਾਂ, ਸ਼ਮਾਲੀ, ਤਹਿਸੀਲ ਧਰਮਕੋਟ, ਜ਼ਿਲ੍ਹਾ ਮੋਗਾ ਵਿਖੇ ਸਥਿਤ ਜਾਇਦਾਦ ਰਕਬਾ 8 ਮਰਲੇ 1 ਸਰਸਾਈ ਦੇ ਸਾਰੇ ਹਿੱਸੇ।
ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਮੋਗਾ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਓਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -
(ਏ) ਸਕਿਓਰਡ ਐੱਸਟਸ ਦੀ ਵਸੂਲੀ ਲਈ ਵਿਕਰੀ
(ਬੀ) ਸਕਿਓਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਓਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਓਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ
(ਸੀ) ਸਕਿਓਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ
(ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਓਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।
ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਵੀ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਓਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਮਿਤੀ : 05.03.2025 | ਸਥਾਨ : ਜਲੰਧਰ | (ਅਧਿਕਾਰਤ ਅਫਸਰ)



**Capital Small Finance Bank Ltd.**
MIDAS Corporate Park, 3rd Floor, 37, G.T. Road, Jalandhar-144001, Punjab, India

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ**

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 19.2.2025 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।
1. (ਐੱਲ ਏ ਪੀ ਵਿੱਚ ਕਰਜ਼ਦਾਰ) : ਸ੍ਰੀ ਕਮਲਜੀਤ ਸਿੰਘ ਉਰਫ਼ ਕਮਲਜੀਤ ਸਿੰਘ ਸੋਹਲ ਪੁੱਤਰ ਸ੍ਰੀ ਪ੍ਰੇਮ ਸਿੰਘ ਵਾਸੀ ਮਕਾਨ ਨੰ. 4939, ਗਲੀ ਨੰ.6 ਨੇੜੇ ਪੁਰਾਣੀ ਪੁਲਸ ਚੌਕੀ, ਨਿਊ ਸ਼ਿਮਲਾਪੁਰੀ, ਮਿਲਰਗੰਜ, ਐਸ ਓ ਲੁਧਿਆਣਾ, ਪੰਜਾਬ-141003
2. (ਐੱਲ ਏ ਪੀ ਵਿੱਚ ਕਰਜ਼ਦਾਰ) : ਸ੍ਰੀਮਤੀ ਅਮਨਦੀਪ ਕੌਰ ਪਤਨੀ ਸ੍ਰੀ ਕਮਲਜੀਤ ਸਿੰਘ ਵਾਸੀ ਮਕਾਨ ਨੰ. 4939, ਗਲੀ ਨੰ.6 ਨੇੜੇ ਪੁਰਾਣੀ ਪੁਲਸ ਚੌਕੀ, ਨਿਊ ਸ਼ਿਮਲਾਪੁਰੀ, ਮਿਲਰਗੰਜ, ਐਸ ਓ ਲੁਧਿਆਣਾ, ਪੰਜਾਬ-141003
3. (ਐੱਲ ਏ ਪੀ ਵਿੱਚ ਗਰੰਟਰ) :ਸ੍ਰੀਮਤੀ ਦਲਜੀਤ ਕੌਰ ਪਤਨੀ ਸ੍ਰੀ ਇੰਦਰਜੀਤ ਸਿੰਘ ਵਾਸੀ ਮਕਾਨ ਨੰ. 7170, ਗਲੀ ਨੰ.6 ਗੋਬਿੰਦ ਨਗਰ, ਨਿਊ ਸ਼ਿਮਲਾਪੁਰੀ ਮਿਲਰਗੰਜ, ਲੁਧਿਆਣਾ, ਪੰਜਾਬ-141003

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (1.2.2025 ਤੋਂ ਬਿਨ੍ਹਾ ਵਿਆਜ) |
|---|---|---|
| LAP/090602000028 | Rs. 11,00,000/- | Rs. 10,41,927.70 |

ਪ੍ਰਾਇਮਰੀ ਸਕਿਉਰਿਟੀ : ਅਚੱਲ ਜਾਇਦਾਦ ਦਾ ਉਚਿਤ ਰਹਿਣਨਾਮਾ : ਵਿਕਰੀ ਵਸੀਕਾ ਦਸਤਾਵੇਜ਼ ਨੰ. 6915 ਮਿਤੀ 29-07-2015 ਰਾਹੀਂ ਸ੍ਰੀ ਕਮਲਜੀਤ ਸਿੰਘ ਪੁੱਤਰ ਸ੍ਰੀ ਪ੍ਰੇਮ ਸਿੰਘ ਦੀ ਮਾਲਕੀ ਹੇਠ ਪਿੰਡ ਬਾਜੜਾ ਹੱਦਸਬਤ ਨੰ. 76 ਤਹਿਸੀਲ ਲੁਧਿਆਣਾ (ਪੂਰਬੀ) ਅਤੇ ਜ਼ਿਲ੍ਹਾ ਲੁਧਿਆਣਾ ਵਿਖੇ ਸਥਿਤ ਜਾਇਦਾਦ ਰਕਬਾ 100 ਵਰਗ ਗਜ਼ ਦੇ ਸਾਰੇ ਹਿੱਸੇ।
ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਮੇਹਰਬਾਨ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਓਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -
(ਏ) ਸਕਿਓਰਡ ਐੱਸਟਸ ਦੀ ਵਸੂਲੀ ਲਈ ਵਿਕਰੀ
(ਬੀ) ਸਕਿਓਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਓਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਓਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ
(ਸੀ) ਸਕਿਓਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ
(ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਓਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।
ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਵੀ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਓਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਮਿਤੀ : 05.03.2025 | ਸਥਾਨ : ਜਲੰਧਰ | (ਅਧਿਕਾਰਤ ਅਫਸਰ)



**Capital Small Finance Bank Ltd.**
MIDAS Corporate Park, 3rd Floor, 37, G.T. Road, Jalandhar-144001, Punjab, India

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ**

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 19.2.2025 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।
1. (ਐੱਲ ਏ ਪੀ ਵਿੱਚ ਕਰਜ਼ਦਾਰ) : ਦਿਲਬਾਗ ਸਿੰਘ ਪੁੱਤਰ ਗੁਰਚਰਨ ਸਿੰਘ ਵਾਸੀ ਵਾਰਡ ਨੰ. 25, ਨਿੱਘਾ ਰੋਡ, ਮੋਗਾ, ਪੰਜਾਬ-142001
2. 1. (ਐੱਲ ਏ ਪੀ ਵਿੱਚ ਕਰਜ਼ਦਾਰ) : ਚਰਨਜੀਤ ਕੌਰ ਪਤਨੀ ਦਿਲਬਾਗ ਸਿੰਘ ਵਾਸੀ ਨਿੱਘਾ ਰੋਡ, ਨਿੱਘਾ ਰੋਡ, ਨਿਊ ਸ਼ਿਵ ਨਗਰ, ਨੇੜੇ ਗੋਲਡਨ ਪਬਲਿਕ ਸਕੂਲ, ਮੋਗਾ, ਪੰਜਾਬ-142001
3. (ਐੱਲ ਏ ਪੀ ਵਿੱਚ ਗਰੰਟਰ) : ਨੱਥਾ ਸਿੰਘ ਪੁੱਤਰ ਸੁਖਮਦੇਰ ਸਿੰਘ ਵਾਸੀ ਫਤਿਹਗੜ੍ਹ ਕੋਰੋਟਾਣਾ, ਮੋਗਾ-142042

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (1.2.2025 ਤੋਂ ਬਿਨ੍ਹਾ ਵਿਆਜ) |
|---|---|---|
| LAP/013602003625 | Rs. 6,25,000/- | Rs. 6,16,160.36 |

ਪ੍ਰਾਇਮਰੀ ਸਕਿਉਰਿਟੀ : ਅਚੱਲ ਜਾਇਦਾਦ ਦਾ ਉਚਿਤ ਰਹਿਣਨਾਮਾ : ਵਿਕਰੀ ਬੈਨਾਮਾ ਦਸਤਾਵੇਜ਼ ਨੰ. 1352 ਮਿਤੀ 16-05-2012 ਰਾਹੀਂ ਦਿਲਬਾਗ ਸਿੰਘ ਪੁੱਤਰ ਗੁਰਚਰਨ ਸਿੰਘ ਦੀ ਮਾਲਕੀ ਹੇਠ ਮੋਗਾ ਮਹਿਲਾ ਸਿੰਘ-1, ਤਹਿਸੀਲ ਮੋਗਾ ਹੱਦਬਸਤ ਨੰ. 23 ਵਿਖੇ ਸਥਿਤ ਜਾਇਦਾਦ ਰਕਬਾ 2 ਮਰਲੇ 5 ਸਰਸਾਈ ਦੇ ਸਾਰੇ ਹਿੱਸੇ।
ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਜੀ ਟੀ ਰੋਡ ਜਲੰਧਰ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਓਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -
(ਏ) ਸਕਿਓਰਡ ਐੱਸਟਸ ਦੀ ਵਸੂਲੀ ਲਈ ਵਿਕਰੀ
(ਬੀ) ਸਕਿਓਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਓਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਓਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ
(ਸੀ) ਸਕਿਓਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ
(ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਓਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।
ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਵੀ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਓਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਮਿਤੀ : 05.03.2025 | ਸਥਾਨ : ਜਲੰਧਰ | (ਅਧਿਕਾਰਤ ਅਫਸਰ)



**Capital Small Finance Bank Ltd.**
MIDAS Corporate Park, 3rd Floor, 37, G.T. Road, Jalandhar-144001, Punjab, India

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ**

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 19.2.2025 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।
1. (ਐੱਲ ਏ ਪੀ ਵਿੱਚ ਕਰਜ਼ਦਾਰ) : ਸ੍ਰੀ ਗੁਰਮੇਲ ਸਿੰਘ ਪੁੱਤਰ ਸ੍ਰੀ ਪੰਜੂ ਸਿੰਘ ਵਾਸੀ ਦੁਲੇਕੇ ਨੱਥੂਵਾਲਾ, ਫਿਰੋਜ਼ਪੁਰ, ਪੰਜਾਬ-152024
2. (ਐੱਲ ਏ ਪੀ ਵਿੱਚ ਕਰਜ਼ਦਾਰ) : ਸ੍ਰੀਮਤੀ ਸੋਮਾ ਰਾਣੀ ਪਤਨੀ ਸ੍ਰੀ ਗੁਰਮੇਲ ਸਿੰਘ ਵਾਸੀ ਦੁਲੇਕੇ ਨੱਥੂਵਾਲਾ, ਆਮਿਰ ਖਾਸ, ਫਿਰੋਜ਼ਪੁਰ, ਪੰਜਾਬ-152024
3. (ਐੱਲ ਏ ਪੀ ਵਿੱਚ ਕਰਜ਼ਦਾਰ) : ਸ੍ਰੀਮਤੀ ਬੀਬੋ ਬਾਈ ਪਤਨੀ ਸ੍ਰੀ ਪੰਜੂ ਸਿੰਘ ਵਾਸੀ ਦੁਲੇਕੇ ਨੱਥੂਵਾਲਾ, ਫਿਰੋਜ਼ਪੁਰ, ਪੰਜਾਬ-152024
4. (ਐੱਲ ਏ ਪੀ ਵਿੱਚ ਗਰੰਟਰ) : ਸ੍ਰੀ ਬਗੀਚ ਸਿੰਘ ਪੁੱਤਰ ਕਿਸ਼ੋਰ ਸਿੰਘ ਵਾਸੀ ਦੁਲੇਕੇ ਨੱਥੂਵਾਲਾ, ਆਮਿਰ ਖਾਸ, ਫਿਰੋਜ਼ਪੁਰ, ਪੰਜਾਬ-152024

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (1.2.2025 ਤੋਂ ਬਿਨ੍ਹਾ ਵਿਆਜ) |
|---|---|---|
| LAP/013602005126 | Rs. 6,93,929/- | Rs. 5,79,310.90 |

ਪ੍ਰਾਇਮਰੀ ਸਕਿਉਰਿਟੀ : ਅਚੱਲ ਜਾਇਦਾਦ ਦਾ ਉਚਿਤ ਰਹਿਣਨਾਮਾ : ਟਰਾਂਸਫ ਡੀਡ ਦਸਤਾਵੇਜ਼ ਨੰ. 2023-24/114/1/768 ਮਿਤੀ 15-06-2023 ਰਾਹੀਂ ਸ੍ਰੀ ਗੁਰਮੇਲ ਸਿੰਘ ਪੁੱਤਰ ਸ੍ਰੀ ਪੰਜੂ ਸਿੰਘ ਦੀ ਮਾਲਕੀ ਹੇਠ ਨੱਥੂਵਾਲਾ, ਤਹਿਸੀਲ ਗੁਰੂ ਹਰਿਸਹਾਏ ਜ਼ਿਲ੍ਹਾ ਫਿਰੋਜ਼ਪੁਰ ਵਿਖੇ ਸਥਿਤ ਜਾਇਦਾਦ ਰਕਬਾ 12 ਮਰਲੇ 13 ਸਰਸਾਈ ਦੇ ਸਾਰੇ ਹਿੱਸੇ।
ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਜੀ ਟੀ ਰੋਡ ਜਲੰਧਰ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਓਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -
(ਏ) ਸਕਿਓਰਡ ਐੱਸਟਸ ਦੀ ਵਸੂਲੀ ਲਈ ਵਿਕਰੀ
(ਬੀ) ਸਕਿਓਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਓਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਓਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ
(ਸੀ) ਸਕਿਓਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ
(ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਓਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।
ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਵੀ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਓਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਮਿਤੀ : 05.03.2025 | ਸਥਾਨ : ਜਲੰਧਰ | (ਅਧਿਕਾਰਤ ਅਫਸਰ)



**Capital Small Finance Bank Ltd.**
MIDAS Corporate Park, 3rd Floor, 37, G.T. Road, Jalandhar-144001, Punjab, India

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ**

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 19.2.2025 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।
1. (ਐੱਲ ਏ ਪੀ ਵਿੱਚ ਕਰਜ਼ਦਾਰ) : ਬਲਵਿੰਦਰ ਸਿੰਘ ਪੁੱਤਰ ਟਹਿਲ ਸਿੰਘ ਵਾਸੀ ਮਧਰੇ, ਫਿਰੋਜ਼ਪੁਰ, ਪੰਜਾਬ-152002
2. (ਐੱਲ ਏ ਪੀ ਵਿੱਚ ਕਰਜ਼ਦਾਰ) : ਸ੍ਰੀ ਰੁਪਿੰਦਰ ਕੌਰ ਪਤਨੀ ਬਲਵਿੰਦਰ ਸਿੰਘ ਵਾਸੀ ਬਾਰਡਰ ਰੋਡ, ਮਧਰੇ, ਫਿਰੋਜ਼ਪੁਰ, ਪੰਜਾਬ-152002
3. (ਐੱਲ ਏ ਪੀ ਵਿੱਚ ਕਰਜ਼ਦਾਰ) : ਸ੍ਰੀ ਹੀਰਾ ਸਿੰਘ ਪੁੱਤਰ ਟਹਿਲ ਸਿੰਘ ਵਾਸੀ ਮਧਰੇ, ਫਿਰੋਜ਼ਪੁਰ, ਪੰਜਾਬ-152002
4. (ਐੱਲ ਏ ਪੀ ਵਿੱਚ ਕਰਜ਼ਦਾਰ) : ਸ੍ਰੀ ਪਰਵਿੰਦਰ ਸਿੰਘ ਪੁੱਤਰ ਹੀਰਾ ਸਿੰਘ ਵਾਸੀ ਮਧਰੇ, ਫਿਰੋਜ਼ਪੁਰ, ਪੰਜਾਬ-152002
5. (ਐੱਲ ਏ ਪੀ ਵਿੱਚ ਕਰਜ਼ਦਾਰ) : ਬਲਬੀਰ ਸਿੰਘ ਪੁੱਤਰ ਟਹਿਲ ਸਿੰਘ ਵਾਸੀ ਮਧਰੇ, ਫਿਰੋਜ਼ਪੁਰ, ਪੰਜਾਬ-152002
6. (ਐੱਲ ਏ ਪੀ ਵਿੱਚ ਗਰੰਟਰ) : ਸ੍ਰੀ ਪਰਤਾਪ ਸਿੰਘ ਪੁੱਤਰ ਇਕਬਾਲ ਸਿੰਘ ਵਾਸੀ ਪਿੰਡ ਨੱਜੂਸ਼ਾਹ ਵਾਲਾ, ਨੱਜੂ ਸ਼ਾਹ ਮਿਸਤਰੀ, ਫਿਰੋਜ਼ਪੁਰ, ਪੰਜਾਬ-152004

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (1.2.2025 ਤੋਂ ਬਿਨ੍ਹਾ ਵਿਆਜ) |
|---|---|---|
| LAP/013602004817 | Rs. 13,44,304/- | Rs. 15,36,915.60 |

ਪ੍ਰਾਇਮਰੀ ਸਕਿਉਰਿਟੀ : ਏ) ਅਚੱਲ ਜਾਇਦਾਦ ਦਾ ਉਚਿਤ ਰਹਿਣਨਾਮਾ : ਟਰਾਂਸਫਰ ਡੀਡ ਦਸਤਾਵੇਜ਼ ਨੰ. 2022-23/116/1/1614 ਮਿਤੀ 13-07-2022 ਰਾਹੀਂ ਸ੍ਰੀ ਬਲਵਿੰਦਰ ਸਿੰਘ ਪੁੱਤਰ ਸ੍ਰੀ ਟਹਿਲ ਸਿੰਘ ਮਾਲਕੀ ਹੇਠ ਪਿੰਡ ਮਧਰੇ ਤਹਿਸੀਲ ਤੇ ਜ਼ਿਲ੍ਹਾ ਫਿਰੋਜ਼ਪੁਰ ਵਿਖੇ ਸਥਿਤ ਜਾਇਦਾਦ ਰਕਬਾ 1 ਕਨਾਲ 10 ਮਰਲੇ ਦੇ ਸਾਰੇ ਹਿੱਸੇ।
ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਜੀ ਟੀ ਰੋਡ ਜਲੰਧਰ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਓਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -
(ਏ) ਸਕਿਓਰਡ ਐੱਸਟਸ ਦੀ ਵਸੂਲੀ ਲਈ ਵਿਕਰੀ
(ਬੀ) ਸਕਿਓਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਓਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਓਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ
(ਸੀ) ਸਕਿਓਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ
(ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਓਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।
ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਵੀ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਓਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਮਿਤੀ : 05.03.2025 | ਸਥਾਨ : ਜਲੰਧਰ | (ਅਧਿਕਾਰਤ ਅਫਸਰ)



**Capital Small Finance Bank Ltd.**
MIDAS Corporate Park, 3rd Floor, 37, G.T. Road, Jalandhar-144001, Punjab, India

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ**

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 19.2.2025 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।
1. (ਐੱਲ ਏ ਪੀ ਵਿੱਚ ਕਰਜ਼ਦਾਰ) : ਗੁਰਵਿੰਦਰ ਸਿੰਘ ਪੁੱਤਰ ਸ੍ਰੀ ਅਵਤਾਰ ਸਿੰਘ ਵਾਸੀ ਗੋਪਾਲਪੁਰ, ਪਟਿਆਲਾ, ਪੰਜਾਬ-140701
2. (ਐੱਲ ਏ ਪੀ ਵਿੱਚ ਕਰਜ਼ਦਾਰ) : ਸ੍ਰੀਮਤੀ ਸੁਖਵਿੰਦਰ ਕੌਰ ਪਤਨੀ ਅਵਤਾਰ ਸਿੰਘ ਵਾਸੀ ਨੇੜੇ ਵਿਸ਼ਾਲ ਸ਼ਟਰਿੰਗ ਸਟੋਰ, ਡੀਲਵਾਲ, ਯੂਨੀਵਰਸਿਟੀ (ਪਟਿਆਲਾ), ਪਟਿਆਲਾ, ਪੰਜਾਬ-147002
3. (ਐੱਲ ਏ ਪੀ ਵਿੱਚ ਗਰੰਟਰ) : ਸ੍ਰੀ ਰੁਪਿੰਦਰ ਸਿੰਘ ਪੁੱਤਰ ਸ਼ੀਸ਼ਾ ਸਿੰਘ ਵਾਸੀ ਗੋਪਾਲਪੁਰ, ਪਟਿਆਲਾ, ਪੰਜਾਬ-140701

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (1.2.2025 ਤੋਂ ਬਿਨ੍ਹਾ ਵਿਆਜ) |
|---|---|---|
| LAP/013602004943 | Rs. 14,99,937/- | Rs. 15,59,337.90 |

ਪ੍ਰਾਇਮਰੀ ਸਕਿਉਰਿਟੀ : ਅਚੱਲ ਜਾਇਦਾਦ ਦਾ ਉਚਿਤ ਰਹਿਣਨਾਮਾ : ਟਰਾਂਸਫਰ ਡੀਡ ਦਸਤਾਵੇਜ਼ ਨੰ. 2023-24/9/1/3215 ਮਿਤੀ 20-09-2023 ਰਾਹੀਂ ਸ੍ਰੀਮਤੀ ਸੁਖਵਿੰਦਰ ਕੌਰ ਪਤਨੀ ਅਵਤਾਰ ਸਿੰਘ ਦੀ ਮਾਲਕੀ ਹੇਠ ਮੌਜਾ ਗੋਪਾਲਪੁਰ, ਤਹਿ. ਰਾਜਪੁਰਾ, ਜ਼ਿਲ੍ਹਾ ਪਟਿਆਲਾ ਵਿਖੇ ਸਥਿਤ ਜਾਇਦਾਦ ਰਕਬਾ 7-5/50 ਬਿਸਵੇ (355 ਵਰਗ ਗਜ਼) ਦੇ ਸਾਰੇ ਹਿੱਸੇ।
ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਜੀ ਟੀ ਰੋਡ ਜਲੰਧਰ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਓਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -
(ਏ) ਸਕਿਓਰਡ ਐੱਸਟਸ ਦੀ ਵਸੂਲੀ ਲਈ ਵਿਕਰੀ
(ਬੀ) ਸਕਿਓਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਓਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਓਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ
(ਸੀ) ਸਕਿਓਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ
(ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਓਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।
ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਵੀ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਓਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਮਿਤੀ : 05.03.2025 | ਸਥਾਨ : ਜਲੰਧਰ | (ਅਧਿਕਾਰਤ ਅਫਸਰ)

# ਨਰੇਗਾ ਮੁਲਾਜ਼ਮਾਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਕਲਮ ਛੋੜ ਹੜਤਾਲ ਸ਼ੁਰੂ



**ਗੁਰਾਇਆ (ਬਿੰਦਰ ਸੁਮਨ)**

ਆਪਣੀਆਂ ਸੇਵਾਵਾਂ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵਿੱਚ ਰੈਗੂਲਰ ਕਰਵਾਉਣ ਲਈ ਪਿਛਲੇ ਲਗਭਗ 16 ਸਾਲਾਂ ਤੋਂ ਸੰਘਰਸ਼ ਕਰ ਰਹੇ ਨਰੇਗਾ ਮੁਲਾਜ਼ਮਾਂ ਦੀ ਜਥੇਬੰਦੀ ਨਰੇਗਾ ਕਰਮਚਾਰੀ ਯੂਨੀਅਨ ਪੰਜਾਬ ਬਲਾਕ ਰੁੜਕਾ ਕਲਾਂ ਵੱਲੋਂ ਦਫਤਰ ਬਲਾਕ ਵਿਕਾਸ ਅਤੇ ਪੰਚਾਇਤ ਅਫ਼ਸਰ ਰੁੜਕਾ ਕਲਾਂ ਵਿਖੇ ਤਿੰਨ ਦਿਨਾਂ ਕਲਮ ਛੋੜ ਹੜਤਾਲ ਸ਼ੁਰੂ ਕਰਕੇ ਧਰਨਾ ਸ਼ੁਰੂ ਕੀਤਾ ਗਿਆ। ਇਸ ਸਮੇਂ ਯੂਨੀਅਨ ਬਲਾਕ ਰੁੜਕਾ ਕਲਾਂ ਦੇ ਪ੍ਰਧਾਨ ਨੇ ਕਿਹਾ ਕਿ ਸਮੇਂ-ਸਮੇਂ ਦੀਆਂ ਸਰਕਾਰਾਂ ਵੱਲੋਂ ਨਰੇਗਾ ਮੁਲਾਜ਼ਮਾਂ ਨੂੰ ਪੱਕੇ ਕਰਨ ਲਈ ਪਾਲਸੀਆਂ ਬਣਾਉਣ ਦਾ ਬਹਾਨਾ ਬਣਾ ਕੇ ਸਿਰਫ਼ ਤੇ ਸਿਰਫ਼ ਵਰਤਿਆ ਹੀ ਗਿਆ ਹੈ। ਵਾਰ-ਵਾਰ ਕੈਬਨਿਟ ਸਬ ਕਮੇਟੀਆਂ ਬਣਾ ਕੇ ਪੰਜ ਸਾਲ ਨਰੇਗਾ ਮੁਲਾਜ਼ਮਾਂ ਨੂੰ ਲਾਰਿਆਂ ਵਿੱਚ ਹੀ ਉਲਝਾਇਆ ਜਾਂਦਾ ਰਿਹਾ ਹੈ। ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਵੀ ਪਿਛਲੀਆਂ ਸਰਕਾਰਾਂ ਵਾਂਗ ਹੀ ਨਰੇਗਾ ਮੁਲਾਜ਼ਮਾਂ ਨੂੰ ਆਪਣੇ ਸਿਆਸੀ ਹਿੱਤਾਂ ਲਈ ਦੱਬ ਕੇ ਇਸਤੇਮਾਲ ਕੀਤਾ ਹੈ। ਉਨ੍ਹਾਂ ਕਿਹਾ ਕਿ ਰੈਗੂਲਰ ਕਰਨਾ ਤਾਂ ਦੂਰ ਅਜੇ ਤੱਕ ਵੀ ਨਰੇਗਾ ਮੁਲਾਜ਼ਮਾਂ ਨੂੰ ਜਿੱਥੇ ਗੁਜ਼ਾਰੇ ਜੋਗੀ ਤਨਖਾਹ ਵੀ ਨਹੀਂ ਦਿੱਤੀ ਜਾ ਰਹੀ ਓਥੇ ਨਾ ਤਾਂ ਕੋਈ ਮੈਡੀਕਲ ਸਹੂਲਤ ਮਿਲਦੀ ਹੈ, ਨਾ ਮੌਤ ਉਪਰੰਤ ਵਾਰਿਸਾਂ ਨੂੰ ਕੋਈ ਮੁਆਵਜ਼ਾ ਮਿਲਦਾ ਹੈ, ਨਾ ਹੀ ਨੌਕਰੀ ਮਿਲਦੀ ਹੈ, ਗੰਭੀਰ ਤੋਂ ਗੰਭੀਰ ਬਿਮਾਰੀ ਦੌਰਾਨ ਜਾਂ ਐਕਸੀਡੈਂਟ ਦੌਰਾਨ ਵੀ ਕੋਈ ਇਲਾਜ ਲਈ ਸਹਾਇਤਾ ਨਹੀਂ ਦਿੱਤੀ ਜਾਂਦੀ। ਉਨ੍ਹਾਂ ਕਿਹਾ ਕਿ ਨਰੇਗਾ ਮੁਲਾਜ਼ਮਾਂ ਨੇ ਆਪਣੀ ਜ਼ਿੰਦਗੀ ਦਾ ਸਭ ਤੋਂ ਕੀਮਤੀ ਸਮਾਂ ਨਰੇਗਾ ਲੇਖੇ ਲਾ ਦਿੱਤਾ ਹੈ। ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਫਿਰ ਤੋਂ ਨਵੀਂ ਪਾਲਿਸੀ ਬਣਾ ਕੇ, ਕੈਬਨਿਟ ਸਬ ਕਮੇਟੀਆਂ ਬਣਾ-ਬਣਾ ਕੇ ਤਿੰਨ ਸਾਲ ਆਸਾਨੀ ਨਾਲ ਟਪਾ ਲਏ ਹਨ। ਇਸ ਲਈ ਨਰੇਗਾ ਮੁਲਾਜ਼ਮਾਂ ਵਿੱਚ ਗਹਿਰਾ ਰੋਸ ਪਾਇਆ ਜਾ ਰਿਹਾ ਹੈ। ਪਿਛਲੇ ਦਿਨਾਂ ਦੌਰਾਨ 26 ਫ਼ਰਵਰੀ ਤੋਂ ਸਾਰੇ ਪੰਜਾਬ ਵਿੱਚ ਸੂਬਾ ਕਮੇਟੀ ਦੇ ਫ਼ੈਸਲੇ ਸਾਰੇ ਵਿਧਾਇਕਾਂ, ਮੰਤਰੀਆਂ, ਚੇਅਰਮੈਨਾਂ ਨੂੰ ਮੰਗ ਪੱਤਰ ਦਿੱਤੇ ਗਏ। ਅੱਜ ਪੂਰੇ ਪੰਜਾਬ ਵਿੱਚ 5 ਤੋਂ 7 ਮਾਰਚ ਤੱਕ ਨਰੇਗਾ ਮੁਲਾਜ਼ਮਾਂ ਨਾਲ ਸੰਬੰਧਿਤ ਦੇ ਹਰ ਤਰ੍ਹਾਂ ਆਨਲਾਈਨ, ਆਨਲਾਈਨ ਅਤੇ ਫ਼ੀਲਡ ਦੇ ਕੰਮ ਮੁਕੰਮਲ ਬੰਦ ਕਰਕੇ ਬਲਾਕ ਪੱਧਰੀ ਰੋਸ ਧਰਨੇ ਦਿੱਤੇ ਜਾ ਰਹੇ ਹਨ। ਜੇਕਰ ਫਿਰ ਵੀ ਸਰਕਾਰ ਵੱਲੋਂ ਕੋਈ ਸੁਣਵਾਈ ਨਾ ਹੋਈ ਤਾਂ 9 ਮਾਰਚ ਨੂੰ ਪੰਜਾਬ ਪੱਧਰ ਦੀ ਮੀਟਿੰਗ ਬੁਲਾ ਕੇ ਅਗਲੀ ਰਣਨੀਤੀ ਤਿਆਰ ਕੀਤੀ।

# ਐੱਲ ਪੀ ਯੂ ਨੇ ਪਲੇਸਮੈਂਟ ਡੇ 2025 ਮਨਾਇਆ



**ਜਲੰਧਰ (ਸ਼ੈਲੀ ਐਲਬਰਟ)**

ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲਪੀਯੂ) ਕੈਂਪਸ ਵਿੱਚ ਉਤਸ਼ਾਹ ਦਾ ਮਾਹੌਲ ਸੀ ਕਿਉਂਕਿ ਯੂਨੀਵਰਸਿਟੀ ਪ੍ਰਬੰਧਨ, ਫੈਕਲਟੀ, ਸਟਾਫ਼, ਵਿਦਿਆਰਥੀ ਅਤੇ ਉਨ੍ਹਾਂ ਦੇ ਮਾਪੇ ਪਲੇਸਮੈਂਟ-ਡੇ 2025 ਮਨਾਉਣ ਲਈ ਇਕੱਠੇ ਹੋਏ ਸਨ। ਕੁੱਲ 1,700 ਵਿਦਿਆਰਥੀਆਂ ਨੂੰ ਬਹੁ-ਰਾਸ਼ਟਰੀ ਕੰਪਨੀਆਂ ਤੋਂ ਪੇਸ਼ਕਸ਼ਾਂ ਪ੍ਰਾਪਤ ਹੋਈਆਂ, ਜਿਨ੍ਹਾਂ ਵਿੱਚ ਸਾਲਾਨਾ 10 ਲੱਖ ਰੁਪਏ ਤੋਂ ਵੱਧ ਦੀਆਂ ਪੇਸ਼ਕਸ਼ਾਂ ਸਨ। ਉਨ੍ਹਾਂ ਵਿੱਚੋਂ ਇੱਕ ਵਿਦਿਆਰਥੀ ਨੂੰ 1.02 ਕਰੋੜ ਰੁਪਏ ਦਾ ਹੈਰਾਨਕੁੰਨ ਪੈਕੇਜ ਮਿਲਿਆ। ਐਲਪੀਯੂ ਦਾ ਪਲੇਸਮੈਂਟ ਰਿਕਾਰਡ ਸੰਯੁਕਤ ਕਮਿਸ਼ਨ ਰਿਹਾ ਹੈ, ਜਿਸ ਵਿੱਚ 4000 ਤੋਂ ਵੱਧ ਚੋਟੀ ਦੀਆਂ ਕੰਪਨੀਆਂ ਨੇ ਵਿਦਿਆਰਥੀਆਂ ਦੀ ਭਰਤੀ ਕਰ ਰਹੀਆਂ ਹਨ, ਜਿਸ ਵਿੱਚ ਗੂਗਲ, ਮਾਈਕ੍ਰੋਸਾਫਟ, ਆਈਬੀਐਮ, ਸਰਵਿਸਨਾਓ, ਸਿਸਕੋ, ਟੀਸੀਐਸ, ਐਕਸੈਂਚਰ, ਕੈਪਜੇਮਿਨੀ, ਅਤੇ ਹੋਰ ਬਹੁਤ ਸਾਰੇ ਵਿਸ਼ਵਵਿਆਪੀ ਨਾਮ ਸ਼ਾਮਲ ਹਨ। ਸਕੂਲ ਆਫ਼ ਇਲੈਕਟ੍ਰਾਨਿਕਸ ਐਂਡ ਇਲੈਕਟ੍ਰੀਕਲ ਇੰਜੀਨੀਅਰਿੰਗ ਤੋਂ ਬੈਟੀਰੇਡੀ ਨਾਗਾ ਵਾਮਸੀ ਰੈੱਡੀ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲਾ ਸੀ, ਜਿਸਨੇ ?1.02 ਕਰੋੜ ਦਾ ਇੱਕ ਬੇਮਿਸਾਲ ਪੈਕੇਜ ਪ੍ਰਾਪਤ ਕੀਤਾ ਅਤੇ ਮਈ 2025 ਵਿੱਚ ਗ੍ਰੈਜੂਏਟ ਹੋਣ ਵਾਲਾ ਹੈ। ਇਸ ਸੈਸ਼ਨ ਵਿੱਚ ਸਾਰੇ ਵਿਭਾਗਾਂ ਵਿੱਚ ਸ਼ਾਨਦਾਰ ਪਲੇਸਮੈਂਟ ਦੇਖਣ ਨੂੰ ਮਿਲੀ, ਜਿਸ ਵਿੱਚ ਸਕੂਲ ਆਫ਼ ਕੰਪਿਊਟਰ ਸਾਇੰਸ ਐਂਡ ਇੰਜੀਨੀਅਰਿੰਗ ਵਿੱਚ 53 ਲੱਖ ਰੁਪਏ ਸਾਲਾਨਾ, ਆਰਕੀਟੈਕਚਰ ਐਂਡ ਡਿਜ਼ਾਈਨ ਐਂਡ ਕੰਪਿਊਟਰ ਐਪਲੀਕੇਸ਼ਨਾਂ ਵਿੱਚ 24 ਲੱਖ ਰੁਪਏ ਸਾਲਾਨਾ, ਡਿਜ਼ਾਈਨ ਐਂਡ ਮਲਟੀਮੀਡੀਆ ਵਿੱਚ 23.25 ਲੱਖ ਰੁਪਏ ਸਾਲਾਨਾ ਅਤੇ ਮਿੱਤਲ ਸਕੂਲ ਆਫ਼ ਬਿਜ਼ਨਸ ਵਿੱਚ 20.32 ਲੱਖ ਰੁਪਏ ਸਾਲਾਨਾ ਸ਼ਾਮਲ ਹਨ। ਸਿਖਰਲੇ 10% ਵਿਦਿਆਰਥੀਆਂ ਲਈ ਔਸਤ ਪੈਕੇਜ 12.19 ਲੱਖ ਰੁਪਏ ਸਾਲਾਨਾ ਰਿਹਾ, ਜਿਸ ਵਿੱਚ 6 ਵਿਦਿਆਰਥੀਆਂ ਨੂੰ 50 ਲੱਖ ਰੁਪਏ ਸਾਲਾਨਾ ਤੋਂ ਵੱਧ ਪੈਕੇਜ ਮਿਲੇ। ਇਹ ਅੰਕੜੇ ਐਲਪੀਯੂ ਦੇ ਗ੍ਰੈਜੂਏਟਾਂ ਦੀ ਵਿਸ਼ਵਵਿਆਪੀ ਮੰਗ ਅਤੇ ਅਸਾਧਾਰਨ ਸੰਭਾਵਨਾ ਨੂੰ ਉਜਾਗਰ ਕਰਦੇ ਹਨ। ਚੁਣੇ ਗਏ ਵਿਦਿਆਰਥੀਆਂ ਅਤੇ ਡਿਵੀਜ਼ਨ ਆਫ਼ ਕਰੀਅਰ ਸਰਵਿਸਿਜ਼ ਅਤੇ ਸੈਂਟਰ ਫਾਰ ਪ੍ਰੋਫੈਸ਼ਨਲ ਐਨਹਾਂਸਮੈਂਟ ਦੀਆਂ ਸਮਰਪਿਤ ਟੀਮਾਂ ਨੂੰ ਵਧਾਈ ਦਿੰਦੇ ਹੋਏ, ਡਾ. ਅਸ਼ੋਕ ਕੁਮਾਰ ਮਿੱਤਲ, ਸੰਸਦ ਮੈਂਬਰ ਅਤੇ ਐਲਪੀਯੂ ਦੇ ਸੰਸਥਾਪਕ ਚਾਂਸਲਰ ਨੇ ਕਿਹਾ, 'ਐਲਪੀਯੂ ਸਿਰਫ਼ ਸਿੱਖਿਆ ਪ੍ਰਦਾਨ ਨਹੀਂ ਕਰ ਰਿਹਾ ਹੈ; ਇਹ ਵਿਦਿਆਰਥੀਆਂ ਨੂੰ ਕੱਲ੍ਹ ਦੇ ਨੇਤਾ ਬਣਨ ਲਈ ਸਸ਼ਕਤ ਬਣਾ ਰਿਹਾ ਹੈ'।

# ਪੰਜਾਬ ਸਰਕਾਰ ਸੂਬੇ 'ਚ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਵਚਨਬੱਧ : ਮਹਿੰਦਰ ਭਗਤ

**ਜਲੰਧਰ (ਇਕਬਾਲ ਸਿੰਘ ਉੱਭੀ)**- ਪੰਜਾਬ ਸਰਕਾਰ ਸੂਬੇ ਵਿੱਚੋਂ ਨਸ਼ਿਆਂ ਨੂੰ ਜੜ੍ਹ ਤੋਂ ਖ਼ਤਮ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮਹਿੰਦਰ ਭਗਤ ਨੇ ਸੈਨਿਕ ਭਲਾਈ ਦਫ਼ਤਰ ਵਿਖੇ ਮੰਤਰੀ ਦਫ਼ਤਰ ਦਾ ਉਦਘਾਟਨ ਕਰਨ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ



ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਸੂਬੇ ਅੰਦਰ ਨਸ਼ਿਆ ਨੂੰ ਜੜ੍ਹ ਤੋਂ ਖ਼ਤਮ ਕਰਨ ਲਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਤਹਿਤ ਸੂਬੇ ਦੇ ਸਾਰੇ ਡਿਪਟੀ ਕਮਿਸ਼ਨਰਾਂ, ਪੁਲਸ ਕਮਿਸ਼ਨਰਾਂ ਅਤੇ ਐਸ.ਐਸ.ਪੀਜ਼ ਨੂੰ ਸਖ਼ਤ ਹਦਾਇਤਾਂ ਕੀਤੀਆਂ ਗਈਆਂ ਹਨ ਕਿ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਕੋਈ ਕਸਰ ਬਾਕੀ ਨਾ ਛੱਡੀ ਜਾਵੇ। ਸ੍ਰੀ ਭਗਤ ਨੇ ਅੱਗੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਨਸ਼ਾ ਤਸਕਰਾਂ ਵਿਰੁੱਧ ਜਿੱਥੇ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ, ਉੱਥੇ ਹੀ ਨਸ਼ਾ ਤਸਕਰਾਂ ਵੱਲੋਂ ਨਸ਼ਿਆਂ ਦਾ ਕਾਰੋਬਾਰ ਕਰਕੇ ਬਣਾਈ ਗਈ ਜਾਇਦਾਦ ਨੂੰ ਜ਼ਬਤ ਵੀ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਨਸ਼ਾ ਤਸਕਰੀ ਸੰਬੰਧੀ ਕੋਈ ਕਾਰਵਾਈ ਧਿਆਨ ਵਿੱਚ ਆਉਂਦੀ ਹੈ, ਤਾਂ ਇਸ ਦੀ ਸੂਚਨਾ ਤੁਰੰਤ ਪੁਲਸ ਪ੍ਰਸ਼ਾਸਨ ਨੂੰ ਦਿੱਤੀ ਜਾਵੇ।

# ਕਿਸਾਨ ਆਗੂਆਂ ਨੂੰ ਗ੍ਰਿਫਤਾਰ ਕਰਨ ਦੀ ਸਖ਼ਤ ਨਿਖੇਧੀ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਵੱਖ-ਵੱਖ ਜਥੇਬੰਦੀਆਂ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ, ਡੈਮੋਕ੍ਰੇਟਿਕ ਪੈਨਸ਼ਨਰ ਫਰੰਟ, ਪੇਂਡੂ ਮਜ਼ਦੂਰ ਯੂਨੀਅਨ ਵੱਲੋਂ ਪੰਜਾਬ ਦੀ ਆਪ ਸਰਕਾਰ ਵੱਲੋਂ ਸੰਯੁਕਤ ਕਿਸਾਨ ਮੋਰਚਾ ਦੇ ਆਗੂਆਂ ਨੂੰ ਗ੍ਰਿਫ਼ਤਾਰ ਕਰਨ ਅਤੇ ਪੰਜਾਬ ਪੱਧਰ ਤੋਂ ਲੈ ਕੇ ਬਲਾਕ ਪੱਧਰ ਤੱਕ ਦੇ ਆਗੂਆਂ ਦੇ ਘਰਾਂ 'ਤੇ ਛਾਪੇਮਾਰੀ ਕਰਨ ਦੀ ਸਖ਼ਤ ਨਿਖੇਧੀ ਕਰਦਿਆਂ ਭਗਵੰਤ ਮਾਨ ਸਰਕਾਰ ਦੇ ਇਸ ਰਵੱਈਏ ਨੂੰ ਰੋਸ ਪ੍ਰਦਰਸ਼ਨ ਕਰਨ ਦੇ ਜਮਹੂਰੀ ਹੱਕ ਨੂੰ ਕੁਚਲਣ ਤਾਨਾਸ਼ਾਹ ਰਵੱਈਆ ਕਰਾਰ ਦਿੱਤਾ। ਵੱਖ-ਵੱਖ ਜਥੇਬੰਦੀਆਂ ਡੀ ਟੀ ਐਫ ਦੇ ਸੂਬਾ ਸੰਯੁਕਤ ਸਕੱਤਰ ਮੁਕੇਸ਼ ਕੁਮਾਰ, ਸੁਖਦੇਵ ਡਾਨਸੀਵਾਲ, ਡੈਮੋਕ੍ਰੇਟਿਕ ਪੈਨਸ਼ਨਰ ਫਰੰਟ ਦੇ ਆਗੂ ਹੰਸਰਾਜ ਗੜ੍ਹ ਸ਼ੰਕਰ, ਬਲਵੀਰ ਖਾਨਪੁਰੀ, ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂ ਬਗੀਚਾ ਸਿੰਘ ਸਹੂੰਗੜਾ ਅਤੇ ਪਰਮਜੀਤ ਸਿੰਘ ਨੇ ਕਿਹਾ ਕਿ ਸੱਤਾ ਵਿੱਚ ਆਉਣ ਤੋਂ ਪਹਿਲਾਂ ਅਤੇ ਧਰਨਿਆਂ ਵਿੱਚੋਂ ਉਪਜੀ ਪਾਰਟੀ ਆਮ ਆਦਮੀ ਪਾਰਟੀ ਦੇ ਆਗੂ ਪਿਛਲੇ ਕਿਸਾਨ ਸੰਘਰਸ਼ ਵਿੱਚ ਪੰਜਾਬ ਅਤੇ ਦੇਸ਼ ਪੱਧਰ 'ਤੇ ਥਾਂ-ਥਾਂ ਧਰਨਿਆਂ ਵਿੱਚ ਪਹੁੰਚ ਕੇ ਕਿਸਾਨਾਂ ਦੀਆਂ ਮੰਗਾਂ ਨੂੰ ਜਾਇਜ਼ ਅਤੇ ਹੱਕੀ ਮੰਗਾਂ ਕਰਾਰ ਦਿੰਦੇ ਸਨ ਪਰ ਸੱਤਾ ਵਿੱਚ ਆਉਣ ਤੋਂ ਬਾਅਦ ਆਪ ਪਾਰਟੀ ਦੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਕਿਸਾਨਾਂ ਨਾਲ ਮੀਟਿੰਗ ਵਿੱਚ ਕਿਸਾਨਾਂ ਨੂੰ ਧਮਕੀ ਦੇਣ ਅਤੇ ਕਿਸਾਨੀ ਮੰਗਾਂ ਨੂੰ ਸਿਰੇ ਤੋਂ ਨਿਕਾਰ ਰਹੇ ਹਨ। ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਇਸ ਦਮਨ ਚੱਕਰ ਨੂੰ ਬੰਦ ਨਾ ਕੀਤਾ ਤੇ ਗ੍ਰਿਫ਼ਤਾਰ ਆਗੂਆਂ ਨੂੰ ਜਲਦੀ ਰਿਹਾ ਨਾ ਕੀਤਾ ਤਾਂ ਸਰਕਾਰ ਨੂੰ ਪੰਜਾਬ ਦੇ ਲੋਕਾਂ ਦੇ ਰੋਹ ਦਾ ਸਾਹਮਣਾ ਕਰਨਾ ਪਵੇਗਾ।

# ਪੰਜਾਬੀ ਮਾਂ ਬੋਲੀ ਨੂੰ ਜਨ-ਆਧਾਰ 'ਤੇ ਲਾਗੂ ਕਰਵਾਉਣ ਲਈ ਜਸਵੀਰ ਰਾਜਾ ਨੂੰ ਮੰਗ ਪੱਤਰ ਸੌਂਪਿਆ

**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਓਂਕਾਰ ਸਿੰਘ)**

ਮਾਂ ਬੋਲੀ ਪੰਜਾਬੀ ਨੂੰ ਜਨ ਆਧਾਰ 'ਤੇ ਲਾਗੂ ਕਰਨ ਦੀ ਮੰਗ ਨੂੰ ਲੈ ਕੇ ਮਾਂ ਬੋਲੀ ਵਿਕਾਸ ਮੰਚ ਟਾਂਡਾ ਉੜਮੁੜ ਵੱਲੋਂ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੇ ਨਾਲ ਤੇ ਹਲਕਾ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਗਿੱਲ ਨੂੰ ਮੰਗ ਪੱਤਰ ਸੌਂਪਿਆ ਗਿਆ। ਵਿਕਾਸ ਮੰਚ ਟਾਂਡਾ ਉੜਮੁੜ ਦੇ ਮੁੱਖ ਪ੍ਰਧਾਨ ਸੇਵਾ ਮੁਕਤ ਡਿਪਟੀ ਡਾਇਰੈਕਟਰ ਸਿਹਤ ਵਿਭਾਗ ਪੰਜਾਬ ਡਾ. ਕੇਵਲ ਸਿੰਘ ਕਾਜਲ ਦੀ ਅਗਵਾਈ ਵਿੱਚ, ਸਮਾਜ ਸੇਵੀ ਡਾ. ਲਵਪ੍ਰੀਤ ਸਿੰਘ ਪਾਵਲਾ, ਸਮਾਜ ਸੇਵੀ ਲਖਵਿੰਦਰ ਸਿੰਘ ਮੁਲਤਾਨੀ, ਸਮਾਜ ਸੇਵੀ ਮਾਸਟਰ ਅਵਤਾਰ ਸਿੰਘ ਮਸੀਤੀ ਨੇ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਨੂੰ ਮੰਗ ਪੱਤਰ ਸੌਂਪਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਹੋਂਦ ਵਿੱਚ ਆਉਣ ਉਪਰੰਤ ਪੰਜਾਬੀ ਮਾਂ ਬੋਲੀ ਨੂੰ ਪ੍ਰਫੁੱਲਿਤ ਕਰਨ ਅਤੇ ਜਨ ਅਧਾਰ 'ਤੇ ਲਾਗੂ ਕਰਨ ਲਈ ਕੁਝ ਨਿਯਮ ਬਣਾਏ ਗਏ ਸਨ। ਇਸ ਸਮੇਂ ਵਿਕਾਸ ਮੰਚ ਦੇ ਮੈਂਬਰਾਂ ਨੇ ਸਰਕਾਰ ਪਾਸੋਂ ਮੰਗ ਕੀਤੀ ਕਿ ਸਰਕਾਰ ਵੱਲੋਂ ਪਾਸ ਕੀਤੇ ਗਏ ਨਿਯਮਾਂ ਅਨੁਸਾਰ ਇਹਨਾਂ ਨੂੰ ਲਾਗੂ ਕਰਕੇ ਜਨਤਕ ਥਾਵਾਂ, ਦਫਤਰਾਂ, ਦੁਕਾਨਾਂ ਤੇ ਸੜਕਾਂ 'ਤੇ ਲਗਾਏ ਗਏ ਸਾਈਨ ਬੋਰਡ ਪੰਜਾਬੀ ਲਿਖਤ ਵਿੱਚ ਲਗਾਏ ਜਾਣ, ਸਰਕਾਰੀ ਅਤੇ ਪ੍ਰਾਈਵੇਟ ਵਿਦਿਅਕ ਅਦਾਰਿਆਂ ਵਿੱਚ ਪੜ੍ਹਾਈ ਦਾ ਮਾਧਿਅਮ ਪੰਜਾਬੀ ਵਿੱਚ ਕੀਤਾ ਜਾਵੇ, ਪੰਜਾਬ ਸਰਕਾਰ ਦੇ ਦਫਤਰਾਂ ਅਤੇ ਮਾਣਯੋਗ ਅਦਾਲਤਾਂ ਵਿੱਚ, ਨਿਰਦੇਸ਼ਕ ਭਾਸ਼ਾ ਪੰਜਾਬੀ ਵਰਤੀ ਜਾਵੇ ਕਿਉਂਕਿ ਸਮੂਹ ਪੰਜਾਬੀ ਲੋਕ ਪੰਜਾਬੀ ਭਾਸ਼ਾ ਪੜ੍ਹਦੇ ਲਿਖਦੇ ਤੇ ਪੂਰੀ ਤਰ੍ਹਾਂ ਸਮਝਦੇ ਹਨ। ਮੈਂਬਰਾਂ ਨੇ ਮੰਗ ਕੀਤੀ ਕਿ ਪ੍ਰਵੇਸ਼ ਪ੍ਰੀਖਿਆ ਤੇ ਮੌਖਿਕ ਵਾਰਤਾਲਾਪ ਇੰਟਰਵਿਊ ਦਾ ਮਾਧਿਅਮ ਪੰਜਾਬੀ ਹੋਵੇ, ਸਰਕਾਰੀ ਨੌਕਰੀਆਂ ਵਿੱਚ ਪੰਜਾਬੀ ਦੀ ਪ੍ਰੀਖਿਆ ਪਾਸ ਹੋਣ ਲਈ ਉਸ ਤੋਂ ਘੱਟ 50 ਫੀਸਦੀ ਨੰਬਰ ਹੋਣੇ ਚਾਹੀਦੇ ਹਨ। ਇਸ ਮੌਕੇ ਵਿਧਾਇਕ ਜਸਵੀਰ ਰਾਜਾ ਗਿੱਲ ਨੇ ਪੰਜਾਬੀ ਵਿਕਾਸ ਮੰਚ ਦੇ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਨੂੰ ਵਿਸ਼ਵਾਸ ਦਵਾਇਆ ਕਿ ਉਨ੍ਹਾਂ ਦੀ ਇਹ ਪ੍ਰਮੁੱਖ ਮੰਗ ਪੰਜਾਬ ਸਰਕਾਰ ਤੱਕ ਪਹੁੰਚਾਈ ਜਾਵੇਗੀ ਅਤੇ ਪੰਜਾਬ ਸਰਕਾਰ ਇਸ ਤੋਂ ਪਹਿਲਾਂ ਹੀ ਪੰਜਾਬੀ ਨੂੰ ਜਨ ਆਧਾਰ ਤੇ ਲਾਗੂ ਕਰਵਾਉਣ ਲਈ ਯਤਨਸ਼ੀਲ ਹੈ ਅਤੇ ਇਸ ਵਾਸਤੇ ਮੰਤਰੀ ਪੰਜਾਬ ਭਗਵੰਤ ਮਾਨ ਦੀ ਯੁੱਗ ਗਵਾਈ ਮਹਿਮਾ ਵੀ ਚਲਾਈ ਜਾ ਰਹੀ ਹੈ।



# ਮਾਣਕ ਵਿਖੇ ਕਬੱਡੀ ਤੇ ਪੇਂਡੂ ਖੇਡ ਮੇਲਾ 9 ਤੋਂ

**ਬੰਗਾ (ਅਵਤਾਰ ਕਲੇਰ)** ਸ਼੍ਰੀ ਗੁਰੂ ਨਾਨਕ ਦੇਵ ਜੀ ਸਪੋਰਟਸ ਕਲੱਬ ਮਾਣਕ ਵਲੋਂ 10ਵਾਂ ਕਬੱਡੀ ਕੱਪ, ਫੁੱਟਬਾਲ, ਵਾਲੀਵਾਲ ਅਤੇ ਪੇਂਡੂ ਖੇਡ ਮੇਲਾ 9-10 ਅਤੇ 11 ਮਾਰਚ 2025 ਨੂੰ ਪਿੰਡ ਮਾਣਕ ਵਿਖੇ ਕਰਵਾਇਆ ਜਾ ਰਿਹਾ ਹੈ। ਮੁੱਖ ਪ੍ਰਬੰਧਕ ਰਾਜਬੀਰ ਸਿੰਘ ਮਾਣਕ, ਅਮਰਜੀਤ ਸਿੰਘ ਰਿਐਤ, ਦਲਵੀਰ ਸਿੰਘ ਸੈਂਬੀ ਅਤੇ ਸੁਰਿੰਦਰ ਸਿੰਘ ਮਾਣਕ ਨੇ ਦੱਸਿਆ ਕਿ ਇਸ ਤਿੰਨ ਦਿਨਾਂ ਖੇਡ ਮੇਲੇ ਦੌਰਾਨ ਪਹਿਲੇ ਦਿਨ 9 ਮਾਰਚ ਨੂੰ ਪਿੰਡ ਪੱਧਰ 14 ਅਤੇ 19 ਸਾਲ ਤੋਂ ਘੱਟ ਉਮਰ ਖਿਡਾਰੀਆਂ ਦੇ ਫੁੱਟਬਾਲ ਮੈਚ ਹੋਣਗੇ। ਦੂਸਰੇ ਦਿਨ 10 ਮਾਰਚ ਨੂੰ ਵਾਲੀਵਾਲ ਆਲ ਓਪਨ ਦੇ ਮੈਚ ਹੋਣਗੇ ਅਤੇ ਰੱਸਾਕੱਸ਼ੀ ਦੇ ਪਿੰਡ ਪੱਧਰ ਦੇ ਮੁਕਾਬਲੇ ਕਰਵਾਏ ਜਾਣਗੇ। ਭਾਰ 75 ਕਿਲੋ ਵਰਗ ਕਬੱਡੀ ਮੈਚ ਵੀ 10 ਮਾਰਚ ਨੂੰ ਹੋਣਗੇ। ਤੀਸਰੇ ਦਿਨ 11 ਮਾਰਚ ਨੂੰ ਸੱਦੀਆਂ ਹੋਈਆਂ ਮੇਜਰ ਲੀਗ ਦੀਆਂ ਅੱਠ ਟੀਮਾਂ ਦੇ ਮੈਚ ਹੋਣਗੇ। ਜਿਸ ਵਿੱਚ ਪਹਿਲਾ ਇਨਾਮ ਢਾਈ ਲੱਖ ਰੁਪਏ ਅਤੇ ਦੂਸਰਾ ਇਨਾਮ ਦੋ ਲੱਖ ਰੁਪਏ ਦਿੱਤਾ ਜਾਵੇਗਾ। ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਈਕਲ ਨਾਲ ਸਨਮਾਨਿਤ ਕੀਤਾ ਜਾਵੇਗਾ। ਨਾਮਵਰ ਖਿਡਾਰੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਜਾਵੇਗਾ।

# 8 ਨੂੰ ਆਨੰਦਪੁਰ ਸਾਹਿਬ ਵਿਖੇ ਵਿਸ਼ਾਲ ਸੂਬਾ ਪੱਧਰੀ ਰੈਲੀ



**ਜਲੰਧਰ ( ਰਾਜੇਸ਼ ਥਾਪਾ)**

ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਦੇ ਆਗੂਆਂ ਦੀ ਇੱਕ ਆਨਲਾਈਨ ਮੀਟਿੰਗ ਸੂਬਾ ਪ੍ਰਧਾਨ ਸੁਰਿੰਦਰ ਕੁਮਾਰ ਪੁਆਰੀ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਸੁਖਜਿੰਦਰ ਸਿੰਘ ਖਾਨਪੁਰ, ਕਾਰਜਕਾਰੀ ਜਨਰਲ ਸਕੱਤਰ ਪ੍ਰਵੀਨ ਕੁਮਾਰ ਲੁਧਿਆਣਾ ਤੇ ਜਿੰਦਰ ਪਾਇਲਟ, ਸਲਾਹਕਾਰ ਪ੍ਰੇਮ ਚਾਵਲ, ਮੀਡੀਆ ਸਕੱਤਰ ਗੁਰਪ੍ਰੀਤ ਮਾੜੀਮੇਘਾ, ਪ੍ਰੈਸ ਸਕੱਤਰ ਟਹਿਲ ਸਿੰਘ ਸਰਾਭਾ, ਪਰਮਿੰਦਰ ਪਾਲ ਸਿੰਘ ਕਾਲੀਆ, ਨਵੀਨ ਸੱਚਦੇਵਾ, ਮਨਦੀਪ ਸਿੰਘ ਥਿੰਦ, ਰਾਕੇਸ਼ ਧਵਨ, ਜਗਮੋਹਨ ਸਿੰਘ ਚੌਂਤਾਂ ਤੇ ਗੁਰਜਿੰਦਰ ਸਿੰਘ ਸ਼ਾਮਿਲ ਹੋਏ। ਆਗੂਆਂ ਨੇ ਕਿਹਾ ਕਿ ਪੰਜਾਬ ਵਿੱਚ ਬਦਲਾਅ ਦੇ ਨਾਂਅ 'ਤੇ ਬਣੀ ਸਰਕਾਰ ਤੋਂ ਪੰਜਾਬ ਦੇ ਮੁਲਾਜਮਾਂ, ਕਿਸਾਨਾਂ, ਮਜਦੂਰਾਂ ਅਤੇ ਵਿਦਿਆਰਥੀਆਂ ਨੂੰ ਬਹੁਤ ਉਮੀਦਾਂ ਸਨ, ਪਰ ਸਾਰੇ ਵਰਗਾਂ ਦੀਆਂ ਉਮੀਦਾਂ ਧਰੀਆਂ-ਧਰਾਈਆਂ ਰਹਿ ਗਈਆਂ। ਦੋ ਏਜੰਡਿਆਂ ਸਿੱਖਿਆ ਅਤੇ ਸਿਹਤ ਨੂੰ ਮੁੱਖ ਰੱਖ ਕੇ ਬਣੀ ਸਰਕਾਰ ਨੇ ਦੋਵਾਂ ਖੇਤਰਾਂ ਵਿੱਚ ਪੰਜਾਬ ਨੂੰ ਪਿੱਛੇ ਧੱਕ ਦਿੱਤਾ ਹੈ। ਪੰਜਾਬ ਦਾ ਸਿੱਖਿਆ ਮੰਤਰੀ ਅਧਿਆਪਕਾਂ ਦੀਆਂ ਮੀਟਿੰਗਾਂ ਦੌਰਾਨ ਮੀਟਿੰਗਾਂ ਵਿੱਚ ਮੰਗਾਂ ਮੰਨ ਕੇ ਮੁੱਕਰ ਰਹੇ ਹਨ। ਆਗੂਆਂ ਨੇ ਐਲਾਨ ਕੀਤਾ ਕਿ ਤਹਿਸੀਲ ਪੱਧਰੀ ਅਰਥੀ ਫੂਕ ਮੁਜ਼ਾਹਰਿਆ ਤੋਂ ਬਾਅਦ 8 ਮਾਰਚ ਨੂੰ ਆਨੰਦਪੁਰ ਸਾਹਿਬ ਵਿਖੇ ਸਾਂਝਾ ਅਧਿਆਪਕ ਮੋਰਚਾ ਪੰਜਾਬ ਅਤੇ ਡੀ ਟੀ ਐਫ ਪੰਜਾਬ ਵੱਲੋਂ ਵਿਸ਼ਾਲ ਸੂਬਾ ਪੱਧਰੀ ਰੈਲੀ ਕੀਤੀ ਜਾ ਰਹੀ ਹੈ। ਮੀਟਿੰਗ ਦੌਰਾਨ ਫੈਸਲਾ ਕੀਤਾ ਗਿਆ ਕਿ ਇਸ ਸੂਬਾ ਪੱਧਰੀ ਰੈਲੀ ਵਿੱਚ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਨਾਲ ਸੰਬੰਧਿਤ ਅਧਿਆਪਕ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਅਧਿਆਪਕ ਆਗੂ ਮਨਦੀਪ ਸਰਥਲੀ, ਜਸਪਾਲ ਸੰਧੂ, ਤਰਲੋਚਨ ਬਲਾਚੌਰ, ਪ੍ਰੇਮ ਸ਼ਰਮਾ, ਬਲਜਿੰਦਰ ਸਿੰਘ ਵਡਾਲੀ, ਅਮਨਦੀਪ ਸਿੰਘ ਬੁਢਲਾਡਾ, ਮੁਨੀਸ਼ ਸ਼ਰਮਾ, ਕੁਲਦੀਪ ਸਿੰਘ ਸਹਿਦੇਵ ਆਦਿ ਹਾਜ਼ਰ ਸਨ।

# ਨਸ਼ਿਆ ਖਿਲਾਫ ਮੁਹਿੰਮ ਦੌਰਾਨ ਰਾਹੋਂ ਵਿਖੇ ਮੈਡੀਕਲ ਹਾਲ 'ਤੇ ਛਾਪੇਮਾਰੀ

**ਰਾਹੋਂ (ਕੁਲਵਿੰਦਰ ਸਿੰਘ ਰਾਹੋਂ)**- ਪੰਜਾਬ ਸਰਕਾਰ ਦੀ ਨਸ਼ਿਆ ਖਿਲਾਫ ਮੁਹਿੰਮ ਦੌਰਾਨ ਜ਼ਿਲ੍ਹਾ ਡਰੱਗ ਇਸਪੈਕਟਰ ਅਤੇ ਪੁਲਸ ਦੀ ਉੱਚ ਅਧਿਕਾਰੀਆ ਦੀ ਟੀਮ ਵੱਲੋਂ ਮੇਨ ਬਜ਼ਾਰ ਰਾਹੋਂ ਵਿਖੇ ਇੱਕ ਮੈਡੀਕਲ ਸਟੋਰ 'ਤੇ ਰੇਡ ਕੀਤੀ ਗਈ। ਮੇਨ ਬਜ਼ਾਰ ਵਿੱਚ ਸਥਿਤ ਬਿੱਟੂ ਮੈਡੀਕਲ ਹਾਲ ਤੋਂ ਡਰੱਗ ਇੰਸਪੈਕਟਰ ਵਲੋਂ 975 ਗੋਲੀਆਂ 75 ਐਮ ਜੀ ਪ੍ਰੈਗਾਵਿਨ ਅਤੇ ਉਸ ਤੋਂ ਇਲਾਵਾ 6 ਤੋਂ 7 ਤਰ੍ਹਾਂ ਦੀਆਂ



ਦਵਾਈਆ ਫੜਨ ਦਾ ਦਾਅਵਾ ਕੀਤਾ ਹੈ। ਇਸ ਛਾਪੇਮਾਰੀ ਵਿੱਚ ਡੀ ਐਸ ਪੀ ਨਵਾਸ਼ਹਿਰ ਰਾਜ ਕੁਮਾਰ, ਐਸ ਐਚ ਓ ਰਾਹੋਂ ਜਰਨੈਲ ਸਿੰਘ ਅਤੇ ਹੋਰ ਮੁਲਜ਼ਮ ਵੀ ਮੌਜੂਦ ਸਨ। ਇਸ ਸਬੰਧੀ ਡੀ ਐਸ ਪੀ ਰਾਜ ਕੁਮਾਰ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਨਸ਼ਿਆ ਖਿਲਾਫ ਵੱਡੇ ਪੱਧਰ 'ਤੇ ਮੁਹਿੰਮ ਚਲਾਈ ਜਾ ਰਹੀ ਹੈ। ਉਸੇ ਕੜੀ ਤਹਿਤ ਐਸ.ਐਸ.ਪੀ ਡਾ. ਮਹਿਤਾਬ ਸਿੰਘ ਦੀਆਂ ਹਦਾਇਤਾਂ ਤੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿੱਚ ਵੀ ਨਸ਼ਾ ਵੇਚਣ ਵਾਲੇ ਅਨਸਰਾਂ ਦੇ ਠਿਕਾਨਿਆ ਤੇ ਛਾਪੇਮਾਰੀ ਕੀਤੀ ਜਾ ਰਹੀ ਇਥੇ ਕਿਸੇ ਵੀ ਦੋਸ਼ੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ। ਬਿੱਟੂ ਮੈਡੀਕਲ ਹਾਲ ਤੋਂ ਮਿਲੀਆਂ ਗੋਲੀਆ, ਦਵਾਈਆ ਡਰਗ ਇਸਪੈਕਟਰ ਦੀ ਰਿਪੋਰਟ ਆਉਣ ਤੇ ਬਣਦੀ ਕਾਰਵਾਈ ਕੀਤੀ ਜਾਵੇਗੀ।

# 'ਗੋਲਡ ਮੈਡਲ ਦਾ ਦਹੇਜ' ਦੀ ਕੀਤੀ ਸਕ੍ਰੀਨਿੰਗ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਐਸ ਡੀ ਕਾਲਜ ਹੁਸ਼ਿਆਰਪੁਰ ਦੇ ਐਡੀਟੋਰੀਅਮ ਵਿੱਚ ਅਸ਼ੋਕ ਪੁਰੀ ਦੁਆਰਾ ਨਿਰਦੇਸ਼ਤ ਫਿਲਮ "ਗੋਲਡ ਮੈਡਲ ਦਾ ਦਹੇਜ" ਜਿਸ ਦੀ ਕਹਾਣੀ ਅਵੀਨਾਸ਼ ਰਾਏ ਖੰਨਾ ਨੇ ਲਿਖੀ ਹੈ, ਦੀ ਸਕ੍ਰੀਨਿੰਗ ਕੀਤੀ ਗਈ। ਇਸ ਮੌਕੇ ਅਵੀਨਾਸ਼ ਰਾਏ ਖੰਨਾ ਅਤੇ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹੇਮਾ ਸ਼ਰਮਾ, ਸੈਕਟਰੀ ਗੋਪਾਲ, ਖਜਾਨਚੀ ਪ੍ਰਮੋਦ ਸ਼ਰਮਾ ਅਤੇ ਪ੍ਰਿੰਸੀਪਲ ਡਾ. ਸਵੀਤਾ ਗੁਪਤਾ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਸ ਸਕ੍ਰੀਨਿੰਗ ਪ੍ਰੋਗਰਾਮ ਦੇ ਸੰਚਾਲਕ ਫਿਲਮ ਦੇ ਨਿਰਦੇਸ਼ਕ ਅਸ਼ੋਕ ਪੁਰੀ ਅਤੇ ਪ੍ਰੋਫੈਸਰ ਪ੍ਰਸ਼ਾਂਤ ਸੇਠੀ ਸਨ। ਫਿਲਮ ਦੀ ਕਹਾਣੀ ਦਾਜ ਦੀ ਲਾਹਨਤ ਗਰੀਬੀ ਅਤੇ ਨੇਤਰਹੀਨ ਵਿਦਿਆਰਥੀਆਂ ਦੀਆਂ ਸਮੱਸਿਆਵਾਂ ਦੁਆਲੇ ਘੁੰਮਦੀ ਹੈ।

# ਡਾ. ਇਸ਼ਾਂਕ ਨੇ ਰੂਪੋਵਾਲ ਨੂੰ ਦਿੱਤਾ 4 .85 ਲੱਖ ਦਾ ਟਰਾਂਸਫਾਰਮਰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਹਲਕੇ ਦੇ ਵਿਕਾਸ ਨੂੰ ਹੋਰ ਤੇਜੀ ਦੇਣ ਦੇ ਉਦੇਸ਼ ਨਾਲ, ਚੱਬੇਵਾਲ ਦੇ ਹਲਕਾ ਵਿਧਾਇਕ ਡਾ. ਇਸ਼ਾਂਕ ਨੇ ਪਿੰਡ ਰੂਪੋਵਲ ਵਿੱਚ 4.85 ਲੱਖ ਦੀ ਲਾਗਤ ਨਾਲ ਲਗਾਏ ਗਏ ਨਵੇਂ ਟਰਾਂਸਫਾਰਮਰ ਦਾ ਉਦਘਾਟਨ ਕੀਤਾ। ਇਹ ਨਵਾਂ ਟਰਾਂਸਫਾਰਮਰ ਪਿੰਡ ਵਾਸੀਆਂ ਦੀ ਬਿਜਲੀ ਸੰਬੰਧੀ ਆ ਰਹੀਆਂ ਮੁਸ਼ਕਲਾਂ ਨੂੰ ਦੂਰ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗਾ। ਇਸ ਮੌਕੇ ਵਿਧਾਇਕ ਡਾ. ਇਸ਼ਾਂਕ ਨੇ ਕਿਹਾ ਕਿ ਪੰਜਾਬ ਸਰਕਾਰ ਪੇਂਡੂ ਇਲਾਕਿਆਂ ਦੇਸਮੂਹਿਕ ਵਿਕਾਸ ਨੂੰ ਪ੍ਰਾਥਮਿਕਤਾ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਨਵਾਂ ਟਰਾਂਸਫਾਰਮਰ ਪਿੰਡ ਦੇ ਲੋਕਾਂ ਨੂੰ ਲਗਾਤਾਰ ਅਤੇ ਵਧੀਆ ਬਿਜਲੀ ਸਪਲਾਈ ਯਕੀਨੀ ਬਣਾਉਣ ਵਿੱਚ ਮਦਦ ਕਰੇਗਾ। ਸਰਪੰਚ ਮਲਕੀਤ ਸਿੰਘ ਅਤੇ ਪਿੰਡ ਦੇ ਹੋਰ ਨੇਤਾਵਾਂ ਨੇ ਵਿਧਾਇਕ ਅਤੇ ਵਿਭਾਗ ਦਾ ਧੰਨਵਾਦ ਕੀਤਾ।



# ਨਸ਼ੀਲੀਆਂ ਗੋਲੀਆਂ ਸਮੇਤ ਕਾਬੂ



**ਕਾਲਾ ਸੰਘਿਆਂ (ਮਨਜੀਤ ਮਾਨ)**-ਸਥਾਨਕ ਪੁਲਸ ਚੌਂਕੀ ਦੇ ਇੰਚਾਰਜ ਏ ਐਸ ਆਈ ਅਮਰਜੀਤ ਸਿੰਘ ਵੱਲੋਂ ਟਾਵੀਂ ਸਾਹਿਬ ਰੋਡ ਤੋਂ ਇੱਕ ਨੌਜੁਆਨ ਨੂੰ 60 ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਕੀਤਾ ਗਿਆ ਹੈ। ਅਮਰਜੀਤ ਸਿੰਘ ਨੇ ਦਿੰਦੇ ਹੋਏ ਦੱਸਿਆ ਕਿ ਉਹ ਆਪਣੀ ਪੁਲਸ ਪਾਰਟੀ ਸਮੇਤ ਇਲਾਕੇ ਵਿੱਚ ਗਸ਼ਤ ਕਰ ਰਹੇ ਸਨ ਕਿ ਤਾਂ ਉਨ੍ਹਾਂ ਨੇ ਗੁਜਰਾਂ ਦੇ ਡੇਰੇ ਵੱਲੋਂ ਆ ਰਹੇ ਇੱਕ ਨੌਜੁਆਨ ਨੂੰ ਰੁਕਣ ਦਾ ਇਸ਼ਾਰਾ ਕੀਤਾ ਜੋ ਪੁਲਸ ਪਾਰਟੀ ਨੂੰ ਦੇਖ ਕੇ ਘਬਰਾ ਗਿਆ। ਜਿਸ ਦੀ ਤਲਾਸ਼ੀ ਲੈਣ 'ਤੇ ਉਸ ਦੇ ਕਬਜ਼ੇ ਵਿੱਚੋਂ 60 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਜਿਸ ਦੀ ਪਛਾਣ ਅਜਮੇਰ ਸਿੰਘ ਪੁੱਤਰ ਰਵਿੰਦਰ ਸਿੰਘ ਪਿੰਡ ਸਾਦਾ ਥਾਣਾ ਸ਼ਾਹਕੋਟ ਜ਼ਿਲ੍ਹਾ ਜਲੰਧਰ ਵਜੋਂ ਹੋਈ ਹੈ, ਜਿਸ ਦੇ ਖਿਲਾਫ ਮੁਕੱਦਮਾ ਦਰਜ ਕਰਕੇ ਮਾਣਯੋਗ ਕੋਰਟ ਵਿੱਚ ਪੇਸ਼ ਕਰਕੇ ਜੇਲ੍ਹ ਭੇਜ ਦਿੱਤਾ ਗਿਆ ਹੈ।

# ਦੁਧਾਰੂ ਪਸ਼ੂ ਚੋਰੀ ਕਰਨ ਵਾਲੇ ਗਰੋਹ ਦੇ ਤਿੰਨ ਮੈਂਬਰ ਕਾਬੂ

**ਨੂਰਮਹਿਲ, (ਬਾਲ ਕ੍ਰਿਸ਼ਨ ਬਾਲੀ)**

ਪੁਲਸ ਚੌਂਕੀ ਜੰਡਿਆਲਾ ਦੇ ਮੁਲਾਜ਼ਮਾਂ ਵੱਲੋਂ ਦੁਧਾਰੂ ਪਸ਼ੂ ਚੋਰੀ ਕਰਨ ਵਾਲੇ ਇੱਕ ਗਰੋਹ ਦੇ ਤਿੰਨ ਮੈਂਬਰਾਂ ਨੂੰ ਕਾਬੂ ਕੀਤਾ ਗਿਆ ਹੈ। ਚੌਂਕੀ ਇੰਚਾਰਜ ਗੁਲਜਾਰ ਸਿੰਘ ਨੇ ਦੱਸਿਆ ਕਿ ਕੁਲਵੰਤ ਸਿੰਘ ਪੁੱਤਰ ਅਜੀਤ ਸਿੰਘ ਵਾਸੀ ਬੜੀ ਪੱਤੀ, ਜੰਡਿਆਲਾ ਨੇ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਦੱਸਿਆ ਕਿ ਜਲੰਧਰ ਰੋਡ 'ਤੇ ਉਸਨੇ ਪੈਟਰੋਲ ਪੰਪ ਸਾਹਮਣੇ ਆਪਣੀ ਹਵੇਲੀ ਵਿੱਚ ਦੋ ਮੱਝਾਂ, ਚਾਰ ਗਾਵਾਂ ਤੇ ਇੱਕ ਕੱਟਾ ਰੱਖਿਆ ਹੋਇਆ ਹੈ। ਕੱਲ੍ਹ ਜਦੋਂ ਉਹ ਹਵੇਲੀ ਵਿੱਚੋਂ ਪਸ਼ੂਆਂ ਨੂੰ ਚਾਰਾ ਆਦਿ ਦਾ ਕੰਮ ਨਿਪਟਾ ਕੇ ਘਰ ਗਿਆ ਤਾਂ ਸਵੇਰੇ 6 ਵਜੇ ਹਵੇਲੀ ਆਉਣ 'ਤੇ ਪਤਾ ਲੱਗਾ ਕਿ ਉਸਦੀ ਹਵੇਲੀ ਦੇ ਗੇਟ ਦਾ ਤਾਲਾ ਟੁੱਟਾ ਹੋਇਆ ਸੀ ਅਤੇ ਅੰਦਰ ਬੰਨੀਆਂ ਦੋ ਮੱਝਾਂ ਅਤੇ ਇੱਕ ਕੱਟਾ ਕੋਈ ਖੋਲ੍ਹ ਕੇ ਲੈ ਗਿਆ ਸੀ। ਉਸ ਦੇ ਬਿਆਨਾਂ ਦੇ ਆਧਾਰ 'ਤੇ ਮੁਕੱਦਮਾ ਨੰਬਰ 34 ਥਾਣਾ ਸਦਰ ਜਲੰਧਰ ਵਿੱਚ ਦਰਜ ਕੀਤਾ ਗਿਆ। ਪੁਲਸ ਪਾਰਟੀ ਵੱਲੋਂ ਉਕਤ ਵਾਰਦਾਤ ਨੂੰ ਅੰਜਾਮ ਦੇਣ ਵਾਲਿਆਂ ਨੂੰ ਦਾਦੂਵਾਲ ਨਹਿਰ ਕੋਲੋਂ ਕਾਬੂ ਕਰ ਲਿਆ ਗਿਆ ਜੋ ਕਿ ਚੋਰੀ ਕੀਤੇ ਪਸ਼ੂਆਂ ਨੂੰ ਲਿਜਾਣ ਲਈ ਕਿਸੇ ਵਾਹਨ ਦੀ ਉਡੀਕ ਕਰ ਰਹੇ ਸਨ।




ਉਨ੍ਹਾਂ ਦੀ ਪਹਿਚਾਣ ਸ਼ਹਿਜਾਦ ਪੁੱਤਰ ਨਵਾਬ ਬਾਸੀ ਮਾਣੂਕੇ ਥਾਣਾ ਨਿਹਾਲ ਸਿੰਘ ਵਾਲਾ (ਮੋਗਾ) ਫਰਿਆਦ ਪੁੱਤਰ ਬਰਕਤ ਅਲੀ ਪਿੰਡ ਖੱਖਾ, ਥਾਣਾ ਟਾਂਡਾ (ਹੁਸ਼ਿਆਰਪੁਰ) ਅਤੇ ਮੁੰਨੀ ਪਤਨੀ ਨਵਾਬ ਵਜੋਂ ਹੋਈ ਹੈ। ਉਹਨਾਂ ਦੱਸਿਆ ਕਿ ਇਹਨਾਂ ਦੇ ਦੋ ਸਾਥੀ ਸਰਬਜੀਤ ਸਾਬੀ ਪਿੰਡ ਥਾਬਲਕੇ ਤੇ ਇਰਸ਼ਾਦ ਖਾਨ ਵਾਸੀ, ਮਾਣੂਕੇ, ਨਿਹਾਲ ਸਿੰਘ ਵਾਲਾ ਫਰਾਰ ਹੋ ਗਏ ਹਨ ਜਿਨ੍ਹਾਂ ਦੀ ਭਾਲ ਕੀਤੀ ਜਾ ਰਹੀ ਹੈ। ਚੌਂਕੀ ਇੰਚਾਰਜ ਗੁਲਜਾਰ ਸਿੰਘ ਨੇ ਦੱਸਿਆ ਕਿ ਕਾਬੂ ਕੀਤੇ ਫਰਿਆਦ 'ਤੇ ਪਹਿਲਾਂ ਵੀ ਚਾਰ ਵੱਖ ਵੱਖ ਮੁਕੱਦਮੇ ਦਰਜ ਹਨ। ਜਦਕਿ ਬਾਕੀ ਸ਼ਹਿਜ਼ਾਦ, ਮੁੰਨੀ ਅਤੇ ਇਰਸ਼ਾਦ ਖਾਨ ਕਰੀਬੀ ਰਿਸ਼ਤੇਦਾਰ ਹਨ।

# ਕਿਸਾਨਾਂ ਨੂੰ ਗ੍ਰਿਫ਼ਤਾਰ ਕਰਕੇ ਆਪ ਸਰਕਾਰ ਤੁਰੀ ਭਾਜਪਾ ਦੇ ਰਾਹ : ਪੀ ਐੱਮ ਯੂ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਕਿਸਾਨਾਂ ਨੂੰ ਗ੍ਰਿਫ਼ਤਾਰ ਕਰਨ ਤੇ ਘਰਾਂ 'ਤੇ ਛਾਪੇਮਾਰੀ ਕਰਨ ਦੀ ਪੇਂਡੂ ਮਜ਼ਦੂਰ ਯੂਨੀਅਨ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦੀ ਹੈ। ਬਿਆਨ ਜਾਰੀ ਕਰਦਿਆਂ ਜ਼ਿਲ੍ਹਾ ਨਵਾਂਸ਼ਹਿਰ ਦੇ ਸੂਬਾ ਆਗੂ ਕਮਲਜੀਤ ਸਨਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਕਿਸਾਨ ਆਗੂਆਂ ਨੂੰ ਗ੍ਰਿਫ਼ਤਾਰ ਕਰਕੇ ਤੇ ਘਰਾਂ 'ਤੇ ਛਾਪੇਮਾਰੀ ਕਰਕੇ ਇਹ ਸਾਬਿਤ ਕਰ ਦਿੱਤਾ ਕਿ ਆਪ ਸਰਕਾਰ ਵੀ ਬੀਜੇਪੀ ਦੀਆਂ ਨੀਤੀਆਂ 'ਤੇ ਕੰਮ ਕਰ ਰਹੀ ਹੈ। ਸੂਬੇ ਦੇ ਆਗੂ ਹਰੀ ਰਾਮ ਰਸੂਲਪੁਰ ਤੇ ਕਿਰਨਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਬੁਖਲਾਹਟ ਵਿੱਚ ਆਗੂਆਂ ਦੀ ਗ੍ਰਿਫ਼ਤਾਰੀ ਕਰ ਰਹੀ ਹੈ ਕਿਉਂਕਿ ਸੱਤਾ ਵਿੱਚ ਆਉਣ ਤੋਂ ਪਹਿਲਾਂ ਸਰਕਾਰ ਇਹ ਦਾਅਵਾ ਕਰਦੀ ਸੀ ਕਿ ਕੋਈ ਵੀ ਧਰਨਾ ਨਹੀਂ ਲੱਗੂਗਾ ਪਰ ਪੰਜਾਬ ਪੂਰੇ ਦੇਸ਼ ਵਿੱਚ ਧਰਨਿਆਂ ਦਾ ਕੇਂਦਰ ਬਣਦਾ ਜਾ ਰਿਹਾ ਹੈ। ਅੱਜ ਹਰ ਵਰਗ ਸਰਕਾਰ ਤੋਂ ਦੁਖੀ ਹੋ ਕੇ ਧਰਨੇ ਲਗਾ ਰਿਹਾ ਹੈ। ਆਗੂਆਂ ਨੇ ਕਿਹਾ ਕਿ ਸਰਕਾਰ ਨੂੰ ਆਉਣ ਵਾਲੇ ਦਿਨਾਂ ਦੇ ਵਿੱਚ ਆਪਣੀ ਕੁਰਸੀ ਖੁਸਦੀ ਨਜ਼ਰ ਆ ਰਹੀ ਹ, ਇਸ ਕਰਕੇ ਸਰਕਾਰ ਡੰਡੇ ਦੇ ਜ਼ੋਰ ਨਾਲ ਲੋਕਾਂ ਦੀ ਆਵਾਜ਼ ਬੰਦ ਕਰਨ ਲੱਗੀ ਹੋਈ ਹੈ। ਇਸ ਮੌਕੇ ਇਲਾਕਾ ਆਗੂ ਸੁਰਿੰਦਰ ਮੀਰਪੁਰ ਤੇ ਸਤਨਾਮ ਸਿੰਘ ਲਾਡੀ ਨੇ ਕਿਹਾ ਕਿ ਸਰਕਾਰ ਜਲਦ ਤੋਂ ਜਲਦ ਆਗੂਆਂ ਨੂੰ ਰਿਹਾਅ ਕਰਕੇ ਨਹੀਂ ਤਾਂ ਆਉਣ ਵਾਲੇ ਦਿਨਾਂ ਵਿੱਚ ਇੱਕ ਵੱਡੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ।



# ਪੰਜਾਬ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਦੀ ਤਹਿਸੀਲ ਕਮੇਟੀ ਦੀ ਹੋਈ ਮੀਟਿੰਗ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਪੰਜਾਬ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਹੁਸ਼ਿਆਰਪੁਰ ਦੀ ਤਹਿਸੀਲ ਕਮੇਟੀ ਹੁਸ਼ਿਆਰਪੁਰ ਦੀ ਇੱਕ ਅਹਿਮ ਮੀਟਿੰਗ ਤਹਿਸੀਲ ਪ੍ਰਧਾਨ ਸ਼ਮਸ਼ੇਰ ਸਿੰਘ ਧਾਮੀ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਅਤੇ ਪੰਜਾਬ ਸਟੇਟ ਪੈਨਸ਼ਨਰ ਕਨਫੈਡਰੇਸ਼ਨ ਦੇ ਜਨਰਲ ਸਕੱਤਰ ਕੁਲਵਰਨ ਸਿੰਘ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਮੀਟਿੰਗ ਦੀ



ਕਾਰਵਾਈ ਪ੍ਰੈਸ ਨੂੰ ਜਾਰੀ ਕਰਦਿਆਂ ਸੂਬਾ ਪ੍ਰੈਸ ਸਕੱਤਰ ਬਲਵੀਰ ਸਿੰਘ ਸੈਣੀ ਨੇ ਦੱਸਿਆ ਕਿ ਸੀਨੀਅਰ ਮੀਤ ਪ੍ਰਧਾਨ ਸੂਰਜ ਪ੍ਰਕਾਸ਼ ਆਨੰਦ ਨੇ ਮੀਟਿੰਗ ਸ਼ੁਰੂ ਕਰਦਿਆਂ ਮੀਟਿੰਗ ਦੇ ਏਜੰਡੇ ਦੀ ਜਾਣਕਾਰੀ ਦਿੱਤੀ ਅਤੇ ਪੈਨਸ਼ਨਰਾਂ ਨੂੰ ਬੈਂਕਾਂ ਵਿੱਚ ਆ ਰਹੀਆਂ ਆਰਥਿਕ ਸਮੱਸਿਆਵਾਂ ਸੰਬੰਧੀ ਵਿਸਥਾਰ ਸਹਿਤ ਜਾਣਕਾਰੀ ਦਿੱਤੀ। ਜ਼ਿਲ੍ਹਾ ਪ੍ਰਧਾਨ ਅਤੇ ਕਨਫਰਡਰੇਸ਼ਨ ਦੇ ਜਨਰਲ ਸਕੱਤਰ ਕੁਲਵਰਨ ਸਿੰਘ ਨੇ ਆਪਣੇ ਸੰਬੋਧਨ ਵਿੱਚ ਪੈਨਸ਼ਨਰਾਂ ਦੇ ਬੈਂਕਾਂ ਵੱਲੋਂ ਡਿਵੈਲਪਮੈਂਟ ਦੇ ਨਾਂਅ 'ਤੇ ਕੱਟੇ ਜਾ ਰਹੇ 200 ਰੁਪਏ ਨੂੰ ਬੰਦ ਕਰਾਉਣ ਲਈ ਕੀਤੀ ਜਥੇਬੰਦਕ ਕਾਰਵਾਈ ਸਬੰਧੀ ਦੱਸਿਆ। ਉਹਨਾਂ ਦੱਸਿਆ ਕਿ ਬੈਂਕਾਂ ਵੱਲੋਂ ਸੀਨੀਅਰ ਸਿਟੀਜਨਾਂ ਦੇ 200 ਰੁਪਏ ਕੱਟੇ ਜਾਣੇ ਡਿਵੈਲਪਮੈਂਟ ਕਾਨੂੰਨ ਦੀ ਉਲੰਘਣਾ ਹੈ। ਇਸੇ ਹੀ ਤਰ੍ਹਾਂ ਪੈਨਸ਼ਨਰਾਂ ਨੂੰ ਕਿਸ਼ਤਾਂ ਵਿੱਚ ਬਕਾਏ ਦੇਣ ਦੇ ਫੈਸਲੇ ਦਾ ਸਰਕਾਰ ਦਾ ਦਿਵਾਲੀਆਪਣ ਦੱਸਿਆ। ਉਨ੍ਹਾਂ ਲੁਧਿਆਣਾ ਵਿਖੇ 17 ਮਾਰਚ ਨੂੰ ਕਨਫੈਡਰੇਸ਼ਨ ਦੀ ਹੋ ਰਹੀ ਚੋਣ ਸੰਬੰਧੀ ਵਿਸਥਾਰ ਸਹਿਤ ਜਾਣਕਾਰੀ ਦਿੱਤੀ। ਇਸ ਮੌਕੇ ਕਿਰਪਾਲ ਸਿੰਘ ਸਰਪ੍ਰਸਤ, ਮਹਿੰਦਰ ਸਿੰਘ ਮਹਿਤਾ, ਸਰਬਜੀਤ ਸਿੰਘ, ਹਰਭਜਨ ਦਾਸ, ਸਤਿਨਾਮ ਸਿੰਘ, ਦਲਜੀਤ ਸਿੰਘ, ਕਰਮਜੀਤ ਸਿੰਘ, ਬਲਵੀਰ ਚੰਦ, ਅਨਿਲ ਕੁਮਾਰ ਸ਼ਰਮਾ, ਜੈ ਰਾਮ ਭੱਟੀ, ਸੁਦੇਸ਼ ਸ਼ਰਮਾ, ਬਲਵੀਰ ਸਿੰਘ ਸੈਣੀ, ਗੁਲਸ਼ਨ ਕੁਮਾਰ, ਜਗਤਾਰ ਸਿੰਘ, ਅਸ਼ੋਕ ਅਬਰੋਲ, ਬਲਵੰਤ ਸਿੰਘ, ਭੁਪਿੰਦਰ ਸਿੰਘ, ਸੁਰਿੰਦਰ ਕੁਮਾਰ, ਮਨਜੀਤ ਸਿੰਘ ਸੈਣੀ ਆਦਿ ਹਾਜ਼ਰ ਸਨ।

# ਲੌਂਗੋਵਾਲ ਗਰੁੱਪ ਆਫ ਕਾਲਜ ਨੇ ਲਗਾਇਆ ਖ਼ੂਨਦਾਨ ਕੈਂਪ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**

ਲੌਂਗੋਵਾਲ ਗਰੁੱਪ ਆਫ਼ ਕਾਲਜਿਜ਼ ਅਤੇ ਡਬਲਯੂ ਸੀ ਉਦਯੋਗਿਕ ਸਿਖਲਾਈ ਸੰਸਥਾ, ਡੇਰਾਬੱਸੀ ਨੇ ਪੋਲੀਟੈਕਨਿਕ ਵਿੰਗ, ਸ਼ਕਤੀ ਨਗਰ, ਡੇਰਾਬੱਸੀ ਦੇ ਅੰਦਰ ਖ਼ੂਨਦਾਨ ਕੈਂਪ ਲਗਾ ਕੇ ਭਾਈਚਾਰਕ ਸੇਵਾ ਪ੍ਰਤੀ ਆਪਣੀ ਵਚਨਬੱਧਤਾ ਦਾ ਪ੍ਰਦਰਸ਼ਨ ਕੀਤਾ। ਇਹ ਸਮਾਗਮ ਲੌਂਗੋਵਾਲ ਗਰੁੱਪ ਆਫ਼ ਕਾਲਜਿਜ਼ ਡੇਰਾਬੱਸੀ ਵੱਲੋਂ ਰੋਟਰੀ ਕਲੱਬ ਚੰਡੀਗੜ੍ਹ ਅਤੇ ਭਾਰਤ ਵਿਕਾਸ ਪ੍ਰੀਸ਼ਦ ਡੇਰਾਬੱਸੀ ਦੇ ਸਹਿਯੋਗ ਨਾਲ ਕਰਵਾਇਆ ਗਿਆ। ਸਵਰਗਵਾਸੀ ਦੀ ਪਿਆਰ ਭਰੀ ਯਾਦ ਵਿੱਚ ਨੇਕ ਉਪਰਾਲਾ ਕੀਤਾ ਗਿਆ। ਬੀ ਬੀ ਕਤਿਆਲ, ਕਾਲਜ ਦੇ ਸੰਸਥਾਪਕ ਚੇਅਰਮੈਨ ਕੈਂਪ ਦੀ ਸ਼ੁਰੂਆਤ ਸਵੇਰੇ 9.00 ਵਜੇ ਉਦਘਾਟਨੀ ਸਮਾਗਮ ਨਾਲ ਹੋਈ ਜਿਸ ਵਿੱਚ ਮੁੱਖ ਮਹਿਮਾਨ ਡਾ. ਧਰਮਿੰਦਰ ਸਿੰਘ (ਐਸ ਐਮ ਓ, ਸਿਵਲ ਹਸਪਤਾਲ, ਡੇਰਾਬੱਸੀ) ਅਤੇ ਸ੍ਰੀਮਤੀ ਕਾਂਤਾ ਕਤਿਆਲ (ਚੇਅਰਪਰਸਨ, ਲੌਂਗੋਵਾਲ ਗਰੁੱਪ ਆਫ਼ ਕਾਲਜਿਜ਼, ਡੇਰਾਬੱਸੀ) ਦਾ ਫੁੱਲਾਂ ਨਾਲ ਸਵਾਗਤ ਕੀਤਾ ਗਿਆ। ਰਾਸ਼ਟਰਪਤੀ ਜਤਿੰਦਰ ਕਪੂਰ, ਏ ਜੀ ਆਰ.ਟੀ.ਐਨ. ਜਸਪਾਲ ਸਿੰਘ ਸਿੱਧੂ, ਪੀ.ਪੀ.ਅਨਿਲ ਚੱਡਾ, ਜੇ.ਟੀ. ਸਕੱਤਰ ਆਰ.ਟੀ.ਐਨ. ਦਾਨੀਆਂ ਦਾ ਭਰੋਸਾ ਵਧਾਉਣ ਲਈ ਰੋਟਰੀ ਕਲੱਬ ਚੰਡੀਗੜ੍ਹ ਤੋਂ ਅਰੁਣ ਅਗਰਵਾਲ ਪਹੁੰਚੇ ਹੋਏ ਸਨ। ਕੈਂਪ ਵਿੱਚ ਵਿਦਿਆਰਥੀਆਂ, ਅਧਿਆਪਨ ਅਤੇ ਗੈਰ-ਅਧਿਆਪਕ ਸਟਾਫ਼ ਅਤੇ ਸਥਾਨਕ ਨਿਵਾਸੀਆਂ ਵੱਲੋਂ ਉਤਸ਼ਾਹ ਨਾਲ ਭਾਗ ਲਿਆ ਗਿਆ ਅਤੇ 145 ਤੋਂ ਵੱਧ ਵਾਲੰਟੀਅਰ ਖ਼ੂਨਦਾਨ ਕਰਨ ਲਈ ਅੱਗੇ ਆਏ। ਕੁੱਲ 67 ਯੂਨਿਟ ਖ਼ੂਨ ਇਕੱਤਰ ਕੀਤਾ ਗਿਆ।



# ਸੰਤ ਬਾਬਾ ਭਾਗ ਸਿੰਘ 'ਵਰਸਿਟੀ ਖਿਆਲਾ 'ਚ 'ਰਾਸ਼ਟਰੀ ਵਿਗਿਆਨ' ਦਿਵਸ ਮਨਾਇਆ




**ਆਦਮਪੁਰ (ਪਰਮਜੀਤ ਸਿੰਘ)**

ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ, ਜਲੰਧਰ ਦੇ ਇੰਸਟੀਚਿਊਟ ਆਫ਼ ਸਾਇੰਸਜ਼ ਨੇ ਮਹਾਨ ਭਾਰਤੀ ਭੌਤਿਕ ਵਿਗਿਆਨੀ ਸਰ ਸੀ.ਵੀ. ਰਮਨ ਦੇ ਸਨਮਾਨ ਵਿੱਚ 'ਰਾਸ਼ਟਰੀ ਵਿਗਿਆਨ ਦਿਵਸ 2025' ਮਨਾਇਆ ਗਿਆ। ਸਤਿਕਾਰ ਯੋਗ ਸੰਤ ਬਾਬਾ ਮਲਕੀਤ ਸਿੰਘ (ਬਾਨੀ ਚਾਂਸਲਰ) ਅਤੇ ਸੰਤ ਬਾਬਾ ਦਿਲਾਵਰ ਸਿੰਘ (ਬ੍ਰਹਮ ਜੀ) ਦੇ ਆਸ਼ੀਰਵਾਦ ਨਾਲ ਮਾਣਯੋਗ ਚਾਂਸਲਰ ਸੰਤ ਮਨਮੋਹਨ ਸਿੰਘ ਦੀ ਪ੍ਰੇਰਨਾ ਨਾਲ ਅਤੇ ਉਪ-ਕੁਲਪਤੀ ਡਾ.ਧਰਮਜੀਤ ਸਿੰਘ ਪਰਮਾਰ ਤੇ ਹਰਦਮਨ ਸਿੰਘ ਮਿਨਹਾਸ (ਸਕੱਤਰ) ਦੀ ਅਗਵਾਈ ਵਿਚ ਮਨਾਇਆ ਗਿਆ। ਇਸ ਸਮਾਗਮ ਦਾ ਵਿਸ਼ਾ ਸੀ 'ਵਿਕਸਤ ਭਾਰਤ ਲਈ ਵਿਗਿਆਨ ਅਤੇ ਨਵੀਨਤਾ ਵਿੱਚ ਗਲੋਬਲ ਲੀਡਰਸ਼ਿਪ ਲਈ ਭਾਰਤੀ ਨੌਜਵਾਨਾਂ ਨੂੰ ਸਸ਼ਕਤ ਬਣਾਉਣਾ।' ਸਮਾਗਮ ਦਾ ਉਦਘਾਟਨ ਮੁੱਖ ਮਹਿਮਾਨ ਵਿਜੇ ਕੁਮਾਰ (ਸੀਨੀਅਰ ਇੰਜੀਨੀਅਰ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ, ਪੰਜਾਬ) ਪ੍ਰੋ. ਧਰਮਜੀਤ ਸਿੰਘ ਪਰਮਾਰ ( ਵਾਈਸ ਚਾਂਸਲਰ), ਡਾ. ਵਿਕਾਸ (ਰਜਿਸਟਰਾਰ), ਡਾ. ਵਿਜੇ ਧੀਰ (ਡੀਨ ਅਕਾਦਮਿਕ), ਡਾ. ਸ਼ਵੇਤਾ ਸਿੰਘ (ਡੀਨ, ਯੂਆਈਐਸ), ਡਾ. ਨਿਸ਼ਾ ਸ਼ਰਮਾ (ਡਾਇਰੈਕਟਰ ਰਿਸਰਚ ਐਂਡ ਡਵਲਪਮੇਂਟ) ਅਤੇ ਫੈਕਲਟੀ ਮੈਂਬਰਾਂ ਦੀ ਮੌਜੂਦਗੀ ਵਿੱਚ ਕੀਤਾ। ਵਿਦਿਆਰਥੀਆਂ ਦੀ ਛੁਪੀ ਹੋਈ ਪ੍ਰਤਿਭਾ ਨੂੰ ਉਜਾਗਰ ਕਰਨ ਲਈ ਕੁਇਜ਼ ਮੁਕਾਬਲਾ, ਈ-ਪੋਸਟਰ, ਹੱਥ ਨਾਲ ਬਣੀ ਪੋਸਟਰ ਪੇਸ਼ਕਾਰੀ, 34 ਮਾਡਲ ਪੇਸ਼ਕਾਰੀ, ਪੈਨਲ ਚਰਚਾ ਅਤੇ ਸਕਿੱਟ ਜਾਗਰੂਕਤਾ ਵਰਗੀਆਂ ਵੱਖ-ਵੱਖ ਗਤੀਵਿਧੀਆਂ ਕੀਤੀਆਂ ਗਈਆਂ। ਵਿਗਿਆਨਕ ਉੱਤਮਤਾ ਨੂੰ ਉਤਸ਼ਾਹਿਤ ਕਰਕੇ ਅਤੇ ਰਚਨਾਤਮਕਤਾ ਨੂੰ ਉਤਸ਼ਾਹਿਤ ਕਰਕੇ, ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਵਿਗਿਆਨੀਆਂ ਅਤੇ ਨਵੀਨਤਾਕਾਰਾਂ ਦੀ ਅਗਲੀ ਪੀੜ੍ਹੀ ਨੂੰ ਆਕਾਰ ਦੇਣ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾ ਰਹੀ ਹੈ।

# ਡਾ. ਅਕਸ਼ਿਤਾ ਗੁਪਤਾ ਨੇ ਨਗਰ ਨਿਗਮ ਕਮਿਸ਼ਨਰ ਵਜੋਂ ਅਹੁਦਾ ਸੰਭਾਲਿਆ



**ਫਗਵਾੜਾ, (ਇੰਦਰਜੀਤ ਸਿੰਘ ਮਠਾੜੂ, ਜਸਵਿੰਦਰ ਢੱਡਾ, ਡਾ. ਰਮਨ )**

ਡਾ. ਅਕਸ਼ਿਤਾ ਗੁਪਤਾ (ਆਈ ਏ ਐਸ) ਨੇ ਕਮਿਸ਼ਨਰ ਨਗਰ ਨਿਗਮ ਫਗਵਾੜਾ ਵਜੋਂ ਆਪਣਾ ਅਹੁਦਾ ਸੰਭਾਲ ਲਿਆ ਗਿਆ ਹੈ। ਇਸ ਮੌਕੇ ਨਿਗਮ ਦੇ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਉਨ੍ਹਾਂ ਦਾ ਸਵਾਗਤ ਕੀਤਾ ਗਿਆ। ਉਨ੍ਹਾਂ ਨਗਰ ਨਿਗਮ ਦੇ ਮੇਅਰ ਰਾਮਪਾਲ ਉੱਪਲ ਨਾਲ ਵੀ ਮੁਲਾਕਾਤ ਕੀਤੀ। ਡਾ. ਅਕਸ਼ਿਤਾ ਗੁਪਤਾ ਨੇ ਕਿਹਾ ਕਿ ਸ਼ਹਿਰ ਨੂੰ ਸਾਫ ਸੁਥਰਾ ਰੱਖਣਾ ਤੇ ਵਿਕਾਸ ਕੰਮਾਂ ਨੂੰ ਸਮੇਂ ਸਿਰ ਮੁਕੰਮਲ ਕਰਨਾ ਅਤੇ ਫਗਵਾੜਾ ਵਾਸੀਆਂ ਦੇ ਸਾਰੇ ਬੁਨਿਆਦੀ ਮੁੱਦਿਆਂ ਨੂੰ ਹੱਲ ਕਰਨਾ ਉਨ੍ਹਾਂ ਦੀ ਪਹਿਲੀ ਤਰਜੀਹ ਹੋਵੇਗਾ। ਉਨ੍ਹਾਂ ਆਪਣਾ ਆਹੁਦਾ ਸੰਭਾਲਣ ਉਪਰੰਤ ਸਾਰੇ ਅਧਿਕਾਰੀਆਂ/ਕਰਮਚਾਰੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਉਹ ਆਪਣੀ ਡਿਉਟੀ ਪੂਰੀ ਤਨਦੇਹੀ ਅਤੇ ਇਮਾਨਦਰੀ ਨਾਲ ਨਿਭਾਉਣ ਤਾਂ ਜੋ ਫਗਵਾੜਾ ਸ਼ਹਿਰ ਨੂੰ ਸਾਫ ਸੁਥਰਾ ਰੱਖਿਆ ਜਾ ਸਕੇ ਤੇ ਵਿਕਾਸ ਕੰਮਾਂ ਨੂੰ ਸਮੇਂ ਸਿਰ ਮੁਕੰਮਲ ਕੀਤਾ ਜਾ ਸਕੇ।

# ਸਾਡਾ ਉਦੇਸ਼ ਸਮਾਜ 'ਚ ਸਿਹਤ ਸੇਵਾਵਾਂ ਨੂੰ ਬਿਹਤਰ ਬਣਾਉਣਾ : ਡਾ. ਗੁਪਤਾ



**ਡੇਰਾਬੱਸੀ, (ਵਿਨੈ ਕੁਮਾਰ ਜੈਨ)**

ਡੇਰਾਬੱਸੀ ਮੈਡੀਕਲ ਐਸੋਸੀਏਸ਼ਨ ਦੀ ਇੱਕ ਅਹਿਮ ਮੀਟਿੰਗ ਸਥਾਨਕ ਹੋਟਲ ਵਿਖੇ ਹੋਈ। ਮੀਟਿੰਗ ਵਿੱਚ ਐਸੋਸੀਏਸ਼ਨ ਦੇ ਅਧਿਕਾਰੀਆਂ ਅਤੇ ਮੈਂਬਰਾਂ ਨੇ ਸਮਾਜ ਭਲਾਈ ਅਤੇ ਸਿਹਤ ਸੁਧਾਰ ਸਬੰਧੀ ਵੱਖ-ਵੱਖ ਮੁੱਦਿਆਂ 'ਤੇ ਚਰਚਾ ਕੀਤੀ। ਐਸੋਸੀਏਸ਼ਨ ਦੇ ਪ੍ਰਧਾਨ ਡਾ: ਰਾਜੀਵ ਗੁਪਤਾ ਨੇ ਕਿਹਾ, 'ਸਾਡਾ ਉਦੇਸ਼ ਸਮਾਜ ਵਿੱਚ ਸਿਹਤ ਸੇਵਾਵਾਂ ਨੂੰ ਬਿਹਤਰ ਬਣਾਉਣਾ ਹੈ। ਅਸੀਂ ਇਸ ਲਈ ਲਗਾਤਾਰ ਯਤਨਸ਼ੀਲ ਹਾਂ' ਐਸੋਸੀਏਸ਼ਨ ਦੇ ਜਨਰਲ ਸਕੱਤਰ ਡਾ: ਆਕਾਸ਼ ਗੋਸਵਾਮੀ ਨੇ ਕਿਹਾ ਕਿ ਆਮ ਜਨਤਾ ਦੇ ਹਿੱਤਾਂ ਨੂੰ ਮੁੱਖ ਰੱਖਦੇ ਹੋਏ ਸਾਡੀ ਐਸੋਸੀਏਸ਼ਨ ਆਉਣ ਵਾਲੇ ਮਹੀਨੇ ਦੇ 13 ਅਪ੍ਰੈਲ ਨੂੰ ਇੱਕ ਡਾਇਰੈਕਟਰੀ ਲਾਂਚ ਕਰਨ ਜਾ ਰਹੀ ਹੈ। ਇਸ ਡਾਇਰੈਕਟਰੀ ਰਾਹੀਂ ਮੌਜੂਦਾ ਹਾਲਾਤਾਂ ਵਿੱਚ ਆਮ ਲੋਕਾਂ ਨੂੰ ਭਰਪੂਰ ਸਹਿਯੋਗ ਮਿਲੇਗਾ ਅਤੇ ਡਾਕਟਰਾਂ ਅਤੇ ਆਮ ਲੋਕਾਂ ਵਿੱਚ ਇੱਕ ਬਿਹਤਰ ਰਿਸ਼ਤਾ ਕਾਇਮ ਹੋਵੇਗਾ। ਐਸੋਸੀਏਸ਼ਨ ਦੇ ਖਜ਼ਾਨਚੀ ਡਾ: ਵਰੁਣ ਅੱਤਰੀ ਨੇ ਹੋਲੀ ਦੇ ਮਹਾਨ ਤਿਉਹਾਰ ਨੂੰ ਮਨਾਉਣ ਲਈ ਇੱਕ ਵਿਸ਼ੇਸ਼ ਸਮਾਗਮ ਦਾ ਆਯੋਜਨ ਕਰਨ ਬਾਰੇ ਗੱਲ ਕੀਤੀ, ਜੋ ਕਿ ਜੀਵਨ ਨੂੰ ਖੁਸ਼ੀਆਂ ਨਾਲ ਭਰ ਦਿੰਦਾ ਹੈ, ਬਹੁਤ ਧੂਮਧਾਮ ਅਤੇ ਪ੍ਰਦਰਸ਼ਨ ਨਾਲ ਡੀ.ਐਮ.ਏ. ਡਾਕਟਰਜ਼ ਮੈਡੀਕਲ ਐਸੋਸੀਏਸ਼ਨ (ਡੀਐਮਏ) ਦੀ ਸਮਾਜ ਪ੍ਰਤੀ ਸੇਵਾ ਭਾਵਨਾ ਨੂੰ ਦੇਖਦਿਆਂ ਨਵੇਂ ਡਾਕਟਰ ਵੀ ਇਸ ਵਿੱਚ ਸ਼ਾਮਲ ਹੋ ਰਹੇ ਹਨ। ਡਾ: ਸੰਜੀਵ ਗੁਪਤਾ (ਡੀ.ਐਮ.ਏ. ਚੇਅਰਮੈਨ) ਨੇ ਨਵੇਂ ਡਾਕਟਰਾਂ ਨੂੰ ਵਧਾਈ ਦਿੱਤੀ ਅਤੇ ਸਵਾਗਤ ਕੀਤਾ । ਡਾ.ਅਫ਼ਸਰ ਅਲੀ (ਸਲਾਹਕਾਰ ਡੀ.ਐਮ.ਏ.) ਨੇ ਖੇਡਾਂ ਅਤੇ ਗਤੀਵਿਧੀਆਂ ਲਈ ਵਿਸ਼ੇਸ਼ ਢਾਂਚੇ ਬਾਰੇ ਵਿਸ਼ੇਸ਼ ਚਰਚਾ ਕੀਤੀ। ਡਾ: ਪਾਰਸ ਸੂਰੀ (ਆਡੀਟਰ ਡੀ.ਐਮ.ਏ.) ਅਤੇ ਪਰਮਦੀਪ ਸਿੰਘ ਮਹਿਣਾ ਨੇ ਕੂੜਾ ਪ੍ਰਬੰਧਨ ਦੇ ਸੁਧਾਰ ਸਬੰਧੀ ਵਿਸ਼ੇਸ਼ ਗੱਲਬਾਤ ਕੀਤੀ ਅਤੇ ਆਉਣ ਵਾਲੇ ਇੱਕ ਮਹੀਨੇ ਵਿੱਚ ਇਸ ਸਹੂਲਤ ਨੂੰ ਹੋਰ ਬਿਹਤਰ ਬਣਾਉਣ ਲਈ ਯੋਗ ਕਦਮ ਚੁੱਕਣ ਦਾ ਭਰੋਸਾ ਦਿੱਤਾ। ਇਸ ਮੌਕੇ ਡਾ: ਵਿਵੇਕ ਆਹੂਜਾ, ਡਾ: ਸਤਵਿੰਦਰ ਸੈਣੀ, ਡਾ: ਤੁਸ਼ਾਰ, ਡਾ: ਸੁਭਮ, ਡਾ: ਨੌਸਾਦ ਅੰਸਾਰੀ, ਡਾ: ਰਾਜੀਵ ਸ਼ਰਮਾ, ਡਾ: ਨਿਧੀ ਗੁਪਤਾ, ਡਾ: ਰਵੀਨਾ ਸੂਰੀ, ਡਾ: ਅਰੁਣਾ ਸ਼ਰਮਾ, ਡਾ: ਮੁਕੁਲ ਬੱਗਾ ਸਮੇਤ ਐਸੋਸੀਏਸ਼ਨ ਦੇ ਕਈ ਅਧਿਕਾਰੀ ਅਤੇ ਮੈਂਬਰ ਹਾਜ਼ਰ ਸਨ ।

# ਜੀ ਐੱਮ ਕੁਸ਼ ਰਾਜ ਨੂੰ ਤੁਰੰਤ ਬਹਾਲ ਕੀਤਾ ਜਾਵੇ : ਡਾ. ਸਾਬੀ

**ਕਾਲਾ ਸੰਘਿਆਂ (ਮਨਜੀਤ ਕੌਰ ਮਾਨ)**— ਵਾਲਮੀਕੀ ਤੀਰਥ ਦੇ ਜੀ ਐਮ ਕੁਸ਼ ਰਾਜ ਨੂੰ ਜਲਦ ਬਹਾਲ ਕੀਤਾ ਜਾਵੇ। ਪੰਜਾਬ ਪ੍ਰਧਾਨ ( ਵਾਧਸ) ਸਾਬੀ ਆਦਿਵਾਸੀ ਪਾਵਨ ਵਾਲਮੀਕੀ ਤੀਰਥ ਅੰਮ੍ਰਿਤਸਰ ਦੇ ਟਰਮੀਨੇਟ ਕੀਤੇ ਗਏ ਜੀ ਐਮ ਨੂੰ ਦੁਬਾਰਾ ਬਹਾਲ ਕੀਤਾ ਜਾਵੇ। ਵਾਲਮੀਕੀ ਧਰਮ ਸਮਾਜ ਵਾਧਸ ਦੇ ਪੰਜਾਬ ਪ੍ਰਧਾਨ ਡਾਕਟਰ ਸਾਬੀ ਆਦਿਵਾਸੀ ਨੇ ਪੰਜਾਬ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ ਜੀਐਮ ਕੁਸ਼ ਰਾਜ ਵੱਲੋਂ ਹੁਣ ਤੱਕ ਦੀਆਂ ਨਿਭਾਈਆਂ ਗਈਆਂ ਜ਼ਿੰਮੇਵਾਰੀਆਂ ਨੇ ਵਾਲਮੀਕੀ ਤੀਰਥ ਅੰਮ੍ਰਿਤਸਰ ਵਿੱਚ ਮਰਿਆਦਾ ਕਾਇਮ ਕੀਤੀ ਹੈ ਜੋ ਕੁਝ ਸ਼ਰਾਰਤੀ ਅਨਸਰਾਂ ਨੂੰ ਹਜ਼ਮ ਨਹੀਂ ਹੋ ਰਹੀ ,ਪਰ ਜੀ ਐਮ ਕੁਸ਼ ਰਾਜ ਨੂੰ ਹਟਾਏ ਜਾਣ ਤੇ ਵਾਲਮੀਕੀ ਸਮਾਜ ਵਿੱਚ ਭਾਰੀ ਰੋਸ ਹੈ। ਵਾਲਮੀਕੀ ਸਮਾਜ ਦੀ ਮੰਗ ਹੈ ਕਿ ਕੁਸ਼ ਰਾਜ ਨੂੰ ਦੁਬਾਰਾ ਜੀ ਐਮ ਅਹੁਦੇ 'ਤੇ ਬਹਾਲ ਕੀਤਾ ਜਾਵੇ।



# ਸੇਂਟ ਸੋਲਜਰ ਕਾਲਜ ਨੇ 'ਭਾਰਤੀ ਸੰਗੀਤ ਦੀ ਧਰੁਪਦ ਗਾਇਨ ਸ਼ੈਲੀ' ਵਾਲੇ ਲੈਕਚਰ ਪ੍ਰਦਰਸ਼ਨ ਦੀ ਮੇਜ਼ਬਾਨੀ ਕੀਤੀ

**ਜਲੰਧਰ (ਇਕਬਾਲ ਸਿੰਘ ਉੱਭੀ)**

ਸੇਂਟ ਸੋਲਜਰ ਕਾਲਜ ਬਸਤੀ ਦਾਨਿਸ਼ਮੰਦਾਂ ਨੇ 'ਭਾਰਤੀ ਸੰਗੀਤ ਦੀ ਧਰੁਪਦ ਗਾਇਨ ਸ਼ੈਲੀ' ਵਾਲੇ ਲੈਕਚਰ ਪ੍ਰਦਰਸ਼ਨ ਦੀ ਮੇਜ਼ਬਾਨੀ ਕੀਤੀ। ਇਹ ਸਮਾਗਮ ਕਾਲਜ ਦੇ ਸੰਗੀਤ ਵਿਭਾਗ ਵਿੱਚ ਹੋਇਆ ਅਤੇ ਇਸ ਦੀ ਅਗਵਾਈ ਲਵਲੀ ਪ੍ਰੋਫ਼ੈਸ਼ਨਲ ਯੂਨੀਵਰਸਿਟੀ ਦੇ ਥੀਏਟਰ ਅਤੇ ਸੰਗੀਤ ਵਿਭਾਗ ਵਿੱਚ ਐਸੋਸੀਏਟ ਪ੍ਰੋਫੈਸਰ ਡਾ. ਅਮਨਦੀਪ ਸਿੰਘ ਨੇ ਕੀਤੀ। ਸੈਸ਼ਨ ਦੀ ਸ਼ੁਰੂਆਤ ਡਾ.ਅਮਨਦੀਪ ਸਿੰਘ, ਪ੍ਰਿੰਸੀਪਲ ਡਾ. ਸੁਨੀਲ ਕੁਮਾਰ ਅਤੇ ਮੈਡਮ ਇਕਵੀਰ ਕੌਰ ਅਤੇ ਸਟਾਫ਼ ਮੈਂਬਰਾਂ ਵੱਲੋਂ ਦੀਪ ਜਗ੍ਹਾ ਕੇ ਅਰਦਾਸ ਕਰਕੇ ਕੀਤੀ ਗਈ। ਇਸ ਉਪਰੰਤ ਕਾਲਜ ਦੇ ਵਿਦਿਆਰਥੀ ਰਮਨਦੀਪ ਸਿੰਘ ਨੇ ਆਪਣੀ ਗਾਇਨ ਪ੍ਰਸਤੁਤੀ ਦਿੱਤੀ ਜਿਸ ਵਿਚ ਦੀਪਕ ਗੋਰੀ ਨੇ ਤਬਲਾ ਅਤੇ ਪੰਕਜ ਨੇ ਹਰਮੋਨੀਅਮ ਤੇ ਸਾਥ ਦਿੱਤਾ। ਇਸ ਉਪਰੰਤ ਪ੍ਰਿੰਸੀਪਲ ਡਾ. ਸੁਨੀਲ ਕੁਮਾਰ ਨੇ ਆਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ। ਡਾ.ਅਮਨਦੀਪ ਸਿੰਘ ਨੇ ਧਰੁਪਧ ਸੰਗੀਤ ਸ਼ੈਲੀ ਬਾਰੇ ਜਾਣਕਾਰੀ ਸਾਂਝੀ ਕੀਤੀ। ਡਾ. ਅਮਨਦੀਪ ਸਿੰਘ ਸਰਗਰਮੀ ਨਾਲ ਜੁੜੇ ਵਿਦਿਆਰਥੀ ਨੇ ਧਰੁਪੱਧ ਦੀਆ ਤਕਨੀਕਾਂ ਬਾਰੇ ਸਵਾਲ ਉਠਾਉਂਦੇ ਹੋਏ ਸਵਾਲ ਕੀਤੇ ਜਿਸ ਦੇ ਬਹੁਤ ਸੋਹਣੇ ਢੰਗ ਨਾਲਉਤਰ ਦਿੱਤੇ ਗਏ। ਸੈਮੀਨਾਰ ਦੇ ਅੰਤ ਵਿੱਚ ਵਿਭਾਗ ਦੇ ਮੁਖੀ ਪ੍ਰੋ.ਹਰਜੋਤ ਸਿੰਘ ਨੇ ਡਾ.ਅਮਨਦੀਪ ਸਿੰਘ, ਪ੍ਰਿੰਸੀਪਲ ਅਤੇ ਸਟਾਫ਼ ਦਾ ਧੰਨਵਾਦ ਕੀਤਾ। ਚੇਅਰਮੈਨ ਅਨਿਲ ਚੋਪੜਾ, ਵਾਈਸ ਚੇਅਰਪਰਸਨ ਸ਼੍ਰੀਮਤੀ ਸੰਗੀਤਾ ਚੋਪੜਾ ਅਤੇ ਮੈਨੇਜਿੰਗ ਡਾਇਰੈਕਟਰ ਡਾ. ਮਨਹਰ ਅਰੋੜਾ ਸਮੇਤ ਕਾਲਜ ਦੀ ਲੀਡਰਸ਼ਿਪ ਨੇ ਵਿਦਿਆਰਥੀਆਂ ਦੇ ਅਕਾਦਮਿਕ ਵਿਕਾਸ ਲਈ ਅਜਿਹੇ ਵੱਡਮੁੱਲੇ ਸਮਾਗਮ ਦੇ ਆਯੋਜਨ ਲਈ ਫੈਕਲਟੀ ਦੀ ਸ਼ਲਾਘਾ ਕੀਤੀ।



# ਲੇਬਰ ਪਾਰਟੀ ਦੇ ਵਫਦ ਨੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੂੰ ਮਿਲ ਹੁਸ਼ਿਆਰਪੁਰ ਆਉਣ 'ਤੇ ਦਿੱਤੀ ਵਧਾਈ

**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**- ਲੇਬਰ ਪਾਰਟੀ ਦਾ ਵਫਦ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੂੰ ਮਿਲਿਆ ਤੇ ਉਨ੍ਹਾਂ ਨੂੰ ਹੁਸ਼ਿਆਪੁਰ ਵਿੱਚ ਜੁਆਇਨ ਕਰਨ 'ਤੇ ਵਧਾਈ ਦਿੱਤੀ ਤੇ ਉਨ੍ਹਾਂ ਨੂੰ ਧੀਮਾਨ ਨੇ ਪੂਰਨ ਰੂਪ ਵਿੱਚ ਸਹਿਯੋਗ ਦੇਣ ਦਾ ਬਾਅਦਾ ਵੀ ਕੀਤਾ ਤੇ ਸਰਕਾਰ ਨੂੰ ਅਪੀਲ ਕੀਤੀ ਕਿ ਸਾਰੇ ਅਧਿਕਾਰੀਆਂ ਨੂੰ ਨਿਯਮਾਂ ਅਨੁਸਾਰ ਕੰਮ ਕਰਨ ਦੀ ਪੂਰਨ ਅਜ਼ਾਦੀ ਦਿੱਤੀ ਜਾਵੇ ਤਾਂ ਕਿ ਹਰ ਕੰਮ ਯੋਗਤਾ ਦੇ ਅਧਾਰ ਅਤੇ ਬਿਨ੍ਹਾਂ ਕਿਸੇ ਸਿਫਾਰਸ਼ ਅਤੇ ਰਾਜਨੀਤਕ ਦਖ਼ਲ ਅੰਦਾਜੀ ਤੋਂ ਹੋ ਸਕੇ। ਉਨ੍ਹਾਂ ਕਿਹਾ ਕਿ ਲੋਕਾਂ ਵਿਚ ਆਤਮਨਿਭਰਤਾ ਪੈਦਾ ਕਰਨ ਦੀ ਸਖਤ ਲੋੜ ਹੈ। ਇਸ ਮੌਕੇ ਪਾਰਟੀ ਮੀਤ ਪ੍ਰਧਾਨ ਜਸਵਿੰਦਰ ਕੁਮਾਰ, ਜਿਲ੍ਹਾ ਸਕੱਤਰ ਗੁਰਬਚਨ ਸਿੰਘ, ਹਰਜੀਤ ਸਿੰਘ, ਰਾਕੇਸ਼ ਬਾਲਾ, ਬਲਵੀਰ ਕੁਮਾਰ, ਤਰਲੋਕ ਸਿੰਘ ਅਤੇ ਸੁਰਜੀਤ ਕੁਮਾਰ ਆਦਿ ਹਾਜਰ ਸਨ।



# ਗੌਰਮਿੰਟ ਟੀਚਰਜ਼ ਯੂਨੀਅਨ ਵੱਲੋਂ 8 ਦੇ ਰੋਸ ਮਾਰਚ ਦੀਆਂ ਤਿਆਰੀਆਂ ਜ਼ੋਰਾਂ 'ਤੇ : ਸ਼ਰਮਾ



ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ) ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਵਿੱਚ ਸਕੱਤਰ ਅਮਨਦੀਪ ਸ਼ਰਮਾ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਪ੍ਰਧਾਨ ਪ੍ਰਿਤਪਾਲ ਸਿੰਘ ਚੌਟਾਲਾ ਅਤੇ ਅਮਰ ਸਿੰਘ ਨੇ ਦੱਸਿਆ ਕਿ ਸਿੱਖਿਆ ਮੰਤਰੀ ਪੰਜਾਬ ਵੱਲੋਂ ਸਾਂਝੇ ਅਧਿਆਪਕ ਮੋਰਚੇ ਵੱਲੋਂ ਮੀਟਿੰਗ ਬੁਲਾ ਕੇ ਤੇ ਮੀਟਿੰਗ ਵਿੱਚ ਮੰਨੀਆਂ ਮੰਗਾਂ ਤੋਂ ਆਨਾਕਾਨੀ ਕਰਨ ਅਤੇ ਅਧਿਆਪਕ ਮੰਗਾਂ ਮਸਲਿਆਂ ਨੂੰ ਹੱਲ ਨਾ ਕਰਨ ਦੇ ਵਿਰੋਧ 'ਚ ਸਾਂਝਾ ਅਧਿਆਪਕ ਮੋਰਚਾ ਪੰਜਾਬ ਦੇ ਝੰਡੇ ਥੱਲੇ ਸਿੱਖਿਆ ਮੰਤਰੀ ਦੇ ਹਲਕੇ ਵਿੱਚ 8 ਮਾਰਚ ਨੂੰ ਅਨੰਦਪੁਰ ਸਾਹਿਬ ਵਿਖੇ ਸੂਬਾ ਪੱਧਰੀ ਰੋਸ ਮਾਰਚ ਕੀਤਾ ਜਾ ਰਿਹਾ ਹੈ। ਪੰਜਾਬ ਭਰ ਵਿੱਚ ਇਸ ਦੀਆਂ ਤਿਆਰੀਆਂ ਜ਼ੋਰਾਂ 'ਤੇ ਚੱਲ ਰਹੀਆਂ ਹਨ ਤੇ ਇਸ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਅਧਿਆਪਕ ਸ਼ਾਮਿਲ ਹੋਣਗੇ।ਇਸ ਸਬੰਧੀ ਪੰਜਾਬ ਭਰ ਦੇ ਆਗੂਆਂ ਦੀਆਂ ਡਿਊਟੀਆਂ ਵੀ ਲਗਾਈਆਂ ਗਈਆਂ ਹਨ।ਰੈਲੀ ਦੀ ਤਿਆਰੀ ਲਈ ਅਧਿਆਪਕਾਂ ਨਾਲ ਡੋਰ ਟੂ ਡੋਰ ਤੇ ਸਕੂਲ ਟੂ ਸਕੂਲ ਜਾ ਕੇ ਰਾਬਤਾ ਕੀਤਾ ਜਾ ਰਿਹਾ ਹੈ।ਅਧਿਆਪਕ ਯੂਨੀਅਨ ਦੇ ਆਗੂਆਂ ਨੇ ਕਿਹਾ ਕਿ ਸਿੱਖਿਆ ਮੰਤਰੀ ਅਧਿਆਪਕਾਂ ਦੀਆਂ ਮੰਨੀਆਂ ਮੰਗਾਂ ਲਾਗੂ ਕਰਨ ਦੇ ਲਈ ਤਿਆਰ ਨਹੀਂ ਹੈ।ਇਸ ਲਈ ਉਨ੍ਹਾਂ ਨੂੰ ਸੰਘਰਸ਼ ਦੇ ਰਾਹ ਪੈਣਾ ਪੈ ਰਿਹਾ ਹੈ।ਇਸ ਸਮੇਂ ਵਿਕਾਸ ਸ਼ਰਮਾ, ਦਵਿੰਦਰ ਸਿੰਘ, ਨਰਿੰਦਰ ਮੰਗਲ , ਸਰਬਜੀਤ ਸਿੰਘ, ਸਚਿਨ ਕੁਮਾਰ, ਕਮਲਦੀਪ ਸਿੰਘ, ਅਨੁਪਮ ਰਤਨ, ਮਦਨ ਲਾਲ, ਹਰਜਿੰਦਰ ਸਿੰਘ, ਸੰਦੀਪ ਕੁਮਾਰ ਅਤੇ ਮੈਡਮ ਸੁਮਨ ਕਜਲਾ ਹਾਜ਼ਰ ਸਨ।

# ਡਾਕਟਰ ਦੀ ਪ੍ਰਵਾਨਗੀ ਤੋਂ ਬਿਨਾਂ ਫਾਰਮੇਸੀ ਵੱਲੋਂ ਨਾ ਦਿੱਤੀ ਜਾਵੇ ਪ੍ਰੀਗਾਬਾਲਿਨ ਦਵਾਈ : ਜ਼ਿਲ੍ਹਾ ਮੈਜਿਸਟ੍ਰੇਟ

ਨਵਾਂਸ਼ਹਿਰ, (ਮਨੋਜ ਲਾਡੀ) ਜ਼ਿਲ੍ਹਾ ਮੈਜਿਸਟ੍ਰੇਟ, ਸ਼ਹੀਦ ਭਗਤ ਸਿੰਘ ਨਗਰ ਅੰਕੁਰਜੀਤ ਸਿੰਘ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੁਕਮ ਜਾਰੀ ਕੀਤਾ ਹੈ ਕਿ ਪ੍ਰੀਗਾਬਾਲਿਨ ਦਵਾਈ ਨੂੰ ਕੇਵਲ ਸਮਰੱਥ ਡਾਕਟਰ ਦੀ ਪ੍ਰਵਾਨਗੀ ਦੇ ਆਧਾਰ 'ਤੇ ਹੀ ਅਤੇ ਮਿੱਥੇ ਹੋਏ ਸਮੇਂ ਲਈ ਹੀ ਫਾਰਮੇਸੀ ਵੱਲੋਂ ਦਿੱਤਾ ਜਾਵੇ।ਉਨ੍ਹਾਂ ਹਦਾਇਤ ਕਰਦਿਆਂ ਕਿਹਾ ਕਿ ਫਾਰਮੇਸੀ ਵੱਲੋਂ ਇਸ ਦਵਾਈ ਦਾ ਮੁਕੰਮਲ ਰਿਕਾਰਡ ਰੱਖਿਆ ਜਾਵੇ।ਉਨ੍ਹਾਂ ਕਿਹਾ ਕਿ ਸਿਵਲ ਸਰਜਨ, ਸ਼ਹੀਦ ਭਗਤ ਸਿੰਘ ਨਗਰ ਨੇ ਆਪਣੇ ਦਫ਼ਤਰ ਦੇ ਪੱਤਰ ਨੰਬਰ ਡਰੱਗਜ਼/2023/452 ਮਿਤੀ 24.8.2023 ਰਾਹੀਂ ਦੱਸਿਆ ਹੈ ਕਿ ਪ੍ਰੀਗਾਬਾਲਿਨ ਦੀ ਵਰਤੋਂ ਫਾਈਬਰੋ ਮਾਇਲਜੀਆ/ਨਿਊਰਾਲਜੀਆ ਆਦਿ ਬਿਮਾਰੀਆਂ ਨਾਲ ਸਬੰਧਤ ਮਰੀਜ਼ਾਂ ਦੇ ਇਲਾਜ ਲਈ ਆਮ ਤੌਰ 'ਤੇ ਮੈਡੀਕਲ ਸਪੈਸ਼ਲਿਸਟ/ ਸਾਈਕੈਟਰਿਸਟ/ ਜੀ ਡੀ ਐਮ ਓ ਵੱਲੋਂ ਕੀਤੀ ਜਾਂਦੀ ਹੈ, ਪਰ ਜ਼ਿਆਦਾ ਮਾਤਰਾ ਵਿਚ ਪ੍ਰੀਗਾਬਾਲਿਨ ਦੀ ਦੁਰਵਰਤੋਂ ਨਸ਼ੇ ਦੇ ਤੌਰ 'ਤੇ ਕੀਤੀ ਜਾ ਸਕਦੀ ਹੈ। ਇਸ ਲਈ ਪ੍ਰੀਗਾਬਾਲਿਨ ਦਵਾਈ ਕੇਵਲ ਸਮਰੱਥ ਡਾਕਟਰ ਦੀ ਪ੍ਰਵਾਨਗੀ ਦੇ ਆਧਾਰ 'ਤੇ ਹੀ ਅਤੇ ਮਿੱਥੇ ਹੋਏ ਸਮੇਂ ਲਈ ਹੀ ਫਾਰਮੇਸੀ ਵੱਲੋਂ ਦਿੱਤੀ ਜਾਣੀ ਚਾਹੀਦੀ ਹੈ।

# ਡਰੱਗ ਇੰਸਪੈਕਟਰ ਕਾਲੀਆ ਵੱਲੋਂ ਮੈਡੀਕਲ ਸਟੋਰਾਂ ਦੀ ਚੈਕਿੰਗ



ਭੁਲੱਥ, (ਮਨਪ੍ਰੀਤ ਸਿੰਘ) ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਚੱਲ ਰਹੀ ਨਸ਼ਾ ਵਿਰੋਧੀ ਮੁਹਿੰਮ ਤਹਿਤ ਚੱਲ ਰਹੀ ਲਗਾਤਾਰ ਚੈਕਿੰਗ ਦੇ ਮੱਦੇਨਜ਼ਰ, ਇੱਥੋਂ ਥੋੜ੍ਹੀ ਦੂਰੀ 'ਤੇ ਪੈਂਦੇ ਪਿੰਡ ਚੌਂਕ ਬਜਾਜ ਅੱਡਾ ਭੱਠਾ ਭਟਨੂਰਾ ਵਿਖੇ ਸਥਿਤ ਐਮ.ਐਸ ਮੈਡੀਕਲ ਸਟੋਰ 'ਤੇ ਜ਼ਿਲ੍ਹਾ ਡਰੱਗ ਇੰਸਪੈਕਟਰ ਕਪੂਰਥਲਾ ਮੈਡਮ ਅਨੁਪਮਾ ਕਾਲੀਆ ਵੱਲੋਂ ਪੁਲਸ ਪਾਰਟੀ ਸਮੇਤ ਚੈਕਿੰਗ ਕੀਤੀ ਗਈ। ਇਸ ਮੌਕੇ ਸੇਲ ਪਰਚੇਜ ਦਾ ਰਿਕਾਰਡ ਚੈਕਿੰਗ ਕਰਨ ਉਪਰੰਤ ਐਮ ਐਸ ਮੈਡੀਕਲ ਸਟੋਰ 'ਚੋਂ 12 ਪ੍ਰਕਾਰ ਦੀਆਂ ਸ਼ਡਿਊਲ ਐਚ ਵਨ ਨਾਲ ਸੰਬੰਧਿਤ ਹਾਇਰ ਐਂਟੀਬਾਇਟਕ ਦਵਾਈਆਂ ਫੜੀਆਂ । ਜਿਨ੍ਹਾਂ ਦਾ ਰਿਕਾਰਡ ਮੈਡੀਕਲ ਸਟੋਰ ਦਾ ਮਾਲਕ ਦਿਖਾਉਣ ਤੋਂ ਅਸਮਰੱਥ ਰਿਹਾ। ਮੈਡਮ ਕਾਲੀਆ ਨੇ ਦੱਸਿਆ ਕਿ ਇਹਨਾਂ ਦਵਾਈਆਂ ਦੀ ਕੀਮਤ ਲਗਭਗ 42,000 ਰੁਪਏ ਬਣਦੀ ਹੈ । ਇਸੇ ਤਰ੍ਹਾਂ ਹੀ ਨਾਲ ਦੀ ਦੁਕਾਨ ਵਿੱਚੋਂ 250 ਗੋਲੀਆਂ ਇਟੋਜੋਲਾਮ ਬਰਾਮਦ ਕੀਤੀਆਂ ਗਈਆਂ, ਜੋ ਕਈ ਲੋਕ ਨਸ਼ੇ ਦੇ ਤੌਰ 'ਤੇ ਨਜਾਇਜ਼ ਇਸਦੀ ਦੁਰਵਰਤੋਂ ਕਰਦੇ ਹਨ । ਰਿਕਵਰੀ ਕਰਕੇ ਸਬੰਧਤ ਪਲਿਸ ਪ੍ਰਸ਼ਾਸਨ ਭੁਲੱਥ ਦੇ ਹਵਾਲੇ ਕੀਤੀਆਂ ਗਈਆਂ, ਜਿਸ ਤਹਿਤ ਦੁਕਾਨ ਮਾਲਕ 'ਤੇ ਪਰਚਾ ਦਰਜ ਕੀਤਾ ਗਿਆ ।ਇਸ ਮੌਕੇ ਐਸ.ਐਚ.ਓ ਭੁਲੱਥ ਹਰਜਿੰਦਰ ਸਿੰਘ ਪੁਲਸ ਪਾਰਟੀ ਸਮੇਤ ਹਾਜਰ ਸਨ।

# ਬਲਾਕ ਸ੍ਰੀ ਚਮਕੌਰ ਦੇ ਕਿਸਾਨ ਆਗੂਆਂ ਨੂੰ ਥਾਣੇ 'ਚ ਕੀਤਾ ਬੰਦ

ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ) ਐਸ ਕੇ ਐਮ ਵੱਲੋਂ 5 ਮਾਰਚ ਨੂੰ ਚੰਡੀਗੜ੍ਹ ਕੂਚ ਕਰਨ ਦੇ ਕੀਤੇ ਐਲਾਨ ਤੋਂ ਡਰੀ ਪੰਜਾਬ ਸਰਕਾਰ ਵੱਲੋਂ ਕਿਸਾਨ ਆਗੂਆਂ ਨੂੰ ਪੁਲਸ ਵੱਲੋਂ ਫੜ ਕੇ ਥਾਣਿਆਂ ਵਿੱਚ ਬੰਦ ਕੀਤਾ ਜਾ ਰਿਹਾ ਹੈ।ਥਾਣਾ ਸ੍ਰੀ ਚਮਕੌਰ ਸਾਹਿਬ ਦੀ ਪੁਲਸ ਵੱਲੋਂ ਐਸ ਕੇ ਐਮ ਨਾਲ ਸੰਬੰਧਿਤ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਪੰਜਾਬ ਪੱਧਰ ਦੇ ਸਰਗਰਮ ਆਗੂ ਤਲਵਿੰਦਰ ਸਿੰਘ ਗੱਗੋਂ, ਜ਼ਿਲ੍ਹਾ ਪ੍ਰਧਾਨ ਇਕਬਾਲ ਸਿੰਘ ਸ੍ਰੀ ਚਮਕੌਰ ਸਾਹਿਬ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਬਲਾਕ ਪ੍ਰਧਾਨ ਜਗੀਰ ਸਿੰਘ ਪਿੰਡ ਬਜੀਦਪੁਰ, ਹਰਿੰਦਰ ਸਿੰਘ ਪਿੰਡ ਸੱਲੋਮਾਜਰਾ ਅਤੇ ਜਤਿੰਦਰਪਾਲ ਸਿੰਘ ਜਿੰਦੂ ਪਿੰਡ ਖੋਖਰਾਂ ਨੂੰ ਥਾਣੇ ਵਿੱਚ ਨਜ਼ਰਬੰਦ ਕੀਤਾ ਗਿਆ।ਕਿਸਾਨ ਆਗੂ ਤਲਵਿੰਦਰ ਸਿੰਘ ਗੱਗੋਂ, ਜਗੀਰ ਸਿੰਘ ਅਤੇ ਇਕਬਾਲ ਸਿੰਘ ਨੇ ਕਿਹਾ ਕਿ ਸਰਕਾਰ ਕਿਸਾਨਾਂ ਨੂੰ ਜੇਲ੍ਹਾਂ ਵਿੱਚ ਬੰਦ ਕਰਕੇ ਉਨ੍ਹਾਂ ਦੇ ਹੌਂਸਲੇ ਤੋੜ ਨਹੀਂ ਸਕਦੀ।



# ਡਾ. ਪਰਵਿੰਦਰ ਸਿੰਘ ਨੇ ਲੈਮਰਿਨ ਵਾਈਸ ਚਾਂਸਲਰ ਵਜੋਂ ਅਹੁਦਾ ਸੰਭਾਲਿਆ



ਬਲਾਚੌਰ ( ਜਸਵਿੰਦਰ ਬੈਂਸ) ਪ੍ਰੋ. ਡਾ. ਪਰਵਿੰਦਰ ਸਿੰਘ ਨੇ ਲੈਮਰਿਨ ਟੈਕ ਸਕਿੱਲਜ਼ ਯੂਨੀਵਰਸਿਟੀ ਪੰਜਾਬ ਵਿਖੇ ਵਾਈਸ ਚਾਂਸਲਰ ਵਜੋਂ ਅਹੁਦਾ ਸੰਭਾਲਿਆ ਹੈ। ਉਹ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੋਂ ਕੈਮਿਸਟਰੀ ਵਿੱਚ ਪੀ ਐਚ ਡੀ ਹਨ ਅਤੇ ਉਨ੍ਹਾਂ ਨੂੰ ਅਕਾਦਮਿਕ ਅਤੇ ਪ੍ਰਸ਼ਾਸਨ ਵਿੱਚ ਲਗਭਗ 39 ਸਾਲਾਂ ਤੋਂ ਵੱਧ ਦਾ ਤਜਰਬਾ ਹੈ। ਐਲਟੀਐਸਯੂ ਪੰਜਾਬ ਵਿੱਚ ਅਹੁਦਾ ਸੰਭਾਲਣ 'ਤੇ ਡਾ. ਸੰਦੀਪ ਸਿੰਘ ਕੌੜਾ ਚਾਂਸਲਰ ਐਲਟੀਐਸਯੂ ਪੰਜਾਬ ਅਤੇ ਯੂਨੀਵਰਸਿਟੀ ਦੇ ਸੀਨੀਅਰ ਅਧਿਕਾਰੀਆਂ ਨੇ ਉਨ੍ਹਾਂ ਦਾ ਸਵਾਗਤ ਕੀਤਾ।ਉਨ੍ਹਾਂ ਕੋਲ ਐਨ ਈ ਏਸ਼ੀਆ ਫੈਲੋਸ਼ਿਪ, ਯੂ.ਟੀ. ਵਰਗੇ ਕਈ ਪੁਰਸਕਾਰ ਮੈਰਿਟ ਸਕਾਲਰਸ਼ਿਪ ਅਤੇ ਮਾਨਤਾ ਹੈ।ਅਕਾਦਮਿਕ, ਪ੍ਰਸ਼ਾਸਕ, ਖੋਜਕਰਤਾ, ਸਰਕਾਰੀ ਅਧਿਕਾਰੀ, ਬੁੱਧੀਜੀਵੀ ਭਾਈਚਾਰਾ, ਨਿਆਂਇਕ, ਸਿਵਲ ਅਧਿਕਾਰੀ, ਆਲ ਇੰਡੀਆ ਵੀਸੀ, ਦੇ ਫੋਰਮ, ਪ੍ਰਧਾਨ ਸੀਆਈਪੀਯੂ, ਨੇ ਨਵ-ਨਿਯੁਕਤ ਵਾਈਸ ਚਾਂਸਲਰ ਡਾ ਪਰਵਿੰਦਰ ਸਿੰਘ ਨੂੰ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ।

# 'ਪੰਜਾਬ ਸੰਭਾਲੋ ਰੈਲੀ' ਲਈ ਬਸਪਾ ਆਗੂਆਂ 'ਚ ਭਾਰੀ ਉਤਸ਼ਾਹ : ਐਡਵੋਕੇਟ ਮਾਨਾ

ਹੁਸ਼ਿਆਰਪੁਰ (ਓ ਪੀ ਰਾਣਾ ) ਬਹੁਜਨ ਸਮਾਜ ਪਾਰਟੀ ਪੰਜਾਬ ਵੱਲੋਂ ਬਸਪਾ ਬਾਨੀ ਸਾਹਿਬ ਕਾਂਸੀ ਰਾਮ ਜੀ ਦੇ ਜਨਮ ਦਿਨ 'ਤੇ 15 ਮਾਰਚ ਨੂੰ ਦਾਣਾ ਮੰਡੀ ਫਗਵਾੜਾ ਵਿਖੇ ਰੱਖੀ 'ਪੰਜਾਬ ਸੰਭਾਲੋ ਰੈਲੀ' ਲਈ ਪਾਰਟੀ ਵਰਕਰਾਂ ਅਤੇ ਪੰਜਾਬ ਵਾਸੀਆਂ ਅੰਦਰ ਭਾਰੀ ਉਤਸ਼ਾਹ ਹੈ। ਇਨਾਂ ਵਿਚਾਰਾਂ ਦਾ ਪ੍ਰਗਟਾਵਾ ਪਿੰਡ ਨੌਨੀਤਪੁਰ ਵਿਖੇ ਮੀਟਿੰਗ ਦੌਰਾਨ ਮੁੱਖ ਮਹਿਮਾਨ ਐਡਵੋਕੇਟ ਪਲਵਿੰਦਰ ਮਾਨਾ ਇੰਚਾਰਜ ਹਲਕਾ ਚੱਬੇਵਾਲ ਨੇ ਕੀਤਾ ਜੋ ਕਿ ਆਪਣੇ ਸਾਥੀਆਂ ਨਾਲ ਸ਼ਾਮਲ ਹੋਏ।ਉਨ੍ਹਾ ਨੇ ਪਾਰਟੀ ਦੀਆ ਹਦਾਇਤਾਂ ਅਨੁਸਾਰ 15 ਤਾਰੀਕ ਨੂੰ ਹੋਣ ਵਾਲੀ ਰੈਲੀ ਦੇ ਸੰਬੰਧ ਵਿੱਚ ਇੱਕ ਜੁੱਟ ਹੋ ਕੇ ਉੱਥੇ ਪਹੁੰਚਣ ਦੀ ਅਪੀਲ ਕੀਤੀ। ਇਸ ਮੌਕੇ ਪਿੰਡ ਵਾਸੀਆਂ ਤੇ ਵਰਕਰਾਂ ਵਲੋਂ ਵੱਡੀ ਗੱਡੀ ਦਾ ਪ੍ਰਬੰਧ ਕਰਕੇ ਦਾਣਾ ਮੰਡੀ ਫਗਵਾੜਾ ਵਿਖੇ ਪਹੁੰਚਣ ਦਾ ਵਿਸ਼ਵਾਸ ਦੁਆਇਆ।ਇਸ ਮੌਕੇ ਹਲਕਾ ਇੰਚਾਰਜ ਐਡਵੋਕੇਟ ਪਲਵਿੰਦਰ ਮਾਨਾ ਵੱਲੋਂ ਪਿੰਡ ਨੌਨੀਤਪੁਰ ਦੀ 11 ਮੈਂਬਰੀ ਬੂਥ ਕਮੇਟੀ ਦਾ ਵੀ ਗਠਨ ਕੀਤਾ।ਇਸ ਮੌਕੇ ਹਾਜ਼ਰ ਸਾਥੀਆ ਵਿੱਚ ਬਲਵੰਤ ਨੌਨੀਤਪੁਰ, ਮਾਸਟਰ ਜੈ ਰਾਮ, ਰਾਜੇਸ਼ ਭੂਨੋ ਸਰਪੰਚ, ਕੁਲਵਿੰਦਰ ਸਿੰਘ, ਰਾਜਨ ਭੂਨੋ, ਅਜੀਤ ਸਿੰਘ, ਪ੍ਰਵੀਨ ਕੁਮਾਰ, ਧੰਨਾ ਸਿੰਘ ਅਤੇ ਹੋਰ ਵੀ ਸਾਥੀ ਹਾਜ਼ਰ ਸਨ।

# ਰਾਹੁਲ ਗਾਂਧੀ ਦੇ ਕਰੀਬੀ ਪੰਜਾਬ 'ਚ ਚੱਲ ਰਹੀ ਨਸ਼ਾ ਵਿਰੋਧੀ ਮੁਹਿੰਮ ਨੂੰ ਰੋਕਣ ਦੀ ਸਾਜ਼ਿਸ਼ ਰਚ ਰਹੇ : ਕੰਗ

ਚੰਡੀਗੜ੍ਹ, (ਗੁਰਜੀਤ ਬਿੱਲਾ) ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਪਿਛਲੇ ਕਈ ਦਿਨਾਂ ਤੋਂ ਨਸ਼ਿਆਂ ਵਿਰੁੱਧ ਜੋਰਦਾਰ ਢੰਗ ਨਾਲ ਚਲਾਈ ਜਾ ਰਹੀ ਮੁਹਿੰਮ ਨੂੰ ਇੱਕ ਐਨ ਜੀ ਓ ਵੱਲੋਂ ਹਾਈ ਕੋਰਟ ਵਿੱਚ ਚੁਣੌਤੀ ਦੇਣ ਤੋਂ ਬਾਅਦ ਆਮ ਆਦਮੀ ਪਾਰਟੀ (ਆਪ) ਨੇ ਕਾਂਗਰਸ 'ਤੇ ਗੰਭੀਰ ਦੋਸ਼ ਲਾਏ ਹਨ।'ਆਪ' ਪੰਜਾਬ ਦੇ ਸੀਨੀਅਰ ਆਗੂ ਤੇ ਸੰਸਦ ਮੈਂਬਰ ਮਲਵਿੰਦਰ ਸਿੰਘ ਕੰਗ ਨੇ ਦੋਸ਼ ਲਾਇਆ ਕਿ ਕਾਂਗਰਸ ਪਾਰਟੀ ਅਦਾਲਤ ਰਾਹੀਂ ਪੰਜਾਬ ਸਰਕਾਰ ਦੀ ਨਸ਼ਾ ਵਿਰੋਧੀ ਮੁਹਿੰਮ ਨੂੰ ਰੋਕਣਾ ਚਾਹੁੰਦੀ ਹੈ।ਉਨ੍ਹਾਂ ਕਿਹਾ ਕਿ 'ਪੀਪਲ ਵੈਲਫੇਅਰ ਸੋਸਾਇਟੀ' ਨਾਂਅ ਦੀ ਸੰਸਥਾ ਜਿਸ ਨੇ ਨਸ਼ਾ ਤਸਕਰਾਂ ਖ਼ਿਲਾਫ਼ ਸਰਕਾਰ ਦੀ ਕਾਰਵਾਈ ਖ਼ਿਲਾਫ਼ ਹਾਈ ਕੋਰਟ ਵਿੱਚ ਅਰਜ਼ੀ ਦਾਇਰ ਕੀਤੀ ਹੈ, ਦੇ ਸੰਚਾਲਕ ਕੱਟੜ ਕਾਂਗਰਸੀ ਹਨ।ਕੰਗ ਨੇ ਮੀਡੀਆ ਨੂੰ ਐਨ.ਜੀ.ਓ ਸੰਚਾਲਕ ਕੰਵਰ ਰਜਿੰਦਰ ਸਿੰਘ ਅਤੇ ਕੰਵਰਪਾਲ ਸਿੰਘ ਦੀਆਂ ਰਾਹੁਲ ਗਾਂਧੀ ਅਤੇ ਤਤਕਾਲੀ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨਾਲ ਪੁਰਾਣੀਆਂ ਤਸਵੀਰਾਂ ਦਿਖਾਈਆਂ ਅਤੇ ਕਾਂਗਰਸ ਪਾਰਟੀ ਨਾਲ ਉਨ੍ਹਾਂ ਦੇ ਪੁਰਾਣੇ ਸਬੰਧਾਂ ਦਾ ਜ਼ਿਕਰ ਕੀਤਾ।ਉਨ੍ਹਾਂ ਕਿਹਾ ਕਿ ਇਸ ਸੰਸਥਾ ਨੇ ਜਾਣਬੁੱਝ ਕੇ ਅਦਾਲਤ ਵਿੱਚ ਇਹ ਪਟੀਸ਼ਨ ਦਾਇਰ ਕੀਤੀ ਹੈ ਤਾਂ ਜੋ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖ਼ਿਲਾਫ਼ ਵਿੱਢੀ ਮੁਹਿੰਮ ਨੂੰ ਖ਼ਤਮ ਕੀਤਾ ਜਾ ਸਕੇ ਜਦੋਂਕਿ ਜਿਨ੍ਹਾਂ ਲੋਕਾਂ ਖ਼ਿਲਾਫ਼ ਸਰਕਾਰ ਨੇ ਕਾਰਵਾਈ ਕੀਤੀ ਹੈ ਅਤੇ ਜਿਹੜੀਆਂ ਇਮਾਰਤਾਂ ਨੂੰ ਢਾਹਿਆ ਗਿਆ ਹੈ, ਉਹ ਸਾਰੀਆਂ ਸਰਕਾਰੀ ਜ਼ਮੀਨਾਂ 'ਤੇ ਨਾਜਾਇਜ਼ ਕਬਜ਼ਾ ਕਰਕੇ ਉਸਾਰੀਆਂ ਹੋਈਆਂ ਹਨ ਅਤੇ ਇੱਥੋਂ ਹੀ ਨਸ਼ਿਆਂ ਦਾ ਕਾਰੋਬਾਰ ਚੱਲ ਰਿਹਾ ਹੈ। ਇਨ੍ਹਾਂ ਲੋਕਾਂ ਨੇ ਨਸ਼ਾ ਵੇਚ ਕੇ ਕਰੋੜਾਂ-ਅਰਬਾਂ ਦੀ ਜਾਇਦਾਦ ਬਣਾਈ ਹੈ। ਕੰਗ ਨੇ ਕਾਂਗਰਸ ਪਾਰਟੀ ਨੂੰ ਸਵਾਲ ਕਰਦਿਆਂ ਕਿਹਾ ਕਿ ਉਹ ਪੰਜਾਬ ਸਰਕਾਰ ਦੀ ਨਸ਼ਾ ਵਿਰੋਧੀ ਮੁਹਿੰਮ ਨੂੰ ਕਿਉਂ ਰੋਕਣਾ ਚਾਹੁੰਦੀ ਹੈ? ਕੀ ਉਹ ਨਸ਼ਾ ਤਸਕਰਾਂ ਨੂੰ ਬਚਾਉਣਾ ਚਾਹੁੰਦੀ ਹੈ? ਪੰਜਾਬ ਕਾਂਗਰਸ ਦੇ ਆਗੂਆਂ ਅਤੇ ਰਾਹੁਲ ਗਾਂਧੀ ਨੂੰ ਇਸ 'ਤੇ ਜਵਾਬ ਦੇਣਾ ਚਾਹੀਦਾ ਹੈ। ਕੰਗ ਨੇ ਕਿਹਾ ਕਿ ਅਸਲ ਵਿੱਚ ਕਾਂਗਰਸੀ ਆਗੂਆਂ ਦੇ ਨਸ਼ਾ ਤਸਕਰਾਂ ਨਾਲ ਸਬੰਧ ਹਨ। ਉਸ ਦੀ ਸਰਕਾਰ ਨੇ ਉਨ੍ਹਾਂ ਨੂੰ ਸਰਕਾਰੀ ਸੁਰੱਖਿਆ ਦਿੱਤੀ।ਇਸ ਲਈ ਕਾਂਗਰਸ ਨਹੀਂ ਚਾਹੁੰਦੀ ਕਿ ਡਰੱਗ ਮਾਫੀਆ ਖਿਲਾਫ ਕਾਰਵਾਈ ਹੋਵੇ।ਪਰ ਪੰਜਾਬ ਦੇ ਲੋਕ ਕਾਂਗਰਸ ਦੀ ਇਸ ਕਾਰਵਾਈ ਨੂੰ ਦੇਖ ਰਹੇ ਹਨ, ਉਹ ਇਸ ਦਾ ਜਵਾਬ ਦੇਣਗੇ।ਨਸ਼ਿਆਂ ਵਿਰੁੱਧ ਆਮ ਆਦਮੀ ਪਾਰਟੀ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਕੰਗ ਨੇ ਕਿਹਾ ਕਿ ਕਾਂਗਰਸ ਪਾਰਟੀ ਜਿੰਨੀ ਮਰਜ਼ੀ ਕੋਸ਼ਿਸ਼ ਕਰ ਲਵੇ, ਇਹ ਮੁਹਿੰਮ ਜਾਰੀ ਰਹੇਗੀ।'ਆਪ' ਸਰਕਾਰ ਪੰਜਾਬ 'ਚੋਂ ਨਸ਼ਾ ਖਤਮ ਕਰ ਕੇ ਹੀ ਰਹੇਗੀ।



# ਵਿਧਾਇਕ ਰਾਜਾ ਵੱਲੋਂ ਕੰਧਾਲੀ ਨੌਰੰਗਪੁਰ ਨੂੰ ਵਿਕਾਸ ਕਾਰਜਾਂ ਲਈ 20 ਲੱਖ ਦਾ ਚੈੱਕ ਭੇਟ

ਟਾਂਡਾ ਉੜਮੁੜ, ਅੱਡਾ ਸਰਾਂ (ਜਸਵਿੰਦਰ ਸੰਧੂ, ਜਸਵੀਰ ਕਾਜਲ)- ਪੰਜਾਬ ਦੀ ਮੌਜੂਦਾ ਆਮ ਆਦਮੀ ਪਾਰਟੀ ਸਰਕਾਰ ਨੇ ਪਿੰਡਾਂ ਦੇ ਵਿਕਾਸ ਲਈ ਵਿਸ਼ੇਸ਼ ਸਕੀਮਾਂ ਜਾਰੀ ਕੀਤੀਆਂ ਹਨ ਅਤੇ ਹਰੇਕ ਪਿੰਡਾਂ ਚ ਜਾ ਕੇ ਸਮੱਸਿਆਵਾਂ ਸੁਣੀਆਂ ਜਾ ਰਹੀਆਂ ਹਨ ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਜਸਵੀਰ ਸਿੰਘ ਰਾਜਾ ਵੱਲੋਂ ਪਿੰਡ ਕੰਧਾਲੀ ਨੌਰੰਗਪੁਰ ਵਿਖੇ ਪੰਚਾਇਤ ਨੂੰ ਵਿਕਾਸ ਕਾਰਜ ਲਈ 20, ਲੱਖ ਰੁਪਏ ਦਾ ਚੈੱਕ ਭੇਟ ਮੌਕੇ ਕੀਤਾ।ਉਨ੍ਹਾਂ ਕਿਹਾ ਤੁਸੀਂ ਪਿੰਡ ਦਾ ਵਿਕਾਸ ਕਰੋ ਗ੍ਰਾਂਟਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਰਾਜਾ ਗਿੱਲ ਨੇ ਕਿਹਾ ਮੁਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਯੋਗ ਅਗਵਾਈ ਵਿੱਚ ਸੂਬੇ ਦਾ ਜੋ ਵਿਕਾਸ ਉਹ ਹੁਣ ਤੱਕ ਪੰਜਾਬ ਵਿੱਚ ਰਾਜ ਕਰ ਚੁੱਕੀਆਂ ਬਾਕੀ ਸਿਆਸੀ ਪਾਰਟੀਆਂ ਦੀਆਂ ਸਰਕਾਰਾਂ ਵਿਚ ਨਹੀਂ ਹੋਇਆ।ਇਸੇ ਕਾਰਨ ਹੀ ਵੱਡੀ ਗਿਣਤੀ 'ਚ ਲੋਕ ਆਮ ਆਦਮੀ ਪਾਰਟੀ ਦਾ ਹਿੱਸਾ ਬਣਕੇ ਵਿਕਾਸ ਕਾਰਜਾਂ ਵਿਚ ਸਰਕਾਰ ਨਾਲ ਸਹਯੋਗ ਕਰ ਰਹੇ ਹਨ ਇਸ ਮੌਕੇ ਬੀ ਡੀ ਪੀ ਓ ਰਾਜਵਿੰਦਰ ਕੌਰ, ਪੀ ਏ ਅਵਤਾਰ ਸਿੰਘ, ਸਰਪੰਚ ਸੁਖਵਿੰਦਰ ਜੀਤ ਸਿੰਘ ਝਾਵਰ, ਸਰਪੰਚ ਪ੍ਰਦੀਪ ਸਿੰਘ ਕੰਧਾਲੀ ਨੌਰੰਗ ਪੁਰ,ਸਾਬਕ ਸਰਪੰਚ ਸੁਖਵਿੰਦਰ ਸਿੰਘ,ਪੰਚ ਅਵਤਾਰ ਸਿੰਘ, ਪੰਚ ਸੰਦੀਪ ਸਿੰਘ, ਪੰਚ ਦਲਜਿੰਦਰ ਸਿੰਘ, ਪੰਚ ਜਸਵੀਰ ਸਿੰਘ, ਪੰਚ ਪਰਮਿੰਦਰ ਕੌਰ, ਪੰਚ ਰਮਨਦੀਪ ਸਿੰਘ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।



# ਸਰਕਾਰ ਦਾ ਵਾਅਦਾ ਵਫ਼ਾ ਨਹੀ ਹੋਇਆ : ਆਹਲੂਵਾਲੀਆ

ਸ਼ਾਹਕੋਟ (ਗਿਆਨ ਸੈਦਪੁਰੀ) ਗੌਰਮਿੰਟ ਪ੍ਰਾਇਮਰੀ ਟੀਚਰਜ਼ ਯੂਨੀਅਨ ਪੰਜਾਬ ਦੇ ਸਾਬਕਾ ਪ੍ਰਧਾਨ ਗੁਰਦੀਪ ਸਿੰਘ ਆਹਲੂਵਾਲੀਆ ਨੇ ਪੇ-ਕਮਿਸ਼ਨ ਦੇ ਬਕਾਏ ਦੇ ਮਾਮਲੇ ਵਿੱਚ ਪੰਜਾਬ ਸਰਕਾਰ ਦੀ ਵਾਅਦਾ ਖਿਲਾਫੀ ਦੀ ਨਿਖੇਧੀ ਕੀਤੀ ਹੈ।91 ਸਾਲਾਂ ਆਹਲੂਵਾਲੀਆ ਨੇ ਕਿਹਾ ਕਿ ਸਰਕਾਰ ਨੇ ਵਾਅਦਾ ਕੀਤਾ ਸੀ ਕਿ 85 ਸਾਲ ਤੋਂ ਉੱਪਰ ਵਾਲੇ ਪੈਨਸ਼ਨਰਾਂ ਨੂੰ ਦੋ ਕਿਸ਼ਤਾਂ ਵਿੱਚ ਬਕਾਏ ਦੀ ਅਦਾਇਗੀ ਕੀਤੀ ਜਾਵੇਗੀ।ਫਰਵਰੀ ਤੋਂ ਬਾਅਦ ਮਾਰਚ ਮਹੀਨਾ ਚੜ੍ਹ ਗਿਆ ਹੈ ਪਰ ਸਰਕਾਰ ਦਾ ਵਾਅਦਾ ਵਫ਼ਾ ਨਹੀਂ ਹੋਇਆ। ਆਹਲੂਵਾਲੀਆ ਨੇ ਦੱਸਿਆ ਕਿ ਇਸ ਸਬੰਧ ਵਿੱਚ 15 ਫਰਵਰੀ ਨੂੰ ਪੰਜਾਬ ਕੈਬਨਿਟ ਦੀ ਮੀਟਿੰਗ ਵਿੱਚ ਫੈਸਲਾ ਹੋਇਆ ਸੀ ਕਿ 85 ਸਾਲਾਂ ਤੋਂ ਉੱਪਰ ਵਾਲੇ ਪੈਨਸ਼ਨਰਾਂ ਨੂੰ ਬਕਾਏ ਦੀ ਪਹਿਲੀ ਕਿਸ਼ਤ ਫਰਵਰੀ 2025 ਅਤੇ ਦੂਸਰੀ ਕਿਸ਼ਤ ਮਾਰਚ 2025 ਵਿੱਚ ਜਾਰੀ ਹੋਵੇਗੀ। ਇਸ ਫੈਸਲੇ ਸੰਬੰਧੀ 18 ਫਰਵਰੀ ਨੂੰ ਬਾਕਾਇਦਾ ਪੰਜਾਬ ਸਰਕਾਰ ਵੱਲੋਂ ਪੱਤਰ ਜਾਰੀ ਹੋਇਆ ਸੀ।ਆਹਲੂਵਾਲੀਆ ਨੇ ਮੰਗ ਕੀਤੀ ਕਿ ਬਜ਼ੁਰਗ ਪੈਨਸ਼ਨਰਾਂ ਦਾ ਬਕਾਇਆ ਜਲਦੀ ਜਾਰੀ ਕੀਤਾ ਜਾਵੇ।

# ਪਾਸ਼-ਹੰਸ ਰਾਜ ਸ਼ਹੀਦੀ ਯਾਦਗਾਰ ਕਮੇਟੀ ਦੀ ਮੀਟਿੰਗ 'ਚ ਸ਼ਹੀਦੀ ਸਮਾਗਮ ਲਈ ਵਿਉਂਤਬੰਦੀ

- 23 ਨੂੰ ਤਲਵੰਡੀ ਸਲੇਮ 'ਚ ਸ਼ਹੀਦੀ ਸਮਾਗਮ ਮੌਕੇ ਹੋਣਗੇ ਇਨਕਲਾਬੀ ਨਾਟਕ ਤੇ ਗੀਤ-ਸੰਗੀਤ



ਸ਼ਾਹਕੋਟ (ਗਿਆਨ ਸੈਦਪੁਰੀ) ਪਾਸ਼-ਹੰਸ ਰਾਜ ਸ਼ਹੀਦੀ ਯਾਦਗਾਰ ਕਮੇਟੀ ਦੀ ਮੀਟਿੰਗ ਪਾਸ਼ ਦੇ ਜੱਦੀ ਘਰ ਤਲਵੰਡੀ ਸਲੇਮ ਵਿੱਚ ਹੋਈ।ਕਮੇਟੀ ਦੇ ਕਨਵੀਨਰ ਮੋਹਨ ਸਿੰਘ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਮੀਟਿੰਗ ਵਿਚ ਕੌਮੀ ਮੁਕਤੀ ਲਹਿਰ ਦੇ ਮਹਾਨ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਅਤੇ ਚੋਟੀ ਦੇ ਇੰਨਕਲਾਬੀ ਕਵੀ ਅਵਤਾਰ ਪਾਸ਼ ਤੇ ਉਸਦੇ ਜਿਗਰੀ ਦੋਸਤ ਹੰਸ ਦਾ ਪਿੰਡ ਤਲਵੰਡੀ ਸਲੇਮ ਵਿਚ 23 ਮਾਰਚ ਨੂੰ ਸਲਾਨਾ ਸ਼ਹੀਦੀ ਸਮਾਗਮ ਕਰਵਾਇਆ ਜਾਵੇਗਾ। ਸ਼ਹੀਦਾਂ ਦੀ ਵਿਚਾਰਧਾਰਾ ਨੂੰ ਮਜ਼ਦੂਰ ਵਿਹੜਿਆਂ, ਕਿਸਾਨਾਂ, ਮੁਲਾਜ਼ਮਾਂ ਵਿਦਿਆਰਥੀਆਂ, ਨੌਜਵਾਨਾਂ ਅਤੇ ਇਨਸਾਫ ਪਸੰਦ ਤੇ ਜਮਹੂਰੀ ਲੋਕਾਂ ਤੱਕ ਪਹੁੰਚਾਉਣ ਲਈ ਉਨ੍ਹਾ ਨਾਲ ਮੀਟਿੰਗਾਂ ਕਰਕੇ ਉਨ੍ਹਾ ਨੂੰ ਸ਼ਹੀਦੀ ਕਾਨਫਰੰਸ ਵਿਚ ਪੁੱਜਣ ਦਾ ਸੁਨੇਹਾ ਦਿੱਤਾ ਜਾਵੇਗਾ।ਪ੍ਰੋਗਰਾਮ ਦੀ ਤਿਆਰੀ ਲਈ ਵੱਖ-ਵੱਖ ਸਬ ਕਮੇਟੀਆਂ ਦਾ ਗਠਨ ਕੀਤਾ ਗਿਆ।ਤਿਆਰੀਆਂ ਦਾ ਜਾਇਜ਼ਾ ਲੈਣ ਲਈ ਕਮੇਟੀ ਦੀ ਅਗਲੀ ਮੀਟਿੰਗ 12 ਮਾਰਚ ਨੂੰ ਪਾਸ਼-ਹੰਸ ਰਾਜ ਯਾਦਗਾਰੀ ਕੰਪਲੈਕਸ ਵਿਚ ਕਰਨ ਦਾ ਫੈਸਲਾ ਕੀਤਾ ਗਿਆ। ਮੀਟਿੰਗ ਵਿਚ ਪਾਸ਼ ਦੀਆਂ ਭੈਣਾਂ ਪਰਮਿੰਦਰ ਕੌਰ ਤੇ ਰਾਜਿੰਦਰ ਕੌਰ ਤੋਂ ਇਲਾਵਾਂ ਪਾਸ਼-ਹੰਸ ਰਾਜ ਯਾਦਗਾਰੀ ਕੌਮਾਂਤਰੀ ਟਰੱਸਟ ਦੇ ਮੈਂਬਰ ਜਗੀਰ ਜੋਸਨ, ਕਮੇਟੀ ਮੈਂਬਰ ਹਰਮੇਸ਼ ਮਾਲੜੀ, ਸੁੱਚਾ ਸਿੰਘ, ਸੁਖਵਿੰਦਰ ਬਾਗਪੁਰ, ਸੁਖਜਿੰਦਰ ਲਾਲੀ, ਸਤਨਾਮ ਉੱਗੀ, ਮਲਕੀਤ ਸਿੰਘ ਅਤੇ ਗੁਰਮੀਤ ਕੋਟਲੀ ਹਾਜ਼ਰ ਸਨ।

# ਅਭਿਜੀਤ ਸਿੰਘ ਏ ਜੀ ਆਈ ਕ੍ਰਿਕਟ ਕਲੱਬ ਦੇ ਪ੍ਰਧਾਨ ਚੁਣੇ



ਜਲੰਧਰ ( ਰਾਜੇਸ਼ ਥਾਪਾ) ਸੁਖਦੇਵ ਸਿੰਘ ਮੈਨੇਜਿੰਗ ਡਾਇਰੈਕਟਰ ਏ ਜੀ ਆਈ ਇਨਫਰਾ ਲਿਮਟਿਡ ਦੀ ਪ੍ਰਧਾਨਗੀ ਹੇਠ ਕੱਲ੍ਹ ਹੋਈ ਜਨਰਲ ਬਾਡੀ ਦੀ ਮੀਟਿੰਗ ਵਿੱਚ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਅਜੀਵਨ ਮੈਂਬਰ ਅਭਿਜੀਤ ਸਿੰਘ ਨੂੰ ਏਜੀ ਆਈ ਕ੍ਰਿਕਟ ਕਲੱਬ ਦਾ ਪ੍ਰਧਾਨ ਚੁਣਿਆ ਗਿਆ ਹੈ।ਅਰੁਣ ਭਾਂਬਰੀ ਨੂੰ ਏ ਜੀ ਆਈ ਕ੍ਰਿਕਟ ਕਲੱਬ ਦਾ ਮਾਣਯੋਗ ਸਕੱਤਰ ਚੁਣਿਆ ਗਿਆ ਹੈ, ਜੋ ਕਿ ਜਲੰਧਰ ਜ਼ਿਲ੍ਹਾ ਕ੍ਰਿਕਟ ਐਸੋਸੀਏਸ਼ਨ ਦਾ ਇੱਕ ਰਜਿਸਟਰਡ ਐਫੀਲੀਏਟਿਡ ਕ੍ਰਿਕਟ ਕਲੱਬ ਹੈ।ਏਜੀਆਈ ਕ੍ਰਿਕਟ ਕਲੱਬ ਦੀ ਜਨਰਲ ਬਾਡੀ ਨੇ ਸਰਬਸੰਮਤੀ ਨਾਲ ਸਰਦਾਰ ਸੁਖਦੇਵ ਸਿੰਘ ਚੇਅਰਮੈਨ ਅਤੇ ਅਭਿਜੀਤ ਸਿੰਘ, ਪ੍ਰਧਾਨ ਨੂੰ ਏਜੀਆਈ ਕ੍ਰਿਕਟ ਕਲੱਬ (ਰਜਿ.) ਦੇ ਹੋਰ ਅਹੁਦੇਦਾਰ ਦੀ ਚੋਣ ਕਰਨ ਲਈ ਅਧਿਕਾਰਤ ਕੀਤਾ।

# ਪੰਜਾਬ ਸਰਕਾਰ ਸੂਬੇ 'ਚ ਨਸ਼ਿਆਂ ਨੂੰ ਜੜ੍ਹ ਤੋਂ ਖ਼ਤਮ ਕਰਨ ਲਈ ਵਚਨਬੱਧ : ਮਹਿੰਦਰ ਭਗਤ



ਜਲੰਧਰ, ( ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ) ਪੰਜਾਬ ਸਰਕਾਰ ਸੂਬੇ ਵਿੱਚ ਨਸ਼ਿਆਂ ਨੂੰ ਜੜ੍ਹ ਤੋਂ ਖ਼ਤਮ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮਹਿੰਦਰ ਭਗਤ ਨੇ ਸੈਨਿਕ ਭਲਾਈ ਦਫ਼ਤਰ ਵਿਖੇ ਖੇਤਰੀ ਦਫ਼ਤਰ ਦਾ ਉਦਘਾਟਨ ਕਰਨ ਸਮੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵਲੋਂ ਸੂਬੇ ਅੰਦਰ ਨਸ਼ਿਆ ਨੂੰ ਜੜ੍ਹ ਤੋਂ ਖ਼ਤਮ ਕਰਨ ਲਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਤਹਿਤ ਸੂਬੇ ਦੇ ਸਾਰੇ ਡਿਪਟੀ ਕਮਿਸ਼ਨਰਾਂ, ਪੁਲਿਸ ਕਮਿਸ਼ਨਰਾਂ ਅਤੇ ਐਸ ਐਸ ਪੀਜ਼ ਨੂੰ ਸਖ਼ਤ ਹਦਾਇਤਾਂ ਕੀਤੀਆਂ ਗਈਆਂ ਹਨ ਕਿ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਕੋਈ ਕਸਰ ਬਾਕੀ ਨਾ ਛੱਡੀ ਜਾਵੇ। ਸ੍ਰੀ ਭਗਤ ਨੇ ਅੱਗੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਨਸ਼ਾ ਤਸਕਰਾਂ ਵਿਰੁੱਧ ਜਿਥੇ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ, ਉਥੇ ਹੀ ਨਸ਼ਾ ਤਸਕਰਾਂ ਵਲੋਂ ਨਸ਼ਿਆਂ ਦਾ ਕਾਰੋਬਾਰ ਕਰਕੇ ਬਣਾਈ ਗਈ ਜਾਇਦਾਦ ਨੂੰ ਜਬਤ ਵੀ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਸ਼ੁਰੂ ਕੀਤੀ ਗਈ ਮੁਹਿੰਮ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ।ਉਨ੍ਹਾਂ ਕਿਹਾ ਕਿ ਸੂਬੇ ਨੂੰ ਨਸ਼ਾ ਮੁਕਤ ਅਤੇ ਰੰਗਲਾ ਪੰਜਾਬ ਬਣਾਉਣ ਲਈ ਸੂਬਾ ਸਰਕਾਰ ਵਲੋਂ ਕੀਤੇ ਜਾ ਰਹੇ ਅਣਥੱਕ ਯਤਨਾਂ ਵਿੱਚ ਵੱਡਮੁੱਲਾ ਸਹਿਯੋਗ ਦਿੱਤਾ ਜਾਵੇ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਨਸ਼ਾ ਤਸਕਰੀ ਸਬੰਧੀ ਕੋਈ ਸ਼ੱਕੀ ਕਾਰਵਾਈ ਧਿਆਨ ਵਿੱਚ ਆਉਂਦੀ ਹੈ, ਤਾਂ ਇਸ ਦੀ ਸੂਚਨਾ ਤੁਰੰਤ ਪੁਲਸ ਪ੍ਰਸ਼ਾਸਨ ਨੂੰ ਦਿੱਤੀ ਜਾਵੇ। ਉਨ੍ਹਾਂ ਭਰੋਸਾ ਦੁਆਇਆ ਕਿ ਨਸ਼ਾ ਸਮਗਲਿੰਗ ਸੰਬੰਧੀ ਜਾਣਕਾਰੀ ਦੇਣ ਵਾਲੇ ਦਾ ਨਾਮ ਬਿਲਕੁੱਲ ਗੁਪਤ ਰੱਖਿਆ ਜਾਵੇਗਾ।

# ਤਨਖਾਹ ਨਾ ਮਿਲਣ ਕਾਰਨ ਸਫਾਈ ਕਰਮਚਾਰੀਆਂ ਨੇ ਕੀਤਾ ਰੋਸ ਪ੍ਰਦਰਸ਼ਨ



ਰਾਹੋ ( ਕੁਲਵਿੰਦਰ ਸਿੰਘ ਰਾਹੋਂ) ਨਗਰ ਕੌਂਸਲ ਰਾਏ ਦੀ ਅਦਾਇਗੀ ਨਾ ਕਰਨ ਕਾਰਨ ਹਰ ਰੋਜ਼ ਮਗਰੀਤ ਸੁਮਨ ਰਾਣੀ, ਰਾਕੇਸ਼ ਕੁਮਾਰ, ਜਸਪਾਲ, ਸੋਹਨ ਲਾਲ, ਜਸਪਾਲ, ਸੋਹਣ ਲਾਲ, ਜਸਪਾਲ, ਸੋਹਨ ਲਾਲ, ਜਿਸ ਕਾਰਨ ਉਨ੍ਹਾਂ ਨੇ ਆਪਣੇ ਘਰ ਨੂੰ ਚਲਾਉਣਾ ਮੁਸ਼ਕਲ ਹੋ ਗਿਆ ਹੈ। ਉਨ੍ਹਾਂ ਨੂੰ ਇਕ ਮਾਮੂਲੀ ਤਨਖਾਹ ਦਿੱਤੀ, ਪਰੰਤੂ ਇਸ ਤੋਂ ਇਲਾਵਾ, ਸ਼ਹਿਰ ਵਿਚ ਕੰਮ ਕਰਨਾ ਵੀ ਨਹੀਂ ਮਿਲਿਆ ਪਿਛਲੇ ਦੋ-ਤਿੰਨ ਮਹੀਨਿਆਂ ਤੋਂ ਤਨਖਾਹ ਨਾ ਮਿਲਣ ਕਾਰਨ ਸਫਾਈ ਕਰਮਚਾਰੀਆਂ ਨੇ ਬੱਸ ਸਟੈਂਡ ਰਾਹੋ ਅਤੇ ਨਗਰ ਕੌਂਸਲ ਦੇ ਮੁਖੀ ਦੇ ਦਫਤਰ ਦੇ ਸਾਹਮਣੇ ਕੂੜਾ ਸੁੱਟ ਕੇ ਜ਼ੋਰਦਾਰ ਵਿਰੋਧ ਪ੍ਰਦਰਸ਼ਨ ਕੀਤਾ ਸੀ।ਸਫਾਈ ਕਰਮਚਾਰੀਆਂ ਨੇ ਚੇਤਾਵਨੀ ਦਿੱਤੀ ਹੈ ਕਿ ਜੇਕਰ ਉਨ੍ਹਾਂ ਦੀ ਮਹੀਨਾਵਾਰ ਤਨਖਾਹ ਸਮੇਂ ਸਿਰ ਨਹੀਂ ਦਿੱਤੀ ਗਈ ਤਾਂ ਭਵਿੱਖ ਵਿੱਚ ਸ਼ਹਿਰ ਵਿੱਚੋਂ ਕੂੜਾ ਨਹੀਂ ਚੁੱਕਿਆ ਜਾਵੇਗਾ ਅਤੇ ਬੱਸ ਸਟੈਂਡ ਰਾਹੋ ਵਿਖੇ ਆਵਾਜਾਈ ਜਾਮ ਕੀਤੀ ਜਾਵੇਗੀ।

# ਸੱਜਣ ਕੁਮਾਰ ਨੂੰ ਉਮਰ ਕੈਦ 'ਤੇ ਪ੍ਰਮਾਤਮਾ ਦਾ ਸ਼ੁਕਰਾਨਾ ਲਈ ਸੁਖਮਨੀ ਸਾਹਿਬ ਦੇ ਜਾਪ ਕਰਾਏ



ਭੋਗਪੁਰ (ਕੁਲਵੀਰ ਸਿੰਘ ਕਾਹਲੋਂ) ਮਾਨਯੋਗ ਅਦਾਲਤ ਵੱਲੋਂ 1984 'ਚ ਦਿੱਲੀ ਅਤੇ ਦੇਸ ਦੇ ਹੋਰ ਰਾਜਾਂ 'ਚ ਹੋਏ ਸਿੱਖਾਂ ਦਾ ਹੋਏ ਕਤਲੇਆਮ ਦੇ ਦੋਸ਼ੀ ਸੱਜਣ ਕੁਮਾਰ ਨੂੰ ਸੁਣਾਈ ਉਮਰ ਕੈਦ ਦਾ ਅਤੇ ਕਤਲੇਆਮ 'ਚ ਸ਼ਹੀਦ ਹੋਏ ਸਿੱਖਾਂ ਦੀ ਆਤਮਿਕ ਸ਼ਾਂਤੀ ਲਈ ਗੁਰਦੁਆਰਾ ਗੁਰੂ ਨਾਨਕ ਯਾਦਗਾਰ ਭੋਗਪੁਰ 'ਚ ਵਿਧਾਨ ਸਭਾ ਹਲਕਾ ਆਦਮਪੁਰ ਦੇ ਭਾਜਪਾ ਇੰਚਾਰਜ ਤੇ ਸਾਬਕਾ ਐਸ ਐਸ ਪੀ ਹਰਵਿੰਦਰ ਸਿੰਘ ਡੱਲੀ ਦੀ ਰਹਿਨੁਮਾਈ ਹੇਠ ਭਾਜਪਾ ਨੇ ਅਕਾਲ ਪੁਰਖ, ਕੇਂਦਰ ਸਰਕਾਰ ਅਤੇ ਮਾਨਯੋਗ ਅਦਾਲਤ ਦਾ ਸ਼ੁਕਰਾਨਾ ਕਰਨ ਲਈ ਸੁਖਮਨੀ ਸਾਹਿਬ ਦੇ ਜਾਪ ਕਰਾਏ। ਇਸ ਮੌਕੇ ਭਾਜਪਾ ਦੇ ਸੀਨੀਅਰ ਆਗੂ ਜਿਹਨਾਂ 'ਚ ਸਾਬਕਾ ਸੰਸਦ ਮੈਂਬਰ ਸੁਸ਼ੀਲ ਕੁਮਾਰ ਰਿੰਕੂ, ਸਾਬਕਾ ਵਿਧਾਇਕ ਜਗਬੀਰ ਸਿੰਘ ਬਰਾੜ, ਹਲਕਾ ਇੰਚਾਰਜ ਹਰਵਿੰਦਰ ਸਿੰਘ ਡੱਲੀ, ਜਗਮੇਲ ਸਿੰਘ ਢਿੱਲੋਂ, ਇੰਦਰਜੀਤ ਸਿੰਘ ਮਹਿਤਾ, ਸਰਬਜੀਤ ਸਿੰਘ ਗਿੱਲ, ਰਜੀਵ ਪਾਂਜਾ, ਮਨਮੀਤ ਸਿੰਘ ਵਿੱਕੀ, ਮੋਨੂੰ ਤੇਜੀ ਨੇ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਕਾਂਗਰਸੀਆਂ ਨੇ ਸੋਚੀ ਸਮਝੀ ਸਾਜਿਸ਼ ਨਾਲ ਨਿਰਦੋਸ਼ ਸਿੱਖਾਂ ਦਾ ਕਤਲ ਕਰਾ ਕੇ ਦੋਸ਼ੀਆਂ ਦੀ ਰੱਖਿਆ ਹੀ ਨਹੀਂ ਕੀਤੀ ਸਗੋਂ ਉੱਚੇ ਸੰਵਿਧਾਨਕ ਆਹੁਦੇ ਬਖਸ਼ੇ, ਪਰ ਜਦੋਂ ਕੇਂਦਰ 'ਚ ਭਾਜਪਾ ਦੀ ਸਰਕਾਰ ਆਈ ਤਾਂ ਸਿੱਟ ਬਣਾ ਕੇ ਨਿਰਪੱਖ ਜਾਂਚ ਕਰਕੇ ਸਿੱਖਾਂ ਦੇ ਕਤਲੇਆਮ ਕਰਨ ਵਾਲਿਆਂ ਨੂੰ ਸਖਤ ਸਜਾ ਦਾ ਮੁੱਢ ਬੰਨਿਆ। ਬੁਲਾਰਿਆਂ ਨੇ ਕਿਹਾ ਕਾਂਗਰਸ ਪਾਰਟੀ ਨੇ ਪਾੜੋ ਤੇ ਰਾਜ ਕਰੋ ਦੀ ਨੀਤੀ ਅਪਨਾ ਕੇ ਦੇਸ ਨਾਲ ਸਦਾ ਹੀ ਗੱਦਾਰੀ ਕੀਤੀ। ਸ੍ਰੀ ਰਿੰਕੂ ਅਤੇ ਬਰਾੜ ਨੇ ਕਿਹਾ ਕਿ ਪੰਜਾਬ ਵਿੱਚ ਆਪ ਸਰਕਾਰ ਹਰ ਫਰੰਟ 'ਤੇ ਫੇਲ ਹੋ ਚੁੱਕੀ ਹੈ। ਸ਼੍ਰੋਮਣੀ ਅਕਾਲੀ ਦਲ ਅਤੇ ਕਾਂਗਰਸ ਪਾਰਟੀ ਅਤੇ ਬਸਪਾ ਦੀ ਸਿਆਸੀ ਹੋਂਦ ਹੀ ਖਤਮ ਹੋ ਗਈ ਹੈ। ਇਸ ਲਈ ਪੰਜਾਬ 'ਚ ਅਗਲੀ ਸਰਕਾਰ ਭਾਜਪਾ ਦੀ ਬਣੇਗੀ।

# ਡਾ. ਬਲਜੀਤ ਕੌਰ ਨੇ ਵਿਭਾਗ ਦੀਆਂ ਸਕੀਮਾਂ ਦਾ ਜਾਇਜ਼ਾ ਲਿਆ



ਚੰਡੀਗੜ੍ਹ, (ਗੁਰਜੀਤ ਬਿੱਲਾ) ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨਾਲ ਉੱਚ ਪੱਧਰੀ ਸਮੀਖਿਆ ਮੀਟਿੰਗ ਕੀਤੀ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਾਰੀਆਂ ਸਰਕਾਰੀ ਸਕੀਮਾਂ ਯੋਗ ਲਾਭਪਾਤਰੀਆਂ ਤੱਕ ਕੁਸ਼ਲਤਾ ਨਾਲ ਪਹੁੰਚਣਾ ਯਕੀਨੀ ਬਣਾਉਣ ਤਾਂ ਜੋ ਹਰੇਕ ਹੱਕਦਾਰ ਵਿਅਕਤੀ ਲਾਭ ਲੈ ਸਕੇ। ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਜਿਵੇਂ ਕਿ ਬੁਢਾਪਾ ਪੈਨਸ਼ਨ ਸਕੀਮ, ਵਿਧਵਾ ਅਤੇ ਬੇਸਹਾਰਾ ਮਹਿਲਾ ਪੈਨਸ਼ਨ ਸਕੀਮ, ਦਿਵਿਆਂਗ ਅੰਗਹੀਣ ਪੈਨਸ਼ਨ ਸਕੀਮ, ਆਸ਼ਰਿਤ ਬੱਚਿਆਂ ਨੂੰ ਵਿੱਤੀ ਸਹਾਇਤਾ, ਆਸ਼ੀਰਵਾਦ ਸਕੀਮ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ ਗਈ। ਇਹਨਾਂ ਸਕੀਮਾਂ ਦਾ ਜਾਇਜ਼ਾ ਲੈਂਦੇ ਹੋਏ, ਡਾ. ਬਲਜੀਤ ਕੌਰ ਨੇ ਸਮਾਜ ਦੇ ਹਾਸ਼ੀਏ 'ਤੇ ਪਏ ਵਰਗਾਂ ਨੂੰ ਉੱਚਾ ਚੁੱਕਣ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ 'ਤੇ ਚਾਨਣਾ ਪਾਇਆ।ਉਨ੍ਹਾਂ ਨੇ ਅਧਿਕਾਰੀਆਂ ਨੂੰ ਸਮਾਜਿਕ ਸੁਰੱਖਿਆ ਲਾਭਾਂ ਦੀ ਤੇਜ਼ੀ ਨਾਲ ਡਿਲੀਵਰੀ ਨੂੰ ਯਕੀਨੀ ਬਣਾਉਣ ਲਈ ਪ੍ਰਕਿਰਿਆਵਾਂ ਨੂੰ ਸੁਚਾਰੂ ਬਣਾਉਣ ਅਤੇ ਰੁਕਾਵਟਾਂ ਨੂੰ ਦੂਰ ਕਰਨ ਦੇ ਨਿਰਦੇਸ਼ ਦਿੱਤੇ।ਕੈਬਨਿਟ ਮੰਤਰੀ ਡਾ ਬਲਜੀਤ ਕੌਰ ਨੇ ਅਧਿਕਾਰੀਆਂ ਨੂੰ ਇਹ ਵੀ ਅਪੀਲ ਕੀਤੀ ਕਿ ਵਿਭਾਗ ਵੱਲੋਂ ਚਲਾਈਆਂ ਜਾਣ ਵਾਲੀਆਂ ਸਕੀਮਾਂ ਵਿੱਚ ਪਾਰਦਰਸ਼ਤਾ ਲਿਆਉਣੀ ਯਕੀਨੀ ਬਣਾਈ ਜਾਵੇ।ਉਨ੍ਹਾਂ ਇਹ ਵੀ ਹਦਾਇਤ ਕੀਤੀ ਕਿ ਇਹਨਾਂ ਸਕੀਮਾਂ ਨੂੰ ਲਾਗੂ ਕਰਨ ਵਿੱਚ ਕਿਸੇ ਤਰ੍ਹਾਂ ਦੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

# ਨਰੂੜ ਤੋਂ ਸਜਾਏ ਨਗਰ ਕੀਰਤਨ ਦਾ ਭੁੰਗਰਨੀ ਪਹੁੰਚਣ 'ਤੇ ਸੰਗਤਾਂ ਵੱਲੋਂ ਸਵਾਗਤ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ) ਪਿੰਡ ਨਰੂੜ ਵਿਖੇ ਗੁਰਦੁਆਰਾ ਸ਼੍ਰੀ ਗੁਰੂ ਰਵਿਦਾਸ ਜੀ ਦੇ ਅਸਥਾਨ ਤੋਂ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਜਗਤ ਗੁਰੂ ਸ਼੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲਾਨਾ ਮਹਾਨ ਨਗਰ ਸਜਾਏ ਗਏ।ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਵਿਸ਼ਾਲ ਨਗਰ ਕੀਰਤਨ ਦੀ ਸੰਤ ਬਾਬਾ ਸਤਨਾਮ ਸਿੰਘ ਨੂਰੜ ਵਾਲਿਆਂ ਨੇ ਅਰਦਾਸ ਬੇਨਤੀ ਕਰਕੇ ਆਰੰਭਤਾ ਕੀਤੀ।ਇਸ ਵਿਸ਼ਾਲ ਨਗਰ ਕੀਰਤਨ ਵਿੱਚ ਪੰਜ ਪਿਆਰੇ, ਪੰਜ ਨਿਸ਼ਾਨਚੀ, ਨਗਾਰਾ, ਗੱਤਕਾ ਪਾਰਟੀ ਸ਼ਬਦੀ ਜਥੇ ਪਾਲਕੀ ਸਾਹਿਬ ਦੇ ਨਾਲ ਨਾਲ ਚੱਲ ਰਹੇ ਸਨ। ਉਨ੍ਹਾਂ ਦੱਸਿਆ ਕਿ ਇਹ ਵਿਸ਼ਾਲ ਨਗਰ ਕੀਰਤਨ ਪਿੰਡ ਨਰੂੜ ਤੋਂ ਆਰੰਭ ਹੋ ਕੇ ਬਘਾਣਾ, ਭੁੰਗਰਨੀ, ਪੰਡੋਰੀ ਕੱਦ, ਹੇੜੀਆਂ, ਰਾਜਪੁਰ ਭਾਈਆਂ, ਮੁੱਖਲਿਆਣਾ, ਦਿਹਾਣਾ ਕੂਕੋਵਾਲ, ਮਾਈਓਪੱਟੀ, ਅਜਨੋਹਾ, ਨੰਗਲਾਂ, ਠੰਡਲਾਂ, ਚੈੜਾ ਪਾਸਾਟਾ ਤੋ ਹੁੰਦਾ ਹੋਇਆ ਸ਼ਾਮ ਨੂੰ ਸਮਾਪਤੀ ਹੋਈ। ਇਸ ਨਗਰ ਕੀਰਤਨ ਵਿੱਚ ਪੰਥ ਪ੍ਰਸਿੱਧ ਰਾਗੀ ਜਥਿਆ ਨੇ ਗੁਰਬਾਣੀ ਗੁਰਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਵਿਸ਼ਾਲ ਨਗਰ ਕੀਰਤਨ ਦੌਰਾਨ ਵੱਖ-ਵੱਖ ਪਿੰਡਾਂ ਵਿੱਚ ਸੰਗਤਾਂ ਵੱਲੋਂ ਸਵਾਗਤੀ ਗੇਟ ਬਣਾ ਕੇ ਫੁੱਲਾਂ ਦੀ ਵਰਖਾ ਕਰਕੇ ਸੰਗਤਾਂ ਦਾ ਸ਼ਾਨਦਾਰ ਸਵਾਗਤ ਕੀਤਾ।ਪ੍ਰਬੰਧਕਾਂ ਵੱਲੋਂ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਪ੍ਰਧਾਨ ਸੂਬੇਦਾਰ ਮਨਜੀਤ ਸਿੰਘ, ਪ੍ਰਧਾਨ ਕੈਪਟਨ ਸ਼ਿੰਗਾਰਾ ਸਿੰਘ, ਸੂਬੇਦਾਰ ਅਮਰੀਕ ਸਿੰਘ ਖਜਾਨਚੀ, ਲੰਬਰਦਾਰ ਰਾਜ ਕੁਮਾਰ ਲੰਬਰਦਾਰ ਸੁਰਿੰਦਰ ਸਿੰਘ, ਬਚਿੰਤ ਸਿੰਘ, ਹਰੀ ਸਿੰਘ, ਹਰਦੀਪ ਸਿੰਘ, ਸੁਖਜੀਤ ਸਿੰਘ, ਲਖਵਿੰਦਰ ਸਿੰਘ ਲੱਕੀ ਪੰਚ, ਬੀਬੀ ਸੰਤੋਸ਼ ਕੁਮਾਰੀ, ਅਮਨਦੀਪ ਸਿੰਘ ਲਾਟੂ, ਜਸਵੀਰ ਸਿੰਘ, ਹਰਦੀਪ ਸਿੰਘ ਦੀਪੂ, ਸੁਰਜੀਤ ਕੁਮਾਰ ਸਾਬਕਾ ਪੰਚ, ਸੰਤਾਂ ਸਿੰਘ, ਹਰਭਜਨ ਸਿੰਘ, ਸ਼ਿਵ ਰਾਮ, ਸੁਰਿੰਦਰ ਪਾਲ ਤੋਤੀ, ਪਰਗਟ ਸਿੰਘ ਬੱਗੋ, ਸੂਬੇਦਾਰ ਜੋਗਿੰਦਰ ਸਿੰਘ ਆਦਿ ਹਾਜ਼ਰ ਸਨ।





# ਲਾਇਨਜ਼ ਕਲੱਬ ਨੇ ਵਿਦਿਆਰਥਣਾਂ ਲਈ ਖੇਡ ਸਮੱਗਰੀ ਕੀਤੀ ਭੇਟ



ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ) ਲਾਇਨਜ਼ ਕਲੱਬ ਫਗਵਾੜਾ ਚੈਂਪੀਅਨ ਨੇ ਕਲੱਬ ਦੇ ਪ੍ਰਧਾਨ ਲਾਇਨ ਸੰਜੀਵ ਸੂਰੀ ਦੀ ਅਗਵਾਈ ਹੇਠ ਪੁੱਤਰੀ ਪਾਠਸ਼ਾਲਾ ਹਦੀਆਬਾਦ ਫਗਵਾੜਾ ਦੀਆਂ ਵਿਦਿਆਰਥਣਾਂ ਨੂੰ ਖੇਡ ਸਮੱਗਰੀ ਭੇਟ ਕੀਤੀ।ਜਿਸਦਾ ਉਦੇਸ਼ ਸਕੂਲੀ ਵਿਦਿਆਰਥਣਾਂ ਵਿੱਚ ਖੇਡਾਂ ਪ੍ਰਤੀ ਰੁਚੀ ਵਧਾਉਣਾ ਸੀ।ਇਸ ਦੌਰਾਨ ਲਾਇਨਜ਼ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਚੇਅਰਮੈਨ (ਪੀਸ ਪੋਸਟਰ) ਲਾਇਨ ਗੁਰਦੀਪ ਸਿੰਘ ਕੰਗ ਐਮ ਜੇ ਐਫ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਉਨ੍ਹਾਂ ਨੇ ਕਲੱਬ ਵੱਲੋਂ ਕੀਤੇ ਜਾ ਰਹੇ ਸਮਾਜਿਕ ਕਾਰਜਾਂ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਆਪਣੀ ਸਥਾਪਨਾ ਦੇ ਪਹਿਲੇ ਸਾਲ ਵਿੱਚ ਹੀ ਇਸ ਕਲੱਬ ਨੇ ਡਿਸਟ੍ਰਿਕਟ 321-ਡੀ ਦੇ ਮੋਹਰੀ ਕਲੱਬਾਂ ਵਿੱਚ ਆਪਣੀ ਵੱਖਰੀ ਪਛਾਣ ਕਾਇਮ ਕਰ ਲਈ ਹੈ।ਸਕੂਲ ਪ੍ਰਿੰਸੀਪਲ ਰੀਟਾ ਥਾਪਰ ਨੇ ਲਾਇਨਜ਼ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਆਮ ਤੌਰ 'ਤੇ ਵਿਦਿਆਰਥੀਆਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਲਈ ਯਤਨ ਹੁੰਦੇ ਹਨ ਪਰ ਬਹੁਤ ਘੱਟ ਸੰਸਥਾਵਾਂ ਵਿਦਿਆਰਥਣਾਂ ਲਈ ਅਜਿਹੇ ਸ਼ਲਾਘਾਯੋਗ ਉਪਰਾਲੇ ਕਰਦੀਆਂ ਹਨ।ਕਲੱਬ ਦੇ ਪ੍ਰਧਾਨ ਲਾਇਨ ਸੰਜੀਵ ਸੂਰੀ ਨੇ ਦੱਸਿਆ ਕਿ ਇਸ ਪ੍ਰੋਜੈਕਟ ਦੇ ਡਾਇਰੈਕਟਰ ਕਲੱਬ ਸਕੱਤਰ ਲਾਇਨ ਦਿਨੇਸ਼ ਖਰਬੰਦਾ ਸਨ। ਸਕੂਲ ਨੂੰ ਭੇਟ ਕੀਤੀ ਸਮੱਗਰੀ ਵਿਚ ਬੈਡਮਿੰਟਨ ਰੈਕੇਟ, ਵਾਲੀਬਾਲ ਅਤੇ ਫੁੱਟਬਾਲ ਆਦਿ ਸ਼ਾਮਲ ਸਨ।ਇਸ ਮੌਕੇ ਕਲੱਬ ਦੇ ਕੈਸ਼ੀਅਰ ਲਾਇਨ ਅਜੈ ਕੁਮਾਰ, ਲਾਇਨ ਧਰਮਪਾਲ ਨਿਸ਼ਚਲ, ਲਾਇਨ ਸ਼ਸ਼ੀ ਕਾਲੀਆ ਅਤੇ ਲਾਇਨ ਤਜਿੰਦਰ ਪਲਾਹਾ ਤੋਂ ਇਲਾਵਾ ਸਕੂਲ ਸਟਾਫ਼ ਸ਼ਮਾ ਪੁਰੀ, ਪੂਨਮ ਮੁਰਗਈ, ਮੋਨਿਕਾ ਸ਼ਰਮਾ, ਰਾਜਵਿੰਦਰ ਸ਼ਰਮਾ ਆਦਿ ਹਾਜ਼ਰ ਸਨ।

# ਅੱਖਾਂ ਦਾ ਫ੍ਰੀ ਜਾਂਚ ਕੈਂਪ ਲਗਾਇਆ

ਆਦਮਪੁਰ, (ਪਰਮਜੀਤ ਸਿੰਘ)- ਇਤਿਹਾਸਕ ਗੁਰਦੁਆਰਾ ਪੰਜ ਤੀਰਥ ਸਾਹਿਬ ਪਾਤਸ਼ਾਹੀ ਛੇਵੀਂ ਜੰਡੂ ਸਿੰਘਾ ਜਲੰਧਰ ਵਿਖੇ ਐਨ ਆਰ ਆਈ ਤੇ ਸਮਾਜ ਸੇਵਕ ਹਰਬੰਸ ਸਿੰਘ ਖੱਟਕੜ੍ਹ ਅਤੇ ਬੀਬੀ ਮਹਿੰਦਰ ਕੌਰ ਖੱਟਕੜ੍ਹ ਵੱਲੋਂ ਨਰਿੰਦਰ ਸਿੰਘ ਬੰਗਾ ਟੈਕਨੀਕਲ ਡਾਇਰੈਕਟਰ ਦੂਰਦਰਸ਼ਨ ਜਲੰਧਰ ਦੀ ਪ੍ਰੇਰਨਾਂ ਨਾਲ ਇੱਕ ਅੱਖਾਂ ਦੀ ਜਾਂਚ ਤੇ ਆਪਰੇਸ਼ਨ ਸਬੰਧੀ ਵਿਸ਼ੇਸ਼ ਕੈਂਪ ਲਗਾਇਆ ਗਿਆ।ਇਸ ਮੌਕੇ ਅਰੋੜਾ ਆਈ ਹਸਪਤਾਲ ਜਲੰਧਰ ਤੋਂ ਡਾ. ਚਰਨਜੀਤ ਸਿੰਘ ਤੇ ਉਨ੍ਹਾਂ ਦੀ ਟੀਮ ਵੱਲੋਂ ਜਿਥੇ 300 ਮਰੀਜ਼ਾਂ ਦੀ ਜਾਂਚ ਫ੍ਰੀ ਕੀਤੀ ਉਥੇ 40 ਮਰੀਜ਼ਾਂ ਦੀ ਚੋਣ ਆਪਰੇਸ਼ਨ ਵਾਸਤੇ ਕੀਤੀ ਗਈ ਤੇ 200 ਮਰੀਜ਼ਾਂ ਨੂੰ ਐਨਕਾਂ ਫ੍ਰੀ ਦਿੱਤੀਆਂ।ਇਸ ਕੈਂਪ ਦਾ ਉਦਘਾਟਨ ਐਨ ਆਰ ਆਈ ਹਰਬੰਸ ਸਿੰਘ ਖੱਟਕੜ ਅਤੇ ਬੀਬੀ ਮਹਿੰਦਰ ਕੌਰ ਖੱਟਕੜ ਵੱਲੋਂ ਕੀਤਾ ਗਿਆ।ਇਸ ਮੌਕੇ ਮਰੀਜ਼ਾਂ ਲਈ ਪ੍ਰਬੰਧਕਾਂ ਵੱਲੋਂ ਗੁਰੂ ਕੇ ਲੰਗਰ ਵੀ ਲਗਾਏ ਗਏ।ਇਸ ਮੌਕੇ ਜਗਦੀਸ਼ ਬੰਗਾ ਸ਼ੋਸ਼ਲ ਵਰਕਰ ਯੂ.ਕੇ, ਅਧਿਆਪਕਾ ਤੇ ਸਮਾਜ ਸੇਵਿਕਾ ਕਮਲਜੀਤ ਬੰਗਾ, ਗੁਰੂ ਘਰ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭੁਪਿੰਦਰ ਸਿੰਘ ਸੰਘਾ, ਸੈਕਟਰੀ ਅਮਰਜੀਤ ਸਿੰਘ, ਕਰਨੈਲ ਸਿੰਘ, ਜਸਪਾਲ ਸਿੰਘ ਗਿੱਲ, ਕੇਹਰ ਸਿੰਘ ਜੋਹਲ, ਗੁਰਦਿਆਲ ਸਿੰਘ ਕਪੂਰ ਪਿੰਡ, ਰਣਜੀਤ ਸਿੰਘ ਮੱਲੀ ਸਾਬਕਾ ਸਰਪੰਚ, ਜਸਪਾਲ ਸਿੰਘ ਸੋਨੀ ਸੰਘਾ, ਤੇਜਾ ਸਿੰਘ ਖਟਕੜ੍ਹ, ਜੋਗਿੰਦਰ ਸਿੰਘ, ਬਲਵਿੰਦਰ ਕੌਰ ਖਟਕੜ੍ਹ, ਜਗਵਿੰਦਰ ਸਿੰਘ ਸੰਘਾ, ਮਲਕੀਤ ਸਿੰਘ ਖਟਕੜ੍ਹ, ਹਰਜਿੰਦਰ ਕੌਰ ਖਟਕੜ੍ਹ, ਜਸਵਿੰਦਰ ਸਿੰਘ ਖਟਕੜ੍ਹ, ਬਲਦੇਵ ਸਿੰਘ ਖਟਕੜ੍ਹ, ਤੀਰਥ ਕੌਰ ਖਟਕੜ੍ਹ, ਪਰਵਿੰਦਰ ਸਿੰਘ ਖਟਕੜ੍ਹ, ਰਜਿੰਦਰ ਸਿੰਘ ਹੈੱਡ ਗ੍ਰੰਥੀ ਗੁ. ਗੁਰੂ ਨਾਨਕ ਦਰਬਾਰ ਖਾਨਪੁਰ ਤੇ ਹੋਰ ਸੇਵਾਦਾਰਾਂ ਦਾ ਵਿਸ਼ੇਸ਼ ਸਹਿਯੋਗ ਰਿਹਾ।



# ਵਿਦਿਆਰਥੀਆਂ ਵੱਲੋਂ ਕਿਸਾਨਾਂ ਨੂੰ ਗ੍ਰਿਫ਼ਤਾਰ ਕਰਨ ਦੀ ਨਿਖੇਧੀ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ) ਵਿਦਿਆਰਥੀ ਆਗੂ ਅਤੇ ਰਾਜਨੀਤੀ ਸ਼ਾਸਤਰ ਦੇ ਵਿਦਿਆਰਥੀ ਬਲਜੀਤ ਸਿੰਘ, ਜਸਕਰਨ ਅਤੇ ਸਵਿਤਾ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਭਗਵੰਤ ਮਾਨ ਦਾ ਕਿਸਾਨਾਂ ਨਾਲ ਹੋਈ ਮੀਟਿੰਗ ਦੇ ਵਿੱਚ ਤਾਨਾਸ਼ਾਹੀ ਰਵਈਆ ਅਤੀ ਨਿੰਦਣ ਯੋਗ ਹੈ ਨਾਲ਼ ਹੀ ਉਹਨਾਂ ਕਿਹਾ ਕਿ ਅਜਿਹਾ ਵਤੀਰਾ ਤਾਂ ਵਿਦਿਆਰਥੀ ਜਥੇਬੰਦੀ ਦੀ ਕਾਲਜ਼ ਕਮੇਟੀ ਦੇ ਮੈਂਬਰ ਵੀ ਨਹੀਂ ਕਰਦੇ, ਜਿਸ ਤਰ੍ਹਾਂ ਪੰਜਾਬ ਦੇ ਮੁੱਖ ਮੰਤਰੀ ਤਲਖੀ ਵਿੱਚ ਆ ਕੇ ਮੀਟਿੰਗ ਨੂੰ ਵਿੱਚ ਵਿਚਾਲੇ ਛੱਡਕੇ ਤੁਰ ਪਏ। ਆਗੂਆਂ ਨੇ ਕਿਹਾ ਕਿ ਜੇਕਰ ਕੇਂਦਰ ਸਰਕਾਰ ਆਪਣੀ ਜਿੰਮੇਵਾਰੀ ਤੋਂ ਭੱਜਦੀ ਹੈ ਤਾਂ ਪੰਜਾਬ ਸਰਕਾਰ ਨੂੰ ਆਪਣੀ ਜਿੰਮੇਵਾਰੀ ਨਿਭਾਉਂਦਿਆਂ ਕਿਸਾਨ ਜਥੇਬੰਦੀਆਂ ਦੇ ਆਗੂਆਂ ਦੀਆਂ ਮੰਗਾਂ ਨੂੰ ਗੰਭੀਰਤਾਂ ਦੇ ਨਾਲ਼ ਸੁਣਕੇ, ਸਮਝਕੇ ਹੱਲ ਕਰਨੇ ਚਾਹੀਦਾ ਹੈ ਨਾ ਕਿ ਭਾਰਤੀ ਸੰਵਿਧਾਨ ਦੇ ਲੋਕਤੰਤਰਿਕ ਦੇ ਅਧਿਕਾਰਾਂ ਦੀ ਉਲੰਘਣਾ ਕਰਕੇ ਤਾਨਾਸ਼ਾਹੀ ਰਵਈਆ ਦੇ ਨਾਲ਼ ਕਿਸਾਨਾਂ ਦੇ ਘਰਾਂ ਚ ਛਾਪੇਮਾਰੀ ਕਰਕੇ ਗ੍ਰਿਫਤਾਰ ਕਰਨੇ ਚਾਹੀਦਾ ਹੈ! ਵਿਦਿਆਰਥੀ ਆਗੂਆਂ ਨੇ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਕਿਸਾਨਾਂ ਦੇ ਲੋਕਤੰਤਰਿਕ ਸ਼ਾਂਤੀਪੂਰਵਕ ਚੰਡੀਗੜ੍ਹ ਵਾਲੇ ਮੋਰਚੇ ਨੂੰ ਤਾਨਾਸ਼ਾਹੀ ਰਵਈਏ ਦੇ ਨਾਲ਼ ਕੁਚਲਣ ਦੀ ਕੋਸ਼ਿਸ਼ ਕੀਤੀ ਤਾਂ ਉਹ ਮੁੱਖ ਮੰਤਰੀ ਦੇ ਤਾਨਾਸ਼ਾਹੀ ਰਵਈਏ ਖਿਲਾਫ਼ ਪੰਜਾਬ ਪੱਧਰੀ ਸੰਘਰਸ਼ ਵਿੱਢਣਗੇ।



# ਖਾਬੜਾ ਪਰਵਾਰ ਵੱਲੋਂ ਲਗਾਇਆ ਅੱਖਾਂ ਦਾ ਫਰੀ ਮੈਡੀਕਲ ਚੈੱਕਅੱਪ ਕੈਂਪ



ਰਾਹੋਂ (ਕੁਲਵਿੰਦਰ ਸਿੰਘ ਰਾਹੋਂ) ਇੱਥੋਂ ਨਜਦੀਕੀ ਪਿੰਡ ਛੋਕਰਾਂ ਦੇ ਅਵਤਾਰ ਸਿੰਘ ਅਤੇ ਗੁਰਮੀਤ ਕੌਰ ਐਨ ਆਰ ਆਈ ਗੰਢ ਮਨਾਉਦਿਆਂ ਅੱਖਾਂ ਦਾ ਚੈੱਕਅੱਪ ਕੈਂਪ ਲਗਵਾਇਆ ਜਿਸ ਵਿੱਚ 410 ਤੋਂ ਵੱਧ ਮਰੀਜ਼ਾ ਦੀਆਂ ਅੱਖਾਂ ਦਾ ਚੈਕਅੱਪ ਬੰਗਾਂ ਦੇ ਦ੍ਰਿਸ਼ਟੀ ਹਸਪਤਾਲ ਦੇ ਮਾਹਰ ਡਾਕਟਰਾਂ ਵਲੋਂ ਕੀਤਾ ਗਿਆ।ਇਹਨਾਂ ਮਰੀਜ਼ਾ ਵਿੱਚੋਂ ਹੀ 69 ਮਰੀਜ਼ਾ ਦੇ ਲੈਨਜ਼ ਪਾਏ ਗਏ।ਉਪਰੰਤ ਫ੍ਰੀ ਦਵਾਈਆ, ਐਨਕਾਂ ਵੀ ਦਿੱਤੀਆ ਗਈਆਂ।ਇਸ ਤੋਂ ਪਹਿਲਾਂ ਆਪਣੀ 30ਵੀਂ ਵਰ੍ਹੇਗੰਢ ਮਨਾਉਦਿਆਂ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਇਸ ਮੌਕੇ ਕੁਲਦੀਪ ਸਿੰਘ ਛੋਕਰ, ਰੇਸ਼ਮ ਸਿੰਘ ਗਰਚਾ, ਜੋਗਾ ਸਿੰਘ ਗਰਚਾ, ਹਰਦੀਪ ਸਿੰਘ ਲੰਬੜਦਾਰ, ਸੰਨੀ ਪੱਲੀਆ, ਕਮਲਜੀਤ ਸਿੰਘ ਫੋਜੀ, ਜਸਵਿੰਦਰ ਸਿੰਘ ਟੂਟੋ ਮਜਾਰਾ, ਹਰਜਿੰਦਰ ਸਿੰਘ ਖਾਬੜਾਂ, ਮੰਗਲ ਸਿੰਘ ਧਾਲੀਵਾਲ, ਸੁਖਵਿੰਦਰ ਸਿੰਘ ਠੇਕੇਦਾਰ, ਰਸ਼ਪਾਲ ਸਿੰਘ ਸੰਘਾਂ, ਕੁਲਦੀਪ ਸਿੰਘ ਪਾਰੋਵਾਲ, ਪਰਮਜੀਤ ਸਿੰਘ ਖਾਬੜਾਂ, ਬਲਬੀਰ ਸਿੰਘ, ਸੁਰਜੀਤ ਸਿੰਘ ਆਦਿ ਹਾਜ਼ਰ ਸਨ।

## ਸੂਬਾ ਸਰਕਾਰ ਕਿਸਾਨਾਂ ਨਾਲ ਧੱਕੇਸ਼ਾਹੀ ਬੰਦ ਕਰੇ : ਹਨੀ ਫੱਤਣਵਾਲਾ



**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ)** -ਮੁੱਖ ਮੰਤਰੀ ਪੰਜਾਬ ਅਤੇ ਸੰਯੁਕਤ ਕਿਸਾਨ ਮੋਰਚੇ ਦੀ ਬੀਤੇ ਕੱਲ੍ਹ ਪੰਜਾਬ ਭਵਨ ਵਿੱਚ ਹੋਈ ਬੇਸਿੱਟਾ ਰਹੀ ਮੀਟਿੰਗ ਤੋਂ ਬਾਅਦ ਕਿਸਾਨ ਆਗੂ ਬਲਬੀਰ ਸਿੰਘ ਰਾਜੇਵਾਲ ਅਤੇ ਰੁਲਦੂ ਸਿੰਘ ਮਾਨਸਾ ਸਮੇਤ ਵੱਡੀ ਗਿਣਤੀ ਕਿਸਾਨ ਆਗੂਆਂ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਹੈ।ਪੰਜਾਬ ਪੁਲਿਸ ਵੱਲੋਂ ਸੂਬੇ ਭਰ ਵਿੱਚ ਕਿਸਾਨ ਆਗੂਆਂ ਦੇ ਘਰਾਂ ਤੇ ਹੋਰ ਟਿਕਾਣਿਆਂ ਤੇ ਜੋ ਛਾਪੇਮਾਰੀ ਕੀਤੀ ਜਾ ਰਹੀ ਹੈ ਉਹ ਬਹੁਤ ਹੀ ਮੰਦਭਾਗੀ ਤੇ ਕਿਸਾਨਾਂ ਨਾਲ ਧੱਕੇਸ਼ਾਹੀ ਦਾ ਸਬੂਤ ਦਰਸਾਉਂਦੀ ਹੈ।ਉਕਤ ਸ਼ਬਦਾਂ ਦਾ ਪ੍ਰਗਟਾਵਾ ਮਾਰਕਿਟ ਕਮੇਟੀ ਦੇ ਸਾਬਕਾ ਚੇਅਰਮੈਨ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਨੇ ਆਪਣੇ ਗ੍ਰਹਿ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਕਿਸਾਨਾਂ ਨਾਲ ਧੱਕੇਸ਼ਾਹੀ ਬੰਦ ਕਰੇ ਨਹੀਂ ਸੂਬਾ ਸਰਕਾਰ ਨੂੰ ਇਸਦੇ ਸਖ਼ਤ ਨਤੀਜੇ ਭੁਗਤਣੇ ਪੈਣਗੇ। ਹਨੀ ਫੱਤਣਵਾਲਾ ਨੇ ਕਿਹਾ ਕਿ ਕਿਸੇ ਵੀ ਸਰਕਾਰ ਵੱਲੋਂ ਅੱਜ ਤੱਕ ਐਨਾ ਬੇਰੁਖੀ ਵਾਲਾ ਵਤੀਰਾ ਕਿਸਾਨਾਂ ਨਾਲ ਨਹੀਂ ਕੀਤਾ ਗਿਆ ਜਿੰਨਾਂ ਜਾਲੀਮਾਨਾ ਢੰਗ ਮੌਜੂਦਾ ਪੰਜਾਬ ਸਰਕਾਰ ਨੇ ਕਿਸਾਨਾਂ 'ਤੇ ਤਸ਼ਦੱਦ ਕਰਕੇ ਕੀਤਾ ਹੈ। ਹਨੀ ਫੱਤਣਵਾਲਾ ਨੇ ਕਿਹਾ ਕਿ ਕਿਸਾਨੀ ਮੰਗਾਂ ਨੂੰ ਲੈ ਕੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਚੰਡੀਗੜ੍ਹ ਵਿਖੇ ਜੋ ਮੋਰਚਾ ਲਗਾਇਆ ਜਾਣਾ ਸੀ ਉਸ ਤੋਂ ਪਹਿਲਾਂ ਕਿਸਾਨ ਆਗੂਆਂ ਨੂੰ ਹਿਰਾਸਤ ਵਿੱਚ ਲੈ ਕੇ ਸੂਬਾ ਸਰਕਾਰ ਦਾ ਕਿਸਾਨ ਵਿਰੋਧੀ ਚਿਹਰਾ ਸਾਹਮਣੇ ਆਇਆ ਹੈ ਜੋ ਕਿ ਬਹੁਤ ਹੀ ਮੰਦਭਾਗੀ ਘਟਨਾ ਹੈ। ਹਨੀ ਫੱਤਣਵਾਲਾ ਨੇ ਕਿਹਾ ਕਿ ਅਜਿਹਾ ਕਰਕੇ ਸੂਬਾ ਸਰਕਾਰ ਕਿਸਾਨਾਂ ਦੇ ਸੰਘਰਸ਼ ਨੂੰ ਕਮਜ਼ੋਰ ਨਹੀਂ ਕਰ ਸਕਦੀ। ਉਹਨਾਂ ਕਿਹਾ ਕਿ ਸੰਯੁਕਤ ਕਿਸਾਨ ਮੋਰਚਾ ਕਿਸਾਨਾਂ ਦੇ ਹੱਕਾਂ ਲਈ ਸੰਘਰਸ਼ ਕਰਦਾ ਰਿਹਾ ਹੈ ਤੇ ਕਰਦਾ ਰਹੇਗਾ। ਅੰਤ ਵਿੱਚ ਹਨੀ ਫੱਤਣਵਾਲਾ ਨੇ ਸਮੂਹਿਕ ਛੁੱਟੀ 'ਤੇ ਗਏ ਤਹਿਸੀਲਦਾਰਾਂ ਨੂੰ ਮੁਅੱਤਲ ਕਰਨ ਦੀ ਵੀ ਭਗਵੰਤ ਮਾਨ ਸਰਕਾਰ ਦੀ ਨਿਖੇਧੀ ਵੀ ਕੀਤੀ।

## ਖੱਤਰੀ ਮਹਾਂਸਭਾ ਨੇ ਐਸ ਡੀ ਐਮ ਨੂੰ ਦਿੱਤਾ ਮੰਗ ਪੱਤਰ



**ਕੋਟ ਈਸੇ ਖਾਂ (ਅਰੋੜਾ)** ਸ਼ਹਿਰ ਦੀ ਖੱਤਰੀ ਮਹਾਂਸਭਾ ਦੇ ਸਰਪ੍ਰਸਤ ਵਿਜੇ ਕੁਮਾਰ ਧੀਰ ਤੇ ਬਲਾਕ ਪ੍ਰਧਾਨ ਸੁਮੀਤ ਕੁਮਾਰ ਬਿੱਟੂ ਮਲਹੋਤਰਾ ਦੀ ਅਗਵਾਈ ਹੇਠ ਕੌਂਸਲਰ ਪ੍ਰਦੀਪ ਧਵਨ, ਰਾਜਨ ਵਰਮਾ, ਲਖਪਤ ਰਾਏ ਮਲਹੋਤਰਾ, ਟੀਟੂ ਨਾਰੰਗ, ਮੁਕੇਸ਼ ਪਲਤਾ, ਕਪਿਲ ਮਹਿਤਾ, ਰਿੰਕੂ ਕਪੂਰ, ਕਮੇਸ਼ ਮਲਹੋਤਰਾ, ਵਿਨੋਦ ਮਲਹੋਤਰਾ, ਸਮਿਤ ਮਲਹੋਤਰਾ, ਡਿੰਪਲ ਕਪਾਹੀ, ਸੋਨੂ ਧੀਰ, ਕੁਲਬੀਰ ਸਿੰਘ ਮਸੀਤਾ ਆਦਿ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਾਂਅ ਤੇ ਇੱਕ ਮੰਗ ਪੱਤਰ ਜੋ ਐਸਡੀਐਮ ਦਫਤਰ ਧਰਮਕੋਟ ਵਿਖੇ ਦਿੱਤਾ ਗਿਆ। ਮਹਾਸਭਾ ਦੀ ਅਹੁਦੇਦਾਰਾਂ ਨੇ ਦੱਸਿਆ ਕਿ ਖੱਤਰੀ ਮਹਾਂਸਭਾ ਪੰਜਾਬ ਜਿਸਦੀ 35 ਲੱਖ ਦੀ ਆਬਾਦੀ ਸੂਬੇ ਅੰਦਰ ਹੈ।ਖੱਤਰੀ ਮਹਾਂਸਭਾ ਪੰਜਾਬ ਦੇ ਪ੍ਰਦੇਸ਼ ਹਾਈਕਮਾਂਡ ਖੱਤਰੀ ਅਸ਼ੋਕ ਥਾਪਰ, ਰਾਸ਼ਟਰੀ ਪ੍ਰਧਾਨ ਸ਼ਹੀਦ ਸੁਖਦੇਵ ਥਾਪਰ ਮੈਮੋਰੀਅਲ ਟਰੱਸਟ, ਲੁਧਿਆਣਾ ਤੇ ਪ੍ਰਦੇਸ਼ ਪ੍ਰਧਾਨ ਖੱਤਰੀ ਵਿਜੇ ਧੀਰ ਐਡਵੋਕੇਟ ਦੀ ਅਗਵਾਈ ਵਿੱਚ ਮੰਗ ਪੱਤਰ ਰਾਹੀਂ ਬੇਨਤੀ ਕੀਤੀ ਕਿ ਦੇਸ਼ ਦੇ ਮਹਾਨ ਸ਼ਹੀਦ ਜਿਨ੍ਹਾਂ ਨੇ ਦੇਸ਼ ਦੀ ਆਜ਼ਾਦੀ ਲਈ ਹੱਸਦੇ-ਹੱਸਦੇ ਫਾਂਸੀ ਦੇ ਰੱਸੇ ਨੂੰ ਚੁੰਮ ਲਿਆ ਸੀ।ਸ਼ਹੀਦੇ-ਆਜ਼ਮ ਭਗਤ ਸਿੰਘ ਦੇ ਸਾਥੀ, ਜਿਨ੍ਹਾਂ ਨੂੰ ਉਹ ਆਪਣਾ ਵੱਡਾ ਭਰਾ ਆਖਦੇ ਸਨ ਤੇ ਹਰ ਕੰਮ ਦੇ ਵਿੱਚ ਮਾਸਟਰ ਮਾਇੰਡ ਕਹਿਲਾਏ ਜਾਣ ਵਾਲੇ ਸ਼ਹੀਦ-ਏ-ਆਜ਼ਮ ਸੁਖਦੇਵ ਥਾਪਰ, ਜਿਨ੍ਹਾਂ ਦਾ ਜਨਮ ਸਥਾਨ ਲੁਧਿਆਣਾ ਦੇ ਨੌਘਰਾ ਮੁਹੱਲਾ ਦੇ ਵਿੱਚ ਹੈ, ਜੋ ਕਾਫੀ ਲੰਬੇ ਸਮੇਂ ਤੋਂ ਯਤਨ ਚੱਲ ਰਿਹਾ ਹੈ ਕਿ ਚੌੜਾ ਬਾਜ਼ਾਰ ਵਿੱਚ ਪੀ ਐਨ ਬੀ. ਬੈਂਕ ਵਾਲੀ ਗਲੀ ਤੋਂ ਸਿੱਧਾ ਰਾਹ ਨੌਘਰਾ (ਸ਼ਹੀਦ ਦੀ ਜਨਮ ਸਥਲੀ) ਨੂੰ ਦਵਾਇਆ ਜਾਵੇ, ਉਸ ਲਈ ਜ਼ਮੀਨ ਐਕਵਾਇਰ ਕਰਨ ਦੀ ਪ੍ਰਕਿਰਿਆ ਪੂਰੀ ਹੋ ਚੁੱਕੀ ਹੈ ਤੇ ਸਰਕਾਰ ਵੱਲੋਂ ਮੁਆਵਜ਼ਾ ਰਾਸ਼ੀ ਦੇ ਕੇ ਉਸ ਜ਼ਮੀਨ ਦਾ ਕਬਜ਼ਾ ਲੈਣਾ ਹੈ।ਉਨ੍ਹਾਂ ਕਿਹਾ ਕਿ 23 ਮਾਰਚ ਸ਼ਹੀਦੀ ਦਿਵਸ ਆ ਰਿਹਾ ਹੈ ਤੇ ਜੋ ਵਾਅਦੇ ਤੁਸੀਂ ਪੰਜਾਬ ਨਾਲ ਕੀਤੇ ਸੀ, ਉਹ ਸਾਰੇ ਹੀ ਮੁਕੰਮਲ ਤੁਸੀਂ ਕਰ ਰਹੇ ਹੋ, ਇਸ ਕਰਕੇ ਇਹ ਵਾਅਦਾ ਵੀ ਤੁਹਾਡੇ ਵੱਲੋਂ ਲੁਧਿਆਣਾ ਦੇ ਵਿੱਚ ਇੱਕ ਪ੍ਰੈੱਸ ਵਾਰਤਾ ਦੇ ਵਿੱਚ ਕਿਹਾ ਗਿਆ ਸੀ, ਜੋ ਕਿਹਾ ਉਹ ਕਰਕੇ ਦਿਖਾਵਾਂਗੇ। ਉਨ੍ਹਾਂ ਕਿਹਾ ਕਿ ਆਪ ਜੀ ਅੱਗੇ ਬੇਨਤੀ ਹੈ ਕਿ ਇਸ ਵਾਰ 23 ਮਾਰਚ ਨੂੰ ਸ਼ਹੀਦੀ ਦਿਵਸ ਵਾਲੇ ਦਿਨ ਤੁਸੀਂ ਇਸ ਕੋਰੀਡੋਰ ਦਾ ਉਦਘਾਟਨ ਕਰਕੇ ਪਹਿਲਾਂ ਬਣਦੀ ਮੁਆਵਜ਼ਾ ਰਾਸ਼ੀ ਰਿਲੀਜ਼ ਕਰਕੇ ਸਰਕਾਰ ਉੱਥੇ ਕੋਰੀਡੋਰ ਬਣਾਵੇ ਤਾਂ ਜੁ ਯੁਵਾ ਪੀੜ੍ਹੀ ਨੂੰ ਇਹ ਪਤਾ ਲੱਗੇ ਕਿ ਇਹ ਕੰਮ ਕਾਫੀ ਲੰਬੇ ਸਮੇਂ ਤੋਂ ਪੈਂਡਿੰਗ ਪਿਆ ਸੀ।

## ਪਟਵਾਰੀ ਤੇ ਉਸ ਦਾ ਕਰਿੰਦਾ ਰਿਸ਼ਵਤ ਦੇ ਦੋਸ਼ 'ਚ ਕਾਬੂ



**ਰਾਜਪੁਰਾ (ਰਮੇਸ਼ ਕਟਾਰੀਆ)** ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਤਹਿਤ ਰਾਜਪੁਰਾ ਦੇ ਪਿੰਡ ਸ਼ਾਮਦੋ ਵਿਖੇ ਤਾਇਨਾਤ ਪਟਵਾਰੀ ਅਸ਼ੋਕ ਕੁਮਾਰ ਤੇ ਉਸਦੇ ਕਾਰਿੰਦੇ ਗੁਰਜੀਤ ਸਿੰਘ ਨੂੰ 20000 ਰੁਪਏ ਰਿਸ਼ਵਤ ਮੰਗਣ ਤੇ ਲੈਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਹੈ। ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਕਿਹਾ ਕਿ ਇਹ ਕੇਸ ਪਟਿਆਲਾ ਜ਼ਿਲ੍ਹੇ ਦੇ ਪਿੰਡ ਸ਼ੇਖੂਪੁਰ ਦੇ ਵਸਨੀਕ ਵੱਲੋਂ ਦਰਜ ਕੀਤੀ ਗਈ ਸ਼ਿਕਾਇਤ ਦੇ ਆਧਾਰ 'ਤੇ ਦਰਜ ਕੀਤਾ ਗਿਆ ਹੈ।

## ਝੂਠ ਦੀ ਨਿਓਂ 'ਤੇ ਬਣੇ ਸਬੰਧ ਜਲਦੀ ਖ਼ਤਮ ਹੋ ਜਾਂਦੇ ਹਨ : ਅਸ਼ਵਨੀ ਗਰਗ

**ਜੈਤੋ (ਸਤੀਸ਼ ਕੁਮਾਰ ਭੀਰੀ)** ਸ਼ਿਵਾਲਿਕ ਪਬਲਿਕ ਸਕੂਲ ਦੇ ਚੇਅਰਮੈਨ ਅਸ਼ਵਨੀ ਕੁਮਾਰ ਗਰਗ ਨੇ ਪ੍ਰੀਖਿਆਵਾਂ ਵਿੱਚ ਰੁੱਝੇ ਵਿਦਿਆਰਥੀਆਂ ਨੂੰ ਦਿੱਤੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਜੋ ਤੁਸੀਂ ਸੁਣਦੇ ਹੋ ਉਸ ਤੇ ਵਿਸ਼ਵਾਸ ਕਰਨ ਵਿੱਚ ਜਲਦਬਾਜ਼ੀ ਨਹੀਂ ਕਰਨੀ ਚਾਹੀਦੀ, ਕਿਉਂਕਿ ਝੂਠ ਸੱਚ ਨਾਲੋਂ ਜ਼ਿਆਦਾ ਤੇਜ਼ੀ ਨਾਲ ਫੈਲਦਾ ਹੈ।ਉਨ੍ਹਾਂ ਕਿਹਾ ਕਿ ਜੀਵਨ ਵਿੱਚ ਤੁਸੀਂ ਕਿੰਨੇ ਸਹੀ ਹੋ ਤੇ ਕਿੰਨੇ ਗ਼ਲਤ ਹੋ ਇਹ ਕੇਵਲ ਦੋ ਹੀ ਲੋਕ ਜਾਣਦੇ ਹਨ, ਇੱਕ ਪ੍ਰਮਾਤਮਾ ਤੇ ਦੂਜੀ ਤੁਹਾਡੀ ਆਤਮਾ।ਅਸ਼ਵਨੀ ਗਰਗ ਨੇ ਅੱਗੇ ਕਿਹਾ ਕਿ ਸ਼ਬਦ ਯਾਤਰਾ ਕਰਦੇ ਹਨ ਇਸ ਲਈ ਪਿੱਠ ਪਿੱਛੇ ਵੀ ਕਿਸੇ ਦੀ ਨਿੰਦਿਆ ਨਾ ਕਰੋ, ਆਪਣੀ ਅਲੋਚਨਾ ਨੂੰ ਠਰ੍ਹੰਮੇ ਨਾਲ ਸੁਣੋ, ਇਹ ਸਾਡੀ ਜ਼ਿੰਦਗੀ ਦੀ ਮੈਲ ਹਟਾਉਣ ਲਈ ਸਾਬਣ ਦਾ ਕੰਮ ਕਰਦੀ ਹੈ। ਉਨ੍ਹਾਂ ਕਿਹਾ ਕਿ ਹਰ ਚੀਜ਼ ਚੁੱਕੀ ਜਾ ਸਕਦੀ ਹੈ, ਕੇਵਲ ਡਿੱਗੀ ਹੋਈ ਸੋਚ ਦੇ। ਅਸ਼ਵਨੀ ਗਰਗ ਨੇ ਕਿਹਾ ਕਿ ਜਿਵੇਂ ਰੇਤ ਦੀ ਨਿਓਂ 'ਤੇ ਬਣੀ ਇਮਾਰਤ ਜਲਦੀ ਹੀ ਡਿੱਗ ਜਾਂਦੀ ਹੈ ਉਸੇ ਤਰ੍ਹਾਂ ਹੀ ਝੂਠ ਭਾਵ ਦੇਹ, ਪਦ, ਦੌਲਤ, ਵਿਸ਼ੇਸ਼ਤਾ ਤੇ ਜ਼ਰੂਰਤ ਦੀ ਨਿਓਂ 'ਤੇ ਬਣੇ ਸਬੰਧ ਜਲਦੀ ਹੀ ਸਮਾਪਤ ਹੋ ਜਾਂਦੇ ਹਨ ਤੇ ਦੁੱਖ ਦੇਣ ਲੱਗਦੇ ਹਨ।



## ਅਧਿਆਪਕਾਂ ਵੱਲੋਂ ਵਿਸ਼ਾਲ ਸੂਬਾ ਪੱਧਰੀ ਰੈਲੀ 8 ਨੂੰ



**ਚੌਕੀਮਾਨ (ਇੰਦ੍ਰ ਬਲਬੀਰ ਸਿੰਘ ਮਾਨ)** ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਦੇ ਆਗੂਆਂ ਦੀ ਮੀਟਿੰਗ ਸੂਬਾ ਪ੍ਰਧਾਨ ਸੁਰਿੰਦਰ ਕੁਮਾਰ ਪੁਆਰੀ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਵਿੱਚ ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਸੁਖਜਿੰਦਰ ਸਿੰਘ ਖਾਨਪੁਰ, ਸੀਨੀਅਰ ਮੀਤ ਪ੍ਰਧਾਨ ਅਤੇ ਕਾਰਜਕਾਰੀ ਜਨਰਲ ਸਕੱਤਰ ਪ੍ਰਵੀਨ ਕੁਮਾਰ ਲੁਧਿਆਣਾ ਤੇ ਜਿੰਦਰ ਪਾਇਲਟ , ਪ੍ਰੈਸ ਸਕੱਤਰ ਟਹਿਲ ਸਿੰਘ ਸਰਾਭਾ, ਪਰਮਿੰਦਰ ਪਾਲ ਸਿੰਘ ਕਾਲੀਆ, ਸੰਜੀਵ ਸ਼ਰਮਾ , ਮਨੀਸ਼ ਸ਼ਰਮਾ, ਹਰੀ ਦੇਵ , ਜਗਮੇਲ ਸਿੰਘ ਪੱਖੋਵਾਲ ਆਗੂਆਂ ਨੇ ਕਿਹਾ ਕਿ ਪੰਜਾਬ ਵਿੱਚ ਬਦਲਾਅ ਦੇ ਨਾਮ 'ਤੇ ਬਣੀ ਸਰਕਾਰ ਤੋਂ ਪੰਜਾਬ ਦੇ ਮੁਲਾਜ਼ਮਾਂ, ਕਿਸਾਨਾਂ, ਮਜ਼ਦੂਰਾਂ ਅਤੇ ਵਿਦਿਆਰਥੀਆਂ ਨੂੰ ਬਹੁਤ ਉਮੀਦਾਂ ਸਨ। ਪਰ ਸਾਰੇ ਵਰਗਾਂ ਦੀਆਂ ਉਮੀਦਾਂ ਧਰੀਆਂ-ਧਰਾਈਆਂ ਰਹਿ ਗਈਆਂ। ਦੋ ਏਜੰਡਿਆਂ ਸਿੱਖਿਆ ਅਤੇ ਸਿਹਤ ਨੂੰ ਮੁੱਖ ਰੱਖ ਕੇ ਬਣੀ ਸਰਕਾਰ ਨੇ ਦੋਵਾਂ ਖੇਤਰਾਂ ਵਿੱਚ ਪੰਜਾਬ ਨੂੰ ਪਿੱਛੇ ਧੱਕ ਦਿੱਤਾ ਹੈ।ਪੰਜਾਬ ਦਾ ਸਿੱਖਿਆ ਮੰਤਰੀ ਅਧਿਆਪਕਾਂ ਦੀਆਂ ਮੀਟਿੰਗਾਂ ਦੌਰਾਨ ਮੀਟਿੰਗ ਵਿੱਚ ਮੰਗਾਂ ਮੰਨ ਕੇ ਮੁੱਕਰ ਰਹੇ ਹਨ। ਆਗੂਆਂ ਨੇ ਐਲਾਨ ਕੀਤਾ ਕਿ ਤਹਿਸੀਲ ਪੱਧਰੀ ਅਰਥੀ ਫੂਕ ਮੁਜ਼ਾਹਰਿਆਂ ਤੋਂ ਬਾਅਦ 8 ਮਾਰਚ ਨੂੰ ਆਨੰਦਪੁਰ ਸਾਹਿਬ ਵਿਖੇ ਸਾਂਝਾ ਅਧਿਆਪਕ ਮੋਰਚਾ ਪੰਜਾਬ ਅਤੇ ਡੀ ਟੀ ਐਫ ਪੰਜਾਬ ਵੱਲੋਂ ਵੱਲੋਂ ਵਿਸ਼ਾਲ ਸੂਬਾ ਪੱਧਰੀ ਰੈਲੀ ਕੀਤੀ ਜਾ ਰਹੀ ਹੈ । ਇਸ ਸੂਬਾ ਪੱਧਰੀ ਰੈਲੀ ਵਿੱਚ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਨਾਲ ਸੰਬੰਧਿਤ ਅਧਿਆਪਕ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਧਰਮ ਸਿੰਘ ਮਲੌਦ, ਸਤਵਿੰਦਰਪਾਲ ਸਿੰਘ ਦੋਰਾਹਾ, ਕੁਲਦੀਪ ਸਿੰਘ ਪੱਖੋਵਾਲ, ਗਿਆਨ ਸਿੰਘ ਦੋਰਾਹਾ, ਨਰਿੰਦਰਪਾਲ ਸਿੰਘ ਬੁਰਜ ਲਿੱਟਾਂ , ਪਰਮਜੀਤ ਸਿੰਘ ਸਵੱਦੀ, ਸ਼ਮਸ਼ੇਰ ਸਿੰਘ ਬੁਰਜ ਲਿੱਟਾਂ, ਜੁਗਲ ਸ਼ਰਮਾ ਅਤੇ ਬਿਕਰਮਜੀਤ ਸਿੰਘ ਥਰੀਕੇ ਹਾਜ਼ਰ ਸਨ।

## ਮੈਡੀਕਲ ਪ੍ਰੈਕਟੀਸ਼ਨ ਸਾਫ-ਸੁਥਰਾ ਤੇ ਸਮਾਜ ਭਲਾਈ ਦਾ ਕੰਮ ਕਰਨ : ਆਤਮਾ ਸਿੰਘ

**ਜ਼ੀਰਾ (ਨਰਿੰਦਰ ਅਨੇਜਾ)** ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ. 295 ਦੇ ਸੂਬਾ ਪ੍ਰਧਾਨ ਵੈਦ ਧੰਨਾ ਮੱਲ ਗੋਇਲ ਤੇ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਪ੍ਰਧਾਨ ਡਾਕਟਰ ਹਰਭਜਨ ਕੰਬੋਜ ਦੀ ਯੋਗ ਅਗਵਾਈ ਹੇਠ ਚੱਲ ਰਹੀ ਜਥੇਬੰਦੀ ਦੀ ਇਕਾਈ ਜ਼ੀਰਾ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਆਤਮਾ ਸਿੰਘ ਦੀ ਪ੍ਰਧਾਨਗੀ ਹੇਠ ਮਿਲਨ ਰੈਸਟੋਰੈਂਟ ਜ਼ੀਰਾ ਵਿੱਚ ਹੋਈ, ਜਿਸ ਵਿੱਚ ਪ੍ਰੈਕਟੀਸ਼ਨਰਾਂ ਨੂੰ ਪ੍ਰੈਕਟਿਸ ਕਰਦੇ ਹੋਏ ਆ ਰਹੀਆਂ ਸਮੱਸਿਆਵਾਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ।ਮੀਟਿੰਗ ਵਿੱਚ ਪ੍ਰਧਾਨ ਆਤਮਾ ਸਿੰਘ ਤੋਂ ਇਲਾਵਾ ਵੱਖ+-ਵੱਖ ਬੁਲਾਰਿਆਂ ਚੇਅਰਮੈਨ ਜਰਨੈਲ ਸਿੰਘ, ਜਨਰਲ ਸਕੱਤਰ ਸੁਰਜੀਤ ਸਿੰਘ ਤੇ ਸਟੇਜ ਸਕੱਤਰ ਸੰਤੋਖ ਸਿੰਘ ਆਦਿ ਨੇ ਬੋਲਦਿਆਂ ਕਿਹਾ ਕਿ ਵੱਖ-ਵੱਖ ਪਿੰਡਾਂ ਤੇ ਸ਼ਹਿਰਾਂ ਦੇ ਸਲੱਮ ਏਰੀਆ ਵਿੱਚ ਸਾਫ਼ ਸੁਥਰਾ ਕੰਮ ਕਰਨ ਦੇ ਨਾਲ-ਨਾਲ ਸਮਾਜ ਭਲਾਈ ਦੇ ਕੰਮ ਕਰ ਰਹੇ ਪ੍ਰੈਕਟੀਸ਼ਨਰਾਂ ਦੀ ਰਜਿਸਟਰਡ ਕਰਨ ਦੀ ਮੰਗ ਨੂੰ ਸਰਕਾਰ ਛੇਤੀ ਪੂਰਾ ਕਰੇ ਤਾਂ ਜੁ ਉਹ ਬੇਖੌਫ਼ ਪ੍ਰੈਕਟਿਸ ਕਰ ਸਕਣ। ਮੀਟਿੰਗ ਵਿੱਚ ਜੈਨਸਿਸ ਅਮਨਦੀਪ ਹਸਪਤਾਲ ਫ਼ਿਰੋਜ਼ਪੁਰ ਦੇ ਡਾਇਰੈਕਟਰ ਅਭਿਸ਼ੇਕ ਅਰੋੜਾ ਦੀ ਅਗਵਾਈ ਹੇਠ ਕਾਰਡੀਓਲਾਜੀ ਤੇ ਸਰਜਰੀ ਡਿਪਾਰਟਮੈਂਟ ਦੇ ਸੀਨੀਅਰ ਡਾਕਟਰਾਂ ਤੇ ਉਨ੍ਹਾਂ ਦੀ ਟੀਮ ਨੇ ਵੀ ਸ਼ਮੂਲੀਅਤ ਕੀਤੀ।ਉਨ੍ਹਾਂ ਆਪਣੇ ਹਸਪਤਾਲ ਦੀਆਂ ਵਿਸ਼ੇਸ਼ਤਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਅਖੀਰ ਪ੍ਰਧਾਨ ਆਤਮਾ ਸਿੰਘ ਵੱਲੋਂ ਸਾਰੇ ਮੈਂਬਰਾਂ ਤੇ ਜੈਨਸਿਸ ਅਮਨਦੀਪ ਹਸਪਤਾਲ ਦੀ ਟੀਮ ਦਾ ਧੰਨਵਾਦ ਕੀਤਾ ਗਿਆ।ਪ੍ਰਧਾਨ ਆਤਮਾ ਸਿੰਘ ਤੇ ਉਪਰੋਕਤ ਸੀਨੀਅਰ ਆਗੂਆਂ ਤੋਂ ਇਲਾਵਾ ਇਸ ਵਿਸ਼ੇਸ਼ ਇਕੱਤਰਤਾ ਵਿੱਚ ਵੱਡੀ ਗਿਣਤੀ ਵਿੱਚ ਪ੍ਰੈਕਟੀਸ਼ਨਰ ਸੀਨੀਅਰ ਮੀਤ ਪ੍ਰਧਾਨ ਜਸਵਿੰਦਰ ਸਿੰਘ ਸੁੱਖੇਵਾਲਾ, ਸੀਨੀਅਰ ਮੀਤ ਪ੍ਰਧਾਨ ਅਜਮੇਰ ਸਿੰਘ ਢੇਰੂ, ਵਾਈਸ ਜਨਰਲ ਸਕੱਤਰ ਜਗਮੀਤ ਸਿੰਘ,ਕੈਸ਼ੀਅਰ ਗੁਰਪ੍ਰੀਤ ਸਿੰਘ ,ਵਾਈਸ ਚੇਅਰਮੈਨ ਧਰਮਿੰਦਰ ਸਿੰਘ, ਵਾਈਸ ਚੇਅਰਮੈਨ ਸਲਵਿੰਦਰ ਸਿੰਘ , ਸਲਾਹਕਾਰ ਬਲਜੀਤ ਸਿੰਘ, ਜਸਵਿੰਦਰ ਸਿੰਘ ਸੋਢੀਵਾਲਾ, ਕੁਲਵੀਰ ਸਿੰਘ, ਪੂਰਨ ਸਿੰਘ, ਸ਼ਮਸ਼ੇਰ ਸਿੰਘ, ਸੁਖਦੀਪ ਸਿੰਘ, ਜਗਜੀਤ ਸਿੰਘ, ਵਾਈਸ ਸਟੇਜ ਸਕੱਤਰ ਗੁਰਜੀਤ ਸਿੰਘ ਪੰਡੋਰੀ, ਸ਼ੋਸ਼ਲ ਮੀਡੀਆ ਇੰਚਾਰਜ ਲਵਲੀ ਸਿੰਘ, ਜਸਕਰਨ ਸਿੰਘ, ਸ਼ਿੰਦਰਪਾਲ ਸਿੰਘ, ਹਰਪ੍ਰੀਤ ਸਿੰਘ, ਗੁਰਭੇਜ ਸਿੰਘ, ਜੋਗਿੰਦਰ ਸਿੰਘ, ਸੁਖਬੀਰ ਸਿੰਘ, ਕੁਲਵੰਤ ਸਿੰਘ, ਵਿਜੇ ਕੁਮਾਰ, ਪਵਨਵੀਰ , ਗੁਰਵਿੰਦਰ ਸਿੰਘ ਗੌਰਵ, ਪਰਮਜੀਤ ਸਿੰਘ, ਲਖਵਿੰਦਰ ਸਿੰਘ, ਹੀਰਾ ਸਿੰਘ, ਗੁਰਪਰਸਨ ਸਿੰਘ, ਸੋਨੂੰ , ਧਰਮਿੰਦਰ ਸਿੰਘ ਬਲਖੰਡੀ, ਜਗੀਰ ਸਿੰਘ, ਸੰਦੀਪ ਸਿੰਘ, ਗੁਰਪ੍ਰੀਤ ਸਿੰਘ, ਮਨਜੀਤ ਸਿੰਘ, ਜਸਵੰਤ ਸਿੰਘ, ਰਵੀ ਕੁਮਾਰ, ਗਗਨਦੀਪ, ਗੁਰਜੀਤ ਸਿੰਘ ਮਰਖਾਈ ਆਦਿ ਸ਼ਾਮਲ ਹੋਏ।



## ਸੰਗਰੂਰ ਦੀ ਸਿਮਰਨਪ੍ਰੀਤ ਕੌਰ ਨੂੰ ਡੰਡ ਬੈਠਕਾਂ 'ਚ ਗੋਲਡ ਮੈਡਲ



**ਸੰਗਰੂਰ (ਪ੍ਰਵੀਨ ਸਿੰਘ)** ਪੜ੍ਹਾਈ ਦੇ ਨਾਲ ਨਾਲ ਬੱਚੇ ਦੇ ਸਰਵਪਿਆਪੀ ਵਿਕਾਸ ਲਈ ਉਨ੍ਹਾਂ ਨੂੰ ਖੇਡਾਂ ਵੱਲ ਵੀ ਪ੍ਰੇਰਿਤ ਕਰਨਾ ਸਮੇਂ ਦੀ ਮੁੱਖ ਲੋੜ ਹੈ। ਇਸੇ ਮਕਸਦ ਨੂੰ ਲੈ ਕੇ ਐਕਟਿਵ ਜਿਮ ਦਿੜ੍ਹਬਾ ਵੱਲੋਂ ਖੇਡਾਂ ਦਾ ਆਯੋਜਨ ਕੀਤਾ ਗਿਆ, ਜਿਸ ਵਿਚ ਪੰਜਾਬ ਭਰ ਤੋਂ ਆਏ ਅਥਲੀਟਾਂ ਨੇ ਭਾਗ ਲਿਆ। ਇਸ ਮੌਕੇ ਪਾਵਰ ਲਿਫਟਿੰਗ ਅਤੇ ਡੰਡ ਬੈਠਕਾਂ ਆਦਿ ਹੋਰ ਖੇਡਾਂ ਵੀ ਕਰਵਾਈਆਂ ਗਈਆਂ,ਜਿਸ ਵਿਚ ਸੰਗਰੂਰ ਦੀ 6 ਸਾਲਾ ਧੀ ਸਿਮਰਨਪ੍ਰੀਤ ਕੌਰ ਨੇ ਪੰਜ ਮਿੰਟ ਵਿਚ 220 ਡੰਡ ਬੈਠਕਾਂ ਲਗਾ ਕੇ ਇਸ ਛੋਟੀ ਉਮਰੇ ਵੱਡੀਆਂ ਪੁਲਾਂਘਾ ਮਾਰੀਆਂ ਅਤੇ ਆਪਣੀ ਹੀ ਕੈਟਾਗਿਰੀ ਵਿਚ ਇੱਕ ਨਵਾਂ ਰਿਕਾਰਡ ਵੀ ਬਣਾ ਦਿੱਤਾ। ਇਸ ਜਿੱਤ ਲਈ ਪ੍ਰਬੰਧਕਾਂ ਨੇ ਬੱਚੀ ਨੂੰ ਕੈਸ਼ ਇਨਾਮ ਅਤੇ ਗੋਲਡ ਮੈਡਲ ਪਾ ਕੇ ਸਨਮਾਨਿਤ ਕੀਤਾ।

## ਨਸ਼ਿਆਂ ਵਿਰੁੱਧ ਯੁੱਧ ਤਹਿਤ ਜਾਗਰੂਕਤਾ ਸੈਮੀਨਾਰ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਦਿਨੋ ਦਿਨ ਵੱਧਦੇ ਨਸ਼ਿਆਂ ਦੇ ਕਹਿਰ ਨੂੰ ਠੱਲ ਪਾਉਣ ਲਈ ਸ਼ੁਰੂ ਕੀਤੀ ਗਈ ਮੁਹਿੰਮ ਨਸ਼ਿਆਂ ਵਿਰੁੱਧ ਯੁੱਧ ਤਹਿਤ ਪੰਚਾਇਤ ਵਿਭਾਗ ਵੱਲੋਂ ਬੀਡੀਪੀਓ ਬਘੇਲ ਸਿੰਘ ਦੀ ਅਗਵਾਈ ਹੇਠ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ।ਕੈਂਪ ਵਿੱਚ ਮੁੱਖ ਮਹਿਮਾਨ ਵਜੋਂ ਐਸਡੀਐਮ ਸ਼੍ਰੀ ਅਸ਼ੋਕ ਕੁਮਾਰ ਨੇ ਸ਼ਿਰਕਤ ਕੀਤੀ। ਕੈਂਪ ਵਿੱਚ ਬਲਾਕ ਪਾਤਰ ਅਧੀਨ ਹੋ ਗਈਆਂ 50 ਤੋਂ ਵੱਧ ਪੰਚਾਇਤਾਂ ਦੇ ਨੁਮਾਇੰਦੇ ਪੰਚਾਂ ਸਰਪੰਚਾਂ ਨੇ ਸ਼ਮੂਲੀਅਤ ਕੀਤੀ।ਕੈਂਪ ਨੂੰ ਸੰਬੋਧਨ ਕਰਦਿਆਂ ਉਪ ਮੰਡਲ ਮੈਜਿਸਟਰੇਟ ਸ਼੍ਰੀ ਅਸ਼ੋਕ ਕੁਮਾਰ ਨੇ ਕਿਹਾ ਕਿ ਨਸ਼ਾ ਕਰਨ ਘਰਾਂ ਦੇ ਘਰ ਬਰਬਾਦ ਹੁੰਦੇ ਜਾ ਰਹੇ ਹਨ, ਜਿਸ ਕਰਕੇ ਇਨ੍ਹਾਂ ਨੂੰ ਰੋਕਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸਰਕਾਰ ਪੂਰੀ ਤਰ੍ਹਾਂ ਸੁਹਿਰਦ ਹੈ।ਉਨ੍ਹਾਂ ਸਰਪੰਚਾਂ ਨੂੰ ਅਪੀਲ ਕੀਤੀ ਕਿ ਆਪਣੇ ਪਿੰਡਾਂ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਸਰਕਾਰ ਦਾ ਸਹਿਯੋਗ ਕਰਨ।ਉਨ੍ਹਾਂ ਖੇਡਾਂ ਵਿੱਚ ਰੁਚੀ ਵਧਾਉਣ ਦਾ ਹਵਾਲਾ ਦਿੰਦਿਆਂ ਕਿਹਾ ਕਿ ਹਰ ਪੰਚਾਇਤ ਨੂੰ ਆਪਣੇ ਆਪਣੇ ਇਲਾਕਿਆਂ ਵਿੱਚ ਖੇਡਾਂ ਦੇ ਖੇਤਰ ਵਿੱਚ ਨੌਜਵਾਨਾਂ ਨੂੰ ਸਰਗਰਮ ਕਰਨ ਲਈ ਉਪਰਾਲੇ ਕਰਨੇ ਚਾਹੀਦੇ ਹਨ ਤਾਂ ਕਿ ਨਸ਼ਿਆਂ ਤੋਂ ਬਚਿਆ ਜਾ ਸਕੇ।

## ਗੁਰੂ ਨਾਨਕ ਕਾਲਜ 'ਚ ਵਿੱਤੀ ਜਾਗਰੂਕਤਾ 'ਤੇ ਸੈਮੀਨਾਰ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** ਗੁਰੂ ਨਾਨਕ ਕਾਲਜ ਦੇ ਪੋਸਟ ਗ੍ਰੈਜੂਏਟ ਕਾਮਰਸ ਵਿਭਾਗ ਵੱਲੋਂ ਐਸ ਈ ਬੀ ਆਈ ਦੇ ਸਹਿਯੋਗ ਨਾਲ ਵਿੱਤੀ ਜਾਗਰੂਕਤਾ 'ਤੇ ਸੈਮੀਨਾਰ ਆਯੋਜਤ ਕੀਤਾ ਗਿਆ। ਅਮਨਜੀਤ ਸਿੰਘ ਭੰਡਾਰੀ, ਜੋ ਐੱਸ.ਈ.ਬੀ.ਆਈ ਦੇ ਸਮਾਰਟ ਟ੍ਰੇਨਰ ਹਨ, ਬਤੌਰ ਮੁੱਖ ਵਕਤਾ ਹਾਜ਼ਰ ਹੋਏ।ਸੈਮੀਨਾਰ ਦੇ ਵਿੱਤੀ ਸੰਕਲਪਾਂ ਨੂੰ ਵਿਸਥਾਰ ਵਿੱਚ ਸਮਝਾਉਣ ਲਈ ਕਾਮਰਸ ਲੈਬ ਤੇ ਸੈਮੀਨਾਰ ਹਾਲ ਵਿੱਚ ਤਿੰਨ ਸੈਸ਼ਨ ਆਯੋਜਤ ਕੀਤੇ ਗਏ।ਅਮਨਜੀਤ ਨੇ ਪੂੰਜੀ ਬਾਜ਼ਾਰ, ਵਿੱਤੀ ਧੋਖਾਧੜੀ ਤੇ ਘੁਟਾਲੇ, ਨਿਵੇਸ਼ ਦੇ ਵੱਖ-ਵੱਖ ਤਰੀਕੇ, ਇੱਕ ਏਜੰਟ ਨਾਲ ਕਿਵੇਂ ਸੰਪਰਕ ਕਰਨਾ ਹੈ, ਨੂੰ ਕਿਵੇਂ ਲੱਭਣਾ ਹੈ ਤੇ ਮਿੱਥਾਂ ਨੂੰ ਤੋੜਨ ਵਾਲਿਆਂ ਲਈ ਖੋਜ ਆਦਿ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਉਨ੍ਹਾਂ ਵੱਲੋਂ ਵਿਦਿਆਰਥੀਆਂ ਨੂੰ ਜਲਦੀ ਬੱਚਤ ਤੇ ਨਿਵੇਸ਼ ਸ਼ੁਰੂ ਕਰਨ ਦੀ ਸਲਾਹ ਦਿੱਤੀ ਗਈ ।ਉਨ੍ਹਾਂ ਵਿਦਿਆਰਥੀਆਂ ਦੁਆਰਾ ਪੁੱਛੇ ਗਏ ਸਵਾਲਾਂ ਦੇ ਜਵਾਬ ਵੀ ਦਿੱਤੇ। ਸੈਸ਼ਨ ਵਿੱਚ ਵਿੱਤੀ ਸਿੱਖਿਆ 'ਤੇ ਡੂੰਘਾਈ ਨਾਲ ਚਰਚਾ ਕੀਤੀ ਗਈ। ਸੈਮੀਨਾਰ ਵਿੱਚ ਕਾਲਜ ਦੇ ਵੱਖ-ਵੱਖ ਵਿਭਾਗਾਂ ਦੇ 120 ਵਿਦਿਆਰਥੀ ਸ਼ਾਮਲ ਹੋਏ।ਕਾਲਜ ਪ੍ਰਿੰਸੀਪਲ ਡਾ. ਸਰਬਜੀਤ ਕੌਰ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਵਿਦਿਆਰਥੀਆਂ ਨੂੰ ਆਰਥਿਕ ਪ੍ਰਬੰਧ ਬਾਰੇ ਮੁੱਢਲੀ ਜਾਣਕਾਰੀ ਹੋਣੀ ਜ਼ਰੂਰੀ ਹੈ।ਸੈਮੀਨਾਰ ਦੇ ਆਯੋਜਨ ਲਈ ਕਾਮਰਸ ਵਿਭਾਗ ਮੁਖੀ ਡਾ. ਜਗਮੀਤ ਕੌਰ ਤੇ ਵਿਭਾਗ ਦੇ ਅਧਿਆਪਕ ਸਾਹਿਬਾਨਾਂ ਨੂੰ ਮੁਬਾਰਕਬਾਦ ਦਿੱਤੀ।



## ਟੀਚਰ ਦੀ ਡੈਪੂਟੇਸ਼ਨ ਰੱਦ ਕਰਾਉਣ ਸੰਬੰਧੀ ਡੀਸੀ ਨੂੰ ਦਿੱਤਾ ਬਿਨੈ ਪੱਤਰ



**ਬੱਧਨੀ ਕਲਾਂ (ਲਵਲੀ ਮਾਛੀਕੇ)** ਗ੍ਰਾਮ ਪੰਚਾਇਤ ਨਵਾਂ ਮਾਛੀਕੇ ਵੱਲੋਂ ਟੀਚਰ ਦੀ ਡੈਪੂਟੇਸ਼ਨ ਰੱਦ ਕਰਾਉਣ ਸਬੰਧੀ ਡੀਸੀ ਮੋਗਾ ਨੂੰ ਮੰਗ ਪੱਤਰ ਦਿੱਤਾ ਗਿਆ।ਮਾਛੀਕੇ ਦੀ ਪੰਚਾਇਤ ਨੇ ਕਿਹਾ ਕਿ ਸਾਡੇ ਪਿੰਡ ਸਰਕਾਰੀ ਪ੍ਰਾਇਮਰੀ ਸਕੂਲ ਨਵਾਂ ਮਾਛੀਕੇ ਵਿਖੇ ਅੰਜੂ ਬਾਲਾ ਮੈਡਮ ਦਾ ਡੈਪੂਟੇਸ਼ਨ ਸਰਕਾਰੀ ਪ੍ਰਾਇਮਰੀ ਸਕੂਲ ਨਿਹਾਲ ਸਿੰਘ ਵਾਲਾ ਵਿਖੇ ਕੀਤਾ ਗਿਆ, ਜਦਕਿ ਬੀ.ਪੀ.ਈ.ਓ. ਦੇ ਕਹਿਣ ਅਨੁਸਾਰ ਨਿਹਾਲ ਸਿੰਘ ਵਾਲਾ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ ਕੋਈ ਲੋੜ ਨਹੀਂ ਸੀ ਤੇ ਸਾਡੇ ਸਕੂਲ ਵਿਖੇ ਮੈਡਮ ਅੰਜੂ ਬਾਲਾ ਦੀ ਜਗ੍ਹਾ ਤੇ ਧੀਰਜ ਕੁਮਾਰ ਈ.ਟੀ.ਟੀ. ਟੀਚਰ ਸਰਕਾਰੀ ਪ੍ਰਾਇਮਰੀ ਸਕੂਲ ਪਿੰਡ ਹਿੰਮਤਪੁਰਾ ਜ਼ਿਲ੍ਹਾ ਮੋਗਾ ਬ੍ਰਾਂਚ ਤੋਂ ਡੈਪੂਟੇਸ਼ਨ ਤੇ ਸਾਡੇ ਪਿੰਡ ਨਵਾਂ ਮਾਛੀਕੇ ਭੇਜਿਆ ਗਿਆ। ਧੀਰਜ ਕੁਮਾਰ ਦਾ ਰਿਕਾਰਡ ਪਹਿਲਾਂ ਹਿੰਮਤਪੁਰਾ ਸਕੂਲ ਵਿੱਚ ਵੀ ਬਹੁਤ ਮਾੜਾ ਸੀ ਤੇ ਨਵਾਂ ਮਾਛੀਕੇ ਸਕੂਲ ਵਿੱਚ ਵੀ ਉਕਤ ਧੀਰਜ ਕੁਮਾਰ 04 ਫ਼ਰਵਰੀ ਤੋਂ ਲਗਾਤਾਰ ਗ਼ੈਰਹਾਜ਼ਰ ਚੱਲ ਰਿਹਾ ਹੈ।ਉਸ ਨੇ ਆਪਣੀ ਜਗ੍ਹਾ ਸਕੂਲ ਵਿੱਚ ਇੱਕ ਪ੍ਰਾਈਵੇਟ ਟੀਚਰ ਰੱਖੀ ਹੋਈ ਹੈ।ਧੀਰਜ ਕੁਮਾਰ ਖੁਦ ਫੋਟੋ ਸਟੂਡੀਓ ਦਾ ਕੰਮ ਕਰਦਾ ਹੈ, ਜਿਸ ਕਰਕੇ ਉਹ ਸਕੂਲ ਵਿੱਚ ਗ਼ੈਰਹਾਜ਼ਰ ਰਹਿੰਦਾ ਹੈ। ਇੰ ਸਾਰਾ ਮਾਮਲਾ ਬੀ.ਪੀ.ਈ.ਓ. ਦੇ ਧਿਆਨ ਵਿੱਚ ਲਿਆਂਦਾ ਗਿਆ ਸੀ, ਪਰ ਉਨ੍ਹਾਂ ਨੇ ਇਸ ਸਬੰਧੀ ਕੋਈ ਕਾਰਵਾਈ ਨਹੀਂ ਕੀਤੀ।ਸੋ ਉਨ੍ਹਾਂ ਡਿਪਟੀ ਕਮਿਸ਼ਨਰ ਤੋਂ ਮੰਗ ਕੀਤੀ ਹੈ ਕਿ ਸਾਡੇ ਅਧਿਆਪਕ ਅੰਜੂ ਬਾਲਾ ਨੂੰ ਸਾਡੇ ਸਕੂਲ ਵਿੱਚ ਵਾਪਸ ਭੇਜਿਆ ਜਾਵੇ ਤੇ ਧੀਰਜ ਕੁਮਾਰ ਦੀ ਉੱਚ ਪੱਧਰੀ ਜਾਂਚ ਕਰਾ ਕੇ ਬਣਦੀ ਕਾਰਵਾਈ ਕੀਤੀ ਜਾਵੇ।

## ਹੋਲੀ ਹਾਰਟ ਸਕੂਲ 'ਚ ਵਣਜੀਵ ਦਿਵਸ ਮਨਾਇਆ



**ਅਜੀਤਵਾਲ (ਨਛੱਤਰ ਸੰਧੂ)** ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਵਣਜੀਵ ਦਿਵਸ ਮਨਾਇਆ ਗਿਆ। ਸਕੂਲ ਦੇ ਅਧਿਆਪਕਾਂ ਨੇ ਬੱਚਿਆਂ ਨੂੰ ਇਸ ਦਿਵਸ ਨੂੰ ਮਨਾਉਣ ਦੇ ਮਹੱਤਵ ਬਾਰੇ ਦੱਸਿਆ।ਉਨ੍ਹਾਂ ਜੀਵ ਜੰਤੂਆਂ ਤੇ ਬਨਸਪਤੀਆਂ ਦੇ ਅਨੇਕ ਸੁੰਦਰ ਰੂਪਾਂ ਦਾ ਉਤਸਵ ਮਨਾਉਣ ਬਾਰੇ ਦੱਸਿਆ।ਉਨ੍ਹਾਂ ਨੇ ਬੱਚੇ ਨੂੰ ਜੀਵ ਜੰਤੂ ਅਤੇ ਬਨਸਪਤੀਆਂ ਤੋਂ ਸਾਨੂੰ ਜੋ ਅਨੇਕਾਂ ਲਾਭ ਹੁੰਦੇ ਹਨ, ਉਨ੍ਹਾਂ ਬਾਰੇ ਵੀ ਬੱਚਿਆਂ ਨੂੰ ਜਾਗਰੂਕ ਕੀਤਾ। ਇਸ ਮੌਕੇ ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੇਆ ਪਲਤਾ ਤੇ ਸਕੂਲ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਤੇ ਸਕੂਲ ਸਟਾਫ ਹਾਜ਼ਰ ਸੀ।

## ਬੰਦ ਪਏ ਘਰ 'ਚੋਂ ਮਿਲਿਆ ਮਨੁੱਖੀ ਕੰਕਾਲ

**ਪਟਿਆਲਾ, (ਰਾਜਿੰਦਰ ਸਿੰਘ ਥਿੰਦ)** ਸ਼ਹਿਰ ਦੇ ਰਾਘੋਮਾਜਰਾ ਇਲਾਕੇ 'ਚ ਇੱਕ ਬੰਦ ਪਏ ਘਰ 'ਚੋਂ ਮਨੁੱਖੀ ਕੰਕਾਲ ਮਿਲਣ ਨਾਲ ਇਲਾਕੇ 'ਚ ਦਹਿਸ਼ਤ ਦਾ ਮਾਹੌਲ ਬਣ ਗਿਆ।ਇਹ ਘਰ ਪਿਛਲੇ ਕਈ ਸਾਲਾਂ ਤੋਂ ਸੁੰਨਾ ਪਿਆ ਸੀ ਤੇ ਇੱਥੇ ਰਹਿਣ ਵਾਲਾ ਵਿਅਕਤੀ ਵੀ ਲੰਮੇ ਸਮੇਂ ਤੋਂ ਲਾਪਤਾ ਸੀ। ਇਲਾਕਾ ਵਾਸੀ ਅਮਰਿੰਦਰ ਸਿੰਘ ਅਨੁਸਾਰ ਉਨ੍ਹਾਂ ਨੇ ਤੇ ਉਨ੍ਹਾਂ ਦੇ ਦੋਸਤ ਨੇ ਇੱਕ ਸ਼ੱਕੀ ਹਲਚਲ ਦੇਖ ਕੇ ਛੱਤ ਰਾਹੀਂ ਘਰ 'ਚ ਦਾਖਲ ਹੋਣ ਦੀ ਕੋਸ਼ਿਸ਼ ਕੀਤੀ, ਪਰ ਉਨ੍ਹਾਂ ਨੇ ਅੰਦਰ ਮਨੁੱਖੀ ਕੰਕਾਲ ਵੇਖਿਆ। ਇਲਾਕਾ ਨਿਵਾਸੀਆਂ ਨੇ ਤੁਰੰਤ ਪੁਲਸ ਨੂੰ ਸੂਚਨਾ ਦਿੱਤੀ, ਜਿਸ ਤੋਂ ਬਾਅਦ ਥਾਣਾ ਇੰਚਾਰਜ ਪੁਲਸ ਟੀਮ ਸਮੇਤ ਮੌਕੇ 'ਤੇ ਪਹੁੰਚੇ।ਪੁਲਸ ਨੇ ਕੰਕਾਲ ਨੂੰ ਕਬਜ਼ੇ 'ਚ ਲੈ ਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।ਫੋਰੈਂਸਿਕ ਵਿਭਾਗ ਦੀ ਟੀਮ ਵੀ ਘਟਨਾ ਸਥਲ 'ਤੇ ਪਹੁੰਚ ਚੁੱਕੀ ਹੈ, ਜੋ ਕੰਕਾਲ ਦੀ ਉਮਰ ਤੇ ਮੌਤ ਦੇ ਕਾਰਨਾਂ ਦੀ ਪੜਤਾਲ ਕਰ ਰਹੀ ਹੈ।

## 90 ਨਸ਼ੇ ਦੀਆਂ ਗੋਲੀਆ ਸਮੇਤ ਇੱਕ ਵਿਅਕਤੀ ਕਾਬੂ

**ਜਲਾਲਾਬਾਦ (ਜੀਤ ਕੁਮਾਰ)** ਥਾਣਾ ਵੈਰੋਕੇ ਦੀ ਪੁਲਸ ਵੱਲੋਂ 90 ਨਸ਼ੀਲੀਆਂ ਗੋਲੀਆਂ ਸਮੇਤ ਇਕ ਵਿਅਕਤੀ ਨੂੰ ਕਾਬੂ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਅਮਰੀਕ ਸਿੰਘ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਦੇ ਨਾਲ ਗਸ਼ਤ ਦੌਰਾਨ ਪਿੰਡ ਕਾਠਗੜ੍ਹ ਵਿਖੇ ਸ਼ਮਸ਼ਾਨਘਾਟ ਦੇ ਕੋਲ ਮੌਜੂਦ ਸੀ ਤਾਂ ਸਾਹਮਣੇ ਤੋਂ ਇਕ ਮੋਨਾ ਵਿਅਕਤੀ ਪੈਦਲ ਆ ਰਿਹਾ ਸੀ, ਜੋ ਪੁਲਸ ਪਾਰਟੀ ਨੂੰ ਵੇਖ ਕੇ ਪਿੱਛੇ ਨੂੰ ਮੁੜ ਪਿਆ, ਜਿਸ ਨੂੰ ਪੁਲਸ ਪਾਰਟੀ ਨੇ ਸ਼ੱਕ ਦੇ ਅਧਾਰ ਤੇ ਕਾਬੂ ਕਰਕੇ ਤਲਾਸ਼ੀ ਲਈ ਗਈ ਤਾਂ ਉਸ ਕੋਲੋਂ 90 ਨਸ਼ੇ ਦੀਆਂ ਗੋਲੀਆਂ ਬਿਨਾਂ ਪੱਤਿਆਂ ਦੇ ਰੰਗ ਚਿੱਟਾ ਬਰਾਮਦ ਹੋਈਆ। ਪੁਲਸ ਵੱਲੋਂ ਨਸ਼ੇ ਦੀਆਂ ਗੋਲੀਆ ਸਮੇਤ ਕਾਬੂ ਕੀਤੇ ਗਏ ਅਨੀਸ਼ ਸਿੰਘ ਉਰਫ ਨੀਸ਼ੂ ਪੁੱਤਰ ਬਲਵੰਤ ਸਿੰਘ ਵਾਸੀ ਚੱਕ ਮੋਜਦੀਨ ਵਾਲਾ ਉਰਫ ਸੂਰਘੁਰੀ ਦੇ ਵਿਰੁੱਧ ਮਿਤੀ 03-03-2025 ਨੂੰ ਧਾਰਾ 22/61/85ਐਨ.ਡੀ.ਪੀ.ਐਸ. ਐਕਟ ਤਹਿਤ ਥਾਣਾ ਵੈਰੋਕੇ ਵਿਖੇ ਮੁਕੱਦਮਾ ਨੰਬਰ 17 ਦਰਜ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

## ਗ੍ਰਾਮ ਪੰਚਾਇਤ ਬਰਮਾਲੀਪੁਰ ਨੇ ਲਏ ਅਹਿਮ ਫ਼ੈਸਲੇ



**ਦੋਰਾਹਾ (ਹਰਮਿੰਦਰ ਸੇਠ)** ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਤੇ ਮੌਜੂਦਾ ਸਰਪੰਚ ਕਰਮਜੀਤ ਸਿੰਘ ਤੂਰ ਬਰਮਾਲੀਪੁਰ ਦੀ ਅਗਵਾਈ ਹੇਠ ਗ੍ਰਾਮ ਪੰਚਾਇਤ ਬਰਮਾਲੀਪੁਰ ਵੱਲੋਂ ਨਗਰ ਦੇ ਭਲੇ ਲਈ ਅਹਿਮ ਫ਼ੈਸਲੇ ਲੈ ਕੇ ਇੱਕ ਮਹੱਤਵਪੂਰਨ ਮਤਾ ਪਾਸ ਕੀਤਾ ਗਿਆ ਤੇ ਇਨ੍ਹਾਂ ਫ਼ੈਸਲਿਆਂ ਨੂੰ ਲਾਗੂ ਕਰਕੇ ਪਿੰਡ ਦੇ ਚਾਰੇ ਖੂੰਜਿਆਂ ਤੇ ਪੇਂਟ ਕਰਾ ਦਿੱਤਾ ਗਿਆ, ਜਿਸ ਦੀ ਸ਼ਲਾਘਾ ਪੂਰੇ ਨਗਰ ਤੇ ਹਲਕੇ ਵਿੱਚ ਹੋ ਰਹੀ ਹੈ। ਸਰਪੰਚ ਕਰਮਜੀਤ ਸਿੰਘ ਤੂਰ ਨੇ ਦੱਸਿਆ ਕਿ ਪਿੰਡ ਵਿੱਚ ਹਿਜੜਿਆਂ ਦੀ ਵਧਾਈ ਜਰਨਲ ਲਈ 2100 ਤੇ ਐਸ ਸੀ ਭਾਈਚਾਰੇ ਲਈ 1100 ਰੁਪਏ ਰੱਖੀ ਗਈ ਹੈ।ਪਿੰਡ ਵਿੱਚ ਟਰੈਕਟਰ ਤੇ ਉੱਚੀ ਆਵਾਜ਼ ਵਿੱਚ ਡੈੱਕ ਲਾਉਣਾ ਤੇ ਸ਼ੋਰ ਸ਼ਰਾਬਾ ਬਿਲਕੁਲ ਬੰਦ ਕਰ ਦਿੱਤਾ ਗਿਆ ਹੈ।ਸਰਕਾਰ ਵੱਲੋਂ ਚਲਾਈ ਜਾ ਰਹੀ ਨਸਿਆਂ ਖਿਲਾਫ਼ ਮੁਹਿੰਮ ਦਾ ਹਿੱਸਾ ਬਣਦਿਆਂ ਜੇਕਰ ਕੋਈ ਵੀ ਵਿਅਕਤੀ ਨਗਰ ਵਿੱਚ ਨਸ਼ਾ ਵੇਚਦਾ ਹੈ ਤਾਂ ਉਸ ਖਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਹੋਵੇਗੀ। ਪਿੰਡ ਵਿੱਚ ਚਾਈਨਾ ਡੋਰ 'ਤੇ ਮੁਕੰਮਲ ਪਾਬੰਦੀ ਲਾ ਦਿੱਤੀ ਗਈ ਹੈ।ਸਰਪੰਚ ਤੂਰ ਨੇ ਦੱਸਿਆ ਕਿ ਜਿੱਥੇ ਗੁੱਜਰਾਂ ਦਾ ਪਿੰਡ ਵਿੱਚ ਪਸ਼ੂ ਨੂੰ ਲੰਘਾਉਣ 'ਤੇ ਰੋਕ ਲਾਈ ਗਈ ਹੈ, ਉੱਥੇ ਪਿੰਡ ਵਿੱਚ ਮੰਗਤਿਆਂ 'ਤੇ ਉਗਰਾਹੀ ਕਰਨ ਵਾਲਿਆਂ ਦੀ ਐਂਟਰੀ ਵੀ ਬੰਦ ਕਰ ਦਿੱਤੀ ਗਈ ਹੈ।ਇੰਡਸਟਰੀ ਏਰੀਆ ਹੋਣ ਕਾਰਨ ਇਥੇ ਪ੍ਰਵਾਸੀ ਕਿਰਾਏ 'ਤੇ ਰਹਿੰਦੇ ਹਨ, ਇਸ ਲਈ ਲਾਜ਼ਮੀ ਬਣਾਇਆ ਗਿਆ ਹੈ ਕਿ ਕਿਰਾਏ 'ਤੇ ਕਮਰਾ ਦੇਣ ਲਈ ਉਨ੍ਹਾਂ ਦੇ ਆਈਡੀ ਕਾਰਡ ਪਰੂਫ ਪ੍ਰਾਪਤ ਕੀਤੇ ਜਾਣ। ਪਿੰਡ ਦੇ ਵਾਤਾਵਰਣ ਨੂੰ ਸਾਫ਼-ਸੁਥਰਾ ਰੱਖਣ ਤਹਿਤ ਪੋਲੀਥੀਨ ਦੇ ਲਿਫ਼ਾਫ਼ੇ ਤੇ ਕੂੜਾ ਕਰਕਟ ਨਾਲੀਆਂ ਵਿੱਚ ਸੁੱਟਣ 'ਤੇ ਮਨਾਹੀ ਕੀਤੀ ਗਈ ਹੈ।ਇਸ ਸਮੇਂ ਪ੍ਰਧਾਨ ਗਗਨ ਵਰਮਾ ਨੇ ਆਖਿਆ ਕਿ ਇਹ ਸਾਰੇ ਫ਼ੈਸਲੇ ਨਗਰ ਦੀ ਭਲਾਈ ਲਈ ਲੈ ਗਏ ਹਨ ਤੇ ਸਾਡਾ ਸਾਰਿਆਂ ਦਾ ਫ਼ਰਜ਼ ਬਣਦਾ ਹੈ ਕਿ ਅਸੀਂ ਇਨ੍ਹਾਂ ਫ਼ੈਸਲਿਆਂ ਦੀ ਪਾਲਣਾ ਕਰੀਏ।ਉਨ੍ਹਾਂ ਕਿਹਾ ਕਿ ਸਾਡੀ ਪੰਚਾਇਤ ਨਗਰ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ ਤੇ ਸਰਪੰਚ ਕਰਮਜੀਤ ਸਿੰਘ ਤੂਰ ਦੀ ਅਗਵਾਈ ਹੇਠ ਭਵਿੱਖ ਵਿੱਚ ਅਨੇਕਾਂ ਹੋਰ ਇਤਿਹਾਸਕ ਫੈਸਲੇ ਲਏ ਜਾਣਗੇ, ਜਿਸ 'ਤੇ ਪੂਰਾ ਨਗਰ ਮਾਣ ਕਰੇਗਾ।

## ਮਾਤਾ ਗੁਜਰੀ ਕਾਲਜ ਦੇ ਪੱਤਰਕਾਰੀ ਵਿਭਾਗ ਵੱਲੋਂ ਗੈਸਟ ਲੈਕਚਰ



**ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** ਮਾਤਾ ਗੁਜਰੀ ਕਾਲਜ ਦੇ ਪੱਤਰਕਾਰੀ ਅਤੇ ਜਨ ਸੰਚਾਰ ਵਿਭਾਗ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਤ 'ਪੱਤਰਕਾਰੀ ਵਿੱਚ ਔਰਤਾਂ : ਮੌਕੇ ਤੇ ਚੁਣੌਤੀਆਂ' ਵਿਸ਼ੇ 'ਤੇ ਵਿਸ਼ੇਸ਼ ਲੈਕਚਰ ਦਾ ਆਯੋਜਨ ਕਰਾਇਆ ਗਿਆ, ਜਿਸ ਵਿਚ ਮੁੱਖ ਬੁਲਾਰੇ ਵਜੋਂ ਨਾਮਵਰ ਚੈਨਲ 'ਦ ਸਮਰ ਨਿਊਜ਼' ਵਿਖੇ ਡੈਸਕ ਇੰਚਾਰਜ ਤੇ ਐਂਕਰ ਵਜੋਂ ਕਾਰਜਸ਼ੀਲ ਮਨਪ੍ਰੀਤ ਕੌਰ ਸਮਰਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਜੀਵਨ ਦੇ ਹਰ ਖੇਤਰ ਵਿੱਚ ਔਰਤਾਂ ਦੀ ਅਹਿਮ ਭੂਮਿਕਾ 'ਤੇ ਚਾਨਣਾ ਪਾਇਆ ਅਤੇ ਮੀਡੀਆ ਖੇਤਰ ਵਿੱਚ ਔਰਤ ਪੱਤਰਕਾਰਾਂ ਦੁਆਰਾ ਨਿਭਾਈ ਗਈ ਮੁੱਢਲੀ ਭੂਮਿਕਾ ਬਾਰੇ ਵਿਸਥਾਰਪੂਰਵਕ ਦੱਸਿਆ।ਮੁੱਖ ਮਹਿਮਾਨ ਮਨਪ੍ਰੀਤ ਕੌਰ ਸਮਰਾ ਨੇ ਆਪਣੇ ਮੀਡੀਆ ਖੇਤਰ ਦਾ ਵਿਹਾਰਕ ਤਜਰਬਾ ਸਾਂਝਾ ਕਰਦਿਆਂ ਕਿਹਾ ਕਿ ਔਰਤਾਂ ਦੀ ਆਜ਼ਾਦੀ, ਖੁਸ਼ਹਾਲੀ ਤੇ ਉਨ੍ਹਾਂ ਦੇ ਸਸ਼ਕਤੀਕਰਨ ਵਿੱਚ ਸਿੱਖਿਆ ਦਾ ਬਹੁਤ ਵੱਡਾ ਯੋਗਦਾਨ ਹੈ। ਪੱਤਰਕਾਰੀ ਵਿਭਾਗ ਦੇ ਮੁਖੀ ਪ੍ਰੋ. ਹਰਗੁਣਪ੍ਰੀਤ ਸਿੰਘ ਨੇ ਮੁੱਖ ਮਹਿਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਭ ਧਰਮ ਔਰਤਾਂ ਦਾ ਸਤਿਕਾਰ ਕਰਨ ਦੀ ਪ੍ਰੇਰਨਾ ਦਿੰਦੇ ਹਨ ਤੇ ਸਾਨੂੰ ਆਪਣੇ ਘਰ-ਪਰਿਵਾਰ ਅਤੇ ਆਲੇ-ਦੁਆਲੇ ਵਿੱਚੋਂ ਹੀ ਆਪਣੇ ਚੰਗੇ ਆਚਾਰ-ਵਿਹਾਰ ਨਾਲ ਔਰਤਾਂ ਦੀ ਘਾਲਣਾ ਅਤੇ ਸੰਘਰਸ਼ ਨੂੰ ਬਣਦਾ ਮਾਨ-ਸਨਮਾਨ ਦੇਣਾ ਚਾਹੀਦਾ ਹੈ। ਸਮਾਗਮ ਦੇ ਕੋਆਰਡੀਨੇਟਰ ਪ੍ਰੋ. ਲਵਨੀਤ ਵਸ਼ਿਸ਼ਠ ਨੇ ਕਿਹਾ ਕਿ ਵਿਭਾਗ ਵੱਲੋਂ ਆਯੋਜਤ ਅਜਿਹੇ ਸਿੱਖਿਆ ਭਰਪੂਰ ਸਮਾਗਮਾਂ ਦੁਆਰਾ ਵਿਦਿਆਰਥੀਆਂ ਦੀ ਵਿਹਾਰਕ ਅਤੇ ਵਿਵਹਾਰਕ ਪ੍ਰਤਿਭਾ ਵਿੱਚ ਨਿਖਾਰ ਆਉਂਦਾ ਹੈ। ਪ੍ਰੋ. ਭਗਵੰਤ ਸਿੰਘ ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਔਰਤਾਂ ਅੱਜ ਦੇ ਯੁੱਗ ਵਿੱਚ ਹਰ ਖੇਤਰ ਵਿੱਚ ਮੋਹਰੀ ਹੋ ਕੇ ਕਾਮਯਾਬ ਹੋ ਰਹੀਆਂ ਹਨ ਅਤੇ ਇਸਤਰੀ ਜਾਤੀ ਦੇ ਵਿਕਾਸ ਤੋਂ ਬਿਨਾਂ ਸਮਾਜ ਦਾ ਵਿਕਾਸ ਸੰਭਵ ਨਹੀਂ ਹੈ।ਮੰਚ ਸੰਚਾਲਨ ਦੀ ਭੂਮਿਕਾ ਵਿਭਾਗ ਦੀਆਂ ਹੋਣਹਾਰ ਵਿਦਿਆਰਥਣਾਂ ਭਵਨੀਤ ਕੌਰ, ਅੰਬਿਕਾ ਠਾਕੁਰ ਤੇ ਹਰਨੀਤ ਕੌਰ ਨੇ ਬਾਖੂਬੀ ਨਿਭਾਈ।ਸਮਾਗਮ ਦੇ ਅਖੀਰ ਵਿੱਚ ਵਿਭਾਗ ਵਿਖੇ ਕਾਰਜਸ਼ੀਲ ਮਹਿਲਾ ਸਟਾਫ਼ ਮੈਂਬਰਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਵੀ ਕੀਤਾ ਗਿਆ

## ਬਾਬਾ ਦਰਸ਼ਨ ਸਿੰਘ ਹੀਰਾ ਦਾਸ ਦੀ ਬਰਸੀ ਸੰਬੰਧੀ ਆਖੰਡ ਪਾਠ ਪ੍ਰਕਾਸ਼

**ਅਜੀਤਵਾਲ (ਨਛੱਤਰ ਸੰਧੂ)** ਪਿੰਡ ਡਾਲਾ ਦੇ ਧਾਰਮਿਕ ਅਸਥਾਨ ਸੈਦੋਆਣਾ ਹੀਰਾ ਝਿੜੀ ਵਿਖੇ ਸੱਚਖੰਡ ਵਾਸੀ ਸੰਤ ਬਾਬਾ ਦਰਸ਼ਨ ਸਿੰਘ ਹੀਰਾ ਦਾਸ ਦੀ ਸਲਾਨਾ ਚੌਥੀ ਬਰਸੀ 8 ਮਾਰਚ ਨੂੰ ਸੰਤ ਬਾਬਾ ਹਰਮੇਲ ਸਿੰਘ ਦੀ ਅਗਵਾਈ ਹੇਠ ਸੰਗਤਾਂ ਵੱਲੋਂ ਬੜੀ ਸ਼ਰਧਾ ਭਾਵਨਾ ਨਾਲ ਮਨਾਈ ਜਾ ਰਹੀ ਹੈ।ਮੁੱਖ ਸੇਵਾਦਾਰ ਸੰਤ ਬਾਬਾ ਹਰਮੇਲ ਸਿੰਘ ਨੇ ਦੱਸਿਆ ਕਿ ਇਸ ਬਰਸੀ ਨੂੰ ਲੈ ਕੇ ਸੰਗਤਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ ਤੇ ਤਿਆਰੀਆਂ ਮੁਕੰਮਲ ਕਰ ਲਈਆ ਹਨ। ਉਨ੍ਹਾਂ ਦੱਸਿਆ ਕਿ 6 ਮਾਰਚ ਨੂੰ ਸ਼੍ਰੀ ਆਖੰਡ ਪਾਠ ਸਾਹਿਬ ਪ੍ਰਕਾਸ਼ ਹੋਣਗੇ, ਜਿਨ੍ਹਾਂ ਦੇ ਭੋਗ 8 ਮਾਰਚ ਨੂੰ ਸਵੇਰੇ 10 ਵਜੇ ਪਾਏ ਜਾਣਗੇ।ਉਥੇ ਰਾਗੀ ਢਾਡੀ ਤੇ ਕੀਰਤਨੀਏ ਜੱਥੇ ਸੰਗਤਾਂ ਨੂੰ ਗੁਰ ਇਤਿਹਾਸ ਸੁਣਾ ਕੇ ਨਿਹਾਲ ਕਰਨਗੇ।ਇਸ ਸਮੇਂ ਗੁਰੂ ਕਾ ਲੰਗਰ ਅਤੁੱਟ ਵਰਤੇਗਾ।



## ਵਿਧਾਇਕ ਗੋਲਡੀ ਦੇ ਯਤਨਾਂ ਸਦਕਾ ਕਿਸਾਨਾਂ ਨੂੰ 28 ਕਰੋੜ ਦਾ ਤੋਹਫ਼ਾ

**ਜਲਾਲਾਬਾਦ, (ਜੰਗੀਰ ਕੌਰ ਫ਼ਲੀਆਂਵਾਲਾ/ਜੀਤ ਕੁਮਾਰ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਹਲਕੇ ਦੇ ਕਿਸਾਨਾਂ ਨੂੰ 28 ਕਰੋੜ ਦਾ ਤੋਹਫਾ ਦਿੰਦਿਆਂ ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਇਕ ਨਵੀਂ ਨਹਿਰ ਲੋਕ ਸਮਰਪਤ ਕੀਤੀ ਗਈ, ਜਦੋਂਕਿ ਇੱਕ ਹੋਰ ਨਹਿਰ ਦੇ ਨਿਰਮਾਣ ਦਾ ਨੀਹ ਪੱਥਰ ਰੱਖਿਆ ਗਿਆ। ਇਸ ਮੌਕੇ ਹਲਕੇ ਦੇ ਵਿਧਾਇਕ ਜਗਦੀਪ ਕੰਬੋਜ ਗੋਲਡੀ, ਫ਼ਾਜ਼ਿਲਕਾ ਦੇ ਵਿਧਾਇਕ ਨਰਿੰਦਰਪਾਲ ਸਿੰਘ ਸਵਨਾ, ਹਲਕਾ ਬੱਲੂਆਣਾ ਦੇ ਵਿਧਾਇਕ ਗੋਲਡੀ ਮੁਸਾਫਿਰ, ਸਾਬਕਾ ਵਿਧਾਇਕ ਅਰੁਣ ਨਾਰੰਗ ਅਬੋਹਰ ਵਿਸ਼ੇਸ਼ ਤੌਰ 'ਤੇ ਉਨ੍ਹਾਂ ਦੇ ਨਾਲ ਹਾਜ਼ਰ ਰਹੇ। ਸ੍ਰੀ ਗੋਇਲ ਨੇ ਕਿਹਾ ਕਿ ਸੁਹੇਲੇ ਵਾਲਾ ਰਜਬਾਹਾ ਮੇਨ ਬ੍ਰਾਂਚ ਵਿੱਚੋਂ ਨਿਕਲਣ ਵਾਲੀ ਨਹਿਰ ਹੈ, ਜਿਸ ਦੀ ਪਹਿਲਾਂ ਸਮਰੱਥਾ 11.55 ਕਿਉਸਿਕ ਸੀ ਤੇ ਹੁਣ ਇਸ ਦੀ ਸਮਰੱਥਾ ਵਧਾ ਕੇ 36.35 ਕਿਊਸਿਕ ਕਰ ਦਿੱਤੀ ਗਈ ਹੈ। ਇਸ ਦੀ ਪਹਿਲਾਂ ਲੰਬਾਈ 3.33 ਕਿਲੋਮੀਟਰ ਸੀ, ਜਿਸ ਨੂੰ ਵਧਾ ਕੇ 13.96 ਕਿਲੋਮੀਟਰ ਕਰ ਦਿੱਤਾ ਗਿਆ। ਇਹ ਪ੍ਰੋਜੈਕਟ 40 ਸਾਲਾਂ ਤੋਂ ਅਟਕਿਆ ਪਿਆ ਸੀ ਤੇ ਪਿਛਲੀਆਂ ਸਰਕਾਰਾਂ ਨੇ ਕਿਸਾਨਾਂ ਦੀ ਇਸ ਵੱਡੀ ਮੰਗ ਤੇ ਕੋਈ ਧਿਆਨ ਨਹੀਂ ਦਿੱਤਾ ਸੀ, ਪਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਨੇ ਇਸ ਨਹਿਰ ਦਾ ਨਿਰਮਾਣ ਮੁਕੰਮਲ ਕਰਾਇਆ ਹੈ। ਇਸ ਨਾਲ 9 ਪਿੰਡਾਂ ਦੀ 5500 ਏਕੜ ਜ਼ਮੀਨ ਦੀ ਸਿੰਚਾਈ ਹੋਵੇਗੀ ਤੇ ਇਸ ਰਜਵਾਹੇ ਨਾਲ ਪਿੰਡ ਚੱਕ ਸੁਹੇਲੇ ਵਾਲਾ, ਚੱਕ ਜਾਨੀਸਰ, ਲੱਧੂਵਾਲਾ ਉਤਾੜ, ਚੱਕ ਢਾਬ ਖੁਸ਼ਹਾਲ ਜੋਹੀਆ, ਚੱਕ ਪੰਜ ਕੋਹੀ, ਚੱਕ ਕਬਰ ਵਾਲਾ, ਚੱਕ ਗੁਲਾਮ ਰਸੂਲ ਵਾਲਾ, ਚੱਕ ਬਲੋਚਾਂ ਤੇ ਬਾਹਮਣੀ ਵਾਲਾ ਦੇ ਕਿਸਾਨਾਂ ਨੂੰ ਪਾਣੀ ਮਿਲੇਗਾ। ਇਸ ਨਹਿਰ ਦੇ ਨਿਰਮਾਣ ਦੇ ਨਾਲ ਨਾਲ ਹੀ ਇਸ ਦੇ ਰਸਤੇ ਪੈਂਦੇ ਪੁਲਾਂ, ਸਾਈਫਨਾਂ, ਝਾਲਾਂ, ਹੈੱਡ ਰੈਗੂਲੇਟਰ ਤੇ ਨਹਿਰੀ ਖਾਲਿਆਂ ਦੀ ਕਰਾਸਿੰਗ ਉੱਪਰ ਅੰਡਰਗਰਾਊਂਡ ਪਾਈਪ ਲਾਈਨ ਦੀ ਸਹੂਲਤ ਪ੍ਰਦਾਨ ਕੀਤੀ ਗਈ ਹੈ। ਇਸ ਦੇ ਨਿਰਮਾਣ ਤੇ ਪੰਜਾਬ ਸਰਕਾਰ ਵੱਲੋਂ 23.06 ਕਰੋੜ ਰੁਪਏ ਖਰਚ ਕੀਤੇ ਗਏ ਹਨ। ਗੋਇਲ ਵੱਲੋਂ ਪਿੰਡ ਟਾਹਲੀਵਾਲਾ ਬੋਦਲਾ ਵਿਖੇ ਚੌਧਰੀ ਮਾਈਨਰ ਦੇ ਨਿਰਮਾਣ ਦੇ ਕੰਮ ਦਾ ਨੀਂਹ ਪੱਥਰ ਰੱਖਿਆ ਗਿਆ। ਇਹ ਮਾਈਨਰ ਸਾਲ 1969 ਤੋਂ ਬੰਦ ਪਈ ਸੀ, ਇਸ ਦੀ ਕੁੱਲ ਲੰਬਾਈ 5 ਕਿਲੋਮੀਟਰ ਹੋਵੇਗੀ ਅਤੇ ਇਸ ਦੀ ਸਮਰੱਥਾ 18.26 ਕਿਊਸਿਕ ਹੋਵੇਗੀ। ਇਸ ਨਹਿਰ ਦੇ ਨਿਰਮਾਣ ਨਾਲ ਪਿੰਡ ਘੱਟਿਆਂਵਾਲੀ ਜੱਟਾਂ, ਘੱਟਿਆਂਵਾਲੀ ਬੋਦਲਾਂ, ਚਾਹਲਾਂ, ਟਾਹਲੀ ਵਾਲਾ ਬੋਦਲਾ, ਸਿੰਘਪੁਰਾ ਤੇ ਇਸਲਾਮਵਾਲਾ ਨੂੰ ਫ਼ਾਇਦਾ ਹੋਵੇਗਾ ਤੇ ਇਸ ਨਾਲ 2743 ਏਕੜ ਰਕਬੇ ਨੂੰ ਨਹਿਰੀ ਪਾਣੀ ਮਿਲ ਸਕੇਗਾ। ਇਸ ਦੇ ਨਿਰਮਾਣ ਤੇ ਸਰਕਾਰ ਵੱਲੋਂ 5.18 ਕਰੋੜ ਰੁਪਏ ਖਰਚ ਕੀਤੇ ਜਾਣਗੇ। ਕੈਬਨਿਟ ਮੰਤਰੀ ਦਾ ਸਵਾਗਤ ਕਰਨ ਤੋਂ ਬਾਅਦ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਆਖਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਲੋਕ ਹਿੱਤ ਵਿੱਚ ਲਗਾਤਾਰ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਦਹਾਕਿਆਂ ਤੋਂ ਅਟਕੇ ਹੋਏ ਪ੍ਰੋਜੈਕਟ ਇਸ ਸਰਕਾਰ ਵੱਲੋਂ ਪੂਰੇ ਕੀਤੇ ਜਾ ਰਹੇ ਹਨ ਤੇ ਸਰਕਾਰ ਲੋਕਾਂ ਦੀਆਂ ਆਸਾਂ 'ਤੇ ਖਰਾ ਉੱਤਰ ਰਹੀ।







## ਬਾਬਾ ਫਰੀਦ ਲਾਅ ਕਾਲਜ ਦੇ ਵਿਦਿਆਰਥੀ ਅੰਤਰ ਕਾਲਜ ਯੁਵਕ ਮੇਲੇ 'ਚ ਸਨਮਾਨਤ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)** ਬਾਬਾ ਫ਼ਰੀਦ ਲਾਅ ਕਾਲਜ ਵਿੱਚ ਮਾਨਯੋਗ ਚੇਅਰਮੈਨ ਸਵ: ਇੰਦਰਜੀਤ ਸਿੰਘ ਖਾਲਸਾ ਦੀ ਅਗਾਂਹਵਧੂ ਸੋਚ ਨੂੰ ਅੱਗੇ ਵਧਾਉਂਦੇ ਹੋਏ ਸਿਮਰਜੀਤ ਸਿੰਘ ਸੇਖੋਂ ਦੀ ਰਹਿਨੁਮਾਈ ਤੇ ਪ੍ਰਿੰਸੀਪਲ ਡਾ. ਪੰਕਜ ਕੁਮਾਰ ਗਰਗ ਦੀ ਅਗਵਾਈ ਹੇਠ ਕਾਲਜ ਦੇ ਵਿਦਿਆਰਥੀਆਂ ਨਿਸ਼ਪ੍ਰੀਤ ਕੌਰ ਤੇ ਹਰਕਿਰਨ ਕੌਰ ਨੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ ਫਰੀਦਕੋਟ, ਸ੍ਰੀ ਮੁਕਤਸਰ ਸਾਹਿਬ ਤੇ ਬਠਿੰਡਾ ਜ਼ੋਨ ਦੇ ਅੰਤਰ-ਕਾਲਜ ਯੁਵਕ ਮੇਲੇ ਵਿੱਚ ਭਾਗ ਲਿਆ। ਵੱਖ-ਵੱਖ ਕਾਲਜਾਂ ਦੀਆਂ 62 ਟੀਮਾਂ ਨੇ ਪ੍ਰਸ਼ਨੋਤਰੀ ਮੁਕਾਬਲੇ ਵਿੱਚ ਭਾਗ ਲਿਆ ਸੀ, ਜਿਸ ਵਿੱਚ ਹਰਕਿਰਨ ਕੌਰ ਅਤੇ ਨਿਸ਼ਪ੍ਰੀਤ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ।ਇਸ ਤੋਂ ਇਲਾਵਾ ਨੈਤਿਕ ਸਿੱਖਿਆ ਇਮਤਿਹਾਨ ਵਿੱਚ ਮੈਰਿਟ ਸਥਾਨ ਹਾਸਲ ਕਰਨ ਵਾਲੀ ਹਰਕਿਰਨ ਕੌਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਵਿਦਿਆਰਥੀਆਂ ਦੇ ਕਾਲਜ ਵਿਖੇ ਪਹੁੰਚਣ ਤੇ ਕਾਲਜ ਦੇ ਪ੍ਰਿੰਸੀਪਲ ਡਾ. ਪੰਕਜ ਕੁਮਾਰ ਗਰਗ ਨੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਅਤੇ ਹੌਸਲਾ ਅਫ਼ਜ਼ਾਈ ਕੀਤੀ।ਇਸ ਮੌਕੇ ਇੰਚਾਰਜ ਅਕੈਡਮਿਕ ਡਾ. ਨਵਜੋਤ ਕੌਰ ਨੇ ਵਿਦਿਆਰਥੀਆਂ ਵਧਾਈਆਂ ਦਿੱਤੀਆਂ।



## ਕਾਂਗਰਸੀ ਆਗੂ ਸ਼ਿਵਰਾਜ ਸਿੰਘ ਢਿੱਲੋਂ ਨੂੰ ਨਮ ਅੱਖਾਂ ਨਾਲ ਅੰਤਿਮ ਵਿਦਾਇਗੀ

**ਮਹਿਲ ਕਲਾਂ, (ਬਲਵਿੰਦਰ ਵਜੀਦਕੇ,ਪ੍ਰਦੀਪ ਲੋਹਗੜ੍ਹ)**- ਕਾਂਗਰਸ ਪਾਰਟੀ ਦੇ ਅਣਥੱਕ ਆਗੂ ਸ਼ਿਵਰਾਜ ਸਿੰਘ ਢਿੱਲੋਂ ਸਾਬਕਾ ਸਰਪੰਚ ਭੱਦਲਵੱਡ (ਬਰਨਾਲਾ) ਦਾ ਅੱਜ ਸਵੇਰੇ ਦਿਲ ਦਾ ਦੌਰਾ ਪੈਣ ਕਾਰਨ ਦਿਹਾਂਤ ਹੋ ਗਿਆ। ਉਨ੍ਹਾਂ ਦੇ ਅੰਤਿਮ ਸੰਸਕਾਰ ਸਮੇਂ ਵੱਡੀ ਗਿਣਤੀ ਵਿੱਚ ਪਹੁੰਚੇ ਵੱਖ ਵੱਖ ਆਗੂਆਂ, ਸਨੇਹੀਆਂ ਨੇ ਨਮ ਅੱਖਾਂ ਨਾਲ ਅੰਤਿਮ ਵਿਦਾਇਗੀ ਦਿਤੀ। ਕਾਂਗਰਸ ਪਾਰਟੀ ਦੇ ਆਗੂਆਂ ਜ਼ਿਲ੍ਹਾ ਪ੍ਰਧਾਨ ਵਿਧਾਇਕ ਬਰਨਾਲਾ ਕੁਲਦੀਪ ਸਿੰਘ ਕਾਲਾ ਢਿੱਲੋਂ, ਕੁਲਦੀਪ ਸਿੰਘ ਧਾਲੀਵਾਲ, ਬਲਾਕ ਪ੍ਰਧਾਨ ਪ੍ਰਮਿੰਦਰ ਸਿੰਘ ਸ਼ੰਮੀ ਠੁੱਲੀਵਾਲ, ਐਡਵੋਕੇਟ ਜਸਵੀਰ ਸਿੰਘ ਖੇੜੀ, ਗੁਰਦੀਪ ਸਿੰਘ ਬਾਠ, ਡਾ: ਅਮਰਜੀਤ ਸਿੰਘ ਮਹਿਲ ਕਲਾਂ, ਜਰਨੈਲ ਸਿੰਘ ਠੁੱਲੀਵਾਲ, ਭਾਜਪਾ ਦੇ ਜੱਗਾ ਸਿੰਘ ਮਾਨ, ਸਰਪੰਚ ਦਰਸ਼ਨ ਸਿੰਘ, ਹੈਪੀ ਢਿੱਲੋਂ, ਸਤਨਾਮ ਸਿੰਘ ਪੱਤੀ ਸੇਖਵਾਂ, ਜਸ਼ਨਦੀਪ ਸਿੰਘ ਅਮਲਾ ਸਿੰਘ ਵਾਲਾ, ਦਰਸ਼ਨ ਸਿੰਘ ਰਾਣੂ, ਗੁਰਦੇਵ ਸਿੰਘ ਮੱਕੜਾ ਤੋਂ ਇਲਾਵਾ ਗ੍ਰਾਮ ਪੰਚਾਇਤਾਂ, ਯੂਥ ਕਲੱਬਾਂ, ਸਮਾਜ ਸੇਵੀ ਸੰਸਥਾਵਾਂ ਨੇ ਹਮਦਰਦੀ ਦਾ ਇਜ਼ਹਾਰ ਕਰਦਿਆਂ ਪੀੜਤ ਢਿੱਲੋਂ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।



6-March-11-Page-Majha-25.qxd 3/5/2025 9:15 PM Page 1



# ਤਰਨ ਤਾਰਨ ਨੂੰ ਮਿੱਥਿਆ ਪੰਜਾਬ ਦਾ ਪਹਿਲਾ ਨਸ਼ਾ ਮੁਕਤ ਜ਼ਿਲ੍ਹਾ ਬਣਨ ਦਾ ਟੀਚਾ : ਹਰਪਾਲ ਸਿੰਘ ਚੀਮਾ

ਅੰਮ੍ਰਿਤਸਰ (ਨਰਿੰਦਰਜੀਤ ਸਿੰਘ)-ਤਰਨ ਤਾਰਨ ਦੇ ਸਿਵਲ ਅਤੇ ਪੁਲਸ ਪ੍ਰਸ਼ਾਸਨ ਨੇ ਇੱਕ ਵੱਡੀ ਪੁਲਾਂਘ ਪੁੱਟਦਿਆਂ ਯੁੱਧ ਨਸ਼ਿਆਂ ਵਿਰੁੱਧ ਕੈਬਨਿਟ ਸਬ ਕਮੇਟੀ ਦੇ ਚੇਅਰਮੈਨ ਐਡਵੋਕੇਟ ਹਰਪਾਲ ਸਿੰਘ ਚੀਮਾ ਨੂੰ ਭਰੋਸਾ ਦਿਵਾਇਆ ਹੈ ਕਿ ਜ਼ਿਲ੍ਹਾ ਪੰਜਾਬ ਦਾ ਪਹਿਲਾ ਨਸ਼ਾ ਮੁਕਤ ਜ਼ਿਲ੍ਹਾ ਬਣੇਗਾ। ਇਹ ਵਚਨਬੱਧਤਾ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਤਰਨ ਤਾਰਨ ਸਿਵਲ ਅਤੇ ਪੁਲਸ ਪ੍ਰਸ਼ਾਸਨ ਨਾਲ ਜ਼ਿਲ੍ਹੇ ਦੇ ਲੋਕ ਨੁਮਾਇੰਦਿਆਂ ਦੀ ਹਾਜ਼ਰੀ ਵਿੱਚ ਕੀਤੀ ਮੀਟਿੰਗ ਦੌਰਾਨ ਪ੍ਰਗਟਾਈ ਗਈ।ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਚੀਮਾ ਨੇ ਪੁਲਸ ਅਤੇ ਸਿਵਲ ਪ੍ਰਸ਼ਾਸਨ ਨੂੰ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਸਮੂਹ ਸ਼ਮੂਲੀਅਤ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨਸ਼ਾ ਛੁਡਾਊ ਗਤੀਵਿਧੀਆਂ ਦਾ ਜਾਇਜ਼ਾ ਲਿਆ ਅਤੇ ਇਨ੍ਹਾਂ ਪਹਿਲਕਦਮੀਆਂ ਨੂੰ ਹੋਰ ਬਿਹਤਰ ਬਣਾਉਣ ਲਈ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਉਨ੍ਹਾਂ ਜ਼ਿਲ੍ਹੇ ਦੇ ਸਿਵਲ ਪ੍ਰਸ਼ਾਸਨ ਨੂੰ ਹਦਾਇਤ ਕੀਤੀ ਕਿ ਉਹ ਨੌਜਵਾਨਾਂ ਨੂੰ ਵਿਦਿਅਕ ਮੁਕਾਬਲਿਆਂ, ਖੇਡਾਂ, ਸੱਭਿਆਚਾਰ ਅਤੇ ਸਿਹਤਮੰਦ ਜੀਵਨ ਸ਼ੈਲੀ ਨੂੰ ਉਤਸ਼ਾਹਤ ਕਰਨ ਵਾਲੀਆਂ ਹੋਰ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਉਤਸ਼ਾਹਤ ਕਰਨ।ਵਿੱਤ ਮੰਤਰੀ ਨੇ ਪੁਲਸ ਪ੍ਰਸ਼ਾਸਨ ਨੂੰ ਹਦਾਇਤ ਕੀਤੀ ਕਿ ਨਸ਼ਾ ਤਸਕਰਾਂ ਵਿਰੁੱਧ ਤੇਜ਼ ਕਾਨੂੰਨੀ ਕਾਰਵਾਈ ਯਕੀਨੀ ਬਣਾਈ ਜਾਵੇ ਅਤੇ ਉਨ੍ਹਾਂ ਦੀ ਨਸ਼ਿਆਂ ਦੇ ਕਾਰੋਬਾਰ ਰਾਹੀਂ ਹਾਸਲ ਕੀਤੀ ਸਾਰੀ ਜਾਇਦਾਦ ਜ਼ਬਤ ਕੀਤੀ ਜਾਵੇ। ਇਸ ਮੌਕੇ ਐਸ.ਐਸ.ਪੀ ਤਰਨ ਤਾਰਨ ਅਭਿਮੰਨਿਊ ਰਾਣਾ ਨੇ ਵਿੱਤ ਮੰਤਰੀ ਨੂੰ ਜਾਣੂ ਕਰਵਾਇਆ ਕਿ ਪਿਛਲੇ ਸਾਲ ਦੌਰਾਨ 26 ਕਰੋੜ ਰੁਪਏ ਅਤੇ ਇਸ ਸਾਲ ਹੁਣ ਤੱਕ 2 ਕਰੋੜ ਰੁਪਏ ਦੀ ਜਾਇਦਾਦ ਅਟੈਚ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਛੇ ਹੋਰ ਮਾਮਲਿਆਂ ਵਿੱਚ ਜਾਇਦਾਦ ਕੁਰਕ ਕਰਨ ਦੀ ਕਾਰਵਾਈ ਚੱਲ ਰਹੀ ਹੈ। ਉਨ੍ਹਾਂ ਦੱਸਿਆ ਕਿ 80 ਵਿਅਕਤੀਆਂ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ ਅਤੇ 13 ਕਿਲੋ ਹੈਰੋਇਨ ਜ਼ਬਤ ਕੀਤੀ ਗਈ ਹੈ।ਇਸ ਦੌਰਾਨ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਆਪਣੇ ਹਲਕੇ ਪੱਟੀ ਵਿੱਚ ਕੀਤੀਆਂ ਜਾ ਰਹੀਆਂ ਪਹਿਲ ਕਦਮੀਆਂ ਦਾ ਹਵਾਲਾ ਦਿੰਦਿਆਂ ਨਸ਼ਿਆਂ ਖ਼ਿਲਾਫ਼ ਲੋਕ ਲਹਿਰ ਉਸਾਰਨ 'ਤੇ ਜ਼ੋਰ ਦਿੱਤਾ।ਹਲਕਾ ਖਡੂਰ ਸਾਹਿਬ ਦੇ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਨੇ ਦੱਸਿਆ ਕਿ ਉਨ੍ਹਾਂ ਦੇ ਹਲਕੇ ਦੇ 80 ਪਿੰਡਾਂ ਨੇ ਮਤੇ ਪਾਸ ਕਰਕੇ ਆਪਣੇ ਇਲਾਕਿਆਂ ਵਿੱਚ ਨਸ਼ਾ ਨਾ ਵਿਕਣ ਦੇਣ ਦਾ ਫੈਸਲਾ ਕੀਤਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਨੌਜਵਾਨਾਂ ਦਾ ਨਸ਼ਿਆਂ ਤੋਂ ਖੇਡਾਂ ਵੱਲ ਧਿਆਨ ਕਰਨ ਲਈ 87 ਪਿੰਡਾਂ ਨੂੰ ਵਾਲੀਬਾਲ ਕਿੱਟਾਂ ਦਿੱਤੀਆਂ ਜਾਣਗੀਆਂ। ਮੀਟਿੰਗ ਦੌਰਾਨ ਤਰਨ ਤਾਰਨ ਦੇ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਅਤੇ ਖੇਮਕਰਨ ਦੇ ਵਿਧਾਇਕ ਸਰਵਣ ਸਿੰਘ ਧੁੰਨ ਨੇ ਵੀ ਆਪਣੇ ਵਿਚਾਰ ਰੱਖੇ । ਵਿੱਤ ਮੰਤਰੀ ਨੇ ਕਿਹਾ ਕਿ ਵਿਦੇਸ਼ਾਂ ਤੋਂ ਨਸ਼ਿਆਂ ਦਾ ਕਾਰੋਬਾਰ ਚਲਾਉਣ ਵਾਲੇ ਵਿਅਕਤੀਆਂ ਨੂੰ ਵਾਪਸ ਲਿਆ ਕੇ ਕਾਨੂੰਨ ਮੁਤਾਬਕ ਸਜ਼ਾ ਦਿਵਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ। ਉਨ੍ਹਾਂ ਅੱਗੇ ਦੱਸਿਆ ਕਿ ਹਰ ਪਿੰਡ ਪੱਧਰ ਤੋਂ ਨਸ਼ਿਆਂ ਦੀ ਤਸਕਰੀ ਨੂੰ ਮੁਕੰਮਲ ਰੋਕ ਲਗਾਉਣ ਲਈ ਸਰਹੱਦੀ ਜ਼ਿਲ੍ਹਿਆਂ ਦੀ ਪੁਲਿਸ ਨੂੰ ਜਲਦੀ ਹੀ ਐਂਟੀ ਡਰੋਨ ਤਕਨੀਕ ਨਾਲ ਲੈਸ ਕੀਤਾ ਜਾਵੇਗਾ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਜਨਰਲ ਰਾਜਦੀਪ ਸਿੰਘ ਬਰਾੜ, ਵਧੀਕ ਡਿਪਟੀ ਕਮਿਸ਼ਨਰ ਵਿਕਾਸ ਸੰਜੀਵ ਕੁਮਾਰ, ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ ਤੋਂ ਇਲਾਵਾ ਗੁਰਦੇਵ ਸਿੰਘ ਲਾਖਣਾ ਚੇਅਰਮੈਨ ਪੰਜਾਬ ਰਾਜ ਗੋਦਾਮ ਨਿਗਮ, ਬਲਜੀਤ ਸਿੰਘ ਖਹਿਰਾ ਚੇਅਰਮੈਨ ਖਾਦੀ ਬੋਰਡ, ਗੁਰਵਿੰਦਰ ਸਿੰਘ ਬਹਿੜਵਾਲ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ, ਰਜਿੰਦਰ ਸਿੰਘ ਉਸਮਾਂ ਚੇਅਰਮੈਨ ਨਗਰ ਸੁਧਾਰ ਟਰੱਸਟ ਤਰਨ ਤਾਰਨ, ਗੁਰਦੇਵ ਸਿੰਘ ਸੰਧੂ ਵਾਈਸ ਚੇਅਰਮੈਨ ਪੰਜਾਬ ਰਾਜ ਵਣ ਵਿਕਾਸ ਨਿਗਮ ਵੀ ਹਾਜ਼ਰ ਸਨ।

# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਕਿਸਾਨ ਆਗੂਆਂ ਦੀਆਂ ਗ੍ਰਿਫ਼ਤਾਰੀਆਂ ਦੀ ਨਿਖੇਧੀ

**ਚੋਹਲਾ ਸਾਹਿਬ (ਰਾਕੇਸ਼ ਬੱਗਾ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਤਰਨ ਤਾਰਨ ਦੇ ਪ੍ਰਧਾਨ ਸਤਨਾਮ ਸਿੰਘ ਮਾਣੋਚਾਹਲ ਦੀ ਅਗਵਾਈ ਹੇਠ ਪੂਰੇ ਜ਼ਿਲ੍ਹੇ ਵਿੱਚ ਅਨੇਕਾਂ ਥਾਵਾਂ 'ਤੇ ਭਗਵੰਤ ਮਾਨ ਦੀ ਆਪ ਸਰਕਾਰ ਦੇ ਕਹਿਣ 'ਤੇ ਪ੍ਰਸ਼ਾਸਨ ਵੱਲੋਂ ਕਿਸਾਨ ਆਗੂਆਂ ਨੂੰ ਘਰਾਂ ਵਿੱਚੋਂ ਚੁੱਕ ਕੇ ਗ੍ਰਿਫ਼ਤਾਰ ਕਰਨ ਦੇ ਵਿਰੋਧ ਵਿੱਚ ਭਗਵੰਤ ਮਾਨ ਦੇ ਅਰਥੀ ਫੂਕ ਮੁਜ਼ਾਹਰੇ ਕੀਤੇ। ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਸੂਬਾ ਆਗੂ ਤੇ ਜ਼ਿਲ੍ਹਾ ਸਕੱਤਰ ਹਰਜਿੰਦਰ ਸਿੰਘ ਸ਼ਕਰੀ, ਜ਼ਿਲ੍ਹਾ ਪ੍ਰੈੱਸ ਸਕੱਤਰ ਰਣਯੋਧ ਸਿੰਘ ਗੱਗੋਬੂਆ ਨੇ ਕਿਹਾ ਕਿ ਸੰਯੁਕਤ ਮੋਰਚੇ ਦੀਆਂ ਜਥੇਬੰਦੀਆਂ ਵੱਲੋਂ ਮੰਗਾਂ ਪ੍ਰਤੀ ਕੇਂਦਰ ਨਾਲ ਸੰਬੰਧਤ ਹਨ। ਇਸ ਕਰਕੇ ਮੰਗਾਂ ਪੂਰੀਆਂ ਕਰਾਉਣ ਲਈ ਚੰਡੀਗੜ੍ਹ ਮੋਰਚਾ ਲਾਉਣ ਜਾ ਰਹੇ ਹਨ, ਪਰ ਪੰਜਾਬ ਦਾ ਮੁੱਖ ਮੰਤਰੀ ਭਗਵੰਤ ਮਾਨ ਕੇਂਦਰ ਦੇ ਇਸ਼ਾਰੇ 'ਤੇ ਕਿਸਾਨਾਂ ਦੇ ਘਰਾਂ ਵਿੱਚ ਛਾਪੇਮਾਰੀ ਕਰਕੇ ਕਿਸਾਨਾਂ ਨੂੰ ਗ੍ਰਿਫ਼ਤਾਰ ਕਰ ਰਿਹਾ ਹੈ । ਕਿਸਾਨ ਆਗੂਆਂ ਨੇ ਇਸ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਿਆ ਕੀਤੀ। ਇਸ ਦੇ ਵਿਰੋਧ ਵਿੱਚ ਪੂਰੇ ਜ਼ਿਲ੍ਹੇ ਤਰਨ ਤਾਰਨ ਵਿੱਚ ਅਨੇਕਾਂ ਥਾਵਾਂ 'ਤੇ ਭਗਵੰਤ ਮਾਨ ਦੇ ਪੁਤਲੇ ਫੂਕ ਕੇ ਰੋਸ ਮੁਜ਼ਾਹਰਾ ਕੀਤਾ ਅਤੇ ਮੰਗ ਕੀਤੀ ਕਿ ਗ੍ਰਿਫ਼ਤਾਰ ਕੀਤੇ ਗਏ ਕਿਸਾਨਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ। ਕਿਸਾਨ ਆਗੂਆਂ ਨੇ ਕਿਹਾ ਕਿ ਦੇਸ਼ ਦਾ ਢਿੱਡ ਭਰਨ ਵਾਲੇ ਕਿਸਾਨਾਂ 'ਤੇ ਪਰਚੇ ਪਾ ਕੇ ਉਹਨਾਂ ਨੂੰ ਜੇਲ੍ਹਾਂ ਵਿੱਚ ਸੁੱਟਿਆ ਜਾ ਰਿਹਾ ਹੈ। ਦੂਜੇ ਪਾਸੇ ਕਾਰਪੋਰੇਟ ਘਰਾਣਿਆਂ ਨੂੰ ਬਚਾਉਣ ਲਈ ਕੇਂਦਰ ਵੱਲੋਂ ਨਵੇਂ ਨਵੇਂ ਕਾਨੂੰਨ ਬਣਾਏ ਜਾ ਰਹੇ ਹਨ। ਸੂਬੇ ਦੀ ਭਗਵੰਤ ਮਾਨ ਦੀ ਸਰਕਾਰ ਉਨ੍ਹਾਂ ਕਾਨੂੰਨਾਂ ਤੇ ਸਹਿਮਤੀ ਪ੍ਰਗਟਾਉਦੀ ਹੋਈ ਸੂਬੇ ਵਿੱਚ ਲਾਗੂ ਕਰ ਰਹੀ ਹੈ। ਨਵੇਂ ਬਣੇ ਕਾਨੂੰਨ ਵਿੱਚ ਕਾਰਪੋਰੇਟ ਘਰਾਣਿਆਂ ਨੂੰ ਸੂਬੇ ਵਿੱਚ ਫੈਕਟਰੀ ਲਾਉਣ ਲਈ ਸੂਬੇ ਦੀ ਇਜਾਜ਼ਤ ਲੈਣ ਦੀ ਜ਼ਰੂਰਤ ਨਹੀਂ ਹੋਵੇਗੀ।

ਕਿਸਾਨ ਆਗੂਆਂ ਨੇ ਕਿਹਾ ਕਿ ਇਸੇ ਤਰ੍ਹਾਂ ਸ਼ੰਭੂ ਅਤੇ ਖਨੌਰੀ ਬਾਰਡਰ 'ਤੇ ਚੱਲ ਰਹੇ ਦੇਸ਼ ਵਿਆਪੀ ਅੰਦੋਲਨ ਵਿੱਚ 10 ਮਾਰਚ ਨੂੰ ਹਜ਼ਾਰਾਂ ਦੀ ਗਿਣਤੀ ਵਿੱਚ ਜ਼ਿਲ੍ਹਾ ਤਰਨ ਤਾਰਨ ਤੋਂ ਕਿਸਾਨ, ਮਜ਼ਦੂਰ, ਨੌਜਵਾਨ ਬੀਬੀਆਂ ਸ਼ੰਭੂ ਮੋਰਚੇ ਵਿੱਚ ਸ਼ਾਮਲ ਹੋਣਗੇ।

ਕਿਸਾਨ ਆਗੂ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਦਾ ਮੀਟਿੰਗ ਵਿੱਚੋਂ ਉੱਠ ਕੇ ਚਲੇ ਜਾਣਾ ਅਤੇ ਅਮਿਤ ਸ਼ਾਹ ਦੇ ਇਸ਼ਾਰਿਆਂ 'ਤੇ ਕੰਮ ਕਰਨਾ ਹੈ। ਇਸ ਦੀ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦੀ ਹੈ। ਇਸ ਮੌਕੇ ਜ਼ੋਨ ਪ੍ਰਧਾਨ ਕੁਲਵੰਤ ਸਿੰਘ ਢੋਟੀਆਂ, ਪ੍ਰਧਾਨ ਅੰਗਰੇਜ਼ ਸਿੰਘ ਢੋਟੀਆਂ, ਰਘਬੀਰ ਸਿੰਘ, ਜਸਬੀਰ ਸਿੰਘ, ਰਣਜੀਤ ਸਿੰਘ, ਲਖਵਿੰਦਰ ਕੌਰ, ਸਮਿੱਤਰਾ, ਸ਼ਮਸ਼ੇਰ ਸਿੰਘ ਤਰਨ ਤਾਰਨ, ਤਰਸੇਮ ਸਿੰਘ ਭਲਵਾਨ, ਦਿਲਬਾਗ ਸਿੰਘ ਢੋਟੀਆਂ, ਦਵਿੰਦਰ ਸਿੰਘ ਆਦਿ ਆਗੂ ਹਾਜ਼ਰ ਸਨ।



# ਬੀ ਡੀ ਪੀ ਓ ਨਾਲ ਝਗੜੇ ਸੰਬੰਧੀ ਸਰਪੰਚ ਵਿਰੁੱਧ ਕੇਸ ਦਰਜ

ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਥਾਣਾ ਧਾਰੀਵਾਲ ਦੀ ਪੁਲਸ ਨੇ ਬਲਾਕ ਧਾਰੀਵਾਲ ਦਫਤਰ ਵਿੱਚ ਬੀ ਡੀ ਪੀ ਓ ਨਾਲ ਮੀਟਿੰਗ ਦੌਰਾਨ ਹੋਏ ਝਗੜੇ ਦੇ ਸਬੰਧ ਵਿੱਚ ਪਿੰਡ ਕਲੇਰ ਕਲਾਂ ਦੇ ਮੌਜੂਦਾ ਸਰਪੰਚ ਵਿਰੁੱਧ ਮੁਕੱਦਮਾ ਦਰਜ ਕੀਤਾ ਹੈ। ਇਸ ਸਬੰਧੀ ਬਲਾਕ ਧਾਰੀਵਾਲ ਦੇ ਬੀ.ਡੀ.ਪੀ.ਓ ਗੁਰਮੀਤ ਸਿੰਘ ਨੇ ਪੁਲਸ ਨੂੰ ਲਿਖਤੀ ਤੌਰ 'ਤੇ ਦੱਸਿਆ ਕਿ 4 ਮਾਰਚ ਨੂੰ ਉਸ (ਬੀ ਡੀ ਪੀ ਓ) ਨੇ ਬਲਾਕ ਧਾਰੀਵਾਲ ਵਲੋਂ ਗ੍ਰਾਮ ਪੰਚਾਇਤ ਕਲੇਰ ਕਲਾਂ ਸਰਪੰਚ ਅਤੇ ਮੈਂਬਰਾਂ ਦੀ ਦਫਤਰ ਬਲਾਕ ਧਾਰੀਵਾਲ ਵਿਖੇ ਪੰਚਾਇਤ ਅਫਸਰ ਦੀ ਹਾਜ਼ਰੀ ਵਿੱਚ ਮੀਟਿੰਗ ਬੁਲਾਈ ਹੋਈ ਸੀ। ਉਹ ਆਪਣੇ ਕਮਰੇ ਵਿੱਚ ਬੈਠ ਕੇ ਫੀਲਡ ਸਟਾਫ ਨਾਲ ਮੀਟਿੰਗ ਕਰ ਰਿਹਾ ਸੀ ਕਿ ਇਸ ਦੌਰਾਨ ਪਿੰਡ ਕਲੇਰ ਕਲਾਂ ਦੇ ਸਰਪੰਚ ਸੁਧੀਰ ਚਾਬਾ, ਪਿੰਡ ਦੇ ਮੈਂਬਰ ਅਤੇ ਹੋਰ ਲੋਕਾਂ ਨਾਲ ਉਸ ਦੇ ਦਫਤਰ ਆ ਗਿਆ ਅਤੇ ਸਰਕਾਰੀ ਕਾਗਜ਼ਾਂ ਨੂੰ ਪਾੜਨ ਲੱਗ ਪਿਆ ਅਤੇ ਦਫਤਰ ਦੀ ਫਾਈਲ ਲੈ ਕੇ ਦਫਤਰ ਤੋਂ ਦੌੜ ਗਿਆ। ਦਫਤਰ ਵਿੱਚ ਗਾਲੀ ਗਲੋਚ ਅਤੇ ਹੁੱਲੜਬਾਜ਼ੀ ਕੀਤੀ। ਥਾਣਾ ਧਾਰੀਵਾਲ ਦੇ ਏ ਐਸ ਆਈ ਬਲਬੀਰ ਸਿੰਘ ਨੇ ਬੀ ਡੀ ਪੀ ਓ ਗੁਰਮੀਤ ਸਿੰਘ ਦੇ ਬਿਆਨਾਂ ਅਨੁਸਾਰ ਸਰਪੰਚ ਸੁਧੀਰ ਚਾਬਾ ਖਿਲਾਫ ਮੁਕੱਦਮਾ ਦਰਜ ਕਰਕੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ ।

# ਕੁੱਲ ਹਿੰਦ ਕਿਸਾਨ ਸਭਾ ਨੇ ਪੰਜਾਬ ਸਰਕਾਰ ਦਾ ਪੁਤਲਾ ਸਾੜ ਕੇ ਕੀਤੀ ਨਾਅਰੇਬਾਜ਼ੀ



ਅੰਮ੍ਰਿਤਸਰ (ਜਗਦੀਸ਼ ਕਮਲੇਸ਼)- ਕੁੱਲ ਹਿੰਦ ਕਿਸਾਨ ਸਭਾ ਵੱਲੋਂ ਪੰਜਾਬ ਵਿੱਚ ਕਿਸਾਨਾਂ ਦੀਆਂ ਹੋ ਰਹੀਆਂ ਗ੍ਰਿਫਤਾਰੀਆਂ ਵਿਰੁੱਧ ਅਤੇ ਮਾਲ ਵਿਭਾਗ ਦੀ ਚੱਲ ਰਹੀ ਹੜਤਾਲ ਦੇ ਹੱਕ ਵਿੱਚ ਅੱਜ ਪੁਤਲੀ ਘਰ ਸੀਟੂ ਦਫਤਰ ਦੇ ਸਾਹਮਣੇ ਕਾਮਰੇਡ ਸਵਿੰਦਰ ਸਿੰਘ ਮੀਰਾਂਕੋਟ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਦਾ ਪੁਤਲਾ ਸਾੜ ਕੇ ਨਾਅਰੇਬਾਜ਼ੀ ਕੀਤੀ। ਇਸ ਸਮੇਂ ਕਾਮਰੇਡ ਸੁੱਚਾ ਸਿੰਘ ਅਜਨਾਲਾ ਸੂਬਾਈ ਵਿੱਤ ਸਕੱਤਰ ਨੇ ਸੰਬੋਧਨ ਕਰਦਿਆਂ ਪੰਜਾਬ ਸਰਕਾਰ ਵਲੋਂ ਕਿਸਾਨਾਂ ਨਾਲ ਤਿੰਨ ਮਾਰਚ ਨੂੰ ਗੱਲਬਾਤ ਦਾ ਸੱਦਾ ਦਿੱਤਾ ਅਤੇ ਮੀਟਿੰਗ ਵਿੱਚੋਂ ਮੁੱਖ ਮੰਤਰੀ ਦਾ ਵਾਕ ਆਊਟ ਕਰਨਾ ਅਤੇ ਡੈਪੂਟੇਸ਼ਨ ਨੂੰ ਕਹਿਣਾ ਜੋ ਮਰਜ਼ੀ ਕਰ ਲਓ, ਇਹ ਵਤੀਰਾ ਹਿਟਲਰਬਾਜ਼ੀ ਵਾਲਾ ਹੈ। ਇਸ ਦੀ ਨਿਖੇਧੀ ਕਰਦਿਆਂ ਕਿਹਾ ਕਿ ਇਹ ਜਮਹੂਰੀਅਤ ਦਾ ਕਤਲ ਹੈ। ਇਸੇ ਤਰ੍ਹਾਂ ਮਾਲ ਵਿਭਾਗ ਵੱਲੋਂ ਜਿਨ੍ਹਾਂ ਤਹਿਸੀਲਦਾਰਾਂ ਨੇ ਸੀ ਐਸ ਆਰ ਅੰਮ੍ਰਿਤਸਰ ਸਮੂਹਿਕ ਛੁੱਟੀ ਲਈ ਹੈ ਉਹਨਾਂ ਨੂੰ ਸਸਪੈਂਡ ਕਰਨਾ ਗੈਰ ਕਾਨੂੰਨੀ ਹੈ ਤੇ ਡਿਕਟੇਟਰਸ਼ਿਪ ਹੈ। ਸੀਟੂ ਨਾਲ ਸੰਬੰਧਤ ਜਥੇਬੰਦੀਆਂ ਕਿਸਾਨੀ ਸੰਘਰਸ਼ ਦੇ ਨਾਲ ਹੈ। ਕਿਸਾਨੀ ਘੋਲ ਦਾ ਪੂਰਨ ਸਮਰਥਨ ਕਰਦਾ ਹੈ।

ਇਸ ਸਮੇਂ ਕਾਮਰੇਡ ਜਨਕ ਰਾਜ ਗੁਰਦਾਸਪੁਰ, ਭੁਪਿੰਦਰਜੀਤ ਸਿੰਘ ਛੀਨਾ, ਅਜੀਤ ਸਿੰਘ ਨਬੀਪੁਰ, ਵਿਜੇ ਕੁਮਾਰ, ਚਰਨਜੀਤ ਸਿੰਘ ਮਜੀਠਾ, ਗੁਰਦੀਪ ਸਿੰਘ ਬੁਤਾਲਾ, ਪ੍ਰੇਮ ਵਿਲਾਸ, ਕਿਰਪਾ ਰਾਮ, ਜਸਪਾਲ ਸਿੰਘ, ਕੁਲਵੰਤ ਸਿੰਘ, ਮਹਿੰਦਰ ਸਿੰਘ ਖੈਹਿਰਾ ਆਗੂ ਹਾਜ਼ਰ ਸਨ।

# ਸੈਮਕੋ ਨੇ ਲਾਰਜ ਕੈਪ ਫੰਡ ਲਈ ਐਨ ਐਫ ਓ ਕੀਤਾ ਲਾਂਚ

**ਅੰਮ੍ਰਿਤਸਰ** : ਸੈਮਕੋ ਐਸੈਟ ਮੈਨੇਜਮੈਂਟ ਪ੍ਰਾਈਵੇਟ ਲਿਮਿਟੇਡ ਨੇ ਸੈਮਕੋ ਲਾਰਜ ਕੈਪ ਫੰਡ ਲਈ ਨਿਊ ਫੰਡ ਆਫਰ (ਐਨ ਐਫ ਓ) ਲਾਂਚ ਕੀਤਾ ਹੈ, ਜੋ ਕਿ ਇੱਕ ਓਪਨ-ਐਂਡਿਡ ਇਕਵਿਟੀ ਸਕੀਮ ਹੈ ਜੋ ਲਾਰਜ ਕੈਪ ਸ਼ੇਅਰਾਂ ਵਿੱਚ ਨਿਵੇਸ਼ ਕਰਨ 'ਤੇ ਕੇਂਦਰਤ ਹੈ। ਐਨ ਐਫ ਓ 5 ਮਾਰਚ 2025 ਤੋਂ 19 ਮਾਰਚ 2025 ਤੱਕ ਖੁੱਲ੍ਹਾ ਰਹੇਗਾ। ਫੰਡ ਦਾ ਲਕਸ਼ ਸੈਮਕੋ ਦੇ ਪ੍ਰੋਪਰਾਇਟਰੀ ਸੀ.ਏ.ਆਰ.ਈ. ਦਾ ਲਾਭ ਉਠਾਉਂਦੇ ਹੋਏ 100 ਸਭ ਤੋਂ ਵੱਡੀਆਂ ਲਾਰਜ-ਕੈਪ ਕੰਪਨੀਆਂ ਦਾ ਵਿਵਿਧ ਪੋਰਟਫੋਲੀਓ ਤਿਆਰ ਕਰਨਾ ਅਤੇ ਲੰਬੇ ਸਮੇਂ ਵਿੱਚ ਨਿਵੇਸ਼ 'ਤੇ ਵਧੀਆ ਵਾਪਸੀ ਪ੍ਰਦਾਨ ਕਰਨੀ ਹੈ। ਉੱਚ-ਗੁਣਵੱਤਾ ਅਤੇ ਵਿਕਾਸ-ਕੇਂਦਰਤ ਮੌਕੇ ਖੋਜਣ ਲਈ ਮੋਮੈਂਟਮ ਸਟ੍ਰੈਟਜੀ ਦੀ ਵਰਤੋਂ ਕੀਤੀ ਜਾਵੇਗੀ। ਲਾਂਚ ਮੌਕੇ, ਸੈਮਕੋ ਐਸੈਟ ਮੈਨੇਜਮੈਂਟ ਪ੍ਰਾਈਵੇਟ ਲਿਮਿਟਡ ਦੇ ਸੀ.ਈ.ਓ. ਵਿਰਾਜ ਗਾਂਧੀ ਨੇ ਕਿਹਾ ਕਿ ਮੌਜੂਦਾ ਬਜ਼ਾਰ ਹਾਲਤਾਂ ਵਿੱਚ ਭਾਰਤ ਵਿੱਚ ਲਾਰਜ-ਕੈਪ ਸ਼ੇਅਰਾਂ ਦੀ ਕੀਮਤ ਮਿੱਡ ਅਤੇ ਸਮਾਲ ਕੈਪ ਦੀ ਤੁਲਨਾ ਵਿੱਚ ਆਕਰਸ਼ਕ ਹੋ ਗਈ ਹੈ, ਜੋ ਕਿ ਇੱਕ ਵਧੀਆ ਨਿਵੇਸ਼ ਮੌਕਾ ਪੇਸ਼ ਕਰਦਾ ਹੈ।

# ਕੇਂਦਰੀ ਜੇਲ੍ਹ ਅੰਦਰੋਂ ਮੋਬਾਈਲ ਮਿਲਣ 'ਤੇ ਦੋ ਮਾਮਲੇ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**- ਥਾਣਾ ਸਿਟੀ ਗੁਰਦਾਸਪੁਰ ਨੂੰ ਸੁਪਰਡੈਂਟ ਕੇਂਦਰੀ ਜੇਲ੍ਹ ਗੁਰਦਾਸਪੁਰ ਨੇ ਆਪਣੇ ਪੱਤਰ ਨੰਬਰ 1670-73 ਰਾਹੀਂ ਦੱਸਿਆ ਕਿ 28 ਫਰਵਰੀ ਨੂੰ ਜੇਲ ਸਟਾਫ ਵਲੋਂ ਜੇਲ੍ਹ ਦੀ ਬੈਰਕ ਨੰਬਰ 7 ਦੀ ਤਲਾਸ਼ੀ ਕੀਤੀ ਗਈ ਤਾਂ ਬਾਹਰਲੇ ਪਾਸੇ ਤੋਂ ਇੱਕ ਲਵਾਰਿਸ ਮੋਬਾਇਲ ਫੋਨ ਕੀ-ਪੈਡ ਵਾਲਾ ਬਿਨਾਂ ਸਿੰਮ ਸਮੇਤ ਬੈਟਰੀ ਬਰਾਮਦ ਹੋਇਆ। ਇਸੇ ਤਰ੍ਹਾਂ ਇਕ ਹੋਰ ਮਾਮਲੇ ਵਿਚ ਸੁਪਰਡੈਂਟ ਕੇਂਦਰੀ ਜੇਲ੍ਹ ਗੁਰਦਾਸਪੁਰ ਨੇ ਆਪਣੇ ਪੱਤਰ ਨੰਬਰ 1665-68 ਰਾਹੀਂ ਦੱਸਿਆ ਕਿ ਜੇਲ ਅੰਦਰ ਬੈਰਕ ਨੰਬਰ 3 ਦੀ ਤਲਾਸ਼ੀ ਕੀਤੀ ਗਈ ਤਾਂ ਬਾਥਰੂਮ ਵਿੱਚ ਹਵਾਲਾਤੀ ਸੁਖਬੀਰ ਸਿੰਘ ਪੁੱਤਰ ਪਰਗਟ ਸਿੰਘ ਵਾਸੀ ਬਟਾਲਾ ਦੇ ਪਜਾਮੇ ਦੀ ਜੇਬ ਵਿਚੋਂ ਇਕ ਮੋਬਾਇਲ ਫੋਨ ਕੀ-ਪੈਡ ਵਾਲਾ ਬਿਨਾਂ ਸਿੰਮ ਸਮੇਤ ਬੈਟਰੀ ਬਰਾਮਦ ਹੋਇਆ। ਥਾਣਾ ਸਿਟੀ ਗੁਰਦਾਸਪੁਰ ਪੁਲਸ ਨੇ ਦੋ ਵੱਖ-ਵੱਖ ਮਾਮਲੇ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਗੜੇਮਾਰੀ ਨਾਲ ਨੁਕਸਾਨੀਆਂ ਫ਼ਸਲਾਂ ਦਾ ਜਾਇਜ਼ਾ ਲੈਣ ਔਜਲਾ ਚੈਨਪੁਰ ਪਹੁੰਚੇ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਪਿਛਲੇ ਦਿਨੀਂ ਹੋਈ ਗੜੇਮਾਰੀ ਨਾਲ ਨੁਕਸਾਨੀਆਂ ਗਈਆਂ ਕਣਕਾਂ ਅਤੇ ਹੋਰ ਫਸਲਾਂ ਦਾ ਜਾਇਜ਼ਾ ਲੈਣ ਲਈ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਬੁੱਧਵਾਰ ਹਲਕਾ ਰਾਜਾਸਾਂਸੀ ਦੇ ਪਿੰਡ ਚੈਨਪੁਰ ਵਿਖੇ ਪਹੁੰਚੇ। ਇਸ ਸਮੇਂ ਚੈਨਪੁਰ ਦੇ ਸਾਬਕਾ ਸਰਪੰਚ ਕਸ਼ਮੀਰ ਸਿੰਘ ਦੇ ਗ੍ਰਹਿ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਔਜਲਾ ਨੇ ਕਿਹਾ ਕਿ ਗੜੇਮਾਰੀ ਕਾਰਨ ਬਹੁਤ ਸਾਰੇ ਪਿੰਡਾਂ ਦੇ ਕਿਸਾਨਾਂ ਦੀਆਂ ਫ਼ਸਲਾਂ ਦਾ 100 ਫੀਸਦੀ ਤੱਕ ਨੁਕਸਾਨ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਦਾ ਫਰਜ਼ ਬਣਦਾ ਹੈ ਕਿ ਉਹ ਖੁਦ ਇਨ੍ਹਾਂ ਪਿੰਡਾਂ ਦਾ ਜਾਇਜ਼ਾ ਲੈ ਕੇ ਕਿਸਾਨਾਂ ਦੀਆਂ ਦੁੱਖ ਤਕਲੀਫ਼ਾਂ ਸੁਣਨ ਅਤੇ ਇਨ੍ਹਾਂ ਦੀਆਂ ਠੀਕ ਤਰ੍ਹਾਂ ਨਾਲ ਗਿਰਦਾਵਰੀਆਂ ਕਰਵਾਉਣ ਤਾਂ ਕਿ ਕਿਸਾਨਾਂ ਨੂੰ ਯੋਗ ਮੁਆਵਜ਼ਾ ਮਿਲ ਸਕੇ। ਉਨ੍ਹਾਂ ਕਿਹਾ ਕਿ ਕਣਕਾਂ ਦਾ ਇੰਨਾ ਜ਼ਿਆਦਾ ਨੁਕਸਾਨ ਹੋ ਗਿਆ ਹੈ ਕਿ ਦਾਣੇ ਤਾਂ ਕੀ, ਇਥੇ ਤੂੜੀ ਬਣਨ ਦੀ ਵੀ ਕੋਈ ਸੰਭਾਵਨਾ ਨਜ਼ਰ ਨਹੀਂ ਆ ਰਹੀ। ਕਿਸਾਨਾਂ ਬਾਰੇ ਪੁੱਛੇ ਗਏ ਇੱਕ ਸਵਾਲ ਦੇ ਜਵਾਬ ਵਿੱਚ ਔਜਲਾ ਨੇ ਕਿਹਾ ਕਿ ਕਿਸਾਨ ਸੱਪਾਂ ਦੀਆਂ ਸਿਰੀਆਂ ਮਿੱਧ ਕੇ ਅੰਨ ਪੈਦਾ ਕਰਕੇ ਪੂਰੇ ਦੇਸ਼ ਦਾ ਢਿੱਡ ਭਰ ਰਿਹਾ ਹੈ। ਖੇਤੀ ਤੇ ਲਾਗਤ ਖਰਚਾ ਜ਼ਿਆਦਾ ਹੋਣ ਕਾਰਨ ਖੇਤੀਬਾੜੀ ਹੁਣ ਲਾਹੇਵੰਦ ਧੰਦਾ ਨਹੀਂ ਰਿਹਾ। ਦੂਸਰੇ ਪਾਸੇ ਸਰਕਾਰਾਂ ਵੀ ਕਿਸਾਨ ਦੀ ਬਾਂਹ ਨਹੀਂ ਫੜ ਰਹੀਆਂ ਸਗੋਂ ਕਾਰਪੋਰੇਟ ਘਰਾਣਿਆਂ ਨੂੰ ਹੋਰ ਉੱਚਾ ਚੁੱਕਣ ਦੀ ਕੋਸ਼ਿਸ਼ ਵਿੱਚ ਹਨ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਕਿਸਾਨਾਂ ਵਿਚਕਾਰ ਚੱਲ ਰਹੇ ਵਿਵਾਦ ਦੇ ਸਬੰਧ ਵਿੱਚ ਉਹਨਾਂ ਕਿਹਾ ਕਿ ਇਹ ਮੁੱਖ ਮੰਤਰੀ ਨੂੰ ਠੰਢੇ ਦਿਮਾਗ ਨਾਲ ਕਿਸਾਨਾਂ ਦੀ ਗੱਲ ਸੁਣਨੀ ਚਾਹੀਦੀ ਸੀ। ਕਿਸਾਨਾਂ ਵਿੱਚ ਕਾਫੀ ਰੋਸ ਪਾਇਆ ਜਾ ਰਿਹਾ ਹੈ। ਇਸ ਮੌਕੇ ਆੜ੍ਹਤੀ ਯੂਨੀਅਨ ਮੰਡੀ ਮਾਨਾਵਾਲਾ ਦੇ ਪ੍ਰਧਾਨ ਪ੍ਰੋਫ਼ੈਸਰ ਸ਼ੇਰ ਸਿੰਘ ਚੈਨਪੁਰ, ਸਾਹਿਬਜੀਤ ਸਿੰਘ ਸਾਬੀ ਸਰਪੰਚ, ਸਾਬਕਾ ਸਰਪੰਚ ਅਜੀਤ ਸਿੰਘ ਚੈਨਪੁਰ, ਸਾਬਕਾ ਸਰਪੰਚ ਲਖਵਿੰਦਰ ਸਿੰਘ ਝੰਜੋਟੀ, ਸਾਬਕਾ ਸਰਪੰਚ ਲਖਵਿੰਦਰ ਸਿੰਘ ਭਿੱਟੇਵੱਡ, ਕਿਸਾਨ ਆਗੂ ਸੁਖਦੇਵ ਸਿੰਘ ਚੈਨਪੁਰ, ਹਰਚਰਨ ਸਿੰਘ, ਜਰਨੈਲ ਸਿੰਘ, ਕੁਲਵਿੰਦਰ ਸਿੰਘ, ਕਾਰਜ ਸਿੰਘ ਸ਼ਾਹ, ਹਰਪਾਲ ਸਿੰਘ, ਸੋਨੀ ਮੈਂਬਰ, ਮਲਕੀਤ ਮੈਂਬਰ, ਗੁਰਚਰਨ ਸਿੰਘ ਪੱਪੂ, ਸਰਮੈਲ ਸਿੰਘ ਆਦਿ ਇਲਾਕੇ ਦੇ ਮੋਹਤਬਰ ਅਤੇ ਕਿਸਾਨ ਹਾਜ਼ਰ ਸਨ।

# ਦੁਕਾਨਾਂ ਦੀ ਬੋਲੀ ਨਾ ਹੋਣ ਕਾਰਨ ਲੋਕ ਪ੍ਰੇਸ਼ਾਨ



ਗੁਰਦਾਸਪੁਰ (ਜਨਕ ਮਹਾਜਨ)- ਬਾਬਾ ਬੰਦਾ ਸਿੰਘ ਬਹਾਦਰ ਇੰਟਰ ਸਟੇਟ ਬੱਸ ਟਰਮੀਨਲ ਗੁਰਦਾਸਪੁਰ ਤੋਂ ਰੋਜ਼ਾਨਾ ਸੈਂਕੜੇ ਬੱਸਾਂ ਹਰ ਸੂਬੇ ਦੇ ਜ਼ਿਲ੍ਹੇ ਨੂੰ ਜਾਂਦੀਆਂ ਹਨ ਅਤੇ ਬੱਸ ਅੱਡੇ 'ਤੇ ਬੁਨਿਆਦੀ ਸਹੂਲਤਾਂ ਦੀ ਕਮੀ ਹੋਣ ਨਾਲ ਸਵਾਰੀਆਂ ਨੂੰ ਕਾਫ਼ੀ ਮੁਸ਼ਕਲਾਂ ਪੇਸ਼ ਆ ਰਹੀਆਂ ਹਨ। ਪ੍ਰਾਈਵੇਟ ਟੈਕਸੀ ਯੂਨੀਅਨ ਦੇ ਇਕ ਬੁਲਾਰੇ ਨੇ ਦੱਸਿਆ ਕਿ ਬੱਸ ਅੱਡੇ ਨੂੰ ਬਣਿਆਂ ਲਗਭਗ ਦੋ ਸਾਲ ਹੋ ਚੁੱਕੇ ਹਨ ਪਰ ਅਜੇ ਤੱਕ ਨਗਰ ਸੁਧਾਰ ਟਰੱਸਟ ਵਲੋਂ ਬੱਸ ਅੱਡੇ ਅੰਦਰ ਬਣਾਈਆਂ ਦੁਕਾਨਾਂ ਨਾ ਹੀ ਵੇਚ ਸਕੀ ਅਤੇ ਨਾ ਹੀ ਕਿਰਾਏ 'ਤੇ ਚਾੜ੍ਹ ਸਕੀ ਹੈ। ਉਨ੍ਹਾਂ ਦੱਸਿਆ ਕਿ ਸਵਾਰੀਆਂ ਨੂੰ ਖ਼ਾਣ-ਪੀਣ ਵਾਲਾ ਸਾਮਾਨ ਬਾਹਰ ਤੋਂ ਖ਼ਰੀਦਣਾ ਪੈਂਦਾ ਹੈ ਅਤੇ ਬਣੀਆਂ ਦੁਕਾਨਾਂ ਖ਼ਾਲੀ ਪਈਆਂ ਹੋਈਆਂ ਹਨ। ਇਸ ਨਾਲ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਨੂੰ ਲੱਖਾਂ ਰੁਪਏ ਦਾ ਘਾਟਾ ਪੈ ਰਿਹਾ ਹੈ।

ਇਥੋਂ ਤੱਕ ਕਿ ਨਗਰ ਸੁਧਾਰ ਟਰੱਸਟ ਦੁਕਾਨਾਂ ਦੀ ਬੋਲੀ ਵੀ ਦੋ ਸਾਲਾਂ ਵਿਚ ਨਹੀਂ ਕਰਵਾ ਸਕਿਆ। ਲੋਕਾਂ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਨੂੰ ਬੱਸ ਅੱਡੇ ਅੰਦਰ ਬਣੀਆਂ ਦੁਕਾਨਾਂ ਦੀ ਬੋਲੀ ਕਰਵਾਉਣ ਦੇ ਹੁਕਮ ਜਾਰੀ ਕੀਤੇ ਜਾਣ, ਜਿਸ ਨਾਲ ਨਗਰ ਸੁਧਾਰ ਟਰੱਸਟ ਵਿਭਾਗ ਗੁਰਦਾਸਪੁਰ ਦੀ ਆਮਦਨ ਦੇ ਸਰੋਤ ਵਿੱਚ ਵਾਧਾ ਹੋ ਸਕੇ।

# ਬ੍ਰੈਕਸ ਇੰਡੀਆ ਨੇ ਰੇਵੀਆ ਯੂਨੀਵਰਸਲ ਟ੍ਰੈਕਟਰ ਟ੍ਰਾਂਸਮਿਸ਼ਨ ਆਇਲ ਕੀਤਾ ਲਾਂਚ

ਅੰਮ੍ਰਿਤਸਰ : ਬ੍ਰੈਕਸ ਇੰਡੀਆ ਨੇ ਟ੍ਰੈਕਟਰ ਆਇਲ ਬਾਜ਼ਾਰ ਵਿੱਚ ਪ੍ਰਵੇਸ਼ ਕਰਦਿਆਂ ਰੇਵੀਆ ਯੂ.ਟੀ.ਟੀ.ਓ (ਯੂਨੀਵਰਸਲ ਟ੍ਰੈਕਟਰ ਟ੍ਰਾਂਸਮਿਸ਼ਨ ਆਇਲ) ਨੂੰ ਲਾਂਚ ਕਰਨ ਦੀ ਘੋਸ਼ਣਾ ਕੀਤੀ। ਇਹ ਰਣਨੀਤਕ ਪਹੁੰਚ ਕੰਪਨੀ ਦੀ ਟ੍ਰੈਕਟਰ ਸੈਗਮੈਂਟ ਵਿੱਚ ਪਕੜ ਨੂੰ ਹੋਰ ਮਜ਼ਬੂਤ ਕਰਦੀ ਹੈ ਅਤੇ ਰੇਵੀਆ ਬ੍ਰਾਂਡ ਪੋਰਟਫੋਲੀਓ ਦਾ ਵਿਸਥਾਰ ਕਰਦੀ ਹੈ। ਰੇਵੀਆ ਯੂ.ਟੀ.ਟੀ.ਓ ਇੱਕ ਉੱਚ-ਕਾਰਗੁਜ਼ਾਰੀ ਵਾਲਾ ਯੂਨੀਵਰਸਲ ਲੁਬ੍ਰੀਕੈਂਟ ਹੈ, ਜੋ ਆਧੁਨਿਕ ਟ੍ਰੈਕਟਰਾਂ ਦੇ ਟ੍ਰਾਂਸਮਿਸ਼ਨ ਸਿਸਟਮ, ਵੈਟ ਬ੍ਰੇਕ, ਹਾਈਡ੍ਰੌਲਿਕਸ ਅਤੇ ਫਾਈਨਲ ਡ੍ਰਾਈਵ ਵਿੱਚ ਵਰਤਣ ਲਈ ਵਿਸ਼ੇਸ਼ ਤੌਰ 'ਤੇ ਤਿਆਰ ਕੀਤਾ ਗਿਆ ਹੈ।

ਬ੍ਰੈਕਸ ਇੰਡੀਆ ਦੇ ਸੀਨੀਅਰ ਉੱਪ-ਅਧਿਅਕਸ਼ ਅਤੇ ਆਫ਼ਟਰਮਾਰਕੇਟ ਬਿਜ਼ਨਸ ਯੂਨਿਟ ਦੇ ਮੁਖੀ ਸੁਜੀਤ ਨਾਇਕ ਨੇ ਕਿਹਾ ਕਿ ਵੈਟ ਬ੍ਰੇਕ ਸਿਸਟਮ ਦੇ ਪ੍ਰਮੁੱਖ ਓਈਐਮ ਨਿਰਮਾਤਾ ਹੋਣ ਦੇ ਨਾਤੇ ਬ੍ਰੈਕਸ ਇੰਡੀਆ ਟ੍ਰੈਕਟਰ ਆਇਲ ਸੈਗਮੈਂਟ ਵਿੱਚ ਆਪਣੀ ਥਾਂ ਮਜ਼ਬੂਤ ਕਰਨ ਲਈ ਪੂਰੀ ਤਰ੍ਹਾਂ ਯੋਗ ਹੈ। ਅਸੀਂ ਉੱਚ-ਗੁਣਵੱਤਾ ਵਾਲੇ, ਟਿਕਾਊ ਉਤਪਾਦ ਮੁਹੱਈਆ ਕਰਵਾਉਣ ਦੇ ਆਪਣੇ ਬ੍ਰਾਂਡ ਵਾਅਦੇ ਨੂੰ ਹੋਰ ਮਜ਼ਬੂਤ ਕਰ ਰਹੇ ਹਾਂ, ਜੋ ਟ੍ਰੈਕਟਰ ਉਦਯੋਗ ਦੀ ਬਦਲਦੀ ਲੋੜਾਂ ਨੂੰ ਪੂਰਾ ਕਰਦੇ ਹਨ।

# ਤਹਿਸੀਲ ਮਜੀਠਾ 'ਚ ਰਜਿਸਟਰੀਆਂ ਕਰਨ ਦਾ ਕੰਮ ਹੋਇਆ ਪ੍ਰਭਾਵਤ



ਮਜੀਠਾ (ਸੋਇਮ ਆਨੰਦ)- ਪੰਜਾਬ ਵਿਜੀਲੈਂਸ ਵਲੋਂ ਪੰਜਾਬ ਦੇ ਮਾਲ ਵਿਭਾਗ ਦੇ ਰਜਿਸਟਰਾਰ ਖਿਲਾਫ ਇੱਕ ਜਾਅਲੀ ਰਜਿਸਟਰੀ ਕਰਨ ਦੇ ਨਾਂਅ 'ਤੇ ਮਾਮਲਾ ਦਰਜ ਕੀਤੇ ਜਾਣ ਤੋਂ ਬਾਅਦ ਸੂਬਾ ਭਰ ਵਿਚ ਤਹਿਸੀਲਦਾਰ ਐਸੋਸੀਏਸ਼ਨ ਵਲੋਂ ਹੜਤਾਲ ਕੀਤੀ ਗਈ ਅਤੇ ਆਉਂਦੇ ਸ਼ੁੱਕਰਵਾਰ ਤੱਕ ਪੰਜਾਬ ਭਰ ਵਿਚ ਰਜਿਸਟਰੀਆਂ ਨਾ ਕਰਨ ਦਾ ਐਲਾਨ ਕੀਤਾ ਗਿਆ ਹੈ। ਸੂਬਾ ਬਾਡੀ ਦੇ ਸੱਦੇ 'ਤੇ ਤਹਿਸੀਲ ਮਜੀਠਾ ਵਿਚ ਵੀ ਤਹਿਸੀਲਦਾਰ ਵੱਲੋਂ ਰਜਿਸਟਰੀਆਂ ਕਰਨ ਦਾ ਕੰਮ ਬੰਦ ਕੀਤਾ ਗਿਆ ਹੈ। ਤਹਿਸੀਲਦਾਰ ਮਜੀਠਾ ਜਸਬੀਰ ਸਿੰਘ ਸੰਧੂ ਨਾਲ ਗੱਲ ਕਰਨ 'ਤੇ ਉਨ੍ਹਾਂ ਦੱਸਿਆ ਕਿ ਸੂਬਾ ਕਮੇਟੀ ਦੇ ਸੱਦੇ 'ਤੇ ਸ਼ੁੱਕਰਵਾਰ ਤੱਕ ਰਜਿਸਟਰੀਆਂ ਨਾ ਕਰਨ ਕਰਕੇ ਤਹਿਸੀਲ ਮਜੀਠਾ ਵਿਚ ਰਜਿਸਟਰੀਆਂ ਦਾ ਕੰਮ ਬੰਦ ਕੀਤਾ ਗਿਆ ਹੈ ਪਰ ਦਫਤਰ ਵਿਚ ਬੈਠ ਕੇ ਮਾਲ ਵਿਭਾਗ ਦੇ ਬਾਕੀ ਕੰਮ ਇੰਤਕਾਲ ਕਰਨਾ, ਗਿਰਦਾਵਰੀਆਂ ਕਰਨਾ ਅਤੇ ਸਰਟੀਫਿਕੇਟ ਜਾਰੀ ਕਰਨਾ ਆਦਿ ਜਿਹੇ ਬਾਕੀ ਸਾਰੇ ਕੰਮ ਕੀਤੇ ਜਾ ਰਹੇ ਹਨ ਤਾਂ ਕਿ ਆਮ ਲੋਕਾਂ ਨੂੰ ਬਾਕੀ ਕੰਮ ਕਰਵਾਉਣ ਵਾਸਤੇ ਮੁਸ਼ਕਲ ਪੇਸ਼ ਨਾ ਆਵੇ। ਉਨ੍ਹਾਂ ਦੱਸਿਆ ਕਿ ਸੂਬਾ ਕਮੇਟੀ ਦੇ ਨੁਮਾਇੰਦਿਆਂ ਦੀ ਸਰਕਾਰ ਨਾਲ ਗੱਲਬਾਤ ਚੱਲ ਰਹੀ ਹੈ। ਕਮੇਟੀ ਵਲੋਂ ਜੋ ਵੀ ਆਦੇਸ਼ ਹੋਵੇਗਾ ਉਸ ਅਨੁਸਾਰ ਕੰਮ ਕੀਤਾ ਜਾਵੇਗਾ।

# ਸਿਵਲ ਸਰਜਨ ਨੇ ਕੀਤਾ ਫ੍ਰੀ ਮੈਡੀਕਲ ਕੈਂਪ ਦਾ ਦੌਰਾ




ਗੁਰਦਾਸਪੁਰ (ਜਨਕ ਮਹਾਜਨ)- ਮੇਲਾ ਸ੍ਰੀ ਚੋਲਾ ਸਾਹਿਬ ਦੌਰਾਨ ਨਬੀਪੁਰ ਵਿਖੇ ਲਗਾਏ ਗਏ ਫ੍ਰੀ ਮੈਡੀਕਲ ਕੈਂਪ ਦਾ ਸਿਵਲ ਸਰਜਨ ਗੁਰਦਾਸਪੁਰ ਡਾਕਟਰ ਪ੍ਰਭਜੋਤ ਕੌਰ ਕਲਸੀ ਵੱਲੋਂ ਦੌਰਾ ਕੀਤਾ ਗਿਆ। ਇਸ ਮੌਕੇ ਡਾਕਟਰ ਪ੍ਰਭਜੋਤ ਕੌਰ ਕਲਸੀ ਨੇ ਕਿਹਾ ਕਿ ਸਮੂਹ ਸਿਹਤ ਸੰਸਥਾਵਾਂ ਵਿੱਚ ਫ੍ਰੀ ਮੈਡੀਕਲ ਟੈਸਟ ਕੀਤੇ ਜਾ ਰਹੇ ਹਨ ਅਤੇ ਫ੍ਰੀ ਦਵਾਈਆਂ ਦਿੱਤੀਆਂ ਜਾ ਰਹੀਆਂ ਹਨ। ਮੇਲਾ ਸ੍ਰੀ ਚੋਲਾ ਸਾਹਿਬ ਲਈ ਵੀ ਫ੍ਰੀ ਮੈਡੀਕਲ ਕੈਂਪ ਲਗਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਟੀ ਬੀ ਦੇ ਖਾਤਮੇ ਲਈ ਜਨਤਾ ਦੀ ਭਾਗੀਦਾਰੀ ਬਹੁਤ ਜ਼ਰੂਰੀ ਹੈ। ਲੋਕਾਂ ਨੂੰ ਬਣਦਾ ਸਹਿਯੋਗ ਦੇਣਾ ਚਾਹੀਦਾ ਹੈ। ਟੀ.ਬੀ. ਹੋਣ ਦਾ ਖਦਸ਼ਾ ਉਨ੍ਹਾਂ ਨੂੰ ਰਹਿੰਦਾ ਹੈ ਜਿਵੇ ਕਿ ਟੀ.ਬੀ. ਮਰੀਜ਼ ਦੇ ਪਰਵਾਰ ਦਾ ਮੈਂਬਰ ਹੋਵੇ, ਰੋਗ ਪ੍ਰਤੀਰੋਧ ਬਿਮਾਰੀਆਂ ਨਾਲ ਜੂਝ ਰਹੇ ਮਰੀਜ਼, ਕੁਪੋਸ਼ਣ ਦੇ ਸ਼ਿਕਾਰ ਲੋਕਾਂ ਦੀ ਸ਼ਨਾਖਤ ਸਭ ਤੋਂ ਪਹਿਲਾਂ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਹਾਈ ਰਿਸਕ ਏਰੀਆ ਜਿਵੇਂ ਕਿ ਮਲੀਨ ਬਸਤੀਆਂ, ਇੱਟ ਭੱਠੇ ਆਦਿ ਦਾ ਸਰਵੇ ਕੀਤਾ ਜਾਵੇਗਾ ਅਤੇ ਸ਼ੱਕੀ ਮਰੀਜ਼ਾਂ ਦਾ ਪਤਾ ਲਗਾਇਆ ਜਾ ਰਿਹਾ ਹੈ। ਟੀ.ਬੀ ਮਰੀਜ਼ਾਂ ਦੀ ਸ਼ਨਾਖਤ ਹੋਣ 'ਤੇ ਮੁਫ਼ਤ ਇਲਾਜ ਕੀਤਾ ਜਾ ਰਿਹਾ ਹੈ। ਟੀ.ਬੀ ਮਰੀਜ਼ਾਂ ਦੇ ਪੋਸ਼ਣ ਲਈ ਖੁਰਾਕ ਵੀ ਮੁਹੱਈਆ ਕਰਵਾਈ ਜਾ ਰਹੀ ਹੈ। ਇਸ ਮੌਕੇ ਜ਼ਿਲ੍ਹਾ ਸਿਹਤ ਅਫਸਰ ਡਾ. ਅੰਕੁਰ ਕੌਸ਼ਲ, ਜ਼ਿਲ੍ਹਾ ਐਪੀਡਮੋਲੋਜਿਸਟ ਡਾ. ਗੁਰਪ੍ਰੀਤ ਕੌਰ ਆਦਿ ਹਾਜ਼ਰ ਸਨ।

# ਪਿੰਡ ਸੋਹਲ 'ਚ ਕਿਸਾਨ ਜਾਗਰੂਕਤਾ ਨੁੱਕੜ ਮੀਟਿੰਗ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**- ਜ਼ਿਲ੍ਹਾ ਗੁਰਦਾਸਪੁਰ ਵਿੱਚ ਕਿਸਾਨਾਂ ਖਾਸ ਕਰਕੇ ਛੋਟੇ ਕਿਸਾਨਾਂ ਦੀਆਂ ਖੇਤੀ ਅਤੇ ਫ਼ਸਲਾਂ ਨਾਲ ਸਬੰਧਤ ਸਮੱਸਿਆਵਾਂ ਦੇ ਹੱਲ ਲਈ ਖੇਤੀਬਾੜੀ ਮੰਤਰੀ ਪੰਜਾਬ ਗੁਰਮੀਤ ਸਿੰਘ ਖੁੱਡੀਆਂ ਦੇ ਵਿਸ਼ੇਸ਼ ਆਦੇਸ਼ਾਂ ਦੀ ਪਾਲਣਾ ਕਰਦਿਆਂ 10 ਬਲਾਕਾਂ ਦੇ ਸਮੂਹ ਸਰਕਲਾਂ ਵਿਚ ਪ੍ਰਤੀ ਸਰਕਲ ਇਕ ਪਿੰਡ ਵਿੱਚ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਕਿਸਾਨਾਂ ਨਾਲ ਨੁੱਕੜ ਮੀਟਿੰਗਾਂ ਕੀਤੀਆਂ ਗਈਆਂ। ਇਸ ਲੜੀ ਤਹਿਤ ਬਲਾਕ ਧਾਰੀਵਾਲ ਦੇ ਪਿੰਡ ਸੋਹਲ ਵਿਚ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਕਿਸਾਨ ਜਾਗਰੂਕਤਾ ਨੁੱਕੜ ਮੀਟਿੰਗ ਅਤੇ ਪਰਾਲੀ ਪ੍ਰਬੰਧਨ ਬਾਰੇ ਖੇਤ ਦਿਵਸ ਮਨਾਇਆ ਗਿਆ, ਜਿਸ ਦੀ ਪ੍ਰਧਾਨਗੀ ਡਾਕਟਰ ਅਮਰੀਕ ਮੁੱਖ ਖੇਤੀਬਾੜੀ ਅਫ਼ਸਰ ਨੇ ਕੀਤੀ ।

ਮੀਟਿੰਗ ਦਾ ਪ੍ਰਬੰਧ ਕਰਨ ਵਿਚ ਅਤਰ ਸਿੰਘ ਵਲੋਂ ਸਹਿਯੋਗ ਕੀਤਾ ਗਿਆ।ਇਸ ਮੌਕੇ ਡਾ. ਰਸ਼ਪਾਲ ਸਿੰਘ ਬਲਾਕ ਖੇਤੀਬਾੜੀ ਅਫ਼ਸਰ, ਡਾ. ਹਰਮਨਦੀਪ ਸਿੰਘ, ਡਾ. ਜਤਿੰਦਰ ਸਿੰਘ ਖ਼ੇਤੀਬਾੜੀ ਵਿਕਾਸ ਅਫ਼ਸਰ, ਡਾ. ਯਾਦਵਿੰਦਰ ਸਿੰਘ, ਅਰਜਿੰਦਰ ਸਿੰਘ, ਗੁਰਮੀਤ ਸਿੰਘ ਖੇਤੀਬਾੜੀ ਵਿਸਥਾਰ ਅਫ਼ਸਰ ਸਮੇਤ ਸਮੂਹ ਸਟਾਫ਼ ਅਤੇ ਵੱਡੀ ਗਿਣਤੀ ਵਿਚ ਕਿਸਾਨ ਹਾਜ਼ਰ ਸਨ।ਕਿਸਾਨਾਂ ਨੂੰ ਸੰਬੋਧਨ ਕਰਦਿਆਂ ਡਾ. ਅਮਰੀਕ ਸਿੰਘ ਨੇ ਕਿਹਾ ਕਿ ਮੌਸਮ ਅਨਕੂਲ ਹੋਣ ਕਾਰਨ ਕਣਕ ਦੀ ਫ਼ਸਲ ਦੀ ਹਾਲਤ ਬਹੁਤ ਵਧੀਆ ਹੈ ਅਤੇ ਪੈਦਾਵਾਰ ਵਧੇਰੇ ਹੋਣ ਦੀ ਸੰਭਾਵਨਾ ਹੈ। ਉਨਾਂ ਕਿਹਾ ਕਿ ਕਣਕ ਦੀ ਕਟਾਈ ਉਪਰੰਤ ਤੂੜੀ ਬਣਾਉਣ ਤੋਂ ਬਾਅਦ ਬਚੀ ਰਹਿੰਦ ਖੂੰਹਦ ਨੂੰ ਅੱਗ ਨਹੀਂ ਲਗਾਉਣੀ ਚਾਹੀਦੀ । ਕਣਕ ਦੇ ਨਾੜ ਨੂੰ ਅੱਗ ਲਗਾਉਣ ਨਾਲ ਜੀਵ ਜੰਤੂ




ਅਤੇ ਵਨਸਪਤੀ ਨਸ਼ਟ ਹੋ ਜਾਂਦੀ ਹੈ।ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਸਹੂਲਤ ਲਈ ਵਿਭਾਗ ਵੱਲੋਂ ਹਰ ਬੁੱਧਵਾਰ ਅਤੇ ਸ਼ੁੱਕਰਵਾਰ ਨੂੰ ਹਰੇਕ ਸਰਕਲ ਦੇ ਇੱਕ ਪਿੰਡ ਵਿੱਚ ਸਵੇਰੇ 11 ਵਜੇ ਤੋਂ ਬਾਅਦ ਦੁਪਹਿਰ ਇੱਕ ਵਜੇ ਤੱਕ ਪਿੰਡਾਂ ਵਿਚ ਕਿਸਾਨ ਜਾਗਰੂਕਤਾ ਮੀਟਿੰਗਾਂ ਕੀਤੀਆਂ ਜਾਂਦੀਆਂ ਹਨ, ਜਿਸ ਦੌਰਾਨ ਕਿਸਾਨ ਆਪਣੀਆਂ ਫ਼ਸਲਾਂ ਨਾਲ ਸਬੰਧਤ ਸਮੱਸਿਆਵਾਂ ਲੈ ਕੇ ਆਉਂਦੇ ਹਨ ਅਤੇ ਖੇਤੀ ਮਾਹਰ ਮੌਕੇ ਤੇ ਸਮੱਸਿਆਵਾਂ ਦਾ ਹੱਲ ਕਰਦੇ ਹਨ ਤਾਂ ਜੋ ਕਿਸਾਨਾਂ ਦੀ ਖੇਤੀ ਵਿਕਰੇਤਾਵਾਂ 'ਤੇ ਨਿਰਭਰਤਾ ਘਟਾਈ ਜਾ ਸਕੇ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਸਾਉਣੀ ਰੁੱਤੇ ਮੱਕੀ ਦੀ ਕਾਸ਼ਤ ਨੂੰ ਉਤਸ਼ਾਹਿਤ ਕਰਨ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ ਜਿਸ ਅਨੁਸਾਰ ਜ਼ਿਲ੍ਹਾ ਗੁਰਦਾਸਪੁਰ ਵਿੱਚ 7000 ਹੈਕਟੇਅਰ ਰਕਬੇ ਵਿੱਚ ਮੱਕੀ ਦੀ ਕਾਸ਼ਤ ਕੀਤੀ ਜਾਵੇਗੀ।

ਉਹਨਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਜੇਕਰ ਉਹਨਾਂ ਨੂੰ ਕਿਸੇ ਤਰ੍ਹਾਂ ਦੀ ਕੋਈ ਸਮੱਸਿਆ ਨਜ਼ਰ ਆਉਂਦੀ ਹੈ ਤਾਂ ਤੁਰੰਤ ਖੇਤੀਬਾੜੀ ਮਾਹਰਾਂ ਨਾਲ ਸੰਪਰਕ ਕੀਤਾ ਜਾਵੇ। ਡਾ.ਰਸ਼ਪਾਲ ਸਿੰਘ ਨੇ ਕਿਹਾ ਕਿ ਖੇਤੀਬਾੜੀ ਵਿਭਾਗ ਵਲੋਂ ਕਿਸਾਨਾਂ ਨੂੰ ਕਿਸੇ ਤਰ੍ਹਾਂ ਦੀ ਕੋਈ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।

ਉਨਾਂ ਕਿਹਾ ਕਿ ਫਸਲੀ ਵਿਭਿੰਨਤਾ ਲਿਆਉਣ, ਧਰਤੀ ਹੇਠਲਾ ਪਾਣੀ ਬਚਾਉਣ, ਕੁਦਰਤੀ ਸੋਮਿਆਂ ਦੀ ਸੁਚੱਜੀ ਵਰਤੋਂ ਕਰਨ, ਵਾਤਾਵਰਣ ਨੂੰ ਪ੍ਰਦੂਸ਼ਣ ਮੁਕਤ ਕਰਨ, ਫਸਲਾਂ ਦੀ ਰਹਿੰਦ ਖੂੰਹਦ ਦਾ ਅੱਗ ਲਗਾਏ ਬਗੈਰ ਨਿਪਟਾਰਾ ਕਰਨ ਅਤੇ ਚੰਗੇ ਲਾਭ ਵਾਲੀਆਂ ਫਸਲਾਂ ਦੀ ਕਾਸ਼ਤ ਕਰਵਾਉਣ ਲਈ ਖੇਤੀਬਾੜੀ ਵਿਭਾਗ ਦਿਨ ਰਾਤ ਕੰਮ ਕਰ ਰਿਹਾ ਹੈ। ਡਾ. ਹਰਮਨਦੀਪ ਸਿੰਘ ਕੀਟਨਾਸ਼ਕਾਂ ਦੀ ਸੁਚੱਜੀ ਵਰਤੋਂ ਲਈ ਕਿਸਾਨਾਂ ਨੂੰ ਪ੍ਰੇਰਿਤ ਕੀਤਾ। ਡਾ.ਅਰਜਿੰਦਰ ਸਿੰਘ ਨੇ ਪੀ ਐਮ ਕਿਸਾਨ ਸਨਮਾਨ ਨਿਧੀ ਯੋਜਨਾ ਬਾਰੇ ਜਾਣਕਾਰੀ ਦਿੱਤੀ।ਡਾ. ਯਾਦਵਿੰਦਰ ਸਿੰਘ ਨੇ ਸਟੇਜ ਸਕੱਤਰੀ ਦੇ ਫਰਜ਼ ਨਿਭਾਉਂਦਿਆਂ ਫ਼ਸਲਾਂ ਦੀਆਂ ਬਿਮਾਰੀਆਂ, ਕੀੜੇ ਮਕੌੜਿਆਂ ਦੀ ਰੋਕਥਾਮ ਬਾਰੇ ਤਕਨੀਕੀ ਜਾਣਕਾਰੀ ਦਿੱਤੀ। ਅਖੀਰ ਵਿੱਚ ਕਾਰੋਬਾਰੀ ਅਤਰ ਸਿੰਘ ਨੇ ਆਏ ਮਹਿਮਾਨਾਂ ਅਤੇ ਕਿਸਾਨਾਂ ਦਾ ਧੰਨਵਾਦ ਕੀਤਾ।

# ਸਤਕੋਹਾ 'ਚ ਖ਼ੂਨਦਾਨ ਕੈਂਪ ਲਗਾਇਆ

ਧਾਰੀਵਾਲ (ਮਨਦੀਪ ਸਿੰਘ ਵਿੱਕੀ) - ਭਾਰਤੀ ਕਿਸਾਨ ਯੂਨੀਅਨ ਮਾਝਾ (ਪੰਜਾਬ) ਅਤੇ ਭਾਈ ਘਨ੍ਹਈਆ ਜੀ ਆਰਗੇਨਾਈਜੇਸ਼ਨ ਕਾਦੀਆਂ ਵੱਲੋਂ ਸਾਂਝੇ ਤੌਰ 'ਤੇ ਬਲਾਕ ਧਾਰੀਵਾਲ ਦੇ ਪਿੰਡ ਸਤਕੋਹਾ ਵਿੱਚ ਇਕ ਖੂਨਦਾਨ ਕੈਂਪ ਲਗਾਇਆ।

ਕੈਂਪ ਵਿੱਚ ਡਾਕਟਰ ਅਮਰੀਕ ਸਿੰਘ ਮੁੱਖ ਖੇਤੀਬਾੜੀ ਅਫਸਰ ਗੁਰਦਾਸਪੁਰ ਨੇ ਬਤੌਰ ਮੁੱਖ ਮਹਿਮਾਨ ਸਿਰਕਤ ਕੀਤੀ। ਯੂਨੀਅਨ ਦੇ ਸੂਬਾ ਸਕੱਤਰ ਰਾਜਿੰਦਰ ਸਿੰਘ ਜਫਰਵਾਲ ਅਤੇ ਆਰਗੇਨਾਈਜੇਸ਼ਨ ਦੇ ਪ੍ਰਧਾਨ ਭਾਈ ਜਗਜੀਤ ਸਿੰਘ ਕਾਦੀਆਂ ਦੇ ਪ੍ਰਬੰਧਾਂ ਹੇਠ ਚੋਲਾ ਸਾਹਿਬ ਦੇ ਸਲਾਨਾ ਜੋੜ ਮੇਲੇ ਨੂੰ ਸਮਰਪਤ ਲਗਾਏ ਇਸ ਕੈਂਪ ਦੌਰਾਨ ਪੰਜਾਬ ਸਟੇਟ ਬਲੱਡ ਡੋਨੇਸ਼ਨ ਸੰਸਥਾ ਦੀ ਟੀਮ ਵਲੋਂ 40 ਯੂਨਿਟ ਖੂਨ ਇਕੱਠਾ ਕੀਤਾ। ਇਸ ਮੌਕੇ ਮੁੱਖ ਮਹਿਮਾਨ ਡਾਕਟਰ ਅਮਰੀਕ ਸਿੰਘ ਨੇ ਨੌਜਵਾਨਾਂ ਨੂੰ ਕਿਹਾ ਕਿ ਖੂਨ ਦਾਨ ਇਕ ਬਹੁਤ ਹੀ ਮਹਾਨ ਦਾਨ ਹੈ, ਜਿਸ ਨਾਲ ਕਿਸੇ ਮਨੁੱਖ ਦੀ ਕੀਮਤੀ ਜਾਨ ਬਚਾਈ ਜਾ ਸਕਦੀ ਹੈ।

ਮਾਨਵਤਾ ਦੇ ਭਲੇ ਲਈ ਅਜਿਹੇ ਮਹਾਨ ਕਾਰਜ ਲਈ ਸਾਰੇ ਨੌਜਵਾਨਾਂ ਨੂੰ ਉਤਸ਼ਾਹ ਨਾਲ ਖੂਨਦਾਨ ਕਰਨਾ ਚਾਹੀਦਾ ਹੈ। ਮੁੱਖ ਮਹਿਮਾਨ ਡਾਕਟਰ ਅਮਰੀਕ ਸਿੰਘ ਅਤੇ ਪ੍ਰਬੰਧਕਾਂ ਵਲੋਂ ਡੋਨਰਾਂ ਨੂੰ ਸਰਟੀਫਿਕੇਟ ਅਤੇ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸੂਬਾ ਸਕੱਤਰ ਰਾਜਿੰਦਰ ਸਿੰਘ ਜਫਰਵਾਲ, ਸਾਬਕਾ ਸਰਪੰਚ ਸਤਵਿੰਦਰ ਸਿੰਘ ਫੈਜ਼ਉਲਾਹਚੱਕ, ਮਲਕੀਤ ਸਿੰਘ ਫੈਜ਼ਉਲਾਹ ਚੱਕ, ਸਰਬਜੀਤ ਸਿੰਘ ਸੁਚੇਤਗੜ੍ਹ, ਬੀ ਪੀ ਈ ਓ ਜਸਵਿੰਦਰ ਸਿੰਘ



ਚੌਧਰਪੁਰ, ਪ੍ਰਿਤਪਾਲ ਸਿੰਘ ਹੈਪੀ, ਜ਼ਿਲ੍ਹਾ ਪ੍ਰਧਾਨ ਦਲਜੀਤ ਸਿੰਘ ਸਿੱਧਵਾਂ, ਬਾਪੂ ਹਰਭਜਨ ਸਿੰਘ ਸਿੱਧਵਾਂ, ਅਮਰਬੀਰ ਸਿੰਘ ਸਤਕੋਹਾ, ਬਲਵਿੰਦਰ ਸਿੰਘ ਸਿੱਧਵਾਂ, ਹਰਦੀਪ ਸਿੰਘ ਬਜੁਰਗਵਾਲ, ਗਗਨ ਫੈਜ਼ਉਲਾਹ ਚੱਕ, ਫੈਜ਼ਉਲਾਹ ਚੱਕ, ਕੁਲਵੰਤ ਸਿੰਘ ਫੈਜ਼ਉਲਾਹ ਚੱਕ, ਕੇਵਲ ਸਿੰਘ ਫੈਜ਼ਉਲਾਹ ਚੱਕ, ਸਰਬਜੀਤ ਸਿੰਘ ਡੁਲਟ ਆਦਿ ਤੋਂ ਇਲਾਵਾ ਵੀ ਨੌਜਵਾਨਾਂ ਨੇ ਖੂਨਦਾਨ ਕੀਤਾ।

# ਕਿਸਾਨਾਂ ਨੇ ਮੁੱਖ ਮੰਤਰੀ ਮਾਨ ਦਾ ਸਾੜਿਆ ਪੁਤਲਾ, ਕੀਤਾ ਰੋਸ ਪ੍ਰਦਰਸ਼ਨ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜਥੇਬੰਦੀ ਜ਼ੋਨ ਬੁਰਜ ਸਾਹਿਬ ਦੇ ਪ੍ਰਧਾਨ ਹਰਚਰਨ ਸਿੰਘ ਧਾਰੀਵਾਲ ਕਲਾਂ, ਸਕੱਤਰ ਸਤਨਾਮ ਸਿੰਘ ਨੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਜ਼ੋਨ ਦੇ ਖਜ਼ਾਨਚੀ ਅਮਰੀਕ ਸਿੰਘ ਸਰਸਪੁਰ ਦੀ ਅਗਵਾਈ ਵਿਚ ਪੁਤਲਾ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਰੋਸ ਪ੍ਰਦਰਸ਼ਨ ਕਰਦੇ ਹੋਏ ਕਿਸਾਨ ਆਗੂਆਂ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਸ ਕੇ ਐਮ ਦੇ ਆਗੂਆਂ ਨਾਲ ਜੋ ਕੀਤਾ ਉਹ ਗੈਰ ਜੁੰਮੇਵਾਰ ਹਰਕਤ ਹੈ। ਅਸੀਂ ਪੁਰਜ਼ੋਰ ਨਿੰਦਿਆ ਕਰਦੇ ਹਾਂ ਤੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਨੇ ਪੰਜਾਬ ਭਰਾਤਰੀ ਜਥੇਬੰਦੀਆਂ ਦੇ ਹੱਕ ਵਿਚ ਹਾਅ ਦਾ ਨਾਅਰਾ ਮਾਰਦੇ ਹੋਏ ਭਗਵੰਤ ਮਾਨ ਦਾ ਪੁਤਲਾ ਸਾੜ ਕੇ ਰੋਸ ਪ੍ਰਦਰਸ਼ਨ ਕੀਤਾ ਤੇ ਸਰਕਾਰਾਂ ਨੂੰ ਬੇਨਤੀ ਕਰਦੇ ਹਾਂ ਕਿ ਕਿਸਾਨਾਂ ਮਜ਼ਦੂਰਾਂ ਦੀਆਂ ਮੰਨੀਆਂ ਹੋਈਆਂ ਮੰਗਾਂ ਜਲਦੀ ਲਿਖਤੀ ਰੂਪ ਵਿੱਚ ਪੂਰੀਆਂ ਕੀਤੀਆਂ ਜਾਣ। ਮੰਗਾਂ ਪੂਰੀਆਂ ਨਾ ਹੋਣ 'ਤੇ 8 ਮਾਰਚ ਨੂੰ ਨਾਰੀ ਦਿਵਸ ਦੇ ਇਕੱਠ ਵਿਚ ਸ਼ੰਭੂ ਮੋਰਚੇ ਤੋਂ ਵੱਡੇ ਸੰਘਰਸ਼ ਕਰਨ ਲਈ ਫੈਸਲੇ ਲਏ ਜਾ ਸਕਦੇ ਹਨ।ਇਕੱਤਰ ਹੋਏ ਕਿਸਾਨ ਆਗੂਆਂ ਨੇ ਪੰਜਾਬ ਸਰਕਾਰ ਤੇ ਕੇਂਦਰ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕਰਦੇ ਹੋਏ ਕਿਹਾ ਕਿ ਜੇਕਰ ਕਿਸਾਨਾਂ ਦੀਆਂ ਮੰਗਾਂ ਨੂੰ ਪੂਰਾ ਨਾ ਕੀਤਾ ਗਿਆ ਤਾਂ ਅਗਲੇ ਸਮਿਆਂ ਵਿੱਚ ਸੰਘਰਸ਼ ਹੋਰ ਵੱਡੇ ਕੀਤੇ ਜਾਣਗੇ। ਉਹਨਾਂ ਅਖੀਰ ਵਿੱਚ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜੋ ਕਿਸਾਨਾਂ ਦੀਆਂ ਗ੍ਰਿਫਤਾਰੀਆਂ ਕੀਤੀਆਂ ਜਾ ਰਹੀਆਂ ਹਨ ਇਹ ਬਹੁਤ ਹੀ ਨਿੰਦਣਯੋਗ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਮਰੀਕ ਸਿੰਘ ਸਰਸਪੁਰ, ਗੁਰਪਿੰਦਰ ਸਿੰਘ ਪਸਨਾਵਾਲ, ਸੁਖਜਿੰਦਰ ਸਿੰਘ, ਪਲਵਿੰਦਰ ਸਿੰਘ, ਮਹਿਲ ਸਿੰਘ, ਗੁਰਮੀਤ ਸਿੰਘ, ਹੇਮ ਸਿੰਘ, ਜੋਗਿੰਦਰ ਸਿੰਘ, ਹਰਭਾਲ ਸਿੰਘ, ਗੁਰਵਿੰਦਰ ਸਿੰਘ, ਕੁਲਬੀਰ ਸਿੰਘ, ਅਜੀਤ ਸਿੰਘ, ਸਰਦਾਰਾ ਸਿੰਘ, ਦਿਲਬਾਗ ਸਿੰਘ, ਪ੍ਰਗਟ ਸਿੰਘ, ਰਣਜੀਤ ਸਿੰਘ , ਆਦਿ ਹਾਜ਼ਰ ਸਨ।



# ਗੁੜ ਤੋਂ 15 ਤਰ੍ਹਾਂ ਦੇ ਉਤਪਾਦ ਬਣਾ ਕੇ ਮਾਲੋ-ਮਾਲ ਹੋ ਰਿਹੈ ਕਿਸਾਨ ਕੌਸ਼ਲ ਸਿੰਘ ਸੱਲੋਪੁਰ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਆਪਣੇ ਪਿੰਡ ਵਿੱਚ ਹੀ ਹੱਥੀਂ ਕਿਰਤ ਕਮਾਉਣ ਅਤੇ ਪਿੰਡ ਦੇ 40 ਲੋਕਾਂ ਨੂੰ ਰੁਜ਼ਗਾਰ ਦੇ ਕੇ ਸੱਲੋਪੁਰ ਪਿੰਡ ਦੇ ਨੌਜਵਾਨ ਕੌਸ਼ਲ ਸਿੰਘ ਨੇ ਮਿਸਾਲ ਕਾਇਮ ਕੀਤੀ ਹੈ। ਗੱਲਬਾਤ ਦੌਰਾਨ ਕਿਸਾਨ ਕੌਸ਼ਲ ਸਿੰਘ ਨੇ ਦੱਸਿਆ ਕਿ ਉਹ ਪਿੰਡ ਦੇ ਮੌਜੂਦਾ ਸਰਪੰਚ ਵੀ ਹਨ ਅਤੇ ਆਪਣੇ ਪਿੰਡ ਵਿੱਚ ਇੱਕ ਗੁੜ ਦੀ ਫੈਕਟਰੀ ਸਥਾਪਤ ਕੀਤੀ ਹੈ ਅਤੇ ਗੁੜ ਤੋਂ 15 ਕਿਸਮਾਂ ਦੇ ਉਤਪਾਦ ਬਣਾ ਕੇ ਇੱਥੇ ਹੀ ਵਧੀਆ ਕਿਰਤ ਕਮਾਈ ਕੀਤੀ ਜਾ ਰਹੀ । ਉਹਨਾਂ ਦੇ ਗੁੜ ਤੋਂ ਉਤਪਾਦਾਂ ਦੀ ਦੇਸ਼ ਅਤੇ ਵਿਦੇਸ਼ਾਂ ਵਿੱਚ ਮੰਗ ਹੈ। ਇਸ ਪ੍ਰੋਜੈਕਟ ਰਾਹੀਂ ਕਿਸਾਨ ਖੁਦ ਲੱਖਾਂ ਰੁਪਏ ਕਮਾ ਰਿਹਾ ਹੈ ਅਤੇ ਕਈ ਲੋਕਾਂ ਨੂੰ ਰੁਜ਼ਗਾਰ ਵੀ ਦੇ ਰਿਹਾ ਹੈ। ਕਿਸਾਨ ਕੌਸ਼ਲ ਸਿੰਘ ਨੇ 25 ਔਰਤਾਂ ਸਮੇਤ 40 ਵਿਅਕਤੀਆਂ ਨੂੰ ਰੁਜ਼ਗਾਰ ਦਿੱਤਾ ਹੈ। ਕਿਸਾਨ ਕੌਸ਼ਲ ਸਿੰਘ ਨੇ ਕਿਹਾ ਕਿ ਪੰਜਾਬ ਵਿੱਚ ਕਿਸਾਨਾਂ ਨੂੰ ਗੰਨੇ ਦੇ ਪੈਸੇ ਲੈਣ ਲਈ ਬਹੁਤ ਸੰਘਰਸ਼ ਕਰਨਾ ਪੈਂਦਾ ਹੈ, ਜਿਸ ਕਾਰਨ ਹੁਣ ਜ਼ਿਆਦਾਤਰ ਕਿਸਾਨ ਗੰਨੇ ਦੀ ਖੇਤੀ ਤੋਂ ਮੂੰਹ ਮੋੜਨ ਲੱਗ ਪਏ ਹਨ। ਉਸ ਨੇ ਦੱਸਿਆ ਕਿ ਉਸ ਦਾ ਪਰਵਾਰ ਵੀ ਗੰਨੇ ਦੀ ਖੇਤੀ ਕਰਦਾ ਸੀ ਪਰ ਉਨ੍ਹਾਂ ਨੂੰ ਪੈਸੇ ਲਈ ਬਹੁਤ ਸਮਾਂ ਇੰਤਜ਼ਾਰ ਕਰਨਾ ਪਿਆ। ਇਸ ਨੂੰ ਦੇਖਦੇ ਹੋਏ 2015 ਵਿੱਚ ਉਸ ਨੇ ਆਪਣੇ ਪਿੰਡ ਵਿੱਚ ਆਪਣੇ ਖੇਤ ਦੇ ਗੰਨੇ ਤੋਂ ਗੁੜ ਅਤੇ ਸ਼ੱਕਰ ਤਿਆਰ ਕਰਨ ਦਾ ਕੰਮ ਸ਼ੁਰੂ ਕੀਤਾ। ਸ਼ੁਰੂ ਵਿੱਚ ਉਹ ਰੋਜ਼ਾਨਾ 40 ਤੋਂ 50 ਕਿਲੋ ਗੁੜ ਅਤੇ ਸ਼ੱਕਰ ਬਣਾਉਂਦਾ ਅਤੇ ਵੇਚਦਾ ਸੀ। ਲੋਕਾਂ ਨੂੰ ਉਸ ਦਾ ਕੰਮ ਬਹੁਤ ਪਸੰਦ ਆਇਆ ਅਤੇ ਲੋਕਾਂ ਦੇ ਸਮਰਥਨ ਨਾਲ ਉਸ ਦਾ ਕੰਮ ਵਧਦਾ ਗਿਆ। ਅੱਜ ਉਹ ਲਗਪਗ 200 ਏਕੜ ਗੰਨੇ ਤੋਂ ਕਈ ਤਰ੍ਹਾਂ ਦੇ ਉਤਪਾਦ ਬਣਾਉਂਦਾ ਹੈ।

ਕਿਸਾਨ ਕੌਸ਼ਲ ਸਿੰਘ ਨੇ ਦੱਸਿਆ ਕਿ ਉਹ ਗੁੜ, ਸ਼ੱਕਰ, ਹਲਦੀ ਸ਼ੱਕਰ, ਗੁੜ ਟਮਾਟਰ ਕੈਚੱਪ, ਜੂਸ, ਗੁੜ ਦੇ ਬਿਸਕੁਟ ਸਮੇਤ ਲਗਪਗ 15 ਕਿਸਮਾਂ ਦੇ ਉਤਪਾਦ ਬਣਾ ਰਿਹਾ ਹੈ। ਉਸ ਨੇ ਦੱਸਿਆ ਕਿ ਇਸ ਸਮੇਂ ਉਸ ਦਾ ਸਾਮਾਨ ਪੰਜਾਬ, ਹਰਿਆਣਾ ਅਤੇ ਹਿਮਾਚਲ ਵਿੱਚ ਲਗਪਗ 50 ਸਟੋਰਾਂ 'ਤੇ ਵੇਚਿਆ ਜਾ ਰਿਹਾ ਹੈ। ਇਸ ਤੋਂ ਇਲਾਵਾ ਲੋਕ ਉਨ੍ਹਾਂ ਦੀ ਵੈੱਬਸਾਈਟ ਤੋਂ ਆਨਲਾਈਨ ਵੀ ਖਰੀਦਦਾਰੀ ਕਰਦੇ ਹਨ। ਇਸ ਤੋਂ ਇਲਾਵਾ ਆਪਣਾ ਸਾਮਾਨ ਵਿਦੇਸ਼ਾਂ ਵਿੱਚ ਭੇਜਦੇ ਹਾਂ।

ਕਿਸਾਨ ਕੌਸ਼ਲ ਸਿੰਘ ਨੇ ਕਿਹਾ ਕਿ ਲਗਪਗ 25 ਔਰਤਾਂ ਪੈਕਿੰਗ ਦਾ ਕੰਮ ਕਰਦੀਆਂ ਹਨ। ਉਸ ਨੇ ਦੱਸਿਆ ਕਿ ਬੀ ਐੱਸ ਸੀ ਐਗਰੀਕਲਚਰ ਕਰਨ ਤੋਂ ਬਾਅਦ ਉਸ ਦੇ ਮਨ ਵਿੱਚ ਵਿਦੇਸ਼ ਜਾਣ ਦਾ ਵਿਚਾਰ ਆਇਆ ਪਰ ਉਸ ਨੇ ਇਸ ਵਿਚਾਰ ਨੂੰ ਹਮੇਸ਼ਾ ਲਈ ਤਿਆਗ ਦਿੱਤਾ ਅਤੇ ਇੱਥੇ ਕਾਰੋਬਾਰ ਕਰਨ ਦੀ ਪਹਿਲ ਕੀਤੀ, ਜਿਸ ਵਿੱਚ ਉਹ ਪੂਰੀ ਤਰ੍ਹਾਂ ਸਫਲ ਰਿਹਾ।

# ਏ ਬੀ ਕਾਲਜ 'ਚ ਸਾਇੰਸ ਪ੍ਰਦਰਸ਼ਨੀ



ਪਠਾਨਕੋਟ (ਦਵਿੰਦਰ ਸਿੰਘ)-ਆਦਰਸ਼ ਭਾਰਤੀ ਕਾਲਜ ਪਠਾਨਕੋਟ (ਏ ਬੀ ਕਾਲਜ) ਵਿਖੇ ਸਾਇੰਸ ਪ੍ਰਦਰਸ਼ਨੀ ਦਾ ਆਯੋਜਨ ਭੌਤਿਕ ਵਿਭਾਗ ਦੁਆਰਾ ਕੀਤਾ ਗਿਆ । ਇਸ ਮੌਕੇ ਵਿਭੂਤੀ ਸ਼ਰਮਾ ਹਲਕਾ ਇੰਚਾਰਜ ਅਤੇ ਚੇਅਰਮੈਨ ਨਗਰ ਸੁਧਾਰ ਟਰੱਸਟ ਪਠਾਨਕੋਟ ਮੁੱਖ ਮਹਿਮਾਨ ਵੱਜੋਂ ਹਾਜ਼ਰ ਹੋਏ। ਉਨ੍ਹਾਂ ਪ੍ਰੋਫੈਸਰ ਨੇਹਾ ਸ਼ਰਮਾ, ਪ੍ਰੋਫੈਸਰ ਅਲੀਸਾ, ਪ੍ਰੋਫੈਸਰ ਕਨੀਕਾ, ਪ੍ਰੋਫੈਸਰ ਰੁਚੀਕਾ, ਪ੍ਰੋਫੈਸਰ ਜੱਸ ਸਿਮਰਤ ਅਤੇ ਪ੍ਰੋਫੈਸਰ ਕ੍ਰਿਸ਼ਮਾ ਦੀ ਮਦਦ ਨਾਲ ਬਣਾਏ ਗਏ 20-25 ਵਰਕਿੰਗ ਮਾਡਲ ਜੋ ਕਿ ਫਿਜ਼ਿਕਸ, ਕੈਮਿਸਟਰੀ, ਬਾਟਨੀ, ਜੀਵ ਵਿਗਿਆਨ ਨਾਲ ਸੰਬੰਧਤ ਪ੍ਰੋਜੈਕਟਾਂ ਦਾ ਨਿਰੀਖਣ ਕੀਤਾ। ਉਨ੍ਹਾਂ ਵਿਦਿਆਰਥੀਆਂ ਦੁਆਰਾ ਜ਼ਮੀਨ 'ਤੇ ਬਣਾਈ ਗਈ ਵਿਗਿਆਨਕ ਰੰਗੋਲੀ ਦੀ ਸਰਾਹਨਾ ਕੀਤੀ। ਇਸ ਮੌਕੇ ਮੁੱਖ ਮਹਿਮਾਨ ਵੱਲੋਂ ਬੱਚਿਆਂ ਦੀ ਸਖਤ ਮਿਹਨਤ ਦੀ ਸ਼ਲਾਘਾ ਕੀਤੀ ਗਈ । ਮੁੱਖ ਮਹਿਮਾਨ ਵਿਭੂਤੀ ਸ਼ਰਮਾ ਨੇ ਬੱਚਿਆਂ ਦੇ ਕੰਮ ਦੀ ਪ੍ਰਸੰਸਾ ਕਰਦੇ ਹੋਏ ਉਨ੍ਹਾਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕਰਨ ਦਾ ਵਾਅਦਾ ਕੀਤਾ। ਉਨ੍ਹਾਂ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਉਨ੍ਹਾਂ ਦੀ ਹੌਂਸਲਾ ਅਫ਼ਜ਼ਾਈ ਕੀਤੀ।ਇਸ ਮੌਕੇ ਪ੍ਰੋ. ਅਲੋਕ ਤੁਲੀ, ਡਾ. ਅਨਿਲ ਡੋਗਰਾ, ਪ੍ਰੋ. ਅਨੂਪ, ਪ੍ਰੋ. ਮਿਤਾਕਸ਼ੀ, ਪ੍ਰੋਫੈਸਰ ਮੋਨਿਕਾ, ਪ੍ਰੋ. ਕ੍ਰਿਸ਼ਨ ਗੋਪਾਲ, ਪ੍ਰੋ. ਮਨੂੰ ਸ਼ਰਮਾ ਅਤੇ ਸੁਪ੍ਰਿੰਟੈਂਡੈਂਟ ਰਣਦੀਪ ਆਦਿ ਹਾਜ਼ਰ ਸਨ।

6-March-PAGE-12.qxd 3/5/2025 10:44 PM Page 1



## ਇਫਟੂ ਵੱਲੋਂ ਕਿਰਤ ਕਮਿਸ਼ਨਰ ਦੇ ਦਫ਼ਤਰ ਅੱਗੇ ਸੂਬਾ ਪੱਧਰੀ ਧਰਨਾ



**ਬੰਗਾ (ਅਵਤਾਰ ਕਲੇਰ)**

ਉਸਾਰੀ ਮਿਸਤਰੀ ਮਜਦੂਰ ਯੂਨੀਅਨ(ਇਫਟੂ )ਪੰਜਾਬ ਵਲੋਂ ਉਸਾਰੀ ਕਿਰਤੀਆਂ ਦੀਆਂ ਮੰਗਾਂ ਨੂੰ ਲੈਕੇ ਕਿਰਤ ਕਮਿਸ਼ਨਰ ਪੰਜਾਬ ਦੇ ਦਫਤਰ ਅੱਗੇ ਸੂਬਾ ਪੱਧਰੀ ਧਰਨਾ ਦਿੱਤਾ ਗਿਆ।ਇਸ ਧਰਨੇ ਨੂੰ ਸੰਬੋਧਨ ਕਰਦਿਆਂ ਇਫਟੂ ਪੰਜਾਬ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ,ਸੂਬਾ ਸਕੱਤਰ ਰਾਜ ਸਿੰਘ ਮਲੋਟ,ਅਵਤਾਰ ਸਿੰਘ ਤਾਰੀ ਅਤੇ ਜੁਗਿੰਦਰਪਾਲ ਗੁਰਦਾਸਪੁਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਨੇ ਪਹਿਲੇ ਮਜਦੂਰ ਪੱਖੀ ਕਿਰਤ ਕਾਨੂੰਨ ਖਤਮ ਕਰਕੇ ਉਹਨਾਂ ਦੀ ਥਾਂ ਮਜਦੂਰ ਵਿਰੋਧੀ ਅਤੇ ਕਾਰਪੋਰੇਟ ਪੱਖੀ ਚਾਰ ਕਿਰਤ ਕੋਡ ਲੈ ਆਂਦੇ ਹਨ ਜਿਹਨਾਂ ਨੂੰ ਮੋਦੀ ਸਰਕਾਰ ਇਸ ਵਰ੍ਹੇ ਦੇ ਅਪ੍ਰੈਲ ਮਹੀਨੇ ਵਿੱਚ ਦੇਸ਼ ਭਰ ਵਿੱਚ ਲਾਗੂ ਕਰਨ ਜਾ ਰਹੀ ਹੈ।ਇਹਨਾਂ ਚਾਰ ਕਿਰਤ ਕੋਡਜ਼ ਦੇ ਲਾਗੂ ਹੋਣ ਨਾਲ ਬਿਲਡਿੰਗ ਐਂਡ ਅਦਰਜ਼ ਕੰਸਟਰਕਸ਼ਨ (ਬੀ.ਓ.ਸੀ) ਨਾਲ ਜੁੜੇ ਕਿਰਤੀਆਂ ਦੀਆਂ ਸਾਰੀਆਂ ਭਲਾਈ ਸਕੀਮਾਂ ਬੰਦ ਹੋ ਜਾਣਗੀਆਂ।ਉਹਨਾਂ ਕਿਹਾ ਕਿ ਕਿਰਤ ਕਾਨੂੰਨਾਂ ਦਾ ਮਾਮਲਾ ਸਮਵਰਤੀ ਸੂਚੀ ਦਾ ਮਾਮਲਾ ਹੈ ਇਸ ਲਈ ਪੰਜਾਬ ਸਰਕਾਰ ਇਹਨਾਂ ਚਾਰ ਕਿਰਤ ਕੋਡਾਂ ਦੇ ਵਿਰੋਧ ਵਿਚ ਪੰਜਾਬ ਵਿਧਾਨ ਸਭਾ ਵਿਚ ਮਤਾ ਲਿਆ ਕੇ ਇਹਨਾਂ ਨੂੰ ਰੱਦ ਕਰੇ।ਇਸ ਇਕੱਠ ਨੂੰ ਰਾਮੇਸ਼ ਨੂਰਪੁਰ ਬੇਦੀ, ਹਰਦੀਪ ਪਨੇਸਰ ਨਵਾਂਸ਼ਹਿਰ,ਜਗਸੀਰ ਮੁਕਤਸਰ, ਬਲਵਿੰਦਰ ਸਿੰਘ ਚਮਕੌਰ ਸਾਹਿਬ, ਡੈਮੋਕ੍ਰੇਟਿਕ ਮੁਲਾਜ਼ਮ ਫਰੰਟ ਦੇ ਆਗੂ ਮਲਾਗਰ ਸਿੰਘ, ਅਵਤਾਰ ਸਿੰਘ ਫਾਜ਼ਿਲਕਾ, ਹਰਭਜਨ ਸਿੰਘ ਮਾਨਸਾ, ਤਾਰੀ ਸਿੰਘ ਲੁਧਿਆਣਾ, ਕੁਲਵੰਤ ਸਿੰਘ ਤਰਸੇਮ ਜੱਟਪੁਰ ਅਤੇ ਦਲੀਪ ਫਾਜਿਲਕਾ ,ਕੁਲਵੰਤ ਸਿੰਘ ਮੋਗਾ, ਦਲਜੀਤ ਸਿੰਘ ਬਠਿੰਡਾ, ਦਵਿੰਦਰ ਕੁਮਾਰ ਜਲਾਲਾਬਾਦ, ਭਜਨ ਲਾਲ ਫਾਜਿਲਕਾ, ਸੁਖਦੇਵ ਸਿੰਘ ਗੁਰਦਾਸਪੁਰ, ਵਿਜੈ ਪਠਾਨਕੋਟ ਨੇ ਵੀ ਸੰਬੋਧਨ ਕੀਤਾ।ਬਾਅਦ ਵਿੱਚ ਮੁਜਾਹਰਾ ਕਰਕੇ ਕਿਰਤ ਮੰਤਰੀ ਪੰਜਾਬ ਦੇ ਨਾਂਅ ਕਿਰਤ ਵਿਭਾਗ ਦੇ ਅਧਿਕਾਰੀਆਂ ਨੂੰ ਮੰਗ ਪੱਤਰ ਸੌਂਪਿਆ ਗਿਆ।ਅਧਿਕਾਰੀਆਂ ਨੇ ਯੂਨੀਅਨ ਦੀ ਪ੍ਰਿੰਸੀਪਲ ਸੈਕਟਰੀ ਨਾਲ ਮੀਟਿੰਗ 18 ਮਾਰਚ ਦੀ ਤੈਅ ਕਰਵਾਈ।

## ਸੜਕ ਹਾਦਸੇ 'ਚ ਮੋਟਰਸਾਈਕਲ ਸਵਾਰ ਮਰਦ ਤੇ ਔਰਤ ਦੀ ਮੌਤ

**ਫਿਲੌਰ,5 (ਨਿਰਮਲ)**-ਬੀਤੀ ਰਾਤ 9 ਵਜੇ ਦੇ ਕਰੀਬ ਜੀ ਟੀ ਰੋਡ ਹਾਈਵੇ 'ਤੇ ਵੇਰਕਾ ਮਿਲਕ ਬਾਰ ਦੇ ਸਾਹਮਣੇ ਇੱਕ ਮੋਟਰਸਾਈਕਲ ਨੰਬਰ ਪੀ ਬੀ 37 ਜੇ 8478, ਜੋ ਗੁਰਾਇਆ ਸਾਈਡ ਤੋਂ ਆ ਰਿਹਾ ਸੀ ਅਤੇ ਉਸ ਮੋਟਰਸਾਇਕਲ ਉਪਰ ਇੱਕ ਵਿਅਕਤੀ ਅਤੇ ਔਰਤ ਸਵਾਰ ਸੀ । ਮੋਟਰਸਾਇਕਲ ਨੂੰ ਕਿਸੇ ਅਣਪਛਾਤੇ ਵਾਹਨ ਨੇ ਪਿੱਛੋਂ ਟੱਕਰ ਮਾਰ ਦਿੱਤੀ । ਇਸ ਜ਼ਬਰਦਸਤ ਟੱਕਰ ਵਿੱਚ ਔਰਤ ਅਤੇ ਵਿਅਕਤੀ ਦੀ ਮੌਕੇ 'ਤੇ ਹੀ ਮੌਤ ਹੋ ਗਈ। ਐਸ ਐਸ ਐਫ ਟੀਮ ਦੇ ਮੁਲਾਜ਼ਮ ਅਤੇ ਥਾਣਾ ਫਿਲੌਰ 'ਤੋਂ ਡਿਊਟੀ ਅਫਸਰ ਏ.ਐਸ.ਆਈ ਜਸਵਿੰਦਰ ਸਿੰਘ ਸਮੇਤ ਪੁਲਸ ਪਾਰਟੀ ਮੌਕੇ 'ਤੇ ਪੁੱਜੀ। ਮ੍ਰਿਤਕ ਵਿਅਕਤੀ ਦੀ ਪਹਿਚਾਣ ਅਨੰਦ ਸਿੰਘ ਪੁੱਤਰ ਕਿਰਪਾ ਸ਼ੰਕਰ ਰੁੜਕਾ ਰੋਡ ਗੁਰਾਇਆ ਵਜੋਂ ਹੋਈ ਹੈ । ਜਦ ਕਿ ਮ੍ਰਿਤਕ ਔਰਤ ਦੀ ਪਹਿਚਾਣ ਨਹੀਂ ਹੋ ਸਕੀ । ਪੁਲਸ ਨੇ ਇਹਨਾਂ ਦੋਨਾਂ ਮ੍ਰਿਤਕ ਦੀਆਂ ਲਾਸ਼ਾਂ ਕਬਜ਼ੇ ਵਿੱਚ ਲੈ ਕੇ ,ਐਂਬੂਲੈਂਸ ਰਾਹੀਂ ਫਿਲੌਰ ਦੇ ਸਿਵਲ ਹਸਪਤਾਲ ਦੀ ਮੋਰਚਰੀ ਵਿੱਚ ਪੋਸਟ ਮਾਰਟਮ ਲਈ ਰੱਖਵਾ ਦਿੱਤੀਆਂ । ਇਸ ਹਾਦਸੇ ਦੀ ਖ਼ਬਰ ਸੁਣਦਿਆਂ, ਮ੍ਰਿਤਕ ਅਨੰਦ ਸਿੰਘ ਦੀ ਪਤਨੀ ਅਤੇ ਘਰਦੇ ਵੀ ਸਿਵਲ ਹਸਪਤਾਲ ਫਿਲੌਰ ਵਿਖੇ ਪੁੱਜ ਗਏ।ਏ ਐਸ ਆਈ ਜਸਵਿੰਦਰ ਸਿੰਘ ਨੇ ਦੱਸਿਆ ਕਿ ਮ੍ਰਿਤਕ ਦੇ ਘਰਦਿਆਂ ਦੇ ਬਿਆਨਾਂ ਦੇ ਆਧਾਰ 'ਤੇ ਬਣਦੀ ਕਾਰਵਾਈ ਕਰ ਦਿੱਤੀ ਜਾਏਗੀ।

## ਗ੍ਰਿਫ਼ਤਾਰ ਤੇ ਘਰਾਂ 'ਚ ਨਜ਼ਰਬੰਦ ਕੀਤੇ ਕਿਸਾਨ ਰਿਹਾਅ ਕੀਤੇ ਜਾਣ



**ਤਲਵੰਡੀ ਚੌਧਰੀਆਂ (ਪਰਸ਼ਨ ਲਾਲ ਭੋਲਾ)**

ਸੰਯੁਕਤ ਕਿਸਾਨ ਮੋਰਚੇ ਵੱਲੋਂ ਪੰਜ ਮਾਰਚ ਨੂੰ ਚੰਡੀਗੜ੍ਹ ਵਿਖੇ ਆਪਣੀਆਂ ਹੱਕੀ ਮੰਗਾਂ ਦੀ ਪੂਰਤੀ ਲਈ ਪੁਰ ਅਮਨ ਧਰਨਾ ਦੇਣ ਦੇ ਲਈ ਪੰਜਾਬ ਸਰਕਾਰ ਪਾਸੋਂ ਚੰਡੀਗੜ੍ਹ ਵਿਖੇ ਉਚਿਤ ਜਗ੍ਹਾ ਦੇਣ ਦੀ ਮੰਗ ਪ੍ਰਵਾਨ ਕਰਨ ਦੀ ਬਜਾਏ ਉਲਟਾ ਪੰਜਾਬ ਭਰ ਵਿੱਚ ਕਿਸਾਨਾਂ ਦੀਆਂ ਗ੍ਰਿਫ਼ਤਾਰੀਆਂ ਕਰਨ ਅਤੇ ਘਰਾਂ ਵਿੱਚ ਨਜ਼ਰਬੰਦ ਕਰਨ ਦੀ ਰਜਿੰਦਰ ਸਿੰਘ ਰਾਣਾ ਐਡਵੋਕੇਟ ਕਨਵੀਨਰ ਸੰਯੁਕਤ ਕਿਸਾਨ ਮੋਰਚਾ ਸੁਲਤਾਨਪੁਰ ਲੋਧੀ, ਮੁਕੰਦ ਸਿੰਘ ਆਲ ਇੰਡੀਆ ਕਿਸਾਨ ਯੂਨੀਅਨ, ਧਰਮਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ ਪੀ ਕੇ ਯੂ ਡਕੌਂਦਾ, ਬਾਬਾ ਅਜੀਤ ਸਿੰਘ ਕਾਲਰੂ, ਹਰਬੰਸ ਸਿੰਘ ਚੱਕ ਕੋਟਲਾ, ਸੁਖਵਿੰਦਰ ਸਿੰਘ ਚੱਕ ਕੋਟਲਾ, ਗੁਰਦੀਪ ਸਿੰਘ, ਹਰਨਾਮ ਸਿੰਘ, ਮਨਜੀਤ ਸਿੰਘ, ਮੁਖਤਾਰ ਸਿੰਘ, ਗੁਰਨਾਮ ਸਿੰਘ, ਛਿੰਦਰਪਾਲ, ਜੋਗਿੰਦਰ ਸਿੰਘ, ਬਲਵਿੰਦਰ ਸਿੰਘ, ਜਗਮੋਹਣ ਸਿੰਘ, ਸਰਬਰਿੰਦਰ ਸਿੰਘ, ਹਰਪ੍ਰੀਤ ਸਿੰਘ, ਸੁਖਵਿੰਦਰ ਸਿੰਘ, ਜਸਵਿੰਦਰ ਸਿੰਘ ਤੁੜ, ਮਨਜੀਤ ਸਿੰਘ ਜੱਜੀ, ਸਤਨਾਮ ਸਿੰਘ ਸੰਤਾ, ਬਲਵਿੰਦਰ ਸਿੰਘ, ਅਨਮੋਲ ਪ੍ਰੀਤ ਸਿੰਘ ਸ਼ਾਲਾਪੁਰ ਬੇਟ ਨੇ ਪੁਰਜ਼ੋਰ ਨਿੰਦਾ ਕੀਤੀ। ਕਿਸਾਨ ਆਗੂਆਂ ਨੇ ਦੱਸਿਆ ਕਿ ਸਰਕਾਰ ਨਾਲ ਗੱਲਬਾਤ ਫੇਲ੍ਹ ਹੋਣ ਦਾ ਕਿਸਾਨਾਂ ਨੂੰ ਅਜਿਹੇ ਐਕਸ਼ਨ ਦਾ ਅੰਦੇਸ਼ਾ ਸੀ, ਜਿਸ ਕਰਕੇ ਬਹੁਤ ਸਾਰੇ ਕਿਸਾਨ ਸੰਭੇ ਖੇਬੇ ਹੋ ਗਏ। ਰਜਿੰਦਰ ਸਿੰਘ ਰਾਣਾ ਐਡਵੋਕੇਟ ਨੇ ਕਿਹਾ ਕਿ ਚੰਡੀਗੜ੍ਹ ਪ੍ਰਸ਼ਾਸਨ ਨੇ ਕਿਸਾਨਾਂ ਨੂੰ ਰੋਕਣ ਲਈ ਸਰਹੱਦਾਂ ਸੀਲ ਕਰ ਦਿੱਤੀਆਂ ਅਤੇ ਅਡਵਾਈਜ਼ਰੀ ਜਾਰੀ ਕਰ ਦਿੱਤੀ ਜੋ ਕਿ ਜਮਹੂਰੀਅਤ 'ਤੇ ਵੱਡਾ ਹਮਲਾ ਹੈ। ਕਿਸਾਨ ਆਗੂਆਂ ਪਿੰਡ ਖਿਜਰਪੁਰ, ਛੰਨਾ ਸ਼ੇਰ ਸਿੰਘ, ਭੈਣੀ ਹੁਸੇ ਖਾਂ, ਮੰਗੂਪੁਰ, ਨੂਰੋਵਾਲ, ਸੂਜੋ ਕਾਲੀਆ, ਸ਼ਿਵਦਿਆਲ, ਤਲਵੰਡੀ ਚੌਧਰੀਆਂ ਆਦਿ ਪਿੰਡਾਂ ਵਿੱਚ ਰੋਸ ਮਾਰਚ ਕਰਦਿਆਂ ਮੰਗ ਕੀਤੀ ਕਿ ਗ੍ਰਿਫ਼ਤਾਰ ਅਤੇ ਘਰਾਂ ਵਿੱਚ ਨਜ਼ਰਬੰਦ ਕੀਤੇ ਕਿਸਾਨ ਆਗੂਆਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ।

## ਨਸ਼ਿਆਂ ਖਿਲਾਫ਼ ਮੁਹਿੰਮ ਸ਼ਲਾਘਾਯੋਗ : ਡਾ. ਸੈਣੀ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ )**-ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ ਸ਼ੁਰੂ ਕੀਤੀ ਗਈ ਮੁਹਿੰਮ ਤਹਿਤ ਐਸ. ਐਮ. ਓ ਟਾਂਡਾ ਡਾਕਟਰ ਕਰਨ ਕੁਮਾਰ ਸੈਣੀ ਨੇ ਦੱਸਿਆ ਕਿ ਸਰਕਾਰ ਇਸ ਸਮਾਜਿਕ ਸਮੱਸਿਆ ਤੋਂ ਛੁਟਕਾਰਾ ਦਿਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਹਨਾਂ ਦੱਸਿਆ ਕੀ ਨਸ਼ੇ ਤੋਂ ਗ੍ਰਸਤ ਵਿਅਕਤੀ ਨੂੰ ਸਮਾਜ ਦਾ ਅਪਣੱਤ ਵਾਲੇ ਰਵੱਈਏ ਦੀ ਲੋੜ ਹੁੰਦੀ ਹੈ ਤਾਂ ਜੋ ਉਸ ਨੂੰ ਪਿਆਰ ਨਾਲ ਹੌਲੀ ਹੌਲੀ ਇਸ ਤੋਂ ਬਾਹਰ ਕੱਢਿਆ ਜਾ ਸਕੇ। ਉਹਨਾਂ ਦੱਸਿਆ ਕਿ ਨਸ਼ੇ ਨਾਲ ਜਿੱਥੇ ਮਨੁੱਖ ਦਾ ਸਰੀਰ ਅਤੇ ਮਾਨਸਿਕ ਨੁਕਸਾਨ ਹੁੰਦਾ ਹੈ ਉਥੇ ਆਰਥਿਕ ਅਤੇ ਸਮਾਜਿਕ ਨੁਕਸਾਨ ਵੀ ਹੁੰਦਾ ਹੈ। ਸਮਾਜ ਦੇ ਹਰ ਵਿਅਕਤੀ ਦਾ ਫਰਜ਼ ਬਣਦਾ ਹੈ ਕਿ ਇਸ ਬੁਰਾਈ ਨੂੰ ਖਤਮ ਕਰਨ ਲਈ ਹਮਲਾ ਮਾਰੇ। ਜੇਕਰ ਕੋਈ ਵਿਅਕਤੀ ਨਸ਼ੇ ਦਾ ਆਦੀ ਹੈ ਤਾਂ ਉਹ ਸਰਕਾਰੀ ਹਸਪਤਾਲ ਵਿੱਚ ਓਟ ਸੈਂਟਰ ਤੋਂ ਮਾਹਰ ਡਾਕਟਰਾਂ ਦੀ ਟੀਮ ਤੋਂ ਦਵਾਈ ਲੈ ਸਕਦਾ ਹੈ।



## ਨਸ਼ਿਆਂ ਦੇ ਸੌਦਾਗਰਾਂ ਨੂੰ ਅੱਤਵਾਦੀਆਂ ਦੀ ਸ਼੍ਰੇਣੀ 'ਚ ਰੱਖਿਆ ਜਾਣਾ ਚਾਹੀਦੈ : ਐਡਵੋਕੇਟ ਨਾਗਰਾਜ , ਰਾਜੂ ਭੰਡਾਲ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**

ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਸਪੋਰਟਸ ਕੱਲਬ ਅਤੇ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਐਡਵੋਕੇਟ ਗੌਰਵ ਨਾਗਰਾਜ ਤੇ ਨੂਰਮਹਿਲ ਦੇ ਬਲਾਕ ਪ੍ਰਧਾਨ ਰਾਜੂ ਭੰਡਾਲ ਨੇ ਪ੍ਰੈਸ ਨਾਲ ਵਾਰਤਾਲਾਪ ਕਰਦੇ ਹੋਏ ਕਿਹਾ ਕਿ ਅੱਜ ਦਾ ਨੌਜਵਾਨ ਸਮਾਜ ਦਾ ਇਕ ਅਹਿਮ ਹਿੱਸਾ ਹੈ ਜੋ ਦੇਸ਼ ਦੇ ਭਵਿੱਖ ਦੀ ਉਸਾਰੀ ਕਰਦਾ ਹੈ ਪਰ ਇਹ ਅਫਸੋਸ ਦੀ ਗੱਲ ਹੈ ਕਿ ਅੱਜ ਦੇ ਨੌਜਵਾਨ ਵਰਗ 'ਚ ਨਸ਼ਿਆਂ ਦੀ ਆਦਤ ਤੇਜ਼ੀ ਨਾਲ ਫੈਲ ਰਹੀ ਹੈ । ਇਹ ਇਕ ਗੰਭੀਰ ਸਮੱਸਿਆ ਬਣ ਚੁੱਕੀ ਹੈ, ਜੋ ਨਾ ਸਿਰਫ਼ ਉਨ੍ਹਾਂ ਦੀ ਸਰੀਰਕ ਅਤੇ ਮਾਨਸਿਕ ਸਿਹਤ ਨੂੰ ਨੁਕਸਾਨ ਪਹੁੰਚਾ ਰਹੀ ਹੈ ਸਗੋਂ ਸਮਾਜ ਵਿੱਚ ਵੀ ਕਈ ਨਾਂਹਪੱਖੀ ਅਸਰ ਪਾ ਰਹੀ ਹੈ । ਇਸ ਸਮੱਸਿਆ ਦਾ ਹੱਲ ਸਿਰਫ ਸਮਾਜ ,ਪਰਵਾਰ, ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਅਤੇ ਸਰਕਾਰ ਦੀਆਂ ਸਾਂਝੀਆਂ ਕੋਸ਼ਿਸ਼ਾਂ ਨਾਲ ਹੀ ਸੰਭਵ ਹੋ ਸਕਦਾ ਹੈ । ਸੰਤ ਮਹਾਤਮਾਵਾਂ ਅਤੇ ਧਰਮ ਗੁਰੂਆਂ ਨੂੰ ਨੌਜਵਾਨਾਂ ਨੂੰ ਨਸ਼ੇ ਤੋਂ ਬਚਾਉਣ ਲਈ ਅੱਗੇ ਆਉਣਾ ਹੋਵੇਗਾ । ਸਿੱਖਿਆ ਪ੍ਰਨਾਲੀ ਨੂੰ ਇਸ ਦਿਸ਼ਾ 'ਚ ਹੋਰ ਮਜ਼ਬੂਤ ਕਰਨਾ ਹੋਵੇਗਾ ਤਾਂ ਕਿ ਨੌਜਵਾਨ ਨਸ਼ੇ ਨਾਲ ਹੋਣ ਵਾਲੇ ਮਾੜੇ ਅਸਰਾਂ ਨੂੰ ਸਮਝ ਸਕਣ ।ਨਸ਼ੇ ਦੇ ਸੌਦਾਗਰਾਂ ਨੂੰ ਅੱਤਵਾਦੀਆਂ ਦੀ ਸ਼੍ਰੇਣੀ 'ਚ ਰੱਖਿਆ ਜਾਣਾ ਚਾਹੀਦਾ ਹੈ ।ਕਿਉਂਕਿ ਇਹ ਲੋਕ ਦੇਸ਼ ਵਿਰੋਧੀ ਹਨ ਜੋ ਨੌਜਵਾਨਾਂ ਨੂੰ ਨਸ਼ੇ 'ਤੇ ਲਗਾ ਕਿ ਦੇਸ਼ ਦੇ ਬੁਨਿਆਦੀ ਢਾਂਚੇ ਨੂੰ ਅੰਦਰੋਂ ਖੋਖਲਾ ਕਰ ਰਹੇ ਹਨ। ਇਕ ਤੰਦਰੁਸਤ ਨੌਜਵਾਨ ਸਮਾਜ 'ਚ ਹੀ ਨਹੀਂ ਸਗੋਂ ਦੇਸ਼ ਦੀ ਤਰੱਕੀ 'ਚ ਵੀ ਬਹੁਤ ਅਹਿਮ ਯੋਗਦਾਨ ਪਾ ਸਕਦਾ ਹੈ।

## ਅੱਜ ਬਿਜਲੀ ਬੰਦ ਰਹੇਗੀ

**ਰਾਹੋਂ (ਕੁਲਵਿੰਦਰ ਸਿੰਘ ਰਾਹੋਂ)**- 66 ਕੇ.ਵੀ. ਸਬ ਸਟੇਸ਼ਨ ਰਾਹੋਂ ਤੋਂ ਚੱਲਦੇ 11 ਕੇ.ਵੀ ਯੂ.ਪੀ.ਐਸ ਫੀਡਰ ਰਾਹੋਂ ਦੀਆਂ ਮੇਨ ਲਾਈਨਾਂ ਦੀ ਸ਼ਡਿਊਲ ਮੇਨਟੀਨੈਂਸ ਦੌਰਾਨ ਜ਼ਰੂਰੀ ਮੁਰੰਮਤ ਕਰਨ ਲਈ 06 ਮਾਰਚ ਨੂੰ ਸਵੇਰੇ 10:00 ਵਜੇ ਤੋਂ ਲੈ ਕੇ ਸ਼ਾਮ 4:00 ਵਜੇ ਤੱਕ ਸਬ ਡਵੀਜ਼ਨ ਰਾਹੋਂ ਸ਼ਹਿਰ ਦੇ ਮੁਹੱਲੇ, ਫਿਲੌਰ ਰੋਡ, ਮੁਹੱਲਾ ਜੈਨੀਆਂ, ਮੁਹੱਲਾ ਖੋਸਲਾ, ਮੁਹੱਲਾ ਰੌਤਾਂ, ਮੁਹੱਲਾ ਆਰਨਹਾਲੀ, ਕੁਰਾਲਾਂ ਰਾਜਪੂਤਾਂ, ਘੱਕੇਵਾਲ ਰੋਡ, ਜਾਡਲਾ ਰੋਡ, ਨਵਾਂਸ਼ਹਿਰ ਰੋਡ ਅਤੇ ਮੇਨ ਬਾਜ਼ਾਰ ਦੇ ਆਸ ਪਾਸ ਦੇ ਇਲਾਕਿਆਂ ਦੇ ਘਰਾਂ, ਦੁਕਾਨਾਂ, ਸਕੂਲਾਂ ਕਾਲਜਾਂ, ਦਫਤਰਾਂ, ਹਸਪਤਾਲਾਂ, ਮੋਟਰਾਂ/ਟਿਊਬਵੈਲ ਅਤੇ ਬਾਕੀ ਅਦਾਰਿਆਂ ਦੀ ਬਿਜਲੀ ਦੀ ਸਪਲਾਈ ਬੰਦ ਰਹੇਗੀ।ਇਹ ਜਾਣਕਾਰੀ ਸਬ ਡਵੀਜ਼ਨ ਰਾਹੋਂ ਦੇ ਉਪ ਮੰਡਲ ਅਫਸਰ ਵਲੋਂ ਦਿੱਤੀ ਗਈ ।

## ਗੁਰਬਾਣੀ ਕੰਠ ਮੁਕਾਬਲੇ 9 ਨੂੰ

**ਫਿਲੌਰ (ਨਿਰਮਲ)**-ਵੀਰਪਾਲ ਸਿੰਘ (ਅਮਰੀਕਾ ਵਾਲੇ) ਅਤੇ ਉਨਾਂ ਦੇ ਪਰਵਾਰ ਵੱਲੋਂ ਤੇਹਿੰਗ ਵੈਲਫੇਅਰ ਕਮੇਟੀ ਦੇ ਸਹਿਯੋਗ ਨਾਲ ਗੁਰਬਾਣੀ ਕੰਠ ਮੁਕਾਬਲੇ ਪਿੰਡ ਤੇਹਿੰਗ (ਫਿਲੌਰ) ਵਿਖੇ ਕਰਵਾਏ ਜਾ ਰਹੇ ਹਨ।ਸਮਾਜ ਸੇਵਕ ਤੀਰਥ ਸਿੰਘ ਜੌਹਲ ਤੇਹਿੰਗ ਨੇ ਦੱਸਿਆ ਕਿ ਮੁਕਾਬਲੇ ਉਮਰ 7 ਤੋਂ 11 ਸਾਲ, 11 ਤੋਂ 17 ਸਾਲ, 17 ਤੋਂ 21 ਸਾਲ ਵਾਲਿਆਂ ਵਿਚਕਾਰ ਹੋਣਗੇ, ਜੇਤੂਆਂ ਨੂੰ ਨਗਦ ਇਨਾਮ ਦਿੱਤੇ ਜਾਣਗੇ, ਅੱਖਾਂ ਅਤੇ ਦੰਦਾਂ ਦਾ ਫ੍ਰੀ ਕੈਂਪ ਵੀ ਲਗਾਇਆ ਜਾਵੇਗਾ ਜੋ ਸਵੇਰੇ 9 ਤੋਂ ਸ਼ਾਮ 4 ਵਜੇ ਤੱਕ ਚੱਲੇਗਾ। ਕੈਂਪ ਦੌਰਾਨ ਤੇਹਿੰਗ ਵੈਲਫੇਅਰ ਕਮੇਟੀ ਅਤੇ ਏਕ ਨੂਰ ਹਾਕੀ ਅਕੈਡਮੀ ਦੇ ਸਹਿਯੋਗ ਨਾਲ ਲਗਾਇਆ ਜਾਵੇਗਾ। ਐਨਕਾਂ ਦਵਾਈਆਂ ਮੁਫਤ ਦਿੱਤੀਆਂ ਜਾਣਗੀਆਂ।

## ਬਦਨਾਮ ਡਰੱਗ ਤਸਕਰ ਦੀ ਗੈਰ-ਕਾਨੂੰਨੀ ਉਸਾਰੀ ਨੂੰ ਢਾਹਿਆ



**ਜਲੰਧਰ (ਸ਼ੈਲੀ ਐਲਬਰਟ)**

ਨਸ਼ਾ ਤਸਕਰਾਂ ਵਿਰੁੱਧ ਇੱਕ ਹੋਰ ਕਾਰਵਾਈ ਵਿੱਚ ਕਮਿਸ਼ਨਰੇਟ ਪੁਲਸ ਜਲੰਧਰ ਨੇ ਨਗਰ ਨਿਗਮ ਦੇ ਤਾਲਮੇਲ ਨਾਲ ਬੁੱਧਵਾਰ ਨੂੰ ਇੱਕ ਨਸ਼ਾ ਤਸਕਰ ਦੀ ਇੱਕ ਗੈਰ-ਕਾਨੂੰਨੀ ਜਾਇਦਾਦ ਨੂੰ ਢਾਹ ਦਿੱਤਾ। ਸਰਕਾਰੀ ਜ਼ਮੀਨ 'ਤੇ ਕਥਿਤ ਤੌਰ 'ਤੇ ਡਰੱਗ ਪੈਸੇ ਦੀ ਵਰਤੋਂ ਕਰਕੇ ਬਣਾਏ ਗਏ ਕਬਜ਼ੇ ਵਾਲੇ ਢਾਂਚੇ ਨੂੰ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਹਿੱਸੇ ਵਜੋਂ ਢਾਹ ਦਿੱਤਾ ਗਿਆ।ਪੁਲਸ ਕਮਿਸ਼ਨਰ ਜਲੰਧਰ ਨੇ ਕਿ ਨਗਰ ਨਿਗਮ ਨੂੰ ਇੱਕ ਬਦਨਾਮ ਨਸ਼ਾ ਤਸਕਰ, ਧਰਮਿੰਦਰ ਪੁੱਤਰ ਮੋਹਨ ਲਾਲ ਵਾਸੀ ਧੰਕੀਆ ਮੁਹੱਲਾ, ਜਲੰਧਰ, ਵੱਲੋਂ ਸਰਕਾਰੀ ਜ਼ਮੀਨ 'ਤੇ ਗੈਰ-ਕਾਨੂੰਨੀ ਉਸਾਰੀ ਬਾਰੇ ਜਾਣਕਾਰੀ ਮਿਲੀ ਸੀ। ਇਹ ਜਾਇਦਾਦ ਕਥਿਤ ਤੌਰ 'ਤੇ ਉਸਦੇ ਗੈਰ-ਕਾਨੂੰਨੀ ਨਸ਼ੀਲੇ ਪਦਾਰਥਾਂ ਦੇ ਧੰਦੇ ਤੋਂ ਪ੍ਰਾਪਤ ਆਮਦਨ ਦੀ ਵਰਤੋਂ ਕਰਕੇ ਬਣਾਈ ਗਈ ਸੀ।ਤੁਰੰਤ ਕਾਰਵਾਈ ਕਰਦਿਆਂ ਨਗਰ ਨਿਗਮ ਅਤੇ ਪੁਲਸ ਟੀਮਾਂ ਹਰਕਤ ਵਿੱਚ ਆ ਗਈਆਂ ਅਤੇ ਕਬਜ਼ੇ ਵਾਲੇ ਢਾਂਚੇ ਨੂੰ ਢਾਹ ਦਿੱਤਾ, ਜਿਸ ਨਾਲ ਇੱਕ ਸਖ਼ਤ ਸੰਦੇਸ਼ ਗਿਆ ਕਿ ਜਲੰਧਰ ਵਿੱਚ ਨਸ਼ੀਲੇ ਪਦਾਰਥਾਂ ਨਾਲ ਸਬੰਧਤ ਗਤੀਵਿਧੀਆਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਪੁਲਸ ਕਮਿਸ਼ਨਰ ਨੇ ਦੱਸਿਆ ਕਿ ਧਰਮਿੰਦਰ ਇੱਕ ਆਦਤਨ ਅਪਰਾਧੀ ਹੈ, ਜਿਸ ਵਿਰੁੱਧ ਨਾਰਕੋਟਿਕ ਡਰੱਗਜ਼ ਐਂਡ ਸਾਈਕੋਟ੍ਰੋਪਿਕ ਸਬਸਟੈਂਸ (ਐਨਡੀਪੀਐਸ) ਐਕਟ ਤਹਿਤ ਛੇ ਮਾਮਲੇ ਦਰਜ ਹਨ। ਇਹ ਕਾਰਵਾਈ ਨਸ਼ਾ ਤਸਕਰਾਂ ਦੇ ਵਿੱਤੀ ਨੈੱਟਵਰਕ ਨੂੰ ਖਤਮ ਕਰਨ ਅਤੇ ਜਵਾਬਦੇਹੀ ਯਕੀਨੀ ਬਣਾਉਣ ਲਈ ਇੱਕ ਮਹੱਤਵਪੂਰਣ ਕਦਮ ਹੈ।ਜ਼ਿਕਰਯੋਗ ਹੈ ਕਿ ਫਿਲੌਰ ਖੇਤਰ ਵਿੱਚ ਨਸ਼ੀਲੇ ਪਦਾਰਥਾਂ ਦੇ ਤਸਕਰਾਂ ਨਾਲ ਜੁੜੇ ਗੈਰ-ਕਾਨੂੰਨੀ ਢਾਂਚਿਆਂ ਨੂੰ ਢਾਹੁਣ ਸਮੇਤ ਪਹਿਲਾਂ ਵੀ ਅਜਿਹੀਆਂ ਕਾਰਵਾਈਆਂ ਕੀਤੀਆਂ ਗਈਆਂ ਹਨ।

## ਕੁੱਲ ਹਿੰਦ ਕਿਸਾਨ ਸਭਾ ਨੇ ਪੰਜਾਬ ਸਰਕਾਰ ਖਿਲਾਫ ਕੀਤਾ ਪ੍ਰਦਰਸ਼ਨ



**ਮਾਹਿਲਪੁਰ (ਸ.ਫ਼ਰੀ)**- ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਨੂੰ ਗ੍ਰਿਫਤਾਰ ਕਰਨ ਦੇ ਵਿਰੋਧ ਵਿੱਚ ਬੁੱਧਵਾਰ ਕੁਲ ਹਿੰਦ ਕਿਸਾਨ ਸਭਾ ਵਲੋਂ ਦਰਸ਼ਨ ਸਿੰਘ ਮੱਟੂ ਅਤੇ ਗੁਰਨੇਕ ਸਿੰਘ ਭੱਜਲ ਦੀ ਅਗਵਾਈ ਹੇਠ ਸ੍ਰੀ ਅਨੰਦਪੁਰ ਸਾਹਿਬ ਚੌਕ ਗੜ੍ਹਸ਼ੰਕਰ ਵਿਖੇ ਪੰਜਾਬ ਸਰਕਾਰ ਦਾ ਪੁਤਲਾ ਸਾੜ ਕੇ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਕੁੱਲ ਹਿੰਦ ਕਿਸਾਨ ਸਭਾ ਆਗੂ ਦਰਸ਼ਨ ਸਿੰਘ ਮੱਟੂ, ਗੁਰਨੇਕ ਸਿੰਘ ਭੱਜਲ, ਮਹਿੰਦਰ ਬਡੋਆਣ, ਬੀਬੀ ਸੁਭਾਸ਼ ਮੱਟੂ ਅਤੇ ਅੱਛਰ ਸਿੰਘ ਬਿਲੜੋ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਵਲੋਂ ਕਿਸਾਨਾਂ ਦੀਆਂ ਮੰਗਾਂ ਸੁਣੇ ਬਿਨਾਂ ਮੀਟਿੰਗ ਵਿਚੋਂ ਉੱਠ ਕੇ ਚਲੇ ਜਾਣ ਅਤੇ ਉਸ ਤੋਂ ਬਾਅਦ ਪੰਜਾਬ ਵਿੱਚ ਐਮਰਜੈਂਸੀ ਵਰਗਾ ਮਾਹੌਲ ਬਣਾ ਕੇ ਕਿਸਾਨਾਂ ਨੂੰ ਹਿਰਾਸਤ ਵਿੱਚ ਲੈਣਾ ਬਹੁਤ ਹੀ ਨਿੰਦਣਯੋਗ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਵਲੋਂ ਕਿਸਾਨਾਂ ਨਾਲ ਮਾੜਾ ਵਤੀਰਾ ਕਰਨਾ ਇਸ ਗੱਲ ਦਾ ਸਬੂਤ ਹੈ ਕਿ ਉਹ ਕਿਸਾਨ ਵਿਰੋਧੀ ਹਨ ਅਤੇ ਚੰਡੀਗੜ੍ਹ ਵਿੱਖੇ ਕਿਸਾਨਾਂ ਵਲੋਂ ਲਗਾਏ ਜਾ ਰਹੇ ਸ਼ਾਂਤਮਈ ਧਰਨੇ ਵਿੱਚ ਜਾਣ ਵਾਲੇ ਕਿਸਾਨ ਆਗੂਆਂ ਨੂੰ ਪੁਲਸ ਵਲੋਂ ਧੱਕੇ ਨਾਲ ਹਿਰਾਸਤ ਵਿੱਚ ਲਿਆ ਜਾ ਰਿਹਾ ਹੈ। ਉਨ੍ਹਾਂ ਚੇਤਾਵਾਨੀ ਦਿੱਤੀ ਕਿ ਜੇਕਰ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਨੂੰ ਰਿਹਾਅ ਕਰਕੇ ਕਿਸਾਨਾਂ ਦੀਆਂ ਬਾਕੀ ਮੰਗਾਂ ਨਾ ਮੰਨੀਆਂ ਗਈਆਂ ਤਾਂ ਆਉਣ ਵਾਲੇ ਸਮੇਂ ਵਿੱਚ ਵੱਡਾ ਸੰਘਰਸ਼ ਕੀਤਾ ਜਾਵੇਗਾ। ਇਸ ਮੌਕੇ ਅਮਰਜੀਤ ਸਿੰਘ, ਕਸ਼ਮੀਰ ਸਿੰਘ ਭੱਜਲ, ਗਰੀਬ ਦਾਸ ਬੀਟਨ, ਹਰਭਜਨ ਅਟਵਾਲ, ਪ੍ਰੇਮ ਸਿੰਘ ਰਾਣਾ, ਬਲਦੇਵ ਰਾਜ, ਪ੍ਰੇਮ ਸਿੰਘ ਪ੍ਰੇਮੀ, ਤਲਜਿੰਦਰ ਕੌਰ, ਗੁਰਮੇਲ ਕਲਸੀ, ਮੱਖਣ ਸਿੰਘ, ਮੋਹਨ ਕਸਨਾਂ ਅਤੇ ਬਲਰਾਮ ਆਦਿ ਹਾਜ਼ਰ ਸਨ।

## ਪੰਜਾਬ ਪ੍ਰੈੱਸ ਕਲੱਬ ਵਿਖੇ ਲੱਗੀ ਦੋ ਦਿਨਾ ਕਲਾ ਪ੍ਰਦਰਸ਼ਨੀ ਸਮਾਪਤ

**ਜਲੰਧਰ, (ਸ਼ੈਲੀ ਐਲਬਰਟ)**

ਕਲਾ ਤੇ ਕਲਾਕਾਰ ਮੰਚ ਜਲੰਧਰ ਵੱਲੋਂ ਪੰਜਾਬ ਪ੍ਰੈੱਸ ਕਲੱਬ ਦੇ ਸਹਿਯੋਗ ਨਾਲ ਕਲੱਬ ਦੇ ਵਿਹੜੇ 'ਚ ਲਗਾਈ ਦੋ ਦਿਨਾਂ ਚਿੱਤਰਕਾਰੀ ਅਤੇ ਅੱਖਰਕਾਰੀ ਕਲਾ ਪ੍ਰਦਰਸ਼ਨੀ ਸਮਾਪਤ ਹੋ ਗਈ।ਪ੍ਰਦਰਸ਼ਨੀ 'ਚ ਜਲੰਧਰ ਤੋਂ ਗੁਰਦੀਸ਼ ਪੰਨੂ, ਮੰਜ਼ਲ ਸਿੰਘ, ਇੰਦਰਜੀਤ ਸਿੰਘ ਚਿੱਤਰਕਾਰ ਤੋਂ ਇਲਾਵਾ ਕੰਵਰਦੀਪ ਸਿੰਘ ਕਪੂਰਥਲਾ ਵੱਲੋਂ ਅੱਖਰਕਾਰੀ ਅਤੇ ਚਿੱਤਰਕਾਰ ਰਣਜੀਤ ਕੌਰ ਮਲੋਟ ਵੱਲੋਂ ਆਪਣੀਆਂ ਵੱਖ-ਵੱਖ ਪੇਂਟਿੰਗ ਅਤੇ ਅੱਖਰਕਾਰੀ ਦੀਆਂ ਕਿਰਤਾਂ ਪ੍ਰਦਰਸ਼ਿਤ ਕੀਤੀਆਂ ਗਈਆਂ ਸਨ।ਜਾਣਕਾਰੀ ਦਿੰਦੇ ਹੋਏ ਮੰਚ ਦੇ ਪ੍ਰਧਾਨ ਇੰਦਰਜੀਤ ਸਿੰਘ ਨੇ ਦੱਸਿਆ ਕਿ ਪ੍ਰਦਰਸ਼ਨੀ 'ਚ ਵੱਖ-ਵੱਖ ਸਕੂਲਾਂ ਦੇ ਬੱਚਿਆਂ ਤੋਂ ਇਲਾਵਾ ਦੇਸ਼ ਭਗਤ ਯਾਦਗਾਰ ਹਾਲ ਦੇ ਟਰੱਸਟੀ ਸੁਰਿੰਦਰ ਕੋਛੜ, ਜਸਪ੍ਰੀਤ ਸਿੰਘ ਸੈਣੀ, ਚੰਨੀ ਤਾਕੁਲੀਆ, ਐਸ ਪੀ ਸਿੰਘ, ਆਰ ਕੇ ਤੁਲੀ ਨਾਟਕਕਾਰ, ਜਸਪਾਲ ਸਿੰਘ ਯੂ ਕੇ, ਕੰਵਰ ਜਸਪਾਲ ਸਿੰਘ, ਮਨਜਿੰਦਰ ਸਿੰਘ, ਐਮ ਐਸ ਢੱਲ, ਸੁਖਵਿੰਦਰ ਸਿੰਘ, ਬੂਟਾ ਸਿੰਘ ਅਤੇ ਗੁਰਜੀਤ ਜਲੰਧਰੀ, ਸੁਖਦੀਪ ਬੂਲ ਪੁਰੀ ਵਿਸ਼ੇਸ਼ ਤੌਰ 'ਤੇ ਪ੍ਰਦਰਸ਼ਨੀ 'ਚ ਪੁੱਜੇ। ਇਸ ਮੌਕੇ ਪ੍ਰਬੰਧਕਾਂ ਵਲੋਂ ਪ੍ਰਦਰਸ਼ਨੀ 'ਚ ਭਾਗ ਲੈਣ ਵਾਲੇ ਕਲਾਕਾਰਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਪ੍ਰਦਰਸ਼ਨੀ ਦੇ ਅੰਤ 'ਚ ਮੰਚ ਦੇ ਪ੍ਰਧਾਨ ਇੰਦਰਜੀਤ ਸਿੰਘ ਨੇ ਪੰਜਾਬ ਪ੍ਰੈਸ ਕਲੱਬ ਦੇ ਪ੍ਰਧਾਨ ਸਤਨਾਮ ਸਿੰਘ ਮਾਣਕ ਅਤੇ ਸਮੁੱਚੀ ਟੀਮ ਦਾ ਧੰਨਵਾਦ ਕੀਤਾ।ਇਸ ਤੋਂ ਇਲਾਵਾ ਪ੍ਰਦਰਸ਼ਨੀ ਵਿੱਚ ਹਾਜ਼ਰ ਰਹੇ ਸੀਨੀਅਰ ਮੀਤ-ਪ੍ਰਧਾਨ ਰਾਜੇਸ਼ ਥਾਪਾ, ਮੀਤ-ਪ੍ਰਧਾਨ ਤੇਜਿੰਦਰ ਕੌਰ ਥਿੰਦ, ਸਕੱਤਰ ਮੇਹਰ ਮਲਿਕ, ਕੈਸ਼ੀਅਰ ਸ਼ਿਵ ਸ਼ਰਮਾ ਅਤੇ ਜਨਰਲ ਮੈਨੇਜਰ ਜਤਿੰਦਰ ਪਾਲ ਸਿੰਘ ਨੇ ਕਲਾਕਾਰ ਮੰਚ ਦੇ ਕਲਾਕਾਰਾਂ ਅਤੇ ਆਏ ਦਰਸ਼ਕਾਂ ਦਾ ਸਵਾਗਤ ਕਰਦਿਆਂ ਇਸ ਦੋ-ਦਿਨਾਂ ਪ੍ਰਦਰਸ਼ਨੀ ਨੂੰ ਯਾਦਗਰ ਬਣਾ ਦਿੱਤਾ।



## ਇਨੋਸੈਂਟ ਹਾਰਟਸ ਨੇ ਕਲਚਰਲ ਮੋਜ਼ੇਕ ਉਤਸਵ 'ਚ ਸੰਸਕ੍ਰਿਤਕ ਏਕਤਾ ਦਾ ਮਨਾਇਆ ਜਸ਼ਨ



**ਜਲੰਧਰ (ਸ਼ੈਲੀ ਐਲਬਰਟ)**

ਇਨੋਸੈਂਟ ਹਾਰਟਸ ਗਰੁੱਪ ਆਫ ਇੰਸਟੀਟਿਊਸ਼ਨਜ਼ ਨੇ ਆਪਣੇ ਸ਼ਾਨਦਾਰ ਕਲਚਰਲ ਮੋਜ਼ੇਕ ਸੈਲੀਬਰੇਟਿੰਗ ਦ ਬਿਊਟੀ ਆਫ ਕਲਚਰਲ ਫਿਊਜ਼ਨ ਪ੍ਰੋਗਰਾਮ ਰਾਹੀਂ ਦਰਸ਼ਕਾਂ ਨੂੰ ਮੋਹ ਲਿਆ। ਇਹ ਸਮਾਗਮ ਸੱਭਿਆਚਾਰਕ ਕਮੇਟੀ ਵੱਲੋਂ ਸਸਟੇਨੇਬਲ ਡਿਵੈਲਪਮੈਂਟ ਗੋਲਸ-4 (ਐਸ ਡੀ ਜੀ) ਦੇ ਸਹਿਯੋਗ ਨਾਲ ਹੋਰਾਈਜ਼ਨ ਹਾਲ (ਆਡਿਟੋਰੀਅਮ) ਵਿੱਚ ਆਯੋਜਿਤ ਕੀਤਾ ਗਿਆ।। ਇਹ ਉਤਸਵ ਭਾਰਤ ਦੀ ਧਿਰੋਹੀ ਸੰਸਕ੍ਰਿਤਿਕ ਵਿਰਾਸਤ ਨੂੰ ਉਭਾਰਨ ਲਈ ਇੱਕ ਵਿਲੱਖਣ ਮੰਚ ਸੀ, ਜਿਸ ਵਿੱਚ ਲੋਕ ਨਾਚ, ਸੰਗੀਤ ਅਤੇ ਸ਼ਾਨਦਾਰ ਕਲਚਰਲ ਵਾਕ ਰਾਹੀਂ ਵਿਭਿੰਨ ਰਿਵਾਜ਼ਾਂ ਨੂੰ ਪ੍ਰਗਟ ਕੀਤਾ ਗਿਆ । ਇਸ ਉਤਸਵ ਦੀ ਸ਼ੁਰੂਆਤ ਗਣੇਸ਼ ਵੰਦਨਾ ਨਾਲ ਹੋਈ, ਜਿਸ ਨਾਲ ਸਮਾਗਮ ਵਿੱਚ ਆਤਮਿਕ ਅਤੇ ਸ਼ਾਂਤੀਪ੍ਰਦ ਵਾਤਾਵਰਣ ਬਣ ਗਿਆ। ਇਸ ਤੋਂ ਬਾਅਦ, ਲੋਕ ਸੰਗੀਤ, ਜੋਸ਼ੀਲੇ ਇਕੱਲੇ ਅਤੇ ਸਮੂਹ ਪ੍ਰਦਰਸ਼ਨ ਅਤੇ ਇਕਤਾ ਵਿੱਚ ਵਿਭਿੰਨਤਾ ਨੂੰ ਦਰਸਾਉਣ ਵਾਲੀ ਸ਼ਾਨਦਾਰ ਕਲਚਰਲ ਵਾਕ ਨੇ ਦਰਸ਼ਕਾਂ ਨੂੰ ਮੋਹ ਲਿਆ। ਹਰ ਪ੍ਰਦਰਸ਼ਨ ਨੇ ਵੱਖ-ਵੱਖ ਰਾਜਾਂ ਦੀ ਵਿਲੱਖਣਤਾ ਅਤੇ ਰੰਗ-ਬਰੰਗੀ ਸੰਸਕ੍ਰਿਤੀ ਨੂੰ ਉਜਾਗਰ ਕੀਤਾ । ਇਸ ਉਤਸਵ ਵਿੱਚ ਮਸ਼ਹੂਰ ਮਾਡਲ ਯਸ਼ਿਕਾ ਸ਼ਰਮਾ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਈ, ਜਿਨ੍ਹਾਂ ਨੇ ਆਪਣੇ ਫੈਸ਼ਨ ਅਤੇ ਮਨੋਰੰਜਨ ਉਦਯੋਗ ਦੇ ਯਾਤਰਾ ਬਾਰੇ ਦੱਸਦੇ ਹੋਏ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ । ਸਭਿਆਚਾਰਕ ਰਾਜਦੂਤ ਵਜੋਂ ਵੱਖ-ਵੱਖ ਰਾਜਾਂ ਦੀ ਸੰਸਕ੍ਰਿਤੀ ਨੂੰ ਦਰਸਾਉਣ ਵਾਲੀਆਂ ਸ਼ਾਨਦਾਰ ਪ੍ਰਦਰਸ਼ਨਾਵਾਂ ਲਈ ਸਨਮਾਨ ਦਿੱਤਾ ਗਿਆ: ਕਲਚਰਲ ਅੰਬੈਸਡਰ - ਪੰਜਾਬ ਗਗਨਦੀਪ ਕੌਰ ਬੀਐਚਐਮਸੀਟੀ, ਦੂਜਾ ਸਮੈਸਟਰ ਕਲਚਰਲ ਅੰਬੈਸਡਰ-ਗੁਜਰਾਤ ਪੂਜਾ ਬੀ ਐਚ ਐਮ ਸੀਟੀ -ਛੇਵਾਂ ਸਮੈਸਟਰ ਕਲਚਰਲ ਅੰਬੈਸਡਰ-ਹਿਮਾਚਲ ਪ੍ਰਦੇਸ਼ ਅਨਿਕਾ ਐਮ ਐਲਐਸ-ਛੇਵਾਂ ਸਮੈਸਟਰ ਕਲਚਰਲ ਅੰਬੈਸਡਰ -ਮਹਾਰਾਸ਼ਟਰ ਤਮੰਨਾ ਬੀ ਐਚ ਐਮਸੀਡੀ ਦੂਜਾ ਸਮੈਸਟਰਨ ਕਲਚਰਲ ਅੰਬੈਸਡਰ-ਪੱਛਮੀ ਬੰਗਾਲ ਚਾਹਤ ਐਮ ਐਲ ਐਸ ਛੇਵਾਂ ਸਮੈਸਟਰ, ਇਹ ਪ੍ਰਦਰਸ਼ਨ ਉਤਸ਼ਾਹ ਅਤੇ ਸੱਭਿਆਚਾਰਕ ਗਹਿਰਾਈ ਨਾਲ ਭਰਪੂਰ ਸਨ, ਜਿਸ ਕਾਰਨ ਇਹ ਸਮਾਗਮ ਕਲਾ ਅਤੇ ਵਿਰਾਸਤ ਦਾ ਅਦਭੁਤ ਦ੍ਰਿਸ਼ ਬਣ ਗਿਆ।ਇੰਨੋਸੈਂਟ ਹਾਰਟਸ ਦੇ ਵਿਸ਼ੇਸ਼ ਮਹਿਮਾਨਾਂ ਨੇ ਹਿੱਸਾ ਲੈਣ ਵਾਲਿਆਂ ਦੀ ਉਤਸ਼ਾਹ, ਰਚਨਾਤਮਕਤਾ ਅਤੇ ਸੰਸਕ੍ਰਿਤੀ ਪ੍ਰਤੀ ਭਾਵਨਾ ਦੀ ਸਰਾਹਨਾ ਕੀਤੀ । ਸਮਾਗਮ ਦੀ ਸਮਾਪਤੀ ਇੱਕ ਸ਼ਾਨਦਾਰ ਫਿਨਾਲੇ ਪ੍ਰਦਰਸ਼ਨ ਨਾਲ ਹੋਈ, ਜਿਸ ਨੇ ਹਰ ਇੱਕ ਦਰਸ਼ਕ ਦੇ ਦਿਲ ਤੇ ਪੱਕੀ ਛਾਪ ਛੱਡੀ।

## ਐੱਸ ਟੀ ਐੱਸ ਵਰਲਡ ਸਕੂਲ ਵਿਖੇ ਸੰਤ ਸੁਰਿੰਦਰ ਸਿੰਘ ਦੀ ਬਰਸੀ ਮੌਕੇ ਵਿਸ਼ੇਸ਼ ਪ੍ਰਾਰਥਨਾ ਸਭਾ

**ਗੁਰਾਇਆ (ਬਿੰਦਰ ਸੁੰਮਨ)**

ਐੱਸ.ਟੀ. ਐੱਸ ਵਰਲਡ ਸਕੂਲ ਵਿਖੇ ਸੰਤ ਸੁਰਿੰਦਰ ਸਿੰਘ ਦੀ ਬਰਸੀ ਮੌਕੇ ਜਮਾਤ ਸੱਤਵੀਂ-ਬੀ ' ਦੇ ਵਿਦਿਆਰਥੀਆਂ ਅਤੇ ਇੰਚਾਰਜ ਅਧਿਆਪਕ ਅਜੈ ਸਿਆਲ ਦੇ ਸਹਿਯੋਗ ਨਾਲ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਜਿਸ ਮੁੱਖ ਮਹਿਮਾਨ ਦੇ ਤੌਰ 'ਤੇ ਸਕੂਲ ਦੇ ਚੇਅਰਪਰਸਨ ਮੈਡਮ ਮਾਲਤੀ ਤੇ ਪ੍ਰਿੰਸੀਪਲ ਮੈਡਮ ਪ੍ਰਭਜੋਤ ਕੌਰ ਗਿੱਲ ਨੇ ਸ਼ਿਰਕਤ ਕੀਤੀ। ਇਸ ਪ੍ਰਾਰਥਨਾ ਸਭਾ ਵਿੱਚ ਸਮੂਹ ਵਿਦਿਆਰਥੀਆਂ ਨੇ ਬੜੇ ਹੀ ਉਤਸ਼ਾਹ ਨਾਲ ਭਾਗ ਲਿਆ ਅਤੇ ਸੰਤ ਸੁਰਿੰਦਰ ਸਿੰਘ ਦੇ ਜੀਵਨ ਬਾਰੇ ਚਾਨਣਾ ਪਾਇਆ। ਮੰਚ ਦਾ ਸੰਚਾਲਨ ਪ੍ਰਭਜੋਤ ਸਮਰਾ ਅਤੇ ਅਗਮਪ੍ਰੀਤ ਕੌਰ ਨੇ ਬੜੇ ਸ਼ਾਨਦਾਰ ਢੰਗ ਨਾਲ ਕੀਤਾ। ਅੱਜ ਦਾ ਵਿਚਾਰ ਸਹਿਜਵੀਰ ਸਿੰਘ ਵੱਲੋਂ ਪੇਸ਼ ਕੀਤਾ ਗਿਆ ਅਤੇ ਇਸ ਦੀ ਵਿਆਖਿਆ ਮਨਕੀਰਤ ਸਿੰਘ ਨੇ ਕੀਤੀ । ਸਾਹਿਲ ਨੇ ਨਵੇਂ ਸ਼ਬਦਾਂ ਬਾਰੇ ਜਾਣਕਾਰੀ ਦੇ ਕੇ ਸਾਰੇ ਵਿਦਿਆਰਥੀਆਂ ਦੇ ਗਿਆਨ ਵਿੱਚ ਵਾਧਾ ਕੀਤਾ। ਗੁਰਨੂਰ ਨੇ ਇਸ ਮੌਕੇ 'ਤੇ ਭਾਸ਼ਣ ਦਿੱਤਾ। ਭਾਸ਼ਣ ਤੋਂ ਉਪਰੰਤ ਸਿਮਰ, ਸਿਮਰਨ, ਵੈਸ਼ਨਵੀ ਅਤੇ ਖ਼ੁਸ਼ੀ ਵੱਲੋਂ ਇਸ ਮੌਕੇ ਤੇ ਬਹੁਤ ਹੀ ਖ਼ੂਬਸੂਰਤ ਕਵਿਤਾਵਾਂ ਪੇਸ਼ ਕੀਤੀਆਂ ਗਈਆਂ। ਫਿਰ ਪੂਰੀ ਜਮਾਤ ਦੇ ਵਿਦਿਆਰਥੀਆਂ ਨੇ ਸਮੂਹ ਸ਼ਬਦ ਗਾਇਨ ਪੇਸ਼ ਕੀਤਾ। ਇਸ ਤੋਂ ਬਾਅਦ ਸਰ ਅਜੈ ਸਿਆਲ ਨੇ ਸੰਤ ਸੁਰਿੰਦਰ ਸਿੰਘ ਦੀ ਵਿਚਾਰਧਾਰਾ ਪੇਸ਼ ਕੀਤੀ ।ਅੰਤ ਵਿੱਚ ਸਕੂਲ ਦੇ ਪ੍ਰਿੰਸੀਪਲ ਮੈਡਮ ਸ੍ਰੀਮਤੀ ਪ੍ਰਭਜੋਤ ਕੌਰ ਗਿੱਲ ਨੇ ਸੰਤ ਸੁਰਿੰਦਰ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ ਤੇ ਸਭ ਵਿਦਿਆਰਥੀਆਂ ਨੂੰ ਉਹਨਾਂ ਦੁਆਰਾ ਦਰਸਾਏ ਮਾਰਗ 'ਤੇ ਚੱਲ ਕੇ ਚੰਗੇ ਨਾਗਰਿਕ ਬਣਨ ਦੀ ਪ੍ਰੇਰਨਾ ਦਿੱਤੀ।





## ਕਾਮਰੇਡ ਸੁਰਜੀਤ ਸਿੰਘ ਢੇਰ ਨੂੰ ਭੇਜਿਆ ਜੇਲ੍ਹ

**ਅਨੰਦਪੁਰ ਸਾਹਿਬ, (ਅਰਵਿੰਦਰ ਸਿੰਘ ਬਿੰਦੀ)**—ਗ੍ਰਿਫਤਾਰ ਕੀਤੇ ਕਿਸਾਨ ਆਗੂ ਕਾਮਰੇਡ ਸੁਰਜੀਤ ਸਿੰਘ ਢੇਰ 'ਤੇ ਪੁਲਸ ਨੇ ਪਰਚਾ ਪਾ ਕੇ 10 ਮਾਰਚ ਤੱਕ ਜੁਡੀਸ਼ੀਅਲ ਰਿਮਾਂਡ 'ਤੇ ਭੇਜ ਦਿੱਤਾ ਹੈ। ਜ਼ਿਕਰਯੋਗ ਹੈ ਕਿ ਪੰਜਾਬ ਦੇ ਕਿਸਾਨਾਂ-ਮਜ਼ਦੂਰਾਂ ਵੱਲੋਂ ਪੰਜ ਮਾਰਚ ਤੋਂ ਚੰਡੀਗੜ੍ਹ ਵਿਖੇ ਅਣਮਿਥੇ ਸਮੇਂ ਦਾ ਮੋਰਚਾ ਲਗਾਇਆ ਜਾ ਰਿਹਾ ਸੀ, ਜਿਸ ਤੋਂ ਪੁਲਸ ਨੇ ਭੈਭੀਤ ਹੋ ਕੇ ਕਾਮਰੇਡ ਸੁਰਜੀਤ ਸਿੰਘ ਢੇਰ ਨੂੰ ਮੰਗਲਵਾਰ ਦੀ ਸਵੇਰ ਨੂੰ ਘਰੋਂ ਗ੍ਰਿਫਤਾਰ ਕਰ ਲਿਆ।ਮੰਗਲਵਾਰ ਨੂੰ ਦੇਰ ਸ਼ਾਮੀ ਉਪ ਮਜਿਸਟ੍ਰੇਟ ਸਾਹਮਣੇ ਪੇਸ਼ ਕਰਨ ਤੋਂ ਬਾਅਦ ਰੋਪੜ ਜੇਲ੍ਹ ਭੇਜ ਦਿੱਤਾ ਗਿਆ। ਇੱਥੇ ਇਹ ਦੱਸਣਯੋਗ ਹੈ ਕਿ ਨੂਰਪੁਰ ਬੇਦੀ ਵਿਖੇ ਫੜੇ ਕਿਸਾਨ ਆਗੂਆਂ ਨੂੰ ਉਥੋਂ ਦੇ ਵਿਧਾਇਕ ਨੇ ਠਾਣੇ ਤੋਂ ਛੱਡਵਾ ਦਿੱਤਾ ਕਿ ਮੈਂ ਆਪਣੇ ਇਲਾਕੇ ਵਿੱਚ ਅਜਿਹਾ ਕਿਸੇ ਨਾਲ ਧੱਕਾ ਨਹੀਂ ਹੋਣ ਦੇਣਾ ਪਰ ਮੰਤਰੀ ਨੇ ਆਪਣੀ ਕਿੜ ਕੱਢਣ ਦੀ ਖਾਤਰ ਕਿਸਾਨ ਆਗੂ 'ਤੇ ਪਰਚਾ ਪਵਾ ਕੇ ਉਸ ਨੂੰ ਜੇਲ੍ਹ ਭਿਜਵਾ ਦਿੱਤਾ। ਕਿਸਾਨ ਆਗੂਆਂ ਨੇ ਕਿਹਾ ਕਿ ਮੰਤਰੀ ਹੱਕ ਸੱਚ ਦੀ ਆਵਾਜ਼ ਨੂੰ ਦਬਾ ਨਹੀਂ ਸਕਦਾ ਤੇ ਇਹ ਸੰਘਰਸ਼ ਕਿਸਾਨਾਂ ਲਈ ਤੇ ਲੋਕਾਂ ਲਈ ਇਲਾਕੇ 'ਚ ਹਰ ਧੱਕੇਸ਼ਾਹੀ ਖਿਲਾਫ ਜਾਰੀ ਰਹੇਗਾ।

## ਰਿਆਤ ਬਾਹਰਾ ਫੈਸ਼ਨ ਡਿਜ਼ਾਈਨ ਵਿਭਾਗ ਨੇ ਲਗਾਈ ਫੇਵਿਕ੍ਰਿਲ ਵਰਕਸ਼ਾਪ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਰਿਆਤ ਬਾਹਰਾ ਮੈਨੇਜਮੈਂਟ ਕਾਲਜ ਦੇ ਫੈਸ਼ਨ ਡਿਜ਼ਾਈਨ ਵਿਭਾਗ ਨੇ ਫੇਵਿਕ੍ਰਿਲ (ਪਿਡਿਲਾਈਟ) ਵਰਕਸ਼ਾਪ ਸਫਲਤਾਪੂਰਵਕ ਕਰਵਾਈ। ਇਹ ਪ੍ਰੋਗਰਾਮ ਡਾਇਰੈਕਟਰ-ਪ੍ਰਿੰਸੀਪਲ ਡਾ. ਹਰਿੰਦਰ ਸਿੰਘ ਗਿੱਲ ਦੀ ਅਗਵਾਈ ਹੇਠ ਕਰਵਾਇਆ ਗਿਆ। ਵਰਕਸ਼ਾਪ ਵਿੱਚ, ਫੇਵਿਕ੍ਰਿਲ (ਪਿਡਿਲਾਈਟ) ਦੇ ਮਾਹਰ ਨਵਦੀਪ ਨੇ ਵਿਦਿਆਰਥੀਆਂ ਨੂੰ ਦੋ ਸੈਸ਼ਨਾਂ - ਲਿਪਨ ਆਰਟ ਅਤੇ ਸਟੈਂਸਿਲ ਪ੍ਰਿੰਟਿੰਗ - ਵਿੱਚ ਸਿਖਲਾਈ ਦਿੱਤੀ। ਇਸ ਦਾ ਉਦੇਸ਼ ਰਵਾਇਤੀ ਅਤੇ ਆਧੁਨਿਕ ਕਲਾ ਤਕਨੀਕਾਂ ਸਿਖਾ ਕੇ ਵਿਦਿਆਰਥੀਆਂ ਦੀ ਸਿਰਜਣਾਤਮਕਤਾ ਨੂੰ ਉਤਸ਼ਾਹਿਤ ਕਰਨਾ ਸੀ। ਪਹਿਲੇ ਦਿਨ, ਵਿਦਿਆਰਥੀਆਂ ਨੂੰ ਰਵਾਇਤੀ ਲਿਪਨ ਕਲਾ ਨਾਲ ਜਾਣੂ ਕਰਵਾਇਆ ਗਿਆ, ਜੋ ਕੁਦਰਤੀ ਸਮੱਗਰੀ ਅਤੇ ਗੁੰਝਲਦਾਰ ਡਿਜ਼ਾਈਨਾਂ ਦੀ ਵਰਤੋਂ ਕਰਦੀ ਹੈ। ਮਾਹਿਰਾਂ ਦੀ ਅਗਵਾਈ ਹੇਠ, ਵਿਦਿਆਰਥੀਆਂ ਨੇ ਇਸ ਲੋਕ ਕਲਾ ਦੇ ਸ਼ਾਨਦਾਰ ਨਮੂਨੇ ਤਿਆਰ ਕੀਤੇ।ਦੂਜੇ ਦਿਨ ਸਟੈਂਸਿਲ ਪ੍ਰਿੰਟਿੰਗ 'ਤੇ ਕੇਂਦ੍ਰਿਤ ਸੀ, ਜਿੱਥੇ ਵਿਦਿਆਰਥੀਆਂ ਨੇ ਟੀ-ਸ਼ਰਟਾਂ 'ਤੇ ਵੱਖ-ਵੱਖ ਡਿਜ਼ਾਈਨਾਂ ਨਾਲ ਪ੍ਰਯੋਗ ਕੀਤਾ। ਉਨ੍ਹਾਂ ਨੇ ਸਟੈਂਸਿਲ ਬਣਾਉਣ ਅਤੇ ਛਪਾਈ ਦੀਆਂ ਤਕਨੀਕਾਂ ਸਿੱਖਦੇ ਹੋਏ ਵਿਲੱਖਣ ਪੈਟਰਨ ਅਤੇ ਰੰਗ ਸੰਜੋਗ ਵਿਕਸਤ ਕੀਤੇ।ਵਿਭਾਗ ਦੇ ਮੁਖੀ ਪ੍ਰੋਫੈਸਰ ਚਰਨਪ੍ਰੀਤ ਸਿੰਘ ਨੇ ਕਿਹਾ ਕਿ ਇਸ ਵਰਕਸ਼ਾਪ ਦਾ ਉਦੇਸ਼ ਵਿਦਿਆਰਥੀਆਂ ਨੂੰ ਵਿਹਾਰਕ ਅਨੁਭਵ ਦੇਣਾ ਅਤੇ ਉਨ੍ਹਾਂ ਦੀਆਂ ਕਲਾਤਮਕ ਯੋਗਤਾਵਾਂ ਨੂੰ ਉਤਸ਼ਾਹਿਤ ਕਰਨਾ ਸੀ। ਉਨ੍ਹਾਂ ਕਿਹਾ ਕਿ ਅਜਿਹੇ ਪ੍ਰੋਗਰਾਮਾਂ ਰਾਹੀਂ ਵਿਦਿਆਰਥੀ ਨਾ ਸਿਰਫ਼ ਨਵੀਆਂ ਤਕਨੀਕਾਂ ਸਿੱਖਦੇ ਹਨ, ਸਗੋਂ ਆਪਣੇ ਰਚਨਾਤਮਕ ਵਿਚਾਰਾਂ ਨੂੰ ਹਕੀਕਤ ਵਿੱਚ ਬਦਲਣ ਦਾ ਮੌਕਾ ਵੀ ਪ੍ਰਾਪਤ ਕਰਦੇ ਹਨ।



## ਡਰੱਗ ਇੰਸਪੈਕਟਰ ਨੇ ਕੀਤੀ ਮੈਡੀਕਲ ਸਟੋਰਾਂ ਦੀ ਚੈਕਿੰਗ

**ਨਵਾਂਸ਼ਹਿਰ (ਮਨੋਜ ਲਾਡੀ)**— ਡਰੱਗ ਇੰਸਪੈਕਟਰ ਮਨਪ੍ਰੀਤ ਸਿੰਘ ਅਤੇ ਐਸ ਆਈ ਜਰਨੈਲ ਸਿੰਘ ਮੁੱਖ ਅਫਸਰ ਥਾਣਾ ਰਾਹੋਂ ਵੱਲੋਂ ਰਾਹੋਂ ਏਰੀਆ ਵਿਚ ਮੈਡੀਕਲ ਸਟੋਰਾਂ ਤੋਂ ਦਵਾਈਆਂ ਖਰੀਦਣ ਵਾਲੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕੀਤੀ ਗਈ। ਇਕ ਮੈਡੀਕਲ ਸਟੋਰ ਤੋਂ 12 ਕਿਸਮ ਦੀਆਂ ਦਵਾਈਆਂ ਜਿਨ੍ਹਾਂ ਦੇ ਬਿੱਲ ਅਤੇ ਰੱਖ ਰਖਾਵ ਸਬੰਧੀ ਰਿਕਾਰਡ ਪੇਸ਼ ਨਹੀਂ ਕੀਤਾ ਜਾ ਸਕਿਆ ਨੂੰ ਸੀਜ ਕੀਤਾ। ਬਿਨਾਂ ਡਾਕਟਰ ਦੀ ਲਿਖਤ ਦੇ ਵੇਚੀ ਜਾਂ ਪਾਬੰਦੀ ਵਾਲੀ ਦਵਾਈ ਪ੍ਰੀਗਬਲਿੰਨ ਦੀਆਂ 960 ਗੋਲੀਆਂ ਨੂੰ ਕਬਜੇ ਵਿਚ ਲਿਆ ਗਿਆ। ਇਸ ਤੋਂ ਇਲਾਵਾ ਇਕ ਮੈਡੀਕਲ ਸਟੋਰ ਦੇ ਮਾਲਕ ਵੱਲੋ ਆਪਣੀ ਦੁਕਾਨ ਵਿਚ ਵੀ ਰੱਖੀਆਂ ਦਵਾਈਆਂ ਜੋ ਕਿ ਬਿਨਾ ਲਾਇਸੰਸ ਤੋਂ ਰੱਖੀਆਂ ਸਨ ਨੂੰ ਵੀ ਕਬਜੇ ਵਿਚ ਲਿਆ ਗਿਆ। ਮਾਲਕ ਕੋਲ ਹੋਲਸੇਲ ਲਾਇਸੰਸ ਹੈ ਪਰ ਇਸ ਵੱਲੋ ਰੀਟੇਲ ਵੀ ਕੀਤੀ ਜਾਣੀ ਪਾਈ ਗਈ ਹੈ। ਇਸਦੇ ਖਿਲਾਫ ਡਰੱਗ ਐਂਡ ਕਾਸਮੈਟਿਕ ਐਕਟ ਤਹਿਤ ਕਾਰਵਾਈ ਆਰੰਭ ਕੀਤੀ ਗਈ ਹੈ। ਦੁਕਾਨ ਨੂੰ ਬੰਦ ਕਰ ਦਿੱਤਾ ਗਿਆ ਹੈ ਅਤੇ ਦੁਕਾਨਦਾਰ ਖਿਲਾਫ ਡਰੱਗ ਇੰਸਪੈਕਟਰ ਦੀ ਰੀਪੋਰਟ ਤੇ ਪੁਲਸ ਕਾਰਵਾਈ ਵੀ ਕੀਤੀ ਜਾ ਰਹੀ ਹੈ।

## ਡਾ. ਰਾਜੂ ਨੇ ਪ੍ਰਾਈਵੇਟ ਸਕੂਲਾਂ 'ਚ ਰਾਖਵੇਂਕਰਨ ਬਾਰੇ ਜਾਗਰੂਕਤਾ ਮੁਹਿੰਮ ਦਾ ਕੀਤਾ ਐਲਾਨ

**ਹੁਸ਼ਿਆਰਪੁਰ (ਓ ਪੀ ਰਾਣਾ)**

ਡਾ. ਜਗਮੋਹਨ ਸਿੰਘ ਰਾਜੂ, ਜਿਨ੍ਹਾਂ ਦੀ ਅਣਥੱਕ ਕੋਸ਼ਿਸ਼ ਕਾਰਨ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਸਿੱਖਿਆ ਦਾ ਅਧਿਕਾਰ (ਆਰ.ਟੀ.ਈ.) ਐਕਟ, 2009 ਨੂੰ ਲਾਗੂ ਕਰਨ ਦਾ ਇਤਿਹਾਸਕ ਫੈਸਲਾ ਸੁਣਾਇਆ, ਨੇ ਹੁਣ ਸੰਭਾਵੀ ਲਾਭਪਾਤਰੀਆਂ ਤੱਕ ਪਹੁੰਚਣ ਲਈ ਇੱਕ ਜਾਗਰੂਕਤਾ ਮੁਹਿੰਮ ਦਾ ਐਲਾਨ ਕੀਤਾ ਹੈ। ਅਦਾਲਤ ਨੇ ਪੰਜਾਬ ਦੇ ਸਾਰੇ ਨਿੱਜੀ ਗੈਰ-ਸਹਾਇਤਾ ਪ੍ਰਾਪਤ ਸਕੂਲਾਂ ਨੂੰ ਹੁਕਮ ਦਿੱਤਾ ਹੈ ਕਿ ਉਹ ਪਹਿਲੀ ਜਮਾਤ ਵਿੱਚ 25% ਸੀਟਾਂ ਕਮਜ਼ੋਰ ਵਰਗ ਦੇ ਬੱਚਿਆਂ ਲਈ ਰਿਜ਼ਰਵੇਸ਼ਨ ਰੱਖਣ ਤਾਂ ਜੋ ਉਨ੍ਹਾਂ ਦੇ ਮੁਫ਼ਤ ਅਤੇ ਗੁਣਵੱਤਾ ਵਾਲੀ ਸਿੱਖਿਆ ਦੇ ਮੌਲਿਕ ਅਧਿਕਾਰ ਨੂੰ ਯਕੀਨੀ ਬਣਾਇਆ ਜਾ ਸਕੇ।ਡਾ. ਜਗਮੋਹਨ ਸਿੰਘ ਰਾਜੂ, ਆਈਏਐਸ (ਸੇਵਾਮੁਕਤ), ਚੇਅਰਮੈਨ, ਕੇ ਐਸ ਰਾਜੂ ਲੀਗਲ ਟਰੱਸਟ ਨੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ, ਇਹ ਯਕੀਨੀ ਬਣਾਉਣ ਲਈ ਇੱਕ ਵਿਆਪਕ ਰਣਨੀਤੀ ਦੀ ਰੂਪਰੇਖਾ ਦਿੱਤੀ ਕਿ ਈਡਬਲਯੂਐਸ ਸ਼੍ਰੇਣੀ ਦੇ ਹਰੇਕ ਯੋਗ ਬੱਚੇ ਨੂੰ ਆਰਟੀਈ ਐਕਟ 2009 ਦੇ ਤਹਿਤ ਦਾਖਲਾ ਮਿਲੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਜੇਕਰ ਪੰਜਾਬ ਦੇ ਪ੍ਰਾਈਵੇਟ ਸਕੂਲ ਪਹਿਲੀ ਜਮਾਤ ਵਿੱਚ ਕਿਸੇ ਵੀ ਬੱਚੇ ਨੂੰ ਦਾਖਲਾ ਦੇਣ ਤੋਂ ਇਨਕਾਰ ਕਰਦੇ ਹਨ, ਤਾਂ ਮਾਪੇ ਹੈਲਪਲਾਈਨ ਨਾਲ ਵਟਸਐਪ 8872698208, 9988020242 'ਤੇ ਜਾਂ ksrajulegal@gmail.com 'ਤੇ ਈਮੇਲ ਕਰਕੇ ਸੰਪਰਕ ਕਰ ਸਕਦੇ ਹਨ। ਉਨ੍ਹਾਂ ਭਰੋਸਾ ਦਿੱਤਾ ਕਿ ਇਨ੍ਹਾਂ ਮੁੱਦਿਆਂ ਦੀ ਰਿਪੋਰਟ 27 ਮਾਰਚ, 2025 ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੂੰ ਦਿੱਤੀ ਜਾਵੇਗੀ।ਡਾ. ਰਾਜੂ ਨੇ ਸਥਾਨਕ ਗੈਰ-ਸਰਕਾਰੀ ਸੰਗਠਨਾਂ ਨਾਲ ਸਾਂਝੇਦਾਰੀ ਵਿੱਚ ਆਯੋਜਿਤ ਆਊਟਰੀਚ ਪ੍ਰੋਗਰਾਮਾਂ ਅਤੇ ਵਿਦਿਅਕ ਸੰਸਥਾਵਾਂ ਨਾਲ ਸਰਗਰਮ ਸ਼ਮੂਲੀਅਤ ਰਾਹੀਂ ਪੇਂਡੂ ਅਤੇ ਸ਼ਹਿਰੀ ਦੋਵਾਂ ਲਾਭਪਾਤਰੀ ਤੱਕ ਪਹੁੰਚਣ ਦੀ ਮਹੱਤਤਾ 'ਤੇ ਚਾਨਣਾ ਪਾਇਆ। ਉਨ੍ਹਾਂ ਨੇ ਐਕਟ ਦੀ ਪਾਲਣਾ ਨੂੰ ਯਕੀਨੀ ਬਣਾਉਣ ਲਈ ਪ੍ਰਾਈਵੇਟ ਸਕੂਲਾਂ ਦੀ ਨਿਰੰਤਰ ਨਿਗਰਾਨੀ ਦੀ ਲੋੜ 'ਤੇ ਜ਼ੋਰ ਦਿੱਤਾ।ਡਾ. ਰਾਜੂ ਨੇ 20 ਦਸੰਬਰ, 2024 ਨੂੰ ਇੱਕ ਜਨਹਿਤ ਪਟੀਸ਼ਨ ਦਾਇਰ ਕਰਕੇ ਕਾਨੂੰਨੀ ਲੜਾਈ ਵਿੱਚ ਮੁੱਖ ਭੂਮਿਕਾ ਨਿਭਾਈ। ਉਨ੍ਹਾਂ ਦੇ ਅਣਥੱਕ ਯਤਨਾਂ ਨੇ ਹੁਣ ਉਨ੍ਹਾਂ ਗ਼ਰੀਬ ਵਿਦਿਆਰਥੀਆਂ ਲਈ ਉਮੀਦ ਦੀ ਇੱਕ ਨਵੀਂ ਕਿਰਨ ਲਿਆਂਦੀ ਹੈ ਜੋ ਪ੍ਰਾਈਵੇਟ ਸਕੂਲਾਂ ਵਿੱਚ ਸਿੱਖਿਆ ਪ੍ਰਾਪਤ ਕਰਨਾ ਚਾਹੁੰਦੇ ਹਨ।ਡਾ: ਰਾਜੂ ਨੇ ਕਿਹਾ, 'ਸਾਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਈ.ਡਬਲਯੂ.ਐੱਸ ਸ਼੍ਰੇਣੀ ਦੇ ਹਰੇਕ ਯੋਗ ਬੱਚੇ ਨੂੰ ਇਸ ਮੌਕੇ ਬਾਰੇ ਸੂਚਿਤ ਕੀਤਾ ਜਾਵੇ।' ਨਿੱਜੀ ਸਕੂਲਾਂ ਵਿੱਚ 25% ਰਾਖਵਾਂਕਰਨ ਵਿਦਿਅਕ ਸਮਾਨਤਾ ਪ੍ਰਾਪਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ ਅਤੇ ਇਹ ਜ਼ਰੂਰੀ ਹੈ ਕਿ ਇੱਛਤ ਲਾਭਪਾਤਰੀ ਇਨ੍ਹਾਂ ਲਾਭਾਂ ਨੂੰ ਪੂਰੀ ਤਰ੍ਹਾਂ ਸਮਝਣ ਅਤੇ ਉਹਨਾਂ ਦੀ ਵਰਤੋਂ ਕਰਨ।ਉਨ੍ਹਾਂ ਨੇ ਸਾਰੇ ਹਿੱਸੇਦਾਰਾਂ, ਵਿਦਿਅਕ ਸੰਸਥਾਵਾਂ, ਸਥਾਨਕ ਆਗੂਆਂ ਅਤੇ ਮੀਡੀਆ ਨੂੰ ਨੀਤੀ ਬਾਰੇ ਜਾਣਕਾਰੀ ਫੈਲਾਉਣ ਵਿੱਚ ਸਰਗਰਮ ਭੂਮਿਕਾ ਨਿਭਾਉਣ ਦਾ ਸੱਦਾ ਦਿੱਤਾ।




## ਵਾਈ ਐਫ ਸੀ ਰੁੜਕਾ ਕਲਾਂ ਦੇ ਨਵ-ਨਿਰਮਾਣ ਬਹੁਮੰਤਵੀ ਖੇਡ ਕੰਪਲੈਕਸ ਦਾ ਹੋਇਆ ਸ਼ਾਨਦਾਰ ਉਦਘਾਟਨ




**ਗੁਰਾਇਆ (ਬਿੰਦਰ ਸੁੰਮਨ)**

ਕਰੋੜਾਂ ਦੀ ਲਾਗਤ ਨਾਲ ਯੂਥ ਫੁੱਟਬਾਲ ਕਲੱਬ ਰੁੜਕਾ ਕਲਾਂ ਵੱਲੋਂ ਆਪਣੇ ਨਵੇਂ ਬਣੇ ਬਹੁਮੰਤਵੀ ਕੰਪਲੈਕਸ ਦਾ ਉਦਘਾਟਨ ਕੀਤਾ ਗਿਆ ਜਿੱਥੇ ਫੁੱਟਬਾਲ ਪਿੱਚ ਦੇ ਨਾਲ-ਨਾਲ ਬਾਸਕਟ ਬਾਲ, ਟੈਨਿਸ, ਬਾਲੀਬਾਲ ਅਤੇ ਪਿੱਕਲ ਬਾਲ ਲਈ ਵੱਖਰੇ-ਵੱਖਰੇ ਸਿੰਥੈਟਿਕ ਕੋਰਟਾਂ ,ਕਾਨਫਰੰਸ ਰੂਮ, ਆਡੀਟੋਰੀਅਮ ਅਤੇ ਬਹੁ-ਮੰਤਵੀ ਹਾਲ ਵੀ ਮੌਜੂਦ ਹੈ। ਉਨ੍ਹਾਂ ਦੱਸਿਆ ਕਿ 50 ਸਟੇਸ਼ਨ ਵਾਲਾ ਜਿੰਮ ਵੀ ਉਨ੍ਹਾਂ ਵੱਲੋਂ ਬਣਾਇਆ ਗਿਆ ਹੈ। ਇਸ ਤੋਂ ਇਲਾਵਾ 200 ਸੀਟਾਂ ਵਾਲਾ ਬਹੁ-ਮੰਤਵੀ ਹਾਲ ਵੀ ਬਣਾਇਆ ਗਿਆ ਹੈ, ਜਿੱਥੇ ਟ੍ਰੇਨਿੰਗ ਸਮੇਤ ਹੋਰ ਗਤੀਵਿਧੀਆਂ ਕਰਵਾਈਆਂ ਜਾਣਗੀਆਂ। ਫੀਫਾ ਵਰਲਡ ਕੱਪ 2022 ਨੂੰ ਸਪੌਂਸਰ ਕਰਨ ਵਾਲੀ ਜੈਨਰੇਸ਼ਨ ਅਮੇਜਿੰਗ ਫਾਊਂਡੇਸ਼ਨ ਤੋਂ ਇਲਾਵਾ ਪ੍ਰਵਾਸੀ ਪੰਜਾਬੀਆਂ ਦੇ ਸਹਿਯੋਗ ਨਾਲ ਕਰੋੜਾਂ ਰੁਪਏ ਦੀ ਲਾਗਤ ਨਾਲ ਬਣੇ ਇਸ ਪ੍ਰੋਜੈਕਟ ਵਿੱਚ ਬੱਚਿਆਂ ਅਤੇ ਨੌਜਵਾਨਾਂ ਨੂੰ ਮੁਫ਼ਤ ਸਿੱਖਲਾਈ ਦਿੱਤੀ ਜਾਵੇਗੀ। ਵਾਈ.ਐਫ.ਸੀ.ਰੁੜਕਾ ਕਲਾਂ ਦੇ ਪ੍ਰਧਾਨ ਗੁਰਮੰਗਲ ਦਾਸ ਸੋਨੀ ਨੇ ਦੱਸਿਆ ਕਿ ਡੇਰਾ ਬਾਬਾ ਭਾਈ ਸਾਧੂ ਅਤੇ ਜਨਰੇਸ਼ਨ ਅਮੇਜਿੰਗ ਫੀਫਾ ਵਰਲਡ ਕੱਪ 2022 ਸੰਸਥਾ ਦੋਹਾ ਕਤਰ ਦੇ ਸਹਿਯੋਗ ਨਾਲ ਇਸ ਕੰਪਲੈਕਸ ਦਾ ਨਿਰਮਾਣ ਕੀਤਾ ਗਿਆ ਹੈ। ਤਕਰੀਬਨ 8 ਕਰੋੜ ਰੁਪਏ ਦੀ ਲਾਗਤ ਨਾਲ ਜਨਰੇਸ਼ਨ ਅਮੇਜ਼ਿੰਗ ਕਮਿਊਨਿਟੀ ਕਲੱਬ ਵਾਈ.ਐਫ.ਸੀ. ਰੁੜਕਾ ਕਲਾਂ ਸਥਾਪਿਤ ਕੀਤਾ ਗਿਆ ਹੈ। ਇਸ ਦਾ ਮੁੱਖ ਮੰਤਵ ਉੱਤਰੀ ਭਾਰਤ ਵਿੱਚ ਵੱਧ ਤੋਂ ਵੱਧ ਕੋਚ,ਯੰਗ ਲੀਡਰ ਅਤੇ ਖਿਡਾਰੀ ਤਿਆਰ ਕਰਨਾ ਹੈ। ਇਸ ਕੰਪਲੈਕਸ ਵਿੱਚ ਔਰਤਾਂ ਲਈ ਵੱਖ-ਵੱਖ ਗਤੀਵਿਧੀਆਂ ਵਿੱਚ ਭਾਗੀਦਾਰੀ ਵੀ ਲਾਜਮੀ ਕੀਤੀ ਜਾਵੇਗੀ। ਇਸ ਮੌਕੇ ਲੋਕ ਸਭਾ ਮੈਂਬਰ ਮਲਵਿੰਦਰ ਸਿੰਘ ਕੰਗ ਦੀ ਹਾਜ਼ਰੀ ਵਿੱਚ ਵਾਈ.ਐਫ.ਸੀ ਅਤੇ ਜੈਨਰੇਸ਼ਨ ਅਮੇਜਿੰਗ ਫਾਊਂਡੇਸ਼ਨ ਦਰਮਿਆਨ ਇੱਕ ਐਮ.ਓ.ਯੂ. (ਆਪਸੀ ਸਮਝੌਤਾ) 'ਤੇ ਹਸਤਾਖਰ ਕੀਤੇ ਗਏ। ਮਾਲਵਿੰਦਰ ਸਿੰਘ ਕੰਗ ਨੇ ਦੋਵਾਂ ਸੰਸਥਾਵਾਂ ਨੂੰ ਇਸ ਨਿਵੇਕਲੇ ਉਪਰਾਲੇ ਲਈ ਮੁਬਾਰਕਬਾਦ ਦਿੱਤੀ। ਇਸ ਮੌਕੇ ਸਰਬਜੀਤ ਸਿੰਘ (ਆਈ.ਏ.ਐਸ.) ਏ.ਸੀ.ਐਸ. ਚੰਡੀਗੜ੍ਹ, ਸਪੋਰਟਸ ਡਾਇਰੈਕਟਰ ਸਪੋਰਟਸ ਹਰਪ੍ਰੀਤ ਸੂਦਨ (ਆਈ.ਏ.ਐਸ.), ਜੈਨਰੇਸ਼ਨ ਫਾਊਂਡੇਸ਼ਨ ਦੇ ਡਾਇਰੈਕਟਰ ਜਾਸਿਮ ਅਲ ਅਲੀ, ਪਾਲਟੇ ਫੌਰਟਿਸ ਡਾਇਰੈਕਟਰ ਜੀ.ਏ. ਫਾਊਡੇਸ਼ਨ, ਅਵਾਂਤਿਕਾ ਨਈਅਰ, ਡਾ. ਜ਼ੋਆਨਾ ਫਾਊਂਡਰ ਅਤੇ ਪ੍ਰੈਜੀਡੈਂਟ ਡਿਜ਼ ਇੰਡੋ ਜਰਮਨ ਕੋਆਪਰੇਸ਼ਨ, ਭਾਰਤ ਦੀਆਂ ਵੱਖ-ਵੱਖ ਸੰਸਥਾਵਾਂ ਦੇ ਵਿਭਾਗਾਂ ਦੇ ਮੈਂਬਰ, ਸਪੋਰਟਸ ਫਾਰ ਡਿਵੈੱਲਪਮੈਂਟ ਦੇ ਖੇਤਰ ਵਿੱਚ ਕੰਮ ਕਰ ਰਹੀਆਂ ਸੰਸਥਾਵਾਂ ਦੇ ਮੈਂਬਰ, ਅਰਜੁਨ ਐਵਾਰਡੀ ਪਹਿਲਵਾਨ ਕਰਤਾਰ ਸਿੰਘ,ਰਜਿੰਦਰ ਸਿੰਘ ਰਹੇਲੂ ਗੁਰਦੇਵ ਸਿੰਘ ਗਿੱਲ,ਐਨ.ਆਰ.ਆਈ.,ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ, ਪੰਚਾਇਤ ਵਿਭਾਗ ਦੇ ਡਾਇਰੈਕਟਰ ਪਰਮਜੀਤ ਸਿੰਘ (ਆਈ.ਏ.ਐਸ.) ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿਚ ਨੈਸ਼ਨਲ ਅਤੇ ਕੌਮੀ ਪੱਧਰ ਦੇ ਖਿਡਾਰੀ ਅਤੇ ਨਗਰ ਨਿਵਾਸੀ ਵੀ ਹਾਜ਼ਰ ਸਨ।

## ਐੱਸ ਐੱਚ ਓ ਨੇ ਕੌਂਸਲਰਾਂ ਨਾਲ ਨਸ਼ਿਆਂ ਵਿਰੁੱਧ ਕੀਤੀ ਮੀਟਿੰਗ

**ਭੁਲੱਥ, (ਮਨਪ੍ਰੀਤ ਸਿੰਘ)**-ਸਬ ਡਵੀਜ਼ਨ ਕਸਬਾ ਥਾਣਾ ਭੁਲੱਥ ਵਿਖੇ ਐਸ.ਐਚ.ਓ ਹਰਜਿੰਦਰ ਸਿੰਘ ਵੱਲੋਂ ਨਸ਼ਿਆਂ ਦੀ ਵੱਧ ਰਹੀ ਭਰਮਾਰ ਨੂੰ ਇਲਾਕੇ ਅੰਦਰੋਂ ਰੋਕਣ ਸਬੰਧੀ ਤੇ ਸਮਾਜਿਕ ਕੁਰੀਤੀਆਂ ਦੇ ਸਬੰਧ ਵਿੱਚ ਭੁਲੱਥ ਦੇ ਮੋਹਤਬਰ ਕੌਂਸਲਰਾਂ ਨਾਲ ਮੀਟਿੰਗ ਕੀਤੀ ਗਈ।ਨਗਰ ਪੰਚਾਇਤ ਭੁਲੱਥ ਦੇ ਪ੍ਰਧਾਨ ਰਸ਼ਪਾਲ ਸ਼ਰਮਾ ਦੀ ਅਗਵਾਈ 'ਚ ਥਾਣਾ ਭੁਲੱਥ ਵਿਖੇ ਸਮੂਹ ਕੌਂਸਲਰ ਪੁੱਜੇ ਤੇ ਵਿਚਾਰ ਚਰਚਾ ਦੌਰਾਨ ਨਸ਼ਿਆਂ ਦੀ ਵੱਧ ਰਹੀ ਭਰਮਾਰ ਸਬੰਧੀ ਨੌਜਵਾਨ ਵਰਗ ਨੂੰ ਨਸ਼ਿਆਂ 'ਚ ਗ੍ਰਸਤ ਹੋਣ ਤੋਂ ਬਚਾਉਣ ਤੇ ਨਸ਼ਿਆਂ ਦੇ ਵਿਕਰੇਤਾਵਾਂ ਦੀ ਵਧ ਰਹੀ ਭਰਮਾਰ ਨੂੰ ਰੋਕਣ ਸਬੰਧੀ ਠੋਸ ਉਪਰਾਲੇ ਕਰਨ ਬਾਰੇ ਉਸਾਰੂ ਗੱਲਬਾਤ ਹੋਈ।ਐਸ.ਐਚ.ਓ ਨੇ ਮੋਹਤਬਰ ਵਿਅਕਤੀਆਂ ਨੂੰ ਕਿਹਾ ਕਿ ਉਹ ਪੁਲਸ ਪ੍ਰਸ਼ਾਸਨ ਦਾ ਸਹਿਯੋਗ ਦੇਣ ਤੇ ਆਪਣੇ-ਆਪਣੇ ਵਾਰਡਾਂ ਅੰਦਰ ਵੀ ਧਿਆਨ ਮਾਰ ਕੇ ਦੇਖਣ ਕਿ ਕਿਧਰੇ ਕੋਈ ਨੌਜਵਾਨ ਨਸ਼ਿਆਂ 'ਚ ਗ੍ਰਸਤ ਤਾਂ ਨਹੀਂ ਜਾਂ ਕੋਈ ਨਸ਼ਾ ਵਿਕਰੇਤਾ ਨਸ਼ਾ ਵੇਚਦਾ ਤਾਂ ਨਹੀਂ । ਉਹ ਸਾਡੇ ਧਿਆਨ ਵਿੱਚ ਲਿਆਂਦਾ ਜਾਵੇ ਤਾਂ ਕਿ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਸਕੇ । ਇਸ ਮੌਕੇ ਨਿਰਮਲ ਸਿੰਘ ਗੁਰਾਇਆ, ਲਕਸ਼ ਚੌਧਰੀ, ਸੁਰਿੰਦਰ ਕੌਰ, ਕੁਲਵਿੰਦਰ ਕੌਰ, ਕੁਲਦੀਪ ਸਿੰਘ, ਗੌਰਵ ਕੁਮਾਰ, ਪ੍ਰਿੰਸ ਸੱਭਰਵਾਲ, ਸੂਰਜ ਕੁਮਾਰ, ਸੁਖਵੰਤ ਸਿੰਘ, ਗੁਰਦੇਵ ਸਿੰਘ ਤੇ ਹੋਰ ਮੋਹਤਬਰ ਵਿਅਕਤੀ ਹਾਜ਼ਰ ਸਨ।



## ਰਾਜਾ ਨੇ ਅਚਾਨਕ ਛਾਪੇਮਾਰੀ ਕਰਦੇ ਹੋਏ ਰੁਕਿਆ ਹੋਇਆ ਕੰਮ ਸ਼ੁਰੂ ਕਰਵਾਇਆ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**

ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਵੱਲੋਂ ਸੂਬੇ ਦੇ ਸਾਰੇ ਤਹਿਸੀਲਦਾਰਾਂ ਵਲੋਂ ਅਚਾਨਕ ਹੜਤਾਲ ਕਰਕੇ ਸਮੂਹਿਕ ਤੌਰ 'ਤੇ ਛੁੱਟੀ 'ਤੇ ਜਾਣ ਦੇ ਐਲਾਨ ਤੋਂ ਅਪਣਾਏ ਗਏ ਸਖਤ ਰੁਖ ਅਤੇ ਹੁਕਮਾਂ ਨੂੰ ਲਾਗੂ ਕਰਵਾਉਣ ਲਈ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਨੇ ਸਬ ਤਹਿਸੀਲ ਟਾਂਡਾ ਵਿੱਚ ਅਚਾਨਕ ਹੀ ਛਾਪੇਮਾਰੀ ਕਰਦੇ ਹੋਏ ਰੁਕੇ ਹੋਏ ਕੰਮ ਕਾਜ ਨੂੰ ਸ਼ੁਰੂ ਕਰਵਾਇਆ ਤਾਂ ਜੋ ਤਹਿਸੀਲ ਵਿੱਚ ਕੰਮ ਕਰਾਉਣ ਵਾਸਤੇ ਆਏ ਲੋਕਾਂ ਦੀ ਖੱਜਲ ਖੁਆਰੀ ਨੂੰ ਰੋਕਿਆ ਜਾ ਸਕੇ। ਉਨ੍ਹਾਂ ਨੇ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਨਾਲ ਗੱਲਬਾਤ ਕਰਕੇ ਸਰਕਾਰ ਵਲੋਂ ਤਹਿਸੀਲਦਾਰ ਟਾਂਡਾ ਦੀ ਜਗ੍ਹਾ ਨਿਯੁਕਤ ਕੀਤੇ ਕਾਰਜਕਾਰੀ ਤਹਿਸੀਲਦਾਰ ਸੁਪਰਡੈਂਟ ਹੁਸ਼ਿਆਰਪੁਰ ਨੂੰ ਤੁਰੰਤ ਟਾਂਡਾ ਤਹਿਸੀਲ ਪਹੁੰਚਣ ਤੇ ਲੋਕਾਂ ਦੇ ਕੰਮ ਕਰਨ ਲਈ ਕਿਹਾ। ਜਿਸ ਤੋਂ ਬਾਅਦ ਪੂਰਾ ਪ੍ਰਸ਼ਾਸਨ ਹਰਕਤ ਵਿੱਚ ਆ ਗਿਆ ਤੇ ਕਰੀਬ 4 ਵਜੇ ਸਰਕਾਰ ਵਲੋਂ ਨਿਯੁਕਤ ਕੀਤੇ ਸੁਪਰਡੈਂਟ ਹੁਸ਼ਿਆਰਪੁਰ ਦੇ ਪਹੁੰਚਣ ਤੋਂ ਪਹਿਲਾਂ ਤਹਿਸੀਲਦਾਰ ਟਾਂਡਾ ਹਰਮਿੰਦਰ ਸਿੰਘ ਨੇ ਟਾਂਡਾ ਤਹਿਸੀਲ ਵਿਚ ਕੰਮਕਾਜ ਸ਼ੁਰੂ ਕਰ ਦਿੱਤਾ । ਰਾਜਾ ਨੇ ਕਿਹਾ ਕਿ ਜੇਕਰ ਕੋਈ ਵੀ ਅਫਸਰ ਕੰਮਕਾਜ ਬਦਲੇ ਰਿਸ਼ਵਤ ਦੀ ਮੰਗ ਕਰਦਾ ਹੈ ਤਾਂ ਤੁਰੰਤ ਉਨਾਂ ਨਾਲ ਸਿੱਧਾ ਸੰਪਰਕ ਕੀਤਾ ਜਾਵੇ ਤੇ ਉਕਤ ਅਫਸਰ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ। ਉਨਾਂ ਕਿਹਾ ਕਿ ਹਲਕੇ ਵਿੱਚ ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ। ਇਸ ਮੌਕੇ ਪ੍ਰਧਾਨ ਕੇਸ਼ਵ ਸਿੰਘ ਸੈਣੀ, ਆਪ ਵਲੰਟੀਅਰ ਗੁਰਦੀਪ ਸਿੰਘ ਹੈਪੀ, ਨਗਰ ਕੌਂਸਲ ਪ੍ਰਧਾਨ ਹਰੀ ਕ੍ਰਿਸ਼ਨ ਸੈਣੀ, ਕੌਂਸਲਰ ਸੁਰਿੰਦਰਜੀਤ ਸਿੰਘ ਬਿੱਲੂ, ਲਖਵਿੰਦਰ ਸਿੰਘ, ਮੁਲਤਾਨੀ ਸੋਨੂ ਖੰਨਾ , ਸਰਪੰਚ ਸੁਖਵਿੰਦਰਜੀਤ ਸਿੰਘ ਝਾਵਰ, ਸਰਪੰਚ ਜਸਵੰਤ ਸਿੰਘ ਬਿੱਟੂ ਤੋਂ ਇਲਾਵਾ ਹੋਰ ਵਰਕਰ ਤੇ ਵਲੰਟੀਅਰ ਵੀ ਹਾਜ਼ਰ ਸਨ।